ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 103
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 15 April, 2026) ਬੁੱਧਵਾਰ, 15 ਅਪ੍ਰੈਲ, 2026, 2 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਖ਼ਾਲਸਾ ਸਾਜਨਾ ਦਿਵਸ 'ਤੇ ਵਿਸਾਖੀ ਦੀਆਂ ਅਮਿਤ ਸ਼ਾਹ ਵੱਲੋਂ ਵਧਾਈਆਂ

ਨਵੀਂ ਦਿੱਲੀ, 14 ਅਪ੍ਰੈਲ (ਚ. ਨ. ਸ.) : ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਨੇ ਅੱਜ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਸ਼ੁਭ ਮੌਕੇ 'ਤੇ ਦੇਸ਼ ਵਾਸੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਹਨ। ਐਕਸ 'ਤੇ ਸਾਂਝੇ ਕੀਤੇ ਗਏ ਸੰਦੇਸ਼ ਵਿੱਚ ਉਨ੍ਹਾਂ ਕਿਹਾ ਕਿ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਖੁਸ਼ਹਾਲੀ ਦੇ ਤਿਉਹਾਰ ਵਿਸਾਖੀ ਦੀਆਂ ਆਪ ਸਭ ਨੂੰ ਹਾਰਦਿਕ ਸ਼ੁਭਕਾਮਨਾਵਾਂ। ਇਹ ਪਵਿੱਤਰ ਦਿਹਾੜਾ ਸਾਨੂੰ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਪੰਥ ਦੀ ਸਥਾਪਨਾ ਦੀ ਯਾਦ ਦਿਵਾਉਂਦਾ ਹੈ—ਇੱਕ ਅਜਿਹੀ ਪ੍ਰੇਰਨਾ, ਜੋ ਸਾਨੂੰ ਨਿਡਰ ਹੋ ਕੇ ਸੱਚ (ਬਾਕੀ ਸਫਾ 2 'ਤੇ)

### ਟਰੰਪ-ਮੋਦੀ ਦਰਮਿਆਨ ਫੋਨ 'ਤੇ ਲੰਬੀ ਗੱਲਬਾਤ

## ਦੋਵੇਂ ਆਗੂਆਂ ਵੱਲੋਂ ਮੱਧ ਪੂਰਬ ਦੇ ਹਾਲਾਤ 'ਤੇ ਚਰਚਾ



ਨਵੀਂ ਦਿੱਲੀ, 14 ਅਪ੍ਰੈਲ (ਚ. ਨ. ਸ.) : ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਾਲੇ ਅੱਜ ਫੋਨ 'ਤੇ ਲਗਭਗ 40 ਮਿੰਟ ਤੱਕ ਲੰਬੀ ਗੱਲਬਾਤ ਹੋਈ। ਇਹ ਪਤਾ ਲੱਗਿਆ ਹੈ ਕਿ ਇਸ ਗੱਲਬਾਤ ਵਿੱਚ ਦੋਵਾਂ ਨੇਤਾਵਾਂ ਨੇ ਮੱਧ ਪੂਰਬ ਦੇ ਮੌਜੂਦਾ ਹਾਲਾਤ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਇਸ ਦੌਰਾਨ ਇਰਾਨ ਅਤੇ ਅਮਰੀਕਾ ਵਿਚਾਲੇ ਵਧਦੇ ਤਣਾਅ ਅਤੇ ਹੋਰਮੁਜ਼ ਜਲ ਮਾਰਗ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਜ਼ਾਹਰ ਕੀਤੀ ਗਈ।

ਇੱਕ ਨਿਊਜ਼ ਏਜੰਸੀ ਮੁਤਾਬਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵਿਚਾਲੇ ਲਗਪਗ 40 ਮਿੰਟ ਤੱਕ ਫ਼ੋਨ 'ਤੇ ਗੱਲਬਾਤ ਹੋਈ।

ਅਮਰੀਕਾ ਅਤੇ ਇਰਾਨ ਵਿਚਾਲੇ ਜੰਗਬੰਦੀ ਤੇ ਇਸ ਦੇ ਸਿਰੇ ਨਾ ਚੜ੍ਹਨ ਤੋਂ ਬਾਅਦ ਦੋਵਾਂ ਆਗੂਆਂ ਵਿਚਾਲੇ ਇਹ ਪਹਿਲੀ ਗੱਲਬਾਤ ਸੀ। ਇਸ ਦੌਰਾਨ ਸ੍ਰੀ ਮੋਦੀ ਨੇ ਟਰੰਪ ਨੂੰ ਕਿਹਾ, 'ਭਾਰਤ ਦੇ ਲੋਕ ਤੁਹਾਨੂੰ ਪਸੰਦ ਕਰਦੇ ਹਨ।' ਦੋਵਾਂ ਆਗੂਆਂ ਨੇ ਪੱਛਮੀ ਏਸ਼ੀਆ ਦੇ ਹਾਲਾਤ ਅਤੇ ਉੱਥੇ ਸ਼ਾਂਤੀ ਬਹਾਲ ਕਰਨ ਦੀ ਲੋੜ ਬਾਰੇ ਵਿਚਾਰ-ਵਟਾਂਦਰਾ ਕੀਤਾ। ਗੱਲਬਾਤ ਵਿੱਚ ਖੇਤਰੀ ਸੁਰੱਖਿਆ, ਚੱਲ ਰਹੇ ਟਕਰਾਅ ਅਤੇ ਊਰਜਾ ਦੀ ਸਥਿਤੀ ਵਰਗੇ ਮੁੱਦੇ ਪ੍ਰਮੁੱਖ ਰਹੇ। ਇਹ ਚਰਚਾ ਖਾਸ ਤੌਰ 'ਤੇ ਇਸ ਲਈ ਅਹਿਮ ਹੈ ਕਿਉਂਕਿ ਤਹਿਰਾਨ ਅਤੇ ਹੋਰਮੁਜ਼ ਜਲ ਮਾਰਗ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਸੁਰੱਖਿਆ ਨੂੰ ਲੈ ਕੇ ਲਗਾਤਾਰ ਚਿੰਤਾਵਾਂ ਬਣੀਆਂ ਹੋਈਆਂ ਹਨ। ਇਸ ਫ਼ੋਨ ਕਾਲ ਦੌਰਾਨ ਆਉਣ ਵਾਲੇ ਸਮੇਂ ਵਿੱਚ ਭਾਰਤ ਅਤੇ ਅਮਰੀਕਾ ਵਿਚਾਲੇ ਸਹਿਯੋਗ ਵਧਾਉਣ 'ਤੇ ਜ਼ੋਰ ਦਿੱਤਾ ਗਿਆ। ਖਾਸ ਕਰਕੇ ਕੂਟਨੀਤੀ, ਆਰਥਿਕਤਾ ਅਤੇ ਰੱਖਿਆ ਦੇ ਖੇਤਰਾਂ ਵਿੱਚ ਮਿਲ ਕੇ ਕੰਮ ਕਰਨ ਦੀ ਗੱਲ ਕਹੀ ਗਈ।

(ਬਾਕੀ ਸਫਾ 2 'ਤੇ)

# ਮਾਨ ਸਰਕਾਰ ਵੱਲੋਂ ਬਾਬਾ ਸਾਹਿਬ ਅੰਬੇਡਕਰ ਦੇ ਜਨਮ ਦਿਵਸ ਮੌਕੇ ਸੂਬੇ ਦੀਆਂ ਔਰਤਾਂ ਦੀ ਭਲਾਈ ਲਈ ਯੋਜਨਾ ਸ਼ੁਰੂ

### ਪੰਜਾਬ ਵਿੱਚ 1000-1500 ਰੁਪਏ ਮਹੀਨਾਵਾਰ ਸਹਾਇਤਾ ਦਾ ਆਗਾਜ਼



ਆਦਮਪੁਰ (ਜਲੰਧਰ), 14 ਅਪ੍ਰੈਲ (ਸੰਦੀਪ ਕੌਲ) : ਬਾਬਾ ਸਾਹਿਬ ਅੰਬੇਡਕਰ ਦੇ ਜਨਮ ਦਿਵਸ ਮੌਕੇ ਫੈਸਲਾਕੁੰਨ ਭਲਾਈ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਵਿੱਚ ਲਗਭਗ ਹਰ ਮਹਿਲਾ ਦੇ ਸ਼ਕਤੀਕਰਨ ਲਈ ਯੋਜਨਾ ਦੀ ਸ਼ੁਰੂਆਤ ਕੀਤੀ ਹੈ, ਜਿਸ ਤਹਿਤ ਸੂਬੇ ਭਰ ਦੀਆਂ ਔਰਤਾਂ ਨੂੰ 1000 ਤੋਂ 1500 ਰੁਪਏ ਤੱਕ ਦੀ ਮਾਸਿਕ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਇਸ ਸਕੀਮ ਨੂੰ ਬਾਬਾ ਸਾਹਿਬ ਅੰਬੇਡਕਰ ਦੇ ਸਮਾਜਿਕ ਨਿਆਂ ਅਤੇ ਸਮਾਨਤਾ ਦੇ ਦ੍ਰਿਸ਼ਟੀਕੋਣ ਪ੍ਰਤੀ ਸੱਚੀ ਸ਼ਰਧਾਂਜਲੀ ਦੱਸਦਿਆਂ ਮੁੱਖ ਮੰਤਰੀ ਨੇ ਰਜਿਸਟਰੇਸ਼ਨ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ, ਜਿਸ ਤਹਿਤ 18 ਸਾਲ ਤੋਂ

(ਬਾਕੀ ਸਫਾ 2 'ਤੇ)

## 'ਕਾਂਗਰਸ-ਅਕਾਲੀਆਂ ਨੇ ਸਕਾਲਰਸ਼ਿਪ ਦੇ ਪੈਸੇ ਹੜੱਪ ਕੇ ਬਾਬਾ ਸਾਹਿਬ ਅੰਬੇਡਕਰ ਦੀ ਪਿੱਠ 'ਚ ਛੁਰਾ ਮਾਰਿਆ'

ਆਦਮਪੁਰ (ਜਲੰਧਰ), 14 ਅਪ੍ਰੈਲ (ਚ. ਨ. ਸ.) : ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਜਨਮ ਦਿਵਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਾਂਗਰਸ-ਅਕਾਲੀਆਂ ਦੇ ਦਹਾਕਿਆਂ ਲੰਮੇ ਸਾਸਨ ਅਤੇ ਗਰੀਬਾਂ ਨੂੰ ਸਿੱਖਿਆ ਤੋਂ ਲਾਂਭੇ ਕਰਨ ਦਰਮਿਆਨ ਸਬੰਧਾਂ ਨੂੰ ਉਜਾਗਰ ਕਰਦਿਆਂ ਕਿਹਾ ਕਿ ਪਛੜੇ ਵਰਗਾਂ ਨੂੰ ਅਨਪੜ੍ਹ ਰੱਖਣਾ ਇਕ ਸੋਚਿਆ-ਸਮਝਿਆ ਰਾਜਨੀਤਿਕ ਫੈਸਲਾ ਸੀ, ਜਿਸ ਨੇ ਦਲਿਤ ਨੌਜਵਾਨਾਂ ਦੀਆਂ ਪੀੜ੍ਹੀਆਂ ਨੂੰ ਕੁਚਲ ਦਿੱਤਾ ਅਤੇ ਉਨ੍ਹਾਂ ਦੇ ਵਿਕਾਸ ਲਈ ਦਿੱਤੇ ਗਏ ਸਕਾਲਰਸ਼ਿਪ ਫੰਡਾਂ ਨੂੰ ਹੜੱਪ ਲਿਆ। ਪਿਛਲੀਆਂ ਸਰਕਾਰਾਂ ਤੋਂ ਬਿਲਕੁੱਲ ਵੱਖਰੀ ਆਪਣੀ ਸਰਕਾਰ ਦੀ ਪਹੁੰਚ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਬਾਬਾ ਸਾਹਿਬ ਦੇ ਸਮਾਜਿਕ ਨਿਆਂ ਅਤੇ ਸਮਾਨਤਾ ਦੇ ਦ੍ਰਿਸਟੀਕੋਣ ਨੂੰ ਸਾਕਾਰ ਕਰਨ ਲਈ ਸਿੱਖਿਆ ਅਤੇ ਔਰਤਾਂ ਦੇ ਵਿੱਤੀ ਸਕਤੀਕਰਨ ਨੂੰ ਤਰਜੀਹ ਦੇ ਕੇ ਪਛੜੇ ਵਰਗਾਂ ਨੂੰ ਅਣਗੌਲਿਆਂ ਕਰਨ ਦੀ ਇਸ ਸੋਚ ਨੂੰ ਬਦਲ ਰਹੀ ਹੈ।

(ਬਾਕੀ ਸਫਾ 2 'ਤੇ)

## ਮਾਨ ਨੇ ਖਾਲਸਾ ਸਾਜਨਾ ਦਿਵਸ ਤੇ ਕੌਮੀ ਤਿਉਹਾਰ ਵਿਸਾਖੀ ਦੀਆਂ ਦਿੱਤੀਆਂ ਵਧਾਈਆਂ

ਚੰਡੀਗੜ੍ਹ, 14 ਅਪ੍ਰੈਲ (ਚ. ਨ. ਸ.) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਖਾਲਸਾ ਸਾਜਨਾ ਦਿਵਸ ਅਤੇ ਕੌਮੀ ਤਿਉਹਾਰ ਵਿਸਾਖੀ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਾਜਿਆ ਖ਼ਾਲਸਾ ਪੰਥ ਸਾਨੂੰ ਹਮੇਸ਼ਾ ਹੱਕ-ਸੱਚ 'ਤੇ ਪਹਿਰਾ ਦੇਣ ਅਤੇ ਮਨੁੱਖਤਾ ਦੀ ਸੇਵਾ ਕਰਨ ਦੀ ਪ੍ਰੇਰਨਾ ਦਿੰਦਾ ਹੈ। ਇਸ ਤੋਂ ਇਲਾਵਾ ਮੁੱਖ ਮੰਤਰੀ ਮਾਨ ਨੇ ਸੰਵਿਧਾਨ ਦੇ ਨਿਰਮਾਤਾ ਤੇ ਸਮਾਨਤਾ ਦੇ ਪ੍ਰਤੀਕ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀ ਵੀ ਸਮੂਹ ਪੰਜਾਬੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਮੌਕੇ ਕੋਟਿ-ਕੋਟਿ ਪ੍ਰਣਾਮ ਕੀਤਾ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰੀ ਬਾਬਾ ਸਾਹਿਬ ਦੀ ਸੋਚ 'ਤੇ ਪਹਿਰਾ ਦਿੰਦਿਆਂ ਪੰਜਾਬ 'ਚ ਸਮਾਨਤਾ ਤੇ ਸਿੱਖਿਆ ਕ੍ਰਾਂਤੀ ਲਿਆਉਣ ਲਈ ਵਚਨਬੱਧ ਹੈ।

## ਸਪੀਕਰ ਸੰਧਵਾਂ ਨੇ ਸਮਾਣਾ ਮੋਰਚੇ ਦੀ ਸੰਗਤ ਨੂੰ ਸੌਂਪੀ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ ਦੀ ਕਾਪੀ

### ਸੰਗਤ ਤੇ ਗੁਰੂ ਸਾਹਿਬਾਨ ਦੀ ਕ੍ਰਿਪਾ ਸਦਕਾ ਮਾਨ ਸਰਕਾਰ ਨੇ ਇਹ ਕਾਨੂੰਨ ਬਣਾਉਣ ਲਈ ਵਿਧਾਨ ਸਭਾ 'ਚ ਇਤਿਹਾਸਕ ਬਿੱਲ ਪਾਸ ਕੀਤਾ : ਸੰਧਵਾਂ

### ਮੋਰਚੇ ਨੇ ਪੰਜਾਬ ਸਰਕਾਰ ਵੱਲੋਂ ਬਿੱਲ ਪਾਸ ਕਰਨ ਨੂੰ ਸ਼ਲਾਘਾਯੋਗ ਤੇ ਸਵਾਗਤਯੋਗ ਕਦਮ ਦੱਸਿਆ



ਸਮਾਣਾ, 14 ਅਪ੍ਰੈਲ (ਵਿਜੇ ਕੁਮਾਰ/ਜਵੰਦਾ/ਸੁਖਜਿੰਦਰ ਸਿੰਘ ਕੁਲਾਰਾਂ/ਅਮਿਤ) : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਹਿਲੋਂ ਕੀਤੇ ਆਪਣੇ ਵਾਅਦੇ ਮੁਤਾਬਕ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਦੀ ਕਾਪੀ ਅੱਜ ਸਮਾਣਾ ਵਿਖੇ ਟਾਵਰ ਮੋਰਚੇ ਦੀ ਸੰਗਤ ਨੂੰ ਸੌਂਪੀ। ਇਸ ਦੌਰਾਨ ਮੋਰਚੇ ਦੇ ਮੰਚ ਤੋਂ ਜੈਕਾਰਿਆਂ ਦੀ ਗੂੰਜ ਵਿੱਚ ਪੰਜਾਬ ਸਰਕਾਰ ਵੱਲੋਂ ਬਿੱਲ ਪਾਸ ਕਰਨ ਨੂੰ ਸ਼ਲਾਘਾਯੋਗ ਤੇ ਸਵਾਗਤਯੋਗ ਕਦਮ ਦੱਸਿਆ ਗਿਆ। ਸਪੀਕਰ ਨੇ ਕਿਹਾ ਕਿ ਵਾਅਦੇ ਪੂਰੇ ਕਰਨੇ ਵੀ ਗੁਰੂ ਦੀ ਕਿਰਪਾ ਬਿਨਾ ਨਹੀਂ ਹੁੰਦੇ ਅਤੇ ਉਨ੍ਹਾਂ ਨੇ ਜੋ ਵਾਅਦਾ ਕੀਤਾ ਸੀ ਅਤੇ ਉਸੇ ਮੁਤਾਬਕ ਉਹ ਇਸ ਬਿੱਲ ਦੀ ਕਾਪੀ ਅੱਜ ਭਾਈ ਗੁਰਜੀਤ ਸਿੰਘ ਖ਼ਾਲਸਾ ਤੇ ਸੰਗਤ ਨੂੰ ਸੌਂਪਣ ਲਈ ਆਏ ਹਨ। ਉਨ੍ਹਾਂ ਅਪੀਲ ਕੀਤੀ ਕਿ ਵਡੇਰੇ ਹਿਤਾਂ ਲਈ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਹੁਣ ਟਾਵਰ ਤੋਂ ਹੇਠਾਂ ਆ ਜਾਣਾ ਚਾਹੀਦਾ ਹੈ। (ਬਾਕੀ ਸਫਾ 2 'ਤੇ)

## ਪੰਜਾਬ 'ਚ 17 ਤੇ 18 ਅਪ੍ਰੈਲ ਨੂੰ ਚੱਲਣਗੀਆਂ ਤੇਜ਼ ਹਵਾਵਾਂ

ਚੰਡੀਗੜ੍ਹ, 14 ਅਪ੍ਰੈਲ (ਚ. ਨ. ਸ.) : ਪੰਜਾਬ, ਚੰਡੀਗੜ੍ਹ ਅਤੇ ਹਰਿਆਣਾ ਵਿਚ ਸ਼ੁੱਕਰਵਾਰ ਅਤੇ ਸ਼ਨਿਚਰਵਾਰ ਨੂੰ ਵੱਖ-ਵੱਖ ਥਾਵਾਂ 'ਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਦੇ ਨਾਲ ਗਰਜ ਨਾਲ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਹੈ। ਇਸ ਦੇ ਦੂਜੇ ਪਾਸੇ ਭਾਰਤੀ ਮੌਸਮ ਵਿਭਾਗ ਨੇ ਅਗਲੇ ਪੰਜ ਦਿਨਾਂ ਵਿੱਚ ਤਾਪਮਾਨ 4 ਤੋਂ 5 ਡਿਗਰੀ ਸੈਲਸੀਅਸ ਤੱਕ ਵਧਣ ਦੀ ਚਿਤਾਵਨੀ ਦਿੱਤੀ ਹੈ। ਮੌਸਮ ਵਿਭਾਗ ਨੇ ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਵਿੱਚ ਸ਼ੁੱਕਰਵਾਰ ਅਤੇ ਸ਼ਨਿਚਰਵਾਰ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਇਸ ਦੌਰਾਨ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ, ਗਰਜ ਨਾਲ ਬਿਜਲੀ ਚਮਕੇਗੀ ਤੇ ਮੀਂਹ ਪੈਣ ਦੀ ਸੰਭਾਵਨਾ ਹੈ। ਭਾਰਤੀ ਮੌਸਮ ਵਿਭਾਗ ਅਨੁਸਾਰ ਆਉਣ ਵਾਲੇ ਪੰਜ ਦਿਨਾਂ ਵਿੱਚ ਤਾਪਮਾਨ

(ਬਾਕੀ ਸਫਾ 2 'ਤੇ)

## ਦੇਸ਼ 'ਚ ਪੈਟਰੋਲ 18 ਰੁ. ਤੇ ਡੀਜ਼ਲ 35 ਰੁਪਏ ਤੱਕ ਹੋਵੇਗਾ ਮਹਿੰਗਾ!

ਨਵੀਂ ਦਿੱਲੀ, 14 ਅਪ੍ਰੈਲ (ਚ. ਨ.ਸ.): ਅਮਰੀਕਾ-ਈਰਾਨ ਵਿੱਚ ਚੱਲ ਰਿਹਾ ਵਿਵਾਦ ਭਾਰਤੀ ਤੇਲ ਕੰਪਨੀਆਂ ਨੂੰ ਪ੍ਰਭਾਵਿਤ ਕਰ ਰਿਹਾ ਹੈ। ਸਰਕਾਰੀ ਤੇਲ ਕੰਪਨੀਆਂ ਲਈ ਪੈਟਰੋਲ ਅਤੇ ਡੀਜ਼ਲ ਵੇਚਣਾ ਘਾਟੇ ਵਾਲਾ ਸੌਦਾ ਬਣਦਾ ਜਾ ਰਿਹਾ ਹੈ। ਇਸ ਵੇਲੇ ਉਹ ਪੈਟਰੋਲ 'ਤੇ ਲਗਭਗ 18 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ 'ਤੇ ਲਗਭਗ 35 ਰੁਪਏ ਪ੍ਰਤੀ ਲੀਟਰ ਦਾ ਨੁਕਸਾਨ ਕਰ ਰਹੇ ਹਨ। ਵਧਦੀਆਂ ਕੀਮਤਾਂ ਦੇ ਬਾਵਜੂਦ ਪ੍ਰਚੂਨ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਆਇਆ ਹੈ। ਇਸ ਨਾਲ ਕੰਪਨੀਆਂ ਲਈ ਵਧਦਾ ਘਾਟਾ ਹੋ ਰਿਹਾ ਹੈ, ਜਿਸ ਨਾਲ ਕੀਮਤਾਂ ਵਿੱਚ ਵਾਧੇ ਦੀ ਸੰਭਾਵਨਾ ਵੱਧ ਰਹੀ ਹੈ। ਵਿਦੇਸ਼ੀ ਬ੍ਰੋਕਰੇਜ ਫਰਮ ਮੈਕਵੇਰੀ ਦੀ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਕੱਚੇ ਤੇਲ ਦੀਆਂ ਉੱਚੀਆਂ ਕੀਮਤਾਂ ਦੇ ਬਾਵਜੂਦ ਦੇਸ਼ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਸਥਿਰ ਹਨ।




ਇਸ ਨਾਲ ਕੰਪਨੀਆਂ ਨੂੰ ਨੁਕਸਾਨ ਹੋ ਰਿਹਾ ਹੈ। ਨਤੀਜੇ ਵਜੋਂ ਪੱਛਮੀ ਬੰਗਾਲ ਸਣੇ ਪੰਜ ਰਾਜਾਂ ਵਿੱਚ ਚੋਣਾਂ ਤੋਂ ਬਾਅਦ, ਕੰਪਨੀਆਂ ਕੀਮਤਾਂ ਵਧਾ ਸਕਦੀਆਂ ਹਨ। ਪਿਛਲੇ ਮਹੀਨੇ ਦੇ ਪੀਕ 'ਤੇ, ਇਹ ਤਿੰਨੋਂ ਕੰਪਨੀਆਂ ਲਗਭਗ 2,400 ਕਰੋੜ ਰੁਪਏ ਦਾ ਰੋਜ਼ਾਨਾ ਨੁਕਸਾਨ ਝੱਲ ਰਹੀਆਂ ਸਨ। ਐਕਸਾਈਜ਼ ਡਿਊਟੀ ਵਿੱਚ 10 ਰੁਪਏ ਦੀ ਕਟੌਤੀ ਤੋਂ ਬਾਅਦ ਇਹ ਨੁਕਸਾਨ

(ਬਾਕੀ ਸਫਾ 2 'ਤੇ)

## ਕੇਂਦਰ ਵੱਲੋਂ ਲੋਕ ਸਭਾ ਸੀਟਾਂ ਦੀ ਗਿਣਤੀ 543 ਤੋਂ ਵਧਾ ਕੇ 850 ਕਰਨ ਦਾ ਪ੍ਰਸਤਾਵ

ਨਵੀਂ ਦਿੱਲੀ, 14 ਅਪ੍ਰੈਲ (ਚ. ਨ. ਸ.) ਕੇਂਦਰ ਸਰਕਾਰ ਨੇ ਲੋਕ ਸਭਾ ਸੀਟਾਂ ਦੀ ਗਿਣਤੀ 543 ਤੋਂ ਵਧਾ ਕੇ 850 ਕਰਨ ਦਾ ਪ੍ਰਸਤਾਵ ਰੱਖਿਆ ਹੈ। ਇਸ ਕਦਮ ਦਾ ਉਦੇਸ਼ ਲੰਬੇ ਸਮੇਂ ਤੋਂ ਲਟਕ ਰਹੇ ਮਹਿਲਾ ਰਿਜ਼ਰਵੇਸ਼ਨ ਕਾਨੂੰਨ ਨੂੰ ਲਾਗੂ ਕਰਨਾ ਅਤੇ ਹੱਦਬੰਦੀ ਦੇ ਇੱਕ ਨਵੇਂ ਦੌਰ ਦੀ ਸ਼ੁਰੂਆਤ ਕਰਨਾ ਹੈ। ਇੱਕ ਖਰੜਾ ਬਿੱਲ ਸੰਸਦ ਮੈਂਬਰਾਂ ਨਾਲ ਸਾਂਝਾ ਕੀਤਾ ਗਿਆ ਹੈ। ਰਿਪੋਰਟਾਂ ਮੁਤਾਬਕ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33 ਫੀਸਦੀ ਕੋਟੇ ਨਾਲ ਸਬੰਧਤ ਉਪਬੰਧਾਂ ਵਿੱਚ ਸੋਧ ਕਰਨ ਅਤੇ 2011 ਦੀ ਮਰਦਮਸ਼ੁਮਾਰੀ ਦੇ ਆਧਾਰ 'ਤੇ ਚੋਣ ਹਲਕਿਆਂ ਦੀ ਹੱਦਬੰਦੀ ਕਰਨ ਲਈ ਇੱਕ ਵਿਸ਼ੇਸ਼ ਸੈਸ਼ਨ ਬੁਲਾਇਆ ਗਿਆ ਹੈ। ਪ੍ਰਸਤਾਵ ਮੁਤਾਬਕ 815 ਸੀਟਾਂ ਰਾਜਾਂ ਨੂੰ ਅਤੇ 35 ਸੀਟਾਂ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਅਲਾਟ ਕੀਤੀਆਂ ਜਾਣਗੀਆਂ

## ਨਿਤੀਸ਼ ਕੁਮਾਰ ਨੇ ਬਿਹਾਰ ਦੇ ਮੁੱਖ ਮੰਤਰੀ ਦੇ ਅਹੁਦੇ ਤੋਂ ਦਿੱਤਾ ਅਸਤੀਫ਼ਾ



ਪਟਨਾ, 14 ਅਪ੍ਰੈਲ (ਚ. ਨ. ਸ.) : ਬਿਹਾਰ ਦੇ ਮੁੱਖ ਮੰਤਰੀ ਰਹੇ ਨਿਤੀਸ਼ ਕੁਮਾਰ ਨੇ ਮੰਗਲਵਾਰ ਨੂੰ ਰਾਜਪਾਲ ਸਈਦ ਅਤਾ ਹਸਨੈਨ ਨੂੰ ਆਪਣਾ ਅਸਤੀਫਾ ਸੌਂਪ ਦਿੱਤਾ ਹੈ। ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਰਹਿਣ ਵਾਲੇ ਮੁੱਖ ਮੰਤਰੀ ਕੁਮਾਰ ਨੇ ਇੱਥੇ ਲੋਕ ਭਵਨ ਵਿੱਚ ਰਾਜਪਾਲ ਨਾਲ ਮੁਲਾਕਾਤ ਤੋਂ ਬਾਅਦ ਐਕਸ 'ਤੇ ਇਹ ਐਲਾਨ ਕੀਤਾ। ਉਪ ਮੁੱਖ ਮੰਤਰੀ ਸਮਰਾਟ ਚੌਧਰੀ, ਜੇ.ਡੀ.ਯੂ ਦੇ ਕੌਮੀ ਕਾਰਜਕਾਰੀ ਪ੍ਰਧਾਨ ਸੰਜੇ ਝਾਅ ਅਤੇ ਰਾਜ ਮੰਤਰੀ ਵਿਜੇ ਚੌਧਰੀ ਦੇ ਨਾਲ ਕੁਮਾਰ ਲੋਕ ਭਵਨ ਪਹੁੰਚੇ ਅਤੇ ਆਪਣਾ ਅਸਤੀਫਾ ਸੌਂਪਿਆ। ਕੁਮਾਰ ਨੇ ਕਿਹਾ, ਮੈਂ ਬਿਹਾਰ ਦੇ ਲੋਕਾਂ ਲਈ ਬਹੁਤ ਕੰਮ ਕੀਤਾ ਹੈ। ਹਾਲ ਹੀ ਵਿੱਚ, ਮੈਂ ਮੁੱਖ ਮੰਤਰੀ ਦਾ ਅਹੁਦਾ ਛੱਡਣ ਦਾ ਫੈਸਲਾ ਕੀਤਾ ਸੀ ਅਤੇ ਇਸ ਲਈ, ਅੱਜ ਦੀ ਕੈਬਨਿਟ ਮੀਟਿੰਗ ਤੋਂ ਬਾਅਦ, ਮੈਂ ਰਾਜਪਾਲ ਨੂੰ ਮਿਲਿਆ ਅਤੇ ਉਨ੍ਹਾਂ ਨੂੰ ਆਪਣਾ ਅਸਤੀਫਾ ਸੌਂਪ ਦਿੱਤਾ। 75 ਸਾਲਾ ਜੇ.ਡੀ.ਯੂ ਮੁਖੀ ਪਿਛਲੇ ਹਫ਼ਤੇ ਰਾਜ ਸਭਾ ਮੈਂਬਰ ਬਣੇ ਸਨ। ਕੁਮਾਰ ਨੇ ਸੋਸ਼ਲ ਮੀਡੀਆ ਪੋਸਟ 'ਤੇ ਲਿਖਿਆ, ਹੁਣ ਨਵੀਂ ਸਰਕਾਰ ਬਿਹਾਰ ਵਿੱਚ ਕੰਮ ਦੇਖੇਗੀ। ਨਵੀਂ ਸਰਕਾਰ ਨੂੰ ਮੇਰਾ ਪੂਰਾ ਸਹਿਯੋਗ ਅਤੇ ਮਾਰਗਦਰਸ਼ਨ ਮਿਲੇਗਾ।

## ਸਮਰਾਟ ਚੌਧਰੀ ਹੋਣਗੇ ਬਿਹਾਰ ਦੇ ਨਵੇਂ ਮੁੱਖ ਮੰਤਰੀ



ਨਵੀਂ ਦਿੱਲੀ, 14 ਅਪ੍ਰੈਲ (ਚ. ਨ. ਸ.) : : ਸਮਰਾਟ ਚੌਧਰੀ ਨੂੰ ਬਿਹਾਰ ਦਾ ਨਵਾਂ ਮੁੱਖ ਮੰਤਰੀ ਚੁਣੇ ਜਾਣ 'ਤੇ ਮੋਹਰ ਲੱਗ ਗਈ ਹੈ।

(ਬਾਕੀ ਸਫਾ 2 'ਤੇ)

## ਐੱਸ. ਜੈਸ਼ੰਕਰ ਵੱਲੋਂ ਆਪਣੇ ਇਜ਼ਰਾਈਲੀ ਹਮਰੁਤਬਾ ਗਿਡੀਓਨ ਸਾਰ ਨਾਲ ਫ਼ੋਨ 'ਤੇ ਗੱਲਬਾਤ



ਨਵੀਂ ਦਿੱਲੀ 14 ਅਪ੍ਰੈਲ (ਚ. ਨ. ਸ.) : ਭਾਰਤ ਦੇ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਮੰਗਲਵਾਰ ਨੂੰ ਇਜ਼ਰਾਈਲ ਦੇ ਆਪਣੇ ਹਮਰੁਤਬਾ ਗਿਡੀਓਨ ਸਾਰ ਨਾਲ ਫ਼ੋਨ 'ਤੇ ਗੱਲਬਾਤ ਕੀਤੀ। ਇਹ ਗੱਲਬਾਤ ਅਜਿਹੇ ਸਮੇਂ ਹੋਈ ਹੈ ਜਦੋਂ ਇਜ਼ਰਾਈਲ, ਈਰਾਨ ਅਤੇ ਲਿਬਨਾਨ ਵਿਚਾਲੇ ਤਣਾਅ ਸਿਖਰ 'ਤੇ ਹੈ। ਡਾ. ਜੈਸ਼ੰਕਰ ਨੇ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਗੱਲਬਾਤ ਦੌਰਾਨ ਮਿਡਲ ਈਸਟ ਦੀ ਸਥਿਤੀ ਦੇ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ।

ਭਾਰਤ ਲਗਾਤਾਰ ਖੇਤਰ ਵਿੱਚ ਸ਼ਾਂਤੀ ਅਤੇ ਸਥਿਰਤਾ ਦੀ ਅਪੀਲ ਕਰਦਾ ਰਿਹਾ ਹੈ। ਅਜਿਹੇ 'ਚ ਵਿਦੇਸ਼ ਮੰਤਰੀ ਦੀ ਇਹ ਗੱਲਬਾਤ ਖੇਤਰੀ ਸੁਰੱਖਿਆ ਅਤੇ ਭਾਰਤੀ ਹਿੱਤਾਂ ਦੇ ਲਿਹਾਜ਼ ਨਾਲ ਬਹੁਤ ਮਹੱਤਵਪੂਰਨ ਮੰਨੀ ਜਾ ਰਹੀ ਹੈ। ਅਮਰੀਕਾ ਵੱਲੋਂ ਈਰਾਨ ਦੀਆਂ ਬੰਦਰਗਾਹਾਂ ਦੀ ਕੀਤੀ ਜਾ ਰਹੀ ਘੇਰਾਬੰਦੀ ਅਤੇ ਇਸ ਨਾਲ ਭਾਰਤ ਨੂੰ ਹੋਣ ਵਾਲੀ ਤੇਲ ਦੀ ਸਪਲਾਈ ਵਿੱਚ ਰੁਕਾਵਟ ਵਰਗੇ ਮੁੱਦੇ ਵੀ ਇਸ ਕੂਟਨੀਤਕ ਚਰਚਾ ਦਾ ਹਿੱਸਾ ਹੋ ਸਕਦੇ ਹਨ। ਜ਼ਿਕਰਯੋਗ ਹੈ ਕਿ ਇਹ ਗੱਲਬਾਤ ਉਸੇ ਦਿਨ ਹੋਈ ਹੈ ਜਦੋਂ ਅਮਰੀਕਾ ਦੀ ਮੇਜ਼ਬਾਨੀ ਵਿੱਚ ਇਜ਼ਰਾਈਲ ਅਤੇ ਲਿਬਨਾਨ ਵਿਚਾਲੇ ਸ਼ਾਂਤੀ ਗੱਲਬਾਤ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ।

## ਕੇਂਦਰ ਨੇ ਬਦਲੇ ਬੀ.ਬੀ.ਐਮ.ਬੀ. 'ਚ ਨਿਯੁਕਤੀ ਦੇ ਨਿਯਮ

ਨਵੀਂ ਦਿੱਲੀ, 14 ਅਪ੍ਰੈਲ (ਚ. ਨ. ਸ.) : ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ.ਬੀ.ਐਮ.ਬੀ.) ਦੇ ਦੋ ਸਭ ਤੋਂ ਮਹੱਤਵਪੂਰਨ ਅਹੁਦਿਆਂ 'ਤੇ ਹੁਣ ਪੰਜਾਬ ਅਤੇ ਹਰਿਆਣਾ ਦਾ ਇਕੱਲਾ ਅਧਿਕਾਰ ਨਹੀਂ ਰਹੇਗਾ। ਕੇਂਦਰ ਸਰਕਾਰ ਨੇ ਨਿਯੁਕਤੀ ਦੇ ਨਿਯਮਾਂ ਵਿੱਚ ਵੱਡਾ ਬਦਲਾਅ ਕੀਤਾ ਹੈ। ਹੁਣ ਦੇਸ਼ ਭਰ ਦੇ ਅਧਿਕਾਰੀ ਇਨ੍ਹਾਂ ਅਸਾਮੀਆਂ ਲਈ ਅਪਲਾਈ ਕਰ ਸਕਣਗੇ। ਬੀ.ਬੀ.ਐਮ.ਬੀ. ਨਿਯਮਾਂ 1974 'ਚ ਸੋਧ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਕੇਂਦਰ ਸਰਕਾਰ ਨੇ ਬੀ.ਬੀ.ਐਮ.ਬੀ. ਨਿਯਮਾਂ, 1974 ਵਿੱਚ ਸੋਧ ਕੀਤੀ ਹੈ। ਯੋਗਤਾ ਮਾਪਦੰਡ ਵਜੋਂ ਦੋ ਅਸਾਮੀਆਂ ਲਈ ਅਰਜ਼ੀ ਦੇਣ ਲਈ ਨਿਯਮਾਂ ਵਿੱਚ ਬਦਲਾਅ। ਹੁਣ ਦੂਜੇ ਰਾਜਾਂ ਦੇ ਅਧਿਕਾਰੀ ਵੀ ਯੋਗਤਾ ਦੇ ਆਧਾਰ 'ਤੇ ਨਿਯੁਕਤੀ ਪ੍ਰਾਪਤ ਕਰ ਸਕਦੇ ਹਨ।

## ਸਿੱਖਿਆ ਦਾ ਅਧਿਕਾਰ ਐਕਟ ਲਾਗੂ ਕਰਨ 'ਚ ਦੇਰੀ 'ਤੇ ਸੁਪਰੀਮ ਕੋਰਟ ਵੱਲੋਂ ਕੇਂਦਰ ਤੇ ਸੂਬਿਆਂ ਨੂੰ ਨੋਟਿਸ

ਨਵੀਂ ਦਿੱਲੀ, 14 ਅਪ੍ਰੈਲ (ਚ. ਨ. ਸ.): ਸੁਪਰੀਮ ਕੋਰਟ ਨੇ ਦੇਸ਼ ਭਰ ਵਿੱਚ 'ਸਿੱਖਿਆ ਦਾ ਅਧਿਕਾਰ (RTE) ਐਕਟ ਨੂੰ ਸਹੀ ਤਰੀਕੇ ਨਾਲ ਲਾਗੂ ਕਰਨ ਦੀ ਮੰਗ ਵਾਲੀ ਜਨਹਿਤ ਪਟੀਸ਼ਨ (PIL) 'ਤੇ ਸੁਣਵਾਈ ਕਰਦਿਆਂ ਕੇਂਦਰ ਸਰਕਾਰ, ਸਮੂਹ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਨੋਟਿਸ ਜਾਰੀ ਕੀਤਾ ਹੈ।

ਮੁੱਖ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਦੀ ਬੈਂਚ ਨੇ ਕਿਹਾ ਕਿ ਅਦਾਲਤ ਇਸ ਗੰਭੀਰ ਮੁੱਦੇ ਦੀ ਬਾਰੀਕੀ ਨਾਲ ਜਾਂਚ ਕਰਨਾ ਚਾਹੁੰਦੀ ਹੈ।

ਇਹ ਪਟੀਸ਼ਨ ਹਰਿਪ੍ਰਿਆ ਪਟੇਲ ਵੱਲੋਂ ਦਾਇਰ ਕੀਤੀ ਗਈ ਹੈ, ਜਿਸ ਵਿੱਚ 6 ਤੋਂ 14 ਸਾਲ ਦੇ ਬੱਚਿਆਂ ਲਈ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਬਣਾਉਣ ਦੀ ਗੁਹਾਰ ਲਗਾਈ ਗਈ ਹੈ। ਪਟੀਸ਼ਨਕਰਤਾ ਦੇ ਵਕੀਲ ਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਨਵੀਂ ਸਿੱਖਿਆ ਨੀਤੀ (NEP) ਦੇ ਤਹਿਤ ਪ੍ਰੀ-ਪ੍ਰਾਇਮਰੀ ਸਿੱਖਿਆ ਨੂੰ ਲਾਜ਼ਮੀ ਬਣਾਉਣਾ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ (EWS) ਲਈ 25 ਫੀਸਦ ਸੀਟਾਂ ਰਾਖਵੀਆਂ ਰੱਖਣ ਦੇ ਨਿਯਮ ਨੂੰ ਸਖ਼ਤੀ ਨਾਲ ਲਾਗੂ ਕਰਨਾ ਬੇਹੱਦ ਜ਼ਰੂਰੀ ਹੈ। ਨਵੀਂ ਸਿੱਖਿਆ ਨੀਤੀ 10+2 ਦੇ ਪੁਰਾਣੇ ਢਾਂਚੇ ਨੂੰ ਬਦਲ ਕੇ 5+3+3+4 ਮਾਡਲ ਪੇਸ਼ ਕਰਦੀ ਹੈ, ਜਿਸ ਵਿੱਚ ਕਿੱਤਾਮੁਖੀ ਸਿਖਲਾਈ ਅਤੇ ਤਕਨੀਕੀ ਗਿਆਨ 'ਤੇ ਜ਼ੋਰ ਦਿੱਤਾ ਗਿਆ ਹੈ।

**ਪ੍ਰੀ-ਪ੍ਰਾਇਮਰੀ ਸਿੱਖਿਆ ਅਤੇ 25% ਰਾਖਵੀਆਂ ਸੀਟਾਂ ਦੇ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਦੀ ਮੰਗ; ਅਦਾਲਤ ਨੇ ਮੰਗਿਆ ਜਵਾਬ**

## ਹੋਰਮੁਜ਼ ਜਲ ਮਾਰਗ 'ਤੇ ਸਾਡਾ ਪੂਰਾ ਕੰਟਰੋਲ: ਈਰਾਨ

### ਮਿਜ਼ਾਈਲਾਂ ਦਾਗਦਿਆਂ ਦੀ ਵੀਡੀਓ ਜਾਰੀ



ਤਹਿਰਾਨ, 14 ਅਪ੍ਰੈਲ (ਚ. ਨ. ਸ.) : ਯਈਰਾਨ ਨੇ ਸਪਸ਼ਟ ਕੀਤਾ ਹੈ ਕਿ ਹੋਰਮੁਜ਼ ਜਲ ਮਾਰਗ ਉੱਤੇ ਉਸ ਦਾ ਪੂਰਾ ਕੰਟਰੋਲ ਹੈ। ਇਸ ਸਬੰਧੀ ਈਰਾਨ ਨੇ ਵੀਡੀਓ ਜਾਰੀ ਕੀਤੀ ਹੈ ਜਿਸ ਵਿਚ ਹੋਰਮੁਜ਼ ਜਲ ਮਾਰਗ 'ਤੇ ਮਿਜ਼ਾਈਲਾਂ ਦਾਗਦਿਆਂ ਦੀਆਂ ਤਸਵੀਰਾਂ ਨਸ਼ਰ ਕੀਤੀਆਂ ਗਈਆਂ ਹਨ। ਇਸ ਵੀਡੀਓ ਵਿੱਚ ਮਿਜ਼ਾਈਲਾਂ ਦਾ ਪ੍ਰਦਰਸ਼ਨ ਕਰਦੇ ਹੋਏ ਇਹ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ ਕੋਈ ਦੇਸ਼ ਉਨ੍ਹਾਂ ਦੇ ਨਿਯਮਾਂ ਦੀ ਉਲੰਘਣਾ ਕਰੇਗਾ ਤਾਂ ਉਸ ਨੂੰ ਭਾਰੀ ਨੁਕਸਾਨ ਝੱਲਣਾ ਪਵੇਗਾ। ਪਾਕਿਸਤਾਨੀ ਅਧਿਕਾਰੀਆਂ ਨੇ ਮੰਗਲਵਾਰ ਨੂੰ ਕਿਹਾ ਕਿ ਇਸਲਾਮਾਬਾਦ ਨੇ ਅਮਰੀਕਾ ਅਤੇ ਈਰਾਨ ਨੂੰ ਦੂਜੇ ਦੌਰ ਦੀ ਗੱਲਬਾਤ ਦਾ ਪ੍ਰਸਤਾਵ ਦਿੱਤਾ ਹੈ। ਪਾਕਿਸਤਾਨੀ ਅਧਿਕਾਰੀਆਂ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਗੱਲ ਕੀਤੀ ਕਿਉਂਕਿ ਉਹ ਪ੍ਰੈੱਸ ਨਾਲ

(ਬਾਕੀ ਸਫਾ 2 'ਤੇ)

### ਤੱਤਕਾਲੀ ਟਿੱਪਣੀ

## ਭਾਜਪਾ ਲਈ ਪੰਜਾਬ ਦੀ ਰਾਹ ਆਸਾਨ ਨਹੀਂ?

### ਪੰਜਾਬ ਨਕਾਰ ਸਕਦੈ ਡਬਲ ਇੰਜਣ ਤੇ ਆਸਾਮ ਮਾਡਲ

### ਭਾਜਪਾ ਪੰਜਾਬ ਵਿੱਚ ਲੋਕਾਂ ਵੱਲੋਂ ਨਕਾਰੇ ਦਲ ਬਦਲੂਆਂ ਦੀ ਟੇਕ 'ਤੇ ਸਰਕਾਰ ਨਹੀਂ ਬਣਾ ਸਕਦੀ

**ਪ੍ਰੋ ਡਾ ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਪੰਜਾਬ ਵਿੱਚ 2027 ਦੀਆਂ ਚੋਣਾਂ ਲਈ ਭਾਜਪਾ ਆਪਣੇ ਸਾਰੇ ਘੋੜੇ ਦੌੜਾ ਰਹੀ ਹੈ ਪ੍ਰੰਤੂ ਕੀ ਤੁਸੀਂ ਮੰਨ ਸਕਦੇ ਹੋ ਕਿ ਪੰਜਾਬ ਵਿੱਚ ਡਬਲ ਇੰਜਣ ਸਰਕਾਰ, ਦਲਿਤ ਵਰਗ ਅਤੇ ਅਸਾਮ ਮਾਡਲ ਪੰਜਾਬ ਦੇ ਲੋਕ ਫੇਲ ਕਰ ਸਕਦੇ ਹਨ।

ਅੱਜ ਇਸ ਤੇ ਭਾਜਪਾ ਦੀ ਚਿੰਤਾ ਅੰਦਰ ਖਾਤੇ ਵਧੀ ਹੋਈ ਹੈ ਤੇ ਆਉਣ ਵਾਲੇ ਦਿਨਾਂ ਦੇ ਵਿੱਚ ਕਈ ਅਹਿਮ ਐਲਾਨ ਹੋਣ ਦੀ ਸੂਚਨਾ ਸਾਡੇ ਸੰਪਰਕਾਂ ਨੇ ਭਾਜਪਾ ਹੈਡਕੁਆਰਟਰ ਤੋਂ ਦਿੱਤੀ ਹੈ।

ਪੰਜਾਬ ਵਿੱਚ ਭਾਜਪਾ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ ਸਾਰੇ ਘੋੜੇ ਦੌੜਾ ਰਹੀ ਹੈ। ਅਮਿਤ ਸ਼ਾਹ ਤੋਂ ਲੈ ਕੇ ਸੁਨੀਲ ਜਾਖੜ ਤੱਕ ਹਰ ਕੋਈ ਘੋਸ਼ਣਾ ਕਰ ਰਿਹਾ ਹੈ ਕਿ ਇਸ ਵਾਰ ਅੱਕਾਲੀਆਂ ਨਾਲ ਗੱਠਜੋੜ ਨਹੀਂ, ਭਾਜਪਾ ਇੱਕਲੀ ਲੜੇਗੀ ਅਤੇ ਆਪਣੀ ਸਰਕਾਰ ਬਣਾਏਗੀ। ਠੀਕ ਹੈ, ਉੱਤਰ ਭਾਰਤ ਵਾਂਗੂ ਇੱਥੇ ਵੀ 'ਡਬਲ ਇੰਜਣ' ਵਾਲੀ ਹੱਕਾਰੀ ਚੱਲ ਰਹੀ ਹੈ। ਪਰ ਇਸ ਹੱਕਾਰੀ ਦੇ ਅੰਦਰ ਇੱਕ ਵੱਡੀ ਖਾਈ ਖੁੱਲ੍ਹੀ ਹੋਈ ਹੈ - ਉਹ ਖਾਈ ਜਿਸ ਨੂੰ ਭਾਜਪਾ ਆਪਣੀਆਂ ਨਜ਼ਰਾਂ ਤੋਂ ਛੁਪਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਪੰਜਾਬ ਦਾ ਆਮ ਲੋਕ ਉਸ ਖਾਈ ਨੂੰ ਖੁੱਲ੍ਹੀਆਂ ਅੱਖਾਂ ਨਾਲ ਵੇਖ ਰਿਹਾ ਹੈ।

ਅੱਜ ਇਹ ਖਾਈ ਹੈ - ਟੁੱਟੀ ਸਾਖ ਵਾਲੇ ਚਲ ਚੁੱਕੇ ਕਾਰਤੂਸਾਂ ਦਾ ਇਕੱਠ। ਕਾਂਗਰਸ, ਅਕਾਲੀ ਦਲ ਅਤੇ ਹੋਰ ਪਾਰਟੀਆਂ ਤੋਂ ਉਹ ਲੀਡਰ ਜਿਨ੍ਹਾਂ ਨੇ ਆਪਣੀਆਂ ਪਾਰਟੀਆਂ ਵਿੱਚ ਲੁੱਟ-ਖਸੋਟ, ਭ੍ਰਿਸ਼ਟਾਚਾਰ ਅਤੇ ਗੱਦਾਰੀ ਦਾ ਖਾਤਾ ਭਰ ਲਿਆ ਸੀ, ਹੁਣ ਭਾਜਪਾ ਵਿੱਚ ਆ ਕੇ ਆਪਣੀਆਂ ਟੁੱਟੀਆਂ ਕੁਰਸੀਆਂ ਨੂੰ ਸੰਭਾਲਣ ਦੀ ਕੋਸ਼ਿਸ਼ ਕਰ ਰਹੇ ਹਨ। ਸੁਨੀਲ ਜਾਖੜ ਖੁਦ ਇਸ ਐਂਗਲ ਦਾ ਸਭ ਤੋਂ ਵੱਡਾ ਚਿਹਰਾ ਬਣ ਚੁੱਕੇ ਹਨ।

ਕਾਂਗਰਸ ਵਿੱਚ ਰਹਿੰਦਿਆਂ ਉਨ੍ਹਾਂ ਨੇ ਜੋ ਕੁਝ ਵੀ ਕੀਤਾ, ਉਸ ਦੀ ਸਾਖ ਪੰਜਾਬੀਆਂ ਦੇ ਦਿਲ ਵਿੱਚ ਅਜੇ ਵੀ ਤਾਜ਼ਾ ਹੈ। ਹੁਣ ਉਹ ਭਾਜਪਾ ਪ੍ਰਧਾਨ ਬਣ ਕੇ ਉਸੇ ਪੰਜਾਬ ਨੂੰ 'ਬਦਲਾਅ' ਦਾ ਗੀਤ ਸੁਣਾ ਰਹੇ ਹਨ ਜਿਸ ਨੂੰ ਉਨ੍ਹਾਂ ਨੇ ਆਪਣੀਆਂ ਪੁਰਾਣੀਆਂ ਪਾਰਟੀਆਂ ਵਿੱਚ ਲੁੱਟਿਆ ਸੀ। ਇਹ ਉਹੀ ਲੋਕ ਹਨ ਜਿਨ੍ਹਾਂ ਨੇ ਪਿਛਲੇ 50 ਸਾਲਾਂ ਤੋਂ ਜਨਸੰਘ ਤੋਂ ਲੈ ਕੇ ਭਾਜਪਾ ਤੱਕ ਟਕਸਾਲੀ ਵਰਕਰਾਂ ਨੂੰ ਖੂਨ ਪਸੀਨਾ ਇੱਕ ਕਰਵਾਇਆ, ਉਨ੍ਹਾਂ ਨੂੰ ਵਿਹੜਾ ਅਤਾਸ਼ਾ ਵਿੱਚ ਧੱਕ ਦਿੱਤਾ ਗਿਆ ਹੈ। ਪੰਜਾਬ ਛੋਟਾ ਰਾਜ ਹੈ, ਪਰ ਇੱਥੇ ਲੋਕਾਂ ਦੀ ਯਾਦਾਸ਼ਤ ਤਿਖੀ ਹੈ। ਇੱਥੇ ਹਰ ਵਿਅਕਤੀ ਦੀ ਹੋਂਦ ਦਾ ਇਤਿਹਾਸ ਲੋਕ ਜਾਣਦੇ ਹਨ - ਕਿਸ ਨੇ ਕੀ ਲੁੱਟਿਆ, ਕਿਸ ਨੇ ਕਿਸ ਨਾਲੰ ਗੱਦਾਰੀ ਕੀਤੀ, ਕਿਸ ਦੀਆਂ ਜੇਬਾਂ ਕਿਵੇਂ ਭਰੀਆਂ ਗਈਆਂ। ਇਸ ਲਈ ਇੱਥੇ 'ਆਯਾ ਰਾਮ ਗਯਾ ਰਾਮ' ਵਾਲੀ ਰਾਜਨੀਤੀ ਆਸਾਨੀ ਨਾਲ ਨਹੀਂ ਚੱਲਦੀ। ਆਸਾਮ ਵਾਂਗੂ ਇੱਥੇ ਸੁਨੀਲ ਜਾਖੜ ਵਰਗੇ ਲੀਡਰਾਂ ਨੂੰ ਉੱਚਾ ਆਸਨ ਦੇਣਾ ਭਾਜਪਾ ਲਈ ਇੱਕ ਵੱਡੀ ਭੁੱਲ ਸਾਬਤ ਹੋ ਰਹੀ ਹੈ। ਆਸਾਮ ਵਿੱਚ ਇਸ ਮਾਡਲ ਨੇ ਕੰਮ ਕੀਤਾ ਹੋਵੇ, ਪਰ ਪੰਜਾਬ ਵਿੱਚ ਇਹ ਉਲਟਾ ਪੈ ਰਿਹਾ ਹੈ।

(ਬਾਕੀ ਸਫਾ 2 'ਤੇ)

### ਹਾਈ ਕੋਰਟ ਨੇ 'ਕਾਗਜ਼ੀ ਪ੍ਰਬੰਧਾਂ' ਨੂੰ ਨਾਜਾਇਜ਼ ਠਹਿਰਾਇਆ

## ਆਊਟਸੋਰਸਿੰਗ ਦੇ ਨਾਮ 'ਤੇ ਸ਼ੋਸ਼ਣ ਨਹੀਂ, ਸਾਲਾਂ ਤੋਂ ਕੰਮ ਕਰ ਰਹੇ ਕਰਮੀਆਂ ਨੂੰ ਮਿਲੇਗਾ ਰੈਗੂਲਰ ਦਰਜਾ

ਚੰਡੀਗੜ੍ਹ 14 ਅਪ੍ਰੈਲ (ਚ. ਨ. ਸ.) : ਆਊਟਸੋਰਸਿੰਗ ਪ੍ਰਬੰਧਾਂ ਰਾਹੀਂ ਸਾਲਾਂ ਤੋਂ ਕੰਮ ਕਰ ਰਹੇ ਕਰਮਚਾਰੀਆਂ ਨੂੰ ਮਹੱਤਵਪੂਰਨ ਰਾਹਤ ਪ੍ਰਦਾਨ ਕਰਦੇ ਹੋਏ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ ਕਰਮਚਾਰੀਆਂ ਨੂੰ ਸਿਰਫ਼ ਕਾਗਜ਼ੀ ਇਕਰਾਰਨਾਮਿਆਂ ਦੇ ਆਧਾਰ 'ਤੇ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਤੋਂ ਵਾਂਝਾ ਨਹੀਂ ਕੀਤਾ ਜਾ ਸਕਦਾ। ਅਦਾਲਤ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਕੋਈ ਕਰਮਚਾਰੀ ਲੰਬੇ ਸਮੇਂ ਤੋਂ ਕਿਸੇ ਸਰਕਾਰੀ ਸੰਗਠਨ ਦੇ ਨਿਯੰਤਰਣ ਅਤੇ ਨਿਗਰਾਨੀ ਹੇਠ ਕੰਮ ਕਰ ਰਿਹਾ ਹੈ, ਤਾਂ ਉਸ ਨੂੰ ਉਸ ਸੰਗਠਨ ਦਾ ਅਸਲ ਕਰਮਚਾਰੀ ਮੰਨਿਆ ਜਾਵੇਗਾ। ਇਹ ਮਹੱਤਵਪੂਰਨ ਫੈਸਲਾ ਜਸਟਿਸ ਹਰਪ੍ਰੀਤ ਸਿੰਘ ਬਰਾੜ ਦੀ ਸਿੰਗਲ ਬੈਂਚ ਦੁਆਰਾ ਦਿੱਤਾ ਗਿਆ, ਜਿਸ ਨੇ ਤਿੰਨ ਪਟੀਸ਼ਨਾਂ ਦਾ ਇਕੱਠੇ ਨਿਪਟਾਰਾ ਕੀਤਾ। ਅਦਾਲਤ ਨੇ ਬਠਿੰਡਾ ਨਗਰ ਨਿਗਮ ਨੂੰ ਛੇ ਹਫ਼ਤਿਆਂ ਦੇ ਅੰਦਰ ਪਟੀਸ਼ਨਰਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਦੇ ਨਿਰਦੇਸ਼ ਦਿੱਤੇ, ਨਹੀਂ ਤਾਂ ਉਹ ਆਪਣੇ ਆਪ ਰੈਗੂਲਰ ਮੰਨੇ ਜਾਣਗੇ।

ਇਸ ਮਾਮਲੇ ਵਿੱਚ ਇੱਕ ਕਲਰਕ-ਕਮ-ਡਾਟਾ ਐਂਟਰੀ ਆਪਰੇਟਰ ਦੀ ਉਦਾਹਰਣ ਪ੍ਰਮੁੱਖਤਾ ਨਾਲ ਦਿੱਤੀ ਗਈ ਸੀ ਜੋ 2010 ਤੋਂ ਲਗਾਤਾਰ ਕੰਮ ਕਰ ਰਿਹਾ ਸੀ। ਹਾਲਾਂਕਿ ਆਊਟਸੋਰਸਿੰਗ ਏਜੰਸੀਆਂ ਸਮੇਂ-ਸਮੇਂ 'ਤੇ ਬਦਲਦੀਆਂ ਰਹੀਆਂ, ਪਰ ਕਰਮਚਾਰੀਆਂ ਦਾ ਅਸਲ ਕੰਮ, ਨਿਯੰਤਰਣ ਅਤੇ ਨਿਗਰਾਨੀ ਨਗਰ ਨਿਗਮ ਦੇ ਅਧੀਨ ਰਹੀ। ਅਦਾਲਤ ਨੇ ਇਸ ਨੂੰ ਇੱਕ ਨਿਰਣਾਇਕ ਕਾਰਕ ਮੰਨਿਆ, (ਬਾਕੀ ਸਫਾ 2 'ਤੇ)

## ਮਾਨ ਸਰਕਾਰ ਵੱਲੋਂ ਬਾਬਾ ਸਾਹਿਬ ਅੰਬੇਡਕਰ ਦੇ ਜਨਮ ....

ਵੱਧ ਉਮਰ ਦੀਆਂ ਸਾਰੀਆਂ ਔਰਤਾਂ ਸਿਰਫ ਤਿੰਨ ਦਸਤਾਵੇਜ਼ਾਂ ਨਾਲ ਇਸ ਯੋਜਨਾ ਦਾ ਲਾਭ ਲੈ ਸਕਦੀਆਂ ਹਨ, ਜਦੋਂ ਕਿ ਕੈਂਪਾਂ ਅਤੇ ਸਹਾਇਕ ਸਟਾਫ ਦੇ ਇੱਕ ਵਿਸ਼ਾਲ ਨੈੱਟਵਰਕ ਰਾਹੀਂ ਔਰਤਾਂ ਨੂੰ ਉਨ੍ਹਾਂ ਦੇ ਘਰ ਹੀ ਸਹੂਲਤ ਪ੍ਰਦਾਨ ਕਰਨ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਯੋਜਨਾ ਪਹਿਲਾਂ 9 ਹਲਕਿਆਂ ਵਿੱਚ ਸ਼ੁਰੂ ਕੀਤੀ ਜਾਵੇਗੀ ਅਤੇ 15 ਮਈ ਤੋਂ ਇਸ ਦਾ ਵਿਸਥਾਰ ਬਾਕੀ 108 ਹਲਕਿਆਂ ਵਿੱਚ ਕੀਤਾ ਜਾਵੇਗਾ। ਸਕੀਮ ਦਾ ਭੁਗਤਾਨ ਜੁਲਾਈ ਤੋਂ ਸ਼ੁਰੂ ਜਾਵੇਗਾ ਅਤੇ ਰਜਿਸਟਰੇਸ਼ਨ ਲਈ ਕੋਈ ਸਮਾਂ ਸੀਮਾ ਨਹੀਂ ਹੋਵੇਗੀ। ਇਸ ਨਾਲ ਹਰ ਯੋਗ ਔਰਤ ਨੂੰ ਲਾਭ ਦੀ ਗਰੰਟੀ ਪ੍ਰਦਾਨ ਕੀਤੀ ਗਈ ਹੈ ਭਾਵੇਂ ਉਹ ਕਦੋਂ ਵੀ ਰਜਿਸਟਰੇਸ਼ਨ ਕਰਵਾਉਣ। 26,000 ਰਜਿਸਟਰੇਸ਼ਨ ਕੇਂਦਰਾਂ ਅਤੇ ਹਰ ਪਿੰਡ ਅਤੇ ਵਾਰਡ ਵਿੱਚ ਤਾਇਨਾਤ ਸਮਰਪਿਤ ਮਹਿਲਾ ਸਤਿਕਾਰ ਸਖੀਆਂ ਦੇ ਨਾਲ ਇਸ ਯੋਜਨਾ ਨੂੰ ਵੱਡੇ ਪੱਧਰ 'ਤੇ ਲਾਗੂ ਕਰਨ, ਬਿਹਤਰ ਪਹੁੰਚ ਯਕੀਨੀ ਬਣਾਉਣ ਅਤੇ ਨਿਸ਼ਚਤਤਾ ਲਈ ਤਿਆਰ ਕੀਤੀ ਗਈ ਹੈ, ਜੋ ਇਸਨੂੰ ਦੇਸ਼ ਵਿੱਚ ਔਰਤਾਂ ਲਈ ਸਭ ਤੋਂ ਵੱਧ ਵਿਆਪਕ ਸਿੱਧੀ ਵਿੱਤੀ ਸਹਾਇਤਾ ਪਹਿਲਕਦਮੀਆਂ ਵਿੱਚ ਸ਼ੁਮਾਰ ਕਰਦੀ ਹੈ। ਸੀਨੀਅਰ 'ਆਪ' ਨੇਤਾ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਦੇ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਇਹ ਯੋਜਨਾ ਪਾਇਲਟ ਆਧਾਰ 'ਤੇ ਆਦਮਪੁਰ, ਮਲੋਟ, ਸ੍ਰੀ ਅਨੰਦਪੁਰ ਸਾਹਿਬ, ਦਿੜ੍ਹਬਾ, ਸੁਨਾਮ, ਮੋਗਾ, ਕੋਟਕਪੂਰਾ, ਬਟਾਲਾ ਅਤੇ ਪਟਿਆਲਾ ਦਿਹਾਤੀ ਸਮੇਤ 9 ਹਲਕਿਆਂ ਵਿੱਚ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ, ਬਾਕੀ 108 ਹਲਕਿਆਂ ਵਿੱਚ ਔਰਤਾਂ ਲਈ ਰਜਿਸਟਰੇਸ਼ਨ 15 ਮਈ ਤੋਂ ਸ਼ੁਰੂ ਹੋਵੇਗੀ। ਜੁਲਾਈ 2026 ਤੋਂ 1000 ਜਾਂ 1500 ਰੁਪਏ ਦੇ ਮਾਸਿਕ ਭੁਗਤਾਨ ਸ਼ੁਰੂ ਹੋਣਗੇ। ਔਰਤਾਂ ਨੂੰ ਪਹੁੰਚਯੋਗਤਾ ਬਾਰੇ ਭਰੋਸਾ ਦਿਵਾਉਂਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, ਰਜਿਸਟਰੇਸ਼ਨ ਲਈ ਕੋਈ ਸਮਾਂ ਸੀਮਾ ਨਹੀਂ ਹੈ ਅਤੇ ਔਰਤਾਂ ਨੂੰ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਇਸ ਨਾਲ ਕੋਈ ਫਰਕ ਨਹੀਂ ਪੈਂਦਾ ਕਿ ਭਾਵੇਂ ਉਹ ਰਜਿਸਟਰੇਸ਼ਨ 15 ਅਪ੍ਰੈਲ ਜਾਂ 15 ਮਈ ਜਾਂ 15 ਅਗਸਤ ਨੂੰ ਕਰਵਾਉਣ। ਉਨ੍ਹਾਂ ਅੱਗੇ ਕਿਹਾ ਕਿ ਦੇਰੀ ਨਾਲ ਰਜਿਸਟਰੇਸ਼ਨ ਕਰਵਾਉਣ ਨਾਲ ਲਾਭਾਂ 'ਤੇ ਕੋਈ ਪ੍ਰਭਾਵ ਨਹੀਂ ਪਵੇਗਾ। ਉਨ੍ਹਾਂ ਅੱਗੇ ਕਿਹਾ, ਉਨ੍ਹਾਂ ਨੂੰ ਜੁਲਾਈ ਤੋਂ ਬਾਅਦ ਆਪਣਾ ਪੂਰਾ ਭੁਗਤਾਨ ਮਿਲੇਗਾ, ਇਸ ਲਈ ਭਾਵੇਂ ਉਹ ਸਤੰਬਰ ਦੇ ਅੰਤ ਵਿੱਚ ਰਜਿਸਟਰ ਕਰਦੇ ਹਨ, ਫਿਰ ਵੀ ਉਨ੍ਹਾਂ ਨੂੰ ਤਿੰਨ ਮਹੀਨਿਆਂ ਭਾਵ ਜੁਲਾਈ, ਅਗਸਤ ਅਤੇ ਸਤੰਬਰ ਲਈ ਪੂਰਾ ਭੁਗਤਾਨ ਮਿਲੇਗਾ।

ਦਸਤਾਵੇਜ਼ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ, "ਰਜਿਸਟਰੇਸ਼ਨ ਲਈ ਸਿਰਫ਼ ਤਿੰਨ ਦਸਤਾਵੇਜ਼ਾਂ ਦੀ ਲੋੜ ਹੁੰਦੀ ਹੈ ਜਿਨ੍ਹਾਂ ਵਿੱਚ ਪੰਜਾਬ ਦੇ ਪਤੇ ਵਾਲਾ ਆਧਾਰ, ਪੰਜਾਬ ਦਾ ਵੋਟਰ ਆਈਡੀ ਅਤੇ ਬੈਂਕ ਪਾਸਬੁੱਕ ਸ਼ਾਮਲ ਹੈ। ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਦੇ ਮਾਮਲੇ ਵਿੱਚ ਅਨੁਸੂਚਿਤ ਜਾਤੀ ਸਰਟੀਫਿਕੇਟ ਵੀ ਜ਼ਰੂਰੀ ਹੈ।"ਜਾਤੀ ਸਰਟੀਫਿਕੇਟ ਦੀ ਘਾਟ ਵਾਲੀਆਂ ਔਰਤਾਂ ਦੀਆਂ ਚਿੰਤਾਵਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਜਾਣਦਾ ਹਾਂ ਕਿ ਮੇਰੀਆਂ ਬਹੁਤ ਸਾਰੀਆਂ ਅਨੁਸੂਚਿਤ ਜਾਤੀਆਂ ਦੀਆਂ ਭੈਣਾਂ ਅਤੇ ਮਾਵਾਂ ਕੋਲ ਜਾਤੀ ਸਰਟੀਫਿਕੇਟ ਨਹੀਂ ਹੈ, ਪਰ ਉਨ੍ਹਾਂ ਨੂੰ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੈ ਅਤੇ ਉਨ੍ਹਾਂ ਨੂੰ ਆਪਣੇ ਜਾਤੀ ਸਰਟੀਫਿਕੇਟ ਲਈ ਅਪਲਾਈ ਕਰਨਾ ਚਾਹੀਦਾ ਹੈ।

ਉਨ੍ਹਾਂ ਨੇ ਇਸ ਪਹਿਲਕਦਮੀ ਦੇ ਪੈਮਾਨੇ 'ਤੇ ਹੋਰ ਜ਼ੋਰ ਦਿੰਦਿਆਂ ਕਿਹਾ, ਇਸ ਯੋਜਨਾ ਤਹਿਤ ਔਰਤਾਂ ਦੇ ਕੁਝ ਸੀਮਤ ਵਰਗ ਨੂੰ ਛੱਡ ਕੇ ਲਗਭਗ ਉਨ੍ਹਾਂ ਸਾਰੀਆਂ ਮਹਿਲਾਵਾਂ ਨੂੰ ਕਵਰ ਕੀਤਾ ਜਾਵੇਗਾ, ਜੋ 18 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ ਹਨ। ਇਸ ਲਈ ਇਸ ਯੋਜਨਾ ਤੋਂ 97 ਫ਼ੀਸਦ ਤੋਂ ਵੱਧ ਔਰਤਾਂ ਨੂੰ ਲਾਭ ਹੋਣ ਦੀ ਉਮੀਦ ਹੈ, ਜੋ ਇਸਨੂੰ ਦੇਸ਼ ਵਿੱਚ ਸਭ ਤੋਂ ਵਿਆਪਕ ਮਹਿਲਾ-ਪੱਖੀ ਸਮਾਜਿਕ ਸੁਰੱਖਿਆ ਪਹਿਲਕਦਮੀਆਂ ਵਿੱਚੋਂ ਇੱਕ ਬਣਾਉਂਦੀ ਹੈ।

ਇਸ ਨੂੰ ਇੱਕ ਪਰਿਵਰਤਨਸ਼ੀਲ ਦਖਲਅੰਦਾਜ਼ੀ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਯੋਜਨਾ ਰਾਜ ਭਰ ਵਿੱਚ ਔਰਤਾਂ ਨੂੰ ਸਿੱਧੀ ਆਰਥਿਕ ਸਹਾਇਤਾ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਦਰਸਾਉਂਦੀ ਹੈ ਅਤੇ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ ਕਿ ਔਰਤਾਂ ਦੇ ਸ਼ਕਤੀਕਰਨ ਨੂੰ ਠੋਸ ਵਿੱਤੀ ਆਜ਼ਾਦੀ ਵਿੱਚ ਬਦਲਣਾ ਚਾਹੀਦਾ ਹੈ। ਯੋਗਤਾ ਸਪੱਸ਼ਟ ਕਰਦਿਆਂ ਉਨ੍ਹਾਂ ਅੱਗੇ ਕਿਹਾ, "18 ਸਾਲ ਜਾਂ ਇਸ ਤੋਂ ਵੱਧ ਉਮਰ ਦੀ ਹਰ ਔਰਤ, ਜੋ ਰਾਜ ਵਿੱਚ ਵੋਟਰ ਵਜੋਂ ਰਜਿਸਟਰਡ ਹੈ ਅਤੇ ਜਿਸ ਕੋਲ ਪੰਜਾਬ ਦੀ ਰਿਹਾਇਸ਼ ਨੂੰ ਦਰਸਾਉਂਦਾ ਇੱਕ ਪ੍ਰਮਾਣਿਕ ਆਧਾਰ ਕਾਰਡ ਹੈ ਅਤੇ ਭਾਰਤ ਚੋਣ ਕਮਿਸ਼ਨ ਦੁਆਰਾ ਜਾਰੀ ਕੀਤਾ ਗਿਆ ਪੰਜਾਬ ਦਾ ਇੱਕ ਪ੍ਰਮਾਣਿਕ ਵੋਟਰ ਆਈਡੀ ਹੈ, ਉਹ ਇਸ ਯੋਜਨਾ ਤਹਿਤ ਲਾਭਪਾਤਰੀ ਵਜੋਂ ਰਜਿਸਟਰ ਹੋਣ ਦੇ ਯੋਗ ਹੋਵੇਗੀ।

ਵਿੱਤੀ ਵਚਨਬੱਧਤਾ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਵਿੱਤੀ ਸਾਲ 2026-27 ਦੇ ਬਜਟ ਵਿੱਚ 9300 ਕਰੋੜ ਰੁਪਏ ਦੀ ਰਕਮ ਪਹਿਲਾਂ ਹੀ ਮਨਜ਼ੂਰ ਕੀਤੀ ਜਾ ਚੁੱਕੀ ਹੈ ਅਤੇ ਯੋਜਨਾ ਦੇ ਪੈਮਾਨੇ ਅਤੇ ਪਹੁੰਚ ਨੂੰ ਦੇਖਦਿਆਂ ਇਹ ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀਆਂ ਗਈਆਂ ਸਭ ਤੋਂ ਵੱਡੀਆਂ ਮਹਿਲਾ-ਕੇਂਦ੍ਰਿਤ ਸਮਾਜ ਭਲਾਈ ਪਹਿਲਕਦਮੀਆਂ ਵਿੱਚੋਂ ਇੱਕ ਬਣਨ ਦੀ ਉਮੀਦ ਹੈ।

ਇਸ ਪਹਿਲਕਦਮੀ ਦੇ ਪਿੱਛੇ ਪ੍ਰੇਰਨਾ ਨੂੰ ਦੁਹਰਾਉਂਦਿਆਂ ਉਨ੍ਹਾਂ ਸਿੱਟਾ ਕੱਢਿਆ, ਇਹ ਬਾਬਾ ਸਾਹਿਬ ਬੀ.ਆਰ. ਅੰਬੇਡਕਰ ਨੂੰ ਨਿਮਰ ਸ਼ਰਧਾਂਜਲੀ ਹੈ, ਜੋ ਔਰਤਾਂ ਨੂੰ ਸ਼ਸ਼ਕਤ ਬਣਾ ਕੇ ਅਤੇ ਉਨ੍ਹਾਂ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਾ ਕੇ ਉਨ੍ਹਾਂ ਦੇ ਵਿਕਾਸ ਦੇ ਸਮਰਥਕ ਸਨ।÷

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਿੰਨ ਲਾਭਪਾਤਰੀਆਂ ਨੂੰ ਰਜਿਸਟਰੇਸ਼ਨ ਸਰਟੀਫਿਕੇਟ ਸੌਂਪੇ ਜਿਨ੍ਹਾਂ ਵਿੱਚ ਹਰਬੰਸ ਕੌਰ, ਦੀਕਸ਼ਾ ਅਤੇ ਸਿਮਰਨ ਸ਼ਾਮਲ ਹਨ। ਲਾਭਪਾਤਰੀਆਂ ਨੇ ਇਸ ਪਹਿਲਕਦਮੀ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇਹ ਉਨ੍ਹਾਂ ਦੀ ਵਿੱਤੀ ਆਜ਼ਾਦੀ ਨੂੰ ਕਾਫ਼ੀ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ, ਇਹ ਅਹਿਮ ਪਹਿਲ ਸਾਡੇ ਵਿਕਾਸ ਵਿੱਚ ਵਿਸ਼ੇਸ਼ ਭੂਮਿਕਾ ਨਿਭਾਏਗੀ ਅਤੇ ਪਹਿਲੀ ਵਾਰ ਕਿਸੇ ਸੂਬਾ ਸਰਕਾਰ ਅਤੇ ਮੁੱਖ ਮੰਤਰੀ ਨੇ ਉਨ੍ਹਾਂ ਬਾਰੇ ਸੋਚਿਆ ਹੈ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਡਾ. ਬਲਜੀਤ ਕੌਰ, ਹਰਭਜਨ ਸਿੰਘ ਈਟੀਓ ਅਤੇ ਮੋਹਿੰਦਰ ਭਗਤ, ਸੀਨੀਅਰ 'ਆਪ' ਨੇਤਾ ਮਨੀਸ਼ ਸਿਸੋਦੀਆ, ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ, ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂ ਅਤੇ ਹੋਰ ਸ਼ਾਮਲ ਸਨ।

*ਸੂਬੇ ਵਿੱਚ ਲਗਭਗ ਸਾਰੀਆਂ ਮਹਿਲਾਵਾਂ ਦੇ ਸ਼ਕਤੀਕਰਨ ਲਈ 1000-1500 ਰੁਪਏ ਲਈ ਮਹੀਨਾਵਾਰ ਸਹਾਇਤਾ ਦੀ ਸ਼ੁਰੂਆਤ, ਰਜਿਸਟ ?ਰੇਸ਼ਨ ਲਈ 26,000 ਕੇਂਦਰ ਸਥਾਪਤ*

ਬਾਬਾ ਸਾਹਿਬ ਅੰਬੇਡਕਰ ਦੇ ਜਨਮ ਦਿਵਸ 'ਤੇ 14 ਅਪ੍ਰੈਲ, 2026 ਨੂੰ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ, ਪੰਜਾਬ ਸਰਕਾਰ ਦੀ ਇੱਕ ਵੱਡੀ ਮਹਿਲਾ-ਕੇਂਦ੍ਰਿਤ ਭਲਾਈ ਪਹਿਲਕਦਮੀ ਹੈ ਜਿਸਦਾ ਉਦੇਸ਼ ਔਰਤਾਂ ਲਈ ਵਿੱਤੀ ਸੁਤੰਤਰਤਾ ਯਕੀਨੀ ਬਣਾਉਣਾ ਹੈ।

ਲਾਭਪਾਤਰੀਆਂ ਲਈ ਰਜਿਸਟਰੇਸ਼ਨ 15 ਅਪ੍ਰੈਲ ਤੋਂ ਆਦਮਪੁਰ, ਮਲੋਟ, ਸ੍ਰੀ ਅਨੰਦਪੁਰ ਸਾਹਿਬ, ਦਿੜ੍ਹਬਾ, ਸੁਨਾਮ, ਮੋਗਾ, ਕੋਟਕਪੂਰਾ, ਬਟਾਲਾ ਅਤੇ ਪਟਿਆਲਾ ਦਿਹਾਤੀ ਸਮੇਤ ਨੌਂ ਹਲਕਿਆਂ ਵਿੱਚ ਪਾਇਲਟ ਪ੍ਰਾਜੈਕਟ ਵਜੋਂ ਸ਼ੁਰੂ ਹੋਵੇਗੀ, ਜਦੋਂ ਕਿ ਬਾਕੀ 108 ਹਲਕਿਆਂ ਵਿੱਚ ਰਜਿਸਟ ?ਰੇਸ਼ਨ 15 ਮਈ ਤੋਂ ਸ਼ੁਰੂ ਹੋਵੇਗੀ।

ਇਸ ਯੋਜਨਾ ਤਹਿਤ, ਜਨਰਲ ਵਰਗ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਮਿਲਣਗੇ, ਜਦੋਂ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਮਿਲਣਗੇ, ਜਿਸ ਦੀ ਅਦਾਇਗੀ ਜੁਲਾਈ 2026 ਤੋਂ ਸ਼ੁਰੂ ਹੋਣੀ ਹੈ। ਇਸ ਯੋਜਨਾ ਦੀ ਰਜਿਸਟਰੇਸ਼ਨ ਲਈ ਕੋਈ ਸਮਾਂ ਸੀਮਾ ਨਹੀਂ ਹੈ ਅਤੇ ਸਾਰੀਆਂ ਯੋਗ ਔਰਤਾਂ ਨੂੰ ਜੁਲਾਈ ਤੋਂ ਬਾਅਦ ਪੂਰੀ ਅਦਾਇਗੀ ਕੀਤੀ ਜਾਵੇਗੀ, ਭਾਵੇਂ ਉਨ੍ਹਾਂ ਨੇ ਰਜਿਸਟਰੇਸ਼ਨ ਦੇਰੀ ਨਾਲ ਹੀ ਕਰਵਾਈ ਹੋਵੇ।

**ਰਜਿਸਟ੍ਰੇਸ਼ਨ ਲਈ ਸਿਰਫ਼ ਤਿੰਨ ਮੁੱਢਲੇ ਦਸਤਾਵੇਜ਼ਾਂ ਦੀ ਲੋੜ**

ਪੰਜਾਬ ਦੇ ਪਤੇ ਵਾਲਾ ਆਧਾਰ ਕਾਰਡ, ਪੰਜਾਬ ਵੋਟਰ ਆਈਡੀ ਅਤੇ ਬੈਂਕ ਪਾਸਬੁੱਕ। ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ ਇੱਕ ਅਨੁਸੂਚਿਤ ਜਾਤੀ ਸਰਟੀਫਿਕੇਟ ਜਮ੍ਹਾਂ ਕਰਨ ਦੀ ਵੀ ਲੋੜ ਹੈ; ਹਾਲਾਂਕਿ, ਜਿਨ੍ਹਾਂ ਕੋਲ ਇਸ ਸਮੇਂ ਸਰਟੀਫਿਕੇਟ ਨਹੀਂ ਹੈ, ਉਹ ਅਜੇ ਵੀ ਰਜਿਸਟਰ ਕਰ ਸਕਦੀਆਂ ਹਨ ਅਤੇ ਪ੍ਰਤੀ ਮਹੀਨਾ 1000 ਰੁਪਏ ਪ੍ਰਾਪਤ ਕਰਨਾ ਸ਼ੁਰੂ ਕਰ ਸਕਦੀਆਂ ਹਨ, ਬਾਕੀ 500 ਰੁਪਏ ਸਰਟੀਫਿਕੇਟ ਜਮ੍ਹਾਂ ਹੋਣ ਤੋਂ ਬਾਅਦ ਅਦਾ ਕੀਤੇ ਜਾਣਗੇ। ਵਿਆਪਕ ਕਵਰੇਜ ਅਤੇ ਸੁਖਾਲੀ ਪਹੁੰਚ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਘਰ-ਘਰ ਸਹਾਇਤਾ ਪ੍ਰਦਾਨ ਕਰਨ, ਯੋਜਨਾ ਬਾਰੇ ਮੁਕੰਮਲ ਜਾਣਕਾਰੀ ਦੇਣ ਅਤੇ ਲਾਭਪਾਤਰੀਆਂ ਦੇ ਦਸਤਾਵੇਜ਼ਾਂ ਨੂੰ ਪੂਰਾ ਕਰਨ ਵਿੱਚ ਮਦਦ ਕਰਨ ਵਾਸਤੇ ਹਰ ਪਿੰਡ ਅਤੇ ਵਾਰਡ ਵਿੱਚ ਮਹਿਲਾ ਸਤਿਕਾਰ ਸਖੀਆਂ ਤਾਇਨਾਤ ਕਰੇਗੀ। ਪੰਜਾਬ ਭਰ ਦੇ 26,000 ਤੋਂ ਵੱਧ ਕੇਂਦਰਾਂ 'ਤੇ ਰਜਿਸਟਰੇਸ਼ਨ ਪੂਰੀ ਕੀਤੀ ਜਾ ਸਕੇਗੀ, ਜਿਸ ਵਿੱਚ ਆਂਗਣਵਾੜੀ ਕੇਂਦਰ, ਸੇਵਾ ਕੇਂਦਰ ਅਤੇ ਸ਼ਹਿਰੀ ਖੇਤਰਾਂ ਵਿੱਚ ਨਗਰ ਨਿਗਮ ਦਫ਼ਤਰ ਸ਼ਾਮਲ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਔਰਤਾਂ ਨੂੰ ਯੋਜਨਾ ਦਾ ਲਾਭ ਲੈਣ ਵਿੱਚ ਕੋਈ ਦਿੱਕਤ ਨਾ ਆਵੇ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ।
ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

## 'ਕਾਂਗਰਸ-ਅਕਾਲੀਆਂ ਨੇ ਸਕਾਲਰਸ਼ਿਪ ਦਾ ਪੈਸੇ ਹੜੱਪ ਕੇ...

ਆਦਮਪੁਰ ਵਿੱਚ ਭਾਰਤ ਰਤਨ ਬਾਬਾ ਸਾਹਿਬ ਬੀ.ਆਰ. ਅੰਬੇਡਕਰ ਦੇ ਜਨਮ ਦਿਵਸ ਮੌਕੇ ਕਰਵਾਏ ਸੂਬੇ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਸਰਕਾਰ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸਮਾਜ ਦੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀਆਂ ਮੁਸ਼ਕਲਾਂ ਨੂੰ ਦੂਰ ਕਰਨ ਲਈ ਅਣਥੱਕ ਮਿਹਨਤ ਕਰ ਰਹੀ ਹੈ।"

ਮੁੱਖ ਮੰਤਰੀ ਨੇ ਕਿਹਾ, "ਬਾਬਾ ਸਾਹਿਬ ਇੱਕ ਮਹਾਨ ਵਿਦਵਾਨ, ਕਾਨੂੰਨਦਾਨ, ਅਰਥਸ਼ਾਸਤਰੀ, ਸਮਾਜ ਸੁਧਾਰਕ ਅਤੇ ਇੱਕ ਰਾਜਨੇਤਾ ਸਨ। ਬਾਬਾ ਸਾਹਿਬ ਅੰਬੇਡਕਰ ਪੂਰੇ ਵਿਸ਼ਵ ਇਤਿਹਾਸ ਵਿੱਚ ਸਭ ਤੋਂ ਉੱਘੀਆਂ ਸ਼ਖ਼ਸੀਅਤਾਂ ਵਿੱਚੋਂ ਇੱਕ ਸਨ। ਭਾਵੇਂ ਬਾਬਾ ਸਾਹਿਬ ਅੰਬੇਡਕਰ ਇੱਕ ਨਿਮਰ ਪਰਿਵਾਰ ਤੋਂ ਸਨ ਪਰ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਨੇ ਉਨ੍ਹਾਂ ਨੂੰ ਵਿਸ਼ਵ ਨੇਤਾਵਾਂ ਦੀ ਕਤਾਰ ਵਿੱਚ ਲਿਆਂਦਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਰਤੀ ਸੰਵਿਧਾਨ ਬਾਬਾ ਸਾਹਿਬ ਅੰਬੇਡਕਰ ਦੀ ਸਖ਼ਤ ਮਿਹਨਤ, ਸਮਰਪਣ ਅਤੇ ਦੂਰਅੰਦੇਸ਼ੀ ਦਾ ਨਤੀਜਾ ਸੀ। ਬਾਬਾ ਸਾਹਿਬ ਨਾ ਸਿਰਫ਼ ਕਮਜ਼ੋਰ ਵਰਗਾਂ ਦੇ ਨੇਤਾ ਸਨ, ਸਗੋਂ ਉਹ ਪੂਰੀ ਮਨੁੱਖਤਾ ਦੇ ਨੇਤਾ ਸਨ।"

ਇਕੱਠ ਨੂੰ ਬਾਬਾ ਸਾਹਿਬ ਅੰਬੇਡਕਰ ਵੱਲੋਂ ਦਿਖਾਏ ਗਏ ਮਾਰਗ 'ਤੇ ਚੱਲਣ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਬਾਬਾ ਸਾਹਿਬ ਅੰਬੇਡਕਰ ਨੇ ਹਮੇਸ਼ਾ ਹਰ ਖੇਤਰ ਵਿੱਚ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕੀਤਾ, ਭਾਵੇਂ ਉਹ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਹੋਣ। ਉਨ੍ਹਾਂ ਨੇ ਸਾਰਿਆਂ ਲਈ ਬਰਾਬਰ ਰੁਤਬੇ ਅਤੇ ਸਤਿਕਾਰ ਦੀ ਵਕਾਲਤ ਕੀਤੀ। ਬਾਬਾ ਸਾਹਿਬ ਦੇ ਜੀਵਨ ਅਤੇ ਸਿਧਾਂਤਾਂ ਅਨੁਸਾਰ ਚਲਦਿਆਂ ਸੂਬਾ ਸਰਕਾਰ ਵੱਲੋਂ ਸਿੱਖਿਆ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਲੋਕਾਂ ਦੇ ਜੀਵਨ ਨੂੰ ਬਦਲਣ ਲਈ ਸਿੱਖਿਆ ਖੇਤਰ ਵਿੱਚ ਕ੍ਰਾਂਤੀਕਾਰੀ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।"

ਮੁੱਖ ਮੰਤਰੀ ਨੇ ਕਿਹਾ, "ਕੋਈ ਵੀ ਮੁਫ਼ਤ ਸਹੂਲਤ ਜਾਂ ਰਿਆਇਤ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖਤਮ ਨਹੀਂ ਕਰ ਸਕਦੀ ਪਰ ਸਿੱਖਿਆ ਹੀ ਉਹ ਕੁੰਜੀ ਹੈ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਉਨ੍ਹਾਂ ਨੂੰ ਗਰੀਬੀ ਵਿੱਚੋਂ ਬਾਹਰ ਕੱਢ ਸਕਦੀ ਹੈ। ਪਿਛਲੀਆਂ ਸਰਕਾਰਾਂ ਦੇ ਆਗੂਆਂ ਨੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੀ ਪਿੱਠ ਵਿੱਚ ਛੁਰਾ ਮਾਰਨ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਚਕਨਾਚੂਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੋ ਲੋਕ ਇਸ ਯੋਜਨਾ ਦੀ ਸ਼ੁਰੂਆਤ ਨੂੰ ਲੈ ਕੇ ਪੰਜਾਬ ਸਰਕਾਰ ਦਾ ਮਜ਼ਾਕ ਉਡਾ ਰਹੇ ਹਨ ਜਾਂ ਬੇਬੁਨਿਆਦ ਸਵਾਲ ਉਠਾ ਰਹੇ ਹਨ ਉਹ ਆਮ ਲੋਕਾਂ ਲਈ 1000 ਰੁਪਏ ਦੀ ਕੀਮਤ ਨਹੀਂ ਜਾਣਦੇ। ਇਹ ਲੋਕ ਜੋ ਗੈਰ-ਕਾਨੂੰਨੀ ਢੰਗ ਨਾਲ ਕਮਾਏ ਪੈਸੇ ਨਾਲ ਇਕ ਵਾਰ ਦੇ ਖਾਣੇ 'ਤੇ 5,000 ਰੁਪਏ ਤੋਂ ਵੱਧ ਖਰਚ ਕਰ ਦਿੰਦੇ ਹਨ, ਉਹ ਇਸ ਪੈਸੇ ਦੀ ਕਦਰ ਨਹੀਂ ਜਾਣਦੇ। ਇਹ ਯੋਜਨਾ ਉਨ੍ਹਾਂ ਲੋਕਾਂ ਲਈ ਇੱਕ ਵੱਡੀ ਵਿੱਤੀ ਸਹਾਇਤਾ ਹੈ ਜਿਨ੍ਹਾਂ ਨੂੰ ਤਿਉਹਾਰਾਂ ਵਾਲੇ ਦਿਨ ਵੀ ਸਖ਼ਤ ਮਿਹਨਤ ਕਰਨੀ ਪੈਂਦੀ ਹੈ।" ਉਨ੍ਹਾਂ ਅੱਗੇ ਕਿਹਾ, "ਇਨ੍ਹਾਂ ਅਮੀਰ ਆਗੂਆਂ ਦੀਆਂ ਪਤਨੀਆਂ ਨੂੰ 1000 ਰੁਪਏ ਦੀ ਲੋੜ ਨਹੀਂ ਹੈ ਕਿਉਂਕਿ ਉਹ ਆਪਣੇ ਸ਼ਿੰਗਾਰ ਸਮੱਗਰੀ ਦੀ ਖਰੀਦ 'ਤੇ ਇਸ ਤੋਂ ਕਿਤੇ ਜ਼ਿਆਦਾ ਪੈਸੇ ਖਰਚ ਕਰ ਦਿੰਦੀਆਂ ਹਨ।"

ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਖੇਤਰਾਂ ਵਿੱਚ ਔਰਤਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਦੀ ਵਕਾਲਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬੇਹੱਦ ਜ਼ਰੂਰੀ ਹੈ ਕਿ ਕੁੜੀਆਂ ਅੱਗੇ ਆਉਣ ਅਤੇ ਸਿੱਖਿਆ ਰਾਹੀਂ ਆਪਣੇ ਆਪ ਨੂੰ ਸਸ਼ਕਤ ਬਣਾਉਣ। ਇਹ ਦੇਸ਼ ਲਈ ਬੇਹੱਦ ਜ਼ਰੂਰੀ ਹੈ, ਕਿਉਂਕਿ ਘਰਾਂ ਅਤੇ ਪਰਿਵਾਰਾਂ ਨੂੰ ਕੁਸ਼ਲਤਾ ਨਾਲ ਸੰਭਾਲਣ ਵਾਲੀਆਂ ਔਰਤਾਂ ਨੂੰ ਵੀ ਦੇਸ਼ ਚਲਾਉਣਾ ਚਾਹੀਦਾ ਹੈ। 'ਆਪ' ਸਰਕਾਰ ਇਸ ਨੇਕ ਕਾਰਜ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੜਕੀਆਂ ਨੂੰ ਫੈਸਲੇ ਲੈਣ ਵਿੱਚ ਸਰਗਰਮ ਭਾਈਵਾਲ ਬਣਨ ਅਤੇ ਸਮਾਜ ਵਿੱਚ ਬੇਹੱਦ ਜ਼ਰੂਰੀ ਤਬਦੀਲੀ ਲਿਆਉਣ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਰਾਜਨੀਤੀ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਭਾਵੇਂ ਅੱਜ-ਕੱਲ੍ਹ ਕੁੜੀਆਂ ਹਰ ਖੇਤਰ ਵਿੱਚ ਮੁੰਡਿਆਂ ਨੂੰ ਪਛਾੜ ਚੁੱਕੀਆਂ ਹਨ, ਪਰ ਰਾਜਨੀਤੀ ਖੇਤਰ ਵਿੱਚ ਕੁੜੀਆਂ ਅੱਜ ਵੀ ਪਿੱਛੇ ਹਨ। ਇਸ ਖੇਤਰ ਨੂੰ ਹੁਣ ਤੱਕ ਮਰਦਾਂ ਦੀ ਜਾਗੀਰ ਮੰਨਿਆ ਜਾਂਦਾ ਰਿਹਾ ਹੈ ਪਰ ਹੁਣ ਸਮਾਂ ਆ ਗਿਆ ਹੈ ਜਦੋਂ ਔਰਤਾਂ ਨੂੰ ਇਸ ਖੇਤਰ ਵਿੱਚ ਵੀ ਸਫਲਤਾ ਪ੍ਰਾਪਤ ਕਰਨੀ ਚਾਹੀਦੀ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਖੇਤਰ ਵਿੱਚ ਔਰਤਾਂ ਦੀ ਭਾਗੀਦਾਰੀ ਇੱਕ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਲਈ ਅਤੇ ਸਮਾਜ ਤੇ ਸੂਬੇ ਦੇ ਵਡੇਰੇ ਹਿੱਤ ਵਿੱਚ ਬਹੁਤ ਅਹਿਮ ਹੈ। ਇਹ ਜ਼ਮੀਨੀ ਪੱਧਰ 'ਤੇ ਲੋਕਤੰਤਰ ਦੇ ਸਿਧਾਂਤਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਇਸ ਖੇਤਰ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਵਿੱਚ ਮਦਦ ਕਰੇਗਾ। ਔਰਤਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਹ ਅਤੇ ਉਨ੍ਹਾਂ ਦਾ ਪਰਿਵਾਰ ਆਪਣੇ ਵੋਟ ਦੇ ਅਧਿਕਾਰ ਦੀ ਸਾਵਧਾਨੀ ਨਾਲ ਵਰਤੋਂ ਕਰਨ ਤਾਂ ਜੋ ਉਨ੍ਹਾਂ ਦੀ ਵੋਟ ਸਹੀ ਆਗੂਆਂ ਨੂੰ ਵਿਧਾਨ ਸਭਾ ਅਤੇ ਸੰਸਦ ਵਿੱਚ ਭੇਜ ਸਕੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਸਟੇਜ ਤੋਂ ਸਿੱਖਿਆ, ਸਿਹਤ, ਬਿਜਲੀ, ਖੇਤੀਬਾੜੀ ਅਤੇ ਹੋਰ ਖੇਤਰਾਂ 'ਤੇ ਗੱਲਬਾਤ ਹੋ ਰਹੀ ਹੈ ਜਦੋਂ ਕਿ ਦੂਜੀਆਂ ਪਾਰਟੀਆਂ ਦੇ ਸਟੇਜਾਂ 'ਤੇ ਸੱਤਾ ਹਥਿਆਉਣ ਦੇ ਦਾਅਵੇ ਕੀਤੇ ਜਾ ਰਹੇ ਹਨ। ਇਹ ਮੌਕਾਪ੍ਰਸਤ ਆਗੂ ਹੈਰਾਨ ਹਨ ਕਿਉਂਕਿ ਲੋਕ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦਾ ਸਮਰਥਨ ਨਹੀਂ ਦੇ ਰਹੇ ਹਨ।

# ਪਹਿਲੇ ਸਫ਼ੇ ਦੀ ਬਾਕੀ

ਉਨ੍ਹਾਂ ਦਾ ਏਜੰਡਾ ਲੋਕਾਂ ਦੀ ਬਜਾਏ ਆਪਣੇ ਪਰਿਵਾਰਾਂ ਦੀ ਭਲਾਈ ਤੱਕ ਸੀਮਤ ਹੈ। ਇਨ੍ਹਾਂ ਲੋਕਾਂ ਨੇ ਲੰਬੇ ਸਮੇਂ ਤੱਕ ਰਾਜ ਕੀਤਾ ਸੀ ਪਰ ਆਪਣੀ ਅਯੋਗਤਾ ਅਤੇ ਕੁਸ਼ਾਸਨ ਕਾਰਨ ਲੋਕਾਂ ਨੇ 'ਆਪ' ਨੂੰ ਚੁਣਿਆ, ਜੋ ਉਨ੍ਹਾਂ ਲਈ ਅਣਥੱਕ ਮਿਹਨਤ ਕਰ ਰਹੀ ਹੈ।"

ਉਨ੍ਹਾਂ ਕਿਹਾ, "ਇਹ ਉਹ ਗੱਦਾਰ ਸਨ ਜੋ ਕਦੇ ਵੀ ਸੂਬੇ ਅਤੇ ਇਸ ਦੇ ਲੋਕਾਂ ਪ੍ਰਤੀ ਵਫ਼ਾਦਾਰ ਨਹੀਂ ਰਹੇ। ਅਸਲੀਅਤ ਇਹ ਹੈ ਕਿ ਰਵਾਇਤੀ ਪਾਰਟੀਆਂ ਸਾਡੇ ਈਰਖਾ ਕਰਦੀਆਂ ਹਨ, ਕਿਉਂਕਿ 'ਆਪ' ਨੇ ਆਮ ਆਦਮੀ ਦੀ ਭਲਾਈ ਦਾ ਏਜੰਡਾ ਤੈਅ ਕੀਤਾ ਹੈ।"

ਉਨ੍ਹਾਂ ਅੱਗੇ ਕਿਹਾ, "ਕਾਂਗਰਸ ਲੀਡਰਸ਼ਿਪ ਫੁੱਟ ਦਾ ਸ਼ਿਕਾਰ ਹੈ ਅਤੇ ਇਨ੍ਹਾਂ ਦੀਆਂ ਰੈਲੀਆਂ ਵਿੱਚ ਵਰਕਰਾਂ ਦੀ ਬਜਾਏ ਜ਼ਿਆਦਾ ਆਗੂ ਸਟੇਜ 'ਤੇ ਮੌਜੂਦ ਹੁੰਦੇ ਹਨ। ਇਨ੍ਹਾਂ ਕਾਂਗਰਸੀ ਆਗੂਆਂ ਕੋਲ ਸੂਬੇ ਲਈ ਕੋਈ ਦ੍ਰਿਸ਼ਟੀਕੋਣ ਨਹੀਂ ਹੈ। ਉਨ੍ਹਾਂ ਦਾ ਇੱਕੋ-ਇੱਕ ਉਦੇਸ਼ ਸੱਤਾ ਸੰਭਾਲ ਕੇ ਪੰਜਾਬ ਦੀ ਦੌਲਤ ਨੂੰ ਲੁੱਟਣਾ ਹੈ ਪਰ ਉਨ੍ਹਾਂ ਦੇ ਸੁਪਨੇ ਕਦੇ ਵੀ ਪੂਰੇ ਨਹੀਂ ਹੋਣਗੇ।"

ਮੁੱਖ ਮੰਤਰੀ ਨੇ ਕਿਹਾ, "ਇਨ੍ਹਾਂ ਲੋਕਾਂ ਨੇ ਆਮ ਆਦਮੀ ਦੀ ਦੌਲਤ ਅਤੇ ਸਰੋਤਾਂ ਨੂੰ ਬੇਰਹਿਮੀ ਨਾਲ ਲੁੱਟਿਆ ਹੈ ਜਿਸ ਲਈ ਉਨ੍ਹਾਂ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾਵੇਗਾ। ਇਨ੍ਹਾਂ ਲੋਕਾਂ ਨੇ ਪੰਜਾਬ ਅਤੇ ਪੰਜਾਬੀਆਂ ਨੂੰ ਖ਼ਤਮ ਕਰਨ ਲਈ ਹਮੇਸ਼ਾ ਪੰਜਾਬ ਵਿਰੋਧੀ ਤਾਕਤਾਂ ਦਾ ਸਾਥ ਦਿੱਤਾ ਹੈ ਭਾਵੇਂ ਉਹ 1919 ਦੀ ਵਿਸਾਖੀ ਦੀਆਂ ਗੋਲੀਆਂ ਹੋਣ ਜਾਂ ਨਸ਼ਾ, ਜਿਸ ਨੂੰ ਉਨ੍ਹਾਂ ਨੇ ਆਪਣੇ ਲੰਬੇ ਕੁਸ਼ਾਸਨ ਦੌਰਾਨ ਸਰਪ੍ਰਸਤੀ ਦਿੱਤੀ। 'ਆਪ' ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਸਖ਼ਤ ਯਤਨ ਕਰ ਰਹੀ ਹੈ। ਸਾਡੀ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਸਮਝਦਾਰੀ ਨਾਲ ਵਰਤੋਂ ਕਰ ਰਹੀ ਹੈ।"

ਵਿਸਾਖੀ ਦੀਆਂ ਵਧਾਈਆਂ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪਵਿੱਤਰ ਤਿਉਹਾਰ ਲੋਕਾਂ ਨੂੰ ਸਦੀਆਂ ਪੁਰਾਣੀ ਅਮੀਰ ਅਤੇ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਦੀ ਯਾਦ ਦਿਵਾਉਂਦਾ ਹੈ।" ਉਨ੍ਹਾਂ ਅੱਗੇ ਕਿਹਾ, "1699 ਵਿੱਚ ਇਸ ਪਾਵਨ ਦਿਹਾੜੇ 'ਤੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਵੱਖ-ਵੱਖ ਜਾਤਾਂ ਨਾਲ ਸਬੰਧਤ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਪਵਿੱਤਰ ਸ਼ਹਿਰ ਸ੍ਰੀ ਆਨੰਦਪੁਰ ਸਾਹਿਬ ਵਿਖੇ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਸੀ, ਜਿਸ ਨਾਲ ਇੱਕ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਹੋਈ ਅਤੇ ਵਿਸ਼ਵਵਿਆਪੀ ਭਾਈਚਾਰੇ ਅਤੇ ਸਦਭਾਵਨਾ ਤੋਂ ਇਲਾਵਾ ਮਨੁੱਖਤਾ ਲਈ ਪਿਆਰ ਅਤੇ ਦਇਆ ਦਾ ਪ੍ਰਚਾਰ ਕੀਤਾ ਗਿਆ।"

ਉਨ੍ਹਾਂ ਅੱਗੇ ਕਿਹਾ, "ਇਹ ਤਿਉਹਾਰ ਵਾਢੀ ਦੇ ਮੌਸਮ ਦੀ ਸ਼ੁਰੂਆਤ ਅਤੇ ਹਾੜ੍ਹੀ ਦੀਆਂ ਫ਼ਸਲਾਂ ਦੇ ਪੱਕਣ ਨੂੰ ਵੀ ਦਰਸਾਉਂਦਾ ਹੈ।" ਉਨ੍ਹਾਂ ਅੱਗੇ ਕਿਹਾ, "ਲੋਕਾਂ ਨੂੰ ਸਾਡੇ ਦੇਸ਼ ਦੇ ਧਰਮ ਨਿਰਪੱਖ ਸਮਾਜਿਕ ਤਾਣੇ-ਬਾਣੇ ਨੂੰ ਮਜ਼ਬੂਤ ਕਰਨ ਲਈ ਇਸ ਤਿਉਹਾਰ ਨੂੰ ਰਵਾਇਤੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਉਣਾ ਚਾਹੀਦਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਦਿਨ ਹਰ ਪੰਜਾਬੀ ਲਈ ਬਹੁਤ ਮਹੱਤਵਪੂਰਨ ਹੈ ਕਿਉਂਕਿ ਉਹ ਆਪਣੇ ਜੀਵਨ ਦੇ ਹਰ ਫੈਸਲੇ ਲਈ ਦਸਮੇਸ਼ ਪਿਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਪ੍ਰੇਰਨਾ ਲੈਂਦੇ ਹਨ। ਹਾਲਾਂਕਿ ਅਕਾਲੀਆਂ ਨੇ ਆਪਣੇ ਕਾਰਜਕਾਲ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਘਿਨਾਉਣੇ ਅਪਰਾਧ ਰਾਹੀਂ ਹਰੇਕ ਪੰਜਾਬੀ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ। ਕਾਂਗਰਸ ਅਤੇ ਅਕਾਲੀਆਂ ਦੀ ਬਦਨੀਤੀ ਕਾਰਨ ਇਸ ਨਾ-ਮੁਆਫ਼ੀਯੋਗ ਅਪਰਾਧ ਦੇ ਦੋਸ਼ੀ ਸਜ਼ਾ ਤੋਂ ਬਚ ਗਏ। ਹੁਣ ਸਾਡੀ ਸਰਕਾਰ ਨੇ ਇਤਿਹਾਸਕ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧਨਾ) ਬਿੱਲ, 2026 ਪਾਸ ਕਰ ਦਿੱਤਾ ਹੈ ਜਿਸ ਨਾਲ ਬੇਅਦਬੀ ਲਈ ਸਖ਼ਤ ਸਜ਼ਾ ਦੀ ਵਿਵਸਥਾ ਕੀਤੀ ਗਈ ਹੈ।"

ਉਨ੍ਹਾਂ ਕਿਹਾ, "ਮਜੀਠੀਆ ਪਰਿਵਾਰ, ਜਿਸ ਨੇ 13 ਅਪ੍ਰੈਲ, 1919 ਨੂੰ ਜੱਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਨੂੰ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ ਦਾ ਪ੍ਰਬੰਧ ਕਰਕੇ ਸਨਮਾਨਿਤ ਕੀਤਾ ਸੀ, ਦੇ ਇਕਲੌਤੇ ਪ੍ਰਤੀਨਿਧੀ ਨੇ ਇਸ ਮਹੱਤਵਪੂਰਨ ਦਿਨ ਘਰ ਤੋਂ ਦੂਰ ਰਹਿਣਾ ਪਸੰਦ ਕੀਤਾ। ਉਹ ਘਰ ਤੋਂ ਦੂਰ ਰਹੇ, ਕਿਉਂਕਿ ਉਹ ਇਸ ਤੱਥ ਤੋਂ ਚੰਗੀ ਤਰ੍ਹਾਂ ਜਾਣੂ ਸਨ ਕਿ ਉਨ੍ਹਾਂ ਦਾ ਪਰਦਾਫ਼ਾਸ਼ ਹੋਣਾ ਲਾਜ਼ਮੀ ਹੈ। ਇਨ੍ਹਾਂ ਆਗੂਆਂ ਦੇ ਹੱਥ ਮਾਸੂਮ ਲੋਕਾਂ ਦੇ ਖ਼ੂਨ ਦੇ ਨਾਲ-ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨਾਲ ਵੀ ਰੰਗੇ ਹੋਏ ਹਨ, ਜਿਸ ਲਈ ਇਨ੍ਹਾਂ ਨੂੰ ਕਦੇ ਮਾਫ਼ ਨਹੀਂ ਕੀਤਾ ਜਾ ਸਕਦਾ।"

ਇਕੱਠ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਪ ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਅੱਜ ਸ਼ੁਰੂ ਹੋ ਗਈ ਹੈ। ਜੇਕਰ ਬਾਬਾ ਸਾਹਿਬ ਨੇ ਸੰਵਿਧਾਨ ਨਾ ਬਣਾਇਆ ਹੁੰਦਾ ਤਾਂ ਅਜਿਹੇ ਸਮਾਗਮ ਨਾ ਹੁੰਦੇ। ਦਿੱਲੀ ਵਿੱਚ ਅਸੀਂ ਬਾਬਾ ਸਾਹਿਬ ਅੰਬੇਡਕਰ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀਆਂ ਤਸਵੀਰਾਂ ਆਪਣੀ ਸਰਕਾਰ ਦੇ ਕਾਰਜਕਾਲ ਦੌਰਾਨ ਲਗਾਈਆਂ ਸਨ ਪਰ ਭਾਜਪਾ ਦੇ ਸੱਤਾ ਵਿੱਚ ਆਉਂਦੇ ਹੀ ਇਨ੍ਹਾਂ ਨੂੰ ਹਟਾ ਦਿੱਤਾ ਗਿਆ, ਕਿਉਂਕਿ ਭਾਜਪਾ ਇਨ੍ਹਾਂ ਆਗੂਆਂ ਨੂੰ ਨਫ਼ਰਤ ਕਰਦੀ ਹੈ।"

ਉਨ੍ਹਾਂ ਅੱਗੇ ਕਿਹਾ, "ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਬਾਬਾ ਸਾਹਿਬ ਦੀ ਪਿੱਠ ਵਿੱਚ ਛੁਰਾ ਮਾਰਨ ਲਈ ਵਸਨੀਕਾਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝੇ ਕਰਨ ਲਈ ਸਖ਼ਤ ਯਤਨ ਕਰ ਰਹੀ ਹੈ। ਪੰਜਾਬ ਕੋਲ ਹਰਪਾਲ ਚੀਮਾ ਦੇ ਰੂਪ ਵਿੱਚ ਪਹਿਲਾ ਅਨੁਸੂਚਿਤ ਜਾਤੀ ਵਿੱਤ ਮੰਤਰੀ ਹੈ, ਕਿਉਂਕਿ ਸਿੱਖਿਆ ਅਤੇ ਵਿੱਤੀ ਸਸ਼ਕਤੀਕਰਨ ਦੇ ਦੋਹਰੇ ਥੰਮ੍ਹ ਬਾਬਾ ਸਾਹਿਬ ਦੀ ਵਿਚਾਰਧਾਰਾ ਦਾ ਆਧਾਰ ਸਨ। 'ਆਪ' ਸਰਕਾਰ ਬਾਬਾ ਸਾਹਿਬ ਅੰਬੇਡਕਰ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀਆਂ ਇੱਛਾਵਾਂ ਨੂੰ ਸਾਕਾਰ ਕਰਨ ਲਈ ਸਖ਼ਤ ਯਤਨ ਕਰ ਰਹੀ ਹੈ।"

ਇਸ ਮੌਕੇ ਹਾਜ਼ਰ ਪ੍ਰਮੁੱਖ ਪਤਵੰਤਿਆਂ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਡਾ. ਬਲਜੀਤ ਕੌਰ, ਹਰਭਜਨ ਸਿੰਘ ਈਟੀਓ ਅਤੇ ਮੋਹਿੰਦਰ ਭਗਤ, ਸੀਨੀਅਰ 'ਆਪ' ਆਗੂ ਮਨੀਸ਼ ਸਿਸੋਦੀਆ, ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ, ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂ ਅਤੇ ਹੋਰ ਸ਼ਾਮਲ ਸਨ।

## ਦੋਵੇਂ ਆਗੂਆਂ ਵੱਲੋਂ ਮੱਧ ਪੂਰਬ ਦੇ ਹਾਲਾਤ 'ਤੇ ਚਰਚਾ

ਇਸ ਦੌਰਾਨ ਟਰੰਪ ਨੂੰ ਖੇਤਰੀ ਸਥਿਰਤਾ ਬਣਾਈ ਰੱਖਣ ਲਈ ਭਾਰਤ ਵੱਲੋਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ ਗਿਆ। ਇਸ ਗੱਲਬਾਤ ਦੌਰਾਨ ਤਹਿਰਾਨ ਦੀਆਂ ਗਤੀਵਿਧੀਆਂ ਅਤੇ ਖੇਤਰ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਰਣਨੀਤੀਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ ਲੈਬਨਾਨ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਸਥਿਰਤਾ ਨੂੰ ਲੈ ਕੇ ਵੀ ਗੰਭੀਰ ਚਰਚਾ ਹੋਈ। ਦੋਵਾਂ ਨੇਤਾਵਾਂ ਨੇ ਅੰਤਰਰਾਸ਼ਟਰੀ ਨਿਯਮਾਂ ਦੀ ਪਾਲਣਾ ਕਰਨ ਅਤੇ ਸਮੁੰਦਰੀ ਰਸਤਿਆਂ ਦੀ ਸੁਰੱਖਿਆ ਲਈ ਸਥਾਨਕ ਪੁਲੀਸ ਅਤੇ ਸੁਰੱਖਿਆ ਬਲਾਂ ਦੀ ਭੂਮਿਕਾ 'ਤੇ ਵੀ ਗੱਲ ਕੀਤੀ। ਇਸ ਦੌਰਾਨ ਭਾਰਤ ਅਤੇ ਅਮਰੀਕਾ ਵਿਚਾਲੇ ਆਪਸੀ ਸਾਂਝ ਅਤੇ ਰਣਨੀਤਕ ਰਿਸ਼ਤਿਆਂ ਬਾਰੇ ਵੀ ਗੱਲਬਾਤ ਕੀਤੀ ਗਈ। ਦੋਵਾਂ ਦੇਸ਼ਾਂ ਦੇ ਆਗੂਆਂ ਨੇ ਵਪਾਰ, ਸੁਰੱਖਿਆ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਮਿਲ ਕੇ ਕੰਮ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਇਸ ਗੱਲਬਾਤ ਨੂੰ ਆਉਣ ਵਾਲੇ ਸਮੇਂ ਵਿੱਚ ਦੋਵਾਂ ਦੇਸ਼ਾਂ ਦੇ ਮਜ਼ਬੂਤ ਸਬੰਧਾਂ ਲਈ ਬਹੁਤ ਅਹਿਮ ਮੰਨਿਆ ਜਾ ਰਿਹਾ ਹੈ।

## ਖ਼ਾਲਸਾ ਸਾਜਨਾ ਦਿਵਸ 'ਤੇ ਵਿਸਾਖੀ ਦੀਆਂ ਅਮਿਤ ਸ਼ਾਹ ਵੱਲੋਂ ਵਧਾਈਆਂ

ਅਤੇ ਧਰਮ ਦੇ ਮਾਰਗ 'ਤੇ ਚੱਲਣ ਦਾ ਸਾਹਸ ਦਿੰਦੀ ਹੈ। ਸ਼੍ਰੀ ਅਮਿਤ ਸ਼ਾਹ ਨੇ ਕਿਹਾ ਕਿ ਵਿਸਾਖੀ ਉਨ੍ਹਾਂ ਮਿਹਨਤੀ ਕਿਸਾਨਾਂ ਦੀਆਂ ਖ਼ੁਸ਼ੀਆਂ ਦਾ ਵੀ ਉਤਸਵ ਹੈ, ਜਿਨ੍ਹਾਂ ਦੀ ਲਗਨ ਨਾਲ ਖੇਤ ਲਹਿਲਹਾਉਂਦੇ ਹਨ ਅਤੇ ਪੂਰੇ ਦੇਸ਼ ਵਿੱਚ ਖ਼ੁਸ਼ਹਾਲੀ ਆਉਂਦੀ ਹੈ। ਉਨ੍ਹਾਂ ਨੇ ਇਸ ਪਵਿੱਤਰ ਮੌਕੇ 'ਤੇ ਖ਼ਾਲਸਾ ਪੰਥ ਨੂੰ ਕੋਟਿ-ਕੋਟਿ ਵਧਾਈਆਂ ਦਿੱਤੀਆਂ ਅਤੇ ਦੇਸ਼ ਦੇ ਅੰਨਦਾਤਿਆਂ (ਕਿਸਾਨਾਂ) ਦੀ ਮਿਹਨਤ ਨੂੰ ਸਜਦਾ ਕੀਤਾ।

## ਸਪੀਕਰ ਸੰਧਵਾਂ ਨੇ ਸਮਾਣਾ ਮੋਰਚੇ ਦੀ ਸੰਗਤ ਨੂੰ ਸੌਂਪੀ...

ਸਪੀਕਰ ਸੰਧਵਾਂ ਨੇ ਇਸ ਬਿੱਲ ਦਾ ਸਿਹਰਾ ਸੰਗਤ ਨੂੰ ਦਿੰਦਿਆਂ ਸਮੁੱਚੀ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਵਚਨ ਕੀਤਾ ਸੀ, ਉਹ ਇਹ ਇਤਿਹਾਸਕ ਬਿੱਲ ਪਾਸ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੂਰਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹੁਣ ਇਸ ਨੂੰ ਕਾਨੂੰਨੀ ਰੂਪ ਦਿਵਾਉਣ ਲਈ ਰਾਜਪਾਲ ਤੋਂ ਮਨਜ਼ੂਰੀ ਮਿਲਣ ਤੱਕ ਅਸੀਂ ਟਿਕ ਕੇ ਨਹੀਂ ਬੈਠਾਂਗੇ। ਉਨ੍ਹਾਂ ਕਿਹਾ ਕਿ ਸਾਨੂੰ ਇਹ ਉਮੀਦ ਨਹੀਂ ਹੈ ਕਿ ਗਵਰਨਰ ਇਸ ਨੂੰ ਪਾਸ ਨਹੀਂ ਕਰਨਗੇ, ਕਿਉਂਕਿ ਇਹ ਰਾਜ ਦਾ ਬਿੱਲ ਹੈ ਅਤੇ ਸਰਕਾਰ ਵੱਲੋਂ ਇਸ ਕਾਨੂੰਨ 'ਚ ਹੁਣ ਕੋਈ ਗਲਤੀ ਨਹੀਂ ਛੱਡੀ ਗਈ ਅਤੇ ਇਹ ਸੰਗਤ ਦੀ ਉਮੀਦ ਤੋਂ ਵੀ ਜ਼ਿਆਦਾ ਸਖ਼ਤ ਕਾਨੂੰਨ ਹੈ। ਕੁਲਤਾਰ ਸਿੰਘ ਸੰਧਵਾਂ ਨੇ ਮੋਰਚੇ ਦੀ ਸੰਗਤ ਵੱਲੋਂ ਉਠਾਏ ਸ਼ੰਕਿਆਂ ਤੇ ਸਵਾਲਾਂ ਦੇ ਪੁਖ਼ਤਾ ਜਵਾਬ ਦਿੰਦਿਆਂ ਭਰੋਸਾ ਦਿੱਤਾ ਕਿ ਜਿਸ ਤਰ੍ਹਾਂ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਰੋਧੀ ਧਿਰ ਨੂੰ ਕਿਹਾ ਸੀ ਕਿ ਉਹ ਗਵਰਨਰ ਤੋਂ ਇਸ ਬਿੱਲ ਨੂੰ ਪਾਸ ਕਰਵਾਉਣ ਲਈ ਸਭ ਨਾਲ ਰਲਕੇ ਜਾਣ ਨੂੰ ਤਿਆਰ ਹਨ, ਇਸੇ ਤਹਿਤ ਸਰਕਾਰੀ ਪੱਧਰ ਉੱਤੇ ਕੋਈ ਦੇਰੀ ਨਹੀਂ ਹੋਵੇਗੀ। ਸਪੀਕਰ ਸੰਧਵਾਂ ਨੇ ਸਮੁੱਚੀ ਸੰਗਤ ਨੂੰ ਖ਼ਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੀ ਵਧਾਈ ਦਿੰਦਿਆਂ ਕਿਹਾ ਕਿ ਉਹ ਇਸ ਬਿੱਲ ਦੇ ਪਾਸ ਹੋਣ ਲਈ ਗੁਰੂ ਦਾ ਸ਼ੁਕਰਾਨਾ ਕਰਨ ਲਈ ਸਮਾਣਾ ਵਿਖੇ ਸੰਗਤ ਕੋਲ ਆਏ ਹਨ, ਕਿਉਂਕਿ ਸੰਗਤ ਵੱਲੋਂ ਮਿਲੇ ਸਹਿਯੋਗ ਤੇ ਅਸ਼ੀਰਵਾਦ ਸਦਕਾ ਹੀ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਬਿੱਲ ਨੂੰ ਪਾਸ ਕਰਵਾਉਣ ਦੇ ਯੋਗ ਹੋਈ ਹੈ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਟਾਵਰ ਉਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਦੀ ਲੰਮੀ ਉਮਰ ਤੇ ਤੰਦਰੁਸਤੀ ਦੀ ਅਰਦਾਸ ਕੀਤੀ ਤੇ ਕਿਹਾ ਕਿ ਉਸ ਦੀ ਤਰ੍ਹਾਂ ਸਾਨੂੰ ਸਭ ਨੂੰ ਆਪਣੇ ਗੁਰੂ ਨੂੰ ਪਿਆਰ ਕਰਨਾ ਆ ਜਾਵੇ। ਸਪੀਕਰ ਨੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵੱਲੋਂ ਲਿਆਂਦੇ ਗਏ ਅਜਿਹੇ ਕਾਨੂੰਨਾਂ ਵਿੱਚ ਰਾਜਨੀਤਕ ਗਲਤੀਆਂ ਰਹੀਆਂ ਹਨ, ਪ੍ਰੰਤੂ ਜਿਹੜਾ ਬੇਅਦਬੀ ਰੋਕੂ ਕਾਨੂੰਨ ਹੁਣ ਬਣ ਰਿਹਾ ਹੈ ਇਸ ਵਿੱਚ ਕੋਈ ਗਲਤੀ ਨਹੀਂ ਛੱਡੀ ਗਈ। ਉਨ੍ਹਾਂ ਕਿਹਾ ਕਿ ਭਾਵੇਂ ਪਹਿਲਾਂ ਵੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਕਾਨੂੰਨ ਸਨ ਪਰ ਹੁਣ ਸਭ ਦੀ ਸੋਚ ਤੋਂ ਵੀ ਵੱਧ ਸਖ਼ਤ ਕਾਨੂੰਨ ਬਣ ਰਿਹਾ ਹੈ, ਇਸ ਲਈ ਇਸ ਕੰਮ ਨੂੰ ਰਾਜਨੀਤਕ ਕੌਮੇ-ਬਿੰਦੀਆਂ 'ਚ ਨਾ ਪਾਇਆ ਜਾਵੇ। ਕਾਨੂੰਨ ਬਾਰੇ ਬੋਲਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇਹ ਐਕਟ ਇਹ ਯਕੀਨੀ ਬਣਾਏਗਾ ਕਿ ਜੋ ਵੀ ਬੇਅਦਬੀ ਦੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਹੈ, ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ ਅਤੇ ਉਨ੍ਹਾਂ ਦੀਆਂ ਆਉਣ ਵਾਲੀਆਂ ਪੁਸ਼ਤਾਂ ਵੀ ਆਪਣੇ ਪਰਿਵਾਰਕ ਮੈਂਬਰਾਂ ਨੂੰ ਦਿੱਤੀ ਗਈ ਸਜ਼ਾ ਨੂੰ ਯਾਦ ਰੱਖਣਗੀਆਂ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਇਸ ਲਈ ਬਣਾਉਣਾ ਜ਼ਰੂਰੀ ਸੀ ਤਾਂ ਜੋ ਫਿਰਕੂ ਸਦਭਾਵਨਾ ਅਤੇ ਰਾਸ਼ਟਰੀ ਏਕਤਾ ਦੀਆਂ ਤੰਦਾਂ ਨੂੰ ਮਜ਼ਬੂਤ ਕੀਤਾ ਜਾ ਸਕੇ ਅਤੇ ਬੇਅਦਬੀ ਦੀਆਂ ਨਾਪਾਕ ਕੋਸ਼ਿਸ਼ਾਂ ਲਈ ਉਮਰ ਕੈਦ ਸਮੇਤ ਸਖ਼ਤ ਸਜ਼ਾਵਾਂ ਦਿੱਤੀਆਂ ਜਾ ਸਕਣ। ਇਸ ਦੌਰਾਨ ਮੰਚ ਤੋਂ ਮੋਰਚੇ ਦੇ ਆਗੂਆਂ ਨੇ ਸੰਗਤ ਤੇ ਭਾਈ ਗੁਰਜੀਤ ਸਿੰਘ ਦੇ ਪਰਿਵਾਰ ਵੱਲੋਂ ਪੰਜਾਬ ਸਰਕਾਰ ਤੇ ਸਪੀਕਰ ਸੰਧਵਾਂ ਦਾ ਧੰਨਵਾਦ ਕੀਤਾ। ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ 13 ਅਪ੍ਰੈਲ ਦਾ ਦਿਨ ਖਾਸ ਹੈ ਅਤੇ ਇਸ ਬਿੱਲ ਨੂੰ ਪਾਸ ਕਰਵਾਉਣ ਲਈ ਸਮਾਣਾ ਟਾਵਰ ਮੋਰਚੇ ਦੀ ਭੂਮਿਕਾ ਅਹਿਮ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਉਨ੍ਹਾਂ ਸਮੇਤ ਪ੍ਰਸ਼ਾਸਨ ਵੱਲੋਂ ਜਾਣੇ ਅਣਜਾਣੇ 'ਚ ਹੋਈਆਂ ਗਲਤੀਆਂ ਦੀ ਉਹ ਮੁਆਫ਼ੀ ਮੰਗਦੇ ਹਨ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਐਸ ਪੀ ਗੁਰਬੰਸ ਸਿੰਘ ਬੈਂਸ, ਐਸ ਡੀ ਐਮ ਰਿਚਾ ਗੋਇਲ, ਡੀਐਸਪੀ ਫ਼ਤਿਹ ਸਿੰਘ ਬਰਾੜ, ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਅਤੇ ਵੱਡੀ ਗਿਣਤੀ ਸੰਗਤ ਮੌਜੂਦ ਸੀ।

## ਪੰਜਾਬ 'ਚ 17 ਤੇ 18 ਅਪ੍ਰੈਲ ਨੂੰ ਚੱਲਣਗੀਆਂ ਤੇਜ਼ ਹਵਾਵਾਂ

4 ਤੋਂ 5 ਡਿਗਰੀ ਸੈਲਸੀਅਸ ਤੱਕ ਵਧ ਸਕਦਾ ਹੈ। ਇਸ ਦੌਰਾਨ ਅੱਜ ਮੰਗਲਵਾਰ ਵਾਲੇ ਦਿਨ ਚੰਡੀਗੜ੍ਹ ਦਾ ਵੱਧ ਤੋਂ ਵੱਧ ਤਾਪਮਾਨ 35.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਜੋ ਕਿ ਆਮ ਨਾਲੋਂ ਜ਼ਿਆਦਾ ਹੈ। ਪੰਜਾਬ ਵਿੱਚ ਪਟਿਆਲਾ ਸਭ ਤੋਂ ਗਰਮ ਰਿਹਾ ਜਿੱਥੇ ਤਾਪਮਾਨ 37.2 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਹੈਰਾਨੀ ਦੀ ਗੱਲ ਇਹ ਹੈ ਕਿ ਮੁਹਾਲੀ ਵਿੱਚ ਰਾਤ ਦਾ ਤਾਪਮਾਨ 19.8 ਡਿਗਰੀ ਸੈਲਸੀਅਸ ਰਿਹਾ ਜੋ ਪੂਰੇ ਸੂਬੇ ਵਿੱਚ ਸਭ ਤੋਂ ਗਰਮ ਰਾਤ ਸੀ। ਹਰਿਆਣਾ ਵਿੱਚ ਫਰੀਦਾਬਾਦ ਦਾ ਬੋਪਾਨੀ ਇਲਾਕਾ 39.4 ਡਿਗਰੀ ਸੈਲਸੀਅਸ ਦੇ ਨਾਲ ਸਭ ਤੋਂ ਗਰਮ ਰਿਹਾ। ਟਰਾਈਸਿਟੀ (ਚੰਡੀਗੜ੍ਹ, ਮੁਹਾਲੀ ਅਤੇ ਪੰਚਕੂਲਾ) ਵਿੱਚ ਬੁੱਧਵਾਰ ਨੂੰ ਅਸਮਾਨ ਸਾਫ਼ ਰਹੇਗਾ ਅਤੇ ਤਾਪਮਾਨ 36 ਡਿਗਰੀ ਸੈਲਸੀਅਸ ਰਹਿਣ ਦੀ ਉਮੀਦ ਹੈ। ਵੀਰਵਾਰ ਅਤੇ ਸ਼ੁੱਕਰਵਾਰ ਨੂੰ ਬੱਦਲਵਾਈ ਹੋ ਸਕਦੀ ਹੈ। ਐਤਵਾਰ ਤੱਕ ਤਾਪਮਾਨ 38 ਡਿਗਰੀ ਸੈਲਸੀਅਸ ਤੱਕ ਪਹੁੰਚਣ ਦਾ ਅਨੁਮਾਨ ਹੈ। ਮੌਸਮ ਵਿਭਾਗ ਦੀ ਇਸ ਚਿਤਾਵਨੀ ਨੂੰ ਦੇਖਦੇ ਹੋਏ ਲੋਕਾਂ ਨੂੰ ਚੌਕਸ ਰਹਿਣ ਦੀ ਸਲਾਹ ਦਿੱਤੀ ਗਈ ਹੈ। ਚੰਡੀਗੜ੍ਹ ਵਿੱਚ ਇਸ ਸੀਜ਼ਨ ਦੌਰਾਨ ਆਮ ਨਾਲੋਂ 178 ਫ਼ੀਸਦੀ ਵੱਧ ਮੀਂਹ ਪਹਿਲਾਂ ਹੀ ਪੈ ਚੁੱਕਾ ਹੈ।

## ਦੇਸ਼ 'ਚ ਪੈਟਰੋਲ 18 ਰੁ. ਤੇ ਡੀਜ਼ਲ 35 ਰੁਪਏ ਤੱਕ ਹੋਵੇਗਾ ਮਹਿੰਗਾ!

1,600 ਕਰੋੜ ਰੁਪਏ ਹੋ ਗਿਆ ਹੈ। ਕੀਮਤਾਂ ਵਿੱਚ ਹਰ 10 ਰੁਪਏ ਦੇ ਵਾਧੇ ਨਾਲ ਲਗਭਗ 6 ਰੁਪਏ ਪ੍ਰਤੀ ਲੀਟਰ ਦਾ ਨੁਕਸਾਨ ਹੁੰਦਾ ਹੈ। ਭਾਰਤ ਆਪਣੀਆਂ ਕੱਚੇ ਤੇਲ ਦੀਆਂ ਜ਼ਰੂਰਤਾਂ ਦਾ ਲਗਭਗ 88% ਦਰਾਮਦ ਕਰਦਾ ਹੈ। ਇਸ ਵਿੱਚੋਂ 45% ਮੱਧ ਪੂਰਬ ਤੋਂ ਅਤੇ 35% ਰੂਸ ਤੋਂ ਆਉਂਦਾ ਹੈ। ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਨਾ ਸਿਰਫ਼ ਤੇਲ ਕੰਪਨੀਆਂ ਲਈ ਸਗੋਂ ਦੇਸ਼ ਦੇ ਚਾਲੂ ਖਾਤੇ ਦੇ ਘਾਟੇ ਲਈ ਵੀ ਖ਼ਤਰਾ ਹਨ। ਅੰਦਾਜ਼ਾ ਲਗਾਇਆ ਗਿਆ ਹੈ ਕਿ ਇਹ ਘਾਟਾ 2026 ਦੀ ਪਹਿਲੀ ਤਿਮਾਹੀ ਤੱਕ ਵਧ ਕੇ 20 ਅਰਬ ਡਾਲਰ ਤੱਕ ਪਹੁੰਚ ਸਕਦਾ ਹੈ। ਸਰਕਾਰੀ ਮਾਲੀਏ ਵਿੱਚ ਤੇਲ 'ਤੇ ਐਕਸਾਈਜ਼ ਡਿਊਟੀ ਦਾ ਯੋਗਦਾਨ ਲਗਾਤਾਰ ਘਟ ਰਿਹਾ ਹੈ। ਇਹ ਵਿੱਤੀ ਸਾਲ 2017 ਵਿੱਚ 22 ਫੀਸਦੀ ਸੀ ਅਤੇ ਹੁਣ ਸਿਰਫ 8 ਫੀਸਦੀ ਰਹਿ ਗਿਆ ਹੈ। ਜੇ ਸਰਕਾਰ ਪੂਰੀ ਆਬਕਾਰੀ ਡਿਊਟੀ ਨੂੰ ਹਟਾ ਵੀ ਦੇਵੇ, ਤਾਂ ਵੀ ਤੇਲ ਕੰਪਨੀਆਂ ਦਾ ਘਾਟਾ ਮੌਜੂਦਾ ਕੀਮਤਾਂ 'ਤੇ ਪੂਰੀ ਤਰ੍ਹਾਂ ਖਤਮ ਨਹੀਂ ਹੋਵੇਗਾ। ਅਗਸਤ, 2022 ਤੋਂ ਬਾਅਦ ਪਹਿਲੀ ਵਾਰ ਅਮਰੀਕਾ ਵਿੱਚ ਪੈਟਰੋਲ ਦੀਆਂ ਔਸਤ ਕੀਮਤਾਂ 4 ਡਾਲਰ ਪ੍ਰਤੀ ਗੈਲਨ ਤੋਂ ਉੱਪਰ ਵਧੀਆਂ ਹਨ। ਪਾਕਿਸਤਾਨ, ਨੇਪਾਲ ਅਤੇ ਸ਼੍ਰੀਲੰਕਾ ਸਮੇਤ ਕਈ ਗੁਆਂਢੀ ਦੇਸ਼ਾਂ ਨੇ ਵੀ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਾ ਦਿੱਤੀਆਂ ਹਨ। ਜੂਨ, 2010 ਤੱਕ ਸਰਕਾਰ ਪੈਟਰੋਲ ਦੀ ਕੀਮਤ ਤੈਅ ਕਰਦੀ ਸੀ, ਜਿਸ ਨੂੰ ਹਰ 15 ਦਿਨਾਂ ਬਾਅਦ ਸੋਧਿਆ ਜਾਂਦਾ ਸੀ। 26 ਜੂਨ, 2010 ਤੋਂ ਬਾਅਦ ਸਰਕਾਰ ਨੇ ਪੈਟਰੋਲ ਦੀਆਂ ਕੀਮਤਾਂ ਤੈਅ ਕਰਨ ਦਾ ਕੰਮ ਤੇਲ ਕੰਪਨੀਆਂ 'ਤੇ ਛੱਡ ਦਿੱਤਾ। ਇਸੇ ਤਰ੍ਹਾਂ, ਡੀਜ਼ਲ ਦੀ ਕੀਮਤ ਵੀ ਅਕਤੂਬਰ, 2014 ਤੱਕ ਸਰਕਾਰ ਵੱਲੋਂ ਤੈਅ ਕੀਤੀ ਜਾਂਦੀ ਸੀ। 19 ਅਕਤੂਬਰ, 2014 ਤੋਂ ਸਰਕਾਰ ਨੇ ਇਹ ਕੰਮ ਤੇਲ ਕੰਪਨੀਆਂ ਨੂੰ ਸੌਂਪ ਦਿੱਤਾ। ਇਸ ਵੇਲੇ ਤੇਲ ਕੰਪਨੀਆਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀ ਕੀਮਤ, ਐਕਸਚੇਂਜ ਦਰਾਂ, ਟੈਕਸਾਂ, ਪੈਟਰੋਲ ਅਤੇ ਡੀਜ਼ਲ ਦੀ ਆਵਾਜਾਈ ਲਾਗਤ ਅਤੇ ਹੋਰ ਬਹੁਤ ਸਾਰੇ ਕਾਰਕਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਰੋਜ਼ਾਨਾ ਪੈਟਰੋਲ ਅਤੇ ਡੀਜ਼ਲ ਦੀ ਕੀਮਤ ਤੈਅ ਕਰਦੀਆਂ ਹਨ।

## ਸਮਰਾਟ ਚੌਧਰੀ ਹੋਣਗੇ ਬਿਹਾਰ ਦੇ ਨਵੇਂ ਮੁੱਖ ਮੰਤਰੀ

ਭਾਜਪਾ ਵਿਧਾਨ ਮੰਡਲ ਦੀ ਅਹਿਮ ਬੈਠਕ ਵਿਚ ਇਹ ਫੈਸਲਾ ਲਿਆ ਗਿਆ। ਬੈਠਕ ਵਿਚ ਸੀਨੀਅਰ ਨੇਤਾਵਾਂ ਤੇ ਵਿਧਾਇਕਾਂ ਦੀ ਮੌਜੂਦਗੀ ਰਹੀ। ਸਰਬਸੰਮਤੀ ਨਾਲ ਉਨ੍ਹਾਂ ਦੇ ਨਾਂ 'ਤੇ ਸਹਿਮਤੀ ਬਣਨ ਦੀ ਗੱਲ ਸਾਹਮਣੇ ਆਈ ਹੈ। ਇਸ ਫੈਸਲੇ ਨਾਲ ਸੂਬੇ ਦੀ ਸਿਆਸਤ ਵਿੱਚ ਇੱਕ ਨਵਾਂ ਅਧਿਆਇ ਸ਼ੁਰੂ ਹੋਣ ਜਾ ਰਿਹਾ ਹੈ। ਸਮਰਥਕਾਂ ਵਿਚ ਉਤਸ਼ਾਹ ਦਾ ਮਾਹੌਲ ਦੇਖਿਆ ਜਾ ਰਿਹਾ ਹੈ। ਬਿਹਾਰ ਵਿਚ ਸੱਤਾ ਬਦਲਾਅ ਦੇ ਨਾਲ ਹੀ ਸਿਆਸੀ ਸਮੀਕਰਨ ਵੀ ਬਦਲ ਗਏ ਹਨ। ਨਿਤੀਸ਼ ਕੁਮਾਰ ਦੇ ਅਸਤੀਫੇ ਤੋਂ ਬਾਅਦ ਇਹ ਬਦਲਾਅ ਸੰਭਵ ਹੋਇਆ। ਭਾਜਪਾ ਤੋਂ ਨਵੀਂ ਲੀਡਰਸ਼ਿਪ ਵਜੋਂ ਸਮਰਾਟ ਚੌਧਰੀ 'ਤੇ ਭਰੋਸਾ ਜਤਾਇਆ ਹੈ। ਇਸ ਨੂੰ ਪਾਰਟੀ ਦੀ ਰਣਨੀਤਕ ਚਾਲ ਵਜੋਂ ਦੇਖਿਆ ਜਾ ਰਿਹਾ ਹੈ। ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਇਸ ਫੈਸਲੇ ਨੂੰ ਅਹਿਮ ਮੰਨਿਆ ਜਾ ਰਿਹਾ ਹੈ ਅਤੇ ਸਿਆਸੀ ਹਲਕਿਆਂ ਵਿੱਚ ਇਸ ਦੀ ਵਿਆਪਕ ਚਰਚਾ ਹੋ ਰਹੀ ਹੈ। ਸਮਰਾਟ ਚੌਧਰੀ ਲੰਬੇ ਸਮੇਂ ਤੋਂ ਭਾਜਪਾ ਸੰਗਠਨ ਨਾਲ ਜੁੜੇ ਹੋਏ ਹਨ। ਉਨ੍ਹਾਂ ਨੇ ਪਾਰਟੀ ਦੇ ਅੰਦਰ ਕਈ ਅਹਿਮ ਜ਼ਿੰਮੇਵਾਰੀਆਂ ਨਿਭਾਈਆਂ ਹਨ। ਉਨ੍ਹਾਂ ਨੇ ਸੂਬਾ ਪ੍ਰਧਾਨ ਵਜੋਂ ਵੀ ਮੁੱਖ ਭੂਮਿਕਾ ਨਿਭਾਈ। ਉਨ੍ਹਾਂ ਨੂੰ ਸਰਕਾਰ ਵਿੱਚ ਮੰਤਰੀ ਅਤੇ ਉਪ ਮੁੱਖ ਮੰਤਰੀ ਵਜੋਂ ਤਜਰਬਾ ਹਾਸਲ ਹੋਇਆ। ਪਾਰਟੀ ਨੇ ਉਨ੍ਹਾਂ ਦੀਆਂ ਪ੍ਰਸ਼ਾਸਕੀ ਯੋਗਤਾਵਾਂ ਨੂੰ ਪਹਿਲ ਦਿੱਤੀ। ਇਸੇ ਕਰਕੇ ਉਨ੍ਹਾਂ ਨੂੰ ਮੁੱਖ ਮੰਤਰੀ ਅਹੁਦੇ ਲਈ ਚੁਣਿਆ ਗਿਆ। ਨਵੇਂ ਮੰਤਰੀ ਮੰਡਲ ਬਾਰੇ ਵੀ ਸਲਾਹ-ਮਸ਼ਵਰਾ ਚੱਲ ਰਿਹਾ ਹੈ। ਮੰਤਰੀ ਕੌਣ ਬਣੇਗਾ ਇਸ ਬਾਰੇ ਵਿਚਾਰ-ਵਟਾਂਦਰਾ ਚੱਲ ਰਿਹਾ ਹੈ। ਸੰਤੁਲਨ ਬਣਾਉਣ ਲਈ ਪਾਰਟੀ ਪੱਧਰ 'ਤੇ ਕੋਸ਼ਿਸ਼ਾਂ ਚੱਲ ਰਹੀਆਂ ਹਨ। ਰਸਮੀ ਐਲਾਨ ਦੀ ਉਡੀਕ ਹੈ। ਇਸ ਨੂੰ ਭਾਜਪਾ ਲਈ ਇੱਕ ਵੱਡੀ ਰਾਜਨੀਤਿਕ ਪ੍ਰਾਪਤੀ ਮੰਨਿਆ ਜਾ ਰਿਹਾ ਹੈ। ਆਉਣ ਵਾਲੇ ਦਿਨਾਂ ਵਿੱਚ ਇਸਦਾ ਪ੍ਰਭਾਵ ਪੈਣ ਦੀ ਉਮੀਦ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਨਵੀਂ ਸਰਕਾਰ ਦੀ ਕਾਰਜਸ਼ੈਲੀ 'ਤੇ ਕੇਂਦ੍ਰਿਤ ਹਨ। ਵਿਕਾਸ ਅਤੇ ਚੰਗੇ ਸ਼ਾਸਨ ਲਈ ਉਮੀਦਾਂ ਵਧ ਗਈਆਂ ਹਨ।

## ਹੋਰਮੁਜ਼ ਜਲ ਮਾਰਗ 'ਤੇ ਸਾਡਾ ਪੂਰਾ ਕੰਟਰੋਲ: ਈਰਾਨ

ਇਸ ਮਾਮਲੇ 'ਤੇ ਚਰਚਾ ਕਰਨ ਲਈ ਅਧਿਕਾਰਤ ਨਹੀਂ ਸਨ। ਹਿਜ਼ਬੁੱਲਾ ਦੇ ਇੱਕ ਸੀਨੀਅਰ ਅਧਿਕਾਰੀ ਨੇ ਸੋਮਵਾਰ ਨੂੰ ਕਿਹਾ ਕਿ ਲੈਬਨਾਨੀ ਅਤਿਵਾਦੀ ਸਮੂਹ ਉਨ੍ਹਾਂ ਕਿਸੇ ਵੀ ਸਮਝੌਤੇ ਦੀ ਪਾਲਣਾ ਨਹੀਂ ਕਰੇਗਾ ਜੋ ਮੰਗਲਵਾਰ ਨੂੰ ਵਾਸ਼ਿੰਗਟਨ ਵਿੱਚ ਸ਼ੁਰੂ ਹੋਣ ਵਾਲੀ ਲੈਬਨਾਨ-ਇਜ਼ਰਾਈਲ ਸਿੱਧੀ ਗੱਲਬਾਤ ਦੇ ਨਤੀਜੇ ਵਜੋਂ ਹੋ ਸਕਦੇ ਹਨ। ਅਮਰੀਕੀ ਫੌਜ ਨੇ ਓਮਾਨ ਦੀ ਖਾੜੀ ਵਿੱਚ ਸਮੁੰਦਰੀ ਨਾਕਾਬੰਦੀ ਦੌਰਾਨ 'ਬਿਨਾਂ ਇਜਾਜ਼ਤ' ਆਉਣ-ਜਾਣ ਵਾਲੇ ਜਹਾਜ਼ਾਂ ਨੂੰ ਚਿਤਾਵਨੀ ਦਿੱਤੀ ਹੈ ਕਿ ਉਨ੍ਹਾਂ ਨੂੰ ਰੋਕਿਆ, ਮੋੜਿਆ ਅਤੇ ਕਾਬੂ ਕੀਤਾ ਜਾ ਸਕਦਾ ਹੈ। ਪੱਛਮੀ ਏਸ਼ੀਆ ਦੀ ਜ਼ਿੰਮੇਵਾਰੀ ਸੰਭਾਲ ਰਹੀ ਅਮਰੀਕੀ ਸੈਂਟਰਲ ਕਮਾਂਡ ਨੇ ਸੋਮਵਾਰ ਨੂੰ ਭਾਰਤੀ ਸਮੇਂ ਅਨੁਸਾਰ ਸ਼ਾਮ 7:30 ਵਜੇ ਤੋਂ ਓਮਾਨ ਦੀ ਖਾੜੀ ਅਤੇ ਹੋਰਮੁਜ਼ ਜਲਡਮਰੂ ਦੇ ਪੂਰਬ ਵਿੱਚ ਅਰਬ ਸਾਗਰ ਵਿੱਚ ਨਾਕਾਬੰਦੀ ਲਾਗੂ ਕਰ ਦਿੱਤੀ ਹੈ।

ਸੋਮਵਾਰ ਰਾਤ ਨੂੰ ਮਲਾਹਾਂ ਲਈ ਜਾਰੀ ਕੀਤੇ ਨੋਟਿਸ ਵਿੱਚ ਕਿਹਾ ਗਿਆ ਹੈ: ਨਾਕਾਬੰਦੀ ਵਾਲੇ ਖੇਤਰ ਵਿੱਚ ਬਿਨਾਂ ਇਜਾਜ਼ਤ ਦੇ ਦਾਖਲ ਹੋਣ ਵਾਲੇ ਜਾਂ ਉੱਥੋਂ ਜਾਣ ਵਾਲੇ ਕਿਸੇ ਵੀ ਜਹਾਜ਼ ਨੂੰ ਰੋਕਿਆ, ਰਸਤਾ ਬਦਲਿਆ ਅਤੇ ਕਾਬੂ ਕੀਤਾ ਜਾ ਸਕਦਾ ਹੈ। ਇਹ ਪਾਬੰਦੀਆਂ ਇਰਾਨੀ ਬੰਦਰਗਾਹਾਂ, ਤੇਲ ਟਰਮੀਨਲਾਂ ਜਾਂ ਤੱਟਵਰਤੀ ਸਹੂਲਤਾਂ ਨਾਲ ਜੁੜੇ ਕਿਸੇ ਵੀ ਝੰਡੇ ਵਾਲੇ ਜਹਾਜ਼ਾਂ 'ਤੇ ਬਿਨਾਂ ਕਿਸੇ ਭੇਦਭਾਵ ਦੇ ਲਾਗੂ ਹੁੰਦੀਆਂ ਹਨ। ਇਸ ਵਿੱਚ ਕਿਹਾ ਗਿਆ ਹੈ ਕਿ ਇਹ ਨਾਕਾਬੰਦੀ ਫਾਰਸ ਦੀ ਖਾੜੀ ਵਿੱਚ ਗੈਰ-ਇਰਾਨੀ ਟਿਕਾਣਿਆਂ ਵੱਲ ਜਾਣ ਵਾਲੇ ਨਿਰਪੱਖ ਜਹਾਜ਼ਾਂ ਦੇ ਹੋਰਮੁਜ਼ ਜਲਮਾਰਗ ਰਾਹੀਂ ਲੰਘਣ ਵਿੱਚ ਕੋਈ ਰੁਕਾਵਟ ਨਹੀਂ ਪਾਵੇਗੀ।

ਦੂਜੇ ਪਾਸੇ ਇਰਾਨੀਆਂ ਨੇ ਵੀ ਧਮਕੀ ਦਿੱਤੀ ਹੈ ਕਿ ਉਨ੍ਹਾਂ ਦੀਆਂ ਤੇਜ਼ ਮਿਜ਼ਾਈਲ ਕਿਸ਼ਤੀਆਂ, ਜਿਨ੍ਹਾਂ ਨੂੰ 'ਫਾਰਸ ਦੀ ਖਾੜੀ ਦੀਆਂ ਲਾਲ ਮਧੂ-ਮੱਖੀਆਂ' ਕਿਹਾ ਜਾਂਦਾ ਹੈ, ਤਿਆਰ ਹਨ। ਉਨ੍ਹਾਂ ਕਿਹਾ, 'ਹੁਣ ਉਹ (ਅਮਰੀਕਾ) ਦੇਖਣਗੇ ਕਿ ਇੱਕ ਝੁੰਡ ਤੁਹਾਨੂੰ ਕਿਵੇਂ ਜਲਦੀ ਘੇਰ ਸਕਦਾ ਹੈ। ਇਰਾਨ ਨੇ ਸੋਮਵਾਰ ਨੂੰ ਅਮਰੀਕੀ ਕਦਮ ਨੂੰ 'ਸਮੁੰਦਰੀ ਡਾਕੂ' ਕਰਾਰ ਦਿੱਤਾ, ਜਦੋਂ ਕਿ ਚੀਨੀ ਰੱਖਿਆ ਮੰਤਰੀ ਐਡਮਿਰਲ ਡੋਂਗ ਜੂਨ ਨੇ ਤਹਿਰਾਨ ਤੋਂ ਆਪਣੇ ਦੇਸ਼ ਦੇ ਊਰਜਾ ਸਰੋਤਾਂ ਦਾ ਹਵਾਲਾ ਦਿੰਦੇ ਹੋਏ ਕਿਹਾ, ਅਸੀਂ ਉਮੀਦ ਕਰਦੇ ਹਾਂ ਕਿ ਦੂਸਰੇ ਸਾਡੇ ਮਾਮਲਿਆਂ ਵਿੱਚ ਦਖਲ ਨਹੀਂ ਦੇਣਗੇ। ਹੋਰਮੁਜ਼ ਜਲਮਾਰਗ ਸਾਡੇ ਲਈ ਖੁੱਲ੍ਹਾ ਹੈ। ਸਮੁੰਦਰੀ ਨਿਗਰਾਨੀ ਸੰਸਥਾ 'ਯੂਨਾਈਟਿਡ ਕਿੰਗਡਮ ਮੈਰੀਟਾਈਮ ਟਰੇਡ ਅਪਰੇਸ਼ਨਜ਼' ਨੇ ਅਮਰੀਕੀ ਨਾਕਾਬੰਦੀ ਕਾਰਨ ਪੈਦਾ ਹੋਏ ਖਤਰਿਆਂ ਬਾਰੇ ਐਡਵਾਈਜ਼ਰੀ ਜਾਰੀ ਕੀਤੀ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਇਰਾਨੀ ਤੱਟਵਰਤੀ ਖੇਤਰਾਂ, ਅਰਬ ਦੀ ਖਾੜੀ, ਓਮਾਨ ਦੀ ਖਾੜੀ ਅਤੇ ਅਰਬ ਸਾਗਰ ਵਿੱਚ ਪਾਬੰਦੀਆਂ ਲਾਗੂ ਹਨ। ਇਰਾਨੀ ਬੰਦਰਗਾਹਾਂ ਵਿੱਚ ਮੌਜੂਦ ਨਿਰਪੱਖ ਜਹਾਜ਼ਾਂ ਨੂੰ ਜਾਣ ਲਈ ਸੀਮਤ ਸਮਾਂ ਦਿੱਤਾ ਗਿਆ ਹੈ।

## ਭਾਜਪਾ ਲਈ ਪੰਜਾਬ ਦਾ ਰਾਹ ਆਸਾਨ ਨਹੀਂ?

ਅੱਜ ਭਾਜਪਾ ਟਕਸਾਲੀ ਵਰਕਰ, ਜਿਨ੍ਹਾਂ ਨੇ ਭਾਜਪਾ ਲਈ ਸਾਲਾਂ ਤੋਂ ਘਰ-ਘਰ ਜਾ ਕੇ ਮਿਹਨਤ ਕੀਤੀ, ਉਨ੍ਹਾਂ ਨੂੰ ਹੁਣ ਲੱਗ ਰਿਹਾ ਹੈ ਕਿ ਉਨ੍ਹਾਂ ਦੀ ਲੋਇਆਲਟੀ ਅਤੇ ਇਮਾਨਦਾਰੀ ਨੂੰ ਕੁਰਬਾਨ ਕਰਕੇ ਭਾਜਪਾ ਚਲ ਚੁੱਕੇ ਘੋੜਿਆਂ ਨੂੰ ਖਰੀਦ ਰਹੀ ਹੈ। ਇਸ ਨਾਲ ਅੰਦਰੂਨੀ ਅਸੰਤੋਸ਼ ਵਧ ਰਿਹਾ ਹੈ ਅਤੇ ਵਰਕਰਾਂ ਵਿੱਚ ਨਿਰਾਸ਼ਾ ਫੈਲ ਰਹੀ ਹੈ। ਪੰਜਾਬ ਵਿੱਚ ਇਸ ਵੇਲੇ ਨਿਰਾਸ਼ਾ ਦਾ ਮਾਹੌਲ ਹੈ - ਨਸ਼ਿਆਂ ਦੀ ਲਾਹੀ, ਬੇਰੁਜ਼ਗਾਰੀ, ਕਰਜ਼ੇ ਅਤੇ ਅਪਰਾਧੀਆਂ ਦਾ ਰਾਜ। ਲੋਕ ਬਦਲਾਅ ਚਾਹੁੰਦੇ ਹਨ, ਪਰ ਉਹ ਉਸ ਬਦਲਾਅ ਨੂੰ ਉਨ੍ਹਾਂ ਲੋਕਾਂ ਤੋਂ ਨਹੀਂ ਲੈਣਾ ਚਾਹੁੰਦੇ ਜਿਨ੍ਹਾਂ ਨੇ ਖੁਦ ਇਸ ਨਿਰਾਸ਼ਾ ਨੂੰ ਜਨਮ ਦਿੱਤਾ ਹੈ। ਅੱਜ ਭਾਜਪਾ ਇਸ ਨੂੰ ਸਮਝਣ ਵਿੱਚ ਅਸਫਲ ਹੋ ਰਹੀ ਹੈ। ਉਹ ਸੋਚ ਰਹੀ ਹੈ ਕਿ ਕੇਂਦਰੀ ਤਾਕਤ ਅਤੇ ਮੋਦੀ ਦੀ ਲਹਿਰ ਨਾਲ ਇੱਥੇ ਵੀ ਖੇਡ ਜਿੱਤੀ ਜਾ ਸਕਦੀ ਹੈ। ਪਰ ਪੰਜਾਬ ਵਿੱਚ ਲਹਿਰਾਂ ਤੋਂ ਵੱਧ ਲੋਕ ਇਮਾਨਦਾਰੀ ਅਤੇ ਸਾਖ ਵੇਖਦੇ ਹਨ। ਇੱਥੇ ਵੋਟਰ ਇਹ ਨਹੀਂ ਪੁੱਛਦਾ ਕਿ ਤੁਸੀਂ ਕਿਸ ਪਾਰਟੀ ਤੋਂ ਆਏ ਹੋ, ਉਹ ਇਹ ਪੁੱਛਦਾ ਹੈ ਕਿ ਤੁਸੀਂ ਪਿਛਲੇ 20-30 ਸਾਲਾਂ ਵਿੱਚ ਕੀ ਕੀਤਾ ਅਤੇ ਤੁਹਾਡੀਆਂ ਜੇਬਾਂ ਕਿਵੇਂ ਭਰੀਆਂ ਗਈਆਂ। ਜਾਖੜ ਵਰਗੇ ਲੀਡਰਾਂ ਨੂੰ ਉੱਚਾ ਆਸਨ ਦੇਣ ਨਾਲ ਭਾਜਪਾ ਆਪਣੇ ਟਕਸਾਲੀ ਵਰਕਰਾਂ ਨੂੰ ਇੱਕ ਤਰ੍ਹਾਂ ਦਾ ਸੰਦੇਸ਼ ਦੇ ਰਹੀ ਹੈ ਕਿ ਇੱਥੇ ਇਮਾਨਦਾਰੀ ਅਤੇ ਲੰਬੀ ਮਿਹਨਤ ਨਾਲੋਂ ਵਧੇਰੇ ਮਹੱਤਵ ਉਨ੍ਹਾਂ ਲੋਕਾਂ ਨੂੰ ਹੈ ਜਿਨ੍ਹਾਂ ਕੋਲ ਵੋਟ ਬੈਂਕ ਅਤੇ ਪੈਸਾ ਹੈ, ਭਾਵੇਂ ਉਨ੍ਹਾਂ ਦੀ ਸਾਖ ਖਤਮ ਹੋ ਚੁੱਕੀ ਹੋਵੇ। ਇਸ ਨਾਲ ਭਾਜਪਾ ਦੀ ਅੰਦਰੂਨੀ ਇਕਜੁੱਟਤਾ ਟੁੱਟ ਰਹੀ ਹੈ।

ਭਾਜਪਾ ਦੇ ਉਹ ਵਰਕਰ ਜੋ ਸਾਲਾਂ ਤੋਂ ਭਾਜਪਾ ਦਾ ਝੰਡਾ ਥਾਮ ਕੇ ਖੜ੍ਹੇ ਹਨ, ਉਨ੍ਹਾਂ ਨੂੰ ਲੱਗ ਰਿਹਾ ਹੈ ਕਿ ਉਨ੍ਹਾਂ ਨੂੰ ਧੋਖਾ ਦਿੱਤਾ ਗਿਆ ਹੈ। ਇਸ ਧੋਖੇ ਨਾਲ ਉਨ੍ਹਾਂ ਦਾ ਉਤਸ਼ਾਹ ਠੰਢਾ ਪੈ ਰਿਹਾ ਹੈ ਅਤੇ ਉਹ ਚੁੱਪਚਾਪ ਘਰ ਬੈਠੇ ਵੇਖ ਰਹੇ ਹਨ ਕਿ ਭਾਜਪਾ ਕਿਵੇਂ ਆਪਣੀਆਂ ਜੜ੍ਹਾਂ ਖੁਦ ਕੱਟ ਰਹੀ ਹੈ। ਪੰਜਾਬ ਵਿੱਚ ਭਾਜਪਾ ਲਈ ਰਾਹ ਆਸਾਨ ਨਹੀਂ ਹੈ। ਇੱਥੇ ਲੋਕ ਸੱਚ ਜਾਣਦੇ ਹਨ। ਉਹ ਜਾਣਦੇ ਹਨ ਕਿ ਚਲ ਚੁੱਕੇ ਕਾਰਤੂਸ ਨਾਲ ਨਵੀਂ ਬੰਦੂਕ ਨਹੀਂ ਚੱਲਦੀ। ਉਹ ਜਾਣਦੇ ਹਨ ਕਿ ਜਿਹੜਾ ਲੀਡਰ ਆਪਣੀ ਪੁਰਾਣੀ ਪਾਰਟੀ ਵਿੱਚ ਲੁੱਟ-ਖਸੁੱਟ ਕਰਕੇ ਆਇਆ ਹੈ, ਉਹ ਇੱਥੇ ਵੀ ਉਸੇ ਤਰੀਕੇ ਨਾਲ ਖੇਡੇਗਾ। ਇਸ ਲਈ ਭਾਜਪਾ ਜੇਕਰ ਅਸਲ ਵਿੱਚ ਪੰਜਾਬ ਵਿੱਚ ਆਪਣੀ ਜੜ੍ਹਾਂ ਮਜ਼ਬੂਤ ਕਰਨਾ ਚਾਹੁੰਦੀ ਹੈ ਤਾਂ ਉਸ ਨੂੰ ਇਸ ਗਲਤ ਐਂਗਲ ਤੋਂ ਬਾਹਰ ਆਉਣਾ ਪਵੇਗਾ। ਉਸ ਨੂੰ ਟਕਸਾਲੀ ਵਰਕਰਾਂ ਨੂੰ ਮਾਣ ਦੇਣਾ ਪਵੇਗਾ, ਉਨ੍ਹਾਂ ਨੂੰ ਅਗਵਾਈ ਵਿੱਚ ਲਿਆਉਣਾ ਪਵੇਗਾ ਅਤੇ ਚਲ ਚੁੱਕੇ ਲੀਡਰਾਂ ਨੂੰ ਆਪਣੀਆਂ ਪੁਰਾਣੀਆਂ ਸਾਖਾਂ ਨਾਲ ਹੀ ਰਹਿਣ ਦੇਣਾ ਪਵੇਗਾ। ਨਹੀਂ ਤਾਂ 2027 ਵਿੱਚ ਇਹੀ ਨਵਾਂ ਬੀਜਨ ਭਾਜਪਾ ਲਈ ਵੱਡੀ ਰੁਕਾਵਟ ਬਣ ਜਾਵੇਗਾ।

ਪੰਜਾਬੀ ਲੋਕ ਧੋਖੇ ਨੂੰ ਬਖਸ਼ਦੇ ਨਹੀਂ। ਉਹ ਇਮਾਨਦਾਰੀ ਚਾਹੁੰਦੇ ਹਨ, ਨਾ ਕਿ ਚਲ ਚੁੱਕੇ ਕਾਰਤੂਸਾਂ ਦੀ ਭੀੜ। ਭਾਜਪਾ ਜੇਕਰ ਇਸ ਸੱਚ ਨੂੰ ਨਜ਼ਰਅੰਦਾਜ਼ ਕਰਦੀ ਰਹੀ ਤਾਂ ਉਸ ਦੀ 'ਸੋਲੋ ਫਾਈਟ' ਇੱਕ ਵੱਡੀ ਹਾਰ ਵਿੱਚ ਬਦਲ ਜਾਵੇਗੀ। ਪੰਜਾਬ ਵਿੱਚ ਰਾਜਨੀਤੀ ਲਹਿਰਾਂ ਤੋਂ ਵੱਧ ਲੋਕਾਂ ਦੀ ਯਾਦਦਾਸ਼ਤ ਅਤੇ ਇਮਾਨਦਾਰੀ ਤੇ ਟਿਕੀ ਹੋਈ ਹੈ। ਅਤੇ ਇਸ ਵਾਰ ਲੋਕ ਉਸ ਇਮਾਨਦਾਰੀ ਦਾ ਖਾਤਾ ਪੂਰਾ ਕਰਨ ਲਈ ਤਿਆਰ ਬੈਠੇ ਹਨ।

## ਆਊਟਸੋਰਸਿੰਗ ਦੇ ਨਾਮ 'ਤੇ ਸ਼ੋਸ਼ਣ ਨਹੀਂ, ਸਾਲਾਂ ਤੋਂ ਕੰਮ...

ਇਹ ਕਹਿੰਦੇ ਹੋਏ ਕਿ ਅਸਲ ਮਾਲਕ ਉਹ ਹੈ ਜੋ ਕੰਮ ਦੇ ਅਮਲ ਨੂੰ ਨਿਯੰਤਰਿਤ ਕਰਦਾ ਹੈ। ਆਪਣੇ ਫੈਸਲੇ ਵਿੱਚ, ਅਦਾਲਤ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਆਊਟਸੋਰਸਿੰਗ ਏਜੰਸੀਆਂ ਸਿਰਫ਼ ਇੱਕ ਮਾਧਿਅਮ ਹਨ ਅਤੇ ਇਹਨਾਂ ਨੂੰ ਅਸਲ ਰੁਜ਼ਗਾਰ ਸਬੰਧਾਂ ਨੂੰ ਛੁਪਾਉਣ ਲਈ ਨਹੀਂ ਵਰਤਿਆ ਜਾ ਸਕਦਾ। ਠੇਕੇਦਾਰੀ ਪ੍ਰਬੰਧਾਂ ਤੋਂ ਪਰਦਾ ਚੁੱਕਣ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ, ਅਦਾਲਤ ਨੇ ਕਿਹਾ ਕਿ ਅਸਲ ਸਥਿਤੀ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਸੰਬੰਧਿਤ ਕਾਨੂੰਨਾਂ ਦਾ ਹਵਾਲਾ ਦਿੰਦੇ ਹੋਏ, ਅਦਾਲਤ ਨੇ ਕਿਹਾ ਕਿ ਜਿਨ੍ਹਾਂ ਕਰਮਚਾਰੀਆਂ ਨੇ 2016 ਤੋਂ ਪਹਿਲਾਂ ਤਿੰਨ ਸਾਲ ਲਗਾਤਾਰ ਸੇਵਾ ਪੂਰੀ ਕੀਤੀ ਸੀ, ਉਹ ਠੇਕੇ 'ਤੇ ਰੱਖਣ ਦੇ ਹੱਕਦਾਰ ਹਨ। ਇਸ ਦੇ ਆਧਾਰ 'ਤੇ, ਪਟੀਸ਼ਨਕਰਤਾ ਨੂੰ 24 ਦਸੰਬਰ, 2016 ਤੋਂ ਠੇਕਾ ਕਰਮਚਾਰੀ ਮੰਨਣ ਦਾ ਨਿਰਦੇਸ਼ ਦਿੱਤਾ ਗਿਆ ਸੀ। ਫੈਸਲੇ ਵਿੱਚ ਰਾਜ ਸਰਕਾਰਾਂ ਵੱਲੋਂ ਸਥਾਈ ਨੌਕਰੀਆਂ ਹੋਣ ਦੇ ਬਾਵਜੂਦ ਕਰਮਚਾਰੀਆਂ ਨੂੰ ਅਸਥਾਈ ਜਾਂ ਆਊਟਸੋਰਸ ਆਧਾਰ 'ਤੇ ਨਿਯੁਕਤ ਕਰਨ ਦੇ ਰੁਝਾਨ ਦੀ ਵੀ ਸਖ਼ਤ ਆਲੋਚਨਾ ਕੀਤੀ ਗਈ। ਅਦਾਲਤ ਨੇ ਇਸ ਨੂੰ ਸੰਵਿਧਾਨ ਦੇ ਅਨੁਛੇਦ 14, 16 ਅਤੇ 21 ਦੀ ਉਲੰਘਣਾ ਦੱਸਦੇ ਹੋਏ ਕਿਹਾ ਕਿ ਰਾਜ ਵਿੱਤੀ ਰੁਕਾਵਟਾਂ ਦਾ ਹਵਾਲਾ ਦੇ ਕੇ ਕਰਮਚਾਰੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝਾ ਨਹੀਂ ਕਰ ਸਕਦਾ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਲੰਬੇ ਸਮੇਂ ਲਈ ਕੰਮ ਕਰਨ ਵਾਲੇ ਕਰਮਚਾਰੀ ਤਜਰਬਾ ਅਤੇ ਯੋਗਤਾ ਪ੍ਰਾਪਤ ਕਰਦੇ ਹਨ, ਜਿਸ ਨਾਲ ਉਨ੍ਹਾਂ ਦੇ ਨਿਯਮਤ ਹੋਣ ਦੇ ਦਾਅਵੇ ਨੂੰ ਮਜ਼ਬੂਤੀ ਮਿਲਦੀ ਹੈ।

# ਮਾਨ ਸਰਕਾਰ ਦੇ 'ਅਪਰਾਧ-ਮੁਕਤ ਪੰਜਾਬ' ਦੇ ਟੀਚੇ ਨੂੰ ਸਾਕਾਰ ਕਰ ਰਹੀਆਂ ਨੇ ਮਹਿਲਾ ਪੁਲਿਸ ਮੁਲਾਜ਼ਮ

## ਪੰਜਾਬ ਪੁਲਿਸ ਦੇਸ਼ ਦੀ ਸਭ ਤੋਂ ਪ੍ਰਗਤੀਸ਼ੀਲ ਫੋਰਸ ਬਣੀ; ਭਗਵੰਤ ਮਾਨ ਸਰਕਾਰ ਦੇ 'ਸੁਰੱਖਿਅਤ ਪੰਜਾਬ, ਖ਼ੁਸ਼ਹਾਲ ਪੰਜਾਬ' ਦੇ ਟੀਚੇ ਨੂੰ ਸਾਕਾਰ ਕਰਨ ਲਈ ਕਈ ਮਹਿਲਾ ਅਧਿਕਾਰੀ ਐਂਟੀ-ਗੈਂਗਸਟਰ ਆਪ੍ਰੇਸ਼ਨ ਦੀ ਕਰ ਰਹੀਆਂ ਨੇ ਅਗਵਾਈ



ਚੰਡੀਗੜ੍ਹ, 14 ਅਪ੍ਰੈਲ (ਚ.ਨ.ਸ.): ਪੰਜਾਬ ਪੁਲਿਸ ਦੀਆਂ ਮਹਿਲਾ ਅਧਿਕਾਰੀ ਆਧੁਨਿਕ ਪੁਲਿਸਿੰਗ ਦੇ ਮੋਰਚਿਆਂ 'ਤੇ ਇੱਕ ਫੈਸਲਾਕੁੰਨ ਤਾਕਤ ਵਜੋਂ ਉੱਭਰ ਰਹੀਆਂ, ਮੁੱਖ ਆਪ੍ਰੇਸ਼ਨਾਂ ਦੀ ਅਗਵਾਈ ਕਰ ਰਹੀਆਂ ਹਨ ਅਤੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਅਪਰਾਧ ਅਤੇ ਗੈਂਗਸਟਰ-ਮੁਕਤ ਪੰਜਾਬ ਦੇ ਯਤਨਾਂ ਨੂੰ ਲਗਾਤਾਰ ਮਜ਼ਬੂਤੀ ਪ੍ਰਦਾਨ ਕਰ ਰਹੀਆਂ ਹਨ। ਗੈਂਗਸਟਰ ਵਿਰੋਧੀ ਮੁਹਿੰਮਾਂ ਦੀ ਨਿਗਰਾਨੀ ਤੋਂ ਲੈ ਕੇ ਕਮਿਊਨਿਟੀ-ਕੇਂਦਰਿਤ ਪਹਿਲਾਂ ਨੂੰ ਅੱਗੇ ਵਧਾਉਣ ਤੱਕ, ਇਹ ਅਧਿਕਾਰੀ ਨਾ ਸਿਰਫ਼ ਅਪਰਾਧਿਕ ਨੈੱਟਵਰਕਾਂ ਨੂੰ ਤੋੜ ਰਹੀਆਂ ਹਨ, ਸਗੋਂ ਪੁਲਿਸ ਬਲ ਵਿੱਚ ਲੀਡਰਸ਼ਿਪ ਨੂੰ ਵੀ ਮੁੜ ਪਰਿਭਾਸ਼ਿਤ ਵੀ ਤਿਆਰ ਕਰ ਰਹੀਆਂ ਹਨ। ਲੀਡਰਸ਼ਿਪ ਭੂਮਿਕਾਵਾਂ ਵਿੱਚ ਔਰਤਾਂ ਦੀ ਵੱਧ ਰਹੀ ਮੌਜੂਦਗੀ ਨੇ ਪੰਜਾਬ ਪੁਲਿਸ ਨੂੰ ਦੇਸ਼ ਦੀਆਂ ਸਭ ਤੋਂ ਪ੍ਰਗਤੀਸ਼ੀਲ ਤਾਕਤਾਂ ਵਿੱਚ ਸ਼ਾਮਲ ਕਰ ਦਿੱਤਾ ਹੈ, ਜਿਸ ਵਿੱਚ ਮਹਿਲਾ ਅਧਿਕਾਰੀ 'ਗੈਂਗਸਟਰਾਂ ਤੇ ਵਾਰ' ਅਤੇ 'ਆਪਰੇਸ਼ਨ ਪ੍ਰਹਾਰ' ਵਰਗੀਆਂ ਮੁੱਖ ਮੁਹਿੰਮਾਂ ਦੀ ਨਿਗਰਾਨੀ ਕਰ ਰਹੀਆਂ ਹਨ। ਇਹ ਅਧਿਕਾਰੀ ਨਾ ਸਿਰਫ਼ ਰਾਜ ਨੂੰ ਅਪਰਾਧ ਤੋਂ ਸੁਰੱਖਿਅਤ ਕਰ ਰਹੀਆਂ ਹਨ ਬਲਕਿ ਨੌਜਵਾਨ ਔਰਤਾਂ ਦੀ ਇੱਕ ਨਵੀਂ ਪੀੜ੍ਹੀ ਨੂੰ ਫੋਰਸ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਵੀ ਕਰ ਰਹੀਆਂ ਹਨ।

ਪੰਜਾਬ ਸਰਕਾਰ ਦੇ ਸਮਰਥਨ ਨਾਲ, 79 ਮਹਿਲਾ ਅਧਿਕਾਰੀ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਤੋਂ ਲੈ ਕੇ ਡਿਪਟੀ ਸੁਪਰਡੈਂਟ ਆਫ਼ ਪੁਲਿਸ ਤੱਕ ਦੇ ਵੱਖ-ਵੱਖ ਅਹੁਦਿਆਂ 'ਤੇ ਡਿਊਟੀਆਂ ਨਿਭਾ ਰਹੇ ਹਨ। ਪੰਜਾਬ ਪੁਲਿਸ ਦੇ ਰਿਕਾਰਡ ਅਨੁਸਾਰ, ਬਲਾਂ ਵਿੱਚ 4 ਐਸਡੀਜੀਪੀ, 1 ਏਡੀਜੀਪੀ, 2 ਆਈਜੀਪੀ/ਸੀਪੀ, 2 ਡੀਆਈਜੀ, 18 ਐਸਐਸਪੀ/ਏਆਈਜੀ/ਕਮਾਂਡੈਂਟ (3 ਐਸਐਸਪੀ ਹਨ), 23 ਐਸਪੀ, 1 ਏਐਸਪੀ ਅਤੇ 28 ਡੀਐਸਪੀ ਮਹਿਲਾ ਪੁਲਿਸ ਅਧਿਕਾਰੀ ਸ਼ਾਮਲ ਹਨ। ਕੁੱਲ 79 ਵਿੱਚੋਂ 5 ਅਧਿਕਾਰੀ ਫੀਲਡ ਅਹੁਦਿਆਂ ਦੀ ਅਗਵਾਈ ਕਰ ਰਹੀਆਂ ਹਨ, ਜਿੱਥੇ ਉਹ 'ਗੈਂਗਸਟਰਾਂ 'ਤੇ ਵਾਰ' ਵਰਗੀਆਂ ਮੁਹਿੰਮਾਂ ਦੀ ਨਿਗਰਾਨੀ ਅਤੇ ਭਾਗੀਦਾਰੀ ਕਰਦੀਆਂ ਹਨ। ਇਹ ਅਧਿਕਾਰੀ ਅਪਰਾਧ ਨਾਲ ਨਜਿੱਠਣ ਲਈ ਮੋਢੇ ਨਾਲ ਮੋਢਾ ਮਿਲਾ ਕੇ ਕੰਮ ਕਰ ਰਹੀਆਂ ਹਨ ਤੇ ਉਨ੍ਹਾਂ ਦੇ ਪਰਿਵਾਰ ਅਤੇ ਸਹਿਕਰਮੀ ਉਨ੍ਹਾਂ 'ਤੇ ਮਾਣ ਮਹਿਸੂਸ ਕਰਦੇ ਹਨ।

ਮਜ਼ਬੂਤ ਸਿੱਖਿਆ ਅਤੇ ਸਿਖਲਾਈ ਪ੍ਰਮਾਣ ਪੱਤਰਾਂ ਨਾਲ, ਮਹਿਲਾ ਪੁਲਿਸ ਅਧਿਕਾਰੀਆਂ ਨੇ ਸੰਚਾਲਨ ਅਤੇ ਪ੍ਰਸ਼ਾਸਨਿਕ ਦੋਵੇਂ ਖੇਤਰਾਂ ਵਿੱਚ ਆਪਣੀ ਸਮਰੱਥਾ ਨੂੰ ਤੇਜ਼ੀ ਨਾਲ ਸਾਬਤ ਕੀਤਾ ਹੈ। ਇਹ ਗੱਲ ਸਪੱਸ਼ਟ ਹੈ ਕਿ ਪੰਜਾਬ ਪੁਲਿਸ ਦੀਆਂ ਮਹਿਲਾ ਅਧਿਕਾਰੀਆਂ ਨੇ ਪੁਲਿਸਿੰਗ ਦੇ ਮਿਆਰਾਂ ਨੂੰ ਉੱਚਾ ਚੁੱਕਿਆ ਹੈ। ਸਿਰਫ਼ ਫੀਲਡ 'ਤੇ ਹੀ ਨਹੀਂ, ਸਗੋਂ ਇਹ ਅਧਿਕਾਰੀ ਤਕਨਾਲੋਜੀ ਵਿੱਚ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਹਨ, ਰਾਜ ਵਿੱਚ ਅਪਰਾਧ ਨੂੰ ਰੋਕਣ ਬਾਰੇ ਚੰਗੀ ਤਰ੍ਹਾਂ ਜਾਣੂ ਹਨ ਤੇ ਪੰਜਾਬ ਨੂੰ ਦੇਸ਼ ਦੇ ਸਭ ਤੋਂ ਸੁਰੱਖਿਅਤ ਰਾਜਾਂ ਵਿੱਚੋਂ ਇੱਕ ਬਣਾਉਣ ਦੇ ਆਪਣੇ ਉਦੇਸ਼ ਨੂੰ ਪ੍ਰਾਪਤ ਕਰਨ ਵਿੱਚ ਬਹੁਤ ਸਪੱਸ਼ਟ ਹਨ।

ਐਸਐਸਪੀ ਫਰੀਦਕੋਟ ਪ੍ਰੱਗਿਆ ਜੈਨ ਨੇ ਜ਼ੋਰ ਦਿੱਤਾ ਕਿ ਆਧੁਨਿਕ ਪੁਲਿਸਿੰਗ ਨੂੰ ਲਿੰਗ ਦੀ ਬਜਾਏ ਯੋਗਤਾ ਅਤੇ ਤਾਲਮੇਲ ਹੈ। ਮਹਿਲਾ ਅਧਿਕਾਰੀ ਹਰ ਪੱਧਰ 'ਤੇ ਆਪਣਾ ਮਹੱਤਵਪੂਰਨ ਯੋਗਦਾਨ ਦੇ ਰਹੀਆਂ ਹਨ। ਉਨ੍ਹਾਂ ਨੇ ਕਿਹਾ, 'ਮੇਰੇ ਅਨੁਸਾਰ ਪੁਲਿਸਿੰਗ ਹਿੰਮਤ, ਯੋਗਤਾ ਅਤੇ ਵਚਨਬੱਧਤਾ 'ਤੇ ਆਧਾਰਿਤ ਹੈ, ਨਾ ਕਿ ਲਿੰਗ 'ਤੇ। 'ਗੈਂਗਸਟਰਾਂ 'ਤੇ ਵਾਰ' ਵਰਗੀਆਂ ਮੁਹਿੰਮਾਂ ਵਿੱਚ ਮਹਿਲਾ ਅਧਿਕਾਰੀਆਂ ਨੇ ਇਨ੍ਹਾਂ ਤਿੰਨਾਂ ਗੁਣਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਗੈਂਗਸਟਰ ਵਿਰੋਧੀ ਮੁਹਿੰਮਾਂ ਦਿਖਾਉਂਦੀਆਂ ਹਨ ਕਿ ਆਧੁਨਿਕ ਪੁਲਿਸਿੰਗ ਖੁਫੀਆ ਜਾਣਕਾਰੀ ਅਤੇ ਸਾਂਝੀ ਟੀਮ-ਅਗਵਾਈ 'ਤੇ ਆਧਾਰਿਤ ਹੈ।' ਐਸਐਸਪੀ ਫਰੀਦਕੋਟ ਨੇ ਅੱਗੇ ਕਿਹਾ, 'ਮਹਿਲਾ ਅਧਿਕਾਰੀ ਯੋਜਨਾ ਬਣਾਉਣ ਤੋਂ ਲੈ ਕੇ ਆਪ੍ਰੇਸ਼ਨ ਤੱਕ ਮੋਹਰਲੀ ਕਤਾਰ ਵਿੱਚ ਅਗਵਾਈ ਕਰਦੀਆਂ ਹਨ। ਇੱਕ ਖ਼ਾਸ ਮਾਮਲੇ ਵਿੱਚ, ਇੱਕ ਆਦਤਨ ਅਪਰਾਧੀ ਨੈੱਟਵਰਕ ਨੂੰ ਨਿਸ਼ਾਨਾ ਬਣਾਉਂਦੇ ਹੋਏ ਦੇਰ ਰਾਤ ਦੇ ਆਪਰੇਸ਼ਨ ਦੌਰਾਨ ਸਾਡੀ ਮਹਿਲਾ ਪੀਸੀਆਰ ਟੀਮ ਨੇ ਇਲਾਕੇ ਦੀਆਂ ਮਹਿਲਾਵਾਂ ਤੋਂ ਮਹੱਤਵਪੂਰਨ ਸਥਾਨਕ ਖੁਫੀਆ ਜਾਣਕਾਰੀ ਪ੍ਰਾਪਤ ਕੀਤੀ, ਜੋ ਅਕਸਰ ਪੁਰਸ਼ ਟੀਮਾਂ ਲਈ ਮੁਸ਼ਕਲ ਹੁੰਦੀ ਹੈ। ਇਸੇ ਜਾਣਕਾਰੀ ਦੇ ਆਧਾਰ 'ਤੇ ਅਗਲੀ ਸਵੇਰ ਸਿੱਧੀਆਂ ਗ੍ਰਿਫ਼ਤਾਰੀਆਂ ਸੰਭਵ ਹੋਈਆਂ।'

ਚੁਣੌਤੀਆਂ ਬਾਰੇ ਉਨ੍ਹਾਂ ਨੇ ਕਿਹਾ, 'ਅਸੀਂ ਸਬੂਤ-ਆਧਾਰਿਤ ਪੁੱਛਗਿੱਛ ਕਰਦੇ ਹਾਂ ਤੇ ਦਬਾਅ ਵਿੱਚ ਵੀ ਸ਼ਾਂਤ ਰਹਿੰਦੇ ਹਾਂ। ਜਾਣਕਾਰੀ ਦੀ ਅਸਮਾਨਤਾ ਅਤੇ ਸਮੇਂ ਦੀ ਸੰਵੇਦਨਸ਼ੀਲਤਾ ਵੱਡੀਆਂ ਚੁਣੌਤੀਆਂ ਹਨ। ਪੁਲਿਸਿੰਗ ਵਿੱਚ ਵੱਖ-ਵੱਖ ਲੀਡਰਸ਼ਿਪ ਸ਼ੈਲੀਆਂ ਦੀ ਲੋੜ ਹੈ। ਮਹਿਲਾ ਅਧਿਕਾਰੀਆਂ ਨੂੰ ਮੁੱਖ ਧਾਰਾ ਵਿੱਚ ਲਿਆਉਣਾ ਅਤੇ ਉਨ੍ਹਾਂ ਨੂੰ ਆਪਰੇਸ਼ਨਲ ਭੂਮਿਕਾਵਾਂ ਵਿੱਚ ਤਾਇਨਾਤ ਕਰਨਾ ਸੰਸਥਾਗਤ ਮਜ਼ਬੂਤੀ ਨੂੰ ਦਰਸਾਉਂਦਾ ਹੈ।' ਉਨ੍ਹਾਂ ਨੇ ਕਿਹਾ, 'ਪੁਲਿਸਿੰਗ ਸੇਵਾ ਅਤੇ ਜ਼ਿੰਮੇਵਾਰੀ 'ਤੇ ਅਧਾਰਤ ਹੈ। ਭਾਵੇਂ ਪੁਰਸ਼ ਹੋਵੇ ਜਾਂ ਮਹਿਲਾ, ਹਰ ਅਧਿਕਾਰੀ ਦੀ ਜ਼ਿੰਮੇਵਾਰੀ ਇੱਕੋ ਜਿਹੀ ਹੁੰਦੀ ਹੈ। ਫਰੀਦਕੋਟ ਵਿੱਚ ਮੇਰੀ ਕੋਸ਼ਿਸ਼ ਇਹ ਰਹੀ ਹੈ ਕਿ ਇੱਕ ਅਜਿਹਾ ਪੁਲਿਸ ਬਲ ਤਿਆਰ ਕੀਤਾ ਜਾਵੇ, ਜਿੱਥੇ ਹਰ ਅਧਿਕਾਰੀ ਨੂੰ ਅਗਵਾਈ ਕਰਨ, ਯੋਗਦਾਨ ਪਾਉਣ ਅਤੇ ਜ਼ਮੀਨੀ ਪੱਧਰ 'ਤੇ ਬਦਲਾਅ ਲਿਆਉਣ ਲਈ ਸਮਾਨ ਮੌਕਾ ਮਿਲੇ।' 'ਗੈਂਗਸਟਰਾਂ 'ਤੇ ਵਾਰ' ਤਹਿਤ ਪੰਜਾਬ ਪੁਲਿਸ ਦੀ ਕਾਰਵਾਈ ਦੇ ਮਹੱਤਵਪੂਰਨ ਨਤੀਜੇ ਸਾਹਮਣੇ ਆਏ ਹਨ। ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ, ਪੁਲਿਸ ਬਲ ਨੇ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਨਾਲ ਸਬੰਧਤ ਪਛਾਣੇ ਗਏ ਸਥਾਨਾਂ 'ਤੇ 59,015 ਛਾਪੇ ਮਾਰੇ ਹਨ ਤੇ 21,154 ਗ੍ਰਿਫ਼ਤਾਰੀਆਂ ਕੀਤੀਆਂ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ 888 ਭਗੌੜਿਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।'

ਫਰੀਦਕੋਟ ਰੇਂਜ ਦੀ ਆਈਜੀਪੀ 'ਨਿਲਾਂਬਰੀ ਜਗਦਾਲੇ' ਨੇ ਅੱਗੇ ਕਿਹਾ ਕਿ ਇਹ ਮੁਹਿੰਮ ਅਪਰਾਧਕ ਨੈਟਵਰਕ ਨੂੰ ਜੜ੍ਹੋਂ ਖਤਮ ਕਰਨ 'ਤੇ ਕੇਂਦ੍ਰਿਤ ਹੈ। 'ਗੈਂਗਸਟਰਵਾਦ, ਨਸ਼ਾ ਤਸਕਰੀ ਅਤੇ ਸੰਗਠਿਤ ਅਪਰਾਧ ਨੂੰ ਜੜ੍ਹੋਂ ਮਿਟਾਉਣ ਦੇ ਪੱਕੇ ਇਰਾਦੇ ਨਾਲ, ਭਗਵੰਤ ਮਾਨ ਦੀ ਅਗਵਾਈ ਅਤੇ ਪੰਜਾਬ ਦੇ ਡੀਜੀਪੀ 'ਗੌਰਵ ਯਾਦਵ' ਦੇ ਨਿਰਦੇਸ਼ਾਂ ਹੇਠ, ਟੀਮਾਂ ਰਾਜ ਭਰ ਵਿੱਚ ਗੈਂਗਸਟਰਾਂ, ਉਨ੍ਹਾਂ ਦੇ ਸਾਥੀਆਂ, ਉਨ੍ਹਾਂ ਦੇ ਰਿਸ਼ਤੇਦਾਰਾਂ, ਗੈਰ-ਸਮਾਜਿਕ ਤੱਤਾਂ, ਨਸ਼ਾ ਤਸਕਰਾਂ ਤੇ ਸੰਗਠਿਤ ਅਪਰਾਧਿਕ ਗਿਰੋਹਾਂ ਦੇ ਖ਼ਿਲਾਫ਼ ਲਗਾਤਾਰ ਟੀਚਾਗਤ ਤੇ ਸਖ਼ਤ ਕਾਰਵਾਈ ਕਰ ਰਹੀਆਂ ਹਨ।'

ਫਰੀਦਕੋਟ ਰੇਂਜ ਦੀ ਆਈਜੀਪੀ ਨੇ ਕਿਹਾ,'ਇਸ ਮੁਹਿੰਮ ਦਾ ਮੁੱਖ ਮਕਸਦ ਅਪਰਾਧਿਕ ਨੈੱਟਵਰਕਾਂ ਅਤੇ ਉਨ੍ਹਾਂ ਦੀਆਂ ਗਤੀਵਿਧੀਆਂ ਨੂੰ ਜੜ੍ਹੋਂ ਖਤਮ ਕਰਨਾ ਅਤੇ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਇਸੇ ਲੜੀ ਤਹਿਤ 'ਆਪਰੇਸ਼ਨ ਪ੍ਰਹਾਰ 1.0' ਤੇ 'ਆਪਰੇਸ਼ਨ ਪ੍ਰਹਾਰ 2.0' ਸ਼ੁਰੂ ਕੀਤੇ ਗਏ ਹਨ।' ਉਨ੍ਹਾਂ ਕਿਹਾ ਕਿ ਲੀਡਰਸ਼ਿਪ ਅਤੇ ਹਿੰਮਤ ਦਾ ਲਿੰਗ ਨਾਲ ਕੋਈ ਸਬੰਧ ਨਹੀਂ ਹੈ। ਉਨ੍ਹਾਂ ਅੱਗੇ ਕਿਹਾ, 'ਮਹਿਲਾ ਹੋਵੇ ਜਾਂ ਪੁਰਸ਼, ਲੀਡਰਸ਼ਿਪ ਸਮਰੱਥਾ, ਯੋਜਨਾਬੰਦੀ ਤੇ ਹਿੰਮਤ ਕਿਸੇ ਵੀ ਲਿੰਗ 'ਤੇ ਨਿਰਭਰ ਨਹੀਂ ਕਰਦੇ। ਮੇਰਾ ਮੰਨਣਾ ਹੈ ਕਿ ਮਹਿਲਾ ਅਧਿਕਾਰੀ ਤਾਲਮੇਲ ਨਾਲ ਬਿਹਤਰ ਕੰਮ ਕਰ ਰਹੀਆਂ ਹਨ ਤੇ ਪੰਜਾਬ ਪੁਲਿਸ ਦੇ ਕਰਮਚਾਰੀਆਂ ਕੋਲ ਸ਼ਾਨਦਾਰ ਹੁਨਰ ਹੈ। ਪੀੜਤ ਤੇ ਗਵਾਹ, ਮਹਿਲਾ ਅਧਿਕਾਰੀਆਂ 'ਤੇ ਭਰੋਸਾ ਕਰਦੇ ਹਨ ਤੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰਨ ਵਿੱਚ ਹਿਚਕਿਚਾਉਂਦੇ ਨਹੀਂ ਹਨ। 'ਗੈਂਗਸਟਰਾਂ 'ਤੇ ਵਾਰ' ਤਹਿਤ ਅਸੀਂ ਵੱਖ-ਵੱਖ ਮਾਮਲਿਆਂ ਨਾਲ ਨਜਿੱਠਿਆ ਹੈ ਤੇ ਚੁਣੌਤੀਆਂ ਹਰ ਵਾਰ ਵੱਖਰੀਆਂ ਹੁੰਦੀਆਂ ਹਨ। ਸਾਨੂੰ ਹਮੇਸ਼ਾ ਅਪਰਾਧੀਆਂ ਤੋਂ ਇੱਕ ਕਦਮ ਅੱਗੇ ਰਹਿ ਕੇ ਕੰਮ ਕਰਨਾ ਹੁੰਦਾ ਹੈ।"

ਉਨ੍ਹਾਂ ਅੱਗੇ ਕਿਹਾ, 'ਕਈ ਵਾਰ ਅਪਰਾਧੀ ਸੰਘਣੀ ਆਬਾਦੀ ਵਾਲੇ ਇਲਾਕਿਆਂ ਦੀ ਵਰਤੋਂ ਕਰਕੇ ਲੋਕਾਂ ਨੂੰ ਢਾਲ ਬਣਾਉਂਦੇ ਹਨ, ਪਰ ਸਾਨੂੰ ਸਰਗਰਮ ਰਹਿ ਕੇ ਪੂਰੀ ਤਿਆਰੀ ਨਾਲ ਕੰਮ ਕਰਨਾ ਪੈਂਦਾ ਹੈ ਤਾਂ ਜੋ ਉਨ੍ਹਾਂ ਨੂੰ ਅਪਰਾਧ ਕਰਨ ਤੋਂ ਰੋਕਿਆ ਜਾ ਸਕੇ। ਅੱਜ-ਕੱਲ੍ਹ ਗੈਂਗਸਟਰ ਆਧੁਨਿਕ ਤਕਨਾਲੋਜੀ ਦਾ ਵੀ ਇਸਤੇਮਾਲ ਕਰ ਰਹੇ ਹਨ ਅਤੇ ਇਹ ਉਹ ਖੇਤਰ ਹੈ ਜਿੱਥੇ ਅਸੀਂ ਆਪਣੀਆਂ ਟੀਮਾਂ ਨੂੰ ਹੋਰ ਮਜ਼ਬੂਤ ਕੀਤਾ ਹੈ। ਮਹਿਲਾ ਅਤੇ ਪੁਰਸ਼ ਪੁਲਿਸ ਬਲ ਦਾ ਆਪਸੀ ਤਾਲਮੇਲ ਇੱਕ ਪ੍ਰਗਤੀਸ਼ੀਲ ਰਾਜ ਦਾ ਸਕਾਰਾਤਮਕ ਸੰਕੇਤ ਹੈ। ਇਹ ਨੌਜਵਾਨਾਂ ਲਈ ਵੀ ਪ੍ਰੇਰਣਾਦਾਇਕ ਹੈ, ਜੋ ਕਿ ਕਮਿਊਨਿਟੀ ਪੁਲਿਸਿੰਗ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਹੈ।' ਇਨ੍ਹਾਂ ਮੁਹਿੰਮਾਂ ਨੇ ਸੰਗਠਿਤ ਅਪਰਾਧਿਕ ਨੈੱਟਵਰਕਾਂ ਦੇ ਵਿੱਤੀ ਤੇ ਲਾਜਿਸਟਿਕ ਢਾਂਚੇ ਨੂੰ ਵੀ ਤਬਾਹ ਕਰਕੇ ਇਸ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਗਈ ਹੈ। ਕਾਲ ਡੀਟੇਲ ਰਿਕਾਰਡ, ਟਾਵਰ ਡੰਪ ਤੇ ਆਈਪੀ ਡਾਟਾ ਦੇ ਆਧੁਨਿਕ ਵਿਸ਼ਲੇਸ਼ਣ ਰਾਹੀਂ ਪੰਜਾਬ ਪੁਲਿਸ ਨੇ ਗੈਂਗਸਟਰਾਂ ਅਤੇ ਉਨ੍ਹਾਂ ਦੇ ਸਹਿਯੋਗੀ ਨੈੱਟਵਰਕਾਂ 'ਤੇ ਟੀਚਾਗੱਤ ਛਾਪੇ ਮਾਰੇ ਹਨ, ਜਿਸ ਨਾਲ ਵਿਆਪਕ ਤਸਦੀਕ ਅਤੇ ਖੁਫੀਆ-ਆਧਾਰਿਤ ਕਾਰਵਾਈ ਨੂੰ ਯਕੀਨੀ ਬਣਾਇਆ ਗਿਆ ਹੈ।

ਐਸਐਸਪੀ ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਪੁਲਿਸਿੰਗ ਦੇ ਨਤੀਜਿਆਂ ਨੂੰ ਮਜ਼ਬੂਤ ਕਰਨ ਵਿੱਚ ਕਮਿਊਨਿਟੀ ਭਾਗੀਦਾਰੀ ਨੂੰ ਮਹੱਤਵਪੂਰਨ ਦੱਸਿਆ। ਉਨ੍ਹਾਂ ਨੇ ਕਿਹਾ,'ਗੈਂਗਸਟਰਾਂ 'ਤੇ ਵਾਰ' ਦੇ ਤਹਿਤ, ਖੰਨਾ ਪੁਲਿਸ ਭਾਈਚਾਰਕ ਭਾਗੀਦਾਰੀ ਨੂੰ ਇੱਕ ਮੁੱਖ ਰਣਨੀਤੀ ਵਜੋਂ ਮਜ਼ਬੂਤ ਕਰ ਰਹੀ ਹੈ। ਹਾਲਾਂਕਿ ਇਸਨੂੰ ਅਕਸਰ 'ਸਾਫਟ ਪੁਲਿਸਿੰਗ' ਕਿਹਾ ਜਾਂਦਾ ਹੈ, ਪਰ ਇਸ ਪਹੁੰਚ ਨੇ ਜ਼ਮੀਨੀ ਪੱਧਰ 'ਤੇ ਮਜ਼ਬੂਤ ਪ੍ਰਭਾਵ ਦਿਖਾਇਆ ਹੈ, ਖ਼ਾਸਕਰ ਸੰਵੇਦਨਸ਼ੀਲ ਇਲਾਕਿਆਂ ਵਿੱਚ ਜਿੱਥੇ ਸਿਵਲ ਪ੍ਰਸ਼ਾਸਨ ਨਾਲ ਮਿਲ ਕੇ ਕਾਰਵਾਈ ਕੀਤੀ ਗਈ ਹੈ। 'ਘਰ-ਘਰ ਸੰਪਰਕ ਮੁਹਿੰਮ' ਦੇ ਜ਼ਰੀਏ ਸਾਡੀਆਂ ਟੀਮਾਂ ਬਿਨਾਂ ਵਰਦੀ, ਸਿਵਲ ਕੱਪੜਿਆਂ ਵਿੱਚ ਸਿੱਧੇ ਲੋਕਾਂ ਨਾਲ ਜੁੜ ਰਹੀਆਂ ਹਨ। ਉਹ ਘਰ-ਘਰ ਜਾ ਕੇ ਲੋਕਾਂ ਦੀਆਂ ਸ਼ਿਕਾਇਤਾਂ ਸੁਣ ਰਹੀਆਂ ਹਨ ਤੇ ਮਹੱਤਵਪੂਰਨ ਮਨੁੱਖੀ ਖੁਫੀਆ ਜਾਣਕਾਰੀ ਇਕੱਠੀ ਕਰ ਰਹੀਆਂ ਹਨ।' ਐਸਐਸਪੀ ਖੰਨਾ ਨੇ ਕਿਹਾ,'ਅਪਰਾਧ ਦੇ ਖ਼ਿਲਾਫ਼ ਲੜਾਈ ਇੱਕ ਸਾਂਝੀ ਲੜਾਈ ਹੈ, ਜਿਸਨੂੰ ਸਿਰਫ਼ ਪੁਲਿਸ ਇਕੱਲੀ ਨਹੀਂ ਜਿੱਤ ਸਕਦੀ, ਸਗੋਂ ਪੰਜਾਬ ਦੇ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਹੀ ਜਿੱਤਿਆ ਜਾ ਸਕਦਾ ਹੈ।' ਆਪਰੇਸ਼ਨ ਪ੍ਰਹਾਰ ਤਹਿਤ ਕੀਤੀਆਂ ਗ੍ਰਿਫ਼ਤਾਰੀਆਂ ਨੂੰ ਸਹਿਯੋਗੀਆਂ, ਰਿਸ਼ਤੇਦਾਰਾਂ ਅਤੇ ਅਣਪਛਾਤੇ ਵਿਅਕਤੀਆਂ ਦੀਆਂ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਹੈ। ਇਨ੍ਹਾਂ ਨੂੰ ਅੱਗੇ ਏ+, ਏ ਤੇ ਬੀ ਸ਼੍ਰੇਣੀਆਂ ਵਿੱਚ ਵੀ ਵੰਡਿਆ ਗਿਆ ਹੈ, ਤਾਂ ਜੋ ਅਪਰਾਧੀਆਂ ਦੀ ਬਿਹਤਰ ਨਿਗਰਾਨੀ ਯਕੀਨੀ ਬਣਾਈ ਜਾ ਸਕੇ ਅਤੇ ਸਮੁੱਚੇ ਪੰਜਾਬ ਵਿੱਚ ਇਹਤਿਆਤੀ ਹਿਰਾਸਤ, ਪੁੱਛਗਿੱਛ ਤੇ ਕਾਨੂੰਨੀ ਕਾਰਵਾਈ ਦੀਆਂ ਰਣਨੀਤੀਆਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

## ਸਾਂਸਦ ਵਿਕਰਮ ਜੀਤ ਸਿੰਘ ਸਾਹਨੀ ਵੱਲੋਂ ਬੀ.ਬੀ. ਐਮ.ਬੀ. ਨਿਯਮਾਂ ਦੀ ਸਮੀਖਿਆ ਦੀ ਮੰਗ



ਚੰਡੀਗੜ੍ਹ, 14 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐਮਬੀ) ਨਿਯਮਾਂ, 1974 ਵਿੱਚ ਹਾਲ ਹੀ ਵਿੱਚ ਕੀਤੇ ਗਈ ਸੋਧ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ, ਜਿਸ ਅਧੀਨ ਪੰਜਾਬ ਤੇ ਹਰਿਆਣਾ ਤੋਂ ਬਾਹਰ ਦੇ ਉਮੀਦਵਾਰਾਂ ਨੂੰ ਉੱਚ ਅਹੁਦੇ ਦਿੱਤੇ ਜਾ ਸਕਦੇ ਹਨ।ਡਾ. ਸਾਹਨੀ ਨੇ ਕਿਹਾ ਕਿ ਇਹ ਕਦਮ ਦਹਾਕਿਆਂ ਪੁਰਾਣੀਆਂ ਪਰੰਪਰਾਵਾਂ ਨੂੰ ਤੋੜਦਾ ਹੈ ਅਤੇ ਭਾਗੀਦਾਰ ਰਾਜਾਂ ਦੀ ਯਕੀਨੀ ਪ੍ਰਤੀਨਿਧਤਾ ਨੂੰ ਕਮਜ਼ੋਰ ਕਰਕੇ ਸੰਘੀ ਭਾਵਨਾ ਨੂੰ ਕਮਜ਼ੋਰ ਕਰਦਾ ਹੈ, ਜਿਸਨੂੰ ਹੁਣ ਸਿਰਫ਼ ਇੱਕ ਰਸਮ ਤੱਕ ਹੀ ਸੀਮਤ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ, ਦਹਾਕਿਆਂ ਪੁਰਾਣੀ ਤੇ ਸਥਾਪਿਤ ਪਰੰਪਰਾ ਦੇ ਅਨੁਸਾਰ, ਮੈਂਬਰ (ਊਰਜਾ) ਦਾ ਅਹੁਦਾ ਰਵਾਇਤੀ ਤੌਰ 'ਤੇ ਪੰਜਾਬ ਕੋਲ ਰਿਹਾ ਹੈ, ਜਦੋਂ ਕਿ ਮੈਂਬਰ (ਸਿੰਚਾਈ) ਹਰਿਆਣਾ ਦੀ ਨੁਮਾਇੰਦਗੀ ਕਰਦਾ ਹੈ - ਜਿਸਨੇ ਬੀਬੀਐਮਬੀ ਦੇ ਕੰਮਕਾਜ ਵਿੱਚ ਸੰਤੁਲਨ ਅਤੇ ਇਕਸਾਰਤਾ ਬਣਾਈ ਰੱਖੀ ਹੈ।

ਪੰਜਾਬ ਦੀ ਮਹੱਤਵਪੂਰਨ ਹਿੱਸੇਦਾਰੀ ਤੇ ਜ਼ਿੰਮੇਵਾਰੀ ਨੂੰ ਰੇਖਾਂਕਿਤ ਕਰਦੇ ਹੋਏ, ਡਾ. ਸਾਹਨੀ ਨੇ ਕਿਹਾ ਕਿ ਰਾਜ ਨੂੰ ਉਸਦੇ ਪਾਣੀ ਤੇ ਬਿਜਲੀ ਅਧਿਕਾਰਾਂ ਨਾਲ ਸਬੰਧਤ ਫੈਸਲਿਆਂ ਵਿੱਚ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕੇਂਦਰ ਸਰਕਾਰ ਨੂੰ ਇਸ ਨੋਟੀਫਿਕੇਸ਼ਨ 'ਤੇ ਮੁੜ ਵਿਚਾਰ ਕਰਨ ਤੇ ਬੀਬੀਐਮਬੀ ਦੇ ਸ਼ਾਸਨ ਵਿੱਚ ਪੰਜਾਬ ਤੇ ਹਰਿਆਣਾ ਦੀ ਢੁਕਵੀਂ ਪ੍ਰਤੀਨਿਧਤਾ ਨੂੰ ਯਕੀਨੀ ਬਣਾਉਣ ਵਾਲੀ ਸਥਾਪਿਤ ਪਰੰਪਰਾ ਨੂੰ ਬਹਾਲ ਕਰਨ ਦੀ ਅਪੀਲ ਕੀਤੀ।

## ਉਪ ਰਾਸ਼ਟਰਪਤੀ, ਉਪ ਰਾਜਪਾਲ ਤੇ ਮਨਜਿੰਦਰ ਸਿੰਘ ਸਿਰਸਾ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਨਤਮਸਤਕ ਹੋਏ

ਨਵੀਂ ਦਿੱਲੀ, 14 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਭਾਰਤ ਦੇ ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਲ, ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਤੇ ਦਿੱਲੀ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਖਾਲਸਾ ਸਾਜਨਾ ਦਿਵਸ ਦੇ ਮੌਕੇ 'ਤੇ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਉਪ ਰਾਸ਼ਟਰਪਤੀ, ਉਪ ਰਾਜਪਾਲ ਤੇ ਮੰਤਰੀ ਸਿਰਸਾ ਨੂੰ ਸਿਰੋਪਾਓ, ਸਿਰੀ ਸਾਹਿਬ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਸਮੁੱਚੀ ਮਨੁੱਖਤਾ ਨੂੰ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੀ ਵਧਾਈ ਦਿੰਦਿਆਂ ਕਿਹਾ ਕਿ 1699 ਦੀ ਵਿਸਾਖੀ ਨੂੰ ਸਾਹਿਬ ਏ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਖਾਲਸਾ ਪੰਥ ਦੀ ਸਾਜਨਾ ਕਰ ਕੇ ਦੁਨੀਆਂ ਨੂੰ ਇਕ ਮਾਰਸ਼ਲ ਕੌਮ ਦਿੱਤੀ। ਉਹਨਾਂ ਕਿਹਾ ਕਿ ਅੱਜ ਇਸ ਕੌਮ ਦੇ ਮੈਂਬਰ ਨਾ ਸਿਰਫ ਭਾਰਤ ਬਲਕਿ ਦੇਸ਼ਾਂ ਵਿਦੇਸ਼ਾਂ ਵਿਚ ਆਪਣੀ ਬਹਾਦਰੀ, ਦਲੇਰੀ ਤੇ ਨਿਮਰਤਾ ਨਾਲ ਮਨੁੱਖਤਾ ਦੀ ਸੇਵਾ ਵਾਸਤੇ ਜਾਣੀ ਜਾਂਦੀ ਹੈ। ਉਹਨਾਂ ਕਿਹਾ ਕਿ ਭਾਰਤ ਦੀਆਂ ਸਰਹੱਦਾਂ ਦੀ ਰਾਖੀ ਤੇ ਮਨੁੱਖਤਾ ਦੀ ਸੇਵਾ ਵਿਚ ਸਿੱਖ ਕੌਮ ਦਾ ਸਭ ਤੋਂ ਵੱਡਾ ਯੋਗਦਾਨ ਹੈ ਹਾਲਾਂਕਿ ਇਸ ਕੌਮ ਦੀ ਆਬਾਦੀ ਮੁਤਾਬਕ ਗਿਣਤੀ ਸਿਰਫ 2 ਫੀਸਦੀ ਹੈ।





ਇਸ ਮੌਕੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਵੀ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਖਾਲਸੇ ਦੀ ਸਾਜਨਾ ਬੇਸ਼ੱਕ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਗੁਰੂ ਸਾਹਿਬ ਨੇ ਕੀਤੀ ਪਰ ਅੱਜ ਇਹ ਦਿਹਾੜਾ ਸੰਸਾਰ ਭਰ ਵਿਚ ਬਹੁਤ ਵੱਡੀ ਪੱਧਰ 'ਤੇ ਮਨਾਇਆ ਜਾਂਦਾ ਹੈ। ਇਸ ਦਿਨ ਗੁਰੂ ਘਰਾਂ ਵਿਚ ਵੱਡੇ ਗੁਰਮਤਿ ਸਮਾਗਮ ਹੁੰਦੇ ਹਨ ਤੇ ਸੰਗਤਾਂ ਵੱਡੀ ਗਿਣਤੀ ਵਿਚ ਗੁਰੂ ਘਰਾਂ ਵਿਚ ਨਤਮਸਤਕ ਹੋ ਕੇ ਲੰਗਰਾਂ ਵਿਚ ਸੇਵਾਵਾਂ ਨਿਭਾਉਂਦੀਆਂ ਹਨ। ਉਹਨਾਂ ਕਿਹਾ ਕਿ ਉਹਨਾਂ ਨੂੰ ਮਾਣ ਹੈ ਕਿ ਉਹ ਇਸ ਕੌਮ ਦੇ ਨਿਮਾਣੇ ਸੇਵਕ ਹਨ।

ਇਸ ਮੌਕੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਵੀ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਗੁਰੂ ਸਾਹਿਬ ਦਾ ਹੀ ਪ੍ਰਤਾਪ ਹੈ ਕਿ ਇਹਨਾਂ ਇਤਿਹਾਸਕ ਗੁਰੂ ਘਰਾਂ ਵਿਚ ਵੱਡੀ-ਵੱਡੀਆਂ ਸ਼ਖਸੀਅਤਾਂ ਨਿਮਾਣਿਆਂ ਵਜੋਂ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਦੀਆਂ ਹਨ।

## ਕੁਲਤਾਰ ਸਿੰਘ ਸੰਧਵਾਂ ਵੱਲੋਂ ਕਣਕ ਦੀ ਫ਼ਸਲ ਨੂੰ ਅੱਗ ਤੋਂ ਬਚਾਉਣ ਲਈ ਸਾਵਧਾਨੀਆਂ ਵਰਤਣ ਦੀ ਅਪੀਲ

### ਜ਼ਿਲ੍ਹਾ ਅਧਿਕਾਰੀਆਂ ਨੂੰ ਪਿੰਡ ਸੰਧਵਾਂ ਤੇ ਕੋਠੇ ਗੱਜਣ ਸਿੰਘ ਵਿੱਚ ਅੱਗ ਲੱਗਣ ਕਾਰਨ ਹੋਏ ਨੁਕਸਾਨ ਦੀ ਰਿਪੋਰਟ ਭੇਜਣ ਦੇ ਨਿਰਦੇਸ਼

ਚੰਡੀਗੜ੍ਹ, 14 ਅਪ੍ਰੈਲ (ਚ.ਨ.ਸ.): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਸੰਧਵਾਂ ਤੇ ਕੋਠੇ ਗੱਜਣ ਸਿੰਘ ਵਿੱਚ ਅੱਗ ਲੱਗਣ ਕਾਰਨ ਕਣਕ ਦੀ ਫ਼ਸਲ ਦੇ ਹੋਏ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਉਨ੍ਹਾਂ ਐਸਡੀਐਮ ਕੋਟਕਪੂਰਾ ਨੂੰ ਤੁਰੰਤ ਨੁਕਸਾਨ ਦੀ ਰਿਪੋਰਟ ਭੇਜਣ ਅਤੇ ਮੁਆਵਜ਼ਾ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਸਾਨਾਂ ਨੂੰ ਕਣਕ ਦੀ ਫ਼ਸਲ ਨੂੰ ਅੱਗ ਤੋਂ ਬਚਾਉਣ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਤਾਂ ਜੋ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ। ਜ਼ਿਕਰਯੋਗ ਹੈ ਕਿ ਪਿੰਡ ਸੰਧਵਾਂ ਵਿੱਚ ਲਗਭਗ 8 ਏਕੜ ਕਣਕ ਦੀ ਫ਼ਸਲ ਅਤੇ ਕੋਠੇ ਗੱਜਣ ਸਿੰਘ ਵਿੱਚ ਲਗਭਗ 10 ਏਕੜ ਕਣਕ ਦੀ ਫ਼ਸਲ ਅੱਗ ਲੱਗਣ ਕਾਰਨ ਤਬਾਹ ਹੋ ਗਈ।

ਸਪੀਕਰ ਸੰਧਵਾਂ ਨੇ ਕਿਸਾਨਾਂ ਨੂੰ ਕਣਕ ਦੀ ਵਾਢੀ ਮੁਕੰਮਲ ਹੋਣ ਤੱਕ ਪੂਰੀ ਸਾਵਧਾਨੀ ਵਰਤਣ ਦੀ ਅਪੀਲ ਕੀਤੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਧਦੇ ਤਾਪਮਾਨ ਕਾਰਨ ਤੇਜ਼ ਹਵਾਵਾਂ ਚੱਲਣ, ਬਿਜਲੀ ਦੇ ਸ਼ਾਰਟ ਸਰਕਟ ਜਾਂ ਮਜ਼ਦੂਰਾਂ ਵੱਲੋਂ ਵਰਤੀਆਂ ਜਾਂਦੀਆਂ ਬੀੜੀਆਂ-ਸਿਗਰਟਾਂ ਅਜਿਹੀਆਂ ਘਟਨਾਵਾਂ ਦੇ ਮੁੱਖ ਕਾਰਨ ਹਨ। ਉਨ੍ਹਾਂ ਅੱਗੇ ਕਿਹਾ ਕਿ ਸੜਕਾਂ ਕੱਚੀਆਂ ਹੋਣ ਕਾਰਨ ਮੌਕੇ 'ਤੇ ਸਹਾਇਤਾ ਪਹੁੰਚਣ ਵਿੱਚ ਦੇਰੀ ਹੋ ਸਕਦੀ ਹੈ ਇਸ ਲਈ ਪਿੰਡ ਪੱਧਰ 'ਤੇ ਪਹਿਲਾਂ ਤੋਂ ਤਿਆਰ ਰਹਿਣਾ ਬੇਹੱਦ ਜ਼ਰੂਰੀ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਹੇਠ ਲਿਖੀਆਂ ਸਾਵਧਾਨੀਆਂ ਵਰਤਣ: ਟਰਾਂਸਫਾਰਮਰ ਦੇ ਨੇੜੇ ਵਾਲੀ ਕਣਕ ਦੀ ਵਾਢੀ ਪਹਿਲਾਂ ਹੀ ਕਰ ਲਈ ਜਾਵੇ। ਜੇਕਰ ਪਾਣੀ ਦੀ ਲੋੜ ਨਾ ਹੋਵੇ ਤਾਂ ਟ੍ਰਾਂਸਫਾਰਮਰ ਸਵਿੱਚ ਬੰਦ ਰੱਖਿਆ ਜਾਵੇ। ਖੇਤਾਂ ਵਿੱਚ ਪਾਣੀ ਦੀ ਉਪਲਬਧਤਾ ਨੂੰ ਯਕੀਨੀ ਬਣਾਈ ਜਾਵੇ ਅਤੇ ਟੋਇਆਂ ਵਿੱਚ ਪਾਣੀ ਖੜ੍ਹਾ ਰੱਖਿਆ ਜਾਵੇ। ਟੈਂਕਾਂ ਨੂੰ ਪਾਣੀ ਨਾਲ ਭਰ ਕੇ ਸਾਂਝੀਆਂ ਥਾਵਾਂ 'ਤੇ ਰੱਖਿਆ ਜਾਣਾ ਚਾਹੀਦਾ ਹੈ ਅਤੇ ਪਾਈਪਾਂ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ।

ਵੱਡੇ ਸਪਰੇਅ ਪੰਪ ਤਿਆਰ ਰੱਖੇ ਜਾਣੇ ਚਾਹੀਦੇ ਹਨ ਅਤੇ ਉਨ੍ਹਾਂ ਦੇ ਸੰਪਰਕ ਨੰਬਰ ਸਾਂਝੇ ਕੀਤੇ ਜਾਣੇ ਚਾਹੀਦੇ ਹਨ। ਛੋਟੇ ਸਪਰੇਅ ਪੰਪ ਵੀ ਤਿਆਰ ਰੱਖੇ ਜਾਣੇ ਚਾਹੀਦੇ ਹਨ ਅਤੇ ਪਾਣੀ ਅਤੇ ਪੈਟਰੋਲ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ। ਅੱਗ ਬੁਝਾਊ ਯੰਤਰ ਸਾਂਝੇ ਤੌਰ 'ਤੇ ਖਰੀਦੇ ਜਾਣੇ ਚਾਹੀਦੇ ਹਨ। ਮਜ਼ਦੂਰਾਂ ਨੂੰ ਅੱਗ ਦੀ ਵਰਤੋਂ ਕਰਦੇ ਸਮੇਂ ਸਾਵਧਾਨ ਰਹਿਣ ਲਈ ਕਿਹਾ ਜਾਣਾ ਚਾਹੀਦਾ ਹੈ। ਅੱਗ ਬੁਝਾਉਣ ਲਈ ਪਿੰਡ ਦੇ ਨੌਜਵਾਨਾਂ ਦੀ ਇੱਕ ਟੀਮ ਨੂੰ ਤਿਆਰ ਰੱਖਿਆ ਜਾਣਾ ਚਾਹੀਦਾ ਹੈ।

ਖੇਤਾਂ ਵਿੱਚ ਹਲ ਰੱਖਣੇ ਚਾਹੀਦੇ ਹਨ ਤਾਂ ਜੋ ਲੋੜ ਪੈਣ 'ਤੇ ਇਸਦੀ ਤੁਰੰਤ ਵਰਤੋਂ ਕੀਤੀ ਜਾ ਸਕੇ। ਹਰੇਕ ਕਿਸਾਨ ਕੋਲ ਲੋੜੀਂਦੇ ਸੰਪਰਕ ਨੰਬਰ (ਗੁਰਦੁਆਰਾ ਸਾਹਿਬ, ਬਿਜਲੀ ਗਰਿੱਡ ਆਦਿ) ਹੋਣੇ ਚਾਹੀਦੇ ਹਨ। ਇਨ੍ਹਾਂ ਦਿਨਾਂ ਦੌਰਾਨ, ਸ਼ਰਾਬ ਆਦਿ ਤੋਂ ਦੂਰ ਰਹਿਣਾ ਚਾਹੀਦਾ ਹੈ ਤਾਂ ਜੋ ਕਿਸਾਨ ਹਰ ਸਮੇਂ ਸੁਚੇਤ ਰਹਿ ਸਕਣ। ਅੰਤ ਵਿੱਚ ਉਨ੍ਹਾਂ ਕਿਹਾ ਕਿ ਜੇਕਰ ਇਹ ਸਾਵਧਾਨੀਆਂ ਵਰਤੀਆਂ ਜਾਣ ਤਾਂ ਫਸਲ ਨੂੰ ਅੱਗ ਵਰਗੀਆਂ ਘਟਨਾਵਾਂ ਤੋਂ ਕਾਫ਼ੀ ਹੱਦ ਤੱਕ ਬਚਾਇਆ ਜਾ ਸਕਦਾ ਹੈ।

# ਦਿੱਲੀ ਗੁਰਦੁਆਰਾ ਕਮੇਟੀ ਨੇ ਖ਼ਾਲਸਾ ਸਾਜਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਨਵੀਂ ਦਿੱਲੀ, 14 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖਾਲਸਾ ਸਾਜਣਾ ਦਿਵਸ ਤੇ ਵਿਸਾਖੀ ਦਾ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰੂ ਘਰਾਂ ਵਿਚ ਗੁਰਮਤਿ ਸਮਾਗਮ ਹੋਏ ਤੇ ਮੁੱਖ ਸਮਾਗਮ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋਇਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਕਮੇਟੀ ਵੱਲੋਂ ਅੰਮ੍ਰਿਤ ਸੰਚਾਰ ਲਈ ਆਰੰਭੀ ਗਈ ਲਹਿਰ ਦੇ ਤਹਿਤ ਦੋ ਦਿਨ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਚਲਾਈ ਗਈ ਅੰਮ੍ਰਿਤ ਛਕਾਉਣ ਦੀ ਮੁਹਿੰਮ ਤਹਿਤ ਅੱਜ ਦੁਪਹਿਰ ਤੱਕ ਦੋ ਦਿਨਾਂ ਵਿਚ 800 ਤੋਂ ਜ਼ਿਆਦਾ ਸੰਗਤਾਂ ਅੰਮ੍ਰਿਤ ਛੱਕ ਕੇ ਗੁਰੂ ਵਾਲੀਆਂ ਬਣ ਗਈਆਂ ਹਨ ਜਦੋਂ ਕਿ ਮੁਹਿੰਮ ਦੇਰ ਸ਼ਾਮ ਤੱਕ ਚੱਲਣ ਦਾ ਅੰਦਾਜ਼ਾ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਪਿਛਲੇ ਇਕ ਮਹੀਨੇ ਦੌਰਾਨ ਅਸੀਂ ਦਿੱਲੀ ਦੇ ਵੱਖ-ਵੱਖ ਇਲਾਕਿਆਂ 'ਚ ਕੈਂਪ ਲਗਾ ਕੇ 1 ਹਜ਼ਾਰ ਤੋਂ ਵੱਧ ਲੋਕਾਂ ਨੂੰ ਅੰਮ੍ਰਿਤ ਛਕਾਉਣ ਵਿਚ ਸਫਲਤਾ ਹਾਸਲ ਕੀਤੀ ਹੈ ਤੇ ਇਸ ਤਰੀਕੇ ਹੁਣ ਤੱਕ 1800 ਪ੍ਰਾਣੀ ਇਕ ਮਹੀਨੇ ਵਿਚ ਗੁਰੂ ਵਾਲੇ ਬਣ ਚੁੱਕੇ ਹਨ।

ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਧਾਰਮਿਕ ਖੇਤਰ ਵਿਚ ਕਾਰਜਾਂ ਦੇ ਨਾਲ-ਨਾਲ ਅਸੀਂ ਸਿਹਤ ਤੇ ਮੈਡੀਕਲ ਸਹੂਲਤਾਂ ਦੇਣ ਦੇ ਖੇਤਰ ਵਿਚ ਵੀ ਲਗਾਤਾਰ ਕੰਮ ਕਰ ਰਹੇ ਹਾਂ। ਉਹਨਾਂ ਦੱਸਿਆ ਕਿ 50 ਬਿਸਤਰਿਆਂ ਦਾ ਜਿਹੜਾ ਬਾਲਾ ਜੀ ਹਸਪਤਾਲ ਕੁਝ ਰੁਪਏ ਵਿਚ ਟੈਸਟ ਕਰਵਾ ਚੁੱਕੇ ਹਨ ਜਦੋਂ ਕਿ ਮੁਫਤ ਚੱਲਦੇ ਡਾਇਲਸਿਸ ਸੈਂਟਰ ਵਿਚ ਡੇਢ ਲੱਖ ਲੋਕਾਂ ਦਾ ਇਲਾਜ ਹੋ ਚੁੱਕਾ ਹੈ ਤੇ ਬਾਲਾ ਪ੍ਰੀਤਮ ਦਵਾਖਾਨਿਆਂ ਵਿਚ ਬਜ਼ਾਰ ਨਾਲੋਂ 30 ਤੋਂ ਲੈ ਕੇ 50 ਫੀਸਦੀ ਤੱਕ ਸਸਤੀਆਂ ਦਵਾਈਆਂ ਉਪਲਬਧ ਕਰਵਾਉਣ ਦੀ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਵੱਲੋਂ ਐਲਾਨੀ ਜਾਵੇਗੀ ਜੋ ਅਜਿਹੇ ਕੇਸਾਂ ਦੀ ਮਨਜ਼ੂਰੀ ਦੇਵੇਗੀ। ਉਹਨਾਂ ਕਿਹਾ ਕਿ ਅਸੀਂ ਦਿੱਲੀ ਦੀ ਸੰਗਤ ਦੇ ਸਹਿਯੋਗ ਨਾਲ ਧਾਰਮਿਕ, ਸਿੱਖਿਆ ਤੇ ਸਿਹਤ ਖੇਤਰ ਵਿਚ ਲਗਾਤਾਰ ਕੰਮ ਕਰਦੇ ਆ



ਪਹਿਲਾਂ ਸ਼ੁਰੂ ਕੀਤਾ ਗਿਆ, ਉਸ ਵਿਚ ਦਿਲ ਦੇ ਰੋਗਾਂ ਦਾ ਵਿਭਾਗ ਜਲਦੀ ਹੀ ਕੰਮ ਕਰਨਾ ਸ਼ੁਰੂ ਕਰ ਦੇਵੇਗਾ ਤੇ ਨਾਂ ਮਾਤਰ ਫੀਸ 'ਤੇ ਇਥੇ ਮਰੀਜ਼ਾਂ ਦਾ ਇਲਾਜ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸੇ ਤਰੀਕੇ ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿਚ ਲਗਾਈਆਂ ਗਈਆਂ ਐਮ ਆਰ ਆਈ/ਸੀ ਟੀ ਸਕੈਨ ਮਸ਼ੀਨਾਂ ਤੋਂ ਹੁਣ ਤੱਕ ਸਵਾ ਲੱਖ ਤੋਂ ਵੱਧ ਮਰੀਜ਼ 50 ਸੇਵਾ ਜਾਰੀ ਹੈ।

ਉਹਨਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿਚ ਅਸੀਂ ਪਹਿਲਾਂ ਹੀ ਐਲਾਨ ਕਰ ਚੁੱਕੇ ਹਾਂ ਕਿ ਜਿਹੜੇ ਪਰਿਵਾਰ ਪੂਰਨ ਅੰਮ੍ਰਿਤਧਾਰੀ ਹੋਣਗੇ, ਉਹਨਾਂ ਦੇ ਬੱਚੇ ਭਾਵੇਂ ਜਿਹੜੇ ਮਰਜ਼ੀ ਸਕੂਲ ਜਾਂ ਕਾਲਜ ਵਿਚ ਪੜ੍ਹਦੇ ਹੋਣ, ਉਹਨਾਂ ਦੀ ਫੀਸ ਦਾ ਖਰਚਾ ਦਿੱਲੀ ਗੁਰਦੁਆਰਾ ਕਮੇਟੀ ਚੁੱਕੇਗੀ। ਉਹਨਾਂ ਕਿਹਾ ਕਿ ਜਲਦੀ ਇਸ ਮਾਮਲੇ ਵਿਚ ਇਕ ਕਮੇਟੀ ਰਹੇ ਹਾਂ ਤੇ ਸੇਵਾਵਾਂ ਵਿਚ ਵਿਸਤਾਰ ਕੀਤਾ ਜਾ ਰਿਹਾ ਹੈ ਜਿਸਦਾ ਫਾਇਦਾ ਸੰਗਤਾਂ ਨੂੰ ਹੀ ਮਿਲ ਰਿਹਾ ਹੈ। ਉਹਨਾਂ ਇਹ ਵੀ ਕਿਹਾ ਕਿ ਨਵੰਬਰ ਮਹੀਨੇ ਵਿਚ ਜਦੋਂ ਅਸੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੀ ਵਰ੍ਹੇਗੰਢ ਦੀ ਸਮਾਪਤੀ ਕਰਾਂਗੇ ਤਾਂ ਉਸ ਵੇਲੇ ਵੀ ਵੱਡੇ ਸਮਾਗਮ ਕੀਤੇ ਜਾਣਗੇ ਜਿਹਨਾਂ ਵਿਚ ਸੰਗਤਾਂ ਵੱਧ ਚੜ੍ਹ ਕੇ ਸ਼ਾਮਲ ਹੋਣਗੀਆਂ।





ਰਾਜਪੁਰਾ ਦੇ ਕੇਂਦਰੀ ਗੁਰਦੁਆਰਾ ਸਿੰਘ ਸਭਾ ਵਿਖੇ ਵਿਸਾਖੀ ਮੌਕੇ ਪ੍ਰਧਾਲ ਅਰਵਿੰਦ ਸਿੰਘ ਕੰਗ, ਅੰਮ੍ਰਿਤਪਾਲ ਸਿੰਘ ਡਾਇਰੈਕਟਰ ਚੜ੍ਹਦੀਕਲਾ ਦਿੱਲੀ ਤੇ ਸੁਖਵਿੰਦਰ ਕੌਰ ਨੂੰ ਸਨਮਾਨਤ ਕਰਦੇ ਹੋਏ। ਨਾਲ ਨਜ਼ਰ ਆ ਰਹੇ ਹਨ ਸਮੂਹ ਕਮੇਟੀ ਮੈਂਬਰ।


## ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦਾਸਪੁਰ ਸਪਲੀਮੈਂਟ






ਬਲਵਿੰਦਰ ਸਿੰਘ ਹਰੂਵਾਲ ਚੇਅਰਮੈਨ | ਡਾ. ਸਤਵਿੰਦਰ ਸਿੰਘ ਸੰਧੂ ਚੇਅਰਮੈਨ | ਰਿਸ਼ਬਦੀਪ ਸਿੰਘ ਸੰਧੂ ਐਮ.ਡੀ | ਪ੍ਰਧਾਨ ਬਲਵਿੰਦਰ ਸਿੰਘ





















## ਸੰਪਾਦਕੀ

# ਨਾਕੇਬੰਦੀ ਤੇ ਗੁੰਝਲਾਂ

ਲੱਗਭੱਗ ਡੇਢ ਮਹੀਨੇ ਬਾਅਦ, ਈਰਾਨ ਅਤੇ ਅਮਰੀਕਾ ਵਿਚਕਾਰ ਬਹੁਤ ਮੁਸ਼ਕਲ ਨਾਲ ਗੱਲਬਾਤ ਸ਼ੁਰੂ ਹੋਈ ਤਾਂ ਜੋ ਜੰਗਬੰਦੀ ਅਤੇ ਫਿਰ ਸ਼ਾਂਤੀ ਦਾ ਰਾਹ ਪੱਧਰਾ ਕੀਤਾ ਜਾ ਸਕੇ। ਦੋਵਾਂ ਦੇਸ਼ਾਂ ਦੇ ਪਿਛਲੇ ਅਤੇ ਮੌਜੂਦਾ ਸਬੰਧਾਂ ਨੂੰ ਦੇਖਦੇ ਹੋਏ, ਅਚਾਨਕ ਆਮ ਵਾਂਗ ਵਾਪਸੀ ਦੀ ਬਹੁਤੀ ਉਮੀਦ ਨਹੀਂ ਸੀ, ਪਰ ਘੱਟੋ ਘੱਟ ਜੰਗ ਨੂੰ ਰੋਕਣ ਅਤੇ ਲੰਬੇ ਸਮੇਂ ਦਾ ਹੱਲ ਲੱਭਣ ਲਈ ਗੱਲਬਾਤ ਜਾਰੀ ਰੱਖਣ ਦੀ ਜਗ੍ਹਾ ਸੀ। ਅਫ਼ਸੋਸ ਦੀ ਗੱਲ ਹੈ ਕਿ ਇਸਲਾਮਾਬਾਦ, ਪਾਕਿਸਤਾਨ ਵਿੱਚ ਗੱਲਬਾਤ ਦੀ ਅਸਫਲਤਾ ਤੋਂ ਬਾਅਦ, ਗੱਲਬਾਤ ਰਾਹੀਂ ਸ਼ਾਂਤੀ ਦੀ ਸੰਭਾਵਨਾ ਦੀ ਪੜਚੋਲ ਕਰਨ ਦੀ ਬਜਾਏ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਫਿਰ ਟਕਰਾਅ ਵਾਲੀ ਭਾਸ਼ਾ ਦਾ ਸਹਾਰਾ ਲਿਆ ਹੈ, ਜਦੋਂ ਕਿ ਈਰਾਨ ਨੇ ਵੀ ਆਪਣੇ ਖੇਤਰ 'ਤੇ ਹਮਲਿਆਂ ਦਾ ਬਦਲਾ ਲੈਣ ਦੀ ਸਹੁੰ ਖਾਧੀ ਹੈ। ਇਸ ਦੌਰਾਨ, ਜੰਗਬੰਦੀ ਦੇ ਬਾਵਜੂਦ, ਇਜ਼ਰਾਈਲ ਨੇ ਲੇਬਨਾਨ 'ਤੇ ਆਪਣੇ ਹਮਲੇ ਜਾਰੀ ਰੱਖੇ। ਅਜਿਹੀ ਸਥਿਤੀ ਵਿੱਚ, ਸ਼ਾਂਤੀ ਯਤਨਾਂ ਅਤੇ ਸਥਾਈ ਹੱਲ ਲੱਭਣ ਦੀਆਂ ਕੋਸ਼ਿਸ਼ਾਂ ਨੂੰ ਦਰਪੇਸ਼ ਚੁਣੌਤੀਆਂ ਨੂੰ ਸਮਝਣਾ ਮੁਸ਼ਕਲ ਨਹੀਂ ਹੈ। ਇਹ ਧਿਆਨ ਦੇਣ ਯੋਗ ਹੈ ਕਿ ਈਰਾਨ ਨਾਲ ਗੱਲਬਾਤ ਦੀ ਅਸਫਲਤਾ ਤੋਂ ਬਾਅਦ, ਟਰੰਪ ਨੇ ਜ਼ੋਰਦਾਰ ਮੰਗ ਕੀਤੀ ਕਿ ਈਰਾਨ ਹੋਰਮੁਜ਼ ਜਲਡਮਰੂ ਨੂੰ ਖੋਲ੍ਹੇ, ਨਹੀਂ ਤਾਂ ਅਮਰੀਕਾ ਪੂਰੇ ਖੇਤਰ ਦੀ ਨਾਕਾਬੰਦੀ ਕਰ ਦੇਵੇਗਾ। ਜਵਾਬ ਵਿੱਚ, ਈਰਾਨ ਨੇ ਕਿਹਾ ਕਿ ਫਾਰਸ ਦੀ ਖਾੜੀ ਅਤੇ ਓਮਾਨ ਸਾਗਰ ਵਿੱਚ ਸੁਰੱਖਿਆ ਸਾਰਿਆਂ ਲਈ ਹੋਵੇਗੀ, ਜਾਂ ਕਿਸੇ ਲਈ ਨਹੀਂ। ਈਰਾਨ ਨੇ ਕਿਹਾ ਕਿ ਜੇਕਰ ਉਸਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਤਾਂ ਖੇਤਰ ਵਿੱਚ ਕੋਈ ਵੀ ਬੰਦਰਗਾਹ ਸੁਰੱਖਿਅਤ ਨਹੀਂ ਰਹੇਗੀ। ਸਵਾਲ ਇਹ ਹੈ ਕਿ ਜੇਕਰ ਦੋਵੇਂ ਧਿਰਾਂ ਆਪਣੀਆਂ ਧਮਕੀਆਂ 'ਤੇ ਕਾਇਮ ਰਹਿੰਦੀਆਂ ਹਨ ਤਾਂ ਕੀ ਪ੍ਰਾਪਤ ਹੋਵੇਗਾ। ਜਦੋਂ ਕਿ ਪਹਿਲੀ ਮੀਟਿੰਗ ਦੀ ਅਸਫਲਤਾ ਤੋਂ ਬਾਅਦ, ਦੋਵੇਂ ਧਿਰਾਂ ਹਮਲਾਵਰ ਰੁਖ਼ ਦਿਖਾ ਰਹੀਆਂ ਹਨ। ਇਹ ਡਰ ਵੀ ਹੈ ਕਿ ਜੇਕਰ ਦੋਵੇਂ ਧਿਰਾਂ ਇੱਕ ਦੂਜੇ ਦੀ ਆਲੋਚਨਾ ਕਰਨ ਵਿੱਚ ਆਪਣੀ ਭਾਸ਼ਾ ਨਰਮ ਨਹੀਂ ਕਰਦੀਆਂ, ਤਾਂ ਇਹ ਜੰਗਬੰਦੀ ਨੂੰ ਪ੍ਰਭਾਵਤ ਕਰ ਸਕਦਾ ਹੈ। ਇਹ ਸਮਝਣਾ ਮੁਸ਼ਕਲ ਨਹੀਂ ਹੈ ਕਿ ਜੇਕਰ ਅਮਰੀਕਾ ਦੀ ਹੋਰਮੁਜ਼ ਜਲਡਮਰੂ ਨੂੰ ਰੋਕਣ ਦੀ ਧਮਕੀ ਅਸਲ ਵਿੱਚ ਸਾਕਾਰ ਹੋ ਜਾਂਦੀ ਹੈ ਤਾਂ ਉਸਨੂੰ ਵਿਸ਼ਵਵਿਆਪੀ ਊਰਜਾ ਸੰਕਟ ਦਾ ਸਾਹਮਣਾ ਕਿਵੇਂ ਕਰਨਾ ਪੈ ਸਕਦਾ ਹੈ। ਈਰਾਨ ਨੇ ਹੋਰਮੁਜ਼ ਜਲਡਮਰੂ ਨੂੰ ਰੋਕ ਦਿੱਤਾ ਹੈ, ਪਰ ਇਸਨੇ ਕੁਝ ਦੇਸ਼ਾਂ ਨੂੰ ਇਸ ਵਿੱਚੋਂ ਲੰਘਣ ਦੀ ਇਜਾਜ਼ਤ ਦਿੱਤੀ ਹੈ। ਕੁਝ ਹੋਰ ਦੇਸ਼ਾਂ ਨੂੰ ਵੀ ਛੋਟ ਦੇਣ ਦੀਆਂ ਗੱਲਾਂ ਹੋ ਰਹੀਆਂ ਸਨ। ਹੁਣ, ਜਦੋਂ ਹੋਰਮੁਜ਼ ਜਲਡਮਰੂ ਅਤੇ ਹੋਰ ਮੁੱਦਿਆਂ 'ਤੇ ਟਕਰਾਅ ਨੂੰ ਹੱਲ ਕਰਨ ਅਤੇ ਸਥਾਈ ਸ਼ਾਂਤੀ ਲਈ ਰਾਹ ਪੱਧਰਾ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਸਨ, ਤਾਂ ਟਕਰਾਅ ਦਾ ਇੱਕ ਨਵਾਂ ਰਸਤਾ ਅਪਣਾਇਆ ਜਾ ਰਿਹਾ ਹੈ। ਯੁੱਧ ਵਿੱਚ ਉੱਪਰਲਾ ਹੱਥ ਹਾਸਲ ਕਰਨ ਲਈ ਅਮਰੀਕਾ ਦੀ ਜ਼ਿੱਦ ਦੀ ਇੱਕ ਮਹੱਤਵਪੂਰਨ ਕੀਮਤ ਹੋ ਸਕਦੀ ਹੈ, ਕਿਉਂਕਿ ਦੇਸ਼ ਇਸ ਸਮੇਂ ਤੇਲ ਅਤੇ ਗੈਸ ਲਈ ਖਾੜੀ ਦੇਸ਼ਾਂ 'ਤੇ ਬਹੁਤ ਜ਼ਿਆਦਾ ਨਿਰਭਰ ਹਨ। ਇਹ ਧਿਆਨ ਦੇਣਾ ਮਹੱਤਵਪੂਰਨ ਹੈ ਕਿ ਦੁਨੀਆਂ ਦੇ ਤੇਲ ਅਤੇ ਗੈਸ ਦਾ ਇੱਕ ਮਹੱਤਵਪੂਰਨ ਹਿੱਸਾ ਹੋਰਮੁਜ਼ ਜਲਡਮਰੂ ਵਿੱਚੋਂ ਲੰਘਦਾ ਹੈ। ਇਸਦੇ ਪੂਰੀ ਤਰ੍ਹਾਂ ਬੰਦ ਹੋਣ ਨਾਲ ਭਾਰਤ ਸਮੇਤ ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਵਿੱਚ ਸੰਕਟ ਹੋਰ ਡੂੰਘਾ ਹੋ ਸਕਦਾ ਹੈ। ਇਸ ਤੋਂ ਇਲਾਵਾ, ਜੇਕਰ ਰੂਸ ਅਤੇ ਚੀਨ ਵੀ ਇਸ ਸੰਕਟ ਵਿੱਚ ਉਲਝ ਜਾਂਦੇ ਹਨ, ਤਾਂ ਇੱਕ ਨਵੀਂ ਪੇਚੀਦਗੀ ਪੈਦਾ ਹੋਵੇਗੀ। ਹੋਰਮੁਜ਼ ਜਲਡਮਰੂ ਨੂੰ ਬੰਦ ਕਰਨ ਨਾਲ ਨਾ ਸਿਰਫ਼ ਈਰਾਨ ਨੂੰ ਸਗੋਂ ਚੀਨ ਨੂੰ ਵੀ ਕਾਫ਼ੀ ਨੁਕਸਾਨ ਹੋ ਸਕਦਾ ਹੈ, ਜੋ ਕਿ ਉਹ ਦੇਸ਼ ਹੈ ਜੋ ਈਰਾਨ ਦਾ 80 ਪ੍ਰਤੀਸ਼ਤ ਤੇਲ ਖਰੀਦਦਾ ਹੈ।

**-ਜਗਜੀਤ ਸਿੰਘ ਦਰਦੀ**

# ਧਰਮ ਪਰਿਵਰਤਨ ਤੇ ਰਾਜਨੀਤੀ ਸਮਾਜ ਲਈ ਖਤਰਨਾਕ

## ਜਥੇ. ਗੜਗੱਜ ਨੇ ਕੀਤੀ ਪੰਥ ਤੇ ਪੰਜਾਬ ਦੀ ਸਰਬ ਭਲਾਈ ਦੀ ਗੱਲ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗੜਗੱਜ ਨੇ ਪੰਜਾਬ ਦੀ ਦੁੱਖ ਦੀ ਰੱਗ 'ਤੇ ਹੱਥ ਰੱਖਿਆ ਹੈ। ਉਹਨਾਂ ਨੇ ਸਭ ਤੋਂ ਵੱਡੇ ਸਮਾਜਿਕ ਨਿਘਾਰ ਦੇ ਪ੍ਰਸ਼ਨ ਧਰਮ ਪਰਿਵਰਤਨ ਦੇ ਮੁੱਦੇ 'ਤੇ ਆਪਣੇ ਖੁੱਲ੍ਹੇ ਵਿਚਾਰਾਂ ਨਾਲ ਪੰਜਾਬੀਆਂ ਨੂੰ ਤੇ ਪੰਥਕ ਸਮਾਜ ਨੂੰ ਕਿਹਾ ਹੈ ਕਿ ਧਰਮ ਪਰਿਵਰਤਨ ਪੰਥ ਲਈ ਕੋਈ ਚੈਲੇਂਜ ਨਹੀਂ ਹੈ।

ਅੱਜ ਧਰਮ ਪਰਿਵਰਤਨ ਬਾਰੇ ਪੰਜਾਬ ਵਿੱਚ ਪਿਛਲੇ ਇੱਕ ਦਹਾਕੇ ਤੋਂ ਚੱਲ ਰਿਹਾ ਸ਼ੋਰ ਕੋਈ ਖਾਲੀ ਰਾਜਨੀਤੀ ਜਾਂ ਭਾਵਨਾਤਮਕ ਉਕਸਾਹਟ ਨਹੀਂ ਹੈ। ਇਸ ਵਿੱਚ ਜ਼ਮੀਨੀ ਸਚਾਈ ਵੀ ਹੈ। ਇਹ ਸਚਾਈ ਪੰਜਾਬ ਦੀ ਬਦਲਦੀ ਧਾਰਮਿਕ, ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਹਕੀਕਤ ਨਾਲ ਗੂੜ੍ਹੀ ਤਰ੍ਹਾਂ ਜੁੜੀ ਹੋਈ ਹੈ। ਇਸ ਲਈ ਅੱਜ ਦੇ ਸਮੇਂ ਵਿੱਚ ਇਸ ਮੁੱਦੇ ਉੱਤੇ ਖੁੱਲ੍ਹ ਕੇ ਗੱਲਬਾਤ ਕਰਨੀ ਲਾਜ਼ਮੀ ਹੈ। ਹਾਲ ਹੀ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਐਕਟਿੰਗ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਸ ਮੁੱਦੇ ਉੱਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਉਨ੍ਹਾਂ ਨੇ ਧਰਮ ਪਰਿਵਰਤਨ ਅਤੇ ਪੰਥ ਨਾਲ ਜੁੜੇ ਮੁੱਦਿਆਂ ਨੂੰ ਇੱਕ ਨਿਰਧਾਰਤ ਏਜੰਡੇ ਤਹਿਤ ਚੱਲ ਰਹੀਆਂ ਗਤੀਵਿਧੀਆਂ ਵਜੋਂ ਵਰਣਨ ਕੀਤਾ ਅਤੇ ਇਸ ਨੂੰ ਪੰਜਾਬ ਤੇ ਸਮੂਹ ਪੰਜਾਬੀਆਂ ਲਈ ਠੀਕ ਨਹੀਂ ਦੱਸਿਆ।

ਉਨ੍ਹਾਂ ਵੱਲੋਂ ਚਲਾਈ ਗਈ 'ਖੁਆਰ ਹੋਏ ਸਭ ਮਿਲੈਂਗੇ' ਮੁਹਿੰਮ ਇਸ ਚਿੰਤਾ ਦਾ ਹੀ ਇੱਕ ਹਿੱਸਾ ਹੈ, ਜਿਸ ਰਾਹੀਂ ਵਿਸ਼ੇਸ਼ ਤੌਰ 'ਤੇ ਗਰੀਬ ਅਤੇ ਅਨੁਸੂਚਿਤ ਜਾਤੀਆਂ ਵਿੱਚੋਂ ਆਉਣ ਵਾਲੇ ਸਿੱਖ ਭਾਈਚਾਰੇ ਵਿੱਚ ਸਿੱਖੀ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਧਰਮ ਪਰਿਵਰਤਨ ਅਤੇ ਵਾਤਾਵਰਨ ਤੇ ਪੰਥਕ ਮੁੱਦਿਆਂ ਅਤੇ ਸਿੱਖ ਕੌਮ ਨੂੰ ਦਰਪੇਸ਼ ਗੰਭੀਰ ਚੁਣੌਤੀਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ ਹੈ। ਉਨ੍ਹਾਂ ਦੇ ਵਿਚਾਰਾਂ ਦਾ ਕੇਂਦਰ ਬਿੰਦੂ ਸਿੱਖੀ ਦਾ ਪ੍ਰਚਾਰ, ਧਰਮ ਪਰਿਵਰਤਨ ਨੂੰ ਰੋਕਣਾ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਸੀ।

**'ਖੁਆਰ ਹੋਏ ਸਭ ਮਿਲੈਂਗੇ' ਮੁਹਿੰਮ ਅਤੇ ਧਰਮ ਪਰਿਵਰਤਨ** : ਜਥੇਦਾਰ ਜੀ ਨੇ ਪੰਜਾਬ ਦੇ ਸਰਹੱਦੀ ਅਤੇ ਪੱਛੜੇ ਇਲਾਕਿਆਂ ਵਿੱਚ ਹੋ ਰਹੇ ਧਰਮ ਪਰਿਵਰਤਨ ਨੂੰ ਕੌਮ ਲਈ ਇੱਕ ਵੱਡਾ ਖ਼ਤਰਾ ਦੱਸਿਆ। ਉਨ੍ਹਾਂ ਨੇ 'ਖੁਆਰ ਹੋਏ ਸਭ ਮਿਲੈਂਗੇ' ਨਾਮੀ ਲਹਿਰ ਦਾ ਆਗਾਜ਼ ਭਾਈ ਜੀਵਨ ਸਿੰਘ ਜੀ ਦੇ ਜਨਮ ਅਸਥਾਨ (ਗੱਗੋ ਮਾਹਲ) ਤੋਂ ਕੀਤਾ। ਇਸ ਮੁਹਿੰਮ ਰਾਹੀਂ ਸਿੱਖ ਪ੍ਰਚਾਰਕਾਂ ਦੀਆਂ ਟੋਲੀਆਂ ਪਿੰਡ-ਪਿੰਡ ਜਾਣਗੀਆਂ ਤਾਂ ਜੋ ਸਿੱਖ ਪਰਿਵਾਰਾਂ ਨੂੰ ਦੂਜੇ ਧਰਮਾਂ ਦੇ ਲਾਲਚਾਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਧਾਰਮਿਕ ਤੌਰ 'ਤੇ ਮਜ਼ਬੂਤ ਨਹੀਂ ਹੋਵਾਂਗੇ, ਤਾਂ ਅਸੀਂ ਸਮਾਜਿਕ ਅਤੇ ਸਿਆਸੀ ਤੌਰ 'ਤੇ ਵੀ ਕਮਜ਼ੋਰ ਹੋ ਜਾਵਾਂਗੇ।

**ਉਹਨਾਂ ਨੇ ਜਾਤੀ ਵਿਤਕਰੇ ਅਤੇ ਡੇਰਾਵਾਦ ਦਾ ਵਿਰੋਧ** : ਜਥੇਦਾਰ ਗੜਗੱਜ ਨੇ ਸਪੱਸ਼ਟ ਕੀਤਾ ਕਿ ਗੁਰੂ ਸਾਹਿਬਾਨ ਨੇ ਜਾਤ-ਪਾਤ ਦੇ ਭੇਦਭਾਵ ਨੂੰ ਜੜ੍ਹੋਂ ਖ਼ਤਮ ਕੀਤਾ ਸੀ। ਉਨ੍ਹਾਂ ਨੇ ਡੇਰਾਵਾਦ ਅਤੇ ਅਖੌਤੀ ਪ੍ਰਚਾਰਕਾਂ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਸਿੱਖ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ। ਉਨ੍ਹਾਂ ਪੰਜਾਬ ਵਿੱਚ ਜਾਤੀ ਵਿਤਕਰੇ ਦੇ ਬਿਰਤਾਂਤ ਨੂੰ ਗਲਤ ਦੱਸਿਆ ਅਤੇ ਸਮੂਹ ਸਿੱਖ ਸੰਸਥਾਵਾਂ ਨੂੰ ਇਕਜੁੱਟ ਹੋਣ ਦਾ ਸੱਦਾ ਦਿੱਤਾ ਹੈ। ਇਕ ਹੋਰ ਗੱਲ ਵਾਤਾਵਰਨ ਸੰਭਾਲ ਲਈ ਪਲਾਸਟਿਕ ਮੁਕਤ ਗੁਰਦੁਆਰਾ ਸਾਹਿਬ ਨੇ ਅਪ੍ਰੈਲ 2026 ਵਿੱਚ ਜਥੇਦਾਰ ਜੀ ਨੇ ਇੱਕ ਇਤਿਹਾਸਕ ਅਪੀਲ ਕਰਦਿਆਂ ਗੁਰਦੁਆਰਾ ਸਾਹਿਬਾਨ ਵਿੱਚ ਪਲਾਸਟਿਕ ਅਤੇ ਥਰਮੋਕੋਲ ਦੀ ਵਰਤੋਂ 'ਤੇ ਪਾਬੰਦੀ ਲਗਾਉਣ ਦੀ ਗੱਲ ਕੀਤੀ।

ਪ੍ਰਦੂਸ਼ਣ ਵਿਰੁੱਧ ਜੰਗ ਵਿੱਚ ਉਨ੍ਹਾਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨਾਲ ਮਿਲ ਕੇ ਸੰਗਤ ਨੂੰ ਲੰਗਰਾਂ ਵਿੱਚ ਸਟੀਲ ਦੇ ਭਾਂਡਿਆਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਕੁਦਰਤ ਨਾਲ ਸਾਂਝ ਪਾਉਣ ਲਈ ਉਨ੍ਹਾਂ ਨੇ ਭਗਤ ਪੂਰਨ ਸਿੰਘ ਜੀ ਦੇ ਜੀਵਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਹਵਾ, ਪਾਣੀ ਅਤੇ ਧਰਤੀ ਨੂੰ ਬਚਾਉਣਾ ਹਰ ਸਿੱਖ ਦਾ ਧਾਰਮਿਕ ਫਰਜ਼ ਹੈ। ਬੰਦੀ ਸਿੰਘਾਂ ਦੀ ਰਿਹਾਈ ਅਤੇ ਨਿਆਂ ਪ੍ਰਣਾਲੀ ਤੇ ਜਥੇਦਾਰ ਜੀ ਨੇ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ 'ਤੇ ਭਾਰਤ ਦੀ ਨਿਆਂ ਪ੍ਰਣਾਲੀ 'ਤੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਸਿੱਖ ਕੈਦੀਆਂ ਨੂੰ ਰਿਹਾਅ ਨਾ ਕਰਨਾ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਉਨ੍ਹਾਂ ਸਰਕਾਰਾਂ ਨੂੰ ਆਪਣੇ ਕੀਤੇ ਵਾਅਦੇ ਯਾਦ ਰੱਖਣ ਦੀ ਤਾਕੀਦ ਕੀਤੀ। ਉਹਨਾਂ ਨੇ ਮਾਵਾਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਅਤੇ ਖਾਸ ਕਰਕੇ ਸਿੱਖ ਮਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਬਚਪਨ ਤੋਂ ਹੀ ਸਿੱਖ ਇਤਿਹਾਸ ਦੀਆਂ ਸਾਖੀਆਂ ਸੁਣਾਉਣ। ਉਨ੍ਹਾਂ ਨੇ ਹਰਿਆਣਾ ਅਤੇ ਹੋਰ ਰਾਜਾਂ ਦੇ ਸਿੱਖਾਂ ਨੂੰ ਆਪਣੇ ਬੱਚਿਆਂ ਨੂੰ ਪੰਜਾਬੀ (ਗੁਰਮੁਖੀ) ਪੜ੍ਹਾਉਣ 'ਤੇ ਜ਼ੋਰ ਦਿੱਤਾ ਤਾਂ ਜੋ ਉਹ ਗੁਰਬਾਣੀ ਨਾਲ ਸਿੱਧਾ ਜੁੜ ਸਕੇ ਜਥੇਦਾਰ ਗੜਗੱਜ ਅਨੁਸਾਰ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਪ੍ਰਚਾਰ, ਏਕਤਾ ਅਤੇ ਕੁਦਰਤ ਦੀ ਸੰਭਾਲ ਲਾਜ਼ਮੀ ਹੈ।

ਉਨ੍ਹਾਂ ਵੱਲੋਂ ਚਲਾਈ ਗਈ 'ਖੁਆਰ ਹੋਏ ਸਭ ਮਿਲੈਂਗੇ' ਮੁਹਿੰਮ ਇਸ ਚਿੰਤਾ ਦਾ ਹੀ ਇੱਕ ਹਿੱਸਾ ਹੈ, ਜਿਸ ਰਾਹੀਂ ਵਿਸ਼ੇਸ਼ ਤੌਰ ਤੇ ਗਰੀਬ ਅਤੇ ਅਨੁਸੂਚਿਤ ਜਾਤੀਆਂ ਵਿੱਚੋਂ ਆਉਣ ਵਾਲੇ ਸਿੱਖ ਭਾਈਚਾਰੇ ਵਿੱਚ ਸਿੱਖੀ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਵਿੱਚ ਗੜਗੱਜ ਜੀ ਨੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਸਿੱਖੀ ਫੈਲਾਉਣ ਲਈ ਸਿੱਖ ਸੰਸਥਾਵਾਂ ਨੂੰ ਇੱਕਠਾ ਹੋਣ ਦੀ ਅਪੀਲ ਵੀ ਕੀਤੀ ਹੈ। ਪਿਛਲੇ ਇੱਕ ਦਹਾਕੇ ਵਿੱਚ ਪੰਜਾਬ ਵਿੱਚ ਧਰਮ ਪਰਿਵਰਤਨ, ਖਾਸ ਕਰਕੇ ਈਸਾਈ ਧਰਮ ਵੱਲ, ਬਾਰੇ ਬਹੁਤ ਚਰਚਾ ਹੋਈ ਹੈ।

2011 ਦੀ ਜਨਗਣਨਾ ਅਨੁਸਾਰ ਪੰਜਾਬ ਵਿੱਚ ਈਸਾਈਆਂ ਦੀ ਆਬਾਦੀ ਲੱਗਭੱਗ 1.26 ਫੀਸਦੀ (ਕਰੀਬ 3.5 ਲੱਖ) ਸੀ। ਪਰ ਵੱਖ-ਵੱਖ ਰਿਪੋਰਟਾਂ, ਸਰਵੇਖਣਾਂ ਅਤੇ ਆਪਣੀਆਂ ਅਧਿਐਨਾਂ ਵਿੱਚ ਇਸ ਨੂੰ 6 ਤੋਂ 15 ਫੀਸਦੀ ਤੱਕ ਦੱਸਿਆ ਗਿਆ ਹੈ। ਕੁਝ ਅਧਿਐਨਾਂ ਵਿੱਚ ਇੱਕ ਲੱਖ ਤੋਂ ਵੱਧ ਲੋਕਾਂ ਦੇ ਪਰਿਵਰਤਨ ਦੀ ਗੱਲ ਕੀਤੀ ਗਈ ਹੈ, ਖਾਸ ਕਰਕੇ ਤਰਨ ਤਾਰਨ, ਅੰਮ੍ਰਿਤਸਰ, ਗੁਰਦਾਸਪੁਰ ਅਤੇ ਫਿਰੋਜ਼ਪੁਰ ਵਰਗੇ ਇਲਾਕਿਆਂ ਵਿੱਚ। ਇਨ੍ਹਾਂ ਵਿੱਚੋਂ ਬਹੁਤੇ ਪਰਿਵਰਤਨ ਮਜ਼ਬੀ ਸਿੱਖ, ਬਲਮੀਕੀ, ਰਾਏ ਸਿੱਖ ਅਤੇ ਹੋਰ ਅਨੁਸੂਚਿਤ ਜਾਤੀਆਂ ਵਿੱਚੋਂ ਹੋ ਰਹੇ ਹਨ।

ਇਹ ਲੋਕ ਅਕਸਰ ਆਪਣੇ ਧਰਮ ਨੂੰ ਕਾਗਜ਼ੀ ਤੌਰ 'ਤੇ ਬਦਲਦੇ ਨਹੀਂ ਅਤੇ ਰਿਜ਼ਰਵੇਸ਼ਨ ਲਾਭ ਲੈਂਦੇ ਰਹਿੰਦੇ ਹਨ, ਇਸ ਲਈ ਅਸਲ ਅੰਕੜੇ ਛੁਪੇ ਰਹਿੰਦੇ ਹਨ। ਇਸ ਪਰਿਵਰਤਨ ਦੀਆਂ ਜੜ੍ਹਾਂ ਬਹੁਤ ਡੂੰਘੀਆਂ ਹਨ। ਸਭ ਤੋਂ ਵੱਡਾ ਕਾਰਨ ਜਾਤੀ ਵਿਤਕਰਾ ਹੈ। ਸਿੱਖੀ ਦੇ ਬੁਨਿਆਦੀ ਸਿਧਾਂਤ ਬਰਾਬਰੀ ਦੇ ਹਨ, ਪਰ ਵਿਹਾਰਕ ਤੌਰ ਤੇ ਪੰਜਾਬੀ ਸਮਾਜ ਵਿੱਚ ਜਾਤੀ ਪ੍ਰਥਾ ਅਜੇ ਵੀ ਮਜ਼ਬੂਤ ਹੈ। ਜੱਟ ਸਿੱਖ ਭਾਈਚਾਰਾ ਆਪਣੀ ਬਹੁਗਿਣਤੀ ਅਤੇ ਆਰਥਿਕ ਤਾਕਤ ਕਾਰਨ ਗੁਰਦੁਆਰਿਆਂ ਅਤੇ ਸਿੱਖ ਸੰਸਥਾਵਾਂ ਵਿੱਚ ਵਰਚਸਵ ਰੱਖਦਾ ਹੈ। ਮਜ਼ਬੀ ਸਿੱਖ ਜਾਂ ਬਲਮੀਕੀ ਭਾਈਚਾਰੇ ਨੂੰ ਵਿਆਹ, ਅੰਤਿਮ ਸੰਸਕਾਰ ਅਤੇ ਰੋਜ਼ਾਨਾ ਜੀਵਨ ਵਿੱਚ ਵੀ ਅਕਸਰ ਅਣਦੇਖਿਆ ਜਾਂ ਹੇਠਲਾ ਸਮਝਿਆ ਜਾਂਦਾ ਹੈ। ਇਸ ਤੋਂ ਤੰਗ ਆ ਕੇ ਬਹੁਤ ਸਾਰੇ ਲੋਕ ਉਸ ਧਰਮ ਵੱਲ ਮੁੜਦੇ ਹਨ, ਜਿੱਥੇ ਉਨ੍ਹਾਂ ਨੂੰ ਬਰਾਬਰੀ ਅਤੇ ਇੱਜ਼ਤ ਮਿਲਣ ਦੀ ਉਮੀਦ ਹੁੰਦੀ ਹੈ। ਈਸਾਈ ਚਰਚਾਂ ਵਿੱਚ ਇਹ ਭਾਵਨਾ ਮਜ਼ਬੂਤੀ ਨਾਲ ਪ੍ਰਚਾਰਿਤ ਕੀਤੀ ਜਾਂਦੀ ਹੈ ਕਿ ਯਿਸੂ ਵਿੱਚ ਸਭ ਬਰਾਬਰ ਹਨ।

ਅੱਜ ਦੂਜਾ ਵੱਡਾ ਕਾਰਨ ਆਰਥਿਕ ਅਤੇ ਸਮਾਜਿਕ ਲਾਲਚ ਹੈ। ਪੰਜਾਬ ਵਿੱਚ ਖੇਤੀਬਾੜੀ ਸੰਕਟ, ਬੇਰੁਜ਼ਗਾਰੀ, ਨਸ਼ਿਆਂ ਦੀ ਲਾਹਣਤ ਅਤੇ ਘਰੇਲੂ ਤਣਾਅ ਬਹੁਤ ਵਧ ਗਿਆ ਹੈ। ਗਰੀਬ ਪਰਿਵਾਰਾਂ ਲਈ ਚਰਚ ਵੱਲੋਂ ਮੁਫਤ ਇਲਾਜ, ਭੋਜਨ, ਸਿੱਖਿਆ, ਰੁਜ਼ਗਾਰ ਦੀਆਂ ਗੱਲਾਂ ਅਤੇ ਕਈ ਵਾਰ ਵਿਦੇਸ਼ ਜਾਣ ਦੀਆਂ ਆਸਾਂ ਵੀ ਪੇਸ਼ ਕੀਤੀਆਂ ਜਾਂਦੀਆਂ ਹਨ। ਬਹੁਤ ਸਾਰੇ ਇਸ਼ਤਿਹਾਰੀ ਪਾਸਟਰ 'ਚੰਗਾਈ' (Miracle Healing) ਦੇ ਨਾਟਕ ਰਾਹੀਂ ਲੋਕਾਂ ਨੂੰ ਆਕਰਸ਼ਿਤ ਕਰਦੇ ਹਨ। ਯੂਟਿਊਬ, ਸੋਸ਼ਲ ਮੀਡੀਆ ਅਤੇ ਘਰ-ਘਰ ਵਿਚਾਲੇ ਚੱਲ ਰਹੀਆਂ ਮੀਟਿੰਗਾਂ ਇਸ ਪ੍ਰਚਾਰ ਨੂੰ ਤੇਜ਼ ਕਰਦੀਆਂ ਹਨ।

ਅੱਜ ਕੁੱਝ ਰਿਪੋਰਟਾਂ ਅਨੁਸਾਰ ਪੰਜਾਬ ਵਿੱਚ 65 ਹਜ਼ਾਰ ਤੱਕ ਸਵੈ-ਘੋਸ਼ਿਤ ਪਾਸਟਰ ਐਕਟਿਵ ਹਨ, ਜਿਨ੍ਹਾਂ ਵਿੱਚੋਂ ਬਹੁਤੇ ਸਥਾਨਕ ਹੀ ਹਨ ਅਤੇ ਉਨ੍ਹਾਂ ਵਿੱਚੋਂ ਕਈ ਜੱਟ ਭਾਈਚਾਰੇ ਤੋਂ ਵੀ ਹਨ। ਇਹ ਇੱਕ ਘਰੇਲੂ ਈਵੈਂਜਲਿਕਲ ਨੈੱਟਵਰਕ ਬਣ ਗਿਆ ਹੈ। ਤੀਜਾ ਮਹੱਤਵਪੂਰਨ ਪਹਿਲੂ ਰਾਜਨੀਤਿਕ ਅਤੇ ਵਿਦੇਸ਼ੀ ਫੰਡਿੰਗ ਹੈ। ਇਸ ਮੁੱਦੇ ਉੱਤੇ ਵੱਖ-ਵੱਖ ਧਿਰਾਂ ਵੱਖ-ਵੱਖ ਨਜ਼ਰੀਆ ਰੱਖਦੀਆਂ ਹਨ। ਸਿੱਖ ਸੰਸਥਾਵਾਂ ਇਸ ਨੂੰ ਵਿਦੇਸ਼ੀ ਤਾਕਤਾਂ ਵੱਲੋਂ ਚਲਾਈ ਗਈ ਸਾਜ਼ਿਸ਼ ਵਜੋਂ ਵੇਖਦੀਆਂ ਹਨ, ਜੋ ਪੰਜਾਬੀ ਏਕਤਾ ਅਤੇ ਸਿੱਖ ਪਛਾਣ ਨੂੰ ਖੋਰੀਆਂ ਪਾਉਣਾ ਚਾਹੁੰਦੀਆਂ ਹਨ। ਇਸ ਦੇ ਉਲਟ ਈਸਾਈ ਭਾਈਚਾਰਾ ਇਸ ਨੂੰ ਧਰਮ ਦੀ ਆਜ਼ਾਦੀ ਅਤੇ ਨਿੱਜੀ ਵਿਕਲਪ ਵਜੋਂ ਪੇਸ਼ ਕਰਦਾ ਹੈ ਅਤੇ ਕਹਿੰਦਾ ਹੈ ਕਿ ਆਬਾਦੀ ਵਿੱਚ ਵਾਧਾ ਨਹੀਂ ਹੋਇਆ ਬਲਕਿ ਘੱਟ ਰਿਹਾ ਹੈ।

ਉਹ ਆਪਣੀਆਂ ਰਿਪੋਰਟਾਂ ਵਿੱਚ ਉਹ ਇਸ ਨੂੰ ਜਾਤੀ ਵਿਤਕਰੇ ਅਤੇ ਗਰੀਬੀ ਦਾ ਨਤੀਜਾ ਦੱਸਦੇ ਹਨ। ਰਾਜਨੀਤਿਕ ਤੌਰ ਤੇ ਇਸ ਮੁੱਦੇ ਨੂੰ ਭਾਜਪਾ ਵਰਗੀਆਂ ਧਿਰਾਂ ਐਂਟੀ-ਕਨਵਰਜ਼ਨ ਲਾਅ ਲਿਆਉਣ ਲਈ ਵਰਤਦੀਆਂ ਹਨ, ਜਦਕਿ ਆਪ ਤੇ ਕਾਂਗਰਸ ਇਸ ਨੂੰ ਭਾਵਨਾਤਮਕ ਰਾਜਨੀਤੀ ਕਰਾਰ ਦਿੰਦੀਆਂ ਹਨ। ਇਸ ਤਰ੍ਹਾਂ ਧਰਮ ਪਰਿਵਰਤਨ ਇੱਕ ਰਾਜਨੀਤਿਕ ਹਥਿਆਰ ਵੀ ਬਣ ਗਿਆ ਹੈ। ਪੰਜਾਬ ਦੀ ਬਦਲਦੀ ਧਾਰਮਿਕ ਸਥਿਤੀ ਇਸ ਤੋਂ ਵੀ ਡੂੰਘੀ ਹੈ।

ਅੱਜ ਸਿੱਖੀ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀ ਬਰਾਬਰੀ ਵਾਲੀ ਸਿੱਖਿਆ ਅਤੇ ਲੰਗਰ, ਸੰਗਤ ਵਰਗੀਆਂ ਪ੍ਰਥਾਵਾਂ ਨੇ ਇੱਕ ਵੱਖਰੀ ਪਛਾਣ ਬਣਾਈ ਸੀ। ਪਰ ਆਧੁਨਿਕਤਾ, ਵਿਗਿਆਨਕ ਸੋਚ ਤੇ ਉਦਾਸੀਨਤਾ ਨੇ ਧਾਰਮਿਕ ਸੰਸਥਾਵਾਂ ਨੂੰ ਚੁਣੌਤੀ ਦਿੱਤੀ ਹੈ। ਬਹੁਤ ਸਾਰੇ ਲੋਕ ਗੁਰਦੁਆਰਿਆਂ ਤੋਂ ਦੂਰ ਹੋ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਉੱਥੇ ਆਪਣੀਆਂ ਸਮੱਸਿਆਵਾਂ ਦਾ ਹੱਲ ਨਹੀਂ ਮਿਲਦਾ। ਇਸ ਖਾਲੀਪਨ ਨੂੰ ਡੇਰੇ ਅਤੇ ਚਰਚ ਭਰ ਰਹੇ ਹਨ। ਇੱਕ ਪਾਸੇ ਵਿਗਿਆਨ ਅਤੇ ਤਕਨੀਕ ਨੇ ਲੋਕਾਂ ਨੂੰ ਧਰਮ ਤੋਂ ਦੂਰ ਕੀਤਾ ਹੈ, ਦੂਜੇ ਪਾਸੇ ਆਰਥਿਕ ਅਸਮਾਨਤਾ ਨੇ ਉਨ੍ਹਾਂ ਨੂੰ ਨਵੀਂ ਆਸ ਵੱਲ ਧੱਕਿਆ ਹੈ। ਆਰਥਿਕ ਤੌਰ 'ਤੇ ਪੰਜਾਬ ਵਿੱਚ ਖੇਤੀ ਸੰਕਟ, ਉਦਯੋਗਾਂ ਦੀ ਘਾਟ ਅਤੇ ਵਿਦੇਸ਼ ਪ੍ਰਵਾਸ ਨੇ ਲੋਕਾਂ ਦੀ ਮਾਨਸਿਕਤਾ ਬਦਲੀ ਹੈ।

ਅੱਜ ਦੇ ਸਮੇਂ ਵਿੱਚ ਯੁਵਕ ਰੁਜ਼ਗਾਰ ਲਈ ਤਰਸ ਰਹੇ ਹਨ ਅਤੇ ਘਰੇਲੂ ਤਣਾਅ ਵੱਧ ਰਿਹਾ ਹੈ। ਇਸ ਹਾਲਤ ਵਿੱਚ ਉਹ ਉਸ ਧਰਮ ਵੱਲ ਝੁਕਦੇ ਹਨ, ਜੋ ਤੁਰੰਤ ਰਾਹਤ ਜਾਂ ਆਸ ਦਿੰਦਾ ਹੈ। ਸਮਾਜਿਕ ਤੌਰ 'ਤੇ ਇਸ ਨਾਲ ਪਰਿਵਾਰਾਂ ਵਿੱਚ ਟੁੱਟ ਫੁੱਟ ਵੱਧ ਰਹੀ ਹੈ। ਇੱਕ ਘਰ ਵਿੱਚ ਕੁਝ ਲੋਕ ਗੁਰਦੁਆਰਾ ਜਾਂਦੇ ਹਨ ਤੇ ਕੁਝ ਚਰਚ। ਵਿਆਹ ਅਤੇ ਸਮਾਜਿਕ ਰਿਸ਼ਤਿਆਂ ਵਿੱਚ ਤਣਾਅ ਵੱਧ ਰਿਹਾ ਹੈ। ਇਹ ਲੋਕ ਮਾਨਸਿਕਤਾ ਨੂੰ ਵੰਡ ਰਿਹਾ ਹੈ। ਰਾਜਨੀਤਿਕ ਤੌਰ 'ਤੇ ਇਸ ਮੁੱਦੇ ਨੇ ਪੰਜਾਬੀ ਏਕਤਾ ਨੂੰ ਚੁਣੌਤੀ ਦਿੱਤੀ ਹੈ। ਅਕਾਲੀ ਦਲ, ਐੱਸਜੀਪੀਸੀ ਅਤੇ ਹੋਰ ਸਿੱਖ ਸੰਸਥਾਵਾਂ ਇਸ ਨੂੰ ਰੋਕਣ ਲਈ ਮੁਹਿੰਮਾਂ ਚਲਾ ਰਹੀਆਂ ਹਨ, ਪਰ ਉਨ੍ਹਾਂ ਵਿੱਚ ਵੀ ਅੰਦਰੂਨੀ ਝਗੜੇ ਹਨ। ਐੱਸਜੀਪੀਸੀ ਉੱਤੇ ਭ੍ਰਿਸ਼ਟਾਚਾਰ ਅਤੇ ਬਾਦਲ ਪਰਿਵਾਰ ਦੇ ਵਰਚਸਵ ਦੇ ਇਲਜ਼ਾਮ ਲੱਗਦੇ ਰਹਿੰਦੇ ਹਨ।

ਅੱਜ ਇਸ ਨਾਲ ਸੰਸਥਾਵਾਂ ਦੀ ਭਰੋਸੇਯੋਗਤਾ ਘਟ ਰਹੀ ਹੈ। ਆਪ ਸਰਕਾਰ ਨੇ ਇਸ ਮੁੱਦੇ ਉੱਤੇ ਸਪੱਸ਼ਟ ਰੁਖ ਨਹੀਂ ਅਪਣਾਇਆ, ਜਿਸ ਨਾਲ ਲੋਕਾਂ ਵਿੱਚ ਇੱਕ ਤਰ੍ਹਾਂ ਦੀ ਨਿਰਾਸ਼ਾ ਫੈਲੀ ਹੋਈ ਹੈ। ਭਵਿੱਖ ਵਿੱਚ ਇਸ ਦੇ ਨਤੀਜੇ ਬਹੁਤ ਗੰਭੀਰ ਹੋ ਸਕਦੇ ਹਨ। ਪਹਿਲਾ, ਧਾਰਮਿਕ ਏਕਤਾ ਟੁੱਟਣ ਨਾਲ ਸਮਾਜਿਕ ਤਣਾਅ ਵੱਧ ਸਕਦਾ ਹੈ। ਪਿੰਡਾਂ ਵਿੱਚ ਗੁਰਦੁਆਰਾ ਬਨਾਮ ਚਰਚ ਵਾਲੀ ਰਾਜਨੀਤੀ ਵੱਧ ਸਕਦੀ ਹੈ। ਦੂਜਾ, ਜੇ ਪਰਿਵਰਤਨ ਵਧਦਾ ਰਿਹਾ ਤਾਂ ਸਿੱਖ ਬਹੁਗਿਣਤੀ ਵਾਲੀ ਪੰਜਾਬ ਦੀ ਆਬਾਦੀ ਵਿਚ ਬਦਲਾਅ ਆ ਸਕਦਾ ਹੈ, ਜੋ ਰਾਜਨੀਤਿਕ ਸੰਤੁਲਨ ਬਦਲ ਦੇਵੇਗਾ। ਤੀਜਾ, ਇਸ ਨਾਲ ਵਿਦੇਸ਼ੀ ਤਾਕਤਾਂ ਦਾ ਦਖਲ ਵਧ ਸਕਦਾ ਹੈ ਅਤੇ ਰਾਸ਼ਟਰੀ ਸੁਰੱਖਿਆ ਨਾਲ ਜੁੜੇ ਮੁੱਦੇ ਉੱਭਰ ਸਕਦੇ ਹਨ। ਚੌਥਾ, ਲੋਕ ਮਾਨਸਿਕਤਾ ਵਿੱਚ ਇੱਕ ਤਰ੍ਹਾਂ ਦੀ ਉਦਾਸੀਨਤਾ ਅਤੇ ਭਟਕਣ ਵਧੇਗੀ। ਲੋਕ ਆਪਣੀਆਂ ਜੜ੍ਹਾਂ ਤੋਂ ਦੂਰ ਹੋਣਗੇ ਅਤੇ ਨਵੀਆਂ ਆਸਾਂ ਵਿੱਚ ਫਸਣਗੇ।

ਇਸ ਨਾਲ ਪੰਜਾਬੀ ਆਪਣਤਾ ਅਤੇ ਵਿਸ਼ਵਾਸ ਘਟ ਸਕਦਾ ਹੈ, ਪਰ ਇਸ ਦਾ ਹੱਲ ਵੀ ਉਸੇ ਪੰਜਾਬੀ ਧਰਤੀ ਵਿੱਚ ਹੀ ਹੈ। ਸਿੱਖੀ ਨੂੰ ਆਪਣੀਆਂ ਬੁਨਿਆਦੀ ਬਰਾਬਰੀ ਵਾਲੀਆਂ ਸਿੱਖਿਆਵਾਂ ਨੂੰ ਵਿਹਾਰਕ ਤੌਰ 'ਤੇ ਲਾਗੂ ਕਰਨਾ ਪਵੇਗਾ। ਗੁਰਦੁਆਰਿਆਂ ਅਤੇ ਸਿੱਖ ਸੰਸਥਾਵਾਂ ਨੂੰ ਗਰੀਬ ਅਤੇ ਪੱਛੜੀਆਂ ਜਾਤੀਆਂ ਲਈ ਵਧੇਰੇ ਖੁੱਲ੍ਹਾ ਅਤੇ ਸਹਾਇਕ ਬਣਾਉਣਾ ਚਾਹੀਦਾ ਹੈ। ਐੱਸਜੀਪੀਸੀ ਅਤੇ ਹੋਰ ਸੰਸਥਾਵਾਂ ਨੂੰ ਭ੍ਰਿਸ਼ਟਾਚਾਰ ਮੁਕਤ ਅਤੇ ਪਾਰਦਰਸ਼ੀ ਬਣਾਉਣਾ ਲਾਜ਼ਮੀ ਹੈ। ਸਰਕਾਰ ਨੂੰ ਆਰਥਿਕ ਵਿਕਾਸ, ਰੁਜ਼ਗਾਰ ਅਤੇ ਸਿੱਖਿਆ ਉੱਤੇ ਧਿਆਨ ਦੇਣਾ ਚਾਹੀਦਾ ਹੈ ਤਾਂ ਜੋ ਲੋਕ ਲਾਲਚ ਵੱਲ ਨਾ ਮੁੜਨ। ਇੱਕ ਐਂਟੀ-ਕਨਵਰਜ਼ਨ ਲਾਅ ਬਾਰੇ ਚਰਚਾ ਹੋ ਸਕਦੀ ਹੈ, ਪਰ ਉਸ ਨੂੰ ਧਰਮ ਦੀ ਆਜ਼ਾਦੀ ਨਾਲ ਸੰਤੁਲਿਤ ਰੱਖਣਾ ਪਵੇਗਾ।

ਅੱਜ ਧਰਮ ਪਰਿਵਰਤਨ ਇੱਕ ਲਾਲ ਬੱਤੀ ਹੈ ਜੋ ਪੰਜਾਬ ਦੀ ਬਦਲਦੀ ਹੋਈ ਹਕੀਕਤ ਵੱਲ ਇਸ਼ਾਰਾ ਕਰ ਰਹੀ ਹੈ। ਇਸ ਨੂੰ ਰਾਜਨੀਤੀ ਲਈ ਵਰਤਣ ਤੋਂ ਬਚਣਾ ਚਾਹੀਦਾ ਹੈ। ਇਸ ਦਾ ਹੱਲ ਏਕਤਾ, ਬਰਾਬਰੀ ਅਤੇ ਵਿਕਾਸ ਵਿੱਚ ਹੈ। ਜੇ ਅਸੀਂ ਆਪਣੀਆਂ ਜੜ੍ਹਾਂ ਨੂੰ ਮਜ਼ਬੂਤ ਨਾ ਕੀਤਾ ਤਾਂ ਭਵਿੱਖ ਵਿੱਚ ਇਸ ਦੇ ਨਤੀਜੇ ਬਹੁਤ ਗੰਭੀਰ ਹੋ ਸਕਦੇ ਹਨ।

ਅੱਜ ਪੰਜਾਬੀਆਂ ਨੂੰ ਇਕੱਠੇ ਹੋ ਕੇ ਆਪਣੀ ਧਰਤੀ, ਭਾਸ਼ਾ, ਸਭਿਆਚਾਰ ਅਤੇ ਧਰਮ ਨੂੰ ਬਚਾਉਣ ਲਈ ਯਤਨ ਕਰਨੇ ਚਾਹੀਦੇ ਹਨ। ਇਸ ਵਿੱਚ ਹੀ ਸਭ ਦਾ ਭਲਾ ਹੈ।

# ਕਿਸਾਨ ਦੇ ਦੁੱਖਾਂ ਦੀ ਪੰਡ ਹੋਰ ਭਾਰੀ ਹੋਈ

ਕਮਲਜੀਤ ਸਿੰਘ ਬਨਵੈਤ
98147 34035



ਮਰਹੂਮ ਸ਼ਾਇਰ ਸੁਰਜੀਤ ਪਾਤਰ ਤੋਂ ਜਦੋਂ ਪੰਜਾਬ ਦਾ ਦਰਦ ਦੇਖਿਆ ਨਾ ਗਿਆ ਤਾਂ ਉਸਨੇ ਲਿਖ ਦਿੱਤਾ ਸੀ, 'ਲੱਗੀ ਨਜ਼ਰ ਪੰਜਾਬ ਨੂੰ' ਇਹਦੀ ਨਜ਼ਰ ਉਤਾਰੋ, ਵਾਰ ਕੇ ਮਿਰਚਾਂ ਕੌੜੀਆਂ ਇਹਦੇ ਸਿਰ ਤੋਂ ਵੀ ਵਾਰੋ।' ਧਨੀ ਰਾਮ ਚਾਤ੍ਰਿਕ ਕਿਤੇ ਅੱਜ ਪੰਜਾਬ ਨੂੰ ਦੇਖਦਾ ਤਾਂ ਸ਼ਾਇਦ ਉਹ ਤੋਂ ਵੀ ਨਾ ਲਿਖਿਆ ਜਾਂਦਾ ,'ਕੱਛੇ ਮਾਰ ਬੰਜਲੀ ਅਨੰਦ ਛਾ ਗਿਆ, ਮਾਰਦਾ ਦਮਾਮਾਂ ਜੱਟ ਮੇਲੇ ਆ ਗਿਆ'। ਕਣਕ ਦੀ ਪੱਕੀ ਫਸਲ 'ਤੇ ਗੜੇਮਾਰੀ ਨੇ ਕਿਸਾਨ ਦੇ ਵਿਸਾਖੀ ਦੇ ਸਾਰੇ ਚਾਅ ਮਧੋਲ ਕੇ ਰੱਖ ਦਿੱਤੇ ਹਨ। ਪਿਛਲੇ ਸਾਲ ਹੜ੍ਹਾਂ ਦੀ ਮਾਰ ਵਿੱਚ 6 ਲੱਖ ਏਕੜ ਤੋਂ ਵੱਧ ਪੈਲੀ ਰੁੜ੍ਹਨ ਦੀ ਚੀਜ਼ ਹਜੇ ਮੱਠੀ ਨਹੀਂ ਪਈ ਹੈ। ਐਤਕੀ ਵਿਸਾਖ ਮਹੀਨਾ ਚੜ੍ਹਿਆ ਹੀ ਮੀਹਾਂ ਵਿੱਚ ਹੈ ਅਤੇ ਹੁਣ ਤੱਕ ਇੱਕ ਲੈ 30 ਲੱਖ ਹਜ਼ਾਰ ਏਕੜ ਫਸਲ ਕਿਸਾਨੀ ਗਈ ਹੈ। ਅੱਗੇ ਵੀ ਮੌਸਮ 'ਤੇ ਕੋਈ ਭਰੋਸਾ ਨਹੀਂ ਹੈ।

ਕਿਸਾਨ ਦੇ ਦੁੱਖਾਂ ਦੀ ਕਹਾਣੀ ਇੱਥੇ ਹੀ ਖਤਮ ਨਹੀਂ ਹੁੰਦੀ। ਪੰਜਾਬ ਵਿੱਚ ਬੇਮੌਸਮੇ ਨੀਹ ਅਤੇ ਗੜਿਆਂ ਦੀ ਮਾਰ ਹੇਠ ਆਈ ਕਣਕ ਦੇ ਕਾਲੇ ਫਿਰੇ ਦਾਣਿਆਂ ਅਤੇ ਸੁੰਗੜ ਚੁੱਕੇ ਸਿੱਟਿਆਂ ਨੇ ਕਿਸਾਨਾਂ ਲਈ ਵੱਡੀ ਮੁਸੀਬਤ ਖੜ੍ਹੀ ਕਰ ਦਿੱਤੀ ਹੈ। ਕੇਂਦਰੀ ਅਨਾਜ ਭੰਡਾਰ ਦੇ ਮਾਪਦੰਡਾਂ 'ਤੇ ਫ਼ਸਲ ਖਰੀ ਨਾ ਉਤਰਨ ਕਾਰਨ ਸੂਬੇ ਦੀਆਂ ਸਮੁੱਚੀਆਂ ਨੇ ਸਾਂਝੇ ਤੌਰ 'ਤੇ ਕਣਕ ਦੀ ਖਰੀਦ ਰੋਕਣ ਦਾ ਫ਼ੈਸਲਾ ਸੁਣਾ ਦਿੱਤਾ ਹੈ। ਏਜੰਸੀਆਂ ਨੇ ਸਿੱਧੇ ਤੌਰ 'ਤੇ ਕਹਿ ਦਿੱਤਾ ਹੈ ਕਿ ਨਵੇਂ ਦੇਸ਼ਾਂ ਨਿਰਦੇਸ਼ ਜਾਰੀ ਹੋਣ ਤੱਕ ਮੰਡੀਆਂ ਵਿੱਚ ਫ਼ਸਲ ਦੀ ਤੁਲਾਈ ਨਹੀਂ ਕੀਤੀ ਜਾਵੇਗੀ। ਪੰਜਾਬ ਦੀਆਂ ਮੰਡੀਆਂ ਵਿੱਚ ਹੁਣ ਤੱਕ ਇਕ ਲੱਖ ਮੀਟਰਿਕ ਟਨ ਤੋਂ ਵੱਧ ਆ ਚੁੱਕੀ ਹੈ। ਜਿਸ ਵਿੱਚੋਂ ਮਸਾਂ 30,000 ਮੀਟਕਿਰ ਟਨ ਵਿਕੀ ਹੈ। ਇਸ ਵਿੱਚੋਂ ਵੀ 354 ਲੱਖ ਮੀਟਰਿਕ ਟਨ ਵਪਾਰੀ ਦੀ ਖਰੀਦ ਹੈ। ਕੇਂਦਰ ਸਰਕਾਰ ਵੱਲੋਂ 12 ਫ਼ੀਸਦੀ ਨਵੀਂ ਤੱਕ ਜਿਨਸ ਖਰੀਦਣ ਦੇ ਆਦੇਸ਼ ਦਿੱਤੇ ਗਏ ਹਨ। ਜਦੋਂ ਕਿ ਮੰਡੀਆਂ ਵਿੱਚ ਆ ਰਹੀ ਕਣਕ ਵਿੱਚ 22 ਫ਼ੀਸਦੀ ਤੱਕ ਨਵੀਂ ਦੱਸੀ ਜਾ ਰਹੀ ਹੈ। ਕਣਕ ਦਾ ਦਾਣਾ ਸੁੰਗੜਿਆ ਤੇ ਕਾਲਾ ਫਿਰਿਆ ਹੋਇਆ ਹੈ।

ਜੁਆਇੰਟ ਕੁਆਰਡੀਨੇਸ਼ਨ ਕਮੇਟੀ ਆਫ ਸਟੇਟ ਪਰਕਿਉਰਮੈਂਟ ਏਜੰਸੀ ਪੰਜਾਬ ਦਾ ਕਹਿਣਾ ਹੈ ਕਿ ਮੰਡੀਆਂ ਵਿੱਚ ਖਰੀਦ ਏਜੰਸੀਆਂ ਨੇ ਕੋਈ ਹੜਤਾਲ ਨੇ ਕੀਤੀ ਹੈ ਸਿਰਫ ਨਵੇਂ ਹੁਕਮਾਂ ਤੱਕ ਖਰੀਦਰੋਪੀ ਗਈ ਹੈ। ਕਮੇਟੀ ਦਾ ਕਹਿਣਾ ਹੈ ਕਿ ਜੇ ਪੈਮਾਨਿਆਂ ਦੇ ਉਲਟ ਮਾੜੀ ਕਣਕ ਦੀ ਖਰੀਦ ਕੀਤੀ ਜਾਂਦੀ ਹੈ ਤਾਂ ਉਸਦੇ ਨੁਕਸਾਨ ਦੀ ਪੂਰਤੀ ਖ਼ਰੀਦ ਏਜੰਸੀਆਂ ਦੇ ਮੁਲਾਜ਼ਮਾਂ ਦੀਆਂ ਜੇਬਾਂ ਵਿੱਚੋਂ ਕੀਤੀ ਜਾਂਦੀ ਹੈ। ਦੂਜੇ ਬੰਨੇ ਇਹ ਵੀ ਪਤਾ ਲੱਗਾ ਹੈ ਕਿ ਖ਼ਰੀਦ ਏਜੰਸੀਆਂ ਉੱਤੇ ਸਰਕਾਰ ਅਤੇ ਸਿਆਸੀ ਲੀਡਰਾਂ ਦਾ ਮੰਡੀਆਂ ਵਿੱਚ ਆ ਰਹੀ ਜਿਨਸ ਹਰ ਹੀਲੇ ਖਰੀਦਣ ਦਾ ਦਬਾਅ ਬਣ ਰਿਹਾ ਹੈ। ਪੰਜਾਬ ਵਿੱਚ ਇਸ ਵਾਰ 122 ਲੱਖ ਮੀਟਰਿਕ ਟਨ ਕਣਕ ਦੀ ਆਮਦ ਦਾ ਅੰਦਾਜ਼ਾ ਹੈ ਜਦੋਂ ਕਿ 130 ਲੱਖ ਮੀਟਰਿਕ ਤੱਕ ਖਰੀਦਣ ਦੇ ਬੰਦੋਬਸਤ ਕੀਤੇ ਗਏ ਹਨ। ਪੰਜਾਬ ਵਿੱਚ ਕਣਕ ਹੇਠਲਾ ਰਕਬਾ 30.34 ਲੱਖ ਹੈਕਟੇਅਰ ਦੱਸਿਆ ਜਾਂਦਾ ਹੈ।

ਪੰਜਾਬ ਦੇ ਕਿਸਾਨ ਨੂੰ ਦੁੱਖ ਇਹ ਵੀ ਮਾਰ ਰਿਹਾ ਹੈ ਕਿ ਕੇਂਦਰ ਸਰਕਾਰ ਨੇ ਕਣਕ ਦੀ ਖ਼ਰੀਦ ਵਿੱਚ ਕੋਈ ਢਿੱਲ ਨਹੀਂ ਦਿੱਤੀ ਹੈ ਜਦੋਂ ਕਿ ਰਾਜਸਥਾਨ ਨੂੰ 5 ਅਪ੍ਰੈਲ ਨੂੰ ਹੀ ਇੱਕ ਪੱਤਰ ਜਾਰੀ ਕਰਕੇ ਖ਼ਰੀਦ ਵਿੱਚ ਛੋਟ ਦੇ ਦਿੱਤੀ ਗਈ ਸੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਕੇਂਦਰ ਸਰਕਾਰ ਨੂੰ ਅਜਿਹਾ ਪੱਤਰ ਲਿਖਿਆ ਗਿਆ ਸੀ। ਸਰਕਾਰ ਨੇ ਕੋਈ ਸ਼ੋਟ ਤਾਂ ਨਹੀਂ ਦਿੱਤੀ, ਪਰ ਫਸਲ ਦੇ ਨੁਕਸਾਨ ਦੇ ਜਾਈਏ ਲਈ ਕੇਂਦਰੀ ਟੀਮਾਂ ਪੰਜਾਬ ਜ਼ਰੂਰ ਆ ਪੁੱਜੀਆਂ ਹਨ।। ਇਹਨਾਂ ਟੀਮਾਂ ਵੱਲੋਂ ਕਣਕ ਦੇ ਨਮੂਨੇ ਇਕੱਠੇ ਕੀਤੇ ਜਾਣਗੇ। ਜਲਦੀ ਘੜੀ ਇਹ ਪੰਜ ਜ਼ਿਲ੍ਹਿਆਂ ਵਿੱਚ ਗੇੜਾ ਲਾਉਣਗੀਆਂ ਜਦੋਂ ਕਿ ਅਗਲੇ ਪੜਾਅ ਵਿੱਚ 12 ਜ਼ਿਲ੍ਹੇ ਹੋਰ ਖਬਰ ਕੀਤੇ ਜਾ ਸਕਦੇ ਹਨ। ਪਤਾ ਲੱਗਾ ਹੈ ਕਿ ਕਣਕ ਦੀ ਆਮਦ ਸ਼ੁਰੂ ਹੋਣ ਦੇ ਬਾਵਜੂਦ ਹਾਲੇ ਗੁਦਾਮਾਂ ਵਿੱਚ ਪਹਿਲਾਂ ਰੱਖੀ ਜਣਸ ਨਹੀਂ ਉਠਾਈ ਗਈ ਹੈ। ਪੰਜਾਬ ਦੇ ਗੁਦਾਮ ਹਾਲੇ ਵੀ ਅਨਾਜ ਨਾਲ ਤੁੰਨੇ ਪਏ ਹਨ।

ਇੱਕ ਹੋਰ ਜਾਣਕਾਰੀ ਅਨੁਸਾਰ ਮੌਸਮ ਖਰਾਬ ਰਹਿਣ ਕਾਰਨ ਝਾਰ ਵਿੱਚ ਵੀ ਚਾਰ ਤੋਂ ਪੰਜ ਕੁਇੰਟਲ ਪ੍ਰਤੀ ਏਕੜ ਦੀ ਗਿਰਾਵਟ ਆਉਣ ਦਾ ਡਰ ਬਣਿਆ ਹੋਇਆ ਹੈ ਜਿਸ ਕਾਰਨ ਕੇਂਦਰੀ ਟੀਮ ਦੀ ਰਿਪੋਰਟ ਅਤੇ ਉਸ ਤੋਂ ਬਾਅਦ ਮਿਲਣ ਵਾਲੀ ਰਾਹਤ ਸੂਬੇ ਦੇ ਖੇਤੀਬਾੜੀ ਖੇਤਰ ਲਈ ਅਹਿਮ ਸਾਬਤ ਹੋਵੇਗੀ। ਕੇਂਦਰੀ ਟੀਮ ਨੇ ਅੱਜ ਬੁਝੀਆਂ ਪੈਲੀਆਂ ਤੇ ਕੁਝ ਚਿਹਰੇ ਦੇਖ ਕੇ ਅਨੁਮਾਨ ਤਾਂ ਲਾ ਲਿਆ ਕਿ ਝੱਖੜ ਕਿੰਨਾ ਕੁ ਝੁੱਲਿਆ ਹੋਵੇਗਾ। ਕਿਸਾਨਾਂ ਦੇ ਚਿਹਰਿਆਂ ਉੱਤੇ ਉਦਾਸੀ ਛਾਈ ਹੋਈ। ਵਿਸਾਖੀ ਦੇ ਦਿਨੀਂ ਵੀ ਘਰਾਂ ਵਿੱਚ ਰੌਣਕ ਨਹੀਂ ਹੈ ਅਤੇ ਨਾ ਹੀ ਪਿੰਡਾਂ ਦੀਆਂ ਸੱਥਾਂ ਵਿੱਚ ਚਹਿਲ ਪਹਿਲ ਦੇਖਣ ਨੂੰ ਮਿਲੀ ਹੈ।। ਕਣਕਾਂ ਦਾ ਰੰਗ ਕਿਤੇ ਸੁਨਹਿਰੀ ਅਤੇ ਕਿਤੇ ਕਾਲਾ ਦੇਖਣ ਨੂੰ ਮਿਲਿਆ ਹੈ। ਕਿਸਾਨਾਂ ਦੇ ਜ਼ਖਮ ਜਿਹੜੇ ਹਾੜ੍ਹੀ ਦੀ ਭਰਵੀਂ ਫਸਲ ਨਾਲ ਭਰੇ ਜਾਣੇ ਸਨ ਮੁੜ ਤੋਂ ਹਰੇ ਹੋ ਗਏ ਹਨ।

ਸਟੇਟ ਲੈਵਲ ਬੈਂਕਰਜ ਕਮੇਟੀ ਪੰਜਾਬ ਦੀ ਦਸੰਬਰ 205 ਦੀ ਰਿਪੋਰਟ ਅਨੁਸਾਰ ਸੂਬੇ ਦੇ ਕਿਸਾਨਾਂ ਸਿਰ ਇਕੱਲੇ ਬੈਂਕਾਂ ਦਾ ਇਕ ਲੱਖ ਕਰੋੜ ਦਾ ਕਰਜ਼ਾ ਹੈ ਜੋ ਕਿ 2019 ਵਿੱਚ 65,310 ਕਰੋੜ ਰੁਪਏ ਸੀ। ਸੱਤ ਸਾਲਾਂ ਵਿੱਚ 38 ਹਜ਼ਾਰ ਕਰੋੜ ਦਾ ਕਰਜ਼ਾ ਵੱਧ ਗਿਆ ਹੈ। ਸੱਚ ਤਾਂ ਇਹ ਹੈ ਕਿ ਕਿਸੇ ਵੀ ਸਰਕਾਰ ਨੇ ਕਿਸਾਨਾਂ ਦੀ ਬਾਂਹ ਨਹੀਂ ਫੜੀ ਹੈ। ਕਿਸਾਨਾਂ ਦੇ ਦੁੱਖ ਕੱਟਣ ਦੀ ਕਿਸੇ ਵੀ ਸਰਕਾਰ ਨੂੰ ਚਿੰਤਾ ਨਹੀਂ ਹੈ।

ਪੰਜਾਬ ਦਾ ਕਿਸਾਨ ਜਿਹੜਾ ਮੁਲਕ ਦਾ ਢਿੱਡ ਭਰਦਾ ਆ ਰਿਹਾ ਹੈ। ਜਿਸ ਨੇ ਮੁਲਕ ਨੇ ਮੁਲਕ ਵਿੱਚੋਂ ਭੁੱਖ ਦੂਰ ਕੀਤੀ ਹੈ, ਅੱਜ ਆਪ ਦੁੱਖਾਂ ਦੀ ਮਾਰ ਝੱਲਣ ਲਈ ਮਜਬੂਰ ਹੈ। ਪੁੱਤਾਂ ਦੀ ਤਰ੍ਹਾਂ ਪਾਲੀ ਫਸਲ ਮੰਡੀਆਂ ਵਿੱਚ ਸੁੱਟ ਕੇ ਆਣ ਦਾ ਦਰਦ ਸ਼ਾਇਦ ਉਸ ਤੋਂ ਬਿਨਾਂ ਕਿਸੇ ਹੋਰ ਨੇ ਮਹਿਸੂਸ ਨਹੀਂ ਕੀਤਾ। ਕਿਸਾਨ ਦੀ ਲਾਗਤ ਅਤੇ ਵੇਚ ਦੇ ਭਾਅ ਨੂੰ ਜੋੜ ਕੇ ਮੁਕਰਰ ਕੀਤਾ ਜਾਵੇ ਤਾਂ ਸ਼ਾਇਦ ਉਹਦੇ ਦੁੱਖਾਂ ਦੀ ਪੰਡ ਹਲਕੀ ਹੋ ਜਾਵੇ। ਦੁੱਖ ਤਾਂ ਇਹ ਵੀ ਹੈ ਕਿ ਸਰਕਾਰ ਨੇ ਖੇਤੀ ਨੀਤੀ ਵਾਲੀ ਫਾਈਲ ਨੂੰ ਸਿਆਸਤ ਦੇ ਭਾਰ ਹੇਠ ਵਾਰ ਵਾਰ ਦੱਬੀ ਜਾ ਰਹੀ ਹੈ। ਸਦਕੇ ਜਾਈਏ ਪੰਜਾਬ ਦੇ ਕਿਸਾਨ ਦੇ ਜਿਹੜਾ ਫਿਰ ਵੀ ਹਾਰ ਕੇ ਘਰੇ ਨਹੀਂ ਬੈਠਦਾ। ਉਹ ਪਰਨੇ ਦਾ ਝੁੰਮ ਮਾਰ ਕੇ ਖੇਤਾਂ ਵਿੱਚ ਉਨ੍ਹੀਂ ਦਿਨ ਵੀ ਡਟਿਆ ਰਹਿੰਦਾ ਹੈ ਜਿਨ੍ਹੀਂ ਦਿਨੀਂ ਅਸਮਾਨ ਚੋਂ' ਵਰ੍ਹਦੀ ਲੂਅ ਨੂੰ ਨਾ ਝੱਲਦਿਆਂ ਸਾਧ ਹੋਣ ਨੂੰ ਦਿਲ ਕਰਾਉਂਦਾ ਹੈ।



ਵਿੰਕਲਜੀਤ ਸਿੰਘ ਸਰਾ
9501477889

# ਬਰਾਬਰੀ ਤੇ ਸੰਵਿਧਾਨਿਕ ਨਿਆਂ ਦਾ ਪ੍ਰਤੀਕ ਡਾ. ਭੀਮ ਰਾਓ ਅੰਬੇਡਕਰ

ਭਾਰਤ ਦੀ ਪਵਿੱਤਰ ਧਰਤੀ ਨੇ ਸਮੇਂ-ਸਮੇਂ 'ਤੇ ਅਜਿਹੇ ਮਹਾਨ ਪੁਰਸ਼ਾਂ ਨੂੰ ਜਨਮ ਦਿੱਤਾ ਹੈ, ਜਿਨ੍ਹਾਂ ਨੇ ਆਪਣੀ ਦੂਰਅੰਦੇਸ਼ੀ ਅਤੇ ਕੁਰਬਾਨੀ ਨਾਲ ਸਮਾਜ ਦੀ ਨੁਹਾਰ ਬਦਲ ਦਿੱਤੀ। ਇਨ੍ਹਾਂ ਮਹਾਨ ਸ਼ਖ਼ਸੀਅਤਾਂ ਦੀ ਸੂਚੀ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਰਾਮਜੀ ਅੰਬੇਡਕਰ ਦਾ ਨਾਮ ਸਭ ਤੋਂ ਚਮਕਦੇ ਸਿਤਾਰੇ ਵਾਂਗ ਹੈ। ਉਹ ਸਿਰਫ਼ ਇੱਕ ਵਿਅਕਤੀ ਨਹੀਂ ਸਨ, ਸਗੋਂ ਇੱਕ ਵਿਚਾਰਧਾਰਾ ਸਨ, ਜਿਸ ਨੇ ਸਦੀਆਂ ਤੋਂ ਹਨੇਰੇ ਵਿੱਚ ਜੀ ਰਹੇ ਕਰੋੜਾਂ ਲੋਕਾਂ ਦੇ ਜੀਵਨ ਵਿੱਚ ਗਿਆਨ ਤੇ ਆਤਮ-ਸਨਮਾਨ ਦਾ ਦੀਪ ਜਲਾਇਆ। ਉਨ੍ਹਾਂ ਦਾ ਜੀਵਨ ਸੰਘਰਸ਼, ਸਬਰ ਅਤੇ ਅਥਾਹ ਬੁੱਧੀ ਦੀ ਇੱਕ ਅਜਿਹੀ ਮਿਸਾਲ ਹੈ, ਜੋ ਦੁਨੀਆ ਭਰ ਦੇ ਲੋਕਤੰਤਰਾਂ ਲਈ ਇੱਕ ਮਾਰਗਦਰਸ਼ਕ ਦਾ ਕੰਮ ਕਰਦੀ ਹੈ। 14 ਅਪ੍ਰੈਲ ਦਾ ਦਿਨ ਪੂਰੇ ਵਿਸ਼ਵ ਵਿੱਚ ਕੇਵਲ ਉਨ੍ਹਾਂ ਦੇ ਜਨਮ ਦਿਵਸ ਵਜੋਂ ਹੀ ਨਹੀਂ, ਸਗੋਂ 'ਗਿਆਨ ਦਿਵਸ' ਅਤੇ 'ਸਮਾਨਤਾ ਦਿਵਸ' ਵਜੋਂ ਮਨਾਇਆ ਜਾਂਦਾ ਹੈ, ਜੋ ਉਨ੍ਹਾਂ ਦੀ ਵਿਸ਼ਵਵਿਆਪੀ ਪ੍ਰਸਿੱਧੀ ਦਾ ਪ੍ਰਮਾਣ ਹੈ।

**ਬਚਪਨ ਦੀਆਂ ਚੁਣੌਤੀਆਂ ਤੇ ਅਪਮਾਨ ਵਿਰੁੱਧ ਬਗਾਵਤ** : ਡਾ. ਅੰਬੇਡਕਰ ਦਾ ਜਨਮ 14 ਅਪ੍ਰੈਲ 1891 ਨੂੰ ਮੱਧ ਪ੍ਰਦੇਸ਼ ਦੇ ਮਹੂ ਵਿੱਚ ਇੱਕ ਅਜਿਹੇ ਪਰਿਵਾਰ ਵਿੱਚ ਹੋਇਆ ਸੀ, ਜਿਸ ਨੂੰ ਸਮਾਜਿਕ ਰੂਪ ਵਿੱਚ 'ਅਛੂਤ' ਸਮਝਿਆ ਜਾਂਦਾ ਸੀ। ਉਨ੍ਹਾਂ ਦੇ ਪਿਤਾ ਰਾਮਜੀ ਮਾਲੋਜੀ ਸਾਕਪਾਲ ਫ਼ੌਜ ਵਿੱਚ ਇੱਕ ਜ਼ਿੰਮੇਵਾਰ ਅਹੁਦੇ 'ਤੇ ਸਨ, ਪਰ ਸਮਾਜਿਕ ਜਾਤ-ਪਾਤ ਦੇ ਜ਼ਹਿਰ ਨੇ ਬਾਲਕ ਭੀਮ ਨੂੰ ਬਚਪਨ ਤੋਂ ਹੀ ਬਹੁਤ ਮਾਨਸਿਕ ਪੀੜ ਦਿੱਤੀ। ਸਕੂਲ ਦੀ ਪੜ੍ਹਾਈ ਦੌਰਾਨ ਉਨ੍ਹਾਂ ਨੂੰ ਜਮਾਤ ਦੇ ਅੰਦਰ ਬੈਠਣ ਦੀ ਮਨਾਹੀ ਸੀ ਅਤੇ ਉਹ ਬਾਹਰ ਟਾਟ 'ਤੇ ਬੈਠ ਕੇ ਪੜ੍ਹਦੇ ਸਨ। ਪਿਆਸ ਲੱਗਣ 'ਤੇ ਘੜੇ ਨੂੰ ਹੱਥ ਲਗਾਉਣ ਦੀ ਇਜਾਜ਼ਤ ਨਹੀਂ ਸੀ ਅਤੇ ਪਾਣੀ ਸਿਰਫ਼ ਚਪੜਾਸੀ ਰਾਹੀਂ ਹੀ ਪਿਲਾਇਆ ਜਾਂਦਾ ਸੀ। ਇਹ ਉਹ ਦੌਰ ਸੀ ਜਦੋਂ ਇੱਕ ਹੋਣਹਾਰ ਬੱਚੇ ਨੂੰ ਸਿਰਫ਼ ਉਸ ਦੀ ਜਾਤ ਕਾਰਨ ਬੇਇੱਜ਼ਤ ਕੀਤਾ ਜਾਂਦਾ ਸੀ। ਪਰ ਇਨ੍ਹਾਂ ਅਪਮਾਨਜਨਕ ਘਟਨਾਵਾਂ ਨੇ ਉਨ੍ਹਾਂ ਨੂੰ ਤੋੜਿਆ ਨਹੀਂ, ਸਗੋਂ ਉਨ੍ਹਾਂ ਦੇ ਅੰਦਰ ਇੱਕ ਅਜਿਹੀ ਚਿਣਗ ਪੈਦਾ ਕੀਤੀ, ਜਿਸ ਨੇ ਅੱਗੇ ਚੱਲ ਕੇ ਜਾਤ-ਪਾਤ ਦੀਆਂ ਜੜ੍ਹਾਂ ਹਿਲਾ ਦਿੱਤੀਆਂ।

**ਵਿੱਦਿਅਕ ਪ੍ਰਾਪਤੀਆਂ ਅਤੇ ਗਿਆਨ ਦਾ ਅਥਾਹ ਸਾਗਰ** : ਬਾਬਾ ਸਾਹਿਬ ਦਾ ਮੰਨਣਾ ਸੀ ਕਿ ਵਿੱਦਿਆ ਹੀ ਉਹ ਸ਼ੇਰਨੀ ਦਾ ਦੁੱਧ ਹੈ ਜੋ ਗ਼ੁਲਾਮੀ ਦੀਆਂ ਜੰਜ਼ੀਰਾਂ ਤੋੜ ਸਕਦਾ ਹੈ। ਉਨ੍ਹਾਂ ਨੇ ਬੇਹੱਦ ਗ਼ਰੀਬੀ ਅਤੇ ਸਮਾਜਿਕ ਬਾਈਕਾਟ ਦੇ ਬਾਵਜੂਦ ਉੱਚ ਸਿੱਖਿਆ ਹਾਸਲ ਕਰਨ ਦਾ ਫੈਸਲਾ ਕੀਤਾ। ਬੜੌਦਾ ਦੇ ਮਹਾਰਾਜਾ ਸਯਾਜੀ ਰਾਓ ਗਾਇਕਵਾੜ ਦੀ ਸਕਾਲਰਸ਼ਿਪ 'ਤੇ ਉਹ ਅਮਰੀਕਾ ਦੀ ਕੋਲੰਬੀਆ ਯੂਨੀਵਰਸਿਟੀ ਗਏ, ਜਿੱਥੇ ਉਨ੍ਹਾਂ ਨੇ ਰਾਜਨੀਤੀ ਵਿਗਿਆਨ, ਨੈਤਿਕ ਫਲਸਫਾ ਤੇ ਅਰਥ ਸ਼ਾਸਤਰ ਦੀ ਡੂੰਘੀ ਪੜ੍ਹਾਈ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਲੰਡਨ ਸਕੂਲ ਆਫ਼ ਇਕਨਾਮਿਕਸ ਤੋਂ ਆਪਣੀ ਡਾਕਟਰੇਟ ਦੀ ਡਿਗਰੀ ਪ੍ਰਾਪਤ ਕੀਤੀ। ਉਹ ਆਪਣੇ ਸਮੇਂ ਦੇ ਸਭ ਤੋਂ ਵੱਧ ਪੜ੍ਹੇ-ਲਿਖੇ ਭਾਰਤੀ ਸਨ, ਜਿਨ੍ਹਾਂ ਕੋਲ ਕਈ ਦੁਰਲੱਭ ਡਿਗਰੀਆਂ ਸਨ। ਉਨ੍ਹਾਂ ਦੀ ਪੜ੍ਹਾਈ ਦਾ ਮਕਸਦ ਸਿਰਫ਼ ਨੌਕਰੀ ਪ੍ਰਾਪਤ



ਕਰਨਾ ਨਹੀਂ ਸੀ, ਸਗੋਂ ਭਾਰਤੀ ਸਮਾਜ ਦੀਆਂ ਬਿਮਾਰੀਆਂ ਨੂੰ ਸਮਝ ਕੇ ਉਨ੍ਹਾਂ ਦਾ ਵਿਗਿਆਨਕ ਹੱਲ ਲੱਭਣਾ ਸੀ।

**ਸਮਾਜਿਕ ਕ੍ਰਾਂਤੀ ਤੇ ਮਾਨਵਵਾਦੀ ਅੰਦੋਲਨ** : ਜਦੋਂ ਬਾਬਾ ਸਾਹਿਬ ਵਿਦੇਸ਼ ਤੋਂ ਪੜ੍ਹ ਕੇ ਵਾਪਸ ਆਏ, ਤਾਂ ਉਨ੍ਹਾਂ ਨੇ ਦੇਖਿਆ ਕਿ ਉੱਚ ਸਿੱਖਿਆ ਦੇ ਬਾਵਜੂਦ ਸਮਾਜ ਦਾ ਨਜ਼ਰੀਆ ਉਨ੍ਹਾਂ ਪ੍ਰਤੀ ਬਦਲਿਆ ਨਹੀਂ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਆਪਣਾ ਪੂਰਾ ਜੀਵਨ ਦਲਿਤਾਂ, ਪੱਛੜਿਆਂ ਤੇ ਔਰਤਾਂ ਦੇ ਹੱਕਾਂ ਲਈ ਸਮਰਪਿਤ ਕਰ ਦਿੱਤਾ। 1927 ਦਾ ਮਹਾੜ ਸਤਿਆਗ੍ਰਹਿ ਉਨ੍ਹਾਂ ਦੇ ਜੀਵਨ ਦਾ ਇੱਕ ਅਹਿਮ ਮੋੜ ਸੀ, ਜਿੱਥੇ ਉਨ੍ਹਾਂ ਨੇ ਸਦੀਆਂ ਤੋਂ ਬੰਦ ਪਏ ਪਾਣੀ ਦੇ ਸੋਮਿਆਂ ਨੂੰ 'ਅਛੂਤਾਂ' ਲਈ ਖੁੱਲ੍ਹਵਾਉਣ ਦੀ ਲੜਾਈ ਲੜੀ। ਇਹ ਲੜਾਈ ਸਿਰਫ਼ ਪਾਣੀ ਦੀ ਨਹੀਂ ਸੀ, ਸਗੋਂ ਮਨੁੱਖੀ ਹੋਂਦ ਅਤੇ ਸਨਮਾਨ ਦੀ ਸੀ। ਇਸੇ ਲੜੀ ਵਿੱਚ ਨਾਸਿਕ ਦਾ ਕਾਲਾ ਰਾਮ ਮੰਦਰ ਅੰਦੋਲਨ ਵੀ ਇੱਕ ਵੱਡੀ ਸਮਾਜਿਕ ਕ੍ਰਾਂਤੀ ਸੀ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜੇਕਰ ਕੋਈ ਧਰਮ ਇਨਸਾਨ ਨੂੰ ਇਨਸਾਨ ਨਹੀਂ ਸਮਝਦਾ, ਤਾਂ ਉਹ ਧਰਮ ਨਹੀਂ ਸਗੋਂ ਇੱਕ ਮਾਨਸਿਕ ਗ਼ੁਲਾਮੀ ਹੈ।

**ਭਾਰਤੀ ਸੰਵਿਧਾਨ ਦੇ ਮੁੱਖ ਸ਼ਿਲਪਕਾਰ ਤੇ ਲੋਕਤੰਤਰ ਦੀ ਨੀਂਹ** : ਆਜ਼ਾਦੀ ਤੋਂ ਬਾਅਦ ਜਦੋਂ ਭਾਰਤ ਨੂੰ ਇੱਕ ਨਵੇਂ ਰੂਪ ਵਿੱਚ ਸਿਰਜਣ ਦੀ ਗੱਲ ਤੁਰੀ, ਤਾਂ ਸਾਰੀਆਂ ਦੀਆਂ ਨਜ਼ਰਾਂ ਡਾ. ਅੰਬੇਡਕਰ 'ਤੇ ਟਿਕੀਆਂ ਸਨ। ਉਨ੍ਹਾਂ ਨੂੰ ਸੰਵਿਧਾਨ ਦੀ ਮਸੌਦਾ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ। ਬਾਬਾ ਸਾਹਿਬ ਨੇ ਵਿਸ਼ਵ ਦੇ ਲੱਗਭੱਗ ਸਾਰੇ ਵੱਡੇ ਲੋਕਤੰਤਰਾਂ ਦੇ ਸੰਵਿਧਾਨਾਂ ਦਾ ਅਧਿਐਨ ਕੀਤਾ ਅਤੇ ਭਾਰਤ ਦੀ ਮਿੱਟੀ ਦੀਆਂ ਲੋੜਾਂ ਅਨੁਸਾਰ ਇੱਕ ਅਜਿਹਾ ਦਸਤਾਵੇਜ਼ ਤਿਆਰ ਕੀਤਾ ਜੋ ਦੁਨੀਆਂ ਦਾ ਸਭ ਤੋਂ ਵੱਡਾ ਅਤੇ ਵਿਸਤ੍ਰਿਤ ਸੰਵਿਧਾਨ ਬਣਿਆ। ਉਨ੍ਹਾਂ ਨੇ ਸੰਵਿਧਾਨ ਰਾਹੀਂ ਇਹ ਯਕੀਨੀ ਬਣਾਇਆ ਕਿ ਭਾਰਤ ਵਿੱਚ 'ਕਾਨੂੰਨ ਦਾ ਰਾਜ' ਹੋਵੇਗਾ ਨਾ ਕਿ ਕਿਸੇ ਵਿਸ਼ੇਸ਼ ਵਰਗ ਜਾਂ ਜਾਤ ਦਾ। ਉਨ੍ਹਾਂ ਨੇ ਵੋਟ ਦਾ ਅਧਿਕਾਰ ਸਿਰਫ਼ ਅਮੀਰਾਂ ਜਾਂ ਪੜ੍ਹੇ-ਲਿਖੇ ਲੋਕਾਂ ਨੂੰ ਹੀ ਨਹੀਂ, ਸਗੋਂ ਹਰ ਨਾਗਰਿਕ ਨੂੰ ਬਰਾਬਰ ਦਿੱਤਾ, ਜਿਸ ਨੇ ਭਾਰਤੀ ਲੋਕਤੰਤਰ ਦੀਆਂ ਜੜ੍ਹਾਂ ਮਜ਼ਬੂਤ ਕੀਤੀਆਂ।

**ਮਹਿਲਾ ਸ਼ਕਤੀਕਰਨ ਤੇ ਹਿੰਦੂ ਕੋਡ ਬਿੱਲ ਦਾ ਸੰਘਰਸ਼** : ਡਾ. ਅੰਬੇਡਕਰ ਸਿਰਫ਼ ਦਲਿਤਾਂ ਦੇ ਹੀ ਮਸੀਹਾ ਨਹੀਂ ਸਨ, ਸਗੋਂ ਉਹ ਭਾਰਤੀ ਨਾਰੀ ਦੇ ਸਭ ਤੋਂ ਵੱਡੇ ਵਕੀਲ ਸਨ। ਉਨ੍ਹਾਂ ਦਾ ਮੰਨਣਾ ਸੀ ਕਿ ਕਿਸੇ ਵੀ ਦੇਸ਼ ਦੀ ਉੱਨਤੀ ਉੱਥੋਂ ਦੀਆਂ ਔਰਤਾਂ ਦੀ ਸਥਿਤੀ ਤੋਂ ਮਾਪੀ ਜਾ ਸਕਦੀ ਹੈ। ਉਨ੍ਹਾਂ ਨੇ 'ਹਿੰਦੂ ਕੋਡ ਬਿੱਲ' ਰਾਹੀਂ ਔਰਤਾਂ ਨੂੰ ਜਾਇਦਾਦ ਵਿੱਚ ਹਿੱਸਾ, ਤਲਾਕ ਲੈਣ ਦੀ ਆਜ਼ਾਦੀ ਅਤੇ ਬਰਾਬਰ ਦੇ ਹੱਕ ਦੇਣ ਦੀ ਵਕਾਲਤ ਕੀਤੀ। ਜਦੋਂ ਉਸ ਸਮੇਂ ਦੀ ਸਰਕਾਰ ਵਿੱਚ ਇਸ ਬਿੱਲ ਦਾ ਵਿਰੋਧ ਹੋਇਆ, ਤਾਂ ਬਾਬਾ ਸਾਹਿਬ ਨੇ ਬਿਨਾਂ ਕਿਸੇ ਲਾਲਚ ਦੇ ਆਪਣੇ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ। ਇਹ ਉਨ੍ਹਾਂ ਦੀ ਦ੍ਰਿੜਤਾ ਦਾ ਸਬੂਤ ਸੀ ਕਿ ਉਹ ਅਹੁਦਿਆਂ ਨਾਲੋਂ ਨੀਤੀਆਂ ਅਤੇ ਨੈਤਿਕਤਾ ਨੂੰ ਜ਼ਿਆਦਾ ਮਹੱਤਵ ਦਿੰਦੇ ਸਨ। ਅੱਜ ਭਾਰਤੀ ਔਰਤਾਂ ਜਿੰਨੇ ਵੀ ਕਾਨੂੰਨੀ ਹੱਕ ਮਾਣ ਰਹੀਆਂ ਹਨ, ਉਨ੍ਹਾਂ ਦੇ ਪਿੱਛੇ ਬਾਬਾ ਸਾਹਿਬ ਦੀ ਦੂਰਅੰਦੇਸ਼ੀ ਸੋਚ ਖੜ੍ਹੀ ਹੈ।

**ਆਰਥਿਕ ਚਿੰਤਨ ਤੇ ਦੇਸ਼ ਦੀਆਂ ਸੰਸਥਾਵਾਂ ਦਾ ਨਿਰਮਾਣ** : ਬਹੁਤ ਸਾਰੇ ਲੋਕ ਬਾਬਾ ਸਾਹਿਬ ਨੂੰ ਸਿਰਫ਼ ਇੱਕ ਸਮਾਜ ਸੁਧਾਰਕ ਵਜੋਂ ਜਾਣਦੇ ਹਨ, ਪਰ ਉਹ ਇੱਕ ਮਹਾਨ ਅਰਥਸ਼ਾਸਤਰੀ ਵੀ ਸਨ। ਭਾਰਤੀ ਰਿਜ਼ਰਵ ਬੈਂਕ (RBI) ਦੀ ਸਥਾਪਨਾ ਉਨ੍ਹਾਂ ਦੇ ਵਿਚਾਰਾਂ 'ਤੇ ਹੀ ਆਧਾਰਿਤ ਸੀ। ਉਨ੍ਹਾਂ ਨੇ ਦੇਸ਼ ਵਿੱਚ ਖੇਤੀਬਾੜੀ ਦੇ ਆਧੁਨਿਕੀਕਰਨ, ਉਦਯੋਗਿਕ ਵਿਕਾਸ ਤੇ ਨਦੀ ਘਾਟੀ ਪ੍ਰੋਜੈਕਟਾਂ (ਜਿਵੇਂ ਕਿ ਦਾਮੋਦਰ ਵੈਲੀ) ਦੀ ਯੋਜਨਾਬੰਦੀ ਵਿੱਚ ਅਹਿਮ ਭੂਮਿਕਾ ਨਿਭਾਈ। ਮਜ਼ਦੂਰਾਂ ਲਈ ਕੰਮ ਦੇ ਘੰਟੇ ਨਿਰਧਾਰਿਤ ਕਰਨੇ, ਬੀਮਾ ਸਹੂਲਤਾਂ ਤੇ ਛੁੱਟੀਆਂ ਦੇ ਨਿਯਮ ਬਣਾਉਣ ਵਿੱਚ ਵੀ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ। ਉਹ ਚਾਹੁੰਦੇ ਸਨ ਕਿ ਭਾਰਤ ਆਰਥਿਕ ਤੌਰ 'ਤੇ ਇੰਨਾ ਮਜ਼ਬੂਤ ਹੋਵੇ ਕਿ ਗ਼ਰੀਬ ਤੋਂ ਗ਼ਰੀਬ ਵਿਅਕਤੀ ਦਾ ਜੀਵਨ ਪੱਧਰ ਉੱਚਾ ਉੱਠ ਸਕੇ।

**ਬੁੱਧ ਧਰਮ ਦੀ ਸ਼ਰਨ ਅਤੇ ਮਨੁੱਖੀ ਆਜ਼ਾਦੀ ਦਾ ਐਲਾਨ** : ਜੀਵਨ ਦੇ ਅੰਤਿਮ ਪੜਾਅ ਵਿੱਚ ਬਾਬਾ ਸਾਹਿਬ ਨੇ ਮਹਿਸੂਸ ਕੀਤਾ ਕਿ ਜਿਸ ਵਿਵਸਥਾ ਵਿੱਚ ਇਨਸਾਨ ਨੂੰ ਇਨਸਾਨ ਦਾ ਦਰਜਾ ਨਾ ਮਿਲੇ, ਉਸ ਨੂੰ ਬਦਲਣਾ ਜ਼ਰੂਰੀ ਹੈ। 14 ਅਕਤੂਬਰ 1956 ਨੂੰ ਨਾਗਪੁਰ ਦੀ ਇਤਿਹਾਸਕ ਧਰਤੀ 'ਤੇ ਉਨ੍ਹਾਂ ਨੇ ਆਪਣੇ ਲੱਖਾਂ ਸਾਥੀਆਂ ਨਾਲ ਬੁੱਧ ਧਰਮ ਗ੍ਰਹਿਣ ਕਰ ਲਿਆ। ਉਨ੍ਹਾਂ ਨੇ ਬੁੱਧ ਧਰਮ ਨੂੰ ਇਸ ਲਈ ਚੁਣਿਆ, ਕਿਉਂਕਿ ਇਹ ਤਰਕ, ਵਿਗਿਆਨ, ਸ਼ਾਂਤੀ ਤੇ ਭਾਈਚਾਰੇ 'ਤੇ ਆਧਾਰਿਤ ਸੀ। ਇਹ ਧਰਮ ਪਰਿਵਰਤਨ ਕੇਵਲ ਧਾਰਮਿਕ ਬਦਲਾਅ ਨਹੀਂ ਸੀ, ਸਗੋਂ ਕਰੋੜਾਂ ਲੋਕਾਂ ਲਈ ਮਾਨਸਿਕ ਆਜ਼ਾਦੀ ਦਾ ਐਲਾਨ ਸੀ। ਉਨ੍ਹਾਂ ਨੇ ਲੋਕਾਂ ਨੂੰ ਸਿਖਾਇਆ ਕਿ ਆਪਣੀ ਕਿਸਮਤ ਦੇ ਮਾਲਕ ਤੁਸੀਂ ਆਪ ਹੋ, ਕਿਸੇ ਗ਼ੈਬੀ ਸ਼ਕਤੀ ਦੇ ਭਰੋਸੇ ਬੈਠਣ ਦੀ ਬਜਾਏ ਆਪਣੇ ਕਰਮਾਂ ਅਤੇ ਗਿਆਨ 'ਤੇ ਵਿਸ਼ਵਾਸ ਕਰੋ।

**ਲਿਖਤਾਂ ਤੇ ਫਲਸਫੇ ਦੀ ਵਿਰਾਸਤ**: ਡਾ. ਅੰਬੇਡਕਰ ਇੱਕ ਬਹੁਤ ਹੀ ਉੱਚ ਕੋਟੀ ਦੇ ਲੇਖਕ ਤੇ ਚਿੰਤਕ ਸਨ। ਉਨ੍ਹਾਂ ਦੀਆਂ ਕਿਤਾਬਾਂ ਜਿਵੇਂ ਕਿ "Annihilation of Caste", "The Buddha and His Dhamma" ਅਤੇ "Who Were the Shudras?" ਅੱਜ ਵੀ ਵਿਸ਼ਵ ਭਰ ਦੀਆਂ ਯੂਨੀਵਰਸਿਟੀਆਂ ਵਿੱਚ ਖੋਜ ਦਾ ਵਿਸ਼ਾ ਹਨ। ਉਨ੍ਹਾਂ ਨੇ ਆਪਣੇ ਲੇਖਾਂ ਰਾਹੀਂ ਸਮਾਜਿਕ ਢਾਂਚੇ ਦੀ ਬਾਰੀਕੀ ਨਾਲ ਚੀਰ-ਫਾੜ ਕੀਤੀ ਅਤੇ ਦੱਸਿਆ ਕਿ ਕਿਵੇਂ ਜਾਤੀਵਾਦ ਦੇਸ਼ ਦੀ ਉੱਨਤੀ ਵਿੱਚ ਸਭ ਤੋਂ ਵੱਡੀ ਰੁਕਾਵਟ ਹੈ। ਉਨ੍ਹਾਂ ਦੇ ਵਿਚਾਰ ਅੱਜ ਦੇ ਡਿਜੀਟਲ ਯੁੱਗ ਵਿੱਚ ਵੀ ਉਨੇ ਹੀ ਸਾਰਥਕ ਹਨ ਜਿੰਨੇ ਕਿ ਉਹ 20ਵੀਂ ਸਦੀ ਵਿੱਚ ਸਨ। ਉਨ੍ਹਾਂ ਦੀਆਂ ਲਿਖਤਾਂ ਨੌਜਵਾਨ ਪੀੜ੍ਹੀ ਨੂੰ ਹਮੇਸ਼ਾ ਤਰਕਸ਼ੀਲ ਹੋਣ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਲੜਨ ਦੀ ਪ੍ਰੇਰਣਾ ਦਿੰਦੀਆਂ ਰਹਿਣਗੀਆਂ।

**ਅਜੋਕੇ ਸਮੇਂ ਵਿੱਚ ਪ੍ਰਸੰਗਿਕਤਾ ਅਤੇ ਸਾਰਾਂਸ਼** : ਅੱਜ ਜਦੋਂ ਅਸੀਂ 21ਵੀਂ ਸਦੀ ਵਿੱਚ ਜੀ ਰਹੇ ਹਾਂ, ਡਾ. ਅੰਬੇਡਕਰ ਦੀ ਸੋਚ ਪਹਿਲਾਂ ਨਾਲੋਂ ਵੀ ਵੱਧ ਜ਼ਰੂਰੀ ਹੋ ਗਈ ਹੈ। ਸਮਾਜ ਵਿੱਚ ਵੱਧ ਰਹੀ ਅਸਮਾਨਤਾ, ਨਫ਼ਰਤ ਅਤੇ ਲੋਕਤੰਤਰ ਸਾਹਮਣੇ ਆ ਰਹੀਆਂ ਚੁਣੌਤੀਆਂ ਦਾ ਹੱਲ ਸਿਰਫ਼ ਬਾਬਾ ਸਾਹਿਬ ਦੇ ਦੱਸੇ ਹੋਏ 'ਸੰਵਿਧਾਨਕ ਮੁੱਲਾਂ' ਵਿੱਚ ਹੀ ਛੁਪਿਆ ਹੋਇਆ ਹੈ। ਉਨ੍ਹਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਸਿੱਖਿਆ ਹੀ ਇੱਕੋ-ਇੱਕ ਰਸਤਾ ਹੈ ਜਿਸ ਰਾਹੀਂ ਅਸੀਂ ਆਪਣੀ ਅਤੇ ਆਪਣੇ ਦੇਸ਼ ਦੀ ਕਿਸਮਤ ਬਦਲ ਸਕਦੇ ਹਾਂ। ਡਾ. ਅੰਬੇਡਕਰ ਕੇਵਲ ਇੱਕ ਇਤਿਹਾਸਕ ਪਾਤਰ ਨਹੀਂ, ਸਗੋਂ ਉਹ ਹਰ ਉਸ ਇਨਸਾਨ ਦੀ ਆਵਾਜ਼ ਹਨ ਜੋ ਅਨਿਆਂ ਵਿਰੁੱਧ ਉੱਠਦੀ ਹੈ। ਉਨ੍ਹਾਂ ਦਾ ਜਨਮ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਜਦੋਂ ਤੱਕ ਆਖਰੀ ਕਤਾਰ ਵਿੱਚ ਖੜ੍ਹੇ ਵਿਅਕਤੀ ਨੂੰ ਸਮਾਨ ਅਧਿਕਾਰ ਨਹੀਂ ਮਿਲ ਜਾਂਦੇ, ਸਾਡੀ ਆਜ਼ਾਦੀ ਅਧੂਰੀ ਹੈ। ਸਾਨੂੰ ਉਨ੍ਹਾਂ ਦੇ ਦਿਖਾਏ ਰਾਹ 'ਤੇ ਚੱਲਦਿਆਂ ਇੱਕ ਅਜਿਹੇ ਭਾਰਤ ਦਾ ਨਿਰਮਾਣ ਕਰਨਾ ਚਾਹੀਦਾ ਹੈ ਜਿੱਥੇ ਸੁਤੰਤਰਤਾ, ਸਮਾਨਤਾ ਅਤੇ ਭਾਈਚਾਰਾ ਕੇਵਲ ਸ਼ਬਦ ਨਾ ਹੋਣ, ਸਗੋਂ ਹਰ ਨਾਗਰਿਕ ਦੀ ਜ਼ਿੰਦਗੀ ਦਾ ਹਿੱਸਾ ਹੋਣ।

**ਜੈ ਭੀਮ! ਜੈ ਭਾਰਤ!**




# ਡਾ. ਇੰਦਰਪਾਲ ਦੀ ਅਗਵਾਈ ਹੇਠ ਡਾ. ਅੰਬੇਡਕਰ ਦਾ 125ਵਾਂ ਜਨਮ ਦਿਨ ਮਨਾਇਆ



ਅੰਮ੍ਰਿਤਸਰ, 14 ਅਪ੍ਰੈਲ (ਬਬਲੂ ਮਹਾਜਨ )ਆਮ ਆਦਮੀ ਪਾਰਟੀ ਐਸ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ ਦੀ ਅਗਵਾਈ ਹੇਠ ਟਾਊਨ ਹਾਲ ਵਿਖੇ ਡਾਕਟਰ ਭੀਮ ਰਾਓ ਅੰਬੇਡਕਰ ਦਾ 125ਵਾਂ ਜਨਮ ਦਿਨ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ ਅਤੇ ਡਾਕਟਰ ਅੰਬੇਡਕਰ ਦੀ ਪ੍ਰਤਿਮਾ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਮਨ ਕੀਤਾ।ਸਮਾਗਮ ਦੀ ਸ਼ੁਰੂਆਤ ਡਾਕਟਰ ਅੰਬੇਡਕਰ ਦੇ ਜੀਵਨ ਅਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਕੀਤੀ ਗਈ। ਇਸ ਮੌਕੇ ਡਾਕਟਰ ਇੰਦਰਪਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਨੇ ਭਾਰਤ ਦੇ ਸੰਵਿਧਾਨ ਦੀ ਰਚਨਾ ਕਰਕੇ ਦੇਸ਼ ਨੂੰ ਇਕ ਮਜ਼ਬੂਤ ਲੋਕਤੰਤਰਕ ਢਾਂਚਾ ਦਿੱਤਾ। ਉਨ੍ਹਾਂ ਨੇ ਸਮਾਜ ਵਿੱਚ ਸਮਾਨਤਾ, ਨਿਆਂ ਅਤੇ ਅਧਿਕਾਰਾਂ ਲਈ ਜੋ ਸੰਘਰਸ਼ ਕੀਤਾ, ਉਹ ਹਰ ਕਿਸੇ ਲਈ ਪ੍ਰੇਰਣਾ ਦਾ ਸਰੋਤ ਹੈ।ਉਨ੍ਹਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਅੰਬੇਡਕਰ ਦੇ ਵਿਚਾਰਾਂ ਨੂੰ ਅਪਣਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਸਮਾਜ ਵਿੱਚ ਭੇਦਭਾਵ ਨੂੰ ਖਤਮ ਕਰਕੇ ਸਭ ਨੂੰ ਬਰਾਬਰੀ ਦੇ ਹੱਕ ਮਿਲ ਸਕਣ। ਇਸ ਮੌਕੇ ਹੋਰ ਆਗੂਆਂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਅੰਬੇਡਕਰ ਜੀ ਦੇ ਸੁਨੇਹੇ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸੰਕਲਪ ਲਿਆ।ਸਮਾਗਮ ਵਿੱਚ ਨਿਰਮਲ ਸਿੰਘ, ਬਲਵਿੰਦਰ ਸਿੰਘ ਕਾਲਾ, ਜੈ ਸਿੰਘ ਅਟੱਲ, ਵਿਜੇ ਕੁਮਾਰ, ਮਾਸਟਰ ਮੋਹਨ ਲਾਲ, ਸਾਹਿਬ ਸਿੰਘ ਅਤੇ ਸਤਪਾਲ ਸੋਖੀ ਸਮੇਤ ਸਾਰੇ ਬਲਾਕ ਪ੍ਰਧਾਨ ਅਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਹਾਜ਼ਰ ਸਨ।ਅੰਤ ਵਿੱਚ ਸਾਰੇ ਹਾਜ਼ਰੀਨਾਂ ਨੇ ਡਾਕਟਰ ਅੰਬੇਡਕਰ ਦੇ ਸਿਧਾਂਤਾਂ 'ਤੇ ਚੱਲਣ ਦਾ ਵਚਨ ਲਿਆ ਅਤੇ ਸਮਾਜ ਵਿੱਚ ਇੱਕਤਾ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ।

# ਸਰਹੱਦ ਪਾਰੋਂ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਤਿੰਨ ਨੂੰ ਕਾਬੂ ਕਰਕੇ 6 ਅਧੁਨਿਕ ਪਸਤੌਲ ਕੀਤੇ ਬ੍ਰਾਮਦ



ਅੰਮ੍ਰਿਤਸਰ, 14 ਅਪ੍ਰੈਲ (ਬਬਲੂ ਮਹਾਜਨ)ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ । ਪੁਲਿਸ ਨੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਛੇ ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ।ਪੁਲਿਸ ਕਮਿਸ਼ਨਰ ਸ: ਗੁਰਪ੍ਰੀਤ ਸਿੰਘ ਭੁੱਲਰ ਨੇ ਇਕ ਪੱਤਰਕਾਰ ਸੰਮੇਲਨ ਦੌਰਾਨ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਵਿੱਚ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ । ਉਹ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸਹਾਇਤਾ ਕਰਦੇ ਸਨ ਅਤੇ ਅਪਰਾਧਿਕ ਤੱਤਾਂ ਨੂੰ ਸਪਲਾਈ ਕਰਦੇ ਸਨ । ਹਥਿਆਰਾਂ ਦੀ ਖੇਪ ਮਿਲਣ 'ਤੇ ਉਹ ਉਨ੍ਹਾਂ ਨੂੰ ਪੰਜਾਬ ਭਰ ਵਿੱਚ ਫੈਲੇ ਅਪਰਾਧਿਕ ਤੱਤਾਂ ਨੂੰ ਵੰਡਦੇ ਸਨ।ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਹੇਠ ਲਿਖੇ ਅਨੁਸਾਰ ਹੋਈ ਹੈ:ਮੰਗਲ ਸਿੰਘ ਉਰਫ਼ ਮੰਗਾ (ਵਾਸੀ ਕਾਜ਼ੀ ਕੋਟ, ਤਰਨਤਾਰਨ) ਪ੍ਰਣਵ ਸ਼ਰਮਾ ਉਰਫ਼ ਲੱਡੂ (ਵਾਸੀ ਛੇਹਰਟਾ) - ਇਸ ਵਿਰੁੱਧ ਪਹਿਲਾਂ ਵੀ ਨਸ਼ਾ ਤਸਕਰੀ ਦਾ ਮਾਮਲਾ ਦਰਜ ਹੈ।ਗੌਰਵ ਰਾਣਾ (ਵਾਸੀ ਗੁਰੂ ਨਾਨਕ ਐਵੇਨਿਊ) - ਇਸ ਵਿਰੁੱਧ ਕਤਲ ਦੀ ਕੋਸ਼ਿਸ਼ ਅਤੇ ਡਕੈਤੀ ਸਮੇਤ 6 ਸੰਗੀਨ ਮਾਮਲੇ ਦਰਜ ਹਨ।ਪੁਲਿਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ 6 ਵਿਦੇਸ਼ੀ ਪਿਸਤੌਲ ਅਤੇ 6 ਮੈਗਜ਼ੀਨ ਬਰਾਮਦ ਕੀਤੇ ਹਨ,ਜਾਂਚ ਵਿੱਚ ਇਹ ਹੈਰਾਨੀਜਨਕ ਖੁਲਾਸਾ ਹੋਇਆ ਹੈ ਕਿ ਪ੍ਰਣਵ ਅਤੇ ਗੌਰਵ ਦੀ ਮੁਲਾਕਾਤ ਜੇਲ੍ਹ ਵਿੱਚ ਹੋਈ ਸੀ। ਜੇਲ੍ਹ ਵਿੱਚ ਹੀ ਇਨ੍ਹਾਂ ਨੇ ਮਿਲ ਕੇ ਕੰਮ ਕਰਨ ਦੀ ਯੋਜਨਾ ਬਣਾਈ ਅਤੇ ਬਾਹਰ ਆਉਂਦਿਆਂ ਹੀ ਹਥਿਆਰਾਂ ਦੀ ਤਸਕਰੀ ਦੇ ਕਾਲੇ ਕਾਰੋਬਾਰ ਵਿੱਚ ਜੁੱਟ ਗਏ। ਪੁਲਿਸ ਕਮਿਸ਼ਨਰ ਗੁਰਪ੍ਰੀਤ ਭੁੱਲਰ ਨੇ ਦੱਸਿਆ ਕਿ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਇਹ ਤਸਕਰ ਅਪਰਾਧੀਆਂ ਨੂੰ ਹਥਿਆਰ ਸਪਲਾਈ ਕਰਨ ਜਾ ਰਹੇ ਹਨ, ਜਿਸ ਤੋਂ ਬਾਅਦ ਗਵਾਲ ਮੰਡੀ ਨੇੜੇ ਵਿਸ਼ੇਸ਼ ਨਾਕਾਬੰਦੀ ਕਰਕੇ ਇਨ੍ਹਾਂ ਨੂੰ ਦਬੋਚ ਲਿਆ ਗਿਆ।ਪੁਲਿਸ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਕਿ ਇਹ ਹਥਿਆਰ ਅੱਗੇ ਕਿਨ੍ਹਾਂ ਅਪਰਾਧੀਆਂ ਨੂੰ ਸਪਲਾਈ ਕੀਤੇ ਜਾਣੇ ਸਨ ਅਤੇ ਇਸ ਨੈੱਟਵਰਕ ਵਿੱਚ ਹੋਰ ਕੌਣ-ਕੌਣ ਸ਼ਾਮਲ ਹੈ।ਪੁਲਿਸ ਨੇ ਮੁਲਜ਼ਮਾਂ ਖ਼ਿਲਾਫ਼ ਅਸਲਾ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਹੋਰ ਪੁੱਛਗਿੱਛ ਜਾਰੀ ਹੈ।ਇਸ ਮਾਮਲੇ ਦੇ ਸਬੰਧ ਵਿੱਚ ਅੰਮ੍ਰਿਤਸਰ ਦੇ ਛਾਉਣੀ ਪੁਲਿਸ ਸਟੇਸ਼ਨ ਵਿੱਚ 'ਆਰਮਜ਼ ਐਕਟ' ਦੀਆਂ ਸਬੰਧਤ ਧਾਰਾਵਾਂ ਤਹਿਤ ਇੱਕ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਇਸ ਸਮੇ ਉਨਾਂ ਨਾਲ ਡੀ.ਸੀ.ਪੀ ਜਾਂਚ ਰਵਿੰਦਰਪਾਲ ਸਿੰਘ , ਏ.ਡੀ.ਸੀ.ਪੀ ਜਗਬਿੰਦਰ ਸਿੰਘ, ਏ.ਸੀ.ਪੀ ਹਰਮਿੰਦਰ ਸਿੰਘ ਸੰਧੂ ਤੇ ਇੰਸ; ਅਮੋਲਕਜੀਤ ਸਿੰਘ ਵੀ ਹਾਜਰ ਸਨ

# ਡਾ. ਭੀਮ ਰਾਓ ਅੰਬੇਦਕਰ ਦੀ 135ਵੀਂ ਜਨਮ ਵਰ੍ਹੇਗੰਢ ਪੂਰੇ ਉਤਸ਼ਾਹ ਨਾਲ ਮਨਾਈ

## ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਡਾ. ਬੀ.ਆਰ. ਅੰਬੇਡਕਰ ਵੱਲੋਂ ਦਿਖਾਏ ਗਏ ਮਾਰਗ ਤੇ ਚੱਲਣ ਦਾ ਸੱਦਾ ਦਿੱਤਾ



ਅੰਮ੍ਰਿਤਸਰ, 14 ਅਪ੍ਰੈਲ (ਬਬਲੂ ਮਹਾਜਨ ) - ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦੀ 135ਵੀਂ ਜਨਮ ਵਰ੍ਹੇਗੰਢ ਪੂਰੇ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰੋਹਿਤ ਗੁਪਤਾ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀਮਤੀ ਪਰਮਜੀਤ ਕੌਰ, ਐੱਸ.ਡੀ.ਐੱਮ.-1 ਸ੍ਰੀਮਤੀ ਅਲਕਾ ਕਾਲੀਆ, ਐੱਸ.ਡੀ.ਐੱਮ.-2 ਗੁਰਮੰਦਰ ਸਿੰਘ, ਐੱਸ.ਡੀ.ਐੱਮ. ਲੋਪੋਕੇ ਖੁਸ਼ਪ੍ਰੀਤ ਸਿੰਘ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਸ੍ਰੀ ਪਲੱਵ ਸ਼੍ਰੇਸ਼ਠਾ ਸਮੇਤ ਹੋਰ ਜ਼ਿਲ੍ਹਾ ਅਧਿਕਾਰੀਆਂ ਨੇ ਡਾ. ਭੀਮ ਰਾਓ ਅੰਬੇਦਕਰ ਜੀ ਦੀ ਤਸਵੀਰ ਉੱਪਰ ਫੁੱਲ ਚੜਾ ਕੇ ਆਪਣਾ ਸਤਿਕਾਰ ਭੇਟ ਕੀਤਾ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੀ ਵਿਚਾਰਧਾਰਾ ਉੱਪਰ ਚੱਲਦੇ ਹੋਏ ਇੱਕ ਬਰਾਬਰੀ ਵਾਲੇ ਅਤੇ ਪ੍ਰਗਤੀਸ਼ੀਲ ਸਮਾਜ ਦੀ ਸਿਰਜਨਾ ਕਰਨ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੇ ਦਿਖਾਏ ਗਏ ਮਾਰਗ ਤੇ ਚੱਲਣਾ ਹੀ ਬਾਬਾ ਸਾਹਿਬ ਨੂੰ ਸਭ ਤੋਂ ਢੁਕਵੀਂ ਸ਼ਰਧਾਂਜਲੀ ਹੈ।ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਨੇ ਆਪਣਾ ਸਾਰਾ ਜੀਵਨ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਲਈ ਸਮਰਪਿਤ ਕਰ ਦਿੱਤਾ ਅਤੇ ਦੱਬੇ-ਕੁਚਲੇ ਵਰਗ ਦੇ ਉਥਾਨ ਲਈ ਬਹੁਤ ਯਤਨ ਕੀਤੇ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦਾ ਸਮਾਜਿਕ ਅਤੇ ਰਾਜਨੀਤਿਕ ਸਮਾਨਤਾ ਦਾ ਦ੍ਰਿਸ਼ਟੀਕੋਣ ਅੱਜ ਵੀ ਓਨਾ ਹੀ ਪ੍ਰਸੰਗਕ ਹੈ ਜਿੰਨਾ ਪਹਿਲਾਂ ਸੀ। ਡਾ. ਅੰਬੇਡਕਰ ਨੂੰ ਇੱਕ ਵਿਸ਼ਾਲ ਵਿਸ਼ਵ-ਵਿਆਪੀ ਸ਼ਖ਼ਸੀਅਤ ਦੱਸਦੇ ਹੋਏ, ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਇੱਕ ਸਮਾਵੇਸ਼ੀ ਅਤੇ ਨਿਆਂਪੂਰਨ ਸਮਾਜ ਬਣਾਉਣ ਲਈ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਜੀ ਦੇ ਸੁਪਨਿਆਂ ਦਾ ਸਮਾਜ ਸਿਰਜਣ ਅਤੇ ਦੱਬੇ-ਕੁਚਲੇ ਵਰਗ ਦੇ ਉਥਾਨ ਲਈ ਪੂਰੀ ਸੁਹਿਰਦਤਾ ਨਾਲ ਯਤਨ ਆਪਣੇ ਯਤਨ ਕਰਦਾ ਰਹੇਗਾ।

# ਖਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਿਤ ਪਹਿਲਾ ਮਹਾਨ ਗੁਰਮਤਿ ਸਮਾਗਮ ਕਰਵਾਇਆ



ਚੋਗਾਵਾਂ, 14 ਅਪ੍ਰੈਲ (ਸੁਬੇਗ ਸਿੰਘ ਸੋਨਾ) ਖਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਿਤ ਪਹਿਲਾ ਮਹਾਨ ਗੁਰਮਤਿ ਸਮਾਗਮ ਪਿੰਡ ਟਪਿਆਲਾ ਵਿਖੇ ਐਨ.ਆਰ.ਆਈ. ਵੀਰਾਂ ਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਨਾਲ ਕਰਵਾਇਆ ਗਿਆ। ਇਸ ਮੌਕੇ ਗੁਰਦੁਆਰਾ ਕਲਗੀਧਰ ਸਾਹਿਬ ਟਪਿਆਲਾ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸੱਜੇ ਸੁੰਦਰ ਦੀਵਾਨ ਵਿੱਚ ਪੰਥ ਦੇ ਮਹਾਨ ਰਾਗੀ, ਢਾਡੀ, ਕੀਰਤਨੀ ਤੇ ਕਵਿਸ਼ਰੀ ਜਥੇ ਜਿਨਾਂ ਵਿੱਚ ਭਾਈ ਦੀਦਾਰ ਸਿੰਘ ਪੰਜੂਰਾਏ ਦਾ ਕਵਿਸ਼ਰੀ ਜਥਾ, ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਗਿਆਨੀ ਮੇਜਰ ਸਿੰਘ ਖਾਲਸਾ ਲੋਹੀਆਂ ਦਾ ਢਾਡੀ ਜਥਾ, ਭਾਈ ਸ਼ਮਸ਼ੇਰ ਸਿੰਘ ਅੰਮ੍ਰਿਤਸਰ ਦਾ ਕੀਰਤਨੀ ਜਥੇ ਨੇ ਆਈਆਂ ਸੰਗਤਾਂ ਨੂੰ ਕਥਾ ਵਿਚਾਰਾਂ ਤੇ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਗੁਰਮਤਿ ਸਮਾਗਮ ਵਿੱਚ ਕਾਰ ਸੇਵਾ ਵਾਲੇ ਸੰਤ ਬਾਬਾ ਸਤਨਾਮ ਸਿੰਘ ਗੁਰੂ ਕਾ ਬਾਗ, ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ ਸਾਹਿਬ, ਸੰਤ ਬਾਬਾ ਨਾਹਰ ਸਿੰਘ ਜੀ ਸਾਧ, ਬਾਬਾ ਬਲਵਿੰਦਰ ਸਿੰਘ ਕਾਰ ਸੇਵਾ ਸ੍ਰੀ ਹਜੂਰ ਸਾਹਿਬ , ਬਾਬਾ ਨਰਿੰਦਰ ਸਿੰਘ ਕਾਰ ਸੇਵਾ ਸ੍ਰੀ ਹਜੂਰ ਸਾਹਿਬ, ਜਥੇਦਾਰ ਬਾਬਾ ਕਸ਼ਮੀਰ ਸਿੰਘ ਹਜ਼ੂਰ ਸਾਹਿਬ ਵਾਲੇ, ਬਾਬਾ ਰਘਬੀਰ ਸਿੰਘ ਖਿਆਲੇ ਵਾਲੇ, ਬਾਬਾ ਜੋਗਿੰਦਰ ਸਿੰਘ ਲੋਪੋਕੇ, ਸੰਤ ਬਾਬਾ ਤਰਲੋਕ ਸਿੰਘ ਖਿਆਲੇ ਵਾਲੇ, ਆਦਿ ਸੰਤਾਂ ਮਹਾਂਪੁਰਸ਼ ਪਹੁੰਚੇ। ਗ੍ਰੰਥੀ ਟਹਿਲ ਸਿੰਘ ਤੇ ਸੇਵਾਦਾਰਾਂ ਵੱਲੋਂ ਜਥੇ ਤੇ ਸੰਤ ਮਹਾਂਪੁਰਸ਼ਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚਾਹ ਪਕੌੜਿਆਂ ਸਮੇਤ ਅਨੇਕਾਂ ਸਵਾਦੀ ਪਕਵਾਨਾਂ ਦੇ ਗੁਰੂ ਕੇ ਲੰਗਰ ਅਤੁੱਟ ਵਰਤੇ। f

# ਅਮਰੀਕਾ ਦੌਰੇ ਦੌਰਾਨ ਬਾਬਾ ਰਾਮ ਸਿੰਘ ਭਿੰਡਰਾਂਵਾਲਿਆਂ ਵੱਲੋਂ ਖ਼ਾਲਸਾ ਸਾਜਨਾ ਦਿਵਸ ਸਮਾਗਮ

## ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨ ਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ



ਅਮ੍ਰਿਤਸਰ , 14 ਅਪ੍ਰੈਲ (ਬਬਲੂ ਮਹਾਜਨ )ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਆਪਣੇ ਅਮਰੀਕਾ ਦੌਰੇ ਦੌਰਾਨ ਖਾਲਸਾ ਸਾਜਨਾ ਦਿਵਸ ਦੇ ਪਾਵਨ ਮੌਕੇ 'ਤੇ ਇਕ ਵਿਸ਼ਾਲ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਦੇ ਹੋਏ ਗੁਰੂ ਸਾਹਿਬਾਨ ਦੀ ਬਾਣੀ ਦਾ ਆਨੰਦ ਮਾਣਿਆ ਅਤੇ ਖਾਲਸਾ ਪੰਥ ਦੇ ਇਤਿਹਾਸ ਨਾਲ ਜੁੜੇ ਰਹਿਣ ਦਾ ਸੰਦੇਸ਼ ਪ੍ਰਾਪਤ ਕੀਤਾ।ਸਮਾਗਮ ਦੀ ਸ਼ੁਰੂਆਤ ਗੁਰਬਾਣੀ ਕੀਰਤਨ ਨਾਲ ਹੋਈ, ਜਿਸ ਨਾਲ ਪੂਰਾ ਮਾਹੌਲ ਆਧਿਆਤਮਿਕ ਰੰਗ ਵਿੱਚ ਰੰਗਿਆ ਗਿਆ। ਇਸ ਮੌਕੇ ਸਿੰਘ ਸਾਹਿਬ ਬਾਬਾ ਰਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਖਾਲਸਾ ਸਾਜਨਾ ਦਿਵਸ ਦੀਆਂ ਸਮੂਹ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤਾਂ ਨੂੰ ਮੁਬਾਰਕਬਾਦ ਦਿੱਤੀ । ਉਨ੍ਹਾਂ ਨੇ ਖਾਲਸਾ ਪੰਥ ਦੀ ਸਥਾਪਨਾ ਦੇ ਮਹੱਤਵ ਬਾਰੇ ਵਿਸਥਾਰ ਨਾਲ ਚਰਚਾ ਕਰਦਿਆਂ ਕਿਹਾ ਕਿ ਖਾਲਸਾ ਸਿਰਫ ਇੱਕ ਪਹਿਚਾਣ ਨਹੀਂ, ਸਗੋਂ ਇੱਕ ਜੀਵਨ ਜਿਊਣ ਦਾ ਢੰਗ ਹੈ ਜੋ ਸੱਚ, ਨਿਆਂ ਅਤੇ ਧਰਮ ਦੀ ਰੱਖਿਆ ਲਈ ਸਮਰਪਿਤ ਹੈ।ਉਨ੍ਹਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਅਸੀਂ ਸਭ ਨੂੰ ਗੁਰੂ ਸਾਹਿਬਾਨ ਦੀ ਬਾਣੀ ਅਤੇ ਬਾਣੇ ਨਾਲ ਜੁੜ ਕੇ ਆਪਣੀ ਜ਼ਿੰਦਗੀ ਨੂੰ ਸਫਲ ਬਣਾਉਣਾ ਚਾਹੀਦਾ ਹੈ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਖਾਸ ਤੌਰ 'ਤੇ ਸੰਦੇਸ਼ ਦਿੱਤਾ ਕਿ ਉਹ ਆਪਣੇ ਇਤਿਹਾਸ ਅਤੇ ਸਿੱਖੀ ਨਾਲ ਜੁੜੇ ਰਹਿਣ ਅਤੇ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣ।ਸਮਾਗਮ ਦੌਰਾਨ ਸੰਗਤ ਵੱਲੋਂ ਵੱਡੇ ਉਤਸ਼ਾਹ ਨਾਲ ਹਾਜ਼ਰੀ ਭਰੀ ਗਈ ਅਤੇ ਲੰਗਰ ਦੀ ਸੇਵਾ ਵੀ ਚੱਲਦੀ ਰਹੀ। ਇਸ ਧਾਰਮਿਕ ਇਕੱਠ ਨੇ ਵਿਦੇਸ਼ੀ ਧਰਤੀ 'ਤੇ ਵੀ ਸਿੱਖੀ ਦੀ ਚਮਕ ਨੂੰ ਹੋਰ ਪ੍ਰਗਟ ਕੀਤਾ ਅਤੇ ਸੰਗਤਾਂ ਵਿੱਚ ਨਵਾਂ ਜੋਸ਼ ਭਰਿਆ।ਅੰਤ ਵਿੱਚ ਸਾਰੀਆਂ ਸੰਗਤਾਂ ਨੇ ਗੁਰੂ ਸਾਹਿਬਾਨ ਦਾ ਸ਼ੁਕਰਾਨਾ ਅਦਾ ਕਰਦੇ ਹੋਏ ਚੜ੍ਹਦੀ ਕਲਾ ਵਿੱਚ ਰਹਿਣ ਦੀ ਅਰਦਾਸ ਕੀਤੀ।

# ਕਮਿਸ਼ਨਰ ਕਚਰੇ ਦੀ ਛਾਂਟ ਅਤੇ ਨਿਪਟਾਰੇ ਦੇ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ



ਅੰਮ੍ਰਿਤਸਰ, 14 ਅਪ੍ਰੈਲ(ਗੁਰਦਿਆਲ ਸਿੰਘ) ਨਗਰ ਨਿਗਮ ਦੇ ਕਮਿਸ਼ਨਰ ਸ਼੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਭਗਤਾਂਵਾਲਾ ਡੰਪ ਸਾਈਟ 'ਤੇ ਈਕੋ ਸਟੈਨ ਕੰਪਨੀ ਵੱਲੋਂ ਕੀਤੇ ਜਾ ਰਹੇ ਕਚਰੇ ਦੀ ਛਾਂਟ ਅਤੇ ਨਿਪਟਾਰੇ ਦੇ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਕਮਿਸ਼ਨਰ ਨੂੰ ਤਾਜ਼ਾ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ ਗਈ। ਦੱਸਿਆ ਗਿਆ ਕਿ 31 ਮਾਰਚ 2026 ਤੱਕ ਕੁੱਲ 3,57,907 ਮੈਟਰਿਕ ਟਨ ਪੁਰਾਣਾ ਕਚਰਾ ਪ੍ਰੋਸੈਸ ਅਤੇ ਨਿਪਟਾਇਆ ਜਾ ਚੁੱਕਾ ਹੈ। ਇਸ ਤੋਂ ਇਲਾਵਾ, 1 ਅਪ੍ਰੈਲ ਤੋਂ 12 ਅਪ੍ਰੈਲ 2026 ਤੱਕ ਲਗਭਗ 36,173 ਮੈਟਰਿਕ ਟਨ ਕਚਰਾ ਪ੍ਰੋਸੈਸ ਕੀਤਾ ਗਿਆ ਹੈ।ਇਸ ਨਾਲ ਹੁਣ ਤੱਕ ਕੁੱਲ ਲਗਭਗ 4,94,600 ਮੈਟਰਿਕ ਟਨ ਕਚਰੇ ਦੀ ਪ੍ਰੋਸੈਸਿੰਗ ਹੋ ਚੁੱਕੀ ਹੈ, ਜਿਸ ਵਿੱਚੋਂ ਕਰੀਬ 3,94,080 ਮੈਟਰਿਕ ਟਨ ਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਕੀਤਾ ਗਿਆ ਹੈ। ਇਸ ਪ੍ਰੋਜੈਕਟ ਵਿੱਚ ਰੋਜ਼ਾਨਾ ਪ੍ਰੋਸੈਸਿੰਗ ਸਮਰੱਥਾ ਵਿੱਚ ਵੀ ਵਾਧਾ ਹੋਇਆ ਹੈ ਅਤੇ ਕਈ ਦਿਨਾਂ ਵਿੱਚ 4,000 ਮੈਟਰਿਕ ਟਨ ਤੋਂ ਵੱਧ ਕਚਰੇ ਦਾ ਨਿਪਟਾਰਾ ਦਰਜ ਕੀਤਾ ਗਿਆ ਹੈ।ਜਾਇਜ਼ੇ ਦੌਰਾਨ ਕਮਿਸ਼ਨਰ ਨੇ ਈਕੋ ਸਟੈਨ ਕੰਪਨੀ ਨੂੰ ਹੁਕਮ ਦਿੱਤੇ ਕਿ ਕੰਮ ਨੂੰ ਤੇਜ਼ ਕਰਨ ਲਈ ਯੋਗ ਮਨੁੱਖੀ ਸੰਸਾਧਨ ਅਤੇ ਮਸ਼ੀਨਰੀ ਤਾਇਨਾਤ ਕੀਤੀ ਜਾਵੇ ਤਾਂ ਜੋ ਨਿਰਧਾਰਿਤ ਸਮੇਂ ਅੰਦਰ ਡੰਪ ਸਾਈਟ ਨੂੰ ਪੂਰੀ ਤਰ੍ਹਾਂ ਸਾਫ ਕੀਤਾ ਜਾ ਸਕੇ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਵਾਤਾਵਰਣ ਸੁਰੱਖਿਆ, ਜਨ ਸਿਹਤ ਅਤੇ ਲੰਬੇ ਸਮੇਂ ਦੇ ਠੋਸ ਕਚਰਾ ਪ੍ਰਬੰਧਨ ਨੂੰ ਧਿਆਨ ਵਿੱਚ ਰੱਖਦਿਆਂ ਇਸ ਪ੍ਰੋਜੈਕਟ ਦਾ ਸਮੇਂ ਸਿਰ ਪੂਰਾ ਹੋਣਾ ਸਭ ਤੋਂ ਵੱਡੀ ਤਰਜੀਹ ਹੈ।ਈਕੋ ਸਟੈਨ ਕੰਪਨੀ ਦੇ ਪ੍ਰਤੀਨਿਧੀਆਂ ਨੇ ਭਰੋਸਾ ਦਿੱਤਾ ਕਿ ਕੰਮ ਨਿਰਧਾਰਿਤ ਸਮਾਂਸੂਚੀ ਅਨੁਸਾਰ ਚੱਲ ਰਿਹਾ ਹੈ ਅਤੇ ਸਮੇਂ ਅੰਦਰ ਪ੍ਰੋਜੈਕਟ ਪੂਰਾ ਕਰਨ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ।ਕਮਿਸ਼ਨਰ ਨੇ ਕਿਹਾ ਕਿ ਨਗਰ ਨਿਗਮ ਅੰਮ੍ਰਿਤਸਰ ਇਸ ਪ੍ਰੋਜੈਕਟ ਦੀ ਨਜ਼ਦੀਕੀ ਨਿਗਰਾਨੀ ਕਰ ਰਿਹਾ ਹੈ ਅਤੇ ਪੁਰਾਣੇ ਕਚਰੇ ਦੇ ਵਿਗਿਆਨਕ ਅਤੇ ਟਿਕਾਊ ਪ੍ਰਬੰਧਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਨਗਰ ਨਿਗਮ ਅੰਮ੍ਰਿਤਸਰ ਸ਼ਹਿਰ ਦੇ ਠੋਸ ਕਚਰਾ ਪ੍ਰਬੰਧਨ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਨਾਗਰਿਕਾਂ ਲਈ ਸਾਫ-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾਉਣ ਲਈ ਲਗਾਤਾਰ ਪ੍ਰਯਾਸ ਕਰ ਰਿਹਾ ਹੈ।ਕਮਿਸ਼ਨਰ ਨੇ ਕਿਹਾ ਕਿ ਨਗਰ ਨਿਗਮ ਅੰਮ੍ਰਿਤਸਰ ਇਸ ਪ੍ਰੋਜੈਕਟ ਦੀ ਨਜ਼ਦੀਕੀ ਨਿਗਰਾਨੀ ਕਰ ਰਿਹਾ ਹੈ ਅਤੇ ਪੁਰਾਣੇ ਕਚਰੇ ਦੇ ਵਿਗਿਆਨਕ ਅਤੇ ਟਿਕਾਊ ਪ੍ਰਬੰਧਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਨਗਰ ਨਿਗਮ ਅੰਮ੍ਰਿਤਸਰ ਸ਼ਹਿਰ ਦੇ ਠੋਸ ਕਚਰਾ ਪ੍ਰਬੰਧਨ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਨਾਗਰਿਕਾਂ ਲਈ ਸਾਫ-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾਉਣ ਲਈ ਲਗਾਤਾਰ ਪ੍ਰਯਾਸ ਕਰ ਰਿਹਾ ਹੈ।

# ਭਗਵੰਤ ਸਿੰਘ ਮਾਨ 17 ਅਪ੍ਰੈਲ ਨੂੰ ਲਿੰਕ ਸੜਕਾਂ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਣਗੇ



ਅੰਮ੍ਰਿਤਸਰ 14 ਅਪੈਲ (ਬਬਲੂ ਮਹਾਜਨ) – ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ 17 ਅਪ੍ਰੈਲ 2026 ਨੂੰ ਸਵੇਰੇ 11:00 ਵਜੇ ਦਾਣਾ ਮੰਡੀ ਅਟਾਰੀ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਵਿਧਾਨ ਸਭਾ ਹਲਕਾ ਅਟਾਰੀ ਦੀਆਂ ਲਿੰਕ ਸੜਕਾਂ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਜਾਵੇਗਾ। ਇਸ ਮਹੱਤਵਪੂਰਨ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਵੱਲੋਂ ਦਾਣਾ ਮੰਡੀ ਅਟਾਰੀ ਵਿਖੇ ਜ਼ਿਲ੍ਹਾ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ 17 ਅਪ੍ਰੈਲ ਨੂੰ ਦਾਣਾ ਮੰਡੀ ਅਟਾਰੀ ਵਿਖੇ ਹੋ ਰਹੇ ਇਸ ਰਾਜ ਪੱਧਰੀ ਸਮਾਗਮ ਲਈ ਤਿਆਰੀਆਂ ਸਮਾਂ ਰਹਿੰਦੇ ਮੁਕੰਮਲ ਕਰ ਲਈਆਂ ਜਾਣ ਤਾਂ ਇਹ ਸਮਾਗਮ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੌਕੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਹਲਕਾ ਅਟਾਰੀ ਦੀਆਂ 121 ਪ੍ਰਮੁੱਖ ਲਿੰਕ ਸੜਕਾਂ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਜਾਵੇਗਾ। ਇਸ ਉਪਰੰਤ ਉਨ੍ਹਾਂ ਵੱਲੋਂ ਦਾਣਾ ਮੰਡੀ ਅਟਾਰੀ ਵਿੱਚ ਇੱਕ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ ਜਾਵੇਗਾਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਵਿਕਾਸ ਰੈਲੀ ਵਿੱਚ ਪਹੁੰਚਣ ਵਾਲੇ ਵਿਅਕਤੀਆਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾਣ। ਉਨ੍ਹਾਂ ਕਿਹਾ ਕਿ ਲੋਕਾਂ ਦੇ ਬੈਠਣ ਲਈ ਢੁੱਕਵੇਂ ਪ੍ਰਬੰਧ ਕਰਨ ਤੋਂ ਇਲਾਵਾ ਪੀਣ ਲਈ ਪਾਣੀ ਅਤੇ ਹੋਰ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪ੍ਰਬੰਧ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪੰਡਾਲ ਦੇ ਨੇੜੇ ਪਾਰਕਿੰਗ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਮੁੱਖ ਮੰਤਰੀ ਦੀ ਆਮਦ ਸਬੰਧੀ ਜੋ ਵੀ ਡਿਊਟੀ ਲਗਾਈ ਗਈ ਹੈ ਉਸ ਨੂੰ ਵਿਸ਼ੇਸ਼ ਤਰਜੀਹ ਦੇ ਕੇ ਸਮੇਂ ਸਿਰ ਪੂਰਾ ਕਰ ਲਿਆ ਜਾਵੇ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰੋਹਿਤ ਗੁਪਤਾ, ਐੱਸ.ਡੀ.ਐੱਮ. ਅੰਮ੍ਰਿਤਸਰ-2 ਸ. ਗੁਰਮੰਦਰ ਸਿੰਘ, ਐੱਸ.ਡੀ.ਐੱਮ. ਲੋਪੋਕੇ ਸ੍ਰੀ ਖੁਸ਼ਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਪੀਸੀਐਮ ਐਸ.ਡੀ. ਕਾਲਜ ਫਾਰ ਵੂਮੈਨ ਨੇ ਵਿਸਾਖੀ 'ਤੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ



ਜਲੰਧਰ, 14 ਅਪ੍ਰੈਲ (ਸੰਦੀਪ ਕੌਲ)ਯੂਥ ਕਲੱਬ ਨੇ ਪੀਸੀਐਮ ਐਸ.ਡੀ. ਕਾਲਜ ਫਾਰ ਵੂਮੈਨ ਦੇ ਫਾਈਨ ਆਰਟਸ ਵਿਭਾਗ ਅਤੇ ਪੀਸੀਐਮਐਸ.ਡੀ. ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਜਲੰਧਰ ਦੇ ਸਹਿਯੋਗ ਨਾਲ ਵਿਸਾਖੀ ਦੇ ਮੌਕੇ ਤੇ ਇੱਕ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੇ ਵਿਚਾਰਾਂ ਅਤੇ ਕਲਾਤਮਕ ਹੁਨਰਾਂ ਨੂੰ ਪ੍ਰਗਟ ਕਰਨ ਲਈ ਇੱਕ ਰਚਨਾਤਮਕ ਪਲੇਟਫਾਰਮ ਪ੍ਰਦਾਨ ਕਰਦੇ ਹੋਏ ਤਿਉਹਾਰਾਂ ਦੀ ਭਾਵਨਾ ਨੂੰ ਮਨਾਉਣਾ ਸੀ।ਵੱਖ-ਵੱਖ ਧਾਰਾਵਾਂ ਦੇ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਜੀਵੰਤ ਅਤੇ ਅਰਥਪੂਰਨ ਪੋਸਟਰਾਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਥੀਮ ਵਿਸਾਖੀ ਦੇ ਸਾਰ ਨੂੰ ਦਰਸਾਉਂਦੇ ਸਨ, ਜਿਸ ਵਿੱਚ ਵਾਢੀ ਦੇ ਜਸ਼ਨ, ਪੰਜਾਬੀ ਸੱਭਿਆਚਾਰ ਅਤੇ ਖੁਸ਼ੀ ਅਤੇ ਖੁਸ਼ਹਾਲੀ ਦੀ ਭਾਵਨਾ ਸ਼ਾਮਲ ਹੈ। ਭਾਗੀਦਾਰਾਂ ਨੇ ਆਪਣੀ ਸਿਰਜਣਾਤਮਕਤਾ, ਰੰਗ ਸੰਜੋਗਾਂ ਅਤੇ ਨਵੀਨਤਾਕਾਰੀ ਪੇਸ਼ਕਾਰੀ ਨਾਲ ਸਾਰਿਆਂ ਨੂੰ ਪ੍ਰਭਾਵਿਤ ਕੀਤਾ।ਮੁਕਾਬਲਾ ਇੱਕ ਭਰਪੂਰ ਅਨੁਭਵ ਵਜੋਂ ਕੰਮ ਕਰਦਾ ਸੀ ਅਤੇ ਵਿਦਿਆਰਥੀਆਂ ਨੂੰ ਕਲਾ ਰਾਹੀਂ ਆਪਣੀ ਸੱਭਿਆਚਾਰਕ ਵਿਰਾਸਤ ਨਾਲ ਜੁੜਨ ਲਈ ਪ੍ਰੇਰਿਤ ਕਰਦਾ ਸੀ। ਇਸਨੇ ਉਨ੍ਹਾਂ ਨੂੰ ਆਪਣੀ ਕਲਾਤਮਕ ਸੰਭਾਵਨਾ ਦੀ ਪੜਚੋਲ ਕਰਨ ਅਤੇ ਰਚਨਾਤਮਕ ਢੰਗ ਨਾਲ ਆਪਣੇ ਵਿਚਾਰਾਂ ਨੂੰ ਪ੍ਰਗਟ ਕਰਨ ਲਈ ਵੀ ਉਤਸ਼ਾਹਿਤ ਕੀਤਾ।ਪ੍ਰਧਾਨ ਸ਼੍ਰੀ ਨਰੇਸ਼ ਬੁਧੀਆ, ਸੀਨੀਅਰ ਉਪ ਪ੍ਰਧਾਨ ਸ਼੍ਰੀ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਸਤਿਕਾਰਯੋਗ ਮੈਂਬਰ, ਅਤੇ ਯੋਗ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਪ੍ਰਬੰਧਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਅਤੇ ਰਚਨਾਤਮਕ ਉੱਤਮਤਾ ਲਈ ਪ੍ਰਸ਼ੰਸਾ ਕੀਤੀ।

# ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਈਕਲੋਥਾਨ 18 ਅਪ੍ਰੈਲ ਨੂੰ

ਜਲੰਧਰ, 14 ਅਪ੍ਰੈਲ (ਸੰਦੀਪ ਕੌਲ) ਨਸ਼ਾ ਮੁਕਤ ਅਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਲਈ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਵਿੱਚ ਅਤੇ ਏ.ਪੀ.ਜੇ. ਸਕੂਲ ਦੇ ਸਹਿਯੋਗ ਨਾਲ 18 ਅਪ੍ਰੈਲ 2026 ਨੂੰ 'ਸਾਈਕਲੋਥਾਨ 4.0' ਕਰਵਾਈ ਜਾ ਰਹੀ ਹੈ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਵੱਲੋਂ ਸਾਈਕਲੋਥਾਨ ਦਾ ਪੋਸਟਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਐਸ.ਡੀ.ਐਮ. ਜਲੰਧਰ-1 ਨਵਦੀਪ ਸਿੰਘ ਵੀ ਮੌਜੂਦ ਸਨ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਵਿਸ਼ੇਸ਼ ਪਹਿਲ ਦਾ ਉਦੇਸ਼ ਸਮਾਜ ਦੇ ਹਰ ਵਰਗ ਦੇ ਸਹਿਯੋਗ ਨਾਲ ਨਸ਼ਿਆਂ ਖਿਲਾਫ਼ ਜਨ ਜਾਗਰੂਕਤਾ ਲਹਿਰ ਪੈਦਾ ਕਰਨਾ ਅਤੇ ਖਾਸ ਕਰ ਨੌਜਵਾਨਾਂ ਨੂੰ ਤੰਦਰੁਸਤ, ਅਨੁਸ਼ਾਸਿਤ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਸਾਈਕਲੋਥਾਨ ਦੀ ਸ਼ੁਰੂਆਤ ਏ.ਪੀ.ਜੇ. ਸਕੂਲ, ਮਾਡਲ ਟਾਊਨ (ਗੀਤਾਮੰਦਰ ਦੇ ਨੇੜੇ), ਜਲੰਧਰ ਤੋਂ ਸਵੇਰੇ 5:30 ਹੋਵੇਗੀ। ਸਾਈਕਲੋਥਾਨ ਤਿੰਨ ਸ਼੍ਰੇਣੀਆਂ 5 ਕਿਮੀ, 10 ਕਿਮੀ ਅਤੇ 21 ਕਿਮੀ ਵਿੱਚ ਕਰਵਾਈ ਜਾਵੇਗੀ ਤਾਂ ਜੋ ਹਰ ਉਮਰ ਅਤੇ ਸਮਰੱਥਾ ਵਾਲੇਲੋਕ ਇਸ ਵਿੱਚ ਭਾਗ ਲੈ ਸਕਣ।

# ਦਲਜੀਤ ਸਿੰਘ ਮਿਆਦੀਆਂ ਦੀ ਅਗਵਾਈ ਹੇਠ ਪੰਥਕ ਕਾਨਫਰੰਸ ਲਈ ਜਥਾ ਰਵਾਨਾ ਹੋਇਆ



ਚੋਗਾਵਾਂ, 14 ਅਪ੍ਰੈਲ (ਸੁਬੇਗ ਸਿੰਘ ਸੋਨਾ) ਅਕਾਲੀ ਦਲ ਵਾਰਸ ਪੰਜਾਬ ਵੱਲੋਂ ਤਖਤ ਸ੍ਰੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਵਿਖੇ ਕਰਵਾਈ ਗਈ ਪੰਥਕ ਕਾਨਫਰੰਸ ਲਈ ਹਲਕਾ ਰਾਜਾ ਸਾਂਸੀ ਤੋਂ ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਇੰਚਾਰਜ ਦਲਜੀਤ ਸਿੰਘ ਮਿਆਦੀਆਂ ਦੀ ਅਗਵਾਈ ਹੇਠ ਅੱਜ ਵੱਡੀ ਗਿਣਤੀ ਵਿੱਚ ਬੱਸਾਂ ਗੱਡੀਆਂ ਕਾਫਲਿਆਂ ਦੇ ਰੂਪ ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਦਲਜੀਤ ਸਿੰਘ ਮਿਆਦੀਆਂ ਨੇ ਕਿਹਾ ਪੰਥਕ ਕਾਨਫਰੰਸ ਲਈ ਰਾਜਾਸਾਂਸੀ ਦੀਆਂ ਸੰਗਤਾਂ ਵਿੱਚ ਵੱਡਾ ਉਤਸਾਹ ਵੇਖਣ ਨੂੰ ਮਿਲਿਆ ਅਤੇ ਦੱਸ ਦਿੱਤਾ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਪੰਜਾਬ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੀ ਸਰਕਾਰ ਬਣੇਗੀ ਜਿਸ ਦੇ ਮੁੱਖ ਮੰਤਰੀ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਹੋਣਗੇ। ਇਸ ਕਾਫਲੇ ਨੂੰ ਰਵਾਨਾ ਕਰਨ ਮੌਕੇ ਜ਼ਿਲ੍ਹਾ ਪ੍ਰਧਾਨ ਜਸਕਰਨ ਸਿੰਘ ਰਿਆੜ ਨੇ ਕਿਹਾ ਕਿ ਇਸ ਪੰਥਕ ਕਾਨਫਰੰਸ ਨੇ ਆਉਣ ਵਾਲੀਆਂ ਚੋਣਾਂ ਦਾ ਮੁੱਢ ਬੰਨ ਦਿੱਤਾ ਹੈ ਤੇ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਪੰਜਾਬ ਵਿੱਚ ਲੰਬਾ ਸਮਾਂ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਸੱਤਾ ਹਥਿਆਉਣ ਵਾਲੀਆਂ ਸਰਕਾਰਾਂ ਦਾ ਤਖਤਾ ਪਲਟਣ ਲਈ ਤਿਆਰ ਬੈਠੇ ਹਨ। ਇਸ ਮੌਕੇ ਹਲਕਾ ਇੰਚਾਰਜ ਦਲਜੀਤ ਸਿੰਘ ਮਿਆਦੀਆਂ ਵੱਲੋਂ ਰਾਜਾ ਸਾਂਸੀ ਦੀਆਂ ਸਮੂਹ ਸੰਗਤਾਂ ਦਾ ਇਸ ਪੰਥਕ ਕਾਨਫਰੰਸ ਵਿੱਚ ਵੱਡੀ ਗਿਣਤੀ ਵਿੱਚ ਧੰਨਵਾਦ ਕੀਤਾ ਉਹਨਾਂ ਕਿਹਾ ਹਾੜੀ ਦੀ ਫਸਲ ਦੇ ਰਜੇਵਿਆਂ ਦੇ ਬਾਵਜੂਦ ਵੀ ਸੰਗਤਾਂ ਵੱਲੋਂ ਇਸ ਪੰਥਕ ਕਾਨਫਰੰਸ ਲਈ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਕਰਨ ਸਿੰਘ ਰਿਆੜ ਤੇ ਰਾਜਾਸਾਂਸੀ ਹਲਕੇ ਦੀ ਅਕਾਲੀ ਦਲ ਵਾਰਿਸ ਪੰਜਾਬ ਦੀ ਸਮੁੱਚੀ ਟੀਮ ਹਾਜ਼ਰ ਸੀ।



ਸੰਗਰਾਂਦ ਦੇ ਪਵਿੱਤਰ ਦਿਹਾੜੇ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਦਰਬਾਰ ਤਪ ਅਸਥਾਨ ਸ਼੍ਰੀ ਗੁਰੂ ਬਾਬਾ ਹੰਦਾਲ ਜੀ ਜੰਡਿਆਲਾ ਗੁਰੂ ਵਿਖੇ ਨਤਮਸਤਕ ਹੋ ਕੇ ਗੁਰੂ ਚਰਨਾਂ ਚ ਸਰਬੱਤ ਦੇ ਭਲੇ, ਸ਼ਾਂਤੀ, ਤਰੱਕੀ ਅਤੇ ਭਾਈਚਾਰੇ ਦੀ ਮਜ਼ਬੂਤੀ ਲਈ ਅਰਦਾਸ ਕੀਤੀ ਕਿ ਸਭ ਦੇ ਜੀਵਨ ਵਿੱਚ ਖੁਸ਼ੀਆਂ-ਖੇੜੇ ਤੇ ਚੜ੍ਹਦੀ ਕਲਾ ਲੈ ਕੇ ਆਵੇ।ਫੋਟੋ ਤੇ ਵੇਰਵਾ :- ਰਾਮ ਸ਼ਰਨਜੀਤ ਸਿੰਘ ਜੰਡਿਆਲਾ ਗੁਰੂ

# ਭਾਈ ਗੁਰਇਕਬਾਲ ਸਿੰਘ ਨੂੰ ਸਦਮਾ: ਜੀਜੇ ਦਾ ਦਿਹਾਂਤ, 18 ਨੂੰ ਹੋਵੇਗੀ ਅੰਤਿਮ ਅਰਦਾਸ



ਅਮ੍ਰਿਤਸਰ, 14 ਅੰਮ੍ਰਿਤਸਰ (ਬਬਲੂ ਮਹਾਜਨ)ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਦੇ ਮੁਖੀ ਭਾਈ ਗੁਰਇਕਬਾਲ ਸਿੰਘ ਜੀ ਦੇ ਜੀਜਾ ਸ੍ਰ ਹਰਭਜਨ ਸਿੰਘ ਜੀ ਜੋ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਜਾ ਵਿਰਾਜੇ ਹਨ ਭਾਈ ਗੁਰਇਕਬਾਲ ਸਿੰਘ ਜੀ ਨੇ ਦੱਸਿਆ ਕਿ ਉਨ੍ਹਾਂ ਦੇ ਜੀਜਾ ਜੀ ਸ੍ਰ ਹਰਭਜਨ ਸਿੰਘ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਰਹੇ ਸਨ। ਓਹਨਾਂ ਦਸਿਆ ਹਰਭਜਨ ਸਿੰਘ ਜੀ ਦੀ ਉਮਰ ਤਕਰੀਬਨ 82 ਸਾਲ ਦੀ ਸੀ ਤੇ ਇਸ ਫ਼ਾਨੀ ਸੰਸਾਰ ਨੂੰ ਪਿਛਲੇ ਰੋਜ਼ ਸਦੀਵੀ ਵਿਛੋੜਾ ਦੇ ਗਏ ਹਨ। ਭਾਈ ਗੁਰਇਕਬਾਲ ਸਿੰਘ ਜੀ ਨੇ ਦੱਸਿਆ ਕਿ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਹੇਠ ਲੁਧਿਆਣਾ ਵਿਖੇ ਚੱਲ ਰਹੇ ਬੀਬੀ ਭਾਨੀ ਜੀ ਭਲਾਈ ਕੇਂਦਰ ਵਿਖੇ ਸਤਿਕਾਰ ਹਰਭਜਨ ਸਿੰਘ ਤਕਰੀਬਨ 30 ਸਾਲ ਤੋਂ ਮੁੱਖ ਸੇਵਾਦਾਰ ਸਨ। ਭਲਾਈ ਕੇਂਦਰ ਵਿਖੇ ਤਕਰੀਬਨ 700 ਦੇ ਕਰੀਬ ਵਿਧਵਾ ਹਰ ਮਹੀਨੇ ਫ੍ਰੀ ਰਾਸ਼ਨ ਪ੍ਰਾਪਤ ਕਰ ਰਹੀਆਂ ਸਨ। ਇਸ ਤੋਂ ਇਲਾਵਾ ਫ੍ਰੀ ਸਿਲਾਈ ਕਢਾਈ ਅਤੇ ਫ੍ਰੀ ਕੰਪਿਊਟਰ ਸੈਂਟਰ ਵੀ ਚੱਲ ਰਿਹਾ ਹੈ।ਭਾਈ ਸਾਹਿਬ ਜੀ ਨੇ ਦੱਸਿਆ ਕਿ ਸ੍ਰ ਹਰਭਜਨ ਸਿੰਘ ਜੀ ਆਪਣੇ ਪਿੱਛੇ ਧਰਮ ਪਤਨੀ ਬੀਬੀ ਦਲਜੀਤ ਕੌਰ ਜੀ, ਬੇਟਾ ਰਤਨ ਸਿੰਘ ਜੋਲੀ, ਬੇਟੀ ਅੰਮ੍ਰਿਤ ਪਾਲ ਕੌਰ, ਬੇਟੀ ਸਿਮਰਜੀਤ ਕੌਰ ਛੱਡ ਗਏ ਹਨ।ਭਾਈ ਸਾਹਿਬ ਜੀ ਨੇ ਦੱਸਿਆ ਕਿ ਸ੍ਰ ਹਰਭਜਨ ਸਿੰਘ ਜੀ ਮਿਠ ਬੋਲੜੇ ਸੁਭਾਅ ਦੇ ਮਾਲਕ ਸਨ ਤੇ ਨਿਸ਼ਕਾਮ ਕੀਰਤਨੀਏ ਵੀ ਸਨ। ਉਹਨਾਂ ਦੇ ਅੰਤਿਮ ਸੰਸਕਾਰ ਮੌਕੇ ਧਾਰਮਿਕ ਅਤੇ ਸਮਾਜਿਕ ਸ਼ਖ਼ਸ਼ੀਅਤਾਂ ਨੇ ਦੁੱਖ ਪ੍ਰਗਟ ਕੀਤਾ। ਇਸ ਮੌਕੇ ਭਾਈ ਗੁਰਇਕਬਾਲ ਜੀ,ਭਾਈ ਗੁਰਸ਼ਰਨ ਸਿੰਘ ਜੀ, ਸ.ਰਾਜਵੰਤ ਸਿੰਘ ਵੋਹਰਾ ਫਤਿਹ ਟੀ ਵੀ ,ਸੰਤ ਅਮਰੀਕ ਸਿੰਘ ਜਵੰਦੀ ਟਕਸਾਲ, ਮਾਤਾ ਵਿਪਨਪ੍ਰੀਤ ਕੌਰ, ਮਾਤਾ ਕਰਤਾਰ ਕੌਰ ਚਾਈ ਜੀ ,ਲੁਧਿਆਣਾ ਦੀ ਇਸਤਰੀ ਵਿੰਗ ਦੇ ਸਮੂਹ ਬੀਬੀਆਂ ਦਾ ਜੱਥਾ, ਭਾਜਪਾ ਤੋਂ ਜਸਪ੍ਰੀਤ ਸਿੰਘ ਹੋਬੀ, ਸ੍ਰ ਮਨਿੰਦਰ ਸਿੰਘ, ਭਾਈ ਜਸਵੀਰ ਸਿੰਘ, ਭਾਈ ਅਰਵਿੰਦਰ ਸਿੰਘ ਅਤੇ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਹਾਜ਼ਰ ਸਨ। ਭਾਈ ਹਰਭਜਨ ਸਿੰਘ ਦੀ ਅੰਤਿਮ ਅਰਦਾਸ ਮਿਤੀ 18 ਅਪ੍ਰੈਲ ਦਿਨ ਸ਼ਨੀਵਾਰ ਦੁਪਹਿਰ 12:30 ਤੋਂ 2 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਸ਼ਨ ਵਿਖੇ ਹੋਵੇਗੀ।

## ਵਿਸ਼ਵ ਸਿਹਤ ਦਿਵਸ ਮਨਾਇਆ



ਬੁਲ੍ਹੋਵਾਲ, 14 ਅਪ੍ਰੈਲ (ਕਮਲਜੀਤ): ਸਿਵਲ ਸਰਜਨ ਹੁਸ਼ਿਆਰਪੁਰ ਤੇ ਪੀ.ਐਚ.ਸੀ. ਚੱਕੋਵਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਪ੍ਰੀਤ ਕੌਰ ਦੀ ਅਗਵਾਈ ਵਿੱਚ ਪੀ.ਐਚ.ਸੀ. ਚੱਕੋਵਾਲ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਪ੍ਰੀਤ ਕੌਰ ਨੇ ਦੱਸਿਆ ਕਿ ਵਿਸ਼ਵ ਸਿਹਤ ਦਿਵਸ ਮਨਾਉਣ ਦਾ ਮੁੱਖ ਮੰਤਵ ਲੋਕਾਂ ਨੂੰ ਸਿਹਤਮੰਦ ਰਹਿਣ ਲਈ ਜਾਗਰੂਕ ਕਰਨਾ ਹੈ। ਸਿਹਤ ਵਿਭਾਗ ਦਾ ਮੁੱਖ ਟੀਚਾ ਹੈ ਕਿ ਲੋਕਾਂ ਨੂੰ ਬਿਮਾਰੀ ਹੋਣ ਦੇ ਕਾਰਨਾਂ ਤੋਂ ਜਾਣੂੰ ਕਰਵਾਉਣਾ ਹੈ ਤਾਂ ਕਿ ਲੋਕ ਸਿਹਤਮੰਦ ਜੀਵਨ ਬਤੀਤ ਕਰਨ। ਇਸ ਮੌਕੇ ਹਰਦੀਪ ਸਿੰਘ ਬੀ.ਈ.ਈ. ਨੇ ਦੱਸਿਆ ਕਿ ਅੱਜ ਕੱਲ੍ਹ ਐਚ.ਪੀ.ਵੀ. ਵੈਕਸੀਨ ਬਾਰੇ ਗਲਤ ਅਫਵਾਹਾਂ ਸੋਸ਼ਲ ਮੀਡੀਆ 'ਤੇ ਫੈਲਾਈਆਂ ਜਾ ਰਹੀਆਂ ਹਨ। ਇਸ ਕਾਰਨ ਕਈ ਲੋਕ ਬੱਚੀਆਂ ਨੂੰ ਟੀਕੇ ਲਗਵਾਉਣ ਤੋਂ ਡਰ ਰਹੇ ਹਨ।। ਇਸ ਮੌਕੇ ਕਮਲਜੀਤ ਕੌਰ, ਬਲਵੀਰ ਕੌਰ, ਰੇਖਾ ਰਾਣੀ, ਕਮਲੇਸ਼ ਦੇਵੀ, ਜਸਵਿੰਦਰ ਕੌਰ, ਬਲਜੀਤ ਸੈਣੀ ਤੇ ਏ.ਐਨ.ਐਮ. ਹਾਜ਼ਰ ਸਨ।

## ਮੁੱਖ ਮੰਤਰੀ ਭਗਵੰਤ ਮਾਨ ਵਿਕਾਸ ਕਾਰਜਾਂ ਦੀ ਅੱਜ ਕਰਨਗੇ ਸ਼ੁਰੂਆਤ: ਰਾਜਾ ਗਿੱਲ

ਹੁਸ਼ਿਆਰਪੁਰ, 14 ਅਪ੍ਰੈਲ (ਦੀਪਕ ਅਗਨੀਹੋਤਰੀ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 15 ਅਪ੍ਰੈਲ ਨੂੰ ਟਾਂਡਾ ਵਿਖੇ ਪਹੁੰਚ ਕੇ ਵਿਧਾਨ ਸਭਾ ਹਲਕਾ ਉੜਮੁੜ ਲਈ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਨਗੇ।ਉੜਮੁੜ ਹਲਕੇ ਤੋਂ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਅੱਜ ਸ਼ਾਮ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਸਰਕਾਰੀ ਕਾਲਜ, ਟਾਂਡਾ ਵਿਖੇ ਪ੍ਰੋਗਰਾਮ ਦੀਆਂ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਇਸ ਰਾਜ ਪੱਧਰੀ ਸਮਾਗਮ ਵਿੱਚ ਹਲਕੇ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਮਿਲੇਗੀ ਜਿਨ੍ਹਾਂ ਨਾਲ ਹਲਕਾ ਵਾਸੀਆਂ ਨੂੰ ਵੱਡੀਆਂ ਸਹੂਲਤਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਲਾਕੇ ਦੇ ਵਿਕਾਸ ਲਈ ਵੱਡੇ ਪ੍ਰੋਜੈਕਟਾਂ ਦੀ ਸ਼ੁਰੂਆਤ ਨਾਲ ਇਲਾਕੇ ਦੀ ਤਰੱਕੀ ਨੂੰ ਨਵੀਂ ਦਿਸ਼ਾ ਮਿਲੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਹਰ ਖਿੱਤੇ ਨੂੰ



ਛੂਹਿਆ ਗਿਆ ਹੈ ਤਾਂ ਜੋ ਸਮਾਜ ਦੇ ਹਰ ਇੱਕ ਵਰਗ ਤੱਕ ਪੰਜਾਬ ਸਰਕਾਰ ਦੀਆਂ ਸਹੂਲਤਾਂ ਦਾ ਲਾਭ ਪਹੁੰਚ ਸਕੇ।ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਦੇ ਦੌਰੇ ਨੂੰ ਲੈ ਕੇ ਤਿਆਰੀਆਂ ਵੱਡੇ ਪੱਧਰ 'ਤੇ ਚੱਲ ਰਹੀਆਂ ਹਨ ਤੇ ਪ੍ਰਸ਼ਾਸਨ ਵੱਲੋਂ ਸਾਰੇ ਇੰਤਜ਼ਾਮ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਆਪਣੇ 4 ਸਾਲ ਦੌਰਾਨ ਉਹ ਸਾਰੀਆਂ ਗਾਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ, ਜਿਨ੍ਹਾਂ ਬਾਰੇ ਲੋਕਾਂ ਨਾਲ ਵਾਅਦਾ ਕੀਤਾ ਗਿਆ ਸੀ ਜਿਸ ਦੇ ਸਦਕਾ ਅੱਜ ਸੂਬੇ ਦੇ ਲੋਕ ਭਗਵੰਤ ਸਿੰਘ ਮਾਨ ਦੀ ਸਰਕਾਰ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਉੜਮੁੜ ਹਲਕੇ ਵਿੱਚ ਪਿਛਲੇ ਚਾਰ ਸਾਲਾਂ ਦੌਰਾਨ ਵੱਡੇ ਪੱਧਰ 'ਤੇ ਲਾਮਿਸਾਲ ਵਿਕਾਸ ਕਾਰਜ ਕਰਵਾਏ ਗਏ ਹਨ ਤੇ 15 ਅਪ੍ਰੈਲ ਨੂੰ ਵਿਕਾਸ ਕਾਰਜਾਂ ਨੂੰ ਹੋਰ ਹੁਲਾਰਾ ਮਿਲੇਗਾ। ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ, ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

## ਡੀ.ਸੀ. ਵੱਲੋਂ ਡਾ. ਅੰਬੇਡਕਰ ਦੇ ਸਿੱਖਿਅਤ ਬਣੋ ਦੇ ਸੰਕਲਪ ਨੂੰ ਵੱਧ ਤੋਂ ਵੱਧ ਫੈਲਾਉਣ ਦਾ ਸੱਦਾ

ਹੁਸ਼ਿਆਰਪੁਰ, 14 ਅਪ੍ਰੈਲ (ਦੀਪਕ ਅਗਨੀਹੋਤਰੀ): ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ 135ਵੀਂ ਜੈਯੰਤੀ ਮੌਕੇ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਬਾਬਾ ਸਾਹਿਬ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸੱਦਾ ਦਿੱਤਾ ਕਿ ਭਾਰਤ ਰਤਨ ਡਾ. ਅੰਬੇਡਕਰ ਵੱਲੋਂ ਸਿੱਖਿਅਤ ਬਣੋ ਦੇ ਦਿੱਤੇ ਸੰਕਲਪ ਨੂੰ ਵੱਧ ਤੋਂ ਵੱਧ ਫੈਲਾਅ ਕੇ ਬੱਚਿਆਂ ਨੂੰ ਸਿੱਖਿਅਤ ਬਣਾਇਆ ਜਾਵੇ ਤਾਂ ਜੋ ਉਨ੍ਹਾਂ ਵੱਲੋਂ ਸੰਜੋਏ ਸੁਪਨਿਆਂ ਦਾ ਸਮਾਜ ਸਿਰਜਿਆ ਜਾ ਸਕੇ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਤੇ ਬੱਚਿਆਂ ਸਮੇਤ ਲੋਕਾਂ ਨੂੰ ਬਾਬਾ ਸਾਹਿਬ ਦੇ ਜਨਮ ਦਿਵਸ ਦੀ ਵਧਾਈ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਬਾਬਾ ਸਾਹਿਬ ਦੇ ਸੰਘਰਸ਼ਮਈ ਜੀਵਨ ਤੇ ਸੰਵਿਧਾਨ ਦੇ ਨਿਰਮਾਣ ਵਿੱਚ



ਉਨ੍ਹਾਂ ਦਾ ਵਡਮੁੱਲਾ ਯੋਗਦਾਨ ਦੇਸ਼ ਵਾਸੀਆਂ ਲਈ ਹਮੇਸ਼ਾ ਰਾਹ ਦਸੇਰਾ ਰਹੇਗਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਵੱਲੋਂ ਦੇਸ਼ ਵਾਸੀਆਂ ਨੂੰ ਦਿੱਤੇ ਸੰਵਿਧਾਨ ਦੀ ਮਿਸਾਲ ਦੁਨੀਆਂ ਭਰ ਵਿੱਚ ਨਹੀਂ ਮਿਲਦੀ ਜੋ ਕਿ ਸਮਾਨਤਾ, ਨਿਆ, ਮਨੁੱਖੀ ਅਧਿਕਾਰਾਂ, ਔਰਤਾਂ ਦੇ ਹੱਕਾਂ ਤੇ ਦੇਸ਼ ਨੂੰ ਇੱਕ ਮਾਲਾ ਵਿੱਚ ਪਰੋਣ ਦੀ ਗਵਾਹੀ ਭਰਦਾ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਨਿਰਮਾਤਾ ਦਾ ਸਾਰਾ ਜੀਵਨ ਸੰਘਰਸ਼ ਭਰਪੂਰ ਰਿਹਾ ਜਿਸ ਦੌਰਾਨ ਉਨ੍ਹਾਂ ਨੇ ਹਰ ਵਰਗ ਨੂੰ ਬਰਾਬਰੀ ਦੀ ਪੁਰਜ਼ੋਰ ਵਕਾਲਤ ਕੀਤੀ ਤੇ ਉਨ੍ਹਾਂ ਦੇ ਆਦਰਸ਼ਾਂ ਤੋਂ ਸਾਰਿਆਂ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ ਤਾਂ ਜੋ ਸਿਹਤਮੰਦ ਸਮਾਜ ਦੇ ਸੰਕਲਪ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਧਿਕਾਰੀ ਹਰਪਾਲ ਸਿੰਘ ਗਿੱਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ, ਕਰਮਚਾਰੀ ਤੇ ਬੱਚੇ ਮੌਜੂਦ ਸਨ, ਜਿਨ੍ਹਾਂ ਨੇ ਵੀ ਡਾ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

## 82ਵੇਂ ਰਾਸ਼ਟਰੀ ਫਾਇਰ ਸਰਵਿਸ ਸਪਤਾਹ ਦੀ ਸ਼ੁਰੂਆਤ ਮੌਕੇ ਸ਼ਰਧਾਂਜਲੀ ਸਮਾਰੋਹ

ਬਟਾਲਾ, 14 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਡਾਇਰੈਕਟਰ ਜਨਰਲ ਫਾਇਰ ਸਰਵਿਸਿਜ਼, ਸਿਵਲ ਡਿਫੈਂਸ ਤੇ ਹੋਮ ਗਾਰਡਜ਼, ਗ੍ਰਹਿ ਵਿਭਾਗ, ਭਾਰਤ ਸਰਕਾਰ ਤੇ ਡਾਇਰੈਕਰੇਟ, ਸਥਾਨਕ



ਸਰਕਾਰਾਂ ਵਿਭਾਗ ਪੰਜਾਬ ਸਰਕਾਰ ਚੰਡੀਗੜ੍ਹ ਤੇ ਕਮਿਸ਼ਨਰ ਨਗਰ ਨਿਗਮ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ '82ਵਾਂ ਰਾਸ਼ਟਰੀ ਫਾਇਰ ਸਰਵਿਸ ਸਪਤਾਹ ਦੀ ਸ਼ੁਰੂਆਤ ਸ਼ਰਧਾਂਜਲੀ ਸਮਾਰੋਹ ਸਥਾਨਕ ਸਟੇਸ਼ਨ ਫਾਇਰ ਬ੍ਰਿਗੇਡ ਵਿਖੇ ਕੀਤਾ ਗਿਆ। ਜਿਸ ਵਿੱਚ ਸਟੇਸ਼ਨ ਇੰਚਾਰਜ ਨੀਰਜ ਸ਼ਰਮਾ ਦੀ ਅਗਵਾਈ ਵਿੱਚ ਫਾਇਰ ਅਫ਼ਸਰ ਰਾਕੇਸ਼ ਸ਼ਰਮਾ, ਸਟਾਫ ਫਾਇਰ ਬ੍ਰਿਗੇਡ ਤੇ ਸਿਵਲ ਡਿਫੈਂਸ ਵਲੰਟੀਅਰਜ਼ ਹਾਜ਼ਰ ਹੋਏ। ਸਮਾਰੋਹ ਦੇ ਸ਼ੁਰੂਆਤ ਵਿੱਚ ਸ਼ਹੀਦ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ, ਬਾਅਦ ਵਿੱਚ ਹਾਜ਼ਰ ਸਾਰਿਆਂ ਵੱਲੋਂ 2 ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਸ਼ਹੀਦਾਂ ਨੂੰ ਸਿਜਦਾ ਕੀਤਾ, ਜੋ 14 ਅਪ੍ਰੈਲ 1944 ਨੂੰ ਬੰਬਈ ਦੀ ਵਿਕਟੋਰੀਆ ਬੰਦਰਗਾਹ 'ਤੇ ਐਸ.ਐਸ. ਫੋਰਟ ਸਟਰਾਇਕ ਨਾਮ ਦੇ ਜਹਾਜ਼ ਨੂੰ ਅੱਗ ਲੱਗ ਗਈ, ਜਿਸ ਵਿੱਚ 1400 ਟਨ ਵਿਸਫੋਟਕ ਲੋਡ ਸੀ। ਇਸ ਹਾਦਸੇ ਵਿੱਚ 1000 ਤੋਂ ਜ਼ਿਆਦਾ ਲੋਕ ਮਾਰੇ ਗਏ ਤੇ ਲਗਭਗ 3000 ਲੋਕ ਜ਼ਖ਼ਮੀ ਹੋਏ। ਇਸ ਵਿੱਚ ਬੰਬਈ ਫਾਇਰ ਸਰਵਿਸ ਦੇ 71 ਜਵਾਨ ਵੀ ਸ਼ਹੀਦ ਹੋਏ ਸਨ। ਉਪਰੰਤ ਸਟੇਸ਼ਨ ਇੰਚਾਰਜ ਰਾਕੇਸ਼ ਸ਼ਰਮਾ ਨੇ ਦੱਸਿਆ ਗਿਆ ਕਿ 14 ਤੋਂ 20 ਅਪ੍ਰੈਲ ਤੱਕ ਰਾਸ਼ਟਰੀ ਫਾਇਰ ਸਰਵਿਸ ਸਪਤਾਹ ਦਾ ਵਿਸ਼ਾ ਸੁਰੱਖਿਅਤ ਸਕੂਲ, ਸੁਰੱਖਿਅਤ ਹਸਪਤਾਲ ਤੇ ਅੱਗ ਸੁਰੱਖਿਆ ਪ੍ਰਤੀ ਜਾਗਰੂਕ ਸਮਾਜ ਅੱਗ ਦੀਆਂ ਅਣਸੁਖਾਵੀਆਂ ਘਟਨਾ ਰੋਕਣ ਲਈ ਵਿਸ਼ੇ ਤਹਿਤ ਜਾਗਰੂਕ ਕੀਤਾ ਜਾਵੇਗਾ। ਇਸ ਦੌਰਾਨ ਸਕੂਲਾਂ, ਕਾਲਜਾਂ, ਉਚ-ਸਿੱਖਿਆ ਸੰਸਥਾਵਾਂ, ਹਸਪਤਾਲਾਂ, ਮਾਲ, ਹੋਟਲ, ਪੈਲੇਸਾਂ, ਬੈਂਕਾਂ, ਬਹੁ ਮੰਜ਼ਿਲਾ ਇਮਾਰਤਾਂ, ਬਜ਼ਾਰਾਂ, ਬੱਸ ਸਟੈਂਡ, ਸਰਕਾਰੀ ਇਮਾਰਤਾਂ, ਫੈਕਟਰੀਆਂ, ਕਾਰਖਾਨਿਆਂ, ਮਿੱਲਾਂ, ਕਲੱਬਾਂ, ਐਸੋਸੀਏਸ਼ਨਾਂ ਧਾਰਮਿਕ ਅਸਥਾਨਾਂ ਵਿਖੇ ਸੈਮੀਨਾਰ ਤੇ ਮੌਕ ਡਰਿਲਾਂ ਕਰਵਾਈਆਂ ਜਾਣਗੀਆਂ। ਉਨ੍ਹਾਂ ਵੱਲੋਂ ਅਪੀਲ ਕੀਤੀ ਗਈ ਕਿ ਹਰੇਕ ਨਾਗਰਿਕ ਇਸ ਮੁਹਿੰਮ ਦਾ ਹਿੱਸਾ ਬਣ ਕੇ ਅੱਗ ਤੋਂ ਸੁਰੱਖਿਆ ਦੇ ਗੁਰ ਸਿੱਖੇ ਤਾਂ ਹੀ ਅੱਗ ਦੇ ਘਟਨਾਵਾਂ ਮੌਕੇ ਜਾਨ-ਮਾਲ ਦੇ ਨੁਕਸਾਨ ਨੂੰ ਘੱਟ ਕਰ ਸਕਦੇ ਹਾਂ। ਇਸ ਸ਼ਰਧਾਂਜਲੀ ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗਾਇਨ ਨਾਲ ਕੀਤੀ ਗਈ।

## 1.21 ਕਰੋੜ ਦੀ ਲਾਗਤ ਨਾਲ ਸੀਵਰੇਜ ਸਾਫ-ਸਫਾਈ ਦਾ ਵਿਕਾਸ ਕਾਰਜ 15 ਅਗਸਤ ਤੱਕ ਹੋਵੇਗਾ ਮੁਕੰਮਲ: ਧਾਲੀਵਾਲ

ਅਜਨਾਲਾ, 14 ਅਪ੍ਰੈਲ (ਸੁਖਦੇਵ ਸਿੰਘ ਖ਼ਾਲਸਾ): ਅੱਜ ਵਿਸਾਖੀ ਦਿਹਾੜੇ ਦੀਆਂ ਅਜਨਾਲਾ ਸ਼ਹਿਰੀਆਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਅਜਨਾਲਾ ਸ਼ਹਿਰ 'ਚ ਹੀ ਪਿਛਲੇ ਲੰਬੇ ਸਮੇਂ ਤੋਂ ਸੀਵਰੇਜ ਸਫਾਈ ਦੀ ਪੈਦਾ ਹੋਈ ਸਮੱਸਿਆ ਨੂੰ ਹੱਲ ਕਰਨ ਲਈ 1.21 ਕਰੋੜ ਰੁਪਏ ਦੇ ਖਰਚੇ ਨਾਲ ਮੁਕੰਮਲ ਕੀਤੀ ਜਾਣ ਵਾਲੀ ਸੀਵਰੇਜ ਸਫਾਈ ਮੁਹਿੰਮ ਦਾ ਹਰੀ ਝੰਡੀ ਵਿਖਾ ਕੇ ਪੂਰੇ ਜੋਸ਼ੋ-ਖਰੋਸ਼ ਨਾਲ ਆਗਾਜ਼ ਕੀਤਾ। ਸ੍ਰ. ਧਾਲੀਵਾਲ ਨੇ ਇਸ ਸਫਾਈ ਮੁਹਿੰਮ ਵਿਕਾਸ ਕਾਰਜ ਦੇ ਉਦਘਾਟਨ ਮੌਕੇ ਅਜਨਾਲਾ ਸ਼ਹਿਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਅੱਜ ਤੋਂ ਸੀਵਰੇਜ ਸਾਫ-ਸਫਾਈ ਦੀ ਮੁਹਿੰਮ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਕੋਲੋਂ ਸ਼ੁਰੂ ਕਰਵਾਈ ਗਈ ਹੈ, ਜੋ ਨਿਰਧਾਰਿਤ ਸਮੇਂ 'ਚ 15 ਅਗਸਤ ਤੱਕ ਮੁਕੰਮਲ ਕਰਨ ਲਈ ਸੀਵਰੇਜ ਬੋਰਡ ਅਧਿਕਾਰੀਆਂ ਤੇ ਠੇਕੇਦਾਰ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ



ਦਿੱਤੇ ਗਏ ਹਨ। ਆਧੁਨਿਕ ਮਸ਼ੀਨਾਂ ਦੀ ਵਰਤੋਂ ਨਾਲ ਸੀਵਰੇਜ ਸਾਫ ਸਫਾਈ ਦੀ ਮੁਹਿੰਮ ਨੇਪਰੇ ਚਾੜ੍ਹੇ ਜਾਣ ਪਿੱਛੋਂ ਭਵਿੱਖ ਵਿੱਚ ਸ਼ਹਿਰੀਆਂ ਨੂੰ ਅਜਿਹੀ ਗੰਭੀਰ ਸੀਵਰੇਜ ਸਮੱਸਿਆ ਨਾਲ ਜੂਝਣਾ ਨਹੀਂ ਪਵੇਗਾ। ਇਸ ਮੌਕੇ 'ਤੇ ਖੁਸ਼ਪਾਲ ਸਿੰਘ ਧਾਲੀਵਾਲ, ਐਡ. ਅਮਨਦੀਪ ਕੌਰ ਧਾਲੀਵਾਲ, ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਭੱਟੀ ਜਸਪਾਲ ਸਿੰਘ ਢਿੱਲੋਂ, ਸ਼ਹਿਰੀ ਪ੍ਰਧਾਨ ਅਮਿਤ ਔਲ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਬਲਜਿੰਦਰ ਮਾਹਲ, ਸ਼ਿਵ ਚਾਹਲ, ਕੌਂਸਲਰ ਅਵਿਨਾਸ਼, ਐਡ. ਸੰਦੀਪ ਕੌਸ਼ਲ ਗੱਟੂ, ਸੁੱਖ ਨਿੱਜਰ, ਪ੍ਰਧਾਨ, ਕੌਂਸਲਰ, ਸਰਗਰਮ ਸ਼ਹਿਰੀ ਵਲੰਟੀਅਰ ਤੋਂ ਇਲਾਵਾ ਸੀਵਰੇਜ ਬੋਰਡ ਦੇ ਐਸਡੀਓ ਪ੍ਰਦੀਪ ਜੈਨ ਤੇ ਨਗਰ ਪੰਚਾਇਤ ਅਜਨਾਲਾ ਦੇ ਕਾਰਜ ਸਾਧਕ ਅਫਸਰ ਦਿਨੇਸ਼ ਸੂਰੀ ਆਦਿ ਅਮਲਾ ਮੌਜੂਦ ਸੀ। ਸ੍ਰ. ਧਾਲੀਵਾਲ ਨੇ ਪ੍ਰਗਟਾਵਾ ਕੀਤਾ ਕਿ ਅਜਨਾਲਾ ਸ਼ਹਿਰ 'ਚ ਪਾਏ ਗਏ 52 ਕਿਲੋਮੀਟਰ ਲੰਬੇ ਘੇਰੇ 'ਚ ਸੀਵਰੇਜ ਦੀ ਪਿਛਲੇ 20 ਸਾਲਾਂ ਤੋਂ ਸਾਬਕਾ ਸਰਕਾਰਾਂ ਦੇ ਕਾਰਜਕਾਲ 'ਚ ਇੱਕ ਵਾਰ ਵੀ ਸਫਾਈ ਨਹੀਂ ਕਰਵਾਈ ਗਈ। ਜਿਸ ਦੇ ਨਤੀਜੇ ਵਜੋਂ ਸ਼ਹਿਰ ਦੀਆਂ ਗਲੀਆਂ 'ਚ ਸੀਵਰੇਜ ਦਾ ਗੰਦਾ ਪਾਣੀ ਖੁੱਲ੍ਹੇ ਆਮ ਫੈਲਣ ਦੇ ਮੱਦੇਨਜ਼ਰ ਗੰਦਗੀ ਦੀਆਂ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਸ਼ਹਿਰੀ ਪੀੜਤ ਹੋ ਰਹੇ ਸਨ।

## ਕੁਲਦੀਪ ਚੰਦ ਨੇ ਡਾ. ਅੰਬੇਡਕਰ ਜੈਯੰਤੀ 'ਤੇ ਸ਼ਰਧਾ ਦੇ ਫੁੱਲ ਅਰਪਣ ਕੀਤੇ

ਗੁਰਦਾਸਪੁਰ, 14 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੀ ਦੀ 135ਵੀਂ ਜੈਯੰਤੀ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਤ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ 'ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ



ਕੀਤੇ ਗਏ। ਕੁਲਦੀਪ ਚੰਦ, ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ, ਸੁਪਰਡੈਂਟ ਵਿਜੇ ਕੁਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਬਾਬਾ ਸਾਹਿਬ ਦੇ ਬੁੱਤ ਉਪਰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਸਹਾਇਕ ਕਮਿਸ਼ਨਰ ਕੁਲਦੀਪ ਚੰਦ ਨੇ ਜ਼ਿਲ੍ਹਾ ਵਾਸੀਆਂ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੈਯੰਤੀ ਦੀ ਵਧਾਈ ਦਿੰਦਿਆਂ ਕਿਹਾ ਕਿ ਇੱਕ ਸਾਧਾਰਣ ਪਰਿਵਾਰ 'ਚ ਜਨਮੇ ਬਾਬਾ ਸਾਹਿਬ ਨੇ ਬੇਹੱਦ ਔਕੜਾਂ ਦਾ ਸਾਹਮਣਾ ਕੀਤਾ ਪਰ ਇਸ ਦੇ ਬਾਵਜੂਦ ਉਹ ਆਪਣੀ ਲਿਆਕਤ ਤੇ ਲਗਨ ਸਦਕਾ ਵਿਦਵਾਨ, ਕਾਨੂੰਨਦਾਨ, ਅਰਥ ਸ਼ਾਸਤਰੀ, ਸਮਾਜ ਸੁਧਾਰਕ ਤੇ ਰਾਜਨੀਤੀਵਾਨ ਵਜੋਂ ਦੁਨੀਆਂ ਭਰ 'ਚ ਸਤਿਕਾਰੇ ਜਾਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਇਸ ਪਾਵਨ ਮੌਕੇ ਸਾਨੂੰ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਉਹ ਬਾਬਾ ਸਾਹਿਬ ਵੱਲੋਂ ਪਾਏ ਪੂਰਨਿਆਂ 'ਤੇ ਚੱਲਦੇ ਆਪਣੇ ਦੇਸ਼ ਤੇ ਸਮਾਜ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਮੌਕੇ ਮੁਲਖ ਰਾਜ, ਪਵਨ ਕੁਮਾਰ ਤੇ ਸਮੂਹ ਡੀ.ਸੀ. ਸਟਾਫ ਹਾਜ਼ਰ ਸਨ।

## ਡਾ. ਅੰਬੇਡਕਰ ਜੈਯੰਤੀ ਮਨਾਈ



ਧਾਰੀਵਾਲ, 14 ਅਪ੍ਰੈਲ (ਅਸ਼ੋਕ ਕੁਮਾਰ): ਹਿਊਮਨ ਰਾਈਟ ਸੁਰਕਸ਼ਾ ਸੁਸਾਇਟੀ ਤੇ ਵਾਇਸ ਆਫ ਧਾਰੀਵਾਲ ਵੱਲੋਂ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦਾ 135ਵਾਂ ਜਨਮ ਦਿਹਾੜਾ ਪਿੰਡ ਕੰਗ ਵਿਖੇ ਉਨ੍ਹਾਂ ਦੇ ਲੱਗੇ ਬੁੱਤ 'ਤੇ ਫੁੱਲ ਮਾਲਾ ਪਾ ਕੇ ਬੜੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਹਿਊਮਨ ਰਾਈਟ ਸੁਰਕਸ਼ਾ ਸੁਸਾਇਟੀ ਦੇ ਪੰਜਾਬ ਦੇ ਪ੍ਰਧਾਨ ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ ਵਾਈਸ ਆਫ ਧਾਰੀਵਾਲ ਦੇ ਕੰਵੀਨੀਅਰ ਡਾ. ਕਮਲਜੀਤ ਸਿੰਘ ਕੇਜੇ ਆਪਣੀ ਪੂਰੀ ਟੀਮ ਦੇ ਨਾਲ ਪਿੰਡ ਕੰਗ ਵਿਖੇ ਹਾਜ਼ਰ ਹੋਏ। ਇਸ ਮੌਕੇ 'ਤੇ ਵੱਖ-ਵੱਖ ਬੁਲਾਰਿਆਂ ਨੇ ਡਾ. ਭੀਮ ਰਾਓ ਅੰਬੇਡਕਰ ਜੈਯੰਤੀ ਉਤੇ ਉਨ੍ਹਾਂ ਦੇ ਜੀਵਨ ਬਾਰੇ ਵਿਸਥਾਰ ਪੂਰਕ ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਅੱਜ ਸਾਨੂੰ ਜੋ ਵੀ ਅਧਿਕਾਰ ਮਿਲੇ ਹਨ, ਡਾ. ਭੀਮ ਰਾਓ ਅੰਬੇਡਕਰ ਜੀ ਦੇ ਦਿੱਤੇ ਹੋਏ ਹਨ। ਦੱਬੇ-ਕੁਚਲੇ ਲੋਕਾਂ ਨੂੰ ਜੋ ਅੱਜ ਜਿਊਣ ਦਾ ਅਧਿਕਾਰ ਮਿਲਿਆ ਹੈ ਜਾਂ ਹੱਕ ਮਿਲੇ ਹਨ, ਉਹ ਡਾ. ਅੰਬੇਡਕਰ ਜੀ ਦੀ ਹੀ ਦੇਣ ਹਨ। ਉਨ੍ਹਾਂ ਦੱਸਿਆ ਕਿ ਡਾ. ਅੰਬੇਡਕਰ ਨੇ ਆਪਣਾ ਸਾਰਾ ਜੀਵਨ ਆਪਣੇ ਸਮਾਜ ਦੇ ਲੋਕਾਂ ਦੇ ਲਈ ਸੰਘਰਸ਼ ਕਰਦਿਆਂ ਹੀ ਪੂਰਾ ਕੀਤਾ। ਇਸ ਮੌਕੇ 'ਤੇ ਡਾ. ਕਮਲਜੀਤ ਸਿੰਘ ਕੇ ਜੇ, ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ, ਲਵਲੀ ਨਾਗੀ, ਚਮਨ ਲਾਲ, ਵਿਜੇ ਕੁਮਾਰ, ਰਾਮਪਾਲ ਬੱਲ, ਸਰਪੰਚ ਹਰਪਾਲ ਸਿੰਘ ਤੇ ਬਹੁਤ ਸਾਰੇ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੂੰ ਪਿਆਰ ਕਰਨ ਵਾਲੇ ਸੱਜਣ ਹਾਜ਼ਰ ਸਨ।

## ਐਸ.ਜੀ.ਆਰ.ਡੀ. ਗਰੁੱਪ ਆਫ ਇੰਸਟੀਚਿਊਸ਼ਨਜ਼ 'ਚ ਵਿਸਾਖੀ ਖ਼ਾਲਸਾ ਸਾਜਨਾ ਦਿਹਾੜਾ ਮਨਾਇਆ

ਬਟਾਲਾ, 14 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਐਸ.ਜੀ.ਆਰ.ਡੀ. ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਵਿਸਾਖੀ ਖ਼ਾਲਸਾ ਸਾਜਨਾ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਮੌਕੇ ਤਿੰਨ ਰੋਜ਼ ਤੋਂ ਰੱਖੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਨਾਲ ਹੋਈ, ਜਿਸ ਤੋਂ ਬਾਅਦ ਧਾਰਮਿਕ ਪ੍ਰੋਗਰਾਮ ਕਰਵਾਏ ਗਏ, ਜਿਸ ਵਿੱਚ ਸਾਰੇ ਕਾਲਜਾਂ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਪਾਠ ਦੇ ਭੋਗ ਉਪਰੰਤ ਭਾਈ ਮਨਦੀਪ ਸਿੰਘ ਕਥਾਵਾਚਕ ਗੁਰੂ ਕਾ ਬਾਗ਼ ਵਾਲਿਆਂ ਵੱਲੋਂ ਖ਼ਾਲਸਾ ਸਾਜਨਾ ਦਿਵਸ ਦੇ ਇਤਿਹਾਸ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਸੰਗਤ ਨੂੰ ਦੱਸਿਆ ਕਿ ਖ਼ਾਲਸਾ ਪੰਥ ਦੀ ਸਿਰਜਣਾ ਸਾਨੂੰ ਨਿਡਰਤਾ, ਸੱਚਾਈ ਤੇ ਧਰਮ ਦੇ ਰਸਤੇ 'ਤੇ ਚੱਲਣ ਦਾ ਸੰਦੇਸ਼ ਦਿੰਦੀ ਹੈ। ਗੁਰੂ ਸਾਗਰ ਪਬਲਿਕ ਸਕੂਲ ਪੰਧੇਰ ਦੇ ਵਿਦਿਆਰਥੀਆਂ ਵੱਲੋਂ



ਵਿਸਾਖੀ ਖ਼ਾਲਸਾ ਸਾਜਨਾ ਦਿਵਸ ਸਬੰਧੀ ਸੁੰਦਰ ਕਵਿਤਾਵਾਂ ਪੇਸ਼ ਕੀਤੀਆਂ ਗਈਆਂ, ਜਦਕਿ ਕਾਲਜ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ ਕਰਕੇ ਮਾਹੌਲ ਨੂੰ ਧਾਰਮਿਕ ਬਣਾ ਦਿੱਤਾ।ਇਸ ਮੌਕੇ ਡਾਇਰੈਕਟਰ ਡਾ. ਗੁਲਵਤਨ ਸਿੰਘ ਕੰਗ ਨੇ ਆਪਣੇ ਵਿਸਥਾਰਪੂਰਵਕ ਸੰਦੇਸ਼ ਵਿੱਚ ਕਿਹਾ ਕਿ ਵਿਸਾਖੀ ਖ਼ਾਲਸਾ ਸਾਜਨਾ ਦਿਹਾੜਾ ਸਿਰਫ਼ ਤਿਉਹਾਰ ਨਹੀਂ, ਸਗੋਂ ਸਾਡੀ ਪਹਿਚਾਣ ਤੇ ਇਤਿਹਾਸ ਨਾਲ ਜੁੜਨ ਦਾ ਮਹਾਨ ਦਿਨ ਹੈ। ਇਸ ਮੌਕੇ ਸਟੇਜ ਦੇ ਫਰਜ਼ ਮਨਦੀਪ ਕੌਰ ਨੇ ਬਾਖੂਬੀ ਨਿਭਾਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਇਰੈਕਟਰ ਡਾ. ਆਨੰਦਜੀਤ ਕੌਰ, ਕੰਵਲਪ੍ਰੀਤ ਕੌਰ, ਮਨਦੀਪ ਸਿੰਘ ਬੇਪਾਰਾਏ, ਡਾ. ਮੀਨੂ ਚੌਧਰੀ ਪ੍ਰਿੰਸੀਪਲ ਸ੍ਰੀ ਗੁਰੂ ਰਾਮਦਾਸ ਕਾਲਜ ਆਫ ਐਜੂਕੇਸ਼ਨ, ਡਾ. ਅਨਮੋਲਦੀਪ ਕੌਰ ਪ੍ਰਿੰਸੀਪਲ ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ, ਸੁਪਨਦੀਪ ਕੌਰ ਸ੍ਰੀ ਗੁਰੂ ਰਾਮਦਾਸ ਫਾਰਮੇਸੀ ਕਾਲਜ, ਡਾ. ਸੰਦੀਪ ਜੈਸਵਾਲ ਗੁਰੂ ਰਾਮਦਾਸ ਆਯੁਰਵੈਦਿਕ ਕਾਲਜ, ਮੀਨਾਕਸ਼ੀ ਮਹਿਤਾ ਗੁਰੂ ਸਾਗਰ ਪਬਲਿਕ ਸਕੂਲ ਪੰਧੇਰ ਸਮੇਤ ਸ਼ਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸ਼ਨ।

## ਵਿਧਾਇਕ ਰਾਜਾ ਵੱਲੋਂ ਲੱਖਾਂ ਦੀ ਲਾਗਤ ਨਾਲ ਬਣਨ ਵਾਲੀ ਸੜਕ ਦਾ ਉਦਘਾਟਨ

ਟਾਂਡਾ ਉੜਮੁੜ, 14 ਅਪ੍ਰੈਲ (ਅਰਜੁਨ ਜੈਨ): ਟਾਂਡਾ ਸ਼ਹਿਰ ਦੇ ਵਿਕਾਸ ਤੇ ਸੁੰਦਰੀਕਰਨ ਕਰਵਾਉਣ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਪੇਸ਼ੀ ਨਹੀਂ ਆਉਣ ਦਿੱਤੀ ਜਾਵੇਗੀ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਲੱਖਾਂ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਟਾਂਡਾ ਸ਼ਹਿਰ ਦੀ ਮੁੱਖ ਸੜਕ ਦੇ ਨਵ-ਨਿਰਮਾਣ ਕੰਮ ਦਾ ਉਦਘਾਟਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਕੌਂਸਲਰ ਹਰੀਕ੍ਰਿਸ਼ਨ ਸੈਣੀ, ਆਪ ਆਗੂ ਸੋਨੂੰ ਖੰਨਾ, ਆਪ ਦੇ ਸ਼ਹਿਰੀ ਪ੍ਰਧਾਨ ਜਸਪ੍ਰੀਤ ਸਿੰਘ ਜੱਸੀ, ਸਾਬਕਾ ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ 21 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਨਾਲ ਬਣਨ ਵਾਲੀ ਇਹ ਸੜਕ ਲੱਖੀ ਸਿਨੇਮਾ ਤੋਂ ਰੇਲਵੇ ਸਟੇਸ਼ਨ ਚੌਕ ਤੱਕ



ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇੱਕ-ਦੋ ਦਿਨ ਵਿੱਚ ਹੀ ਇਹ ਸੜਕ ਦਾ ਕੰਮ ਮੁਕੰਮਲ ਹੋ ਜਾਵੇਗਾ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਹਲਕੇ ਦੇ ਹਰ ਪਿੰਡ ਤੇ ਸ਼ਹਿਰੀ ਖੇਤਰਾਂ ਵਿਕਾਸ ਲਗਾਤਾਰ ਧੜੱਲੇ ਨਾਲ ਬਿਨਾਂ ਕਿਸੇ ਭੇਦਭਾਵ ਨਾਲ ਕਰਵਾਏ ਜਾ ਰਹੇ ਹਨ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ 15 ਅਪ੍ਰੈਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਗੌਰਮਿੰਟ ਕਾਲਜ ਟਾਂਡਾ ਵਿਖੇ ਇੱਕ ਵਿਸ਼ਾਲ ਕਾਨਫਰੰਸ ਕਰਨਗੇ ਤੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਪੰਜਾਬ ਵਿੱਚ ਕੀਤੇ ਵਿਕਾਸ ਕਾਰਜਾਂ ਤੇ ਲਾਗੂ ਕੀਤੀਆਂ ਲੋਕ ਹਿਤੈਸ਼ੀ ਸਕੀਮਾਂ ਸਬੰਧੀ ਲੋਕਾਂ ਨੂੰ ਦੱਸਣਗੇ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਵੀ ਕਰਨਗੇ। ਉਨ੍ਹਾਂ ਹਲਕੇ ਦੇ ਲੋਕਾਂ ਨੂੰ ਇਸ ਮੌਕੇ ਹੁੰਮਹੁਮਾ ਕੇ ਪਹੁੰਚਣ ਦੀ ਅਪੀਲ ਵੀ ਕੀਤੀ। ਇਸ ਮੌਕੇ ਹਰਮੀਤ ਸਿੰਘ ਵੜੈਚ, ਰਾਜਨ ਸੋਂਧੀ, ਸੇਠਰਾਮ ਸੇਠੀ, ਗੁਰਮੀਤ ਬਿੱਟੂ ਤੇ ਰਾਜੇਸ਼ ਲਾਡੀ ਹਾਜ਼ਰ ਸਨ।

## ਭਾਮੜੀ ਨਹਿਰ ਦੇ ਪੁੱਲ 'ਤੇ ਖ਼ਾਲਸਾ ਸਾਜਨਾ ਦਿਵਸ ਮਨਾਇਆ



ਕਾਦੀਆਂ, 14 ਅਪ੍ਰੈਲ (ਸਲਾਮ ਤਾਰੀ/ਸਿਕੰਦਰ ਸੰਧੂ): ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਖ਼ਾਲਸਾ ਪੰਥ ਸਾਜਨਾ ਦਿਵਸ ਕਮੇਟੀ ਨਹਿਰ ਪੁੱਲ ਭਾਮੜੀ ਵੱਲੋਂ ਦਸਵਾਂ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਏ ਉਪਰੰਤ ਭਾਈ ਅਭਿਜੋਤ ਸਿੰਘ ਤਰਨਾ ਦਲ ਦੇ ਜਥੇ ਨੇ ਮਨੋਹਰ ਕੀਰਤਨ ਕੀਤਾ। ਇਸ ਦੇ ਨਾਲ-ਨਾਲ ਬੱਚਿਆਂ ਨੇ ਆਪਣੇ ਕਵਿਤਾਵਾਂ, ਭਾਸ਼ਣ, ਪੇਂਟਿੰਗ ਤੇ ਕਵੀਸ਼ਰੀ ਰਾਹੀਂ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਬਿਕਰਮਜੀਤ ਸਿੰਘ, ਗੁਰਕਰਨ ਸਿੰਘ, ਸਰਕਾਰੀ ਹਾਈ ਸਕੂਲ ਬਸਰਾਵਾਂ ਤੇ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਘੁਮਾਣ ਦੇ ਬੱਚਿਆਂ ਨੇ ਜੋਸ਼ੋ-ਖਰੋਸ਼ ਨਾਲ ਕਵੀਸ਼ਰੀ ਤੇ ਕਵਿਤਾਵਾਂ ਦੀਆਂ ਵੰਨਗੀਆਂ ਪੇਸ਼ ਕੀਤੀਆਂ। ਇਸ ਸਮੇਂ ਗਿਆਨੀ ਮਹਿਤਾਬ ਸਿੰਘ ਅਕਾਲ ਬੁੰਗਾ ਭੰਬੋਈ ਵਾਲਿਆਂ ਨੇ ਵੀ ਸੰਗਤਾਂ ਨੂੰ ਆਪਣੇ ਸੰਬੋਧਨ ਵਿੱਚ ਵਿਸਾਖੀ ਦੇ ਇਤਿਹਾਸ ਤੋਂ ਜਾਣੂੰ ਕਰਵਾਇਆ।ਕਮੇਟੀ ਮੈਂਬਰਾਂ ਤੇ ਹੋਰ ਸ਼ਖਸੀਅਤਾਂ ਨੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਤੇ ਨਗਦ ਇਨਾਮ ਵੀ ਦਿੱਤੇ। ਦਸਤਾਰ ਸਜਾਉਣ ਵਾਲਿਆਂ ਤੇ ਦੁਮਾਲਾ ਬੰਨ੍ਹਣ ਵਾਲੇ ਬੱਚੇ ਵੀ ਵਿਸ਼ੇਸ਼ ਖਿੱਚ ਦਾ ਕੇਂਦਰ ਬਿੰਦੂ ਰਹੇ।ਬਾਬਾ ਨਰਿੰਦਰ ਸਿੰਘ ਤੇ ਦਿਲਬਾਗ ਸਿੰਘ ਬਸਰਾਵਾਂ ਨੇ ਦੱਸਿਆ ਕਿ ਇਸ ਕਮੇਟੀ ਦਾ ਮੁੱਖ ਮੰਤਵ ਬੱਚਿਆਂ ਤੇ ਨੌਜਵਾਨਾਂ ਨੂੰ ਆਪਣੇ ਇਤਿਹਾਸ ਤੇ ਸਿੱਖੀ ਵਿਰਸੇ ਤੋਂ ਜਾਣੂੰ ਕਰਵਾਉਣਾ ਤੇ ਖੇਡਾਂ ਵੱਲ ਪ੍ਰੇਰਿਤ ਕਰਨਾ ਮੁੱਖ ਨਿਸ਼ਾਨਾ ਹੈ। 14 ਅਪ੍ਰੈਲ ਨੂੰ ਕਬੱਡੀ ਟੂਰਨਾਮੈਂਟ ਵੀ ਹੋਵੇਗਾ, ਜਿਸ ਵਿੱਚ ਬਜ਼ੁਰਗਾਂ ਤੇ ਲੜਕੀਆਂ ਦੇ ਸ਼ੋਅ ਮੈਚ ਗੱਤਕੇਬਾਜ਼ੀ, ਰੱਸਾ ਕਸੀ ਤੇ ਨਾਮੀ ਕਲੱਬਾਂ ਦੇ ਕਬੱਡੀ ਮੈਚ ਹੋਣੇ ਹਨ।ਇਸ ਸਮੇਂ ਸਰਪੰਚ ਬਚਨ ਸਿੰਘ ਭਾਮੜੀ, ਹਰਜੀਤ ਸਿੰਘ ਰਿਆੜ, ਦਿਲਬਾਗ ਸਿੰਘ ਥਾਣੇਦਾਰ, ਗੁਰਨਾਮ ਸਿੰਘ ਮੰਡ, ਬਲਜੀਤ ਸਿੰਘ ਭੰਡੋਰੀ, ਡਾ. ਅਮਰਜੀਤ ਸਿੰਘ ਧਾਲੀਵਾਲ, ਨਿਸ਼ਾਨ ਸਿੰਘ ਐਲਆਈਸੀ, ਡਾ. ਸਰਦੂਲ ਸਿੰਘ, ਰਣਜੀਤ ਸਿੰਘ ਪੱਪੀ, ਬਲਾਕ ਨੋਡਲ ਅਫਸਰ ਵਿਜੇ ਕੁਮਾਰ, ਮਾਸਟਰ ਜਰਨੈਲ ਸਿੰਘ, ਸੁੱਚਾ ਸਿੰਘ ਫੌਜੀ, ਬਲਵਿੰਦਰ ਸਿੰਘ ਬਿੱਲੂ, ਗੁਰਮੁੱਖ ਲਾਲ, ਰਮੇਸ਼ ਸਿੰਘ, ਡਾ. ਗੁਰਵੰਤ ਸਿੰਘ, ਅਜੀਤ ਸਿੰਘ ਮੋਹਣੀ, ਜਸਪਾਲ ਸਿੰਘ, ਜਰਨੈਲ ਸਿੰਘ ਬਿੱਲੂ, ਕੁੰਨਣ ਸਿੰਘ, ਦਰਸ਼ਨ ਸਿੰਘ, ਦਲਬੀਰ ਸਿੰਘ ਆਦਿ ਹਾਜ਼ਰ ਸਨ।

## ਕਾਮਰੇਡ ਤੇਜਾ ਸਿੰਘ ਸੁਤੰਤਰ ਤੇ ਉਨ੍ਹਾਂ ਦੇ ਭਰਾ ਆਜ਼ਾਦੀ ਘੁਲਾਟੀਏ ਮੇਦਨ ਸਿੰਘ ਦੀ ਬਰਸੀ ਮਨਾਈ

ਡੇਰਾ ਬਾਬਾ ਨਾਨਕ, 14 ਅਪ੍ਰੈਲ (ਹੈਪੀ ਕੋਟਲੀ): ਭਾਰਤੀ ਕਮਿਊਨਿਸਟ ਪਾਰਟੀ ਦੇ ਉਘੇ ਆਗੂ ਤੇ ਮੁਜਾਰਾ ਲਹਿਰ ਦੇ ਨਿਧੜਕ ਯੋਧੇ ਕਾ.ਤੇਜਾ ਸਿੰਘ ਸੁਤੰਤਰ ਤੇ ਉਨ੍ਹਾਂ ਦੇ ਭਰਾ ਆਜ਼ਾਦੀ ਘੁਲਾਟੀਏ ਮੇਦਨ ਸਿੰਘ ਮੇਦਨ ਦੀ ਬਰਸੀ ਅੱਜ ਉਨ੍ਹਾਂ ਦੇ ਜੱਦੀ ਪਿੰਡ ਅਕਾਲਗੜ੍ਹ ਅਲੂਣਾ ਵਿਖੇ ਉਨ੍ਹਾਂ ਦੀ ਯਾਦਗਰ ਤੇ ਝੰਡਾ ਝੁਲਾ ਕੇ ਭਾਰਤੀ ਕਮਿਊਨਿਸਟ ਪਾਰਟੀ ਤੇ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਮਨਾਈ ਗਈ। ਇਸ ਮੌਕੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਉਘੇ ਆਗੂ ਕਾ. ਹਰਦੇਵ ਸਿੰਘ ਅਰਸੀ ਸਾਬਕਾ ਵਿਧਾਇਕ ਨੇ ਕਾ. ਤੇਜਾ ਸਿੰਘ ਸੁਤੰਤਰ ਤੇ ਮੇਦਨ ਸਿੰਘ ਮੇਦਨ ਦੇ ਸੰਘਰਸ਼ੀ ਜੀਵਨ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਕਾ. ਤੇਜਾ ਸਿੰਘ ਸੁਤੰਤਰ ਵੱਲੋਂ ਦੇਸ਼ ਦੀ ਆਜ਼ਾਦੀ ਲਹਿਰ ਅੰਦਰ ਪਾਏ ਯੋਗਦਾਨ ਤੇ ਖਾਸ ਕਰਕੇ ਮੁਜਾਰਾ ਲਹਿਰ ਅੰਦਰ ਮਾਲਵੇ ਅੰਦਰ ਲੜੇ ਗਏ ਜ਼ਮੀਨੀ ਘੋਲ ਅੰਦਰ ਨਿਭਾਈ ਗਈ ਭੂਮਿਕਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਅੰਦਰ ਘੱਟ-



ਘੱਟ ਨੁਕਸਾਨ ਕਰਵਾ ਕੇ ਮੁਜਾਰਿਆਂ ਨੂੰ ਜ਼ਮੀਨਾਂ ਦੇ ਮਾਲਕ ਬਣਾਇਆ।ਉਨ੍ਹਾਂ ਪਾਰਲੀਮੈਂਟ ਮੈਂਬਰ ਹੁੰਦਿਆਂ ਜਿਸ ਤਰ੍ਹਾਂ ਲੋਕਾਂ ਦੇ ਮਸਲੇ ਪਾਰਲੀਮੈਂਟ ਅੰਦਰ ਪੇਸ਼ ਕੀਤੇ ਤੇ ਆਖਰੀ ਸਮੇਂ ਤੱਕ ਇਮਾਨਦਾਰੀ ਦੀ ਜੋ ਮਿਸਾਲ ਪੇਸ਼ ਕੀਤੀ। ਉਹ ਅੱਜ ਦੇ ਰਾਜਨੀਤਿਕ ਆਗੂਆਂ ਅੰਦਰ ਖੰਭ ਲਗਾ ਕਿ ਉਡ ਚੁੱਕੀ ਹੈ।ਭਾਰਤੀ ਕਮਿਊਨਿਸਟ ਪਾਰਟੀ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤੂਪੁਰਾ ਨੇ ਆਪਣੇ ਸੰਬੋਧਨ ਅੰਦਰ ਕਿਹਾ ਕਿ ਕਾ. ਸੁਤੰਤਰ ਇਕੱਲਾ ਪੰਜਾਬ ਜਾਂ ਭਾਰਤ ਦਾ ਹੀ ਨਹੀਂ ਉਹ ਇੱਕ ਕੌਮਾਤਰੀ ਕਮਿਊਨਿਸਟ ਆਗੂ ਸੀ। ਜਿਸ ਨੂੰ ਬਾਰਾਂ ਭਸਾਂਵਾਂ ਦਾ ਤੇ ਗੁਰੀਲਾ ਯੁੱਧ ਦਾ ਗਿਆਨ ਸੀ।ਇਕੱਠ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਸਕੱਤਰ ਲਖਬੀਰ ਸਿੰਘ ਨਿਜਾਮਪੁਰ ਨੇ ਕਿਹਾ ਕਿ ਕਾ. ਸੁਤੰਤਰ ਜਥੇਬੰਦੀ ਦੇ ਰਾਸ਼ਟਰੀ ਪ੍ਰਧਾਨ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਜਥੇਬੰਦੀ ਨੇ ਵੱਡੇ ਸੰਘਰਸ਼ ਲੜੇ ਤੇ ਸਫਲਤਾ ਪ੍ਰਾਪਤ ਕੀਤੀ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਆਗੂ ਜਗਜੀਤ ਸਿੰਘ ਕਲਾਨੌਰ, ਕਿਰਤੀ ਕਿਸਾਨ ਯੂਨੀਅਨ ਦੇ ਸਤਿਬੀਰ ਸਿੰਘ ਮੁਲਤਾਨੀ, ਮੰਗਲ ਸਿੰਘ ਖਜਾਲਾ ਖੇਤ ਮਜ਼ਦੂਰ ਸਭਾ ਦੇ ਆਗੂ ਨੇ ਵੀ ਸੰਬੋਧਨ ਕੀਤਾ।

## ਵੋਟਰ ਸੂਚੀ ਦੀ ਸੁਧਾਈ ਲਈ ਯੋਗਤਾ ਮਿਤੀ 23 ਨਿਰਧਾਰਿਤ

ਗੁਰਦਾਸਪੁਰ, 14 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿ)-ਕਮ ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪੱਤਰ ਅਨੁਸਾਰ ਨਗਰ ਨਿਗਮ/ਨਗਰ ਕੌਂਸਲ ਦੀਆਂ ਆਮ/ਜ਼ਿਮਨੀ ਚੋਣਾਂ 2026 ਕਰਵਾਉਣ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਡਰਾਫਟ ਪ੍ਰਕਾਸ਼ਨਾ 15 ਅਪ੍ਰੈਲ (ਬੁੱਧਵਾਰ) ਨੂੰ ਹੋਵੇਗੀ, ਦਾਅਵੇ ਤੇ ਇਤਰਾਜ਼ 17 ਅਪ੍ਰੈਲ (ਸ਼ੁੱਕਰਵਾਰ) ਤੋਂ 23 ਅਪ੍ਰੈਲ (ਵੀਰਵਾਰ) ਤੱਕ ਭਰੇ ਜਾ ਸਕਦੇ ਹਨ (ਵਿਸ਼ੇਸ਼ ਮੁਹਿੰਮ 20 ਤੇ 21 ਅਪ੍ਰੈਲ ਨੂੰ), ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 30 ਅਪ੍ਰੈਲ (ਵੀਰਵਾਰ) ਤੱਕ ਤੇ ਵੋਟਰ ਸੂਚੀਆਂ ਦੀ ਫਾਈਨਲ ਪ੍ਰਕਾਸ਼ਨਾ 5 ਮਈ (ਮੰਗਲਵਾਰ) ਨੂੰ ਹੋਵੇਗੀ। ਉਨ੍ਹਾਂ ਦੱਸਿਆ ਕਿ ਨਗਰ ਨਿਗਮ/ਨਗਰ ਕੌਂਸਲਾਂ ਦੀ ਆਮ/ਜ਼ਿਮਨੀ ਚੋਣਾਂ 2026 ਲਈ ਵੋਟਰ ਸੂਚੀ ਦੀ ਸੁਧਾਈ ਲਈ ਯੋਗਤਾ ਮਿਤੀ 23 ਅਪ੍ਰੈਲ 2026 ਨਿਰਧਾਰਿਤ ਕੀਤੀ ਗਈ ਹੈ। ਇਸ ਲਈ ਉਕਤ ਨੂੰ ਮੁੱਖ ਰੱਖਦੇ ਹੋਏ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਪ੍ਰਾਪਤ ਹੋਏ ਪੱਤਰ ਦੀ ਕਾਪੀ ਉੱਪ ਮੰਡਲ ਮੈਜਿਸਟਰੇਟ-ਕਮ-ਚੋਣ ਰਜਿਸਟ੍ਰੇਸ਼ਨ ਅਫਸਰ ਦੀਨਾ ਨਗਰ, ਗੁਰਦਾਸਪੁਰ, ਬਟਾਲਾ ਤੇ ਫਤਹਿਗੜ੍ਹ ਚੂੜੀਆਂ (ਨਗਰ ਨਿਗਮ/ਕੌਂਸਲ ਚੋਣਾਂ 2026) ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਮਿਸ਼ਨ ਵੱਲੋਂ ਭੇਜੇ ਗਏ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਨਗਰ ਨਿਗਮ/ਨਗਰ ਕੌਂਸਲ ਦੀਆਂ ਆਮ ਚੋਣਾਂ-2026 ਲਈ ਨਿਰਧਾਰਿਤ ਪ੍ਰੋਗਰਾਮ ਅਨੁਸਾਰ ਵੋਟਰ ਸੂਚੀਆਂ ਤਿਆਰ ਕਰਨੀਆਂ ਯਕੀਨੀ ਬਣਾਈਆਂ ਜਾਣਾ।



## ਹਿਤੇਸ਼ ਗਰੇਵਾਲ ਦਾ ਆਪ ਯੂਥ ਸਟੇਟ ਜੁਆਇੰਟ ਸੈਕਟਰੀ ਲੱਗਣ 'ਤੇ ਸਨਮਾਨ



ਗੜ੍ਹਦੀਵਾਲਾ, 14 ਅਪ੍ਰੈਲ (ਗੌਰਵ): ਅੱਜ ਭਗਵਾਨ ਵਾਲਮੀਕਿ ਸਭਾ ਵੱਲੋਂ ਵਾਲਮੀਕਿ ਸਮਾਜ ਦੇ ਆਪ ਆਗੂ ਹਿਤੇਸ਼ ਗਰੇਵਾਲ ਨੂੰ ਆਮ ਆਦਮੀ ਪਾਰਟੀ ਵੱਲੋਂ ਯੂਥ ਸਟੇਟ ਜੁਆਇੰਟ ਸੈਕਟਰੀ ਲੱਗਣ 'ਤੇ ਸਨਮਾਨ ਕੀਤਾ ਤੇ ਵਧਾਈ ਦਿੱਤੀ ਗਈ। ਇਸ ਮੌਕੇ ਨਵ-ਨਿਯੁਕਤ ਯੂਥ ਸਟੇਟ ਜੁਆਇੰਟ ਸੈਕਟਰੀ ਹਿਤੇਸ਼ ਗਰੇਵਾਲ ਨੇ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਉਹ ਤਨਦੇਹੀ ਨਾਲ ਨਿਭਾਉਣਗੇ ਤੇ ਨਾਲ ਹੀ ਆਪਣੇ ਸਮਾਜ ਤੇ ਆਮ ਜਨਤਾ ਨੂੰ ਕੋਈ ਵੀ ਮੁਸ਼ਕਿਲ ਆਉਂਦੀ ਹੈ ਤਾਂ ਉਹ ਪੂਰੀ ਨਿਸ਼ਠਾ ਨਾਲ ਹੱਲ ਕਰਵਾਉਣ ਦੇ ਯਤਨ ਕਰਨਗੇ। ਇਸ ਮੌਕੇ 'ਤੇ ਆਪ ਤੇ ਦਲਿਕ ਆਗੂ ਸ਼ੁਭਮ ਸਹੋਤਾ, ਦੀਪਾ ਮਲਿਕ, ਵਿਨੋਦ ਕਲਿਆਣ, ਗਗਨ ਮਲਿਕ, ਸਾਬਕਾ ਐਮਸੀ ਰਾਜੂ ਗੁਪਤਾ, ਅਵਤਾਰ ਜੇਈ, ਰਾਜੂ ਗੁਪਤਾ, ਅਵਤਾਰ ਜੇਈ, ਹੈਪੀ, ਰਾਜਾ, ਭੋਲੂ ਆਦਿ ਹਾਜ਼ਰ ਸਨ।

## ਗੁਰੂ ਨਾਨਕ ਕਾਲਜ 'ਚ ਹਸਤਕਲਾ ਪ੍ਰਦਰਸ਼ਨੀ ਲਗਵਾਈ

ਬੰਗਾ, 14 ਅਪ੍ਰੈਲ (ਪ੍ਰਭਜੋਤ ਸਿੰਘ): ਗੁਰੂ ਨਾਨਕ ਕਾਲਜ ਫਾਰ ਵੂਮੈਨ ਬੰਗਾ ਦੇ ਹੋਮ ਸਾਇੰਸ ਵਿਭਾਗ ਤੇ ਸਰਟੀਫਿਕੇਟ ਕੋਰਸ ਸਟਿਚਿੰਗ ਐਂਡ ਟੇਲਰਿੰਗ ਵਿਭਾਗ ਵੱਲੋਂ ਬੱਚਿਆਂ ਦੁਆਰਾ ਤਿਆਰ ਕੀਤੀਆਂ ਹਸਤਕਲਾ ਚੀਜ਼ਾਂ ਦੀ ਪ੍ਰਦਰਸ਼ਨੀ ਲਗਾਈ ਗਈ। ਜਿਸ ਵਿੱਚ ਬੱਚਿਆਂ ਨੇ ਬਲੌਕ ਪ੍ਰਿੰਟਿੰਗ ਦੇ ਸੂਟ, ਟਾਈ ਐਂਡ ਡਾਈ ਦੇ ਦੁਪੱਟੇ, ਪਾਰਟੀ ਵੇਅਰ ਫ੍ਰਾਕਾਂ, ਨਾਈਟ ਵੇਅਰ ਤੇ ਕੈਜ਼ੂਅਲ ਵੇਅਰ, ਹੋਮ ਸਾਇੰਸ ਦੀ ਵਿਦਿਆਰਥਣਾਂ ਨੇ ਵੇਸਟ ਮਟੀਰੀਅਲ ਤੋਂ ਬੋਤਲਾਂ ਦੀ ਸਜਾਵਟ, ਵਾਲ ਹੇਂਗਿੰਗ, ਘਰ ਦੀ ਸਜਾਵਟਾਂ ਦੀਆਂ ਚੀਜ਼ਾਂ, ਫਲਾਵਰ, ਮੈਗਜ਼ੀਨ ਹੋਲਡਰ ਬਣਾ ਕੇ ਪ੍ਰਦਰਸ਼ਨ ਵਿੱਚ ਪੇਸ਼ ਕੀਤੀਆਂ। ਕਾਲਜ ਦੇ ਪ੍ਰਿੰਸੀਪਲ ਮੀਨੂ ਭੋਲਾ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਇਸ ਦਾ ਉਦਘਾਟਨ ਕਲਾਸ ਇੰਚਾਰਜ ਬਿਮਲਜੀਤ ਕੌਰ ਤੇ ਇੰਦਰਦੀਪ ਵੱਲੋਂ ਕੀਤਾ ਤੇ ਬੱਚਿਆਂ ਨੂੰ ਵਧਾਈ ਵੀ ਦਿੱਤੀ। ਕਾਲਜ ਦੇ ਪ੍ਰਧਾਨ ਜਸਵੰਤ ਕੌਰ ਨੇ ਕਿਹਾ ਇਸ ਤਰ੍ਹਾਂ ਦੀਆਂ ਪ੍ਰਦਰਸ਼ਨੀਆਂ ਕੋਰਸ ਤੇ ਹੋਮ ਸਾਇੰਸ ਵਰਗੇ ਵਿਸ਼ੇ ਬੱਚਿਆਂ ਨੂੰ ਬਹੁਤ ਕੁਝ ਸਿਖਾਉਂਦੇ ਹਨ, ਜੋ ਆਉਣ ਵਾਲੇ ਸਮੇਂ ਵਿੱਚ ਕਮਾਈ ਦਾ ਸਾਧਨ ਬਣ ਕੇ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਯੋਗ ਬਣਾਉਂਦੇ ਹਨ। ਇਸ ਪ੍ਰਦਰਸ਼ਨੀ ਵਿੱਚ ਕਾਲਜ ਦਾ ਸਟਾਫ ਡਾ. ਮੋਨਿਕਾ ਸਹਾਨੀ, ਨੀਤੂ, ਸੰਦੀਪ, ਡਾ. ਹਰਮਨਦੀਪ ਕੌਰ, ਪ੍ਰਦੀਪ ਕੁਮਾਰ, ਦਕਸ਼ ਕੁਮਾਰ, ਰਣਜੀਤ ਕੌਰ, ਕੀਮਤੀ ਹਰੀਸ਼ ਨੇ ਜੱਜਮੈਂਟ ਤੇ ਵਿਦਿਆਰਥਣਾਂ ਦੀ ਹੌਸਲਾ ਅਫਜ਼ਾਈ ਕੀਤੀ।



## ਬਾਬਾ ਬੁੱਢਾ ਸਾਹਿਬ ਮਾਡਰਨ ਸੀਨੀ. ਸੈਕੰ. ਸਕੂਲ 'ਚ ਵਿਸਾਖੀ ਮਨਾਈ

ਬਟਾਲਾ, 14 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸਥਾਨਕ ਸਕੂਲ ਵਿੱਚ ਵਿਸਾਖੀ ਦਾ ਪਵਿੱਤਰ ਤੇ ਇਤਿਹਾਸਕ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਸਕੂਲ ਵਿੱਚ ਇੱਕ ਵਿਸ਼ਾਲ ਸੱਭਿਆਚਾਰਕ ਸਮਾਗਮ ਦਾ ਆਯੋਜਨ ਕੀਤਾ ਗਿਆ।ਜਿਸ ਦੀ ਸਾਰੀ ਜ਼ਿੰਮੇਵਾਰੀ ਰੈਡ ਹਾਊਸ ਵੱਲੋਂ ਬਾਖ਼ੂਬੀ ਨਿਭਾਈ ਗਈ। ਸਮਾਗਮ ਦੀ ਸ਼ੁਰੂਆਤ ਬਹੁਤ ਹੀ ਉਤਸ਼ਾਹਪੂਰਵਕ ਮਾਹੌਲ ਵਿੱਚ ਹੋਈ, ਜਿਸ ਵਿੱਚ ਨਰਸਰੀ ਤੋਂ ਲੈ ਕੇ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਆਪਣੀ ਕਲਾ ਦੇ ਜੌਹਰ ਦਿਖਾਉਂਦਿਆਂ ਪੂਰੇ ਪ੍ਰੋਗਰਾਮ ਨੂੰ ਚਾਰ-ਚੰਨ ਲਗਾ ਦਿੱਤੇ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵੱਲੋਂ ਪੰਜਾਬੀ ਵਿਰਸੇ ਨਾਲ ਸਬੰਧਤ ਕਵੀਸ਼ਰੀ ਦਾ ਬਹੁਤ ਹੀ ਪ੍ਰਭਾਵਸ਼ਾਲੀ ਗਾਇਨ ਕੀਤਾ ਗਿਆ,






ਜਿਸ ਨੇ ਹਾਜ਼ਰੀਨ ਨੂੰ ਭਾਵੁਕ ਕਰ ਦਿੱਤਾ। ਇਸ ਤੋਂ ਬਾਅਦ ਵੱਖ-ਵੱਖ ਜਮਾਤਾਂ ਦੇ ਬੱਚਿਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਡਾਂਸ ਤੇ ਲੋਕ ਨਾਚ ਪੇਸ਼ ਕੀਤੇ ਗਏ। ਖ਼ਾਸ ਤੌਰ 'ਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਪਾਇਆ ਗਿਆ ਰਵਾਇਤੀ ਭੰਗੜਾ ਪ੍ਰੋਗਰਾਮ ਦਾ ਸਿਖਰ ਰਿਹਾ, ਜਿਸ ਦੀ ਥਾਪ 'ਤੇ ਪੂਰਾ ਸਕੂਲ ਝੂਮ ਉਠਿਆ। ਇਸ ਖ਼ੁਸ਼ੀ ਦੇ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਹਰਪ੍ਰੀਤ ਕੌਰ ਤੇ ਵਾਈਸ ਪ੍ਰਿੰਸੀਪਲ ਸਰਬਜੀਤ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਤੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਦੇ ਨਾਲ ਪ੍ਰਭਜੀਤ ਕੌਰ, ਅੰਮ੍ਰਿਤ ਪਾਲ ਕੌਰ, ਜਸ਼ਨਦੀਪ ਕੌਰ, ਲਵਜੀਤ ਕੌਰ, ਮਨਦੀਪ ਕੌਰ ਨੰਗਲ ਤੇ ਸਮੂਹ ਸਟਾਫ਼ ਮੈਂਬਰਾਂ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਨੇ ਆਪਣੇ ਸੰਬੋਧਨ ਵਿੱਚ ਬੱਚਿਆਂ ਨੂੰ ਵਿਸਾਖੀ ਦੇ ਇਤਿਹਾਸ ਤੇ ਖ਼ਾਲਸਾ ਪੰਥ ਦੀ ਸਿਰਜਣਾ ਬਾਰੇ ਅਹਿਮ ਜਾਣਕਾਰੀ ਦਿੱਤੀ ਤੇ ਬੱਚਿਆਂ ਵੱਲੋਂ ਪੇਸ਼ ਕੀਤੀਆਂ ਗਈਆਂ ਵੱਖ-ਵੱਖ ਆਈਟਮਾਂ ਦੀ ਭਰਪੂਰ ਸ਼ਲਾਘਾ ਕੀਤੀ।

# ਮੈਨੂਅਲ ਸਕਵੈਂਜਰ ਤੇ ਮੁੜ ਵਸੇਬਾ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ



ਫ਼ਿਰੋਜ਼ਪੁਰ, 14 ਅਪ੍ਰੈਲ (ਤਿਵਾੜੀ): ਮੈਨੂਅਲ ਸਕਵੈਂਜਰ ਤੇ ਮੁੜ ਵਸੇਬਾ ਐਕਟ 2013 ਤਹਿਤ ਗਠਿਤ ਜ਼ਿਲ੍ਹਾ ਪੱਧਰੀ ਕਮੇਟੀ ਤਹਿਤ ਜ਼ਿਲ੍ਹਾ ਵਿਜੀਲੈਂਸ ਤੇ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ, ਫਿਰੋਜ਼ਪੁਰ, ਅਮਨਦੀਪ ਕੌਰ ਪੀ.ਸੀ.ਐਸ. ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਕਮੇਟੀ ਦੇ ਸਮੂਹ ਸਰਕਾਰੀ ਤੇ ਗੈਰ-ਸਰਕਾਰੀ ਮੈਂਬਰ ਸ਼ਾਮਲ ਹੋਏ। ਮੀਟਿੰਗ ਵਿੱਚ ਸਰਕਾਰੀ ਮੈਂਬਰਾਂ ਵਜੋਂ ਹਾਜ਼ਰ ਹੋਏ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਮੈਨੂਅਲ ਸਕਵੈਂਜਰ ਤਹਿਤ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਕਰਮਚਾਰੀਆਂ ਨੂੰ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤੇ ਸਾਲ 2025-26 ਦੌਰਾਨ ਕਰਵਾਏ ਸਰਵੇ ਅਨੁਸਾਰ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਕੋਈ ਵੀ ਵਿਅਕਤੀ ਮੈਨੂਅਲ ਸਕਵੈਂਜਿੰਗ ਨਹੀਂ ਕਰ ਰਿਹਾ। ਪ੍ਰਧਾਨ ਵੱਲੋਂ ਇਸ ਸਕੀਮ ਤਹਿਤ ਵੱਖ-ਵੱਖ ਵਿਭਾਗਾਂ ਵੱਲੋਂ ਸਹੂਲਤਾਂ ਦੇਣ ਲਈ ਭਵਿੱਖ ਵਿੱਚ ਵੀ ਵਿਸ਼ੇਸ਼ ਧਿਆਨ ਰੱਖਣ ਲਈ ਆਦੇਸ਼ ਦਿੱਤੇ ਗਏ। ਮੀਟਿੰਗ ਵਿੱਚ ਸ਼ਹਿਰੀ ਵਿਕਾਸ ਸ਼ਾਖਾ, ਪੁਲਿਸ ਵਿਭਾਗ ਤੇ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਅਧਿਕਾਰੀ ਤੇ ਗੈਰ-ਸਰਕਾਰੀ ਮੈਂਬਰ ਸ਼ਾਮਲ ਹੋਏ।

# ਮੁੱਖ ਮੰਤਰੀ ਮਾਨ ਨੇ ਸਖ਼ਤ ਕਾਨੂੰਨ ਬਣਾ ਕੇ ਸਿੱਖ ਸੰਗਤ ਦੀਆਂ ਭਾਵਨਾਵਾਂ ਦੀ ਕਦਰ ਕੀਤੀ: ਚੇਅਰਮੈਨ ਲਿਬੜਾ

## ☛ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026 ਦਾ ਸਵਾਗਤ

ਸ੍ਰੀ ਫਤਹਿਗੜ੍ਹ ਸਾਹਿਬ, 14 ਅਪ੍ਰੈਲ (ਨਰਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਦਾ



ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਕਮੇਟੀ ਫਤਹਿਗੜ੍ਹ ਸਾਹਿਬ ਦੇ ਚੇਅਰਮੈਨ ਅਜੈ ਸਿੰਘ ਲਿਬੜਾ ਨੇ ਸਵਾਗਤ ਕਰਦਿਆਂ ਇਸ ਨੂੰ ਮਾਨ ਸਰਕਾਰ ਦਾ ਇੱਕ ਇਤਿਹਾਸਕ ਤੇ ਦਲੇਰਾਨਾ ਫੈਸਲਾ ਕਰਾਰ ਦਿੱਤਾ ਹੈ। ਚੇਅਰਮੈਨ ਲਿਬੜਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਬੇਅਦਬੀ ਦੇ ਮਾਮਲਿਆਂ 'ਤੇ ਸਿਰਫ਼ ਸਿਆਸਤ ਕੀਤੀ ਸੀ, ਪਰ ਹੈ। ਉਨ੍ਹਾਂ ਕਿਹਾ ਕਿ ਹੁਣ ਕੋਈ ਵੀ ਸ਼ਰਾਰਤੀ ਅਨਸਰ ਅਜਿਹੀ ਹਰਕਤ ਕਰਨ ਤੋਂ ਪਹਿਲਾਂ ਸੌ ਵਾਰ ਸੋਚੇਗਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਬਰਦਾਸ਼ਤ ਤੋਂ ਬਾਹਰ ਹੈ ਤੇ ਨਵੇਂ ਕਾਨੂੰਨ ਅਧੀਨ ਦੋਸ਼ੀਆਂ ਨੂੰ ਅਜਿਹੀਆਂ ਸਖ਼ਤ ਸਜ਼ਾਵਾਂ ਮਿਲਣਗੀਆਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਮਿਸਾਲ ਬਣਨਗੀਆਂ। ਚੇਅਰਮੈਨ ਲਿਬੜਾ ਨੇ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਬੇਅਦਬੀ ਦੇ ਮਾਮਲਿਆਂ 'ਤੇ ਸਿਰਫ਼ ਸਿਆਸਤ ਕੀਤੀ ਸੀ, ਪਰ ਮੁੱਖ ਮੰਤਰੀ ਭਗਵੰਤ ਮਾਨ ਨੇ ਸਖ਼ਤ ਕਾਨੂੰਨ ਬਣਾ ਕੇ ਸਿੱਖ ਸੰਗਤ ਦੀਆਂ ਭਾਵਨਾਵਾਂ ਦੀ ਕਦਰ ਕੀਤੀ ਹੈ। ਉਨ੍ਹਾਂ ਕਿਹਾ ਕਿ ਹੁਣ ਕੋਈ ਵੀ ਸ਼ਰਾਰਤੀ ਅਨਸਰ ਅਜਿਹੀ ਹਰਕਤ ਕਰਨ ਤੋਂ ਪਹਿਲਾਂ ਸੌ ਵਾਰ ਸੋਚੇਗਾ।

# ਮੈਂ ਵ੍ਹਾਈਟ ਹਾਊਸ 'ਚ ਹਾਂ, ਇਸ ਲਈ ਲਿਓ ਵੈਟੀਕਨ 'ਚ ਹਨ: ਟਰੰਪ

## ਟਰੰਪ ਪ੍ਰਸ਼ਾਸਨ ਦਾ ਕੋਈ ਡਰ ਨਹੀਂ: ਪੋਪ

ਨਵੀਂ ਦਿੱਲੀ, 14 ਅਪ੍ਰੈਲ (ਚ.ਨ.ਸ.): ਟਰੰਪ ਤੇ ਪੋਪ ਲਿਓ 14ਵੇਂ ਵਿੱਚਕਾਰ ਵਿਵਾਦ ਡੂੰਘਾ ਹੋ ਗਿਆ ਹੈ ਤੇ ਬਿਆਨਬਾਜ਼ੀ ਤੇਜ਼ ਹੋ ਗਈ ਹੈ। ਟਰੰਪ ਨੇ ਪੋਪ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ ਨੂੰ ਅਪਰਾਧ ਦੇ ਮਾਮਲੇ ਵਿੱਚ ਕਮਜ਼ੋਰ ਤੇ ਵਿਦੇਸ਼ ਨੀਤੀ ਦੇ ਮਾਮਲੇ ਵਿੱਚ ਬੇਹੱਦ ਮਾੜਾ ਦੱਸਿਆ ਹੈ। ਉਨ੍ਹਾਂ (ਟਰੰਪ) ਨੇ ਕਿਹਾ ਕਿ ਮੈਂ ਵ੍ਹਾਈਟ ਹਾਊਸ ਵਿੱਚ ਹਾਂ, ਇਸ ਲਈ ਲਿਓ ਵੈਟੀਕਨ ਵਿੱਚ ਪੋਪ ਹਨ। ਇਹ ਪ੍ਰਤੀਕਿਰਿਆ ਪੋਪ ਵੱਲੋਂ ਅਮਰੀਕਾ ਦੀ ਵਿਦੇਸ਼ ਨੀਤੀ, ਵਿਸ਼ੇਸ਼ ਤੌਰ 'ਤੇ ਈਰਾਨ ਤੇ ਪੱਛਮੀ ਏਸ਼ੀਆ ਦੇ ਫੌਜੀ ਸੰਘਰਸ਼ਾਂ 'ਤੇ ਸ਼ਾਂਤੀ ਤੇ ਸੰਵਾਦ ਦੀ ਅਪੀਲ ਤੋਂ ਬਾਅਦ ਆਈ ਹੈ। ਦੂਜੇ ਪਾਸੇ ਪੋਪ ਨੇ ਵੀ ਆਪਣੇ ਜਵਾਬ ਵਿੱਚ ਕਿਹਾ ਹੈ ਕਿ ਉਨ੍ਹਾਂ ਨੂੰ ਟਰੰਪ ਪ੍ਰਸ਼ਾਸਨ ਦਾ ਕੋਈ ਡਰ ਨਹੀਂ ਹੈ ਤੇ ਉਹ ਯੁੱਧ ਦੇ ਖ਼ਿਲਾਫ਼ ਬੋਲਦੇ ਰਹਿਣਗੇ। ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜੇਸ਼ਕੀਆਨ ਨੇ ਵੀ ਪੋਪ ਦੀ ਆਲੋਚਨਾ ਕਰਨ ਲਈ ਟਰੰਪ ਦੀ ਸਖ਼ਤ ਨਿੰਦਾ ਕੀਤੀ ਹੈ। ਪੇਜੇਸ਼ਕੀਆਨ ਨੇ 'ਐਕਸ' 'ਤੇ ਲਿਖਿਆ ਕਿ ਮਹਾਮਹਿਮ ਪੋਪ ਲਿਓ, ਮੈਂ ਈਰਾਨ ਦੀ ਤਰਫੋਂ ਤੁਹਾਡੇ ਅਪਮਾਨ ਦੀ ਨਿੰਦਾ ਕਰਦਾ ਹਾਂ। ਈਸਾ ਮਸੀਹ ਦਾ ਅਪਮਾਨ ਪੂਰੀ ਤਰ੍ਹਾਂ ਅਸਵੀਕਾਰਨਯੋਗ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੁਸਮਾਚਾਰ (ਗੋਸਪਲ) ਦਾ ਸੰਦੇਸ਼ ਸ਼ਾਂਤੀ, ਰਹਿਮ ਤੇ ਸੰਵਾਦ ਦਾ ਹੈ, ਜਿਸ



ਦੀ ਕੁਝ ਲੋਕ ਗਲਤ ਤਰੀਕੇ ਨਾਲ ਵਰਤੋਂ ਕਰ ਰਹੇ ਹਨ। ਪੋਪ ਨੇ ਕਿਹਾ ਕਿ ਮੈਂ ਯੁੱਧ ਦੇ ਵਿਰੁੱਧ ਖੁੱਲ੍ਹ ਕੇ ਬੋਲਦਾ ਰਹਾਂਗਾ ਤਾਂ ਜੋ ਸ਼ਾਂਤੀ, ਸੰਵਾਦ ਤੇ ਦੇਸ਼ਾਂ ਵਿੱਚਕਾਰ ਬਹੁ-ਪੱਖੀ ਸਬੰਧਾਂ ਨੂੰ ਹੁਲਾਰਾ ਦਿੱਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਟਰੰਪ ਪ੍ਰਸ਼ਾਸਨ ਤੋਂ ਨਹੀਂ ਡਰਦੇ। ਟਰੰਪ ਦੇ ਬਿਆਨਾਂ ਦੀ ਵਿਆਪਕ ਆਲੋਚਨਾ ਹੋ ਰਹੀ ਹੈ। ਭਾਰਤ ਵਿੱਚ ਫਲਸਤੀਨ ਦੇ ਰਾਜਦੂਤ ਅਬਦੁੱਲਾ ਅਬੂ ਸ਼ਾਵੇਸ਼ ਨੇ ਕਿਹਾ ਕਿ ਪੋਪ ਦੀ ਆਲੋਚਨਾ ਅੰਤਰਰਾਸ਼ਟਰੀ ਨਿਯਮਾਂ ਤੇ ਕਾਨੂੰਨਾਂ ਨੂੰ ਕਮਜ਼ੋਰ ਕਰਦੀ ਹੈ। ਘਾਨਾ ਸਥਿਤ ਈਰਾਨੀ ਦੂਤਾਵਾਸ ਨੇ ਵੀ ਸਖ਼ਤ ਪ੍ਰਤੀਕਿਰਿਆ ਦਿੰਦੇ ਹੋਏ ਟਰੰਪ 'ਤੇ ਗੰਭੀਰ ਦੋਸ਼ ਲਗਾਏ ਹਨ। ਦੂਜੇ ਪਾਸੇ, 'ਯੂਐਸ ਕਾਨਫਰੰਸ ਆਫ ਕੈਥੋਲਿਕ ਬਿਸ਼ਪਸ' ਨੇ ਵੀ ਟਰੰਪ ਦੇ ਬਿਆਨ ਨੂੰ ਅਣਉਚਿੱਤ ਤੇ ਵੰਡੀਆਂ ਪਾਉਣ ਵਾਲਾ ਦੱਸਿਆ ਹੈ। ਆਰਕਬਿਸ਼ਪ ਪਾਲ ਐਸ. ਕੋਕਲੇ ਨੇ ਕਿਹਾ ਕਿ ਪੋਪ ਨੂੰ ਨਿਸ਼ਾਨਾ ਬਣਾਉਣਾ ਮੰਦਭਾਗਾ ਹੈ।

# ਕਣਕ ਦੀ ਖਰੀਦ ਲਈ ਆੜ੍ਹਤੀਆ ਐਸੋਸੀਏਸ਼ਨ ਵੱਲੋਂ ਦਿਸ਼ਾ-ਨਿਰਦੇਸ਼ ਜਾਰੀ

## ☛ਕਿਸਾਨਾਂ ਨੂੰ 12% ਤੋਂ ਘੱਟ ਨਮੀ ਵਾਲੀ ਕਣਕ ਲਿਆਉਣ ਦੀ ਅਪੀਲ

ਫਾਜ਼ਿਲਕਾ, 14 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਕਣਕ ਦੀ ਸਰਕਾਰੀ ਖਰੀਦ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਆੜ੍ਹਤੀਆ ਐਸੋਸੀਏਸ਼ਨ ਫਾਜ਼ਿਲਕਾ ਵੱਲੋਂ ਕਿਸਾਨਾਂ ਤੇ ਆੜ੍ਹਤੀਆਂ ਲਈ ਅਹਿਮ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਐਸੋਸੀਏਸ਼ਨ ਦੇ ਪ੍ਰਧਾਨ ਸੰਜੀਵ ਸਚਦੇਵਾ (ਗੋਲਡੀ), ਜਨਰਲ ਸਕੱਤਰ ਅਮਨ ਕਵਾਤੜਾ (ਅੱਬੂ) ਤੇ ਕੈਸ਼ੀਅਰ ਪਰਵਿੰਦਰ ਕੁਮਾਰ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਸ ਸੀਜ਼ਨ ਦੌਰਾਨ ਕਿਸੇ ਵੀ ਕਿਸਾਨ ਜਾਂ ਆੜ੍ਹਤੀ ਨੂੰ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤੇ ਸਾਰੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਸਾਨਾਂ ਨੂੰ ਖਾਸ ਅਪੀਲ ਕਰਦਿਆਂ ਕਿਹਾ ਕਿ ਮੰਡੀ ਵਿੱਚ ਸਿਰਫ਼ ਸੁੱਕੀ ਕਣਕ ਹੀ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਇਸ ਸਮੇਂ ਖੇਤਾਂ ਵਿੱਚ ਖੜ੍ਹੀ ਕਣਕ ਵਿੱਚ ਨਮੀ ਦੀ ਮਾਤਰਾ ਲਗਭਗ



15 ਪ੍ਰਤੀਸ਼ਤ ਤੱਕ ਪਾਈ ਜਾ ਰਹੀ ਹੈ, ਜਦਕਿ ਸਰਕਾਰੀ ਮਾਪਦੰਡਾਂ ਅਨੁਸਾਰ ਖਰੀਦ ਏਜੰਸੀਆਂ ਕੇਵਲ 12 ਪ੍ਰਤੀਸ਼ਤ ਜਾਂ ਇਸ ਤੋਂ ਘੱਟ ਨਮੀ ਵਾਲੀ ਕਣਕ ਹੀ ਖਰੀਦਦੀਆਂ ਹਨ। ਆੜ੍ਹਤੀਆ ਐਸੋਸੀਏਸ਼ਨ ਨੇ ਜ਼ੋਰ ਦੇ ਕੇ ਕਿਹਾ ਕਿ ਜੇ ਕਿਸਾਨ ਗਿੱਲੀ ਕਣਕ ਮੰਡੀ ਵਿੱਚ ਲਿਆਉਂਦੇ ਹਨ ਤਾਂ ਬੋਲੀ ਪ੍ਰਕਿਰਿਆ ਵਿੱਚ ਮੁਸ਼ਕਿਲਾਂ ਪੈਦਾ ਹੋ ਸਕਦੀਆਂ ਹਨ। ਇਸ ਲਈ ਕਿਸਾਨ ਪਹਿਲਾਂ ਕਣਕ ਨੂੰ ਪੂਰੀ ਤਰ੍ਹਾਂ ਸੁਕਾ ਕੇ ਹੀ ਮੰਡੀ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਆਪਣੀ ਫਸਲ ਦਾ ਵਧੀਆ ਭਾਅ ਮਿਲ ਸਕੇ ਤੇ ਖਰੀਦ ਪ੍ਰਕਿਰਿਆ ਵੀ ਬਿਨਾਂ ਕਿਸੇ ਰੁਕਾਵਟ ਦੇ ਚੱਲ ਸਕੇ। ਇਸਦੇ ਨਾਲ ਹੀ ਪ੍ਰਧਾਨ ਸੰਜੀਵ ਸਚਦੇਵਾ ਨੇ ਆੜ੍ਹਤੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਖਰੀਦ ਸੀਜ਼ਨ ਦੌਰਾਨ ਪੂਰੇ ਪ੍ਰਬੰਧ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਹਰ ਆੜ੍ਹਤੀ ਕੋਲ ਲੋੜ ਅਨੁਸਾਰ ਕਰੇਟ ਤੇ ਤਿਰਪਾਲਾਂ ਹੋਣੀਆਂ ਚਾਹੀਦੀਆਂ ਹਨ ਤਾਂ ਜੋ ਕਣਕ ਦੀ ਫਸਲ ਦਾ ਕੋਈ ਵੀ ਵਿੱਤੀ ਨੁਕਸਾਨ ਨਾ ਹੋਵੇ।ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਆੜ੍ਹਤੀਆਂ ਨੂੰ ਇਹ ਵੀ ਕਿਹਾ ਕਿ ਉਹ ਕਿਸਾਨਾਂ ਨਾਲ ਲਗਾਤਾਰ ਸੰਪਰਕ ਵਿੱਚ ਰਹਿਣ ਤੇ ਉਨ੍ਹਾਂ ਨੂੰ ਮੰਡੀ ਨਾਲ ਸਬੰਧਤ ਸਾਰੀਆਂ ਜ਼ਰੂਰੀ ਜਾਣਕਾਰੀਆਂ ਸਮੇਂ-ਸਮੇਂ 'ਤੇ ਦਿੰਦੇ ਰਹਿਣ।

# ਅਕਾਲੀ ਦਲ ਦੇ ਹੱਕ 'ਚ ਉਠੀ ਲੋਕ ਲਹਿਰ ਹੁਣ ਵਿਰੋਧੀਆਂ ਕੋਲੋਂ ਰੁਕਣ ਵਾਲੀ ਨਹੀਂ: ਅਕਾਲੀ ਆਗੂ



ਫਾਜ਼ਿਲਕਾ, 14 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਲੋਕ ਲਹਿਰ ਤੇਜ਼ੀ ਨਾਲ ਉਭਰ ਰਹੀ ਹੈ ਤੇ ਇਹ ਹੁਣ ਵਿਰੋਧੀਆਂ ਕੋਲੋਂ ਰੁਕਣ ਵਾਲੀ ਨਹੀਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਸੰਪੂਰਨ ਸਿੰਘ ਘੋਗਾ ਵੱਲੋਂ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਸਬੰਧੀ ਵਰਕਰਾਂ ਨਾਲ ਕੀਤੀ ਮੀਟਿੰਗ ਦੌਰਾਨ ਕੀਤਾ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਰਵਾਇਤੀ ਸਿਆਸਤ ਤੋਂ ਉਕਤਾ ਚੁੱਕੇ ਹਨ ਤੇ ਉਹ ਵਿਕਾਸ ਤੇ ਭਰੋਸੇ ਦੀ ਰਾਜਨੀਤੀ ਦੀ ਉਮੀਦ ਕਰ ਰਹੇ ਹਨ। ਗੱਲਬਾਤ ਦੌਰਾਨ ਸੰਪੂਰਨ ਸਿੰਘ ਘੋਗਾ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ ਤੇ ਵਰਦੇਵ ਸਿੰਘ ਨੋਨੀ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਮੁੜ ਤਰੱਕੀ ਤੇ ਖੁਸ਼ਹਾਲੀ ਦੀਆਂ ਲੀਹਾਂ 'ਤੇ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਅਕਾਲੀ ਦਲ ਫਾਜ਼ਿਲਕਾ ਤੋਂ 25 ਦੀਆਂ 25 ਸੀਟਾਂ 'ਤੇ ਚੋਣ ਲੜੇਗਾ ਤੇ ਜਿੱਤ ਹਾਸਲ ਕਰੇਗਾ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਚੋਣਾਂ ਵਿੱਚ ਬਣਨ ਵਾਲੀ ਅਕਾਲੀ ਦਲ ਦੀ ਸਰਕਾਰ ਸੂਬੇ ਦੇ ਹਰ ਵਰਗ ਨੂੰ ਬਿਹਤਰ ਸਹੂਲਤਾਂ ਦੇਵੇਗੀ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ। ਇਸ ਮੌਕੇ ਸੀਨੀਅਰ ਆਗੂ ਸਤਿੰਦਰ ਸਿੰਘ ਸਵੀ ਕਾਠਪਾਲ ਤੇ ਤੇਜਵੰਤ ਸਿੰਘ ਕਾਠਪਾਲ (ਟੀਟਾ) ਨੇ ਅਕਾਲੀ ਦਲ ਸਰਕਾਰ ਦੇ ਪਿਛਲੇ ਕਾਰਜਕਾਲ ਨੂੰ ਯਾਦ ਕਰਦਿਆਂ ਕਿਹਾ ਕਿ ਉਸ ਸਮੇਂ ਸੂਬੇ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਹੋਏ ਸਨ, ਜਿਨ੍ਹਾਂ ਦੀ ਮਿਸਾਲ ਅੱਜ ਵੀ ਦਿੱਤੀ ਜਾਂਦੀ ਹੈ। ਆਗੂਆਂ ਨੇ ਕਿਹਾ ਕਿ ਜਿਵੇਂ ਹੀ ਅਕਾਲੀ ਦਲ ਦੀ ਸਰਕਾਰ ਬਣੇਗੀ, ਸੂਬੇ ਦੀ ਆਰਥਿਕਤਾ ਨੂੰ ਮੁੜ ਪਟੜੀ 'ਤੇ ਲਿਆਂਦਾ ਜਾਵੇਗਾ ਤੇ ਹਰ ਖੇਤਰ ਵਿੱਚ ਵਿਕਾਸ ਨੂੰ ਤਰਜੀਹ ਦਿੱਤੀ ਜਾਵੇਗੀ। ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਤੇ ਨੌਜਵਾਨਾਂ ਲਈ ਖਾਸ ਯੋਜਨਾਵਾਂ ਲਿਆਂਦੀਆਂ ਜਾਣਗੀਆਂ।ਅੰਤ ਵਿੱਚ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਦੇ ਹੱਕ ਵਿੱਚ ਉਠ ਚੁੱਕੀ ਲਹਿਰ ਹੁਣ ਰੁਕਣ ਵਾਲੀ ਨਹੀਂ ਤੇ ਪੰਜਾਬ ਦੇ ਲੋਕ ਇੱਕਜੁਟ ਹੋ ਕੇ ਸੂਬੇ ਵਿੱਚ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਤਿਆਰ ਹਨ। ਉਨ੍ਹਾਂ ਭਰੋਸਾ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਮੁੜ ਤਰੱਕੀ ਦੀਆਂ ਨਵੀਆਂ ਉਚਾਈਆਂ ਨੂੰ ਛੂਹੇਗਾ। ਇਸ ਮੌਕੇ ਅਕਾਲੀ ਆਗੂ ਕਮਲ ਸੰਧੂ, ਵੰਸ਼ ਬਾਘਲਾ ਤੇ ਹੋਰ ਵਰਕਰ ਹਾਜ਼ਰ ਸਨ।

# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਫਰੈਸ਼ਰ ਪਾਰਟੀ-2026 ਨਾਲ ਨਵੇਂ ਵਿਦਿਆਰਥੀਆਂ ਦਾ ਸਵਾਗਤ

ਮੰਡੀ ਗੋਬਿੰਦਗੜ੍ਹ, 14 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਸਕੂਲ ਆਫ਼ ਹੋਟਲ ਮੈਨੇਜਮੈਂਟ ਤੇ ਟੂਰਿਜ਼ਮ ਵੱਲੋਂ ਡਾਇਰੈਕਟਰ ਡਾ. ਅਮਨ ਸ਼ਰਮਾ ਦੀ ਅਗਵਾਈ ਹੇਠ ਡਾ. ਰੁਪਿੰਦਰ ਕੌਰ, ਗੁਰਕਿਰਨ ਸਿੰਘ ਤੇ ਨਿਵੇਦਿਤਾ ਦੇ ਸਹਿਯੋਗ ਨਾਲ ਫਰੈਸ਼ਰ ਪਾਰਟੀ 2026 'ਸੈਲੀਬ੍ਰੇਟ ਦ ਬਿਗਨਿੰਗ' ਦਾ ਆਯੋਜਨ ਕੀਤਾ। ਇਸ ਦਾ ਉਦੇਸ਼ ਨਵੇਂ ਦਾਖਲ ਹੋਏ ਵਿਦਿਆਰਥੀਆਂ ਦਾ ਸਵਾਗਤ ਕਰਨਾ ਤੇ ਉਨ੍ਹਾਂ ਨੂੰ ਗੱਲਬਾਤ ਕਰਨ, ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਤੇ ਵਿਭਾਗ ਦੇ ਅੰਦਰ ਆਪਣੇਪਣ ਦੀ ਭਾਵਨਾ ਵਿਕਸਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਸੀ। ਇਸ ਮੌਕੇ ਕਈ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਨਾਚ, ਸੰਗੀਤ ਆਦਿ ਸ਼ਾਮਲ ਸਨ। ਇਸ ਮੌਕੇ ਨਵੇਂ ਵਿਦਿਆਰਥੀਆਂ ਨੇ ਪ੍ਰਤਿਭਾ ਪ੍ਰਦਰਸ਼ਨ ਤੇ ਇੰਟਰੈਕਟਿਵ ਸੈਸ਼ਨਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਸਮਾਗਮ



ਵਿੱਚ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਅਕਾਦਮਿਕ ਸਫ਼ਰ ਦਾ ਵੱਧ ਤੋਂ ਵੱਧ ਲਾਭ ਉਠਾਉਣ ਦਾ ਸੱਦਾ ਦਿੱਤਾ। ਇਸ ਮੌਕੇ ਮਿਸਟਰ ਤੇ ਮਿਸ ਫਰੈਸ਼ਰ ਦੀ ਚੋਣ ਵੀ ਕੀਤੀ ਗਈ ਤੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

# ਪੰਜਾਬੀ ਸਾਹਿਤ ਸਭਾ ਦੀ ਮਹੀਨਾਵਾਰ ਮੀਟਿੰਗ



ਅਮਲੋਹ, 14 ਅਪ੍ਰੈਲ (ਜਸਵੰਤ ਸਿੰਘ): ਪੰਜਾਬੀ ਸਾਹਿਤ ਸਭਾ ਅਮਲੋਹ ਦੀ ਮਹੀਨਾਵਾਰ ਮੀਟਿੰਗ ਪ੍ਰਿੰਸੀਪਲ ਪੁਸ਼ਵਿੰਦਰ ਰਾਣਾ ਦੀ ਪ੍ਰਧਾਨਗੀ ਹੇਠ ਪਿੰਕ ਰੋਜ਼ ਪਬਲਿਕ ਸਕੂਲ ਅਮਲੋਹ ਵਿਖੇ ਹੋਈ। ਮੀਟਿੰਗ ਵਿੱਚ ਸੇਵਾਮੁਕਤ ਹੌਲਦਾਰ ਸੁੱਖਵਿੰਦਰ ਸਿੰਘ ਵੜੈਚਾ ਦੀ ਬੇਵਕਤੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਪ੍ਰਸਿੱਧ ਗਾਇਕ ਤੇ ਗੀਤਕਾਰ ਰਾਮ ਸਿੰਘ ਅਲਬੇਲਾ ਨੂੰ ਕੌਮੀ ਪੁਰਸਕਾਰ ਮਿਲਣ 'ਤੇ ਸਭਾ ਵੱਲੋਂ ਮੁਬਾਰਕਵਾਦ ਦਿੰਦੇ ਹੋਏ ਵਿਸ਼ੇਸ਼ ਸਨਮਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਨ੍ਹਾਂ ਆਪਣੀ ਗੀਤਕਾਰੀ ਤੇ ਗਾਇਕੀ ਵਿੱਚ ਵਾਤਾਵਰਨ ਦੀ ਸੰਭਾਲ, ਪਾਣੀ ਦੀ ਸੰਜਮਤਾ, ਕਿਸਾਨੀ ਸਮੱਸਿਆਵਾਂ, ਜੈਵਿਕ ਖੇਤੀ ਭਰੂਣ ਹੱਤਿਆ, ਦਾਜ ਵਿਰੋਧੀ, ਨਸ਼ਿਆਂ ਦੀ ਰੋਕਥਾਮ, ਪਰਾਲੀ ਨੂੰ ਅੱਗ ਨਾ ਲਗਾਉਣ ਆਦਿ ਵਿਸ਼ਿਆਂ 'ਤੇ ਗੀਤ ਲਿਖ ਕੇ ਗਾਏ, ਜਿਸ ਕਾਰਨ ਇਸ ਨੂੰ ਇੰਡੀਅਨ ਐਗਰੀਕਲਚਰ ਰਿਸਰਚ ਪੂਸਾ ਫਾਊਂਡੇਸ਼ਨ ਨਵੀਂ ਦਿੱਲੀ ਵੱਲੋਂ ਲੋਈ, ਸਨਮਾਨ ਚਿੰਨ੍ਹ ਤੇ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਰਚਨਾਵਾਂ ਦੇ ਦੌਰ ਵਿੱਚ ਮੇਹਰ ਸਿੰਘ ਰਾਈਏਵਾਲ, ਭੁਪਿੰਦਰ ਭੂਰੀ, ਹਰੀ ਭੱਦਲ ਬੂਹਾ, ਲਖਵਿੰਦਰ ਪਹੇੜੀ, ਪ੍ਰਗਟ ਚੰਨ, ਰਾਮ ਸਿੰਘ ਅਲਬੇਲਾ, ਉਪਕਾਰ ਦਿਆਲਪੁਰੀ ਤੇ ਬਲਬੀਰ ਮੁੱਲਾਂਪੁਰੀ ਨੇ ਗੀਤ ਪੇਸ਼ ਕੀਤੇ ਤੇ ਅਵਤਾਰ ਬੰਟੀ, ਗੁਰਪ੍ਰੀਤ ਵੜੈਚ ਤੇ ਪੁਸ਼ਵਿੰਦਰ ਰਾਣਾ ਨੇ ਨਜ਼ਮਾਂ ਪੇਸ਼ ਕੀਤੀਆਂ। ਅੰਤ ਵਿੱਚ ਜ਼ੋਰਾ ਸਿੰਘ ਗਰੇਵਾਲ ਨੇ ਲੇਖ 'ਲਾਲਚ' ਪੜ੍ਹਿਆ ਤੇ ਧੰਨਵਾਦ ਕੀਤਾ।

# ਅੱਤਿਆਚਾਰ ਰੋਕਥਾਮ ਐਕਟ 1989 ਸਬੰਧੀ ਜ਼ਿਲ੍ਹਾ ਪੱਧਰੀ ਵਿਜੀਲੈਂਸ ਤੇ ਮੋਨੀਟਰਿੰਗ ਕਮੇਟੀ ਦੀ ਮੀਟਿੰਗ

## ☛ਪੀੜਤਾਂ ਨੂੰ ਸਮੇਂ ਸਿਰ ਇਨਸਾਫ਼ ਯਕੀਨੀ ਬਣਾਇਆ ਜਾਵੇ: ਏ.ਡੀ.ਸੀ.

ਫ਼ਿਰੋਜ਼ਪੁਰ, 14 ਅਪ੍ਰੈਲ (ਤਿਵਾੜੀ): ਅੱਤਿਆਚਾਰ ਰੋਕਥਾਮ ਐਕਟ 1989 ਤਹਿਤ ਜ਼ਿਲ੍ਹੇ ਅੰਦਰ ਦਰਜ ਹੋਏ ਕੇਸਾਂ ਦੀ ਸਮੀਖਿਆ ਕਰਨ ਲਈ ਜ਼ਿਲ੍ਹਾ ਵਿਜੀਲੈਂਸ ਤੇ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਫ਼ਿਰੋਜ਼ਪੁਰ ਕ੍ਰਿਸ਼ਨਾ ਪਾਲ ਰਾਜਪੂਤ ਆਈ.ਏ.ਐਸ. ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਕਮੇਟੀ ਦੇ ਸਮੂਹ ਸਰਕਾਰੀ ਤੇ ਗੈਰ-ਸਰਕਾਰੀ ਮੈਂਬਰ ਸ਼ਾਮਲ ਹੋਏ। ਪੁਲਿਸ ਵਿਭਾਗ ਵੱਲੋਂ ਏਜੰਡੇ ਅਨੁਸਾਰ ਜ਼ਿਲ੍ਹੇ ਵਿੱਚ ਕੁੱਲ 28 ਮੁਕੱਦਮੇ ਦਰਜ ਹਨ, ਜਿਨ੍ਹਾਂ ਵਿਚੋਂ 14 ਜ਼ੇਰੇ ਤਫਤੀਸ਼ ਤੇ 14 ਜ਼ੇਰੇ ਸਮਾਇਤ ਕੇਸਾਂ ਦੀ ਸਮੀਖਿਆ ਜ਼ਿਲ੍ਹਾ ਪੱਧਰੀ ਕਮੇਟੀ ਵੱਲੋਂ ਕੀਤੀ ਗਈ। ਸਮੀਖਿਆ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪੁਲਿਸ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਐਕਟ ਤਹਿਤ ਦਰਜ ਹੋਏ ਮੁਕੱਦਮੇ ਜੋ ਜ਼ੇਰੇ ਤਫਤੀਸ਼ ਹਨ, ਅੱਤਿਆਚਾਰ ਰੋਕਥਾਮ ਐਕਟ 1989 ਰੂਲਜ਼ 1995 ਸੋਧੇ ਰੂਲਜ਼ 2016 ਤਹਿਤ ਜਲਦ ਹੀ ਤਫਤੀਸ਼ ਮੁਕੰਮਲ ਕਰਕੇ ਰਿਪੋਰਟ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਅਟਾਰਨੀ ਨਾਲ ਤਾਲਮੇਲ ਕਰਨ ਉਪਰੰਤ ਤੇ ਕਾਨੂੰਨੀ ਰਾਏ ਲੈ ਕੇ ਐਕਟ ਤਹਿਤ ਪੀੜਤਾਂ ਨੂੰ ਸਮੇਂ ਸਿਰ ਮੁਆਵਜ਼ਾ ਮੁਹੱਈਆ ਕਰਵਾਇਆ ਜਾਵੇ ਤੇ ਅਨੁਸੂਚਿਤ ਜਾਤੀ ਦੇ ਲੋਕਾਂ ਤੇ ਅੱਤਿਆਚਾਰ ਰੋਕਥਾਮ ਐਕਟ ਤਹਿਤ ਕਾਰਵਾਈ ਅਧੀਨ ਬਣਦਾ ਇਨਸਾਫ ਦਿਵਾਇਆ ਜਾਵੇ। ਮੀਟਿੰਗ ਵਿੱਚ ਮਨਜੀਤ ਸਿੰਘ ਕਪਤਾਨ ਪੁਲਿਸ, ਬਲਜਿੰਦਰ ਸਿੰਘ ਉਪ-ਕਪਤਾਨ ਪੁਲਿਸ, ਸਾਹਿਬ ਸਿੰਘ, ਉਪ-ਜ਼ਿਲ੍ਹਾ ਅਟਾਰਨੀ, ਗੁਰਮੀਤ ਸਿੰਘ ਬਰਾੜ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫਸਰ ਕਮ-ਮੈਂਬਰ ਸਕੱਤਰ, ਵਿਜੈ ਸ਼ੈਰੀ, ਗਗਨਦੀਪ ਸਿੰਘ, ਪੂਰਨ ਚੰਦ, ਰਾਮ ਪ੍ਰਕਾਸ਼ (ਰਿਟਾ. ਐਸ.ਪੀ.), ਗੁਰਿੰਦਰ ਸਿੰਘ, ਲਖਵਿੰਦਰ ਸਿੰਘ ਆਦਿ ਸਰਕਾਰੀ ਤੇ ਗੈਰ-ਸਰਕਾਰੀ ਮੈਂਬਰ ਸ਼ਾਮਲ ਹੋਏ।



# ਕਾਂਗਰਸ ਆਗੂ ਇਸਰਪ੍ਰੀਤ ਸਿੱਧੂ ਦੀ ਅਗਵਾਈ ਹੇਠ ਪ੍ਰਭਾਵਸ਼ਾਲੀ ਮੀਟਿੰਗ

ਮੰਡੀ ਗੋਬਿੰਦਗੜ੍ਹ, 14 ਅਪ੍ਰੈਲ (ਰੂਪਲ ਸੂਦ): ਕਾਂਗਰਸ ਪਾਰਟੀ ਦੇ ਨੌਜਵਾਨ ਆਗੂ ਇਸਰਪ੍ਰੀਤ ਸਿੱਧੂ ਦੀ ਅਗਵਾਈ ਹੇਠ ਇਥੇ ਇੱਕ ਪ੍ਰਭਾਵਸ਼ਾਲੀ ਮੀਟਿੰਗ ਹੋਈ ਤੇ ਹਾਜ਼ਰੀਨ ਨੇ ਹੱਥ ਖੜ੍ਹੇ ਕਰਕੇ ਆਉਣ ਵਾਲੀਆਂ ਚੋਣਾਂ ਵਿੱਚ ਸਾਥ ਦੇਣ ਦਾ ਭਰੋਸਾ ਦਿੱਤਾ। ਬੁਲਾਰਿਆਂ ਨੇ ਕਿਹਾ ਕਿ ਇਹ ਉਹ ਪਵਿੱਤਰ ਧਰਤੀ ਹੈ ਜਿੱਥੇ ਸੂਰਬੀਰਾਂ ਤੇ ਯੋਧਿਆਂ ਨੇ ਜਨਮ ਲਿਆ ਹੈ। ਉਨ੍ਹਾਂ ਇਸ ਹਲਕੇ ਦੇ ਜੰਮਪਲ ਇਸਰਪ੍ਰੀਤ ਸਿੱਧੂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਹਲਕੇ ਦੇ ਲੋਕਾਂ ਦੀ ਆਵਾਜ਼ ਬਣ ਕੇ ਉਭਰੇ ਹਨ। ਉਨ੍ਹਾਂ ਕਿਹਾ ਕਿ ਲੋਕ ਹੁਣ ਪੁਰਾਣੇ ਤੇ ਰਵਾਇਤੀ ਸਿਆਸਤਦਾਨਾਂ ਤੋਂ ਅੱਕ ਚੁੱਕੇ ਹਨ ਤੇ ਇਸਰਪ੍ਰੀਤ ਵਰਗੇ ਸੂਝਵਾਨ ਤੇ ਗਰੀਬਾਂ ਦੇ ਹਮਦਰਦ ਆਗੂ ਨੂੰ ਅੱਗੇ ਦੇਖਣਾ ਚਾਹੁੰਦੇ ਹਨ। ਇਸਰਪ੍ਰੀਤ ਸਿੱਧੂ ਨੇ ਰਾਹੁਲ ਗਾਂਧੀ ਦੀ ਵਿਚਾਰਧਾਰਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਿਆਸਤ ਵਿੱਚ ਨਵੇਂ



ਤੇ ਇਮਾਨਦਾਰ ਚਿਹਰਿਆਂ ਨੂੰ ਮੌਕਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਪਾਰਟੀਬਾਜ਼ੀ ਨਹੀਂ ਸਗੋਂ ਪੰਜਾਬ ਦੀ ਸਹੀ ਨੁਮਾਇੰਦਗੀ ਕਰਨਾ ਤੇ ਹਰ ਵਰਗ ਨੂੰ ਨਾਲ ਲੈ ਕੇ ਚੱਲਣਾ ਹੈ। ਉਨ੍ਹਾਂ ਕਈ ਸਾਲਾਂ ਦੀ ਸਿਆਸੀ ਸਥਿਤੀ 'ਤੇ ਚਰਚਾ ਕਰਦਿਆਂ ਕਿਹਾ ਕਿ ਜਨਤਾ ਹੁਣ ਜਾਗਰੂਕ ਹੋ ਚੁੱਕੀ ਹੈ ਤੇ ਉਹ ਕਿਰਦਾਰਾਂ ਦੀ ਪਛਾਣ ਕਰਨਾ ਜਾਣਦੀ ਹੈ। ਹਾਜ਼ਰੀਨ ਨੇ ਹੱਥ ਖੜ੍ਹੇ ਕਰਕੇ ਸ੍ਰੀ ਸਿੱਧੂ ਨੂੰ ਮਦਦ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਅੰਮ੍ਰਿਤਪਾਲ ਸਿੰਘ ਟਿਵਾਣਾ, ਨਿਰਮਲ ਸਿੰਘ ਸੀੜਾ, ਮਨਜੀਤ ਸਿੰਘ ਛਲੇੜੀ, ਹਰਦੀਪ ਸਿੰਘ ਦਾਦੂ ਮਾਜਰਾ, ਸੋਹਣ ਸਿੰਘ ਬੌਂਦਲੀ, ਜਸਪ੍ਰੀਤ ਸਿੰਘ ਬੌਂਦਲੀ, ਕਰਮ ਸਿੰਘ ਧੀਰਾ ਬਡਾਲੀ, ਸਾਹਿਲ ਖਾਨ ਸਿੱਧੂਪੁਰ, ਸੀਬੂ, ਮਨਦੀਪ ਸਿੰਘ ਵਾਲੀਆ, ਸਰਚੰਦ ਸਿੰਘ ਪ੍ਰਧਾਨ, ਤਰਸੇਮ ਸਿੰਘ ਮਾਧੋਪੁਰ, ਜਰਨੈਲ ਕੌਰ, ਹਰਚਰਨ ਸਿੰਘ, ਕੁਲਬੀਰ ਸਿੰਘ ਤੇ ਨਾਹਰ ਸਿੰਘ ਹਾਜ਼ਰ ਸਨ।

# ਸੱਚਖੰਡ ਵਾਸੀ ਸੰਤ ਬਾਬਾ ਨਰੈਣ ਸਿੰਘ ਰੌਲੀ ਵਾਲਿਆਂ ਦੀ ਸਾਲਾਨਾ 24ਵੀਂ ਬਰਸੀ 'ਤੇ 9 ਰੋਜ਼ਾ ਧਾਰਮਿਕ ਸਮਾਗਮ ਸੰਪੰਨ



ਮੋਗਾ, 14 ਅਪ੍ਰੈਲ (ਸਰਬਜੀਤ ਰੌਲੀ): ਮੋਗਾ ਦੇ ਨਜ਼ਦੀਕ ਪਿੰਡ ਰੌਲੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਸੰਤ ਭਵਨ ਕੁਟੀਆ ਅੰਗੀਠਾ ਸਾਹਿਬ ਰੌਲੀ (ਮੋਗਾ) ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸੰਤ ਬਾਬਾ ਨਰੈਣ ਸਿੰਘ ਜੀ ਰੌਲੀ ਵਾਲਿਆਂ ਦੀ ਸਾਲਾਨਾ 24ਵੀਂ ਬਰਸੀ ਸਬੰਧੀ 9 ਦਿਨਾਂ ਧਾਰਮਿਕ ਸਮਾਗਮ ਮੁੱਖ ਸੇਵਾਦਾਰ ਸੰਤ ਬਾਬਾ ਹਰਵਿੰਦਰ ਸਿੰਘ ਖ਼ਾਲਸਾ ਰੌਲੀ ਵਾਲਿਆਂ ਵੱਲੋਂ ਸੰਤਾਂ-ਮਹਾਂਪੁਰਸ਼ਾਂ ਦੇ ਆਸ਼ੀਰਵਾਦ ਤੇ ਨਗਰ ਤੇ ਸੰਗਤਾਂ ਦੇ ਸਹਿਯੋਗ ਸਦਕਾ ਕਰਵਾਇਆ ਗਿਆ। ਇਸ ਸਮਾਗਮ ਦੌਰਾਨ 4 ਸ੍ਰੀ ਅਖੰਡ ਪਾਠ ਸਾਹਿਬ ਦੀਆਂ ਲੜੀਆਂ ਵਿੱਚ 212 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ 9,10,11 ਅਪ੍ਰੈਲ ਨੂੰ ਦਿਨ-ਰਾਤਰੀ ਦੇ ਦੀਵਾਨ ਸਜਾਏ ਗਏ। ਇਸ ਸਮਾਗਮ ਵਿੱਚ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਸੰਤਾਂ-ਮਹਾਂਪੁਰਸ਼ਾਂ ਨੇ ਹਾਜ਼ਰੀ ਭਰੀ ਤੇ ਸੰਗਤਾਂ ਨੂੰ ਗੁਰਬਾਣੀ ਤੇ ਬਾਣੀ ਨਾਲ ਜੁੜਨ ਦੀ ਅਪੀਲ ਕੀਤੀ। ਰਾਤਰੀ ਦੇ ਦੀਵਾਨਾਂ ਦੌਰਾਨ ਭਾਈ ਸਤਨਾਮ ਸਿੰਘ ਘੋਲੀਆ, ਭਾਈ ਗੁਰਪ੍ਰੀਤ ਸਿੰਘ ਚੰਡੀਗੜ੍ਹ, ਭਾਈ ਗੁਰਮੀਤ ਸਿੰਘ ਸ਼ਾਂਤ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਮੋਗਾ, ਗਿਆਨੀ ਰਾਜਦੀਪ ਸਿੰਘ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਮਨਿੰਦਰ ਸਿੰਘ ਸੰਤ ਰਜਨੀਤ ਸਿੰਘ ਨੱਥੂਮਾਜਰਾ ਬਾਬਾ ਭੋਲਾ ਸਿੰਘ ਬਡੂਵਾਲ ਵਾਲੇ ਸੰਤ ਬਾਬਾ ਗੁਰਦਿਆਲ ਸਿੰਘ ਟਾਂਡਾ ਉੜਮੁੜ ਵਾਲਿਆਂ ਨੇ ਦੀਵਾਨਾਂ ਦਰਮਿਆਨ ਸੰਗਤਾਂ ਨੂੰ ਆਪਣੇ ਪ੍ਰਵਚਨਾਂ ਦੁਆਰਾ ਨਿਹਾਲ ਕੀਤਾ। 9 ਰੋਜ਼ਾ ਚੱਲੇ ਸਮਾਗਮਾਂ ਦਰਮਿਆਨ ਜਿੱਥੇ ਮਾਨਤਾ ਦੇ ਭਲੇ ਲਈ ਬਾਬਾ ਹਰਵਿੰਦਰ ਸਿੰਘ ਜੀ ਖ਼ਾਲਸਾ ਰੌਲੀ ਵਾਲਿਆਂ ਦੇ ਸਹਿਯੋਗ ਸਦਕਾ ਵੱਖ-ਵਖ ਬਿਮਾਰੀਆਂ ਦੇ ਸਰੀਰ ਜਾਂਚ ਕੈਂਪ ਲਗਾਏ ਗਏ। ਇਸ ਤੋਂ ਇਲਾਵਾ ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ ਰੌਲੀ ਵੱਲੋਂ ਸ਼ੰਕਰਾ ਹਸਪਤਾਲ ਮੁੱਲਾਂਪੁਰ ਦੇ ਡਾਕਟਰਾਂ ਦੇ ਸਹਿਯੋਗ ਨਾਲ ਅੱਖਾਂ ਦਾ ਫ੍ਰੀ ਚੈਕਅੱਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਕੈਂਪ ਦਰਮਿਆਨ 700 ਤੋਂ ਉਪਰ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਵੀ ਕੀਤੀ ਗਈ, ਇੱਥੇ ਹੀ ਬੱਸ ਨਹੀਂ ਕਿ ਇਸ ਸਮਾਗਮ ਦਰਮਿਆਨ ਵਰਲਡ ਕੈਂਸਰ ਕੇਅਰ ਸੰਸਥਾ ਵੱਲੋਂ ਵੀ ਰੋਕੋ ਕੈਂਸਰ ਕੈਂਪ ਲਗਾ ਕੇ ਵੱਡੀ ਗਿਣਤੀ ਵਿੱਚ ਲੋਕਾਂ ਦੀ ਸਰੀਰਕ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਭਿਆਨਕ ਬਿਮਾਰੀਆਂ ਤੋਂ ਬਚਣ ਲਈ ਪ੍ਰੇਰਿਤ ਕੀਤਾ ਗਿਆ।



ਮੁਕੇਰੀਆਂ ਅੰਬੇਡਕਰ ਚੌਂਕ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਹਾੜੇ ਮੌਕੇ ਆਪ ਹਲਕਾ ਇੰਚਾਰਜ ਪ੍ਰੋ. ਜੀ.ਐਸ.ਮੁਲਤਾਨੀ ਹੋਰਾਂ ਦੀ ਅਗਵਾਈ ਵਿੱਚ ਸਮੁੱਚੀ ਆਪ ਟੀਮ ਵੱਲੋਂ ਬਾਬਾ ਸਾਹਿਬ ਜੀ ਨੂੰ ਨਮਨ ਕਰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਪ੍ਰੋ.ਮੁਲਤਾਨੀ ਨੇ ਬਾਬਾ ਸਾਹਿਬ ਜੀ ਦੇ ਜੀਵਨ ਫਲਸਫੇ 'ਤੇ ਚਾਨਣਾ ਪਾਉਂਦੇ ਹੋਏ ਸਮੁੱਚੇ ਜਗਤ ਨੂੰ ਵਧਾਈ ਦਿੱਤੀ। (ਫੋਟੋ ਤੇ ਵੇਰਵਾ: ਧਰਮ ਚੰਦ, ਮੁਕੇਰੀਆਂ)

# ਸਰਕਾਰੀ ਸੀਨੀ. ਸੈਕੰ. ਸਕੂਲ ਦੇ ਵਿਦਿਆਰਥੀ ਗੁਰਜੋਤ ਸਿੰਘ ਨੇ ਸਟੇਟ ਮੈਰਿਟ 'ਚ ਕੀਤਾ 16ਵਾਂ ਰੈਂਕ ਹਾਸਲ



ਸ੍ਰੀ ਫ਼ਤਹਿਗੜ੍ਹ ਸਾਹਿਬ, 14 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਜ਼ੀਦਪੁਰ ਨੌਗਾਵਾਂ ਦੇ ਵਿਦਿਆਰਥੀ ਗੁਰਜੋਤ ਸਿੰਘ ਨੇ ਅੱਠਵੀਂ ਜਮਾਤ ਦੀ ਪ੍ਰੀਖਿਆ ਵਿੱਚ ਬੋਰਡ ਵੱਲੋਂ ਜਾਰੀ ਕੀਤੀ ਗਈ ਸਟੇਟ ਮੈਰਿਟ ਸੂਚੀ ਵਿੱਚ 16ਵਾਂ ਰੈਂਕ ਪ੍ਰਾਪਤ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਜਗਦੀਸ਼ ਸਿੰਘ ਬੈਂਸ ਨੇ ਦੱਸਿਆ ਕਿ ਗੁਰਜੋਤ ਸਿੰਘ ਨੇ 600 ਵਿੱਚੋਂ 584 ਅੰਕ 97.33 ਫ਼ੀਸਦੀ ਅੰਕ ਪ੍ਰਾਪਤ ਕਰਕੇ ਸਟੇਟ ਮੈਰਿਟ ਲਿਸਟ ਵਿੱਚ ਆਪਣਾ ਸਥਾਨ ਬਣਾ ਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਦਾ ਸਾਰਾ ਸਿਹਰਾ ਵਿਦਿਆਰਥੀ ਦੀ ਲਗਨ, ਮਿਹਨਤ ਤੇ ਅਧਿਆਪਕਾਂ ਵੱਲੋਂ ਕਰਵਾਈ ਗਈ ਵਿਸ਼ੇਸ਼ ਤਿਆਰੀ ਨੂੰ ਜਾਂਦਾ ਹੈ। ਉਨ੍ਹਾਂ ਦੱਸਿਆ ਕਿ 100 ਫ਼ੀਸਦੀ ਦੇ ਨਤੀਜੇ ਨਾਲ ਸਕੂਲ ਦੇ ਅੱਠਵੀਂ ਜਮਾਤ ਦੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ। ਵਿਦਿਆਰਥੀਆਂ ਦੀ ਇਸ ਮਾਨਮੱਤੀ ਪ੍ਰਾਪਤੀ ਲਈ ਸਕੂਲ ਵਿੱਚ ਹੋਏ ਵਿਸ਼ੇਸ਼ ਸਮਾਗਮ ਦੌਰਾਨ ਪ੍ਰਿੰਸੀਪਲ, ਸਟਾਫ ਮੈਂਬਰਜ਼ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ, ਮੈਂਬਰਾਂ ਮਾਪਿਆਂ ਤੇ ਹੋਰ ਪਤਵੰਤੇ ਸੱਜਣਾ ਵੱਲੋਂ ਗੁਰਜੋਤ ਸਿੰਘ ਦੀ ਸਨਮਾਨ ਚਿੰਨ੍ਹ ਤੇ ਨਗਦ ਰਾਸ਼ੀ ਨਾਲ ਹੌਂਸਲਾ ਅਫਜ਼ਾਈ ਕੀਤੀ ਗਈ।ਇਸ ਮੌਕੇ 'ਤੇ ਵਿਦਿਆਰਥੀ ਦੇ ਮਾਤਾ-ਪਿਤਾ, ਚੇਅਰਮੈਨ ਰਕੇਸ਼ ਕੁਮਾਰ, ਜਗਮੋਹਨ ਸਿੰਘ, ਤਰਸੇਮ ਸਿੰਘ, ਅਨਿਲ ਕੁਮਾਰ, ਰਜਵੰਤ ਕੌਰ, ਨਿਤਿਸ਼, ਅਮਨਦੀਪ ਕੌਰ, ਇੰਦਰਾ ਰਾਣੀ, ਅਮਰੀਕ ਸਿੰਘ, ਸੁਖਜੀਤ ਕੌਰ, ਜਸਵੰਤ ਸਿੰਘ, ਅਵਨਿੰਦਰ ਸਿੰਘ, ਮਨਦੀਪ ਕੌਰ, ਹਰਨੇਕ ਸਿੰਘ, ਪਰਮਿੰਦਰ ਕੌਰ, ਜਗਜੀਤ ਸਿੰਘ, ਸਿਮਰਨਜੀਤ ਤੇ ਕੁਲਦੀਪ ਸਿੰਘ ਹਾਜ਼ਰ ਸਨ।

# ਬਰਾਬਰਤਾ ਤੇ ਇਨਸਾਫ਼ ਦੇ ਮਹਾਂ ਨਾਇਕ ਸਨ ਡਾ. ਭੀਮ ਰਾਓ ਅੰਬੇਡਕਰ: ਜੱਸ ਕਲਿਆਣ ਰਾਵਣ

ਭੋਗਪੁਰ, 14 ਅਪ੍ਰੈਲ (ਅਮਰਜੀਤ ਸਿੰਘ ਸੈਣੀ): ਅੱਜ ਭੋਗਪੁਰ ਭਗਤ ਸਿੰਘ ਚੌਂਕ ਦੇ ਨਾਲ ਡਾ. ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਵਸ ਮਨਾਇਆ ਗਿਆ, ਵਾਲਮੀਕਨ ਟਾਈਗਰ ਫੋਰਸ ਦੇ ਅਹੁਦੇਦਾਰਾਂ ਵੱਲੋਂ ਬਾਬਾ ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਸ਼ਹਿਰ ਵਾਸੀਆਂ ਨੂੰ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਇਸ ਮੌਕੇ 'ਤੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਪ੍ਰਧਾਨ ਰਾਵਣ ਨੇ ਕਿਹਾ ਕਿ ਡਾ. ਅੰਬੇਡਕਰ ਜੀ ਦਾ ਜੀਵਨ ਸੰਘਰਸ਼ ਗਿਆਨ ਤੇ ਮਜ਼ਬੂਤ ਇਰਾਦੇ ਦੀ ਇੱਕ ਵਿਲੱਖਣ ਉਦਾਹਰਨ ਹੈ ਕਿਹਾ ਕਿ ਉਨ੍ਹਾਂ ਦੇ ਵਿਚਾਰ ਸਾਨੂੰ ਸਮਾਜ ਦੇ ਨਿਰਮਾਣ ਲਈ ਪ੍ਰੇਰਿਤ ਕਰਦੇ ਹਨ, ਜਿੱਥੇ ਹਰ ਨਾਗਰਿਕ ਨੂੰ ਬਰਾਬਰ ਅਧਿਕਾਰ ਮਿਲੇ ਹਨ ਤੇ ਹਰ ਵਿਅਕਤੀ ਨੂੰ ਸਤਿਕਾਰ ਮਿਲਦਾ ਹੈ। ਉਨ੍ਹਾਂ ਅੱਜ ਦੇ ਨੌਜਵਾਨਾਂ ਨੂੰ ਕਿਹਾ ਕਿ ਅੰਬੇਡਕਰ ਜੀ ਦੇ ਆਦਰਸ਼ਾਂ 'ਤੇ ਚੱਲ ਕੇ ਸਮਾਜਿਕ ਨਿਆਂ ਬਰਾਬਰੀ ਤੇ ਸੁਪਨਿਆਂ ਨੂੰ ਸਾਕਾਰ ਪ੍ਰਣ ਕਰੀਏ। ਇਸ ਮੌਕੇ 'ਤੇ ਵਾਲਮੀਕਨ ਟਾਈਗਰ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਜੱਸ ਕਲਿਆਣ ਰਾਵਣ, ਪ੍ਰਧਾਨ ਬਲਜੀਤ ਗਿੱਲ, ਦੀਦਾਰ ਸਿੰਘ ਮੱਟੂ ਪ੍ਰਧਾਨ ਵਾਲਮੀਕਿ ਸਭਾ ਭੋਗਪੁਰ, ਰਮਨਦੀਪ ਮਾਨ ਆਪ ਆਗੂ ਹਲਕਾ ਸ਼ਾਮ ਐਚਡੀ, ਜਸਪਾਲ ਰਤਨ ਮੀਡੀਆ ਇੰਚਾਰਜ, ਮੰਗਾ ਨਾਰ ਸ਼ਿੰਦਾ ਆਦੀਆ ਵਾਲਮੀਕਨ ਟਾਈਗਰ ਫੋਰਸ, ਸੈਮ ਬੁੱਟਰ ਵਾਈਸ ਪ੍ਰਧਾਨ ਵਾਲਮੀਕਿ ਸੰਘਰਸ਼ ਮੋਰਚਾ ਪੰਜਾਬ, ਸਾਬੀ ਬੁੱਟਰ, ਤਾਰਾ ਬੁੱਟਰ, ਰਾਮਪਾਲ ਰਤਨ ਤੇ ਹੋਰ ਲੋਕ ਮੌਜੂਦ ਸਨ।



# ਰੰਜਿਸ਼ ਦੇ ਚੱਲਦੇ ਹਥਿਆਰਬੰਦ ਲੜਕਿਆਂ ਨੇ ਪਿਉ-ਪੁੱਤਰ ਨੂੰ ਜ਼ਖ਼ਮੀ ਕੀਤਾ, ਦੋ ਨਾਮਜ਼ਦ

ਮੋਗਾ, 14 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਥਾਣਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡ ਮਾਹਲਾ ਖੁਰਦ ਵਿਖੇ ਰੰਜਿਸ਼ ਦੇ ਚੱਲਦਿਆਂ ਹਥਿਆਰਬੰਦ ਲੜਕਿਆਂ ਵੱਲੋਂ ਖੁਸ਼ਪ੍ਰੀਤ ਸਿੰਘ ਤੇ ਉਸਦੇ ਪਿਤਾ ਬਲਵੰਤ ਸਿੰਘ ਨੂੰ ਕੁੱਟਮਾਰ ਕਰਨ ਦੇ ਇਲਾਵਾ ਤੇਜ਼ਧਾਰ ਹਥਿਆਰ ਨਾਲ ਜ਼ਖ਼ਮੀ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਨ੍ਹਾਂ ਨੂੰ ਹਸਪਤਾਲ ਦਾਖਲ ਕਰਵਾਉਣਾ ਪਿਆ। ਇਸ ਸਬੰਧ ਵਿੱਚ ਕਥਿਤ ਮੁਲਜ਼ਮਾਂ ਪਵਨ ਕੁਮਾਰ ਨਿਵਾਸੀ ਪਿੰਡ ਮਾਹਲਾ ਖੁਰਦ ਤੇ ਹਰਪ੍ਰੀਤ ਸਿੰਘ ਉਰਫ ਅੰਬੀ ਨਿਵਾਸੀ ਪਿੰਡ ਮਾਹਲਾ ਕਲਾਂ ਦੇ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਜਾਂਚ ਪੁਲਿਸ ਚੌਕੀ ਨੱਥੂਵਾਲਾ ਗਰਬੀ ਦੇ ਇੰਚਾਰਜ ਸੁਰਜੀਤ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਪੁਲਿਸ ਸੂਤਰਾਂ ਅਨੁਸਾਰ ਖੁਸ਼ਪ੍ਰੀਤ ਸਿੰਘ ਨੇ ਕਿਹਾ ਕਿ ਬੀਤੀ 11 ਅਪ੍ਰੈਲ ਦੀ ਰਾਤ ਨੂੰ ਮੈਨੂੰ ਪਵਨ ਕੁਮਾਰ ਨਿਵਾਸੀ ਮਾਹਲਾ ਖੁਰਦ ਦਾ ਫੋਨ ਆਇਆ ਕਿ ਅੱਜ ਤੈਨੂੰ ਮਾਰਨਾ ਹੈ, ਜਦੋਂ ਮੈਂ ਕਿਹਾ ਕਿ ਸਾਡਾ ਕੀ ਕਸੂਰ ਹੈ ਤਾਂ ਕਹਿੰਦੇ ਆ ਕੇ ਦੱਸਦੇ ਹਾਂ। ਇਸ ਦੇ ਬਾਅਦ ਪਵਨ ਕੁਮਾਰ ਤੇ ਹਰਪ੍ਰੀਤ ਸਿੰਘ ਅੰਬੀ ਸਾਡੇ ਘਰ ਅੱਗੇ ਆ ਕੇ ਗਾਲੀ-ਗਲੋਚ ਕਰਨ ਲੱਗੇ ਤੇ ਇਸੇ ਦੌਰਾਨ ਉਨ੍ਹਾਂ ਗੇਟ ਨੂੰ ਧੱਕਾ ਮਾਰਿਆ ਤੇ ਅੰਦਰ ਆ ਗਏ ਤੇ ਮੈਨੂੰ ਘਰ ਅੰਦਰੋਂ ਘੜੀਸ ਕੇ ਬਾਹਰ ਲੈ ਆਏ, ਜਿਨ੍ਹਾਂ ਨੇ ਮੇਰੇ ਸਿਰ ਵਿੱਚ ਲੱਕੜ ਦਾ ਬਾਲਾ ਮਾਰਿਆ ਤੇ ਮੈਂ ਡਿੱਗ ਪਿਆ ਤੇ ਪਵਨ ਕੁਮਾਰ ਨੇ ਮੇਰੇ 'ਤੇ ਕਿਰਚ ਨਾਲ ਵਾਰ ਕੀਤੇ, ਜਦੋਂ ਮੈਂ ਰੌਲਾ ਪਾਇਆ ਤਾਂ ਮੇਰਾ ਪਿਤਾ ਬਲਵੰਤ ਸਿੰਘ ਅੱਗੇ ਆ ਗਿਆ ਤੇ ਉਸ 'ਤੇ ਵੀ ਉਨ੍ਹਾਂ ਹਮਲਾ ਕਰ ਦਿੱਤਾ ਤੇ ਉਨ੍ਹਾਂ ਦੀ ਸੱਜੀ ਚੀਚੀ 'ਤੇ ਕਿਰਚ ਵੱਜੀ। ਮੈਂ ਉਨ੍ਹਾਂ ਨੂੰ ਕਿਹਾ ਕਿ ਪੰਚਾਇਤ ਵਿੱਚ ਗੱਲ ਕਰ ਲੈਂਦੇ ਹਾਂ ਜੇਕਰ ਕੋਈ ਗੱਲ ਹੈ ਤਾਂ ਪਰ ਉਨ੍ਹਾਂ ਕੋਈ ਗੱਲ ਨਾ ਸੁਣੀ। ਸਾਡੇ ਵੱਲੋਂ ਰੌਲਾ ਪਾਉਣ 'ਤੇ ਦੋਨੋਂ ਹਮਲਾਵਰ ਉਥੋਂ ਭੱਜ ਗਏ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਰਜੀਤ ਸਿੰਘ ਨੇ ਕਿਹਾ ਕਿ ਉਹ ਮਾਮਲੇ ਦੀ ਜਾਂਚ ਕਰ ਰਹੇ ਹਨ, ਗ੍ਰਿਫਤਾਰੀ ਬਾਕੀ ਹੈ।

# ਟ੍ਰੈਫਿਕ ਪੁਲਿਸ ਨੇ ਕਾਲੀਆਂ ਫਿਲਮਾਂ, ਜਾਲੀਆਂ ਲਗਾਉਣ ਤੇ ਓਵਰ ਸਪੀਡ ਵਾਲਿਆਂ ਦੇ ਕੱਟੇ ਚਲਾਨ

ਮੋਗਾ, 14 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿਖੇ ਟ੍ਰੈਫਿਕ ਇੰਚਾਰਜ ਸੁਖਮੰਦਰ ਸਿੰਘ ਦੀ ਟੀਮ ਵੱਲੋਂ ਜਿੱਥੇ ਸ਼ਹਿਰ ਦੇ 'ਭੀੜ ਭੜੱਕੇ' ਵਾਲੇ ਇਲਾਕਿਆਂ ਨੂੰ ਕੁੱਝ ਸਮਾਂ ਪਹਿਲਾ ਪੱਕੇ ਤੌਰ 'ਤੇ ਖਾਲੀ ਕਰਵਾ ਕੇ ਲੋਕਾਂ ਨੂੰ ਸੁੱਖ ਦਾ ਸਾਹ ਦਿੱਤਾ ਸੀ, ਉਥੇ ਟ੍ਰੈਫਿਕ ਵਿਭਾਗ ਦੀ ਟੀਮ ਦੀ ਤਾਰੀਫ਼ ਕਰਨੀ ਬਣਦੀ ਹੀ ਹੈ ਕਿ ਉਨ੍ਹਾਂ ਵੱਲੋਂ ਸਿਰਫ਼ ਸਖ਼ਤੀ ਨਾਲ ਸ਼ਹਿਰੀਆਂ ਨੂੰ ਨਿਯਮਾਂ ਦੀ ਪਾਲਣੀ ਕਰਵਾਉਣ ਦੀ ਥਾਂ 'ਤੇ ਕਈ ਮਹੀਨੇ ਲਗਾ ਕੇ ਸ਼ਹਿਰੀਆਂ ਨੂੰ ਇਹ ਸਮਝਾਇਆ ਹੈ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨਾ ਸਾਡੀ ਜ਼ਿੰਮੇਵਾਰੀ ਹੈ ਤੇ ਇਸੇ ਕਰਕੇ ਹੀ ਹੁਣ ਸ਼ਹਿਰ ਵਿੱਚ ਪਿਛਲੇ ਕੁੱਝ ਸਮੇਂ ਤੋਂ ਜਾਮ ਤੋਂ ਮੁਕਤੀ ਮਿਲੀ ਹੈ। 'ਨੋ ਪਾਰਕਿੰਗ' ਜ਼ੋਨ ਵਿੱਚ ਖੜ੍ਹਦੀਆਂ ਗੱਡੀਆਂ ਸਖ਼ਤੀ ਵਧਾਉਣ ਮਗਰੋਂ ਕੌਮੀ ਸ਼ਾਹ ਮਾਰਗ ਮੋਗਾ-ਫਿਰੋਜ਼ਪੁਰ ਤੋਂ ਲੰਘਦੀਆਂ ਓਵਰ ਸਪੀਡ ਗੱਡੀਆਂ ਤੇ ਕਾਲੀਆਂ ਫਿਲਮਾਂ ਤੇ ਜਾਲੀਆਂ ਲਗਾਉਣ ਵਾਲਿਆਂ ਵਿਰੁੱਧ ਵੀ ਟ੍ਰੈਫਿਕ ਵਿਭਾਗ ਸਖ਼ਤ ਹੋਇਆ ਹੈ। ਟ੍ਰੈਫਿਕ ਇੰਚਾਰਜ ਸੁਖਮੰਦਰ ਨੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਵਾਲਿਆਂ ਦੇ ਚਲਾਨ ਕੱਟੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਮੁਖੀ ਅਜੈ ਗਾਂਧੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਟ੍ਰੈਫਿਕ ਵਿਭਾਗ ਵੱਲੋਂ ਸਾਰੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਵਾਉਣ ਲਈ ਤਨਦੇਹੀ ਨਾਲ ਕੰਮ ਕੀਤਾ ਜਾ ਰਿਹਾ ਹੈ।



ਉਨ੍ਹਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਵਾਲਿਆਂ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦਾ ਫਰਜ਼ ਸਮਝ ਕੇ ਪਾਲਣਾ ਕਰਵਾਉਣ ਲਈ ਵਿਭਾਗ ਵੱਲੋਂ ਰੋਜ਼ਾਨਾ ਵੱਖ-ਵੱਖ ਥਾਵਾਂ 'ਤੇ ਟ੍ਰੈਫਿਕ ਐਜੂਕੇਸ਼ਨ ਸੈਲ ਜ਼ਰੀਏ ਸੈਮੀਨਾਰ ਲਗਾਏ ਜਾਂਦੇ ਹਨ। ਟ੍ਰੈਫਿਕ ਇੰਚਾਰਜ ਸੁਖਮੰਦਰ ਸਿੰਘ ਨੇ ਜ਼ਿਲ੍ਹੇ ਭਰ ਦੇ ਮਾਪਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਸਕੂਲ ਤੇ ਸ਼ਹਿਰ ਵਿੱਚ ਆਉਣ-ਜਾਣ ਲਈ ਛੋਟੇ ਬੱਚੇ ਜਿਨ੍ਹਾਂ ਕੋਲ ਹਾਲੇ ਲਾਇਸੰਸ ਨਹੀਂ ਹਨ, ਉਨ੍ਹਾਂ ਨੂੰ ਵਾਹਨ ਨਾ ਦੇਣ। ਉਨ੍ਹਾਂ ਕਿਹਾ ਕਿ ਮਾਪਿਆਂ ਨੂੰ ਵਾਹਨ ਫੜ੍ਹਾਉਣ ਤੋਂ ਪਹਿਲਾਂ ਚਲਾਉਣ ਦੀ ਜਾਣਕਾਰੀ ਵੀ ਦੇਣੀ ਚਾਹੀਦੀ ਹੈ।

# ਖ਼ਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ



ਲੁਧਿਆਣਾ, 14 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਉਂਦਿਆਂ ਹੋਇਆਂ ਅੱਜ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਲੁਧਿਆਣਾ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਅੰਦਰ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਆਪਣੀਆਂ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਨੂੰ ਆਪਣਾ ਸਿੱਜਦਾ ਤੇ ਸਤਿਕਾਰ ਅਰਪਿਤ ਕੀਤਾ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਬਚਿੱਤਰ ਸਿੰਘ ਨੇ ਕਿਹਾ ਕਿ ਖਾਲਸਾ ਪੰਥ ਦੇ ਸਿਰਜਣਹਾਰ ਦਸਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਿੱਥੇ ਜਬਰ ਤੇ ਜ਼ੁਲਮ ਦੇ ਖਿਲਾਫ ਆਪਣੀ ਜ਼ੋਰਦਾਰ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਅਕਾਲ ਪੁਰਖ ਦਾ ਜਸ ਗਾਉਂਦਿਆਂ ਜੋ ਉਪਦੇਸ਼ ਤੇ ਸਿੱਖਿਆਵਾਂ ਸਾਨੂੰ ਦਿੱਤੀਆਂ ਸਨ। ਆਓ ਉਨ੍ਹਾਂ ਦੇ ਵੱਧ ਤੋਂ ਵੱਧ ਧਾਰਨੀ ਬਣੀਏ, ਖਾਸ ਕਰਕੇ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਮੁੱਚੀ ਮਨੁੱਖਤਾ ਨੂੰ ਬਖਸ਼ੇ ਸਿਧਾਂਤਾਂ ਨੂੰ ਆਪਣੀ ਜਿੰਦਗੀ ਦਾ ਹਿੱਸਾ ਬਣਾ ਕੇ ਆਪਣਾ ਜੀਵਨ ਗੁਰੂ ਆਸੇ ਅਨੁਸਾਰ ਜੀਉਣ ਦੀ ਕੋਸ਼ਿਸ਼ ਕਰੀਏ।ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਹਰਦੇਵ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ, ਭਾਈ ਗੁਰਦੇਵ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥਿਆਂ ਸਮੇਤ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੇ( ਬੱਚਿਆਂ ਦਾ ਕੀਰਤਨੀ ਜੱਥਾ) ਕੀਰਤਨੀ ਜੱਥੇ ਅਤੇ ਇਸਤਰੀ ਸਤਿਸੰਗ ਸਭਾ ਦੇ ਕੀਰਤਨੀ ਜੱਥੇ ਨੇ ਆਪਣੀਆਂ ਹਾਜ਼ਰੀਆ ਭਰ ਕੇ ਗੁਰੂ ਜੱਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਮੀਤ ਗ੍ਰੰਥੀ ਸਿੰਘ ਨੇ ਸੰਗਤਾਂ ਦਾ ਧੰਨਵਾਦ ਪ੍ਰਗਟ ਕੀਤਾ ਅਤੇ ਸਮੂਹ ਕੀਰਤਨੀ ਜੱਥਿਆਂ ਦੇ ਮੈਂਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ । ਇਸ ਸਮੇਂ ਮਹਿੰਦਰ ਸਿੰਘ ਡੰਗ, ਅੱਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ ਸੁਖਵਿੰਦਰ ਸਿੰਘ ਹੈਪੀ ਕੋਚਰ, ਹਰਮੀਤ ਸਿੰਘ ਡੰਗ, ਰਣਜੀਤ ਸਿੰਘ ਖਾਲਸਾ, ਹਰਬੰਸ ਸਿੰਘ ਰਾਜਾ, ਪਰਮਜੀਤ ਸਿੰਘ ਸੇਠੀ, ਹਰਮਿੰਦਰ ਸਿੰਘ ਕੋਹਲੀ, ਸੁਰਿੰਦਰਪਾਲ ਸਿੰਘ ਭੁਟੀਆਣੀ, ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆ, ਜੋਗਿੰਦਰ ਸਿੰਘ ਸਲੂਜਾ, ਅਵਤਾਰ ਸਿੰਘ ਮਿੱਡਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸੰਵਿਧਾਨ ਅਤੇ ਰਾਜਾਂ ਦੇ ਅਧਿਕਾਰਾਂ ਨੂੰ ਬਚਾਉਣ ਲਈ ਇੱਕਜੁੱਟ ਹੋਵੋ : ਸੀ. ਪੀ. ਆਈ.



ਲੁਧਿਆਣਾ, 14 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਇੱਥੋਂ ਦੇ ਜਲੰਧਰ ਬਾਈਪਾਸ ਸਥਿਤ ਅੰਬੇਦਕਰ ਚੌਂਕ ਵਿਖੇ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੇ ਆਗੂਆਂ ਅਤੇ ਕਾਰਕੁਨਾਂ ਨੇ ਡਾਕਟਰ ਬੀ ਆਰ ਅੰਬੇਦਕਰ ਬੁੱਤ ਨੂੰ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਅਸੀਂ ਖ਼ਤਰਨਾਕ ਸਮੇਂ ਵਿੱਚੋਂ ਲੰਘ ਰਹੇ ਹਾਂ, ਜਦੋਂ ਭਾਰਤ ਦੇ ਸੰਵਿਧਾਨ, ਜੋ ਕਿ ਜਾਤ, ਨਸਲ, ਧਰਮ ਅਤੇ ਲਿੰਗ ਦੇ ਭੇਦਭਾਵ ਤੋਂ ਬਿਨਾਂ ਸਾਰੇ ਨਾਗਰਿਕਾਂ ਨੂੰ ਨਿਆਂ, ਸਮਾਨਤਾ, ਅਧਿਕਾਰਾਂ ਨੂੰ ਉਤਸ਼ਾਹਿਤ ਕਰਦਾ ਹੈ, ਦੀ ਕੇਂਦਰ ਵਿੱਚ ਆਰਐਸਐਸ ਦੀ ਸਰਪ੍ਰਸਤੀ ਵਾਲੀ ਭਾਜਪਾ ਸਰਕਾਰ ਦੁਆਰਾ ਉਲੰਘਣਾ ਕੀਤੀ ਜਾ ਰਹੀ ਹੈ। ਉਹ ਸਾਰੀਆਂ ਸ਼ਕਤੀਆਂ ਨੂੰ ਜ਼ਿਆਦਾ ਕੇਂਦਰੀਕਰਨ ਕਰਕੇ ਅਤੇ ਰਾਜਾਂ ਦੇ ਅਧਿਕਾਰਾਂ ਨੂੰ ਘਟਾ ਕੇ ਸਾਡੇ ਸੰਵਿਧਾਨ ਦੇ ਸੰਘੀ ਢਾਂਚੇ ਨੂੰ ਤਬਾਹ ਕਰ ਰਹੇ ਹਨ। ਸੰਵਿਧਾਨ ਲਈ ਡਰਾਫਟਿੰਗ ਕਮੇਟੀ ਦੇ ਚੇਅਰਮੈਨ ਡਾ: ਅੰਬੇਦਕਰ ਨੇ ਸੰਵਿਧਾਨ ਤਿਆਰ ਕਰਨ ਵਿੱਚ ਬਹੁਤ ਮਿਹਨਤ ਕੀਤੀ ਅਤੇ ਆਜ਼ਾਦੀ ਘੁਲਾਟੀਆਂ ਦੁਆਰਾ ਨਿਭਾਈ ਗਈ ਸ਼ਾਨਦਾਰ ਭੂਮਿਕਾ 'ਤੇ ਆਪਣੇ ਵਿਚਾਰ ਆਧਾਰਿਤ ਕੀਤੇ। ਮੌਜੂਦਾ ਸਰਕਾਰ ਸਮਾਜ ਨੂੰ ਫਿਰਕੂ ਲੀਹਾਂ 'ਤੇ ਵੰਡਣ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਘੱਟ ਗਿਣਤੀਆਂ, ਖਾਸ ਕਰਕੇ ਮੁਸਲਮਾਨਾਂ ਦੇ ਅਧਿਕਾਰਾਂ 'ਤੇ ਗੰਭੀਰ ਹਮਲੇ ਹੋ ਰਹੇ ਹਨ। ਦਲਿਤਾਂ ਅਤੇ ਔਰਤਾਂ 'ਤੇ ਘੋਰ ਹਮਲੇ ਹੋ ਰਹੇ ਹਨ।ਮਜ਼ਦੂਰਾਂ, ਕਿਸਾਨਾਂ ਅਤੇ ਹੋਰ ਮਿਹਨਤਕਸ਼ ਲੋਕਾਂ ਦੇ ਅਧਿਕਾਰਾਂ 'ਤੇ ਹਮਲੇ ਹੋ ਰਹੇ ਹਨ।ਸਿਹਤ ਅਤੇ ਸਿੱਖਿਆ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈਆਂ ਹਨ। ਬੇਰੁਜ਼ਗਾਰੀ ਲਗਾਤਾਰ ਵੱਧ ਰਹੀ ਹੈ।

ਵਿਦੇਸ਼ ਨੀਤੀ ਵਿੱਚ ਸਰਕਾਰ ਇਜ਼ਰਾਈਲ ਵਿੱਚ ਜ਼ਾਇਨਵਾਦੀ ਸ਼ਾਸਨ ਦਾ ਪੱਖ ਲੈ ਰਹੀ ਹੈ। ਸਰਕਾਰ ਨੇ ਲੱਗਭੱਗ ਡੋਨਾਲਡ ਟਰੰਪ ਦੇ ਹੁਕਮਾਂ ਅੱਗੇ ਆਤਮ ਸਮਰਪਣ ਕਰ ਦਿੱਤਾ ਹੈ।ਸੰਬੋਧਨ ਕਰਨ ਵਾਲਿਆਂ ਵਿੱਚ ਕਾਮਰੇਡ ਐਮ.ਐਸ. ਭਾਟੀਆ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ, ਕੁਲਵੰਤ ਕੌਰ, ਰਸ਼ਪਾਲ ਪਾਲੀ ਆਦਿ ਸ਼ਾਮਲ ਸਨ।

# ਡਾ. ਅੰਬੇਡਕਰ ਦੇ ਜਨਮ ਦਿਵਸ 'ਤੇ ਭਾਜਪਾ ਐਸ.ਸੀ. ਮੋਰਚਾ ਵੱਲੋਂ ਲੰਗਰ



ਲੁਧਿਆਣਾ, 14 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ, ਭਾਜਪਾ ਲੁਧਿਆਣਾ ਨੇ ਸੰਵਿਧਾਨ ਦੇ ਨਿਰਮਾਤਾ, ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਵਸ ਸਥਾਨਕ ਜਲੰਧਰ ਬਾਈਪਾਸ 'ਤੇ ਸ਼ਰਧਾ ਨਾਲ ਮਨਾਇਆ। ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਖਜ਼ਾਨਚੀ ਗੁਰਦੇਵ ਸ਼ਰਮਾ ਦੇਵੀ, ਜੀਵਨ ਗੁਪਤਾ, ਪਰਵੀਨ ਬਾਂਸਲ, ਬਿਕਰਮ ਸਿੰਘ ਸਿੱਧੂ, ਰਜਿੰਦਰ ਖੱਤਰੀ, ਡਾ. ਡੀ.ਪੀ. ਖੋਸਲਾ, ਐਸ.ਸੀ ਮੋਰਚਾ ਪ੍ਰਧਾਨ ਅਜੈ ਪਾਲ ਅਤੇ ਜ਼ਿਲ੍ਹਾ ਜਨਰਲ ਸਕੱਤਰ ਯਸ਼ਪਾਲ ਜਨੋਤਰਾ ਵਿਸ਼ੇਸ਼ ਤੌਰ 'ਤੇ ਇਸ ਸਮਾਗਮ ਵਿੱਚ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਅੰਬੇਡਕਰ ਦੇ ਬੁੱਤ 'ਤੇ ਹਾਰ ਪਾ ਕੇ ਕੀਤੀ ਗਈ। ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਧੀਮਾਨ ਨੇ ਬਾਬਾ ਸਾਹਿਬ ਦੇ ਜੀਵਨ, ਸੰਘਰਸ਼ ਅਤੇ ਸੰਵਿਧਾਨ ਦੇ ਖਰੜੇ ਵਿੱਚ ਉਨ੍ਹਾਂ ਦੇ ਯੋਗਦਾਨ 'ਤੇ ਚਾਨਣਾ ਪਾਇਆ। ਇਸ ਮੌਕੇ 'ਤੇ ਐੱਸਸੀ ਮੋਰਚਾ, ਲੁਧਿਆਣਾ ਵੱਲੋਂ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਭਾਜਪਾ ਜ਼ਿਲ੍ਹਾ ਜਨਰਲ ਸਕੱਤਰ ਨਰਿੰਦਰ ਸਿੰਘ ਮੱਲੀ, ਯਸ਼ਪਾਲ ਜਨੋਤਰਾ, ਜ਼ਿਲ੍ਹਾ ਉਪ ਪ੍ਰਧਾਨ ਮਹੇਸ਼ ਸ਼ਰਮਾ, ਲੱਕੀ ਚੋਪੜਾ, ਨਵਲ ਜੈਨ, ਕੌਂਸਲਰ ਸੁਮਨ ਵਰਮਾ, ਰਾਜ ਸ਼ਰਮਾ, ਸੌਰਭ ਕਪੂਰ, ਪ੍ਰੈਸ ਸਕੱਤਰ ਡਾ. ਸਤੀਸ਼ ਕੁਮਾਰ, ਸੋਸ਼ਲ ਮੀਡੀਆ ਸਕੱਤਰ ਰਾਜਨ ਪਾਂਡੇ, ਸੰਜੀਵ ਚੌਧਰੀ, ਵਿਜੇ ਖਟਕ, ਵਰਿੰਦਰ ਸਹਿਗਲ, ਕੇ.ਪੀ. ਰਾਣਾ, ਰਾਜਬੀਰ ਸਿੰਘ, ਕਮਾਂਡਰ ਬਲਬੀਰ ਸਿੰਘ, ਮੰਡਲ ਪ੍ਰਧਾਨ ਅਮਿਤ ਸ਼ਰਮਾ, ਚਿਰਾਗ ਅਰੋੜਾ, ਅਸ਼ੋਕ ਰਾਣਾ ਅਤੇ ਸੀਨੀਅਰ ਭਾਜਪਾ ਵਰਕਰ ਮੌਜੂਦ ਸਨ।

# ਖ਼ਾਲਸਾ ਪੰਥ ਦੀ ਸਾਜਨਾ ਮਨੁੱਖਤਾ ਨੂੰ ਸੱਚ, ਨਿਆਂ ਅਤੇ ਬਰਾਬਰੀ ਦਾ ਸਨੇਹਾ ਦਿੰਦੈ : ਲਾਇਲਪੁਰੀ



ਲੁਧਿਆਣਾ, 14 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੌਂਕ ਵਿਖੇ ਖਾਲਸਾ ਸਾਜਨਾ ਦਿਵਸ ਅਤੇ ਵੈਸਾਖ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਇਆ ਗਿਆ। ਅੰਮ੍ਰਿਤ ਵੇਲੇ ਤੋਂ ਹੀ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਭਾਈ ਪਰਮਵੀਰ ਸਿੰਘ, ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਹਰਪ੍ਰੀਤ ਸਿੰਘ ਖਾਲਸਾ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਅੰਮਿਤ੍ਰਮਈ ਗੁਰਬਾਣੀ ਕੀਰਤਨ ਦੀ ਸੇਵਾ ਨਿਭਾਈ ਗਈ, ਜਿਸ ਨਾਲ ਸੰਗਤਾਂ ਨੂੰ ਆਤਮਕ ਆਨੰਦ ਪ੍ਰਾਪਤ ਹੋਇਆ। ਇਸ ਮੌਕੇ ਖਾਲਸਾ ਸਾਜਨਾ ਦਿਵਸ ਨੂੰ ਮੁੱਖ ਰੱਖਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਕਿਹਾ ਕਿ ਖਾਲਸਾ ਪੰਥ ਦੀ ਸਾਜਨਾ ਮਨੁੱਖਤਾ ਨੂੰ ਸੱਚ, ਨਿਆਂ ਅਤੇ ਬਰਾਬਰੀ ਦਾ ਸਨੇਹਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਿੱਤੇ ਗਏ ਸਿਧਾਂਤਾਂ 'ਤੇ ਚੱਲਦਿਆਂ ਆਪਣੀ ਜ਼ਿੰਦਗੀ ਨੂੰ ਗੁਰਮਤਿ ਅਨੁਸਾਰ ਬਣਾਉਣਾ ਚਾਹੀਦਾ ਹੈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਗਤੀ ਰੂਪ ਵਿੱਚ ਰਾਗੀ ਜਥੇ ਨੂੰ ਸਿਰਪਾਓ ਭੇਟ ਕੀਤੇ। ਗੁਰੂ ਕੇ ਅਤੁੱਟ ਲੰਗਰ ਵਰਤੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਲਾਇਲਪੁਰੀ, ਤੇਜਿੰਦਰ ਸੀ ਡੰਗ, ਤਰਲੋਚਨ ਸਿੰਘ ਬੱਬਰ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਅਰਜੁਨ ਸਿੰਘ ਚੀਮਾ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ, ਦਵਿੰਦਰ ਕੌਰ ਸੋਹਲ, ਜਸਮੇਲ ਕੌਰ ਖੇੜੀਕਲਾਂ, ਰਵਨੀਤ ਕੌਰ ਖੇੜੀਕਲਾਂ, ਅਰਵਿੰਦਰ ਕੌਰ ਆਦਿ ਹਾਜ਼ਰ ਸਨ।

# ਗੁਰਦੁਆਰਾ ਸਿੰਘ ਸਭਾ ਅਕਾਲ ਸਾਹਿਬ ਵਿਖੇ ਵਿਸਾਖੀ ਦਾ ਦਿਹਾੜਾ ਮਨਾਇਆ



ਲੁਧਿਆਣਾ, 14 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸਿੰਘ ਸਭਾ ਅਕਾਲ ਸਾਹਿਬ ਪ੍ਰਤਾਪ ਨਗਰ ਵਿਖੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਪਵਿੱਤਰ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਅੰਮ੍ਰਿਤ ਵੇਲੇ ਪਿਛਲੇ ਦਿਨੀਂ ਆਰੰਭ ਕਰਵਾਏ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਸੰਪੂਰਨਤਾ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸਾਹਿਬ ਦੇ ਰਾਗੀ ਭਾਈ ਗੁਰਦੀਪ ਸਿੰਘ, ਪ੍ਰਸਿੱਧ ਕਵੀਸ਼ਰੀ ਜਥੇ ਭਾਈ ਜਸਪਾਲ ਸਿੰਘ ਤਾਨ, ਭਾਈ ਹਰਸਿਮਰਨ ਜੀਤ ਸਿੰਘ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਰਸਭਰੇ ਕੀਰਤਨ ਦੀ ਸੇਵਾ ਨਿਭਾਈ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਕੁੰਦਨ ਸਿੰਘ ਨਾਗੀ, ਚੇਅਰਮੈਨ ਹਰਜਿੰਦਰ ਸਿੰਘ ਸੰਧੂ ਅਤੇ ਵਿਸ਼ੇਸ਼ ਤੌਰ 'ਤੇ ਪੁੱਜੇ ਜਗਬੀਰ ਸਿੰਘ ਸੋਖੀ, ਕੌਂਸਲਰ ਪਰਮਿੰਦਰ ਸਿੰਘ ਸੋਮਾ, ਜਗਦੇਵ ਸਿੰਘ ਗੋਹਲਵੜੀਆ, ਸੋਹਣ ਸਿੰਘ ਗੋਗਾ ਨੇ ਵੀ ਗੁਰੂ ਘਰ ਵਿੱਚ ਹਾਜ਼ਰੀ ਭਰੀ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਇਸ ਮੌਕੇ ਗੁਰਵਿੰਦਰ ਸਿੰਘ ਗਿੰਦਾ, ਨਰਿੰਦਰ ਸਿੰਘ ਉੱਭੀ, ਬਲਵੀਰ ਸਿੰਘ ਸੋਂਧ, ਦਰਸ਼ਨ ਸਿੰਘ ਚਾਨੀ, ਇਕਬਾਲ ਸਿੰਘ ਬਾਲੀ, ਕੁਲਜਿੰਦਰ ਸਿੰਘ ਕਲਸੀ, ਜੋਗਾ ਸਿੰਘ, ਸੂਬਾ ਹਰਭਜਨ ਸਿੰਘ, ਜਸਪਾਲ ਸਿੰਘ , ਹਰੀ ਸਿੰਘ, ਅਵਤਾਰ ਸਿੰਘ ਘੜਿਆਲ, ਹਰਭਜਨ ਕੌਰ ਗ੍ਰੰਥੀ ਭਾਈ ਸੁਖਦੇਵ ਸਿੰਘ, ਸਤਨਾਮ ਸਿੰਘ ਠੇਕੇਦਾਰ, ਸੁਖਵਿੰਦਰ ਸਿੰਘ ਦਹੇਲਾ, ਅਜੀਤ ਸਿੰਘ, ਅਮਰਜੀਤ ਸਿੰਘ ਪਨੇਸਰ, ਕੁਲਵਿੰਦਰ ਸਿੰਘ ਕਲਸੀ, ਚੰਨੀ ਪਨੇਸਰ, ਸੁਰਿੰਦਰ ਸਿੰਘ ਨਾਗੀ, ਦਵਿੰਦਰ ਸਿੰਘ ਕਲਸੀ, ਲਾਲੀ ਦਹੇਲਾ,ਹਰਜੀਤ ਸਿੰਘ ਖਟੜਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਰਹੀਆਂ।

# 1699 ਦੀ ਵਿਸਾਖੀ ਨੇ ਦਿੱਤੀ ਸਿੱਖ ਕੌਮ ਨੂੰ ਵਿਲੱਖਣ ਪਹਿਚਾਣ : ਚੇਅਰਮੈਨ ਗੜ੍ਹੀ



ਲੁਧਿਆਣਾ, 14 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਵਿਸਾਖੀ ਦੇ ਪਾਵਨ ਦਿਹਾੜੇ ਮੌਕੇ ਖਾਲਸਾ ਪੰਥ ਦੀ ਸਿਰਜਣਾ ਲਈ ਦਸਮੇਸ਼ ਪਿਤਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਯਾਦ ਕਰਦਿਆਂ ਕਿਹਾ ਕਿ 1699 ਵਿੱਚ ਵਿਸਾਖੀ ਵਾਲੇ ਦਿਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ 'ਖਾਲਸਾ ਪੰਥ' ਦੀ ਸਿਰਜਣਾ ਕਰਕੇ ਸਿੱਖ ਕੌਮ ਨੂੰ ਇੱਕ ਵਿਲੱਖਣ ਪਛਾਣ ਦਿੱਤੀ ਅਤੇ ਸਮਾਜ ਵਿੱਚੋਂ ਊਚ-ਨੀਚ, ਜਾਤ-ਪਾਤ ਦਾ ਵਿਤਕਰਾ ਖਤਮ ਕੀਤਾ। ਜਿਸ ਦੇ ਚੱਲਦੇ ਹਰ ਕੋਈ ਗੁਰੂ ਸਾਹਿਬ ਨੂੰ ਯਾਦ ਕਰ ਰਿਹਾ ਹੈ। ਉਨ੍ਹਾਂ ਮਨੁੱਖਤਾ ਲਈ ਆਪਣਾ ਸਾਰਾ ਪਰਿਵਾਰ ਕੁਰਬਾਨ ਕਰ ਦਿੱਤਾ। ਚੇਅਰਮੈਨ ਗੜ੍ਹੀ ਸੋਮਵਾਰ ਬੀਤੀ ਸ਼ਾਮ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਵਸ ? ਨੂੰ ਸਮਰਪਿਤ ਲੁਧਿਆਣਾ ਵਿਖੇ ਕਰਵਾਏ ਗਏ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਸਨ। ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਇਸ ਇਤਿਹਾਸਕ ਦਿਨ ਦੌਰਾਨ ਵਿਸਾਖੀ ਦੇ ਮੌਕੇ 'ਤੇ ਗੁਰੂ ਸਾਹਿਬ ਨੇ ਪੰਜ ? ਪਿਆਰੇ ਸਾਜ ਕੇ ਸਿੱਖਾਂ ਨੂੰ ਨਵੀਂ ਪਹਿਚਾਣ ਦਿੱਤੀ। ਉਨ੍ਹਾਂ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਉਪਦੇਸ਼ ਰਾਹੀਂ ਜਾਤ-ਪਾਤ ਦੇ ਭੇਦਭਾਵ ਨੂੰ ਖਤਮ ਕਰਨ ਦਾ ਮਹਾਨ ਸੰਦੇਸ਼ ਦਿੱਤਾ। ਗੁਰੂ ਸਾਹਿਬ ਨੇ ਸਾਨੂੰ ਸਿੱਖਿਆ ਦਿੱਤੀ ਕਿ ਸਾਰੇ ਮਨੁੱਖ ਇੱਕੋ ਰੱਬ ਦੀ ਸੰਤਾਨ ਹਨ ਅਤੇ ਕਿਸੇ ਵੀ ਕਿਸਮ ਦੀ ਅਸਮਾਨਤਾ ਮਨੁੱਖਤਾ ਦੇ ਖਿਲਾਫ਼ ਹੈ। ਖਾਲਸਾ ਪੰਥ ਦੇ ਸਿਧਾਂਤਾਂ ਵਿੱਚ ਨਿਆਂ, ਸਚਾਈ, ਨਿਰਭਉਤਾ ਅਤੇ ਸੇਵਾ ਦਾ ਵਿਸ਼ੇਸ਼ ਮਹੱਤਵ ਹੈ। ਇਹ ਸਿਧਾਂਤ ਅੱਜ ਵੀ ਸਿੱਖ ਕੌਮ ਨੂੰ ਪ੍ਰੇਰਿਤ ਕਰਦੇ ਹਨ ਅਤੇ ਸਮਾਜ ਵਿੱਚ ਸੱਚਾਈ ਅਤੇ ਨਿਆਂ ਦੀ ਸਥਾਪਨਾ ਲਈ ਮਾਰਗ ਦਰਸ਼ਨ ਕਰਦੇ ਹਨ।

ਉਨ੍ਹਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਜੋ 'ਖਾਲਸਾ ਪੰਥ' ਦੀ ਸਿਰਜਣਾ ਕੀਤੀ ਉਹ ਅੱਜ ਵੀ ਸੰਸਾਰ ਲਈ ਪ੍ਰੇਰਣਾ ਦਾ ਸਰੋਤ ਹੈ। ਸਾਨੂੰ ਗੁਰੂ ਸਾਹਿਬ ਦੇ ਦਿਖਾਏ ਰਸਤੇ 'ਤੇ ਚੱਲਦਿਆਂ ਸੱਚਾਈ, ਇਮਾਨਦਾਰੀ ਅਤੇ ਸੇਵਾ ਦੇ ਮੂਲ ਮੰਤਰ ਨੂੰ ਅਪਣਾਉਣਾ ਚਾਹੀਦਾ ਹੈ। ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਸਮਾਜਿਕ ਬਰਾਬਰੀ ਦਾ ਜੋ ਸੰਦੇਸ਼ ਦਿੱਤਾ, ਉਹ ਅੱਜ ਦੇ ਸਮੇਂ ਵਿੱਚ ਹੋਰ ਵੀ ਜ਼ਿਆਦਾ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ 1699 ਦੀ ਵਿਸਾਖੀ ਸਿਰਫ ਸਿੱਖ ਕੌਮ ਲਈ ਨਹੀਂ, ਸਗੋਂ ਪੂਰੀ ਮਨੁੱਖਤਾ ਲਈ ਇੱਕ ਪ੍ਰੇਰਣਾਦਾਇਕ ਹੈ। ਇਹ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਸੱਚਾਈ ਅਤੇ ਨਿਆਂ ਲਈ ਖੜ੍ਹੇ ਹੋਣਾ ਕਿੰਨਾ ਜ਼ਰੂਰੀ ਹੈ। ਗੁਰੂ ਗੋਬਿੰਦ ਸਿੰਘ ਜੀ ਦੀ 'ਖਾਲਸਾ ਪੰਥ' ਸਿਰਜਣਾ ਅੱਜ ਵੀ ਸਾਨੂੰ ਨਿਰਭਉ ਅਤੇ ਨਿਰਵੈਰ ਰਹਿਣ ਦੀ ਪ੍ਰੇਰਣਾ ਦਿੰਦੀ ਹੈ। ਵਿਸਾਖੀ ਦੇ ਇਸ ਪਾਵਨ ਮੌਕੇ 'ਤੇ ਚੇਅਰਮੈਨ ਗੜ੍ਹੀ ਵੱਲੋਂ ਸਾਰਿਆਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਉਹ ਗੁਰੂ ਸਾਹਿਬ ਦੇ ਦਿਖਾਏ ਮਾਰਗ 'ਤੇ ਚੱਲਦਿਆਂ ਸਮਾਜ ਵਿੱਚ ਪਿਆਰ, ਸਾਂਝ ਅਤੇ ਏਕਤਾ ਨੂੰ ਮਜ਼ਬੂਤ ਬਣਾਉਣ ਲਈ ਆਪਣਾ ਯੋਗਦਾਨ ਪਾਉਣ।

# ਵਿਧਾਇਕਾ ਮਾਣੂੰਕੇ ਨੇ ਡਾ. ਅੰਬੇਡਕਰ ਦੇ ਜਨਮ ਦਿਹਾੜੇ 'ਤੇ ਦਿੱਤੀ ਸ਼ਰਧਾਂਜਲੀ



ਜਗਰਾਓਂ, 14 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ) : ਭਾਰਤੀ ਸੰਵਿਧਾਨ ਦੇ ਨਿਰਮਾਤਾ 'ਭਾਰਤ ਰਤਨ' ਬਾਬਾ ਸਾਹਿਬ ਡਾ. ਬੀ. ਆਰ. ਅੰਬੇਦਕਰ ਜੀ ਦੇ ਜਨਮ ਦਿਹਾੜੇ ਦੇ ਮੌਕੇ 'ਤੇ ਅੱਜ ਹਲਕਾ ਜਗਰਾਓਂ ਤੋਂ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਵੱਲੋਂ ਉਨ੍ਹਾਂ ਨੂੰ ਨਤਮਸਤਕ ਹੋ ਕੇ ਸਾਦਰ ਪ੍ਰਣਾਮ ਕੀਤਾ ਗਿਆ। ਇਸ ਮੌਕੇ ਵਿਧਾਇਕਾ ਮਾਣੂੰਕੇ ਨੇ ਜਗਰਾਓਂ ਵਿਖੇ ਸਥਿਤ ਬਾਬਾ ਸਾਹਿਬ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਂਟ ਕੀਤੀਆਂ ਅਤੇ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਤੇ ਦੂਰ-ਅੰਦੇਸ਼ੀ ਸੋਚ ਨੂੰ ਯਾਦ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬੀ ਮਾਣੂੰਕੇ ਨੇ ਕਿਹਾ ਕਿ ਡਾ. ਅੰਬੇਦਕਰ ਜੀ ਦੀ ਸੋਚ ਸਦਕਾ ਹੀ ਅੱਜ ਦੇਸ਼ ਵਿੱਚ ਗਰੀਬਾਂ, ਮਜ਼ਲੂਮਾਂ ਅਤੇ ਦੱਬੇ-ਕੁਚਲੇ ਲੋਕਾਂ ਦੇ ਹੱਕਾਂ-ਹਿੱਤਾਂ ਦੀ ਰਾਖੀ ਸੰਭਵ ਹੋ ਸਕੀ ਹੈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਸੰਵਿਧਾਨ ਰਾਹੀਂ ਸਮਾਜ ਦੇ ਹਰ ਵਰਗ ਨੂੰ ਬਰਾਬਰੀ ਦਾ ਅਧਿਕਾਰ ਦੇ ਕੇ ਇੱਕ ਕ੍ਰਾਂਤੀਕਾਰੀ ਕਦਮ ਚੁੱਕਿਆ ਸੀ।ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਬਾਬਾ ਸਾਹਿਬ ਦੇ ਦੱਸੇ ਹੋਏ ਮਾਰਗ 'ਤੇ ਚੱਲਦਿਆਂ ਸਮਾਜਿਕ ਬਰਾਬਰੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਅਹਿਦ ਲੈਣਾ ਚਾਹੀਦਾ ਹੈ। ਉਨ੍ਹਾਂ ਦੀ ਦੂਰ-ਅੰਦੇਸ਼ੀ ਅੱਜ ਵੀ ਦੇਸ਼ ਦੇ ਵਿਕਾਸ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਰਾਹ ਦਸੇਰਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਹੋਰ ਵੀ ਪਤਵੰਤੇ ਸੱਜਣ ਅਤੇ ਪਾਰਟੀ ਵਰਕਰ ਹਾਜ਼ਰ ਸਨ।

# ਖ਼ਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ



ਲੁਧਿਆਣਾ, 14 ਅਪ੍ਰੈਲ (ਚ.ਨ.ਸ.) : ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਸਿਟੀ ਇਨਕਲੇਵ, ਦੁੱਗਰੀ ਧਾਂਦਰਾ ਰੋਡ ਵਿਖੇ ਖਾਲਸੇ ਦੇ ਸਿਰਜਣਾ ਦਿਵਸ ਦੇ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਗਵਿੰਦਰ ਪਾਲ ਸਿੰਘ ਗੋਲਡੀ ਦੀ ਅਗਵਾਈ ਵਿੱਚ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿਚ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਈਆਂ। ਇਸ ਮੌਕੇ ਭਾਈ ਭੁਪਿੰਦਰ ਸਿੰਘ ਖਾਲਸਾ (ਲੁਧਿਆਣਾ ਵਾਲੇ) , ਅਤੇ ਇਲਾਕਾ ਨਿਵਾਸੀਆਂ ਦੀਆਂ ਇਸਤਰੀ ਸਤਿਸੰਗ ਜੱਥੇ ਨੇ ਰਸਭਿੰਨਾਂ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆਂ ਅਤੇ ਸੰਗਤਾਂ ਨੂੰ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ. ਵਿਸਾਖੀ ਵਾਲੇ ਦਿਨ ਅਨੰਦਪੁਰ ਸਾਹਿਬ ਵਿਖੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਖ਼ਾਲਸਾ ਪੰਥ ਦੀ ਸਾਜਨਾ ਕਰਕੇ ਮਨੁੱਖ ਦੇ ਅੰਦਰਲੇ ਡਰ ਤੇ ਖੌਫ ਨੂੰ ਸਦਾ ਵਾਸਤੇ ਖ਼ਤਮ ਕਰਦਿਆਂ ਰੂਹਾਨੀ ਰਹਿਬਰੀ ਨਾਲ ਨਿਵਾਜਿਆ ਅਤੇ ਕਿਹਾ ਕਿ ਹਰੇਕ ਖ਼ਾਲਸਾ ਜਾਤ-ਪਾਤ ਵਿੱਚ ਭੇਦ-ਭਾਵ ਨਹੀਂ ਰੱਖੇਗਾ ਅਤੇ ਉਹ ਆਪਸ ਵਿੱਚ ਪ੍ਰੇਮ ਭਾਵ ਨਾਲ ਰਹੇਗਾ। ਦੇਸ਼ ਅਤੇ ਧਰਮ ਦੀ ਰੱਖਿਆ ਲਈ ਆਪਣਾ ਸਰਬੰਸ ਵਾਰ ਦੇਣ ਲਈ ਸਦਾ ਤਿਆਰ ਰਹੇਗਾ। ਇਸ ਮੌਕੇ 'ਤੇ ਮੁੱਖ ਸੇਵਾਦਾਰ ਭਗਵਿੰਦਰ ਪਾਲ ਸਿੰਘ ਗੋਲਡੀ ਵਲੋ ਮੁਹੱਲਾ ਨਿਵਾਸੀਆਂ ਅਤੇ ਆਈਆਂ ਪ੍ਰਮੁੱਖ ਸ਼ਖਸੀਅਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ 'ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਨਤਮਸਤਕ ਹੋਣ ਆਈਆਂ ਸੰਗਤਾਂ ਨੂੰ ਖਾਲਸਾ ਸਾਜਣਾ ਦਿਵਸ ਦੀ ਵਧਾਈ ਦਿੱਤੀ । ਇਸ ਮੌਕੇ 'ਤੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਕਰਮਜੀਤ ਸਿੰਘ, ਪਰਮਜੀਤ ਸਿੰਘ ਬੇਦੀ , ਦਲਜੀਤ ਸਿੰਘ, ਕੁਲਦੀਪ ਸਿੰਘ, ਸੰਤੋਖ ਸਿੰਘ, ਬਲਜਿੰਦਰ ਸਿੰਘ, ਪ੍ਰਿਤਪਾਲ ਸਿੰਘ, ਜਗਪ੍ਰੀਤ ਸਿੰਘ, ਹਰਭਜਨ ਕੌਰ, ਸਤਵੀਰ ਕੌਰ ਬੇਦੀ, ਗੁਰਮੀਤ ਕੌਰ, ਸੁਖਵਿੰਦਰ ਕੌਰ, ਬਲਵਿੰਦਰ ਕੌਰ, ਰਜਨੀ, ਕਮਲਜੀਤ ਕੌਰ, ਮਨਜਿੰਦਰ ਕੌਰ, ਬਲਬੀਰ ਕੌਰ,ਪਰਮਜੀਤ ਕੌਰ, ਹਰਬੀਰ ਕੌਰ, ਮਨਜੀਤ ਕੌਰ,ਸਰੋਜ ਬਾਲਾ, ਗੁਰਪ੍ਰੀਤ ਕੌਰ ਤੇ ਹੋਰ ਵੀ ਸ਼ਾਮਲ ਸਨ।

# ਡਾ. ਅੰਬੇਡਕਰ ਦੇ ਵਿਚਾਰ ਹਮੇਸ਼ਾ ਲਈ ਸਾਡੇ ਰਾਹ ਦਸੇਰਾ : ਪਵਨ ਦੀਵਾਨ



ਲੁਧਿਆਣਾ, 14 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਕਾਂਗਰਸ ਪਾਰਟੀ ਵੱਲੋਂ ਲੁਧਿਆਣਾ ਸ਼ਹਿਰੀ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਸਰਾਭਾ ਨਗਰ ਵਿਖੇ ਸੰਵਿਧਾਨ ਨਿਰਮਾਤਾ ਡਾ. ਬੀ.ਆਰ ਅੰਬੇਡਕਰ ਜੀ ਦਾ ਜਨਮ ਦਿਹਾੜਾ ਸ਼ਰਧਾ ਦੇ ਫੁੱਲ ਭੇਂਟ ਕਰਕੇ ਮਨਾਇਆ ਗਿਆ। ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਉਹਨਾਂ ਦੀ ਤਸਵੀਰ ਨੂੰ ਫੁੱਲ ਭੇਂਟ ਕੀਤੇ ਗਏ ਅਤੇ ਡਾ. ਅੰਬੇਡਕਰ ਜੀ ਦੇ ਵਿਚਾਰਾਂ ਨੂੰ ਯਾਦ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ, ਦੀਵਾਨ ਨੇ ਕਿਹਾ ਕਿ ਡਾ. ਅੰਬੇਡਕਰ ਜੀ ਦੇ ਵਿਚਾਰ ਅੱਜ ਦੇ ਸਮੇਂ ਵਿੱਚ ਹੋਰ ਵੀ ਮਹੱਤਵਪੂਰਨ ਬਣ ਗਏ ਹਨ, ਜਦੋਂ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਆਪਣੇ ਹੱਕਾਂ ਦੀ ਖਾਤਿਰ ਲੜਨਾ ਪੈ ਰਿਹਾ ਹੈ। ਉਹਨਾਂ ਨੇ ਕਿਹਾ ਕਿ ਡਾ. ਅੰਬੇਡਕਰ ਜੀ ਨੇ ਦੇਸ਼ ਨੂੰ ਇੱਕ ਮਹਾਨ ਅਤੇ ਮਜਬੂਤ ਸੰਵਿਧਾਨ ਦਿੱਤਾ ਸੀ, ਲੇਕਿਨ ਮੌਜੂਦਾ ਸਰਕਾਰ ਉਸ ਸੰਵਿਧਾਨ ਨੂੰ ਕਮਜ਼ੋਰ ਕਰਨ ਲਈ ਆਏ ਦਿਨ ਕੋਸ਼ਿਸ਼ਾਂ ਕਰਦੀ ਰਹਿੰਦੀ ਹੈ। ਦੀਵਾਨ ਨੇ ਜ਼ੋਰ ਦਿੰਦਿਆਂ, ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਤੋਂ ਸਮਾਜ ਦੇ ਲੋੜਵੰਦ ਅਤੇ ਪਿਛੜੇ ਵਰਗਾਂ ਦੇ ਹੱਕਾਂ ਦੀ ਖਾਤਿਰ ਲੜਦੀ ਰਹੀ ਹੈ। ਡਾ. ਅੰਬੇਡਕਰ ਜੀ ਦੇ ਵਿਚਾਰ ਨਾ ਸਿਰਫ ਅੱਜ, ਬਲਕਿ ਆਉਣ ਵਾਲੇ ਸਮੇਂ ਵਿੱਚ ਵੀ ਸਾਨੂੰ ਰਾਹ ਦਿਖਾਉਂਦੇ ਰਹਿਣਗੇ।ਇਸ ਮੌਕੇ ਇੰਦਰਜੀਤ ਕਪੂਰ, ਜਸਵਿੰਦਰ ਸਿੰਘ ਓਸਾਹਨ, ਗੁਰਨਾਮ ਸਿੰਘ ਕਲੇਰ, ਗਗਨਦੀਪ ਬਾਵਾ, ਹੇਮੰਤ ਮਹਾਜਨ, ਨਿਰਭੈ ਸਿੰਘ ਰੰਗੂਵਾਲ, ਵਰੁਣ ਸ਼ਰਮਾ, ਨਿਵੇਸ਼ ਵਾਸਨ ਅਤੇ ਸ਼ਿਵ ਓਸਾਹਨ ਆਦਿ ਵੀ ਮੌਜੂਦ ਰਹੇ।

# ਯੂਨੀਵਰਸਲ ਪ੍ਰੈਸ ਕਲੱਬ (ਰਜਿ:) ਵੱਲੋਂ ਬਾਬਾ ਸਾਹਿਬ ਦਾ ਜਨਮ ਦਿਹਾੜਾ ਮਨਾਇਆ



ਲੁਧਿਆਣਾ, 14 ਅਪ੍ਰੈਲ, (ਵਿਸ਼ਾਲ ਸ਼ਰਮਾ): ਅੱਜ ਲੁਧਿਆਣਾ ਦੇ ਯੂਨੀਵਰਸਲ ਪ੍ਰੈਸ ਕਲੱਬ (ਰਜਿ:) ਵੱਲੋਂ ਲੁਧਿਆਣਾਦੇ ਜਲੰਧਰ ਬਾਈਪਾਸ ਚੌਂਕ ਵਿਖੇ ਪ੍ਰੈਸ ਕਲੱਬ ਦੇ ਚੇਅਰਮੈਨ ਡੀ.ਪੀ ਖੋਸਲਾ ਜੀ ਦੀ ਸਰਪ੍ਰਸਤੀ ਹੇਠ ਡਾ. ਬੀ.ਆਰ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਲੁਧਿਆਣਾ ਸ਼ਹਿਰ ਦੇ ਪ੍ਰਿੰਟ ਅਤੇ ਇਲੈਕਟਰੋਨਿਕ ਮੀਡੀਆ ਨਾਲ ਸੰਬੰਧਿਤ ਪੱਤਰਕਾਰਾਂ ਅਤੇ ਫੋਟੋਗ੍ਰਾਫਰਾਂ ਨੇ ਸ਼ਿਰਕਤ ਕੀਤੀ ਕਲੱਬ ਦੇ ਪ੍ਰਧਾਨ ਅਤੇ ਅਹੁਦੇਦਾਰਾਂ ਨੇ ਡਾ. ਬੀ.ਆਰ ਅੰਬੇਡਕਰ ਜੀ ਦੇ ਬੁੱਤ 'ਤੇ ਫੁੱਲਾਂ ਦੇ ਹਾਰ ਪਾ ਕੇ ਉਹਨਾਂ ਦੇ 135ਵੇਂ ਜਨਮਦਿਨ ਨੂੰ ਬੜੀ ਧੂਮ ਧਾਮ ਨਾਲ ਮਨਾਇਆ। ਇਸ ਮੌਕੇ ਸੋਨੂ ਕਲਿਆਣ ਨੇ ਅਸੀਂ ਕੌਮ ਦੇ ਬੱਚਿਆਂ ਨੂੰ ਇਤਿਹਾਸ ਪੜ੍ਹਾਵਾਂਗੇ ਜੋ ਬਾਬਾ ਸਾਹਿਬ ਨੇ ਦੱਸਿਆ ਉਹਨਾਂ ਰਾਹਵਾਂ 'ਤੇ ਜਾਵਾਂਗੇ ਗੀਤ ਸੁਣਾ ਕੇ ਖੂਬ ਰੰਗ ਬੰਨ੍ਹਿਆ ਯੂਨੀਵਰਸਲ ਪ੍ਰੈਸ ਕਲੱਬ ਦੇ ਚੇਅਰਮੈਨ ਡੀ.ਪੀ ਖੋਸਲਾ ਨੇ ਡਾ. ਬੀ.ਆਰ ਅੰਬੇਡਕਰ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਉਹਨਾਂ ਦੀ ਸੋਚ 'ਤੇ ਪਹਿਰਾ ਦੇਣ ਲਈ ਪ੍ਰੇਰਿਤ ਕੀਤਾ। ਅੱਜ ਦੇ ਇਸ ਸ਼ੁਭ ਮੌਕੇ 'ਤੇ ਯੂਨੀਵਰਸਲ ਪ੍ਰੈਸ ਕਲੱਬ ਦੇ ਪ੍ਰਧਾਨ ਵਿਸ਼ਾਲ ਸ਼ਰਮਾ, ਜਰਨਲ ਸਕੱਤਰ ਕਰਨੈਲ ਸਿੰਘ ਐਮ.ਏ, ਮੈਡਮ ਸੰਦੀਪ ਸ਼ਰਮਾ ਫਾਊਂਡਰ ਜਨਰਲ ਸਕੱਤਰ, ਬਲਜੀਤ ਸਿੰਘ ਲਾਟੀ ਪ੍ਰੋਪੋਗੈਂਡਾ ਸਕੱਤਰ, ਅਰਜੁਨ ਸਿੰਘ ਐਗਜੀਕਟਿਵ ਮੈਂਬਰ, ਸ਼ੰਕਰ ਚੌਧਰੀ ਪੀ.ਆਰ.ਓ, ਵਰਿੰਦਰ ਕੁੰਦਰਾ, ਉਪ ਪ੍ਰਧਾਨ ਸਚਿਨ ਬਹਿਲ, ਸਕੱਤਰ ਨਰੇਸ਼ ਹੰਸ, ਵਰਿੰਦਰ ਕੁੰਦਰਾ, ਕੁਲਦੀਪ ਕੌਰ, ਅਮਰੀਕ ਸਿੰਘ, ਰਾਜ ਕੁਮਾਰ, ਵਿਜੇ ਧਵਨ, ਕਪਿਲ ਸ਼ਰਮਾ ਆਦਿ ਮੌਜੂਦ ਸਨ।

# ਮੰਤਰੀ ਅਰੋੜਾ ਨੇ ਅਟੱਲ ਅਪਾਰਟਮੈਂਟਸ ਡਰਾਅ ਪ੍ਰਕਿਰਿਆ ਦੀ ਖ਼ੁਦ ਨਿਗਰਾਨੀ ਕੀਤੀ



ਲੁਧਿਆਣਾ, 14 ਅਪ੍ਰੈਲ (ਵਿਸ਼ਾਲ ਸ਼ਰਮਾ) : ਪਾਰਦਰਸ਼ੀ ਸ਼ਾਸਨ ਅਤੇ ਨਾਗਰਿਕ-ਕੇਂਦ੍ਰਿਤ ਸ਼ਹਿਰੀ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਜਨਤਾ ਦੀ ਜ਼ੋਰਦਾਰ ਮੰਗ ਦੇ ਜਵਾਬ ਵਿੱਚ ਨਗਰ ਸੁਧਾਰ ਟਰੱਸਟ, ਲੁਧਿਆਣਾ ਦੁਆਰਾ ਅਟੱਲ ਅਪਾਰਟਮੈਂਟਸ ਲਈ ਫਲੈਟ ਡਰਾਅ ਦੀ ਨਿਗਰਾਨੀ ਕੀਤੀ। ਇਸ ਮੌਕੇ ਮੰਤਰੀ ਅਰੋੜਾ ਨੇ ਡਾ. ਬੀ.ਆਰ. ਅੰਬੇਡਕਰ ਨੂੰ ਉਨ੍ਹਾਂ ਦੀ 135ਵੀਂ ਜਨਮ ਵਰ੍ਹੇਗੰਢ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸੰਜੀਵ ਅਰੋੜਾ ਨੇ ਕਿਹਾ ਕਿ ਇਸ ਯੋਜਨਾ ਨੇ ਪਹਿਲਾਂ ਹੀ ਪ੍ਰੀਮੀਅਮ ਮੁੱਲ ਪ੍ਰਾਪਤ ਕਰ ਲਿਆ ਹੈ ਅਤੇ ਉਪਲਬਧ ਫਲੈਟਾਂ ਦੀ ਗਿਣਤੀ ਨਾਲੋਂ ਲੱਗਭੱਗ ਦਸ ਗੁਣਾ ਜ਼ਿਆਦਾ ਅਰਜ਼ੀਆਂ ਦੇ ਨਾਲ, ਜਨਤਕ ਹੁੰਗਾਰਾ ਪ੍ਰਾਪਤ ਕੀਤਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੂਰੀ ਡਰਾਅ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਕੀਤੀ ਜਾ ਰਹੀ ਹੈ। ਬਿਨੈਕਾਰਾਂ ਨੂੰ ਇਸ ਪ੍ਰਕਿਰਿਆ ਨੂੰ ਦੇਖਣ ਲਈ ਸੱਦਾ ਦਿੱਤਾ ਗਿਆ ਹੈ।

ਨਗਰ ਸੁਧਾਰ ਟਰੱਸਟ ਲੁਧਿਆਣਾ ਦੇ ਚੇਅਰਮੈਨ ਤਰਸੇਮ ਸਿੰਘ ਭਿੰਡਰ ਨੇ ਕਿਹਾ ਕਿ ਇਸ ਪਹਿਲਕਦਮੀ ਨੂੰ ਆਮ ਲੋਕਾਂ ਵੱਲੋਂ ਉਤਸ਼ਾਹਜਨਕ ਹੁੰਗਾਰਾ ਮਿਲਿਆ ਹੈ, ਜਿਨ੍ਹਾਂ ਨੇ ਅਰਜ਼ੀ ਜਮ੍ਹਾਂ ਕਰਵਾਉਣ ਤੋਂ ਲੈ ਕੇ ਡਰਾਅ ਨਿਕਲਣ ਤੱਕ ਦੀ ਪੂਰੀ ਪ੍ਰਕਿਰਿਆ ਦੇ ਪਾਰਦਰਸ਼ੀ ਅਤੇ ਕੁਸ਼ਲਤਾ ਨਾਲ ਮੁਕੰਮਲ ਹੋਣ ਦੀ ਸ਼ਲਾਘਾ ਕੀਤੀ ਹੈ।

ਫਲੈਟਾਂ ਦੇ ਡਰਾਅ ਜ਼ਿਲ੍ਹਾ ਪ੍ਰਧਾਨ ਜਤਿੰਦਰ ਖੰਗੂੜਾ, ਮਨੂ ਜੈਰਥ, ਪਰਮਿੰਦਰ ਸਿੰਘ ਸੰਧੂ, ਅਮਨਦੀਪ ਸਿੰਘ ਭੱਠਲ ਟਰੱਸਟੀ, ਸੰਦੀਪ ਮਿਸ਼ਰਾ ਦੀ ਮੌਜੂਦਗੀ ਵਿੱਚ ਕੱਢਿਆ ਗਿਆ ਅਤੇ ਬਲਬੀਰ ਚੌਧਰੀ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ), ਲੁਧਿਆਣਾ ਦੇ ਪ੍ਰਤੀਨਿਧੀ, ਨਗਰ ਸੁਧਾਰ ਟਰੱਸਟ ਦੇ ਅਧਿਕਾਰੀ ਅਤੇ ਸਟਾਫ਼ ਵੀ ਮੌਜੂਦ ਸੀ।

# ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਜਲੰਧਰ ਤੋਂ 5 ਲੋਕ ਸਭਾ ਮੈਂਬਰ ਤੇ ਸਾਬਕਾ ਮੁੱਖ ਮੰਤਰੀ ਨੂੰ ਦਿੱਤਾ ਮੰਗ ਪੱਤਰ

## ਲਾਜ਼ਮੀ ਟੈੱਟ ਵਿਰੁੱਧ ਅਧਿਆਪਕਾਂ ਦੀਆਂ ਸੇਵਾਵਾਂ ਸੁਰੱਖਿਅਤ ਕਰਨ



ਫਿਲੌਰ, 14 ਅਪ੍ਰੈਲ (ਅਜੇ ਸਿੰਘ ਨਾਗੀ): ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਸੱਦੇ 'ਤੇ ਜ਼ਿਲ੍ਹਾ ਜਲੰਧਰ ਦੇ ਅਧਿਆਪਕਾਂ ਦੇ ਵਫਦ ਵੱਲੋਂ ਲੋਕ ਸਭਾ ਮੈਂਬਰ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਦੀ ਅਗਵਾਈ ਸੁਰਿੰਦਰ ਕੁਮਾਰ ਪੁਆਰੀ ਅਤੇ ਕਰਨੈਲ ਫਿਲੌਰ ਨੇ ਕੀਤੀ। ਇਸ ਸਮੇਂ ਮੰਗ ਪੱਤਰ ਵਿੱਚ ਦਰਜ ਮੰਗਾਂ ਸਬੰਧੀ ਚਰਨਜੀਤ ਸਿੰਘ ਚੰਨੀ ਨਾਲ਼ ਵਿਸਥਾਰ ਵਿੱਚ ਗੱਲ ਕੀਤੀ ਗਈ। ਇਸ ਸਮੇਂ ਆਗੂਆਂ ਨੇ ਮੰਗ ਕੀਤੀ ਕਿ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਰਾਜ ਸਭਾ ਵਿੱਚ ਸੰਸਦ ਮੈਂਬਰ ਜੋਹਨ ਬਿਰਟਾਸ (ਸੀ ਪੀ ਆਈ ਐੱਮ) ਕੇਰਲਾ ਵੱਲੋਂ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਪੇਸ਼ ਕੀਤੇ ਪ੍ਰਾਈਵੇਟ ਬਿੱਲ ਨੂੰ ਤਰੁੰਤ ਪਾਸ ਕਰਾਉਣ ਵਿਚ ਸਹਿਯੋਗ ਕੀਤਾ ਜਾਵੇ। ਇਸ ਸਮੇਂ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਆਗੂਆਂ ਨੂੰ ਯਕੀਨ ਦੁਆਇਆ ਕਿ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਇਸ ਬਿੱਲ ਨੂੰ ਪਾਸ ਕਰਾਉਣ ਲਈ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਜਾਵੇਗਾ। ਪੁਰਾਣੀ ਪੈਨਸ਼ਨ ਸਕੀਮ ਤੇ ਓਹਨਾਂ ਕਿਹਾ ਹੈ ਕਿ ਜਿੱਥੇ ਜਿੱਥੇ ਵੀ ਕਾਂਗਰਸ ਦੀਆਂ ਸਰਕਾਰਾਂ ਹਨ ਉੱਥੇ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾ ਰਹੀ ਹੈ, ਜਿਸ ਦੀ ਉਦਾਹਰਣ ਰਾਜਸਥਾਨ ਤੇ ਹਿਮਾਚਲ ਹਨ, ਓਹਨਾਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਚੋਣ ਪੱਤਰ ਵਿੱਚ ਪੁਰਾਣੀ ਪੈਨਸ਼ਨ ਸਕੀਮ ਨੂੰ ਸ਼ਾਮਲ ਕੀਤਾ ਜਾਵੇਗਾ ਤੇ ਸਰਕਾਰ ਬਣਨ ਤੇ ਲਾਗੂ ਵੀ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ ਜਿਹਨਾਂ ਵਿਚ ਜਸਪਾਲ ਸੰਧੂ, ਲੇਖ ਰਾਜ ਪੰਜਾਬੀ, ਬੂਟਾ ਰਾਮ ਅਕਲਪੁਰ, ਕੁਲਵੰਤ ਰੁੜਕਾ, ਬਖਸ਼ੀ ਰਾਮ, ਰਾਜਿੰਦਰ ਕੰਗ, ਹਰੀਸ਼ ਕੁਮਾਰ ਔਜਲਾ, ਸੰਦੀਪ ਕੁਮਾਰ, ਰਣਜੀਤ ਸਿੰਘ, ਸਰਬਜੀਤ ਢੇਸੀ, ਰੂਪੇਸ਼ਨਾਰ, ਕਰਨੈਲ ਮਹਲਾਂ, ਗੁਰਚਰਨ ਪਰਤਬਪੁਰਾ, ਵਿਸ਼ਾਲ ਸੈਣੀ, ਵਿਕਾਸ ਸੈਣੀ, ਦੀਪਕ ਕੁਮਾਰ, ਜਗਸੀਰ ਫ਼ਿਲੌਰ, ਪ੍ਰੇਮ ਪਾਲ, ਭੋਲਾ ਨਾਥ ਆਦਿ ਹਾਜ਼ਰ ਸਨ।

# ਗੁਰਦਆਰਾ ਸਾਹਿਬ ਹਾਊਸਿੰਗ ਬੋਰਡ ਕਲੋਨੀ ਵਿਖੇ ਖ਼ਾਲਸਾ ਸਾਜਨਾ ਦਿਵਸ ਮਨਾਇਆ



ਲੁਧਿਆਣਾ, 14 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਗਰਦਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਤਿਸੰਗ ਸਭਾ ਹਾਊਸਿੰਗ ਬੋਰਡ ਕਲੋਨੀ ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿੱਖੇ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦਾ ਦਿਹਾੜਾ ਬੜੀ ਹੀ ਸਰਧਾ ਸਤਿਕਾਰ ਸਹਿਤ ਮਨਾਇਆ ਗਿਆ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਸਮਾਪਤੀ ਉਪਰੰਤ ਦੀਵਾਨ ਸਜਾਏ ਗਏ ਇਸ ਸਮੇ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਭਾਈ ਸਾਹਿਬ ਭਾਈ ਕੁਲਦੀਪ ਸਿੰਘ ਚੋਹਲਾ ਸਾਹਿਬ, ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਭਾਈ ਗੁਰਦੇਵ ਸਿੰਘ ਹਜੂਰੀ ਰਾਗੀ , ਭਾਈ ਕੁਲਦੀਪ ਸਿੰਘ, ਭਾਈ ਬੁਲੰਦਪ੍ਰੀਤ ਸਿੰਘ ਲੁਧਿਆਣਾ ਵਾਲੇ, ਬੀਬੀ ਕੁਲਦੀਪ ਕੌਰ ਭਾਟੀਆ, ਇਸਤਰੀ ਸਤਿਸੰਗ ਸਭਾ ਦੀਆ ਬੀਬੀਆ ਦੇ ਜਥੇ , ਗੁਰਦੁਆਰਾ ਸਾਹਿਬ ਜੀ ਦੇ ਸਬਦੀ ਜਥੇ ਵੱਲੋ ਸੰਗਤਾ ਕੀਰਤਨ ਰਾਹੀ ਗੁਰ ਸਬਦ ਨਾਲ ਜੋੜਿਆ। ਉਪਰੰਤ ਭਾਈ ਅਵਤਾਰ ਸਿੰਘ ਨੇ ਸੰਗਤਾਂ ਨੂੰ ਅਰਦਾਸ ਨਾਲ ਜੋੜਿਆ ਭਾਈ ਮਨਜੀਤ ਸਿੰਘ ਜੀ ਸੰਗਤਾਂ ਨੂੰ ਹੁਕਮਨਾਮਾ ਸਰਵਣ ਕਰਾਇਆ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਿਆ। ਗੁਰਦਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਨਛੱਤਰ ਸਿੰਘ ਸਿੱਧੂ , ਨਵੀਂ ਚੁਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੁੱਖ ਸੇਵਾਦਾਰ ਗੁਰਦੀਪ ਸਿੰਘ ਲੀਲ ਅਤੇ ਜਨਰਲ ਸਕੱਤਰ ਗੁਰਦੀਪ ਸਿੰਘ ਘੁਮਾਣ ਨੇ ਸੰਗਤਾ ਜੀ ਆਇਆਂ ਕਿਹਾ ਤੇ ਖਾਲਸਾ ਸਾਜਨਾ ਦਿਵਸ ਦੀ ਸੰਗਤਾ ਨੂੰ ਵਧਾਈ ਦਿੱਤੀ। ਇਸ ਮੌਕੇ ਡਾ ਮਹਿੰਦਰ ਸਿੰਘ, ਜਥੇਦਾਰ ਚਰਨ ਸਿੰਘ, ਗੁਰਮੀਤ ਸਿੰਘ ਕੋਚਰ , ਮਾਸਟਰ ਬਲਰਾਜ ਸਿੰਘ, ਸਰਦੂਲ ਸਿੰਘ, ਕੁਲਵਿੰਦਰ ਸਿੰਘ ਯੂਐਸ ਏ , ਬੂਟਾ ਸਿੰਘ , ਜਗਦੀਪ ਸਿੰਘ ਭੱਠਲ, ਹਰਬੰਸ ਸਿੰਘ ਧਾਲੀਵਾਲ, ਗੁਰਦੇਵ ਸਿੰਘ , ਕਮਲਜੀਤ ਸਿੰਘ , ਬਲਵੀਰ ਸਿੰਘ ਗਰੇਵਾਲ, ਬਲਜੀਤ ਸਿੰਘ ਬਬਲੂ , ਹਰਮੰਦਰ ਸਿੰਘ ਸੇਠੀ ,ਅਮਨਦੀਪ ਸਿੰਘ ਭੱਠਲ, ਮਨਮੋਹਣ ਸਿੰਘ ਮਨੀ, ਕਾਕਾ ਕੁਲਜੀਤ ਸਿੰਘ, ਰੁਪਿੰਦਰਪਾਲ ਸਿੰਘ, ਜਗਦੀਸ ਸਿੰਘ ਬਿੱਟੂ, ਡਾ ਗੁਰਦੀਪ ਸਿੰਘ ਧਵਨ,ਅਮਨਦੀਪ ਸਿੰਘ ਸੱਪਲ, ਸੰਦੀਪ ਸਿੰਘ, ਭਗਤ ਸਿੰਘ, ਪੂਰਨ ਸਿੰਘ ਬੇਦੀ, ਰਘਬੀਰ ਸਿੰਘ, ਜਗਤਾਰ ਸਿੰਘ ਐਤੀਆਣਾ , ਕੁਲਦੀਪ ਸਿੰਘ ਖਾਲਸਾ, ਹਰਜਿੰਦਰ ਸਿੰਘ , ਭਾਟੀਆ ਕਲੱਬ ਇਨਕਲੇਵ, ਡਾ ਦਰਸ਼ਨ ਸਿੰਘ, ਦਵਿੰਦਰ ਸਿੰਘ ਟੀਟੂ ਆਦਿ ਨੇ ਵੀ ਗੁਰੂ ਘਰ ਹਾਜ਼ਰੀ ਭਰੀ।




# "ਵਾਹੁ-ਵਾਹੁ ਗੋਬਿੰਦ ਸਿੰਘ ਆਪੇ ਗੁਰੂ ਚੇਲਾ"



**ਸਿੱਖ ਧਰਮ ਕੋਈ ਜਾਤ ਨਹੀਂ ਬਲਕਿ ਅਜਿਹਾ ਸੱਚਾ ਸੁੱਚਾ ਮਿਸ਼ਨ ਹੈ ਜੋ ਨਿਮਾਣਿਆਂ ਨੂੰ ਮਾਣ ਅਤੇ ਨਿਤਾਣਿਆਂ ਨੂੰ ਤਾਣ ਬਖਸ਼ਦਾ ਹੈ। ਇਸ ਕਰਕੇ ਖਾਲਸਾ ਸਰੂਪ (ਸਿੱਖੀ ਸਰੂਪ) ਦੀ ਸਾਜਨਾ ਦੀ ਗਾਥਾ ਇੰਨੀ ਅਦਭੁੱਤ ਹੈ ਕਿ ਇਸ ਦਾ ਬਦਲ ਕਿਤੇ ਹੋਰ ਨਹੀਂ ਮਿਲਦਾ। ਬੇਸ਼ਕ ਇਸ ਤੋਂ ਪਹਿਲਾਂ ਪ੍ਰਚਲਤ ਹੋਰ ਧਰਮਾਂ ਨੇ ਆਪਣੀਆਂ ਕੌਮਾਂ ਨੂੰ ਭੁਗੋਲਿਕ ਹੱਦਾਂ ਵਿਚ ਹੀ ਕੈਦ ਕਰੀ ਰਖਿਆ ਪਰ ਖਾਲਸਾ ਪੰਥ ਸਿਰਜਣਾ ਦਾ ਵਿਚਾਰ ਸਰਵਉਚ ਸੀ ਜਿਸ ਦਾ ਜਨਮ ਦਿਹਾੜਾ 1699 ਦੀ ਵਿਸਾਖੀ ਹੈ। ਦਸ਼ਮੇਸ਼ ਗੁਰੂ ਜੀ ਨੇ ਵੱਖ ਵੱਖ ਧਰਮਾਂ ਤੇ ਜਾਤਾਂ ਵਿਚੋਂ ਨਿਤਰੇ ਸਿੱਖਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਇਕੋ ਹੀ ਬਾਟੇ ਵਿੱਚ ਛਕਾ ਕੇ ਜਿਵੇਂ ਖਾਲਸਾ ਪੰਥ ਅਤੇ ਪੰਜ ਪਿਆਰਿਆਂ ਦੀ ਸਿਰਜਣਾ ਕੀਤੀ**

ਸਰੋਕਾਰ

ਦਲਬੀਰ ਸਿੰਘ ਧਾਲੀਵਾਲ
86993-22704

ਵੇਖਿਆ ਜਾਵੇ ਤਾਂ ਵਿਸਾਖੀ ਨਾਮ ਵੈਸਾਖ ਤੋਂ ਬਣਿਆ ਹੈ ਜੋ ਗਿਣਤੀ ਪੱਖੋਂ ਦੇਸੀ ਮਹੀਨਿਆਂ ਵਿੱਚ ਚੇਤ ਤੋਂ ਦੂਜੇ ਨੰਬਰ ਤੇ ਆਉਂਦਾ ਹੈ। ਸਾਡੇ ਕਿਸਾਨ ਇਸ ਮਹੀਨੇ ਹਾੜ੍ਹੀ ਦੀ ਫਸਲ ਨੂੰ ਵੱਢਣ ਅਤੇ ਘਰ ਆਉਣ ਦੀ ਉਡੀਕ ਵਿੱਚ ਬੜੇ ਉਤਾਵਲੇ ਹੁੰਦੇ ਹਨ। ਇਸ ਲਈ ਵਿਸਾਖੀ ਪੰਜਾਬ ਅਤੇ ਆਸ ਪਾਸ ਦੇ ਸੂਬਿਆਂ ਦਾ ਸਭ ਤੋਂ ਵੱਡਾ ਤਿਉਹਾਰ ਹੈ। ਮਹਾਨ ਕਵੀ ਧਨੀ ਰਾਮ ਚਾਤ੍ਰਿਕ ਜੀ ਨੇ ਕਿਹਾ ਹੈ ਕਿ "ਪੱਕੀ ਖੇਤੀ ਵੇਖ ਕੇ ਗਰਵ ਕਰੇ ਕਿਰਸਾਨ। ਵਾਉ, ਛੱਖੜ, ਝੌਲਿਓਂ, ਗੜਿਓਂ, ਅਹਣੋਂ (ਟਿੱਡੀ ਦਲ), ਕੁੰਗੀਓਂ ਘਰ ਆਏ ਤਾਂ ਜਾਣ"। ਇਹ ਵੀ ਖਾਸ ਜ਼ਿਕਰਯੋਗ ਹੈ ਕਿ ਵਿਸਾਖੀ ਦਾ ਸਿੱਖ ਇਤਿਹਾਸ ਨਾਲ ਬਹੁਤ ਗੂੜ੍ਹਾ ਸਬੰਧ ਹੈ ਕਿਉਂਕਿ ਇਸੇ ਦਿਨ ਹੀ ਖਾਲਸਾ ਪੰਥ ਦੀ ਸਾਜਨਾ ਹੋਈ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਤੁਖਾਰੀ ਰਾਗ ਵਿੱਚ ਉਚਾਰਣ ਕੀਤੇ ਬਾਰਹ ਮਾਹਾਂ ਤੋਂ ਇਲਾਵਾ ਪੰਜਵੀਂ ਪਾਤਸ਼ਾਹੀ ਸ੍ਰੀ ਗਰੂ ਅਰਜਨ ਦੇਵ ਜੀ ਦੇ ਮੁਖਾਰਬਿੰਦ ਚੋਂ ਨਿਕਲਿਆ ਹੋਇਆ ਇੱਕ ਹੋਰ ਬਾਰਹ ਮਾਹ ਵੀ ਦਰਜ ਹੈ ਜੋ ਫਰਮਾਨ ਇੰਜ ਹੈ : " ਵੈਸਾਖ ਧੀਰਨਿ ਕਿਉ ਵਾਢੀਆਂ ਜਿਨ੍ਹਾ ਪ੍ਰੇਮ ਬਿਛੋਹ ॥ ਹਰਿ ਸਜਨ ਪੁਰਖ ਵਿਸਾਰਿ ਕੇ ਲਗੀ ਮਾਇਆ ਧੋਹੁ ॥

ਕੁੱਝ ਸਿੱਖ ਇਤਿਹਾਸਕਾਰਾਂ ਦਾ ਮਤ ਇਹ ਵੀ ਹੈ ਕਿ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਅਵਤਾਰ ਪੁਰਬ ਦੇਸੀ ਮਹੀਨੇ ਵੈਸਾਖ ਵਿੱਚ ਹੀ ਹੋਇਆ ਸੀ ਅਤੇ ਤੀਜੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦੇ ਸਮੇਂ ਵੀ ਸਿੱਖਾਂ ਵਿੱਚ 3 ਅਜਿਹੇ ਦਿਵਸ ਮਨਾਏ ਜਾਂਦੇ ਸਨ ਜਦੋਂ ਨਾਨਕ ਨਾਮ ਲੇਵਾ ਸੰਗਤਾਂ ਦੇ ਵਿਸ਼ਾਲ ਇੱਕਠ ਹੋਇਆ ਕਰਦੇ ਸਨ ਜਿਵੇਂ ਕਿ ਵੈਸਾਖੀ, ਦਿਵਾਲੀ ਅਤੇ ਮਾਘੀ। ਇਤਿਹਾਸਕ ਪੱਖਾਂ ਤੋਂ ਵਾਚਿਆ ਜਾਵੇ ਤਾਂ ਇਸ ਮਹੀਨੇ 12 ਅਪ੍ਰੈਲ ਸੰਨ 1801 ਨੂੰ ਮਹਾਰਾਜਾ ਰਣਜੀਤ ਸਿੰਘ ਨੂੰ ਤਖਤ ਦਾ ਮਾਲਕ ਐਲਾਨਿਆ ਗਿਆ ਸੀ ਅਤੇ ਅਗਲੇ ਦਿਨ 13 ਅਪ੍ਰੈਲ ਨੂੰ ਵਿਸਾਖੀ ਨੂੰ ਇਸ ਮਹਾਰਾਜੇ ਦੇ ਸਿੱਖ ਜਰਨੈਲ ਨੂੰ ਤਖਤ ਤੇ ਬਿਠਾਇਆ ਗਿਆ ਸੀ। ਗੁਰੂ ਨਾਨਕ ਪਾਤਸ਼ਾਹ ਜੀ ਦੇ ਵਸ਼ੰਜ ਬਾਬਾ ਸਾਹਿਬ ਸਿੰਘ ਬੇਦੀ ਜੀ ਨੇ ਮਹਾਰਾਜੇ ਦਾ ਰਾਜ ਤਿਲਕ ਕੀਤਾ ਸੀ। 13 ਅਪ੍ਰੈਲ ਵਿਸਾਖੀ ਨੂੰ ਹੀ ਪੰਜਾਬ ਅਤੇ ਭਾਰਤ ਦੇ ਇਤਿਾਸ ਵਿੱਚ ਇੱਕ ਜਾਲਮਾਨਾ ਕਾਂਡ ਵਾਪਰਿਆ ਸੀ ਜਿਸ ਵਿੱਚ ਅੰਗਰੇਜ਼ ਹਾਕਮਾਂ ਦੇ ਜ਼ੁਲਮੁ-ਸਿਤਮ ਦੀ ਇੰਤਿਆਹ ਹੋਈ ਸੀ ਜਿਸ ਦਿਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਜਲ੍ਹਿਆਂ ਵਾਲਾ ਬਾਗ ਵਿੱਚ ਇੱਕਠੇ ਹੋਏ ਨਿਹੱਥੇ ਤੇ ਨਿਰਦੋਸ਼ ਦੇਸ਼ ਭਗਤਾਂ ਨੂੰ ਚਾਰੋਂ ਪਾਸਿਓ ਘੇਰ ਕੇ ਅੰਗਰੇਜ਼ ਅਫ਼ਸਰ ਮਾਈਕਲ ਓਡਵਾਇਰ ਨੇ ਅੰਨ੍ਹੇ ਵਾਹ ਗੋਲੀਆਂ ਚਲਵਾਈਆਂ ਸਨ ਜਿਸ ਵਿੱਚ ਹਜ਼ਾਰਾਂ ਲੋਕ ਸ਼ਹੀਦ ਹੋ ਗਏ ਸਨ। ਹੁਣ ਇਹ ਵੀ ਵਿਸ਼ੇਸ਼ ਜ਼ਿਕਰਯੋਗ ਹੈ ਕਿ ਸਿੱਖ ਧਰਮ ਕੋਈ ਜਾਤ ਨਹੀਂ ਬਲਕਿ ਅਜਿਹਾ ਸੱਚਾ ਸੁੱਚਾ ਮਿਸ਼ਨ ਹੈ ਜੋ ਨਿਮਾਣਿਆਂ ਨੂੰ ਮਾਣ ਅਤੇ ਨਿਤਾਣਿਆਂ ਨੂੰ ਤਾਣ ਬਖਸ਼ਦਾ ਹੈ। ਇਸ ਕਰਕੇ ਖਾਲਸਾ ਸਰੂਪ (ਸਿੱਖੀ ਸਰੂਪ) ਦੀ ਸਾਜਨਾ ਦੀ ਗਾਥਾ ਇੰਨੀ ਅਦਭੁੱਤ ਹੈ ਕਿ ਇਸ ਦਾ ਬਦਲ ਕਿਤੇ ਹੋਰ ਨਹੀਂ ਮਿਲਦਾ।

ਬੇਸ਼ਕ ਇਸ ਤੋਂ ਪਹਿਲਾਂ ਪ੍ਰਚਲਤ ਹੋਰ ਧਰਮਾਂ ਨੇ ਆਪਣੀਆਂ ਕੌਮਾਂ ਨੂੰ ਭੁਗੋਲਿਕ ਹੱਦਾਂ ਵਿਚ ਹੀ ਕੈਦ ਕਰੀ ਰਖਿਆ ਪਰ ਖਾਲਸਾ ਪੰਥ ਸਿਰਜਣਾ ਦਾ ਵਿਚਾਰ ਸਰਵਉਚ ਸੀ ਜਿਸ ਦਾ ਜਨਮ ਦਿਹਾੜਾ 1699 ਦੀ ਵਿਸਾਖੀ ਹੈ। ਦਸ਼ਮੇਸ਼ ਗੁਰੂ ਜੀ ਨੇ ਵੱਖ ਵੱਖ ਧਰਮਾਂ ਤੇ ਜਾਤਾਂ ਵਿਚੋਂ ਨਿਤਰੇ ਸਿੱਖਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਇਕੋ ਹੀ ਬਾਟੇ ਵਿੱਚ ਛਕਾ ਕੇ ਜਿਵੇਂ ਖਾਲਸਾ ਪੰਥ ਅਤੇ ਪੰਜ ਪਿਆਰਿਆਂ ਦੀ ਸਿਰਜਣਾ ਕੀਤੀ ਅਤੇ ਫਿਰ ਖੁਦ ਵੀ ਇਨ੍ਹਾਂ ਪੰਜ ਪਿਆਰਿਆਂ ਤੋਂ ਅੰਮ੍ਰਿਤ ਦੀ ਦਾਤ ਗ੍ਰਹਿਣ ਕੀਤੀ, ਇਸ ਨਾਲ "ਵਾਹੁ-ਵਾਹੁ ਗੋਬਿੰਦ ਸਿੰਘ ਆਪੇ ਗੁਰੂ ਚੇਲਾ " ਵਾਲਾ ਕ੍ਰਾਂਤੀਕਾਰੀ ਫ਼ਲਸਫਾ ਪ੍ਰਗਟ ਹੋਇਆ। ਉਦੋਂ ਦੇ ਦੱਬੇ ਕੁੱਚਲੇ ਗਰੀਬ ਲੋਕਾਂ ਨੂੰ ਅਛੂਤ ਕਹਿ ਕੇ ਉਸ ਵੇਲੇ ਦਾ ਮੰਨੂਵਾਦੀ ਸਮਾਜਕ ਸਿਸਟਮ ਹੋਰਨਾਂ ਅਣਮਨੁੱਖੀ ਵਿਤਕਰਿਆਂ ਦੇ ਨਾਲ ਹੀ ਹਥਿਆਰ ਛੂਹਣ ਦੀ ਆਗਿਆ ਵੀ ਨਹੀਂ ਸੀ ਦਿੰਦਾ ਜਦੋਂ ਕਿ ਇਹ ਲੋਕ ਵਫ਼ਾਦਾਰੀ, ਬਹਾਦਰੀ ਤੇ ਕੁਰਬਾਨੀ ਦੇ ਜਜ਼ਬੇ ਨਾਲ ਭਰੇ ਹੋਏ ਸਨ। ਗੁਰੂ ਜੀ ਨੇ ਇੰਨ੍ਹਾਂ ਦੀ ਇਸੇ ਮਨੋਵਿਗਿਆਨਕ ਸੋਚ ਦੀ ਸਹੀ ਪਹਿਚਾਣ ਕਰ ਕੇ, ਅੰਮ੍ਰਿਤ ਛਕਾ ਕੇ ਘੋੜ ਸਵਾਰੀਆਂ ਅਤੇ ਜੰਗੀ ਸ਼ਸਤਰਾਂ-ਬਸਤਰਾਂ ਨਾਲ ਲੈਸ ਕਰ ਦਿੱਤਾ ਜੋ ਇੱਕ ਯੁਗ ਬਦਲੂ ਇਨਕਲਾਬ ਦੀ ਨੀਂਹ ਰੱਖੀ ਗਈ।

ਵੇਖਿਆ ਜਾਵੇ ਤਾਂ ਖਾਲਸਾ ਪੰਥ ਸਾਜਨਾ ਦਾ ਮਹਾਨ ਵਿਚਾਰ 11 ਨਵੰਬਰ 1675 ਨੂੰ ਗੁਰੂ ਤੇਗ ਬਹਾਦਰ ਜੀ ਦੀ ਦਿੱਲੀ ਚਾਂਦਲੀ ਚੌਂਕ ਵਿਖੇ ਹੋਈ ਸ਼ਹਾਦਤ ਤੋਂ ਹੀ ਉਤਪਨ ਹੋਇਆ ਸੀ ਕਿਉਂਕਿ ਗੁਰੂ ਜੀ ਦੇ ਸ਼ਹਾਦਤ ਉਪਰੰਤ ਭਾਈ ਜੈਤਾ ਜੀ ਨੇ ਔਰੰਗਜੇਬ ਦੇ ਸਖ਼ਤ ਪਹਿਰਿਆਂ ਅਤੇ ਚੁਣੌਤੀਆਂ ਵਿੱਚੋਂ ਨੌਵੇਂ ਗੁਰੂ ਜੀ ਦਾ ਪਾਵਨ ਸੀਸ ਉਸੇ ਰਾਤ ਹੀ ਭਾਰੀ ਕੁਰਬਾਨੀ ਤੇ ਨਿਪੁੰਨ ਵਿਉਤਬੰਦੀ ਨਾਲ ਚੁੱਕ ਕੇ ਅਤੇ 322 ਮੀਲ ਦਾ ਅਤਿ ਔਕੜਾਂ ਭਰਿਆ ਜੰਗਲੀ ਪੈਂਡਾ ਚੀਰਦੇ ਹੋਏ 15 ਨਵੰਬਰ ਨੂੰ ਜਿਵੇਂ ਅਨੰਦਪੁਰ ਸਾਹਿਬ ਵਿਖੇ ਕੇਵਲ 9 ਸਾਲ ਦੇ ਗੁਰੂ ਗੋਬਿੰਦ ਜੀ ਪਾਸ ਲੈ ਕੇ ਪਹੁੰਚੇ ਸਨ ਅਤੇ ਗੁਰੂ ਜੀ ਨੇ ਜੈਤਾ ਜੀ ਨੂੰ ਗਲਵਕੜੀ ਵਿੱਚ ਲੈ ਕੇ " ਰੰਘਰੇਟੇ ਗੁਰੂ ਕੇ ਬੇਟੇ " ਅਤੇ ਸਿੱਖੀ ਦੀ ਰਾਖੀ ਕਰਨਾ ਵਾਲਾ ਯੋਧਾ ਜਿਹੇ ਮਾਣ ਭਰੇ ਲਫ਼ਜਾਂ ਨਾਲ ਨਿਵਾਜਿਆ ਸੀ ਜੋ ਉਸ ਵੇਲੇ ਅਛੂਤ ਕਹੇ ਜਾਂਦੇ ਬਹਾਦਰ ਲੋਕਾਂ ਨੂੰ ਸਰਵਉੱਚ ਸਨਮਾਨ ਬਖਸ਼ਣ ਦੀ ਇੱਕ ਮਹਾਨ ਇਤਿਹਾਸਕ ਮਿਸਾਲ ਸੀ। ਫਿਰ 16 ਨਵਬੰਰ ਨੂੰ ਗੁਰੂ ਸੀਸ ਦੇ ਸੰਸਕਾਰ ਉਪਰੰਤ ਗੁਰੂ ਗੋਬਿੰਦ ਜੀ ਨੇ ਸ਼ਹਾਦਤ ਵੇਲੇ ਦੀ ਪੂਰੀ ਜਾਣਕਾਰੀ ਜਦੋਂ ਜੈਤਾ ਜੀ ਤੋਂ ਪੁੱਛੀ ਅਤੇ ਜੋ ਭਾਈ ਜੈਤਾ ਜੀ ਨੇ ਜਾਣਕਾਰੀ ਦਿੱਤੀ ਉਹ ਸਾਰੀ ਜੈਤਾ ਜੀ ਵੱਲੋਂ ਆਪਣੀ ਲਿਖਤ " ਸ੍ਰੀ ਗੁਰੂ ਕਥਾ " ਵਿੱਚ ਬਿਆਨ ਕੀਤੀ ਗਈ ਹੈ ਜਿਵੇਂ ਕਿ ਗੁਰੂ ਜੀ ਨੇ ਪੁੱਛਿਆ ਕਿ ਦਿੱਲੀ ਦੇ ਸਿੱਖ ਨੌਵੇਂ ਗੁਰੂ ਜੀ ਤੋਂ ਬੇਮੁੱਖ ਕਿਉਂ ਹੋ ਗਏ, ਉਨ੍ਹਾਂ ਨੂੰ ਸ਼ਰਮ ਕਿਉਂ ਨਾ ਆਈ, ਸਿੱਖਾਂ ਨੂੰ ਮੁਗਲਾਂ ਨੇ ਵੀ ਕਿਉਂ ਨਾ ਪਛਾਣਿਆ ? ਏਨੇ ਮਹਾਨ ਪੁਰਖ ਦੀ ਸ਼ਹਾਦਤ ਵੇਲੇ ਨੌਜਵਾਨਾਂ ਦਾ ਗਰਮ ਖੂਨ ਅਤੇ ਡੌਲੇ ਕਮਜ਼ੋਰ ਕਿਉਂ ਹੋ ਗਏ ਅਤੇ ਵੱਡੀ ਉਮਰ ਦੇ ਬੁੱਧੀਮਾਨ ਸਿੱਖ ਵੀ ਆਪਣਾ ਫਰਜ ਕਿਉ ਭੁੱਲ ਗਏ ? ਉਸ ਵੇਲੇ ਜੋ ਜੈਤਾ ਜੀ ਨੇ ਗੁਰੂ ਜੀ ਨੂੰ ਦੱਸਿਆ ਉਹ ਇੰਜ ਲਿਖਦੇ ਹਨ ਕਿ :

ਹਿੰਦਵਾਨੀ ਜਿਮ ਕੀਓ ਕੁਕਾਜਾ, ਪ੍ਰਭੂ ਸਿਮਰਨ ਕਉ ਆਵਹਿ ਲਾਜਾ।
ਆਪਨ ਕਉ ਨਹਿ ਸਿਖ ਬਖਾਨੇ, ਸਭ ਸਿੱਖ ਰਾਮ ਭਗਤ ਪ੍ਰਮਾਨੇ ॥

(ਭਾਵ ਕਿ ਕੋਈ ਵੱਖਰੀ ਪਹਿਚਾਣ ਨਾ ਹੋਣ ਕਾਰਨ ਸਾਰੇ ਸਿੱਖ ਮੌਤ ਦੇ ਡਰੋਂ ਚੁੱਪ ਵਟ ਗਏ ਸਨ। ਇਹ ਸਾਰੀ ਵਿਥਿਆ ਸੁਣ ਕੇ ਅਤੇ ਉਸ ਵੇਲੇ ਦੇ ਦਿੱਲੀ ਵਾਸੀ ਸਿੱਖਾਂ ਦੀ ਮਾੜੀ ਭੂਮਿਕਾ ਪ੍ਰਤੀ ਗੁਰੂ ਜੀ ਨੂੰ ਜਿੱਥੇ ਬਹੁਤ ਦੁੱਖ ਹੋਇਆ ਉਥੇ ਹੀ ਭਾਈ ਜੈਤਾ ਜੀ ਵੱਲੋਂ ਨਿਭਾਈ ਲਾਮਿਸਾਲ ਵਫਾਦਾਰੀ ਪ੍ਰਤੀ ਬੇਹੱਦ ਤਸੱਲੀ ਅਤੇ ਫ਼ਖਰ ਵੀ ਹੋਇਆ। ਇਸ ਕਰਕੇ ਹੀ ਜੈਤਾ ਜੀ ਨਾਲ ਵਿਚਾਰ ਉਪਰੰਤ ਇਹ ਫੈਸਲਾ ਕੀਤਾ ਗਿਆ ਕਿ ਹੁਣ ਅਜਿਹੇ ਵਖਰੇ ਸਰੂਪ ਵਾਲਾ ਸਿੱਖ ਸਾਜਿਆ ਜਾਵੇਗਾ ਜੋ ਸੈਂਕੜਿਆਂ ਵਿੱਚ ਵੀ ਛੁਪ ਨਾ ਸਕੇ। ਆਪਣੇ ਇਸ ਸੰਕਲਪ ਨੂੰ ਅਮਲੀ ਰੂਪ ਦੇਣ ਲਈ ਗੁਰੂ ਜੀ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਦਾ ਗਿਆਨ ਦੇਣ ਨਾਲ ਹੀ ਬੀਰ ਰਸ ਵਾਰਾਂ ਕਵੀਸ਼ਰਾਂ ਤੋਂ ਗਵਾਉਣੀਆਂ ਸ਼ੁਰੂ ਕਰ ਦਿੱਤੀਆਂ। ਨਾਲ ਹੀ ਦੋ ਦੋ ਟੋਲੀਆਂ ਬਣਾ ਕੇ ਜੰਗੀ ਮਸ਼ਕਾਂ ਵੀ ਸ਼ੁਰੂ ਕਰ ਦਿੱਤੀਆਂ ਤਾਂ ਕਿ ਸਿੱਖਾਂ ਵਿੱਚ ਜੋਸ਼ ਅਤੇ ਜੰਗੀ ਮੁਹਾਰਤ ਪੈਦਾ ਹੋਵੇ। ਹੁਣ ਮੌਕੇ ਦੇ ਹਾਲਾਤ ਨੂੰ ਦੂਰਦ੍ਰਿਸ਼ਟੀ ਨਾਲ ਵਿਚਾਰਦੇ ਹੋਏ ਗੁਰੂ ਜੀ ਨੇ ਆਪਣੀ ਪੂਰੀ ਵਿਉਂਤਬੰਦੀ ਅਨੁਸਾਰ 30 ਮਾਰਚ 1699 ਨੂੰ ਸਭਨਾਂ ਸਿੱਖਾਂ ਨੂੰ ਸੰਦੇਸ਼ ਭੇਜੇ ਕਿ ਉਹ ਇਸੇ ਹੀ ਵਿਸਾਖੀ ਵਾਲੇ ਦਿਨ ਆਪਣੇ ਸ਼ਸਤਰਾਂ ਸਮੇਤ ਅਨੰਦਪੁਰ ਸਾਹਿਬ ਵਿਖੇ ਇੱਕਠੇ ਹੋਣ। ਇਤਿਹਾਸਕਾਰ ਲਿਖਦੇ ਹਨ ਕਿ ਇਸ ਦੇ ਨਤੀਜੇ ਵਜੋਂ ਵਿਸਾਖੀ ਮੌਕੇ ਕਰੀਬ 80 ਹਜ਼ਾਰ ਸਿੰਘਾਂ ਦਾ ਇੱਕਠ ਜੁੜ ਗਿਆ ਜਿਸ ਦੇ ਸਨਮੁੱਖ ਖੜ੍ਹੇ ਹੋ ਕੇ ਗੁਰੂ ਜੀ ਨੇ ਨੰਗੀ ਤਲਵਾਰ ਲਹਿਰਾਉਂਦੇ ਹੋਏ ਗਰਜ ਕੇ ਕਿਹਾ :

ਸਨਮੁਖ ਪੂਰਾ ਸਿੱਖ ਹੈ ਕੋਈ, ਸੀਸ ਭੇਟ ਗੁਰ ਦੇਵੇ ਸੋਈ ॥

ਇਹ ਸੁਣਦੇ ਹੀ ਸੰਗਤਾਂ ਵਿੱਚ ਸੰਨਾਟਾ ਛਾ ਗਿਆ ਪਰ ਲਾਹੌਰ ਵਾਸੀ ਦਇਆ ਰਾਮ ਉਠੇ ਤੇ ਗੁਰੂ ਜੀ ਦੇ ਸਨਮੁੱਖ ਸਮਰਪਿਤ ਹੋਏ। ਗੁਰੂ ਜੀ ਉਸ ਨੂੰ ਤੰਬੂ ਵਿੱਚ ਲੈ ਗਏ ਅਤੇ ਕੁੱਝ ਸਮੇਂ ਬਾਅਦ ਫਿਰ ਬਾਹਰ ਆ ਕੇ ਲਹੂ ਭਿੱਜੀ ਤਲਵਾਰ ਲਹਿਰਾਉਂਦੇ ਫਿਰ ਉਹੀ ਮੰਗ ਦੁਹਰਾਈ। ਫਿਰ ਇਸ ਤਰ੍ਹਾਂ ਵਾਰੋ ਵਾਰ ਚਾਰ ਸਿੱਖਾਂ ਨੇ, ਜਿਵੇਂ ਕਿ ਦਿੱਲੀ ਦੇ ਧਰਮ ਦਾਸ ਜੀ, ਜਗਨ ਨਾਥ ਪੁਰੀ ਤੋਂ ਹਿੰਮਤ ਰਾਏ, ਦਵਾਰਕਾਪੁਰੀ ਤੋ ਮੋਹਕਮ ਚੰਦ ਅਤੇ ਬਿਦਰ ਵਾਸੀ ਸਾਹਿਬ ਚੰਦ ਹੋਰਾਂ ਨੇ ਆਪਣੇ ਸੀਸ ਗੁਰੂ ਜੀ ਦੇ ਸਨਮੁਖ ਅਰਪਣ ਕੀਤੇ। ਇੰਨ੍ਹਾਂ ਪੰਜਾਂ ਨੂੰ ਗੁਰੂ ਜੀ ਕ੍ਰਮਵਾਰ ਇੱਕਲੇ ਇੱਕਲੇ ਤੰਬੂ ਵਿੱਚ ਲਿਜਾਂਦੇ ਸਨ। ਪਰ ਸੰਗਤਾਂ ਨੇ ਡਿੱਠਾ ਕਿ ਹਰ ਵਾਰ ਖੂਨ ਨਾਲ ਭਿੱਜੀ ਤਲਵਾਰ ਗੁਰੂ ਜੀ ਬਾਹਰ ਲੈ ਕੇ ਆਉਂਦੇ ਸਨ। ਫਿਰ ਜਦੋਂ ਆਖਰੀ ਵਾਰ ਗੁਰੂ ਜੀ ਕਾਫੀ ਸਮਾਂ ਤੰਬੂ ਚੋਂ ਬਾਹਰ ਨਾ ਆਏ ਤਾਂ ਬਾਹਰ ਬੈਠੇ ਸਿੱਖਾਂ ਵਿੱਚ ਘੁਸਰ ਮੁਸਰ ਹੋਣ ਲਗ ਪਈ ਕਿ ਖਬਰੇ ਗੁਰੂ ਜੀ ਨੂੰ ਕੀ ਹੋ ਗਿਆ ਹੈ ? ਕੁੱਝ ਕੱਚੇ ਸਿੱਖ ਖਿਸਕਣ ਲਗੇ ਜਦਕਿ ਸ਼ਰਧਾਵਾਨ ਬੈਠੇ ਰਹੇ। ਕੁੱਝ ਦੇਰ ਬਾਅਦ ਗੁਰੂ ਜੀ ਉਨ੍ਹਾਂ ਪੰਜਾਂ ਸਿੱਖਾਂ ਨੂੰ ਨਵੇਂ ਸ਼ਸ਼ਤਰ-ਬਸਤਰ ਪਹਿਨਾ ਕੇ ਸੰਗਤਾਂ ਸਾਹਮਣੇ ਲੈ ਆਏ। ਕੁੱਝ ਲੋਕਾਂ ਨੇ ਇਸ ਨੂੰ ਚਮਤਕਾਰ ਕਿਹਾ ਜਦਕਿ ਗਿਆਨਵਾਨ ਬੁੱਧੀਜੀਵੀਆਂ ਨੇ ਇਸ ਨੂੰ ਸਿੱਖਾਂ ਦੀ ਮਨਾਰੂਪੀ ਸੋਚ ਦਾ ਮਨੋਵਿਗਿਆਨਕ ਇਮਤਿਹਾਨ ਦਸਿਆ ਕਿਉਂਕਿ ਚਮਤਕਾਰ ਤਾਂ ਸਿੱਖ ਧਰਮ ਵਿੱਚ ਵਰਜਿਤ ਹਨ। ਇਸ ਘਟਨਾ ਨੂੰ " ਸ੍ਰੀ ਗੁਰੂ ਕਥਾ " ਵਿੱਚ ਇੰਝ ਲਿਖਿਆ ਹੋਇਆ : " ਪੁਨ ਕੈਸੇ ਸਿੱਖ ਜੀਵਤ ਭਏ ਹੈ। ਸਬਹਿਨ ਕੈ ਮਨ ਅਤਿ ਭਰਮਾਯੋ ॥ ਸ਼ਰਧਾਹੀਨ ਭਏ ਅਤਿ ਬੌਨੇ। ਗੁਰੂ ਮਹਿਮਾਂ ਕੋ ਭੇਦ ਨਾ ਪਾਯੋ ॥ ਇਸ ਉਪਰੰਤ ਗੁਰੂ ਜੀ ਨੇ ਉਨ੍ਹਾਂ ਪੰਜਾਂ ਸਿੱਖਾਂ ਨੂੰ ਇਕੋ ਬਾਟੇ ਵਿੱਚ ਖੰਡੇ ਦਾ ਤਿਆਰ ਕੀਤਾ ਅੰਮ੍ਰਿਤ ਛਕਾਕੇ ਪੰਜ ਪਿਆਰਿਆਂ (ਖਾਲਸਾ) ਦੀ ਮਹਾਨ ਪਦਵੀ ਬਖਸ਼ਿਸ਼ ਕੀਤੀ। ਫਿਰ ਇੰਨ੍ਹਾਂ ਪੰਜ ਪਿਆਰਿਆਂ ਨੂੰ ਖੁਦ ਬੇਨਤੀ ਕਰਕੇ ਉਨ੍ਹਾਂ ਤੋਂ ਅੰਮ੍ਰਿਤ ਦੀ ਦਾਤ ਗ੍ਰਹਿਣ ਕੀਤੀ ਜੋ " ਆਪੇ ਗੁਰੂ ਚੇਲਾ " ਵਾਲਾ ਅਦਭੁਤ ਕਾਰਨਾਮਾ ਸੀ। ਹੁਣ ਜਦੋਂ ਗੁਰੂ ਜੀ ਨੇ ਆਪਣੇ ਚਾਰੇ ਸ਼ਾਹਿਬਜਾਦਿਆਂ ਨੂੰ ਅੰਮ੍ਰਿਤ ਛਕਾਇਆ ਤਾਂ ਨਾਲ ਹੀ ਜੈਤਾ ਜੀ ਨੂੰ ਪੰਜਵਾਂ ਸ਼ਾਹਿਬਜ਼ਾਦਾ ਕਹਿ ਕੇ ਅੰਮ੍ਰਿਤਪਾਨ ਕਰਵਾਇਆ ਅਤੇ ਜੈਤਾ ਤੋਂ ਜੀਵਨ ਸਿੰਘ ਨਾਮ ਰੱਖ ਦਿੱਤਾ ਸੀ ਭਾਵ ਕਿ ਉਸ ਨੇ ਸਿੱਖ ਕੌਮ ਨੂੰ ਨਵਾਂ ਜੀਵਨ ਦਿੱਤਾ ਹੈ, ਮਹਾਨ ਕੁਰਬਾਨੀ ਕਰਕੇ। ਖਾਲਸੇ ਨੂੰ ਪੰਜਾਂ ਬਾਣੀਆਂ ਤੇ ਪੰਜ ਕਕਾਰਾਂ ਦਾ ਧਾਰਨੀ ਹੋਣਾ, ਵਹਿਮਾ ਭਰਮਾਂ, ਮੜ੍ਹੀ ਮਸਾਣਾਂ, ਪਰਾਈ ਨਾਰੀ ਦਾ ਤਿਆਗ ਕਰਨਾ, ਸਿਰਫ ਇਕੋ ਹੀ ਅਕਾਲ ਪੁਰਖ ਨੂੰ ਮੰਨਣਾ, ਦੀਨ ਦੁਖੀ ਮਜ਼ਲੂਮਾਂ ਦੀ ਰਾਖੀ ਕਰਨਾ ਅਜਿਹੀ ਰਹਿਤ ਮਰਿਆਦਾ ਲਈ ਪਾਬੰਦ ਕਰਦੇ ਹੋਏ ਇਹ ਫ਼ੁਰਮਾਨ ਵੀ ਜਾਰੀ ਕੀਤਾ।

ਖਾਲਸਾ ਮੇਰੋ ਰੂਪ ਹੈ ਖਾਸ।।ਖਾਲਸੇ ਮਹਿ ਹਉ ਕਰਉਂ ਨਿਵਾਸ ॥
ਖਾਲਸਾ ਅਕਾਲ ਪੁਰਖ ਕੀ ਫੌਜ। ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ ॥

ਸਿੱਖ ਇਤਿਹਾਸ ਇਸ ਸੱਚ ਦੀ ਗਵਾਹੀ ਭਰਦਾ ਹੈ ਕਿ ਗੁਰੂ ਜੀ ਦੇ ਇਹੋ ਖਾਲਸੇ ਹੀ ਸਨ ਜੋ ਸਾਡੇ ਦੇਸ਼ ਉਪਰ ਹੁੰਦੇ ਮੁਗਲ ਧਾੜਵੀਆਂ ਦੇ ਹਮਲਆਂ ਵੇਲੇ ਘੱਟ ਗਿਣਤੀ ਵਿਚ ਹੁੰਦੇ ਹੋਏ ਵੀ ਧਾੜਵੀ ਜ਼ਾਲਮਾ ਦਾ ਟਾਕਰੇ ਕਰਦੇ ਹੋਏ ਉਨ੍ਹਾਂ ਵੱਲੋਂ ਹਿੰਦ ਦੀਆਂ ਲੁੱਟੀਆਂ ਹੋਈਆਂ ਬਹੂ-ਬੇਟੀਆਂ ਨੂੰ ਛੁਡਵਾ ਕੇ ਬਾਇਜ਼ੱਤ ਘਰੋਂ ਘਰੀ ਪਹੁੰਚਾਉਂਦੇ ਸਨ। ਉਸ ਵੇਲੇ ਅਹਿਮਦਸ਼ਾਹ ਅਬਦਾਲੀ ਦੇ ਹਮਲਿਆਂ ਵੇਲੇ ਜਦੋਂ ਖੌਫਜ਼ਦਾ ਹੋਏ ਲੋਕ ਹਨੇਰਾ ਹੁੰਦਿਆਂ ਹੀ ਆਪਣੇ ਘਰਾਂ ਦੇ ਬੂਹੇ ਬੰਦ ਕਰ ਲੈਂਦੇ ਸਨ ਅਤੇ ਉਦੋਂ ਸਿੰਘਾਂ ਦੇ ਸਿਰਾਂ ਦੇ ਮੁੱਲ ਪੈਂਦੇ ਹੋਣ ਕਾਰਨ ਨੀਲੇ ਬਾਣੇ ਵਾਲੇ ਸਿੰਘ ਅੱਧੀ ਰਾਤ ਨੂੰ ਲੋਕਾਂ ਦੇ ਜਾਨ ਮਾਲ ਦੀ ਰਾਖੀ ਲਈ ਜੰਗਲਾਂ ਤੋਂ ਬਾਹਰ ਨਿਕਲਦੇ ਸਨ ਤਾਂ ਇਹੋ ਹਿੰਦੂ ਲੋਕ ਹੀ ਬੇਖੋਫ ਹੋ ਕੇ ਕਹਿੰਦੇ ਸਨ ਕਿ " ਆ ਗਏ ਨਿਹੰਗ ਬੂਹਾ ਖੋਲ੍ਹ ਦੇ ਨਿਸੰਗ "। ਉਦੋਂ ਅਬਦਾਲੀ ਦੇ ਹਮਲਾਵਰ ਲੋਕਾਂ ਦਾ ਸਾਰਾ ਘਰੇਲੂ ਸਮਾਨ ਵੀ ਲੁੱਟ ਕੇ ਲੈ ਜਾਂਦੇ ਸਨ ਜਿਸ ਨਾਲ ਇੰਨ੍ਹਾਂ ਲੋਕਾਂ ਦੇ ਮਨਾਂ ਵਿੱਚ ਉਦੋਂ ਇਹ ਬੈਠੀ ਖੌਫਨਾਕ ਧਾਰਨਾ ਜੋ ਇੱਕ ਕਹਾਵਤ ਹੀ ਬਣ ਗਈ ਸੀ " ਕਿ ਖਾਧਾ ਪੀਤਾ ਲਾਹੇ ਦਾ ਤੇ ਬਾਕੀ ਅਹਿਮਦ ਸ਼ਾਹੇ ਦਾ "। ਇਸ ਖੌਫਨਾਕ ਧਾਰਨਾ ਨੂੰ ਵੀ ਗੁਰੂ ਜੀ ਦੇ ਇੰਨ੍ਹਾਂ ਸਿੰਘਾਂ ਨੇ ਉਦੋਂ ਖਤਮ ਕਰ ਦਿੱਤਾ ਸੀ। ਇੰਨਾ ਵਿਸ਼ਵਾਸ ਅਤੇ ਆਪਣੀ ਰੱਖਿਆ ਦੀ ਭਾਵਨਾ ਸੀ ਲੋਕਾਂ ਦੇ ਮਨਾਂ ਵਿੱਚ ਉਦੋਂ ਸਿੱਖਾਂ ਦੇ ਕੋਲੋਂ ਪ੍ਰੰਤੂ ਅੱਜ ਬਹੁਤ ਅਫ਼ਸੋਸ ਨਾਲ ਕਹਿਣਾ ਪੈਂਦਾ ਹੈ ਕਿ ਇਹ ਭਾਵਨਾ ਅੱਜ ਸਿੱਖਾਂ ਦੇ ਮਨਾਂ ਵਿੱਚੋਂ ਖਤਮ ਤਾਂ ਹੋ ਹੀ ਰਹੀ ਹੈ ਸਗੋਂ ਕਈ ਸਿੱਖ ਤਾਂ ਗੁਰੂ ਜੀ ਦੇ ਇਸ ਪਵਿੱਤਰ ਤੇ ਮਹਾਨ ਫਲਸਫੇ ਨੂੰ ਕਲੰਕਿਤ ਵੀ ਕਰ ਰਹੇ ਹਨ ਜਿਸ ਦੀ ਤਾਜਾਂ ਪ੍ਰਤੱਖ ਮਿਸਾਲ ਹੈ ਕਿ ਪਿਛਲੇ ਸਾਲ ਗੁਰੂਆਂ ਦੀ ਚਰਨ ਛੋਹ ਪ੍ਰਾਪਤ ਸ਼ਹਿਰ ਤਰਨਤਾਰਨ ਦੇ ਵਲਟੋਹਾ ਇਲਾਕੇ ਵਿੱਚ 2 ਸਿੱਖ ਪਰਿਵਾਰਾਂ ਦੇ ਆਪਸੀ ਝਗੜੇ ਵਿੱਚ ਇੱਕ ਔਰਤ ਨੂੰ ਨਗਨ ਕਰਕੇ ਪਿੰਡ ਵਿੱਚ ਘੁੰਮਾਇਆ ਗਿਆ ਪ੍ਰੰਤੂ ਉਥੇ ਖੜ੍ਹੇ ਆਪਣੇ ਆਪ ਨੂੰ ਵੱਡੇ ਸਿੱਖ ਅਖਵਾਉਣ ਵਾਲੇ ਲੋਕ ਉਸ ਘਟਨਾ ਦੇ ਖਿਲਾਫ ਨਾ ਤਾਂ ਬੋਲੇ ਅਤੇ ਨਾ ਹੀ ਉਸ ਪੀੜਤ ਔਰਤ ਦੀ ਮਦਦ ਕਰਨ ਲਈ ਕੋਈ ਅੱਗੇ ਨਾ ਆਇਆ। ਸੋ ਉਪਰੋਕਤ ਬਿਆਨ ਕੀਤੇ ਸਮੁੱਚੇ ਇਤਿਹਾਸ ਦਾ ਵਿਸ਼ਲੇਸ਼ਣ ਕਰਨ ਦੀ ਅੱਜ ਸਖਤ ਜ਼ਰੂਰਤ ਹੈ ਕਿ ਸਿਰਫ ਗੁਰੂਦੁਆਰਿਆਂ ਵਿੱਚ ਗੁਰੂ ਸਾਹਿਬਾਨਾਂ ਦੇ ਦਿਹਾੜੇ ਮਨਾ ਲੈਣੇ, ਗੁਰਬਾਣੀ ਦੇ ਪਾਠ ਦਾ ਰਟਨ ਕਰ ਲੈਣਾ, ਗੋਲਕਾਂ ਵਿੱਚ ਮਾਇਆ ਇੱਕਤਰ ਕਰ ਲੈਣੀ ਹੀ ਕਾਫੀ ਨਹੀਂ ਬਲਕਿ ਸਮਾਜ ਵਿੱਚ ਵਾਪਰ ਰਹੀਆਂ ਅਣਮਨੁੱਖੀ ਘਟਨਾਵਾਂ ਦੇ ਪੀੜਤ ਲੋਕਾਂ ਦੀ ਰੱਖਿਆ ਕਰਨਾ ਵੀ ਇੱਕ ਗੁਰੂ ਦੇ ਸਿੱਖ ਦਾ ਪਹਿਲਾ ਫਰਜ ਹੈ।

# ਵਿਸਾਖੀ ਦਾ ਇਤਿਹਾਸਿਕ ਮਹੱਤਵ ,ਸੰਕਲਪ ਅਤੇ ਸਿਧਾਂਤ







ਜਦੋਂ ਵੀ ਸਾਲ ਦਾ ਚੱਕਰ ਮੁੜਕੇ ਵਿਸਾਖ ਦੇ ਮਹੀਨੇ ਚ ਪ੍ਰਵੇਸ਼ ਕਰਦਾ ਹੈ ਅਤੇ ਵਿਸਾਖੀ ਦਾ ਪਵਿੱਤਰ ਦਿਹਾੜਾ ਦਸਤਕ ਦਿੰਦਾ ਹੈ, ਤਦ ਸਿੱਖ ਮਨ ਆਪਣੇ ਆਪ ਹੀ 1699 ਦੀ ਉਸ ਇਤਿਹਾਸਕ ਘੜੀ ਵਿੱਚ ਲੀਨ ਹੋ ਜਾਂਦਾ ਹੈ,ਜਦੋਂ ਗੁਰੂ ਨੇ ਨਿਤਾਣੇ ਲਿਤਾੜੇ ਲੋਕਾਂ ਦੀ ਤਕਦੀਰ ਬਦਲੀ ਸੀ।ਇਹ ਉਹ ਸਮਾਂ ਸੀ ਜਦੋਂ ਗੁਰੂ ਗੋਬਿੰਦ ਸਿੰਘ ਜੀ ਨੇ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਖੜ੍ਹ ਕੇ ਦੁਨੀਆ ਦੇ ਸਾਹਮਣੇ ਇਕ ਅਜਿਹੀ ਕੌਮ ਨੂੰ ਪਰਗਟ ਕੀਤਾ ਸੀ,ਜਿਹੜੀ ਤਲਵਾਰ ਦੀ ਧਾਰ ਚੋਂ ਪਰਗਟ ਹੋ ਕੇ "ਸਰਬੱਤ ਦਾ ਭਲੇ" ਦੀ ਹਾਮੀ ਬਣੀ।ਉਸ ਦਿਨ ਦਾ ਦ੍ਰਿਸ਼ ਅੱਜ ਦੇ ਦਿਨ ਆਕੇ ਸਿੱਖ ਮਨ ਮੰਦਰ ਦੇ ਅੰਦਰ ਜਿਊਂਦਾ ਹੋ ਜਾਂਦਾ ਹੈ। ਉਦੋਂ ਦਸਵੇਂ ਗੁਰੂ ਦੀ ਗਰਜਦੀ ਆਵਾਜ਼ ਦੇ ਨਾਲ ਸੰਗਤ ਵਿੱਚ ਸੰਨਾਟਾ ਛਾ ਗਿਆ ਹੋਵੇਗਾ,ਜਦੋਂ ਗੁਰੂ ਸਾਹਿਬ ਨੇ ਆਪਣੀ ਤਲਵਾਰ ਖਿੱਚ ਕੇ ਇੱਕ ਸਿਰ ਦੀ ਮੰਗ ਕੀਤੀ ਹੋਵੇਗੀ, ਤਦ ਸਮੇਂ ਦੀ ਸਾਹ ਲੈਣ ਦੀ ਤਾਕਤ ਵੀ ਠਹਿਰ ਗਈ ਹੋਵੇਗੀ। ਇਹ ਕੋਈ ਆਮ ਲਲਕਾਰ ਨਹੀਂ ਸੀ; ਇਹ ਇੱਕ ਕੌਮ ਦੀ ਅਜ਼ਮਾਇਸ਼ ਸੀ, ਇੱਕ ਅਜਿਹਾ ਇਮਤਿਹਾਨ ਜਿਸ ਵਿੱਚ ਡਰ, ਸੰਦੇਹ ਅਤੇ ਮੋਹ ਸਭ ਕੁਝ ਤੋਲਿਆ ਜਾ ਰਿਹਾ ਸੀ।ਇਸ ਮੌਕੇ 'ਤੇ ਜਦੋਂ ਪਹਿਲਾ ਸਿੱਖ ਉੱਠਿਆ ਅਤੇ ਆਪਣੇ ਗੁਰੂ ਦੇ ਚਰਨਾਂ ਵਿੱਚ ਆਪਣਾ ਸੀਸ ਭੇਂਟ ਕੀਤਾ, ਉਹ ਸਿਰਫ਼ ਇੱਕ ਮਨੁੱਖ ਦੀ ਸ਼ਹਾਦਤ ਨਹੀਂ ਸੀ,ਉਹ ਇਤਿਹਾਸ ਦੇ ਨਵੇਂ ਅਧਿਆਇ ਦੀ ਸ਼ੁਰੂਆਤ ਸੀ। ਜਿਵੇਂ ਜਿਵੇਂ ਹੋਰ ਸਿੱਖ ਉੱਠਦੇ ਗਏ ਅਤੇ ਆਪਣੀ ਜਾਨ ਨਿਛਾਵਰ ਕਰਨ ਲਈ ਤਿਆਰ ਹੁੰਦੇ ਗਏ, ਉਸ ਵੇਲੇ ਅਕਾਲ ਪੁਰਖ ਦੀ ਰਜ਼ਾ ਵੀ ਇਸ ਪ੍ਰੇਮ ਅਤੇ ਭਗਤੀ ਨੂੰ ਨਮਸਕਾਰ ਕਰ ਰਹੀ ਹੋਵੇਗੀ।ਇਹ ਪੰਜ ਪਿਆਰੇ ਸਿਰਫ਼ ਵਿਅਕਤੀ ਨਹੀਂ ਸਨ; ਇਹ ਸਿੱਖੀ ਦੇ ਮੂਲ ਸਿਧਾਂਤਾਂ ਦੇ ਜਿਉਂਦੇ ਜਾਗਦੇ ਪ੍ਰਤੀਕ ਸਨ। ਇਸੇ ਘੜੀ ਨੇ ਸਾਬਤ ਕਰ ਦਿੱਤਾ ਕਿ ਇਹ ਕੌਮ ਡਰ ਚੋ ਪੈਦਾ ਨਹੀਂ ਹੋਈ ਸਗੋਂ ਪਿਆਰ, ਬਲੀਦਾਨ ਅਤੇ ਸੱਚ ਦੀ ਤਾਕਤ ਨਾਲ ਪਰਗਟ ਹੋਈ ਹੈ।ਇਹ ਸਾਰੀ ਪ੍ਰਕਿਰਿਆ ਕੋਈ ਧਾਰਮਿਕ ਰਸਮ ਨਹੀਂ ਸੀ, ਇਹ ਇੱਕ ਡੂੰਘੀ ਫ਼ਿਲਾਸਫ਼ੀ ਦਾ ਪ੍ਰਗਟਾਵਾ ਸੀ। ਸਿੱਖ ਪੰਥ ਦੇ ਸੰਸਥਾਪਕ, ਪਹਿਲੇ ਗੁਰੂ ਨਾਨਕ ਦੇਵ ਜੀ ਵੱਲੋਂ ਰੱਖੀ ਗਈ ਬੁਨਿਆਦ ਨੂੰ ਦਸਵੇਂ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਸੰਪੂਰਨਤਾ ਤੱਕ ਪਹੁੰਚਾਇਆ ਸੀ। ਗੁਰੂ ਨਾਨਕ ਸਾਹਿਬ ਨੇ ਜੋ ਬਰਾਬਰੀ, ਸੱਚ ਅਤੇ ਨਿਆਂ ਦਾ ਬੀਜ ਬੀਜਿਆ ਸੀ ਉਹ ਖ਼ਾਲਸਾ ਰੂਪ ਵਿੱਚ ਇੱਕ ਪੂਰੇ ਦਰੱਖਤ ਵਜੋਂ ਖਿੜਿਆ ਅਤੇ ਪ੍ਰਵਾਨ ਚੜ੍ਹਿਆ। ਖ਼ਾਲਸਾ ਸਾਜਨਾ ਦੀ ਇਹ ਘੜੀ ਦੁਨੀਆ ਦੇ ਇਤਿਹਾਸ ਵਿੱਚ ਇਕ ਵਿਲੱਖਣ ਘਟਨਾ ਹੈ। ਅਜਿਹੀ ਉਦਾਹਰਨ ਦੁਨੀਆ ਦੇ ਇਤਿਹਾਸ ਵਿੱਚ ਕਿਤੇ ਨਹੀਂ ਮਿਲ ਸਕਦੀ, ਜਿੱਥੇ ਗੁਰੂ ਮਿਆਨ ਚੋ ਤਲਵਾਰ ਖਿੱਚ ਕੇ ਆਪਣੇ ਸਿੱਖਾਂ ਤੋਂ ਸਿਰ ਮੰਗੇ ਅਤੇ ਸਿੱਖ ਖ਼ੁਸ਼ੀ-ਖ਼ੁਸ਼ੀ ਆਪਣੇ ਆਪ ਨੂੰ ਕੁਰਬਾਨ ਕਰਨ ਲਈ ਹੱਥ ਜੋੜ ਕੇ ਖੜ੍ਹ ਜਾਣ।ਇਹ ਸਿਰਫ਼ ਅਧਿਆਤਮਿਕ ਉਚਾਈ ਨਹੀਂ ਸੀ, ਇਹ ਗੁਰੂ ਅਤੇ ਸਿੱਖ ਦੇ ਆਪਸੀ ਪ੍ਰੇਮ ਅਤੇ ਭਰੋਸੇ ਦੀ ਮਿਸਾਲ ਸੀ।ਇਸੇ ਦਿਨ ਖ਼ਾਲਸਾ ਪੰਥ ਦੀ ਸਿਰਜਣਾ ਹੋਈ,ਇੱਕ ਅਜਿਹੀ ਕੌਮ ਜੋ ਜਾਤ-ਪਾਤ, ਉੱਚ-ਨੀਚ, ਧਰਮ ਅਤੇ ਵਰਗ ਦੇ ਸਾਰੇ ਭੇਦਾਂ ਤੋਂ ਉਪਰ ਹੈ। ਅੰਮ੍ਰਿਤ ਪਾਨ ਕਰਨ ਦੀ ਮਰਯਾਦਾ ਰਾਹੀਂ ਗੁਰੂ ਸਾਹਿਬ ਨੇ ਇਹ ਸਾਬਤ ਕੀਤਾ ਕਿ ਜਦ ਤੱਕ ਮਨੁੱਖ ਆਪਣੇ ਅੰਦਰੋਂ ਭੇਦਭਾਵ ਨੂੰ ਖ਼ਤਮ ਨਹੀਂ ਕਰਦਾ, ਉਹ ਸੱਚੇ ਅਰਥਾਂ ਵਿੱਚ ਖ਼ਾਲਸਾ ਨਹੀਂ ਬਣ ਸਕਦਾ। ਇੱਕੋ ਵਾਟੇ ਵਿੱਚੋਂ ਅੰਮ੍ਰਿਤ ਛਕਣਾ, ਸਿਰਫ਼ ਇੱਕ ਰਸਮ ਨਹੀਂ ਬਲਕਿ ਇਹ ਉਚ ਨੀਚ ਤੋ ਉਪਰ, ਸਮਾਨਤਾ ਦੀ ਸਿਖਰ ਹੈ।ਸਿੰਘ ਜਾਂ ਖ਼ਾਲਸਾ ਸਿਰਫ਼ ਇੱਕ ਧਾਰਮਿਕ ਪਹਿਚਾਣ ਹੀ ਨਹੀਂ, ਸਗੋਂ ਦੁਨੀਆ ਤੇ ਵੱਖਰੀ ਇੱਕ ਅਜਿਹੀ ਨਿਆਰੀ ਨਿਰਾਲੀ ਜੀਵਨ ਸ਼ੈਲੀ ਹੈ,ਜਿੱਥੇ ਸੱਚ, ਨਿਆਂ ਅਤੇ ਬਰਾਬਰਤਾ ਨੂੰ ਧਰਮ ਦੇ ਸਿਧਾਂਤ ਵਜੋਂ ਜੀਵਿਆ ਜਾਂਦਾ ਹੈ। ਇਹ ਵੀ ਗੁਰੂ ਦੀ ਕਲਾ ਅਤੇ ਬਖ਼ਸ਼ੀਸ਼ ਹੈ ਕਿ ਤਲਵਾਰ ਚੋ ਪਰਗਟ ਹੋਣ ਦੇ ਬਾਵਜੂਦ ਵੀ ਖ਼ਾਲਸਾ ਹਮੇਸ਼ਾ ਆਪਣੇ ਨਿੱਤਨੇਮ ਵਿੱਚ "ਸਰਬੱਤ ਦੇ ਭਲੇ" ਦੀ ਅਰਦਾਸ ਕਰਦਾ ਹੈ।ਪਰ ਜਦੋਂ ਅੱਜ ਦੇ ਸਮੇਂ ਵੱਲ ਦੇਖਦੇ ਹਾਂ, ਤਦ ਇੱਕ ਕਸਕ ਮਹਿਸੂਸ ਹੁੰਦੀ ਹੈ। ਉਹ ਕੌਮ ਜਿਸ ਦੇ ਇਤਿਹਾਸ ਵਿੱਚ ਸ਼ਹਾਦਤਾਂ ਦੀ ਲੰਮੀ ਚੌੜੀ ਵਿਆਖਿਆ ਹੈ,ਮੌਜੂਦਾ ਦੌਰ ਵਿੱਚ ਵੀ ਸ਼ਹਾਦਤਾਂ ਦਾ ਜਜ਼ਬਾ ਹੋਣ ਦੇ ਬਾਵਜੂਦ ਕਮਜ਼ੋਰ ਦਿਖਾਈ ਦੇ ਰਹੀ ਹੈ। ਨੌਜਵਾਨ ਪੀੜ੍ਹੀ ਆਪਣੀ ਪਹਿਚਾਣ ਤੋਂ ਦੂਰ ਹੋ ਰਹੀ ਹੈ, ਨਸ਼ਿਆਂ ਦੀ ਲਪੇਟ ਵਿੱਚ ਆ ਰਹੀ ਹੈ, ਅਤੇ ਆਪਣੇ ਮਹਾਨ ਇਤਿਹਾਸ ਤੋਂ ਅਣਜਾਣ ਬਣਦੀ ਜਾ ਰਹੀ ਹੈ।ਇਹ ਸਿਰਫ਼ ਇਕ ਸੰਜੋਗ ਨਹੀਂ, ਸਗੋਂ ਇਕ ਸੋਚੀ ਸਮਝੀ ਯੋਜਨਾ ਦਾ ਨਤੀਜਾ ਹੈ,ਜਿਸ ਨੂੰ ਸਮਝਣ ਦੀ ਲੋੜ ਹੈ।ਵਿਸਾਖੀ ਵਰਗੇ ਪਵਿੱਤਰ ਅਤੇ ਅਲੌਕਿਕ ਦਿਹਾੜੇ ਨੂੰ ਹੌਲੀ-ਹੌਲੀ ਇੱਕ ਖੇਤੀਬਾੜੀ ਦੇ ਤਿਉਹਾਰ ਤੱਕ ਸੀਮਿਤ ਕਰ ਦਿੱਤਾ ਗਿਆ ਹੈ। ਸਕੂਲੀ ਕਿਤਾਬਾਂ ਵਿੱਚ ਕਣਕਾਂ ਦੀ ਰੁੱਤ ਦੇ ਮੇਲੇ ਦਾ ਜ਼ਿਕਰ ਤਾਂ ਮਿਲਦਾ ਹੈ, ਪਰ ਖ਼ਾਲਸਾ ਸਾਜਨਾ ਦਾ ਇਤਿਹਾਸ ਕਿਤੇ ਗੁੰਮ ਹੋ ਜਾਂਦਾ ਹੈ। ਕੀ ਸਿੱਖ ਸਿਰਫ਼ ਸਮਾਗਮਾਂ ਅਤੇ ਮੇਲਿਆਂ ਤੱਕ ਹੀ ਸੀਮਿਤ ਹੋ ਗਏ ਹਨ ਜਾਂ ਉਸ ਅਸਲ ਮਕਸਦ ਨੂੰ ਵੀ ਸਮਝਦੇ ਹਨ ਜਿਸ ਲਈ ਇਹ ਕੌਮ ਸਿਰਜੀ ਗਈ ਸੀ ? ਇਹ ਸਵਾਲ ਸਵੈ ਪੜਚੋਲ ਦੀ ਮੰਗ ਕਰਦਾ ਹੈ। ਇਹ ਵੀ ਸੱਚ ਹੈ ਕਿ ਅੱਜ ਸਿੱਖ ਸਮਾਜ ਵਿੱਚ ਵੰਡਾਂ ਵਧ ਰਹੀਆਂ ਹਨ,ਆਪਸੀ ਧੜੇਬੰਦੀਆਂ ਅਤੇ ਨਿੱਜੀ ਲੋਭ ਲਾਲਸਾਵਾਂ ਨੇ ਸਿੱਖ ਏਕਤਾ ਨੂੰ ਕਮਜ਼ੋਰ ਕੀਤਾ ਹੈ। ਗੁਰੂ ਸਾਹਿਬ ਨੇ ਜਿਸ ਜਾਤ ਪਾਤ ਦੀ ਨਾ ਬਰਾਬਰੀ ਨੂੰ ਖ਼ਤਮ ਕੀਤਾ ਸੀ, ਅੱਜ ਉਹ ਮੁੜ ਸਿਖ਼ਰਾਂ ਤੇ ਹੈ। ਸਿੱਖ ਕੌਮ ਜਾਤੀ ਵੰਡ ਦੀ ਦਲਦਲ ਵਿੱਚ ਦੁਵਾਰਾ ਗਲੇ ਤੱਕ ਧਸ ਚੁੱਕੀ ਹੈ। ਸਾਨੂੰ ਆਪਣੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਪਣੇ ਇਤਿਹਾਸ ਨਾਲ ਜੋੜਨਾ ਹੋਵੇਗਾ ਅਤੇ ਉਹਨਾਂ ਵਿੱਚ ਉਹੀ ਜਜ਼ਬਾ ਪੈਦਾ ਕਰਨਾ ਹੋਵੇਗਾ,ਜੋ ਭਾਈ ਦਇਆ ਸਿੰਘ ਜੀ,ਭਾਈ ਧਰਮ ਸਿੰਘ ਜੀ,ਭਾਈ ਹਿੰਮਤ ਸਿੰਘ ਜੀ,ਭਾਈ ਮੋਹਕਮ ਸਿੰਘ ਜੀ ਅਤੇ ਭਾਈ ਸਾਹਿਬ ਸਿੰਘ ਜੀ ਵਿੱਚ ਸੀ,ਜਿਨ੍ਹਾਂ ਨੇ ਗੁਰੂ ਸਾਹਿਬ ਅੱਗੇ ਸੀਸ ਅਰਪਨ ਕਰਕੇ ਗੁਰੂ ਪ੍ਰਤੀ ਸਿੱਖ ਦੀ ਸ਼ਰਧਾ ਅਤੇ ਸਮਰਪਣ ਭਾਵਨਾ ਦਾ ਅਜਿਹਾ ਇਜ਼ਹਾਰ ਕੀਤਾ,ਕਿ ਤਾਜਦਾਰਾਂ ਦੇ ਤਖ਼ਤਾਂ ਨੂੰ ਕੰਬਣੀਆਂ ਛਿੜ ਗਈਆਂ।ਸੋ ਕੌਮ ਦੇ ਵਡੇਰੇ ਹਿਤਾਂ ਦੇ ਸੰਦਰਭ ਵਿੱਚ ਪੰਥਕ ਧਿਰਾਂ ਨੂੰ ਵੀ ਆਪਣੀਆਂ ਛੋਟੀਆਂ-ਛੋਟੀਆਂ ਲੜਾਈਆਂ ਛੱਡ ਕੇ ਇਕੱਠੇ ਹੋਣਾ ਪਵੇਗਾ। ਜੇ ਸਾਰੀਆਂ ਧਿਰਾਂ ਇੱਕ ਕੇਸਰੀ ਨਿਸ਼ਾਨ ਸਾਹਿਬ ਹੇਠ ਇਕੱਠੀਆਂ ਹੋ ਜਾਣ, ਤਾਂ ਕੋਈ ਵੀ ਤਾਕਤ ਪੰਜਾਬ ਤੇ ਰਾਜ ਕਰਨ ਦਾ ਸੁਪਨਾ ਵੀ ਨਹੀਂ ਲੈ ਸਕਦੀ,ਪਰ ਅਫ਼ਸੋਸ ਇਸ ਗੱਲ ਦਾ ਹੈ ਕਿ ਕੌਮ ਦੇ ਰਾਜਨੀਤਕ ਆਗੂ ਆਪਣਿਆਂ ਨਾਲ ਸਿਰ ਜੋੜ ਕੇ ਬੈਠਣ ਦੀ ਬਜਾਏ ਬੇਗਾਨਿਆਂ ਦੇ ਪੈਰਾਂ ਚ ਬੈਠਣ ਨੂੰ ਤਰਜੀਹ ਦੇਣ ਲੱਗੇ ਹਨ,ਜਿਸ ਕਰਕੇ ਕੌਮ ਦੁਸ਼ਵਾਰੀਆਂ ਝੱਲ ਰਹੀ ਹੈ। ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਜਿਸ ਸ਼ਿੱਦਤ ਨਾਲ ਮਨਾਇਆ ਜਾਂਦਾ ਹੈ,ਉਸ ਦਿਹਾੜੇ ਦੇ ਸੰਕਲਪ ਨੂੰ ਵੀ ਉਸ ਸ਼ਿੱਦਤ ਨਾਲ ਜੀਵਨ ਵਿੱਚ ਧਾਰਨ ਕਰਨਾ ਹੋਵੇਗਾ ਅਤੇ ਇਹ ਅਹਿਦ ਕਰਨਾ ਹੋਵੇਗਾ ਕਿ ਵਿਸਾਖੀ ਸਿਰਫ਼ ਇੱਕ ਤਿਉਹਾਰ ਨਹੀਂ,ਬਲਕਿ ਇਹ ਇੱਕ ਅਜਿਹੇ ਧਾਰਮਿਕ ਅਤੇ ਰਾਜਸੀ ਇਨਕਲਾਬ ਦੀ ਯਾਦ ਹੈ, ਜਿਸ ਨੇ ਦੁਨੀਆ ਦੇ ਨਕਸ਼ੇ ਨੂੰ ਬਦਲ ਦਿੱਤਾ ਸੀ। ਇਸ ਦਿਹਾੜੇ ਦੀ ਇਤਿਹਾਸਿਕ ਮਹੱਤਤਾ ਦੀ ਸੋਝੀ ਕੌਮ ਦੇ ਬੱਚੇ ਬੱਚੇ ਨੂੰ ਹੋਣੀ ਚਾਹੀਦੀ ਹੈ ਕਿ ਅਸੀਂ ਕਿਸ ਵਿਰਾਸਤ ਦੇ ਵਾਰਸ ਹਾਂ ਅਤੇ ਸਾਡੀ ਜ਼ਿੰਮੇਵਾਰੀ ਕੀ ਹੈ। ਸੋ ਮੌਜੂਦਾ ਹਾਲਾਤ ਦੇ ਸੰਦਰਭ ਵਿੱਚ ਇਹ ਬੇਹੱਦ ਜ਼ਰੂਰੀ ਹੈ ਕਿ ਸਿੱਖ ਜੁਆਨੀ ਆਪਣੇ ਸ਼ਾਨਾਂਮੱਤੇ ਇਤਿਹਾਸ ਦੇ ਮਹੱਤਵ,ਸੰਕਲਪ ਅਤੇ ਗੁਰ ਸਿਧਾਂਤ ਨੂੰ ਜਾਣੇ ਅਤੇ ਉਸ ਨੂੰ ਜੀਵੇ।



ਬਘੇਲ ਸਿੰਘ ਧਾਲੀਵਾਲ
99142-58142

# ਵਿਸਾਖੀ ਮੇਲੇ 'ਚ ਸ਼ਾਮਲ ਹੋਣ ਲਈ ਆ ਰਹੇ ਟਰੈਕਟਰ ਟਰਾਲੀ ਸਵਾਰ ਸ਼ਰਧਾਲੂਆਂ 'ਤੇ ਰਾਤ ਸਮੇਂ ਹੋਈ ਫ਼ਾਇਰਿੰਗ

ਸ੍ਰੀ ਕੀਰਤਪੁਰ ਸਾਹਿਬ 14 ਅਪ੍ਰੈਲ (ਬੀ ਐਸ ਰਾਣਾ) ਬੀਤੀ ਦੇਰ ਰਾਤ ਖਾਲਸਾ ਸਾਜਨਾ ਦਿਵਸ ਵਿਸਾਖੀ ਮੇਲੇ ਵਿੱਚ ਸ਼ਾਮਿਲ ਹੋਣ ਲਈ ਰੋਪੜ ਦੀ ਸਾਈਡ ਤੋਂ ਸ੍ਰੀ ਕੀਰਤਪੁਰ ਸਾਹਿਬ ਤੇ ਸ੍ਰੀ ਅਨੰਦਪੁਰ ਸਾਹਿਬ ਮੱਥਾ ਟੇਕਣ ਲਈ ਆ ਰਹੇ ਸ਼ਰਧਾਲੂਆਂ ਦੇ ਇੱਕ ਟਰੈਕਟਰ ਟਰਾਲੀ ਉੱਪਰ ਫਾਇਰਿੰਗ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਗੋਲੀਆਂ ਚਲਾ ਰਹੇ ਹਮਲਾਵਰਾਂ ਤੋਂ ਬਚਣ ਲਈ ਟਰੈਕਟਰ ਟਰਾਲੀ ਦਾ ਚਾਲਕ ਟਰੈਕਟਰ ਟਰਾਲੀ ਨੂੰ ਭਜਾ ਕੇ ਸ੍ਰੀ ਅਨੰਦਪੁਰ ਸਾਹਿਬ ਲੈ ਗਿਆ ਅਤੇ ਆਪਣੀ ਤੇ ਟਰਾਲੀ ਵਿੱਚ ਸਵਾਰ ਸ਼ਰਧਾਲੂਆਂ ਦੀ ਜਾਨ ਬਚਾਈ। ਇਸ ਘਟਨਾ ਬਾਰੇ ਟਰੈਕਟਰ ਚਲਾ ਰਹੇ ਨੌਜਵਾਨ ਦੇ ਬਿਆਨਾਂ ਤੋਂ ਬਾਅਦ ਥਾਣਾ ਸ੍ਰੀ ਕੀਰਤਪੁਰ ਸਾਹਿਬ ਵਿਖੇ ਹਮਲਾਵਰ ਵਿਅਕਤੀਆਂ ਦੇ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਚਾਰ ਹਮਲਾਵਰਾਂ ਦੀ ਸ਼ਨਾਖਤ ਹੋ ਚੁੱਕੀ ਹੈ ਪੁਲਿਸ ਵੱਲੋਂ ਉਨਾਂ ਦੀ ਗ੍ਰਿਫਤਾਰੀ ਲਈ ਵੱਖ-ਵੱਖ ਟੀਮਾਂ ਨੂੰ ਰਵਾਨਾ ਕੀਤਾ ਗਿਆ ਹੈ। ਵਿਸਾਖੀ ਦੇ ਮੇਲੇ ਮੌਕੇ ਸੰਗਤ ਦੀ ਸਹੂਲਤ ਲਈ ਪ੍ਰਸ਼ਾਸਨ ਵੱਲੋਂ 300 ਪੁਲਿਸ ਮੁਲਾਜ਼ਮ ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਾਇਨਾਤ ਕਰਨ ਦਾ ਦਾਅਵਾ ਕੀਤਾ ਗਿਆ ਸੀ। ਪਰ ਇਸ ਘਟਨਾ ਨੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਲੈ ਕੇ ਕਈ ਸਵਾਲ ਖੜੇ ਕਰ ਦਿੱਤੇ ਹਨ।

ਇਸ ਘਟਨਾ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਡੀਐਸਪੀ ਜਸ਼ਨਦੀਪ ਸਿੰਘ ਮਾਨ ਅਤੇ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਐਸਐਚਓ ਇੰਸਪੈਕਟਰ ਰਾਹੁਲ ਸ਼ਰਮਾ ਨੇ ਦੱਸਿਆ ਕਿ

ਥਾਣਾ ਸ੍ਰੀ ਕੀਰਤਪੁਰ ਸਾਹਿਬ ਦੀ ਪੁਲਿਸ ਨੂੰ ਤਲਜਿੰਦਰ ਸਿੰਘ ਚੀਮਾ ਪੁੱਤਰ ਕੁਲਵਿੰਦਰ ਸਿੰਘ ਵਾਸੀ ਪਿੰਡ ਸਿਕੰਦਰਪੁਰ ਥਾਣਾ ਆਦਮਪੁਰ ਜਿਲ੍ਹਾ ਜਲੰਧਰ ਨੇ ਆਪਣੇ ਬਿਆਨ ਵਿੱਚ ਦੱਸਿਆ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ। ਕੱਲ ਮਿਤੀ




13 ਅਪ੍ਰੈਲ ਨੂੰ ਮੈਂ ਆਪਣਾ ਫਾਰਮਟਰੈਕ 60 ਟਰੈਕਟਰ ਸਮੇਤ ਟਰਾਲੀ ਵਿੱਚ ਆਪਣੇ ਪਿੰਡ ਅਤੇ ਗੁਆਂਢੀ ਪਿੰਡਾਂ ਤੋਂ ਕਰੀਬ 10 -15 ਨੌਜਵਾਨ ਜਿਨਾਂ ਵਿੱਚ ਪੰਜ ਛੇ ਦੇ ਕਰੀਬ ਬੱਚੇ ਵੀ ਸ਼ਾਮਿਲ ਸਨ, ਨਾਲ ਵਿਸਾਖੀ ਦਾ ਦਿਹਾੜਾ ਹੋਣ ਕਾਰਨ ਮੱਥਾ ਟੇਕਣ ਲਈ ਸ੍ਰੀ ਅਨੰਦਪੁਰ ਸਾਹਿਬ ਜਾ ਰਿਹਾ ਸੀ ਤੇ ਟਰੈਕਟਰ ਨੂੰ ਮੈਂ ਹੀ ਚਲਾ ਰਿਹਾ ਸੀ। ਰਸਤੇ ਵਿੱਚ ਬੰਗਾ ਦੇ ਨਜ਼ਦੀਕ ਉਹਨਾਂ ਨੇ ਇੱਕ ਲੰਗਰ ਵਿੱਚ ਪ੍ਰਸ਼ਾਦਾ ਛਕਿਆ।

ਉਸ ਤੋਂ ਬਾਅਦ ਜਦੋਂ ਅਸੀਂ ਉਥੋਂ ਚੱਲੇ ਤਾਂ ਸਾਡੇ ਟਰੈਕਟਰ ਨੂੰ ਇੱਕ ਸਕਾਰਪੀਓ ਐਨ ਗੱਡੀ ਰੰਗ ਚਿੱਟਾ ਬਿਨਾਂ ਨੰਬਰ ,ਇੱਕ ਫਾਰਚੂਨਰ ਕਾਰ ਰੰਗ ਚਿੱਟਾ ਜਿਸ ਦਾ ਨੰਬਰ ਪਲੇਟ ਪਰ ਏ/ਐਫ ਲਿਖਿਆ ਹੋਇਆ ਸੀ ਨੇ ਸਾਡੇ ਟਰੈਕਟਰ ਨੂੰ ਕ੍ਰਾਸ ਕੀਤਾ। ਜਦੋਂ ਅਸੀਂ ਬਾਇਆ ਰੋਪੜ ਤੋਂ ਸ੍ਰੀ ਅਨੰਦਪੁਰ ਸਾਹਿਬ ਵੱਲ ਨੂੰ ਆ ਰਹੇ ਸਨ ਤਾਂ ਭਰਤਗੜ੍ਹ ਦੇ ਨਜ਼ਦੀਕ ਜਿਮੀਦਾਰਾ ਢਾਬਾ ਵਾਹਦ ਭਰਤਗੜ੍ਹ ਨਜ਼ਦੀਕ ਪੁੱਜੇ ਤਾਂ ਉਕਤ ਦੋਨੋਂ ਗੱਡੀਆਂ ਵੀ ਜਿਮੀਦਾਰਾ ਢਾਬੇ ਤੇ ਰੁਕੀਆਂ ਹੋਈਆਂ ਸਨ। ਜਦੋਂ ਅਸੀਂ ਵਕਤ ਕਰੀਬ 11.45 ਪੀਐਮ ਭਰਤਗੜ ਤੋਂ ਅੱਗੇ ਅਨੰਦਪੁਰ ਸਾਹਿਬ ਵੱਲ ਨੂੰ ਆ ਰਹੇ ਸੀ ਤਾਂ ਇੱਕ ਫਾਰਚੂਨਰ ਕਾਰ ਰੰਗ ਚਿੱਟਾ ਜਿਸਦੇ ਬਾਹਰ ਇੱਕ ਸਰਦਾਰ ਨੌਜਵਾਨ ਖੜਾ ਸੀ ਨੇ ਸਾਡੇ ਟਰੈਕਟਰ ਟਰਾਲੀ ਵੱਲ ਨੂੰ ਵਾਹ ਕਰਕੇ ਆਪਣੇ ਸਾਥੀਆਂ ਨੂੰ ਇਸ਼ਾਰਾ ਕਰਕੇ ਦੱਸਿਆ ਕਿ ਇਹ ਟਰੈਕਟਰ ਸਾਡੇ ਕੋਲੋਂ ਕਰਾਸ ਕਰਕੇ ਗਿਆ ਹੈ। ਫਿਰ ਜਦੋਂ ਅਸੀਂ ਪਿੰਡ ਹਜ਼ਾਰਾਂ ਮੇਨ ਹਾਈਵੇ ਤੇ ਹੀ ਜਾ ਰਹੇ ਸੀ ਤਾਂ ਤਿੰਨ ਕਾਰਾਂ ਜਿਨਾਂ ਵਿੱਚ ਮਹਿੰਦਰਾ ਸਕਾਰਪੀਓ ਕਲਾਸਿਕ ਰੰਗ ਕਾਲਾ ਬਿਨਾਂ ਨੰਬਰੀ, ਇੱਕ ਫਾਰਚੂਨਰ ਰੰਗ ਚਿੱਟਾ ਬਿਨਾਂ ਨੰਬਰੀ ਤੇ ਇੱਕ ਟੌਯੋਟਾ ਹਿਲਕਸ ਪਿਕਾ ਰੰਗ ਕਾਲਾ ਬਿਨਾਂ ਨੰਬਰੀ ਤੇ ਇਹਨਾਂ ਦੇ ਨਾਲ ਹੀ ਤਿੰਨ ਟਰੈਕਟਰ ਜਿਨਾਂ ਵਿੱਚ ਇੱਕ ਫਾਰਮਟਰੈਕ ਤੇ ਦੋ ਨਿਊ ਹੋਲੈਂਡ ਵੀ ਇਹਨਾਂ ਨਾਲ ਹੀ ਖੜੇ ਸਨ ਤੇ ਇਹਨਾਂ ਵਿੱਚੋਂ ਇੱਕ ਟੋਇਟਾ ਹਿਲਕਸ ਬਿਨਾਂ ਨੰਬਰੀ ਵਿੱਚੋਂ ਇੱਕ ਨੌਜਵਾਨ ਉਤਰਿਆ ਜਿਸ ਨੇ ਉੱਤਰਦੇ ਸਾਰ ਹੀ ਸਾਡੇ ਟਰੈਕਟਰ ਵੱਲ ਪੰਪ ਐਕਸ਼ਨ 12 ਬੋਰ ਨਾਲ ਫਾਇਰ ਕੀਤਾ ਜੋ ਕਿ ਸਾਡੀ ਟਰਾਲੀ ਵਿੱਚ ਲੱਗਾ ਫਿਰ ਸਾਡੇ ਟਰੈਕਟਰ ਨੂੰ ਜਾਂਦੇ ਜਾਂਦੇ ਹੋਏ ਨੂੰ ਟਰੈਕਟਰ ਦੇ ਬੈਠੇ

## ਥਾਣਾ ਸ੍ਰੀ ਕੀਰਤਪੁਰ ਸਾਹਿਬ ਵਿਖੇ ਫਾਇਰਿੰਗ ਕਰਨ ਵਾਲੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ

ਨੌਜਵਾਨਾਂ ਨੇ ਖੰਡੇ ਤੇ ਦਾਤਰਾਂ ਨੂੰ ਸਾਡੇ ਟਰੈਕਟਰ ਵੱਲ ਨੂੰ ਛੱਡ ਕੇ ਮਾਰੇ ਫਿਰ ਅਸੀਂ ਡਰਦੇ ਮਾਰੇ ਨੇ ਆਪਣਾ ਟਰੈਕਟਰ ਹੋਰ ਤੇਜ਼ੀ ਨਾਲ ਭਜਾ ਲਿਆ ਤੇ ਨੌਜਵਾਨਾਂ ਨੇ ਫਿਰ ਸਾਡੇ ਤੇ ਪੰਪ ਐਕਸ਼ਨ ਨਾਲ ਕਰੀਬ ਪੰਜ ਛੇ ਫਾਇਰ ਕੀਤੇ ਜੋ ਸਾਡੀ ਟਰਾਲੀ ਦੇ ਪਿਛਲੀ ਸਾਈਡ ਲੱਗੇ ਫਿਰ ਉਕਤ ਕਾਰ ਸਵਾਰ ਅਤੇ ਟਰੈਕਟਰ ਸਵਾਰ ਨੌਜਵਾਨ ਸਾਡੇ ਟਰੈਕਟਰ ਦੇ ਪਿੱਛੇ ਹੀ ਆਉਣ ਲੱਗ ਗਏ ਜਿਨਾਂ ਵਿੱਚ ਇੱਕ ਟਰੈਕਟਰ ਨਿਊ ਹੋਲੈਂਡ ਜਿਸ ਨੂੰ ਕਿ ਦਵਿੰਦਰ ਸਿੰਘ ਵਾਸੀ ਪਿੰਡ ਮਰੂਫ ਜ਼ਿਲ੍ਹਾ ਹੁਸ਼ਿਆਰਪੁਰ ਚਲਾ ਰਿਹਾ ਸੀ ਜਿਸ ਨਾਲ ਮਨਪ੍ਰੀਤ ਸਿੰਘ ਉਰਫ ਮੰਨਾ ਬੈਠਾ ਸੀ ਜਿਨਾਂ ਨੇ ਸਾਡੇ ਟਰੈਕਟਰ ਨੂੰ ਕਰਾਸ ਕਰਦੇ ਸਾਰ ਹੀ ਮਨਪ੍ਰੀਤ ਸਿੰਘ ਉਰਫ ਮੰਨਾ ਨੇ ਆਪਣੇ ਹੱਥ ਵਿੱਚ ਫੜੀ ਪੰਪ ਐਕਸ਼ਨ ਗਨ ਨਾਲ ਫਾਇਰ ਕੀਤੇ ਜੋ ਸਾਡੇ ਟਰੈਕਟਰ ਦੀ ਫਰੰਟ ਜਾਲੀ ਨੂੰ ਕਰਾਸ ਕਰਕੇ ਰੈਡੀਏਟਰ ਵਿੱਚ ਵਜਾ ਤੇ ਟਰੈਕਟਰ ਤੇ ਹੋਰ ਕੋਈ ਫਾਇਰ ਵੱਜੇ ਫਾਇਰ ਵੱਜਣ ਕਾਰਨ ਟਰੈਕਟਰ ਦਾ ਰੇਡੀਏਟਰ ਲੀਗ ਕਰ ਗਿਆ ਫਿਰ ਦਵਿੰਦਰ ਨੇ ਟਰੈਕਟਰ ਹੋਰ ਤੇਜ਼ੀ ਨਾਲ ਸਾਡੇ ਤੋਂ ਅੱਗੇ ਕਰਕੇ ਕੀਰਤਪੁਰ ਸਾਹਿਬ ਤੋਂ ਥੋੜੀ ਪਿੱਛੇ ਹੀ ਸਾਈਡ ਨੂੰ ਰੋਕ ਲਿਆ ਫਿਰ ਦਵਿੰਦਰ ਸਿੰਘ ਨੇ ਮਨਪ੍ਰੀਤ ਸਿੰਘ ਉਕਤ ਦੇ ਹੱਥ ਵਿੱਚ ਫੜੀ ਪੰਪ ਐਕਸ਼ਨ ਗਨ ਲੈ ਕੇ ਸਾਡੇ ਟਰੈਕਟਰ ਤੇ ਕਈ ਫਾਇਰ ਕੀਤੇ ਜੋ ਸਾਡੇ ਟਰੈਕਟਰ ਦੇ ਲੱਗੇ ਫਿਰ ਅਸੀਂ ਆਪਣਾ ਟਰੈਕਟਰ ਹੋਰ ਤੇਜ਼ੀ ਨਾਲ ਭਜਾ ਕੇ ਥਾਣਾ ਸ੍ਰੀ ਆਨੰਦਪੁਰ ਸਾਹਿਬ ਦੇ ਬਾਹਰ ਇੱਕ ਸਾਈਡ ਨੂੰ ਖੜਾ ਕਰ ਦਿੱਤਾ ਤੇ ਸਾਡਾ ਟਰੈਕਟਰ ਉਥੋਂ ਸੀਜ ਹੋ ਗਿਆ ਇਸ ਘਟਨਾ ਦੌਰਾਨ ਸਾਡਾ ਕੋਈ ਵੀ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ ਜਿਸ ਤੋਂ ਬਾਅਦ ਅਸੀਂ ਪੁਲਿਸ ਨੂੰ ਇਤਲਾਹ ਦੇਣ ਲਈ ਥਾਣਾ ਸ੍ਰੀ ਕੀਰਤਪੁਰ ਸਾਹਿਬ ਪੁੱਜੇ ਇਹਨਾਂ ਤਿੰਨ ਕਾਰਾਂ ਜਿਹਨਾਂ ਵਿੱਚ ਮਹਿੰਦਰਾ ਸਕਾਰਪੀਓ ਕਲਾਸਿਕ ਰੰਗ ਕਾਲਾ ਬਿਨਾਂ ਨੰਬਰੀ ,ਇੱਕ ਫਾਰਚੂਨਰ ਰੰਗ ਚਿੱਟਾ ਬਿਨਾਂ ਨੰਬਰੀ ਦੇ ਡਰਾਈਵਰ ਪਵਿੱਤਰ ਸਿੰਘ ਪਿੰਡ ਲਖਣ ਕਲਾਂ ਜ਼ਿਲ੍ਹਾ ਕਪੂਰਥਲਾ ਤੇ ਇੱਕ ਟੋਇਟਾ ਹਿਲਕਸ ਪੀਕਾ ਰੰਗ ਕਾਲਾ ਬਿਨਾਂ ਨੰਬਰੀ ਦੇ ਡਰਾਈਵਰ ਪਾਲਾ ਤੇ ਇਹਨਾਂ ਦੇ ਨਾਲ ਹੀ ਤਿੰਨ ਟਰੈਕਟਰ ਜਿਨਾਂ ਵਿੱਚ ਇੱਕ ਫਾਰਮ ਟਰੈਕ ਤੇ ਦੋ ਨਿਊ ਹੋਲੈਂਡ ਦੇ ਡਰਾਈਵਰ ਦਵਿੰਦਰ ਸਿੰਘ ਅਤੇ ਮਨਪ੍ਰੀਤ ਸਿੰਘ ਤੇ ਇਹਨਾਂ ਦੇ ਹੋਰ ਨਾਮਲੂਮ ਸਾਥੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਡੀਐਸਪੀ ਜਸ਼ਨਦੀਪ ਸਿੰਘ ਮਾਨ ਨੇ ਦੱਸਿਆ ਕਿ ਥਾਣਾ ਸ੍ਰੀ ਕੀਰਤਪੁਰ ਸਾਹਿਬ ਵਿਖੇ ਪੁਲਿਸ ਵੱਲੋਂ ਤਲਜਿੰਦਰ ਸਿੰਘ ਚੀਮਾ ਦੇ ਬਿਆਨਾਂ ਦੇ ਆਧਾਰ ਉੱਪਰ 25 ,27, 54- 59 ਅਸਲਾ ਐਕਟ ਅਤੇ 125 ਬੀਐਨਐਸ ਬਰਖਿਲਾਫ ਤਿੰਨ ਕਾਰਾਂ ਜਿਹਨਾਂ ਵਿੱਚ ਮਹਿੰਦਰਾ ਸਕਾਰਪੀਓ ਕਲਾਸਿਕ ਰੰਗ ਕਾਲਾ ਬਿਨਾਂ ਨੰਬਰੀ, ਇਕ ਫਾਰਚੂਨਰ ਰੰਗ ਚਿੱਟਾ ਬਿਨਾਂ ਨੰਬਰੀ ਦੇ ਡਰਾਈਵਰ ਪਵਿੱਤਰ ਸਿੰਘ ਵਾਸੀ ਪਿੰਡ ਲਖਣ ਕਲਾਂ ਜਿਲ੍ਹਾ ਕਪੂਰਥਲਾ ਤੇ ਇੱਕ ਟੋਇਟਾ ਹਿਲਕਸ ਪੀਕਾ ਰੰਗ ਕਾਲਾ ਬਿਨਾਂ ਨੰਬਰੀ ਦੇ ਡਰਾਈਵਰ ਪਾਲਾ ਤੇ ਇਹਨਾਂ ਦੇ ਨਾਲ ਹੀ ਤਿੰਨ ਟਰੈਕਟਰ ਜਿਨਾਂ ਵਿੱਚ ਇੱਕ ਫਾਰਮ ਟਰੈਕ ਤੇ ਦੋ ਨਿਊ ਹੋਲੈਂਡ ਦੇ ਡਰਾਈਵਰ ਦਵਿੰਦਰ ਸਿੰਘ ਅਤੇ ਮਨਪ੍ਰੀਤ ਸਿੰਘ ਅਤੇ ਇਹਨਾਂ ਦੇ ਹੋਰ ਨਾਮਲੂਮ ਸਾਥੀਆਂ ਦੇ ਖਿਲਾਫ ਮਾਮਲਾ ਦਰਜ ਕਰਕੇ ਇਹਨਾਂ ਦੀ ਗਿਰਫਤਾਰੀ ਲਈ ਵੱਖ-ਵੱਖ ਥਾਵਾਂ ਤੇ ਟੀਮਾਂ ਭੇਜ ਦਿੱਤੀਆਂ ਗਈਆਂ ਹਨ।

## ਗੁਰੂਆਂ ਦੁਆਰਾ ਦਰਸਾਏ ਮਾਰਗ 'ਤੇ ਚੱਲ ਕੇ ਹੀ ਦੇਸ਼ ਤੇ ਸਮਾਜ ਦੀ ਸੇਵਾ ਸਫ਼ਲ ਹੋਵੇਗੀ : ਚੌਧਰੀ ਭੂਪੇਂਦਰ ਸਿੰਘ

ਗਾਜ਼ੀਆਬਾਦ, 14 ਅਪ੍ਰੈਲ (ਚ.ਨ.ਸ.): ਗੁਰੂਆਂ ਦੁਆਰਾ ਦਰਸਾਏ ਮਾਰਗ 'ਤੇ ਚੱਲ ਕੇ ਹੀ ਦੇਸ਼ ਅਤੇ ਸਮਾਜ ਦੀ ਸੇਵਾ ਸਫਲ ਹੋਵੇਗੀ। ਸਾਬਕਾ ਸੂਬਾ ਪ੍ਰਧਾਨ, ਮਾਣਯੋਗ ਭੂਪੇਂਦਰ ਚੌਧਰੀ ਨੇ ਅੱਜ ਖਾਲਸਾ ਪੰਥ ਦੇ ਸਥਾਪਨਾ ਦਿਵਸ 'ਤੇ ਮੈਟਰੋਪੋਲੀਟਨ ਭਾਜਪਾ ਦਫਤਰ ਵਿਖੇ ਇਹ ਬਿਆਨ ਦਿੱਤਾ। ਉਨ੍ਹਾਂ ਸਾਰਿਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਗੁਰੂ ਗੋਬਿੰਦ ਸਿੰਘ ਦੇ ਜੀਵਨ 'ਤੇ ਵੀ ਚਾਨਣਾ ਪਾਇਆ, ਕਿਹਾ ਕਿ ਗੁਰੂਆਂ ਦੇ ਆਦਰਸ਼ਾਂ 'ਤੇ ਚੱਲ ਕੇ ਹੀ ਦੇਸ਼ ਅਤੇ ਸਮਾਜ ਤਰੱਕੀ ਕਰ ਸਕਦਾ ਹੈ। ਇਸ ਮੌਕੇ ਸਰਦਾਰ ਐਸਪੀ ਸਿੰਘ, ਭੂਪੇਂਦਰ ਚੌਧਰੀ ਅਤੇ ਗਗਨ ਸਿੰਘ ਅਰੋੜਾ ਨੇ ਮੈਟਰੋਪੋਲੀਟਨ ਪ੍ਰਧਾਨ ਨੂੰ ਪੱਗ ਤੇ "ਸਾਹਿਬੇ ਕਮਾਲ ਗੁਰੂ ਗੋਬਿੰਦ ਸਿੰਘ" ਕਿਤਾਬ ਭੇਟ ਕੀਤੀ। ਮੈਟਰੋਪੋਲੀਟਨ ਪ੍ਰਧਾਨ ਮਯੰਕ ਗੋਇਲ, ਵਿਧਾਇਕ ਸੰਜੀਵ ਸ਼ਰਮਾ ਅਤੇ ਉੱਤਰ ਪ੍ਰਦੇਸ਼ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਮੈਂਬਰ ਸਰਦਾਰ ਐਸਪੀ ਸਿੰਘ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਜਨਰਲ ਸਕੱਤਰ ਗੌਰਵ ਚੋਪੜਾ, ਪੰਕਜ ਭਾਰਦਵਾਜ, ਪ੍ਰਦੀਪ ਚੌਹਾਨ, ਵੇਦਪ੍ਰਕਾਸ਼ ਤੋਂ ਇਲਾਵਾ ਨੌਜਵਾਨ ਆਗੂ ਗਗਨ ਸਿੰਘ ਅਰੋੜਾ, ਕਰਨ ਸ਼ਰਮਾ, ਤਰੁਣ ਸ਼ਰਮਾ, ਵਰੁਣ ਨਾਗਰ, ਅੰਗਦ ਸਿੰਘ, ਅਭਿਜੀਤ ਸਿੰਘ ਆਦਿ ਹਾਜ਼ਰ ਸਨ।

## ਗੈਂਗਸਟਰਾਂ 'ਤੇ ਵਾਰ ਦੇ 84ਵੇਂ ਦਿਨ 566 ਥਾਵਾਂ ਉੱਤੇ ਛਾਪੇਮਾਰੀ ਦੌਰਾਨ 311 ਗ੍ਰਿਫ਼ਤਾਰ

ਚੰਡੀਗੜ੍ਹ, 14 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 84ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 566 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

84ਵੇਂ ਦਿਨ, ਪੁਲਿਸ ਟੀਮਾਂ ਨੇ ਦੋ ਹਥਿਆਰ ਬਰਾਮਦ ਕਰਨ ਤੋਂ ਬਾਅਦ 311 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 21,154 ਹੋ ਗਈਆਂ। ਇਸ ਤੋਂ ਇਲਾਵਾ 92 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਿਨ੍ਹਾਂ ਕੋਲੋਂ ਛੇ ਹਥਿਆਰ ਵੀ ਬਰਾਮਦ ਹੋਏ ਹਨ, ਜਦੋਂ ਕਿ 126 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 2 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 409ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 126 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.4 ਕਿਲੋ ਹੈਰੋਇਨ, 5.4 ਕਿਲੋ ਅਫੀਮ, 69 ਕਿਲੋ ਭੁੱਕੀ, 558 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 4.91 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ ਸਿਰਫ 409 ਦਿਨਾਂ ਵਿੱਚ ਗ੍ਰਿਫਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 58,829 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 25 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

## ਖ਼ਾਲਸਾ ਸਾਜਨਾ ਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਆਗਮਨ ਦਿਹਾੜੇ ਨੂੰ ਸਮਰਪਿਤ ਰੋਮ ਵਿਖੇ ਵਿਸ਼ਾਲ ਨਗਰ ਕੀਰਤਨ 19 ਨੂੰ



ਰੋਮ ਇਟਲੀ, 14 ਅਪ੍ਰੈਲ (ਗੁਰਸ਼ਰਨ ਸਿੰਘ ਸੋਨੀ): ਰਾਜਧਾਨੀ ਰੋਮ ਦੇ ਗੁਰਦੁਆਰਾ ਹਰਗੋਬਿੰਦ ਸਾਹਿਬ ਸੇਵਾ ਸੁਸਾਇਟੀ ਮਾਸੀਮੀਨਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਹਾੜਾ ਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਆਗਮਨ ਦਿਹਾੜੇ ਨੂੰ ਸਮਰਪਿਤ ਰੋਮ ਸ਼ਹਿਰ ਵਿਖੇ 19 ਅਪ੍ਰੈਲ ਦਿਨ ਐਤਵਾਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਇਆ ਜਾ ਰਿਹਾ ਹੈ । ਇਸ ਸਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾਂ ਵੱਲੋਂ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਗੁਰਦੁਆਰਾ ਗੁਰੂ ਨਾਨਕ ਦਰਬਾਰ ਰੋਮ ਤੇ ਲਾਸੀਓ ਸੂਬੇ ਦੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਵੇਰੇ 11 ਵਜੇ ਕੀਰਤਨ ਤੇ ਢਾਡੀ ਦਰਬਾਰ ਸਜਾਇਆ ਜਾਵੇਗਾ ਉਪਰੰਤ ਦੁਪਿਹਰ 1:00 ਵਜੇ ਪਿਆਸਾ ਵਿਕਟੋਰੀਆ ਪਾਰਕ (ਨੇੜੇ ਰੋਮ ਰੇਲਵੇ ਟਰਮੀਨਲ) ਤੋਂ ਸ਼ੁਰੂ ਹੋ ਕਿ ਸ਼ਹਿਰ ਦੀ ਪਰਿਕਰਮਾ ਕਰਦਿਆਂ ਹੋਇਆਂ ਮੁੜ ਆਰੰਭਤਾ ਵਾਲੇ ਸਥਾਨ ਤੇ ਪੜਾਅ ਕੀਤਾ ਜਾਵੇਗਾ । ਉਪਰੰਤ ਪੰਥ ਦੇ ਪ੍ਰਸਿੱਧ ਸੁਖਵੀਰ ਸਿੰਘ ਭੌਰ ਦੇ ਢਾਡੀ ਜਥੇ ਵੱਲੋਂ ਅਪਣੀ ਤੇ ਦਮਦਾਰ ਆਵਾਜ਼ ਰਾਹੀਂ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ । ਸਮਾਪਤੀ ਮੌਕੇ ਪ੍ਰਬੰਧਕਾਂ ਵੱਲੋਂ ਸੇਵਾਦਾਰਾਂ ਤੇ ਪਹੁੰਚੇ ਹੋਏ ਆਗੂਆਂ ਨੂੰ ਸਨਮਾਨ ਚਿੰਨ੍ਹ ਤੇ ਗੁਰੂ ਦੀ ਬਖਸ਼ਿਸ਼ ਸਿਰੋਪਾ ਦੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਇਲਾਕੇ ਦੇ ਸਮੂਹ ਗੁਰਦੁਆਰਾ ਸਾਹਿਬਾਨਾਂ ਦੀਆਂ ਪ੍ਰਬੰਧਕ ਕਮੇਟੀ ਤੇ ਹੋਰ ਧਾਰਮਿਕ ਸੰਸਥਾਵਾਂ ਦੇ ਪ੍ਰਬੰਧਕਾਂ ਤੇ ਸਮੂਹ ਸੰਗਤਾਂ ਨੂੰ ਇਸ ਪਾਵਨ ਦਿਹਾੜੇ ਮੌਕੇ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਨ ਲਈ ਬੇਨਤੀ ਕੀਤੀ ਗਈ ਹੈ। ਸੰਗਤਾਂ ਲਈ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਤੇ ਗੁਰੂ ਦਾ ਲੰਗਰ ਅਤੁੱਟ ਵਰਤੇਗਾ।

## ਰੋਮ ਵਿਖੇ ਵਿਸਾਖੀ ਦੇ ਤਿਉਹਾਰ ਮੌਕੇ ਹੋਣਹਾਰ ਵਿਦਿਆਰਥੀਆਂ ਦਾ ਭਾਰਤੀ ਦੂਤਾਵਾਸ ਤੇ ਐਸ.ਜੀ.ਪੀ.ਸੀ. ਇਟਲੀ ਵੱਲੋਂ ਸਨਮਾਨ

ਰੋਮ ਇਟਲੀ, 14 ਅਪ੍ਰੈਲ (ਗੁਰਸ਼ਰਨ ਸਿੰਘ ਸੋਨੀ): ਰਾਜਧਾਨੀ ਰੋਮ ਸਥਿਤ ਭਾਰਤੀ ਦੂਤਾਵਾਸ ਵੱਲੋਂ ਵਿਸਾਖੀ ਦੇ ਦਿਹਾੜੇ ਤੇ ਇੱਕ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵਿਦੇਸ਼ੀ ਧਰਤੀ ਤੇ ਜੰਮੇ ਬੱਚੇ ਜੋ ਚੰਗੀ ਸਿੱਖਿਆ ਲੈ ਕੇ ਉੱਚ ਅਹੁਦਿਆਂ ਤੇ ਬਿਰਾਜਮਾਨ ਹੋਏ ਹਨ ਉਹਨਾਂ ਨੂੰ ਭਾਰਤੀ ਦੂਤਾਵਾਸ ਰੋਮ ਅਤੇ ਐਸਜੀਪੀਸੀ ਇਟਲੀ ਵੱਲੋ ਸਨਮਾਨਿਤ ਕੀਤਾ ਗਿਆ ਹੈ । ਰੋਮ ਅੰਬੈਸੀ ਅਧਿਕਾਰੀਆਂ ਦੀ ਅਣਥੱਕ ਮਿਹਨਤ ਅਤੇ ਐਸਜੀਪੀਸੀ ਦੇ ਸਹਿਯੋਗ ਨਾਲ ਕਰਵਾਏ ਵਿਸਾਖੀ ਸਮਾਗਮ ਮੌਕੇ ਉਨਾਂ ਬੱਚਿਆਂ ਦਾ ਸਨਮਾਨ ਕੀਤਾ ਗਿਆ ਜਿਨਾਂ ਨੇ ਪਿਛਲੇ ਸਮੇਂ ਦੌਰਾਨ ਉੱਚ ਵਿੱਦਿਆ ਹਾਸਿਲ ਕਰਕੇ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰੀਆਂ ਹਨ ਇਸ ਮੌਕੇ ਰਾਜਦੂਤ ਮੈਡਮ ਵਾਣੀ ਰਾਓ ਵੱਲੋਂ ਸਮੂਹ ਭਾਰਤੀਆਂ ਨੂੰ ਵਿਸਾਖੀ ਦੀਆਂ ਵਧਾਈਆਂ ਦਿੰਦੇ ਹੋਏ ਬੱਚਿਆਂ ਦੀ ਸ਼ਲਾਘਾ ਕੀਤੀ ਜਿਹੜੇ ਕਿ ਵਿਦੇਸ਼ੀ ਧਰਤੀ ਤੇ ਰਹਿ ਕੇ ਭਾਰਤੀਆਂ ਦਾ ਨਾਂ ਚਮਕਾ ਰਹੇ ਹਨ । ਦੱਸਣ ਯੋਗ ਹੈ ਕਿ ਇਟਲੀ ਵਿੱਚ ਭਾਰਤੀਆਂ ਦੀ ਦੂਜੀ ਪੀੜੀ ਦੇ ਵਿਦਿਆਰਥੀ ਆਏ ਦਿਨ ਸਕੂਲਾਂ ਕਾਲਜਾਂ ਜਾਂ ਯੂਨੀਵਰਸਿਟੀਆਂ ਵਿੱਚ ਚੰਗੀ ਸਿੱਖਿਆ ਪ੍ਰਾਪਤ ਕਰਕੇ ਵੱਡੇ ਕੀਰਤੀਮਾਨ ਸਥਾਪਿਤ ਕਰ ਰਹੇ ਨੇ ਇਸ ਮੌਕੇ ਤੇ ਪੁੱਜੇ ਹੋਏ ਵਿਦਿਆਰਥੀਆਂ ਨੇ ਆਪਣਾ




ਤਜਰਬਾ ਸਾਂਝਾ ਕਰਦਿਆਂ ਆਖਿਆ ਚੰਗੇ ਭਵਿੱਖ ਲਈ ਪੜ੍ਹਾਈ ਬਹੁਤ ਜ਼ਰੂਰੀ ਹੈ ਇਨਸਾਨ ਦਾ ਪੜਿਆ ਲਿਖਿਆ ਹੋਣਾ ਜ਼ਰੂਰੀ ਹੈ । ਉਨਾ ਸੁਨੇਹਾ ਦਿੰਦਿਆਂ ਆਖਿਆ ਕਿ ਮੰਨ ਲਾਕੇ ਪੜ੍ਹਾਈ ਕਰੋ ਕਾਮਯਾਬੀ ਆਪਣੇ ਆਪ ਪੈਰ ਚੁੰਮੇਗੀ ਇਸ ਮੌਕੇ ਤੇ ਭਾਰਤੀ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦੇਣ ਦੇ ਲਈ ਲੋਕ ਵੱਡੀ ਤਾਦਾਦ ਦੇ ਵਿੱਚ ਆਪੋ ਆਪਣੇ ਪਰਿਵਾਰਾਂ ਦੇ ਨਾਲ ਪਹੁੰਚੇ ਹੋਏ ਸਨ ਜਿਕਰਯੋਗ ਹੈ ਕਿ ਇਟਲੀ ਦੇ ਵਿੱਚ ਭਾਰਤੀਆਂ ਦੀ ਦੂਜੀ ਪੀੜੀ ਚੱਲ ਰਹੀ ਹੈ ਜਿਸ ਵਿੱਚ ਹੁਣ ਬਹੁਤ ਸਾਰੇ ਨੌਜਵਾਨ ਵਕੀਲ , ਡਾਕਟਰ , ਟਰੇਨ ਡਰਾਈਵਰ , ਸਥਾਨਿਕ ਪੁਲਿਸ ਵਿੱਚ ਭਰਤੀ ਹੋ ਕਿ ਵਿਦੇਸ਼ੀ ਧਰਤੀ ਤੇ ਦੇਸ਼ ਦਾ ਨਾਂ ਚਮਕਾ ਰਹੇ ਹਨ ਇਸ ਮੌਕੇ ਤੇ ਨੌਜਵਾਨਾਂ ਵੱਲੋਂ ਲੋਕ ਨਾਚ ਭੰਗੜੇ ਦੇ ਨਾਲ ਪੇਸ਼ਕਾਰੀ ਕੀਤੀ ਗਈ ਰੌਣਕ ਪੰਜਾਬਣਾਂ ਦੀ ਗਰੁੱਪ ਲਾਸੀਓ ਵੱਲੋਂ ਗਿੱਧੇ ਦੇ ਨਾਲ ਰੌਣਕਾਂ ਲਾਈਆਂ ਗਈਆਂ ਅਤੇ ਵਿਸਾਖੀ ਦਾ ਇਹ ਤਿਉਹਾਰ ਨੂੰ ਯਾਦਗਾਰੀ ਹੋ ਨਿਬੜਿਆਂ। ਇਸ ਮੌਕੇ ਐਸਜੀਪੀਸੀ ਦੇ ਆਗੂਆਂ ਵਲੋ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਇਟਲੀ ਵਿੱਚ ਵੱਸਦੇ ਭਾਰਤੀ ਭਾਈਚਾਰੇ ਦੇ ਨੌਜਵਾਨਾਂ ਨੂੰ ਬੱਚਿਆਂ ਨੂੰ ਇਸ ਕਰਕੇ ਸਨਮਾਨਿਤ ਕੀਤਾ ਗਿਆ ਹੈ ਤਾਂ ਜੋ ਇਨ੍ਹਾਂ ਬੱਚਿਆਂ ਤੋ ਸਾਡੀ ਨਵੀਂ ਪੀੜ੍ਹੀ ਸੇਧ ਲੈਕੇ ਆਉਣ ਵਾਲੇ ਸਮੇਂ ਵਿੱਚ ਹੋਰ ਬੁਲੰਦੀਆਂ ਹਾਸਲ ਕਰਨ ਤੇ ਇਟਲੀ ਵਿੱਚ ਅਪਣੇ ਪਰਿਵਾਰ ਸਮੇਤ ਦੇਸ਼ ਦਾ ਨਾਮ ਰੌਸ਼ਨ ਕਰਨ।

## ਡਾ. ਭੀਮ ਰਾਓ ਅੰਬੇਡਕਰ ਜਯੰਤੀ ਦੇ ਮੌਕੇ ਸਮਾਜਿਕ ਸਦਭਾਵਨਾ ਉਤਸਵ ਵਿੱਚ ਮੁਰਮੂ ਵੱਲੋਂ ਸੰਬੋਧਨ

ਗਾਂਧੀਨਗਰ, 14 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਜਯੰਤੀ ਦੇ ਸ਼ੁਭ ਮੌਕੇ 'ਤੇ, ਮੈਂ, ਆਪਣੇ ਸਾਰੇ ਦੇਸ਼ ਵਾਸੀਆਂ ਵੱਲੋਂ, ਉਨ੍ਹਾਂ ਦੀ ਪਵਿੱਤਰ ਯਾਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਾ ਹਾਂ। ਅੱਜ, ਮੈਨੂੰ ਲੋਕ ਭਵਨ ਵਿਖੇ ਉਨ੍ਹਾਂ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਇੱਕ ਧੰਨਵਾਦੀ ਰਾਸ਼ਟਰ ਵੱਲੋਂ, ਮੈਂ ਬਾਬਾ ਸਾਹਿਬ ਨੂੰ ਨਿਮਰ ਸ਼ਰਧਾਂਜਲੀ ਭੇਟ ਕਰਦਾ ਹਾਂ, ਜਿਨ੍ਹਾਂ ਨੇ ਦੇਸ਼ ਦੀ ਆਧੁਨਿਕ ਤਰੱਕੀ ਤੇ ਸਮਾਜਿਕ ਨਿਆਂ 'ਚ ਬਹੁਪੱਖੀ ਯੋਗਦਾਨ ਪਾਇਆ, ਜਿਸ 'ਚ ਸਾਡੇ ਸੰਵਿਧਾਨ ਦਾ ਖਰੜਾ ਤਿਆਰ ਕਰਨਾ ਵੀ ਸ਼ਾਮਲ ਹੈ। ਬਾਬਾ ਸਾਹਿਬ ਅਕਸਰ ਭਗਵਾਨ ਬੁੱਧ ਦੀਆਂ ਸਿੱਖਿਆਵਾਂ, "ਭਵਤੁ ਸਰਵ ਮੰਗਲਮ" ਦਾ ਹਵਾਲਾ ਦਿੰਦੇ ਸਨ। ਭਲਾਈ ਦੀ ਇਹ ਭਾਵਨਾ ਉਨ੍ਹਾਂ ਦੇ ਯਤਨਾਂ ਵਿੱਚ ਝਲਕਦੀ ਸੀ। ਇੱਕ ਸਮਾਨਤਾਵਾਦੀ ਸਮਾਜਿਕ ਪ੍ਰਣਾਲੀ ਦੇ ਇੱਕ ਮਜ਼ਬੂਤ ਸਮਰਥਕ, ਬਾਬਾ ਸਾਹਿਬ ਨੇ "ਸਮਤਾ" ਨਾਮਕ ਇੱਕ ਅਖ਼ਬਾਰ ਵੀ ਪ੍ਰਕਾਸ਼ਤ ਕੀਤਾ। ਸਾਡੇ ਸੰਵਿਧਾਨ ਦਾ ਟੀਚਾ ਸਾਰੇ ਨਾਗਰਿਕਾਂ ਲਈ "ਰੁਤਬੇ ਅਤੇ ਮੌਕੇ ਦੀ ਸਮਾਨਤਾ" ਨੂੰ ਯਕੀਨੀ ਬਣਾਉਣਾ ਹੈ, ਜਿਵੇਂ ਕਿ ਸੰਵਿਧਾਨ ਦੀ ਪ੍ਰਸਤਾਵਨਾ 'ਚ ਸਪੱਸ਼ਟ ਤੌਰ 'ਤੇ ਦੱਸਿਆ ਗਿਆ ਹੈ। ਸੰਵਿਧਾਨ ਵਿੱਚ ਸ਼ਾਮਲ ਕਈ ਸਮਾਨਤਾਵਾਦੀ ਉਪਬੰਧ ਇੱਕ ਸਦਭਾਵਨਾਪੂਰਨ ਸਮਾਜ ਦੇ ਨਿਰਮਾਣ ਲਈ ਸੰਵਿਧਾਨਕ ਆਧਾਰ ਪ੍ਰਦਾਨ ਕਰਦੇ ਹਨ।

ਇੱਕ ਕਾਨੂੰਨੀ ਮਾਹਰ, ਅਰਥਸ਼ਾਸਤਰੀ ਅਤੇ ਸਮਾਜ ਸੁਧਾਰਕ ਵਜੋਂ ਬਾਬਾ ਸਾਹਿਬ ਦੇ ਯੋਗਦਾਨ ਦੀ ਵਿਆਪਕ ਤੌਰ 'ਤੇ ਚਰਚਾ ਕੀਤੀ ਗਈ ਹੈ। ਇਸ ਤੋਂ ਇਲਾਵਾ, ਸਾਡੀ ਬੈਂਕਿੰਗ ਪ੍ਰਣਾਲੀ, ਸਿੰਚਾਈ ਪ੍ਰਣਾਲੀ, ਬਿਜਲੀ ਪ੍ਰਣਾਲੀ, ਕਿਰਤ ਪ੍ਰਬੰਧਨ ਪ੍ਰਣਾਲੀ, ਤੇ ਕੇਂਦਰ ਅਤੇ ਰਾਜਾਂ ਵਿਚਕਾਰ ਮਾਲੀਆ ਵੰਡ ਪ੍ਰਣਾਲੀ ਵਰਗੇ ਖੇਤਰਾਂ ਵਿੱਚ ਉਨ੍ਹਾਂ ਦੇ ਕੰਮ ਬਾਰੇ



ਵਿਸਤ੍ਰਿਤ ਜਾਣਕਾਰੀ ਦਾ ਪ੍ਰਸਾਰ ਕਰਕੇ, ਸਾਡੇ ਦੇਸ਼ ਵਾਸੀ ਇੱਕ ਰਾਸ਼ਟਰ-ਨਿਰਮਾਤਾ ਵਜੋਂ ਉਨ੍ਹਾਂ ਦੇ ਬਹੁਪੱਖੀ ਯੋਗਦਾਨ ਨੂੰ ਵਿਆਪਕ ਤੌਰ 'ਤੇ ਸਮਝ ਸਕਣਗੇ। ਬਾਬਾ ਸਾਹਿਬ ਦਾ ਮੁੱਖ ਸੰਦੇਸ਼ "ਸਿੱਖਿਅਤ ਬਣੋ" ਸੀ, ਕਿਉਂਕਿ ਸਿੱਖਿਆ ਵਿਕਾਸ ਦੀ ਕੁੰਜੀ ਹੈ। ਸਿੱਖਿਆ ਦੇ ਮੂਲ ਵਿੱਚ ਰਾਸ਼ਟਰ ਅਤੇ ਸਮਾਜ ਦਾ ਵਿਕਾਸ ਹੈ। ਸਾਡਾ ਸੰਵਿਧਾਨ ਸਿੱਖਿਆ ਨੂੰ ਇੱਕ ਮੌਲਿਕ ਅਧਿਕਾਰ ਵਜੋਂ ਦਰਜ ਕਰਦਾ ਹੈ। ਉੱਚ ਵਿਦਿਅਕ ਸੰਸਥਾਵਾਂ ਵਿੱਚ ਪਛੜੇ ਭਾਈਚਾਰਿਆਂ ਦੇ ਵਿਦਿਆਰਥੀਆਂ ਦੇ ਲਾਭ ਲਈ ਉਪਬੰਧ ਹਨ। ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਹਰ ਪਿੰਡ ਅਤੇ ਕਸਬੇ ਵਿੱਚ ਪਛੜੇ ਭਾਈਚਾਰਿਆਂ ਦੇ ਲੋਕਾਂ ਨੂੰ ਸਿੱਖਿਆ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰੀਏ। ਸੰਪੂਰਨ ਸਿੱਖਿਆ, ਖਾਸ ਕਰਕੇ ਨੈਤਿਕ ਸਿੱਖਿਆ, ਸਦਭਾਵਨਾ ਦੀ ਭਾਵਨਾ ਨੂੰ ਮਜ਼ਬੂਤ ਕਰਦੀ ਹੈ। ਸਾਰੇ ਵਰਗਾਂ, ਖਾਸ ਕਰਕੇ ਪਛੜੇ ਲੋਕਾਂ ਵਿੱਚ ਸਿੱਖਿਆ ਨੂੰ ਪ੍ਰਮੁੱਖਤਾ ਦੇਣ ਨਾਲ ਸਾਡੇ ਰਾਸ਼ਟਰ-ਨਿਰਮਾਣ ਦੇ ਯਤਨਾਂ ਨੂੰ ਹੋਰ ਮਜ਼ਬੂਤੀ ਮਿਲੇਗੀ।

ਸਿੱਖਿਆ ਵਾਂਗ, ਸਰੀਰਕ ਸਿਹਤ ਵਿਅਕਤੀਆਂ, ਪਰਿਵਾਰਾਂ ਅਤੇ ਸਮਾਜ ਦੀ ਤਰੱਕੀ ਲਈ ਜ਼ਰੂਰੀ ਹੈ। ਸਾਡੀ ਪ੍ਰਾਰਥਨਾ, "ਸਰਵੇ ਸੰਤੁ ਨਿਰਾਮਯਾ" ਦਾ ਸਾਰ ਇਹ ਹੈ ਕਿ ਸਾਰੇ ਲੋਕ ਬਿਮਾਰੀ ਮੁਕਤ ਰਹਿਣ। ਸਿਰਫ਼ ਸਿਹਤਮੰਦ ਸਰੀਰ ਵਾਲੇ ਹੀ ਬਿਮਾਰੀ ਮੁਕਤ ਰਹਿ ਸਕਦੇ ਹਨ। ਸਹੀ ਪੋਸ਼ਣ ਅਤੇ ਸਾਫ਼ ਵਾਤਾਵਰਣ ਸਿਹਤ ਲਈ ਅਨੁਕੂਲ ਹੈ, ਖਾਸ ਕਰਕੇ ਬੱਚਿਆਂ ਲਈ। ਮੈਨੂੰ ਇਹ ਦੇਖ ਕੇ ਖੁਸ਼ੀ ਹੋ ਰਹੀ ਹੈ ਕਿ ਕੇਂਦਰ ਅਤੇ ਰਾਜ ਸਰਕਾਰਾਂ ਦੁਆਰਾ ਪੋਸ਼ਣ ਅਤੇ ਸਿਹਤ ਸੇਵਾਵਾਂ ਦੇ ਖੇਤਰਾਂ ਵਿੱਚ ਬਹੁਤ ਸਾਰੇ ਯਤਨ ਕੀਤੇ ਜਾ ਰਹੇ ਹਨ। ਪੇਂਡੂ ਪੱਧਰ 'ਤੇ ਸਿਹਤ ਸੰਭਾਲ ਅਤੇ ਡਾਕਟਰੀ ਦੇਖਭਾਲ ਦੀਆਂ ਜ਼ਰੂਰਤਾਂ 'ਤੇ ਧਿਆਨ ਕੇਂਦਰਿਤ ਕਰਕੇ, ਅਸੀਂ ਇੱਕ ਸਿਹਤਮੰਦ ਭਾਰਤ, ਇੱਕ ਮਜ਼ਬੂਤ ਭਾਰਤ ਅਤੇ ਇੱਕ ਵਿਕਸਤ ਭਾਰਤ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਦੇ ਯੋਗ ਹੋਵਾਂਗੇ।

## ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਜੈਯੰਤੀ ਮੌਕੇ ਸ਼ਰਧਾ ਦੇ ਫੁੱਲ ਭੇਟ

ਗੁਰਦਾਸਪੁਰ, 14 ਅਪ੍ਰੈਲ (ਜਸਵਿੰਦਰ ਸਿੰਘ): ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੀ ਦੀ 135 ਵੀਂ ਜਯੰਤੀ ਮੌਕੇ ਜਿਲਾ ਗੁਰਦਾਸਪੁਰ ਦੇ ਐਸ ਸੀ ਵਿੰਗ ਦੇ ਬਲਾਕ ਪ੍ਰਧਾਨ ਤੇ ਐਸ ਸੀ ਵਿੰਗ ਦੇ ਹਲਕਾ ਇੰਚਾਰਜ ਵਲੋ ਲੱਡੂ ਵੰਡੇ ਗਏ ਇਸ ਮੌਕੇ ਤੇ ਡੇਰਾ ਬਾਬਾ ਨਾਨਕ ਤੋਂ ਚਰਨਜੀਤ ਸਿੰਘ ਦੀ ਪੂਰੀ ਟੀਮ ਰਮੇਸ਼ ਕੁਮਾਰ ਗੁਰਦਾਸਪੁਰ ਦੀ ਟੀਮ ਕਾਦੀਆ ਤੋਂ ਮਨਜੀਤ ਸਿੰਘ ਸੁਖਜਿੰਦਰ ਸਿੰਘ ਸੰਦੀਪ ਸਿੰਘ ਤਿਲਕ ਰਾਜ ਸੁਰਜਿੰਦਰ ਕੁਮਾਰ ਸੁਖਦੇਵ ਰਾਜ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਬਾਬਾ ਸਾਹਿਬ ਦੇ ਬੁੱਤ ਉੱਪਰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਇਸ ਮੌਕੇ ਤੇ ਜਸਵਿੰਦਰ ਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਐਸਸੀ ਵਿੰਗ ਗੁਰਦਾਸਪੁਰ ਨੇ ਜ਼ਿਲ੍ਹਾ ਵਾਸੀਆਂ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦੀ 135 ਵੀਂ ਜਯੰਤੀ ਦੀ ਵਧਾਈ ਦਿੰਦਿਆਂ ਕਿਹਾ ਕਿ ਇੱਕ ਸਾਧਾਰਣ ਪਰਿਵਾਰ 'ਚ ਜਨਮੇ ਬਾਬਾ ਸਾਹਿਬ ਨੇ ਬੇਹੱਦ ਔਕੜਾਂ ਦਾ ਸਾਹਮਣਾ ਕੀਤਾ ਪਰ ਇਸ ਦੇ ਬਾਵਜੂਦ ਉਹ ਆਪਣੀ ਲਿਆਕਤ ਤੇ ਲਗਨ ਸਦਕਾ ਵਿਦਵਾਨ, ਕਾਨੂੰਨਦਾਨ, ਅਰਥ ਸ਼ਾਸਤਰੀ, ਸਮਾਜ ਸੁਧਾਰਕ ਤੇ ਰਾਜਨੀਤੀਵਾਨ ਵਜੋਂ ਦੁਨੀਆ ਭਰ 'ਚ ਸਤਿਕਾਰੇ ਜਾਣੇ ਜਾਂਦੇ ਹਨ ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਸਾਹਿਬ ਦਾ ਜੀਵਨ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ ਤੇ ਬਾਬਾ ਜੀ ਦੀ ਸਖਸ਼ੀਅਤ ਨੂੰ ਸਾਨੂੰ ਆਪਣੇ ਆਦਰਸ਼ ਵਜੋਂ ਲੈਂਦਿਆਂ ਹਮੇਸ਼ਾਂ ਸਮਾਜ ਭਲਾਈ ਲਈ ਕੰਮ ਕਰਨਾ ਚਾਹੀਦਾ ਹੈਉਨ੍ਹਾਂ ਕਿਹਾ ਕਿ ਅੱਜ ਦੇ ਇਸ ਪਾਵਨ ਮੌਕੇ ਸਾਨੂੰ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਉਹ ਬਾਬਾ ਸਾਹਿਬ ਵੱਲੋਂ ਪਾਏ ਪੂਰਨਿਆਂ 'ਤੇ ਚੱਲਦੇ ਆਪਣੇ ਦੇਸ਼ ਤੇ ਸਮਾਜ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਣਗੇ।

## ਸਿੱਖ ਵੈਲਫ਼ੇਅਰ ਫਾਊਡੇਸ਼ਨ ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਖ਼ੂਨਦਾਨ ਤੇ ਡਾਕਟਰੀ ਜਾਂਚ ਕੈਂਪ ਅੱਜ



ਧਾਰੀਵਾਲ, 14 ਅਪ੍ਰੈਲ (ਅਸ਼ੋਕ ਕੁਮਾਰ): ਸਿੱਖ ਵੈਲਫੇਅਰ ਫਾਊਡੇਸ਼ਨ ਧਾਰੀਵਾਲ ਵੱਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਖੂਨਦਾਨ ਅਤੇ ਮੈਡੀਕਲ ਕੈਂਪ ਕਸਬਾ ਧਾਰੀਵਾਲ ਦੇ ਨਜ਼ਦੀਕ ਪਿੰਡ ਲੇਹਲ ਵਿਖੇ ਮੰਦਰ ਵਿੱਚ ਲਗਾਇਆ ਜਾਵੇਗਾ। ਫਾਊਡੇਸ਼ਨ ਦੇ ਆਗੂਆਂ ਦੱਸਿਆ ਕਿ ਇਹ ਕੈਂਪ ਅੰਮ੍ਰਿਤਸਰ ਦੇ ਮਸ਼ਹੂਰ ਹਸਪਤਾਲ ਨੋਵਾ ਮੈਡੀਸਟੀ ਦੇ ਸਹਿਯੋਗ ਅਤੇ ਗੁਰੂ ਗ੍ਰੰਥ ਸਾਹਿਬ ਹਸਪਤਾਲ ਧਾਰੀਵਾਲ ਵੱਲੋਂ ਮੈਡੀਕਲ ਕੈਂਪ ਲਗਾਇਆ ਜਾਵੇਗਾ। ਜਿਸ ਵਿੱਚ ਹਰੇਕ ਤਰ੍ਹਾਂ ਦੇ ਟੈਸਟ ਮੁਫਤ ਕੀਤੇ ਜਾਣਗੇ।ਇਸ ਸਮੇਂ ਪੰਕਜਦੀਪ ਸਿੰਘ, ਰਾਮ ਸਿੰਘ, ਮਨਜਿੰਦਰਪਾਲ ਸਿੰਘ, ਗੁਰਸ਼ਰਨ ਸਿੰਘ, ਵਰਿਆਮ ਸਿੰਘ, ਬਾਵਾ ਸਿੰਘ, ਨਵਨੀਤ ਸਿੰਘ ਭੂੰਬਲੀ ਮਾਜੂਦ ਸਨ।

## ਵਿਸਾਖੀ ਦੇ ਤਿਉਹਾਰ 'ਤੇ ਹੋਲੀ ਹਾਰਟ ਸਕੂਲ ਦੇ ਵਿਦਿਆਰਥੀ ਗੁ. ਸਾਹਿਬ ਵਿਖੇ ਹੋਏ ਨਤਮਸਤਕ

ਅਜੀਤਵਾਲ, 14 ਅਪ੍ਰੈਲ (ਨਿਸ਼ੀ ਮਨਚੰਦਾ): ਵਿਸਾਖੀ ਦੇ ਪਵਿੱਤਰ ਤੇ ਇਤਿਹਾਸਕ ਤਿਉਹਾਰ ਨੂੰ ਸਮਰਪਿਤ ਕਰਦਿਆਂ ਹੋਲੀ ਹਾਰਟ ਸਕੂਲ ਅਜੀਤਵਾਲ ਵੱਲੋਂ ਵਿਦਿਆਰਥੀਆਂ ਲਈ ਇਕ ਵਿਸ਼ੇਸ਼ ਧਾਰਮਿਕ ਯਾਤਰਾ ਦਾ ਆਯੋਜਨ ਕੀਤਾ ਗਿਆ। ਇਸ ਯਾਤਰਾ ਦੌਰਾਨ ਸਕੂਲ ਦੇ ਬੱਚਿਆਂ ਅਤੇ ਅਧਿਆਪਕਾਂ ਨੇ ਬੜੀ ਹੀ ਸ਼ਰਧਾ, ਅਦਬ ਅਤੇ ਨਿਮਰਤਾ ਨਾਲ ਨੇੜਲੇ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਮੱਥਾ ਟੇਕਿਆ ਅਤੇ ਗੁਰੂ ਸਾਹਿਬ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ। ਗੁਰਦੁਆਰਾ ਸਾਹਿਬ ਵਿੱਚ ਵਿਦਿਆਰਥੀਆਂ ਨੇ ਰਸਭਰੀ ਕੀਰਤਨ ਦਰਬਾਰ ਦਾ ਆਨੰਦ ਮਾਣਿਆ ਅਤੇ ਗੁਰੂ ਬਾਣੀ ਦਾ ਸ੍ਰਵਣ ਕਰਕੇ ਆਤਮਿਕ ਸ਼ਾਂਤੀ ਦਾ ਅਨੁਭਵ ਕੀਤਾ। ਇਸ ਮੌਕੇ ਉਨ੍ਹਾਂ ਨੇ ਅਰਦਾਸ ਵਿਚ ਭਾਗ ਲੈਂਦੇ ਹੋਏ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ। ਬੱਚਿਆਂ ਨੂੰ ਗੁਰਦੁਆਰਾ ਸਾਹਿਬ ਦੀ ਮਰਿਆਦਾ, ਸੇਵਾ ਭਾਵਨਾ ਅਤੇ ਸਾਂਝੇਪਣ ਦੀ ਮਹੱਤਤਾ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ, ਜਿਸ ਨਾਲ ਉਨ੍ਹਾਂ ਦੇ ਮਨ ਵਿਚ ਧਾਰਮਿਕ ਸੰਵੇਦਨਾ ਹੋਰ ਮਜ਼ਬੂਤ ਹੋਈ। ਇਸ ਯਾਤਰਾ ਦੇ ਰਾਹੀਂ ਬੱਚਿਆਂ ਨੂੰ ਵਿਸਾਖੀ ਦੇ ਮੇਲੇ ਅਤੇ ਗੁਰਦੁਆਰਾ



ਸਾਹਿਬ ਵਿੱਚ ਦਰਸ਼ਨ ਕਰਨ ਅਤੇ ਵਿਸਾਖੀ ਦੇ ਅਸਲ ਅਰਥ ਨੂੰ ਸਮਝਣ 'ਤੇ ਹੀ ਕੇਂਦ੍ਰਿਤ ਕੀਤਾ ਗਿਆ। ਸਕੂਲ ਪ੍ਰਬੰਧਨ ਦਾ ਮਕਸਦ ਇਹ ਸੀ ਕਿ ਬੱਚਿਆਂ ਨੂੰ ਸਿਰਫ ਮੇਲੇ ਦੀਆਂ ਰੌਣਕਾਂ ਹੀ ਨਹੀਂ, ਸਗੋਂ ਇਸ ਤਿਉਹਾਰ ਦੇ ਪਿੱਛੇ ਛੁਪੀ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਬਾਰੇ ਵੀ ਡੂੰਘੀ ਜਾਣਕਾਰੀ ਮਿਲੇ। ਅਧਿਆਪਕਾਂ ਵੱਲੋਂ ਇਸ ਮੌਕੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਅਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਿੱਖਿਆਤਮਕ ਪ੍ਰੋਗਰਾਮ ਬੱਚਿਆਂ ਦੇ ਸਰਬਾਂਗੀਣ ਵਿਕਾਸ ਲਈ ਬਹੁਤ ਜ਼ਰੂਰੀ ਹਨ। ਇਹ ਉਪਰਾਲੇ ਬੱਚਿਆਂ ਨੂੰ ਆਪਣੇ ਧਾਰਮਿਕ ਵਿਰਸੇ, ਸੱਭਿਆਚਾਰ ਅਤੇ ਨੈਤਿਕ ਮੁੱਲਾਂ ਨਾਲ ਜੋੜਦੇ ਹਨ ਅਤੇ ਉਨ੍ਹਾਂ ਦੇ ਚਰਿੱਤਰ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਿਸਾਖੀ ਦੇ ਪਾਵਨ ਤਿਉਹਾਰ ਦੀਆਂ ਦਿਲੋਂ ਵਧਾਈਆਂ ਦਿੱਤੀਆਂ ਗਈਆਂ।

## ਨੋਵੇਲਾਰਾ ਵਿਖੇ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਮਿਲਾਨ, 14 ਅਪ੍ਰੈਲ (ਦਲਜੀਤ ਮੱਕੜ): ਇਟਲੀ ਵਿੱਚ ਜ਼ਿਲ੍ਹਾ ਰਿਜੋਇਮੀਲੀਆ ਦੇ ਸ਼ਹਿਰ ਨੋਵੋਲਾਰਾ ਵਿਖੇ ਇਟਲੀ ਦੇ ਸਭ ਤੋਂ ਪੁਰਾਣੇ ਤੇ ਪਹਿਲੇ ਗੁਰਦੁਆਰਾ ਸਿੰਘ ਸਭਾ ਨੋਵੋਲਾਰਾ ਦੁਆਰਾ ਖਾਲਸਾ ਪੰਥ ਪ੍ਰਗਟ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ ਗਿਆ। ਪ੍ਰਗਟ ਦਿਹਾੜੇ ਨੂੰ ਸਮਰਪਿਤ 9 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਜੀ ਆਰੰਭ ਕੀਤੇ ਗਏ, ਜਿਹਨਾਂ ਦੇ ਭੋਗ ਉਪਰੰਤ ਬੱਚਿਆਂ ਨੇ ਕੀਰਤਨ ਕੀਤਾ ਤੇ



ਬਾਅਦ ਇੰਡੀਆ ਆਏ ਗੁਰਜੀਤ ਸਿੰਘ ਜਾਂਗਲਾ ਦੇ ਢਾਡੀ ਜੱਥੇ ਨੇ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਦੁਪਿਹਰ ਨਗਰ ਕੀਰਤਨ ਸਜਾਇਆ ਗਿਆ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰਿਆ ਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋਇਆ। ਅੱਗੇ ਅੱਗੇ ਬੀਬੀਆਂ ਵਲੋਂ ਵਾਹਿਗੁਰੂ ਦਾ ਜਾਪ ਕਰਦੀਆਂ ਸੜਕ ਨੂੰ ਸਾਫ ਕਰਦੀਆਂ ਜਾ ਰਹੀਆਂ ਸਨ।ਸਾਰੇ ਰਾਸਤੇ ਸੰਗਤਾਂ ਦੁਆਰਾ ਬੋਲੇ ਸੋ ਨਿਹਾਲ ਦੇ ਜੈਕਾਰੇ ਲਗਾਏ ਅਤੇ ਜਗਾ ਜਗਾ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ। ਗੱਤਕੇ ਵਾਲੇ ਸਿੰਘਾਂ ਦੁਆਰਾ ਗੱਤਕੇ ਦੇ ਜੌਹਰ ਦਿਖਾਏ ਗਏ। ਸ਼ਾਮ ਨੂੰ ਨਗਰ ਕੀਰਤਨ ਨੋਵੇਲਾਰਾ ਦੇ ਵੱਖ ਵੱਖ ਸਥਾਨਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਜਿੱਥੇ ਪੰਡਾਲ ਸਜਾਇਆ ਗਿਆ, ਜਿਥੇ ਢਾਡੀ ਜੱਥੇ ਨੇ ਮੁੜ ਸਟੇਜ ਸੰਭਾਲ ਕੇ ਢਾਡੀ ਵਾਰਾਂ ਨਾਲ ਸਿੱਖ ਇਤਿਹਾਸ ਸਰਵਣ ਕਰਵਾਇਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪ੍ਰਸ਼ਾਸ਼ਨਿਕ ਅਧਿਕਾਰੀਆਂ, ਵੱਖ ਵੱਖ ਸ਼ਹਿਰਾਂ ਦੇ ਮੇਅਰ, ਲੋਕਲ ਪੁਲਿਸ ਅਤੇ ਕਾਰਾਬਨੇਰੀ ਤੋਂ ਇਲਾਵਾ ਵੱਖ ਵੱਖ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਅਤੇ ਯੂਨੀਅਨ ਸਿੱਖ ਇਟਲੀ ਦੇ ਮੈਂਬਰ ਵੀ ਪਹੁੰਚੇ।ਇਸ ਨਗਰ ਕੀਰਤਨ ਵਿਚ ਸੰਗਤਾਂ ਬਹੁਤ ਹੀ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਲਈ ਪਹੁੰਚੀਆਂ ਤੇ ਸੰਗਤਾਂ ਲਈ ਖਾਣਪੀਣ ਦੇ ਕਈ ਤਰਾਂ ਦੇ ਲੰਗਰ ਲਗਾਏ ਗਏ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਆਈਆ ਸਾਰੀਆ ਸ਼ਖ਼ਸ਼ੀਅਤਾਂ ਨੂੰ ਸਨਮਾਨ ਚਿੰਨ ਭੇਂਟ ਕੀਤੇ ਗਏ ਅਤੇ ਆਈਆਂ ਸਾਰੀਆਂ ਸੰਗਤਾ ਦਾ ਧੰਨਵਾਦ ਕੀਤਾ।

## ਐਸ.ਐਫ਼.ਸੀ. ਸਕੂਲ ਬਣਿਆ ਮੋਗਾ ਵਾਸੀਆਂ ਦੀ ਪਹਿਲੀ ਪਸੰਦ

ਮੋਗਾ, 14 ਅਪ੍ਰੈਲ (ਨਿਸ਼ੀ ਮਨਚੰਦਾ): ਮੋਗਾ ਦਾ ਐਸ ਐਫਸੀ ਸਕੂਲ ਹੁਣ ਇਲਾਕੇ ਦੇ ਲੋਕਾਂ ਦੀ ਪਹਿਲੀ ਪਸੰਦ ਬਣਦਾ ਜਾ ਰਿਹਾ ਹੈ। ਇਸ ਸਾਲ ਸਕੂਲ ਦੇ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜਿਆਂ ਨੇ ਸਕੂਲ ਦੀ ਸਾਖ ਨੂੰ ਹੋਰ ਮਜ਼ਬੂਤ ਕੀਤਾ ਹੈ। ਇਸ ਸੰਬੰਧੀ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਸਕੂਲ ਦੇ ਐਮਡੀ ਐਡ. ਅਭਿਸ਼ੇਕ ਜਿੰਦਲ ਨੇ ਕਿਹਾ ਕਿ ਇਹ ਸਫਲਤਾ ਸਕੂਲ ਦੇ ਸਟਾਫ ਦੀ ਲਗਾਤਾਰ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਦੱਸਿਆ ਕਿ ਸਕੂਲ ਦਾ ਸਟਾਫ ਨਾ ਸਿਰਫ ਪੜ੍ਹਾਈ ਵਿੱਚ ਨਿਪੁੰਨ ਹੈ, ਸਗੋਂ ਬੱਚਿਆਂ ਦੀ ਸਿਹਤ ਅਤੇ ਚੰਗੀਆਂ ਆਦਤਾਂ ਉੱਤੇ ਵੀ ਖਾਸ ਧਿਆਨ ਦਿੰਦਾ ਹੈ। ਅੱਜਕੱਲ੍ਹ ਬੱਚਿਆਂ ਵਿੱਚ ਫਾਸਟ ਫੂਡ ਖਾਣ ਦੀ ਆਦਤ ਵਧ ਰਹੀ ਹੈ, ਜੋ ਸਿਹਤ ਲਈ ਨੁਕਸਾਨਦਾਇਕ ਹੈ। ਇਸ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਵੱਲੋਂ ਬੱਚਿਆਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਜਾਗਰੂਕ ਕੀਤਾ ਜਾਂਦਾ ਹੈ। ਅਭਿਸ਼ੇਕ ਜਿੰਦਲ ਨੇ ਇਹ ਵੀ ਕਿਹਾ ਕਿ ਐਸ ਐਫਸੀ ਸਕੂਲ ਵਿੱਚ ਸਿਰਫ ਸਿੱਖਿਆ ਹੀ ਨਹੀਂ, ਸਗੋਂ ਨੈਤਿਕ ਕਦਰਾਂ, ਅਨੁਸ਼ਾਸਨ ਤੇ ਸਮੂਹਿਕ ਵਿਕਾਸ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਂਦਾ ਹੈ। ਬੱਚਿਆਂ ਨੂੰ ਇੱਕ ਜ਼ਿੰਮੇਵਾਰ ਨਾਗਰਿਕ ਬਣਾਉਣ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਨਵੇਂ ਅਕਾਦਮਿਕ ਸਾਲ ਲਈ ਦਾਖਲਿਆਂ ਨੂੰ ਲੈ ਕੇ ਮਾਪਿਆਂ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਮਾਪੇ ਆਪਣੇ ਬੱਚਿਆਂ ਨੂੰ ਇਸ ਸਕੂਲ ਵਿੱਚ ਦਾਖਲਾ ਦਿਵਾਉਣ ਲਈ ਰੁਚੀ ਵਿਖਾ ਰਹੇ ਹਨ, ਜੋ ਸਕੂਲ ਦੀ ਵਧਦੀ ਲੋਕਪ੍ਰਿਯਤਾ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਮੋਗਾ ਵਿੱਚ ਨੰਬਰ ਵਨ ਸਕੂਲ ਬਣਨਾ ਇੱਕ ਵੱਡੀ ਉਪਲਬਧੀ ਹੈ, ਪਰ ਸਕੂਲ ਪ੍ਰਬੰਧਨ ਇੱਥੇ ਰੁਕਣ ਵਾਲਾ ਨਹੀਂ। ਭਵਿੱਖ ਵਿੱਚ ਹੋਰ ਸੁਧਾਰ ਲਿਆਉਣ ਤੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਕਰਨ ਲਈ ਸਾਰੇ ਮਿਲ ਕੇ ਮਿਹਨਤ ਕਰਨਗੇ।

ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸੀਨਮ ਜਿੰਦਲ ਨੇ ਕਿਹਾ ਕਿ ਬੱਚਿਆਂ ਦੇ ਸਮੂਹਿਕ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੀ ਬਹੁਤ ਜ਼ਰੂਰੀ ਹਨ। ਇਸ ਲਈ ਸਕੂਲ ਵਿੱਚ ਹਰ ਤਰ੍ਹਾਂ ਦੀਆਂ ਖੇਡ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਤਾਂ ਜੋ ਬੱਚੇ ਤੰਦਰੁਸਤ ਤੇ ਆਤਮਵਿਸ਼ਵਾਸੀ ਬਣ ਸਕਣ। ਉਨ੍ਹਾਂ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਿੱਖਿਆ ਦੇ ਨਾਲ ਨਾਲ ਚੰਗੇ ਸੰਸਕਾਰ ਤੇ ਸਿਹਤਮੰਦ ਜੀਵਨ ਵੱਲ ਪ੍ਰੇਰਿਤ ਕਰਨਾ ਹੈ, ਜਿਸ ਵਿੱਚ ਸਕੂਲ ਲਗਾਤਾਰ ਕਾਮਯਾਬੀ ਹਾਸਲ ਕਰ ਰਿਹਾ ਹੈ।

## ਕਾਮਧੇਨੂ ਲਿਮਟਿਡ ਨੇ 'ਨਕਲੀ' ਬ੍ਰਾਂਡ ਵਿਰੁੱਧ ਜਿੱਤੀ ਕਾਨੂੰਨੀ ਜੰਗ

ਨਵੀਂ ਦਿੱਲੀ , 14 ਅਪ੍ਰੈਲ (ਚ.ਨ.ਸ): ਸਟੀਲ ਤੇ ਟੀਐਮਟੀ ਸਰੀਆ ਖੇਤਰ ਦੀ ਪ੍ਰਮੁੱਖ ਕੰਪਨੀ ਕਾਮਧੇਨੂ ਲਿਮਿਟੇਡ ਨੂੰ ਆਪਣੇ ਟ੍ਰੇਡਮਾਰਕ ਹੱਕਾਂ ਦੀ ਰੱਖਿਆ ਵਿੱਚ ਵੱਡੀ ਕਾਮਯਾਬੀ ਮਿਲੀ ਹੈ। ਮਾਨਯੋਗ ਹਾਈਕੋਰਟ ਨੇ ਇੱਕ ਮਹੱਤਵਪੂਰਨ ਅੰਤਰਿਮ ਹੁਕਮ ਜਾਰੀ ਕਰਦੇ ਹੋਏ ਇੱਕੋ ਜਿਹੇ ਨਾਮ ਨਾਲ ਉਤਪਾਦ ਵੇਚਣ ਵਾਲੀਆਂ ਕੰਪਨੀਆਂ 'ਤੇ ਤੁਰੰਤ ਪ੍ਰਭਾਵ ਨਾਲ ਪਾਬੰਦੀ ਲਾ ਦਿੱਤੀ ਹੈ। ਮਾਮਲੇ ਮੁਤਾਬਕ ਕਾਮਧੇਨੂ ਲਿਮਿਟੇਡ ਨੇ ਅਦਾਲਤ ਦਾ ਦਰਵਾਜ਼ਾ ਖੜਕਾਉਂਦੇ ਹੋਏ ਦੋਸ਼ ਲਗਾਇਆ ਸੀ ਕਿ ਆਸ਼ਿਆਨਾ ਇਸਪਾਤ ਲਿਮਿਟੇਡ ਸਮੇਤ ਕੁਝ ਪੱਖ "ਏ ਐਲ ਕਾਮਧੇਨੂ ਗੋਲਡ" ਨਾਮ ਨਾਲ ਉਤਪਾਦ ਬਜ਼ਾਰ ਵਿੱਚ ਵੇਚ ਰਹੇ ਹਨ। ਕੰਪਨੀ ਦਾ ਕਹਿਣਾ ਸੀ ਕਿ ਇਹ ਨਾਮ ਉਸਦੇ ਰਜਿਸਟਰਡ ਟ੍ਰੇਡਮਾਰਕ "ਕਾਮਧੇਨੂ" ਅਤੇ "ਕਾਮਧੇਨੂ ਗੋਲਡ" ਨਾਲ ਕਾਫ਼ੀ ਮਿਲਦਾ ਹੈ, ਜਿਸ ਨਾਲ ਗਾਹਕਾਂ ਵਿੱਚ ਭਰਮ ਪੈਦਾ ਹੋ ਰਿਹਾ ਹੈ ਅਤੇ ਬ੍ਰਾਂਡ ਦੀ ਸਾਖ ਨੂੰ ਨੁਕਸਾਨ ਪਹੁੰਚ ਰਿਹਾ ਹੈ। ਇਸ 'ਤੇ ਸੁਣਵਾਈ ਕਰਦੇ ਹੋਏ ਮਾਨਯੋਗ ਦਿੱਲੀ ਹਾਈਕੋਰਟ ਨੇ 10 ਅਪ੍ਰੈਲ ਨੂੰ (CS(COMM) 130/2025 ਅਤੇ 569/2025) ਵਿੱਚ ਕਾਮਧੇਨੂ ਲਿਮਿਟੇਡ ਦੇ ਹੱਕ ਵਿੱਚ ਅੰਤਰਿਮ ਹੁਕਮ ਜਾਰੀ ਕੀਤਾ। ਮਾਨਯੋਗ ਅਦਾਲਤ ਨੇ ਸਪਸ਼ਟ ਆਦੇਸ਼ ਦਿੱਤੇ ਕਿ ਆਸ਼ਿਆਨਾ ਇਸਪਾਤ ਲਿਮਿਟੇਡ ਅਤੇ ਇਸ ਨਾਲ ਜੁੜੇ ਸਾਰੇ ਡੀਲਰਾਂ ਅਤੇ ਡਿਸਟ੍ਰੀਬਿਊਟਰਾਂ ਨੂੰ "ਏ ਐਲ ਕਾਮਧੇਨੂ ਗੋਲਡ" ਨਾਮ ਦੀ ਵਰਤੋਂ ਤੁਰੰਤ ਬੰਦ ਕਰਨੀ ਹੋਵੇਗੀ। ਨਾਲ ਹੀ ਈ-ਕਾਮਰਸ ਪਲੇਟਫਾਰਮਾਂ, ਸੋਸ਼ਲ ਮੀਡੀਆ ਅਤੇ ਹੋਰ ਸਾਧਨਾਂ ਤੋਂ ਇਸ ਨਾਮ ਨਾਲ ਜੁੜੀਆਂ ਸਾਰੀਆਂ ਵਿਗਿਆਪਨ ਤੇ ਲਿਸਟਿੰਗਾਂ ਹਟਾਉਣ ਦੇ ਹੁਕਮ ਵੀ ਦਿੱਤੇ ਗਏ ਹਨ। ਇਹ ਪਾਬੰਦੀ ਟੀਐਮਟੀ ਬਾਰਜ਼, ਸਟੀਲ ਬਾਰਜ਼, ਐਮਐਸ ਪਾਈਪਾਂ ਸਮੇਤ ਸਾਰੇ ਸੰਬੰਧਿਤ ਧਾਤੂ ਉਤਪਾਦਾਂ 'ਤੇ ਲਾਗੂ ਹੋਵੇਗੀ। ਇਸ ਦਰਮਿਆਨ ਕਾਮਧੇਨੂ ਲਿਮਿਟੇਡ ਨੇ ਆਪਣੇ ਗਾਹਕਾਂ ਅਤੇ ਵਪਾਰਕ ਸਾਥੀਆਂ ਲਈ ਇੱਕ ਮਹੱਤਵਪੂਰਨ ਐਡਵਾਈਜ਼ਰੀ ਵੀ ਜਾਰੀ ਕੀਤੀ ਹੈ। ਕੰਪਨੀ ਨੇ ਸਪਸ਼ਟ ਕੀਤਾ ਹੈ ਕਿ "ਏ ਐਲ ਕਾਮਧੇਨੂ ਗੋਲਡ" ਨਾਮ ਵਾਲੇ ਕਿਸੇ ਵੀ ਉਤਪਾਦ ਦੀ ਖਰੀਦ ਜਾਂ ਪ੍ਰਚਾਰ ਤੋਂ ਬਚਿਆ ਜਾਵੇ, ਨਹੀਂ ਤਾਂ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਕੰਪਨੀ ਨੇ ਗਾਹਕਾਂ ਨੂੰ ਸਿਰਫ ਅਧਿਕਾਰਤ ਡੀਲਰਾਂ ਤੋਂ ਹੀ ਅਸਲੀ ਕਾਮਧੇਨੂ ਉਤਪਾਦ ਖਰੀਦਣ ਦੀ ਅਪੀਲ ਕੀਤੀ ਹੈ। ਵਰਨਣਯੋਗ ਹੈ ਕਿ ਕਾਮਧੇਨੂ ਲਿਮਿਟਡ ਦਾ ਟੀ ਐਮ ਟੀ ਸਰੀਆ ਕਾਮਧੇਨੂ ਨੈਕਸਟ ਦੇਸ਼ ਦੇ ਸੱਭ ਤੋਂ ਵੱਡੇ ਨੈਟਵਰਕ ਰਾਹੀਂ ਸੱਭ ਤੋਂ ਵੱਧ ਵਿਕਣ ਵਾਲੇ ਉਤਪਾਦਾਂ ਵਿੱਚੋਂ ਇਕ ਹੈ। ਇਸ ਫ਼ੈਸਲੇ ਨੂੰ ਨਾ ਸਿਰਫ਼ ਕਾਮਧੇਨੂ ਲਿਮਿਟੇਡ ਲਈ ਵੱਡੀ ਕਾਨੂੰਨੀ ਜਿੱਤ ਮੰਨਿਆ ਜਾ ਰਿਹਾ ਹੈ, ਸਗੋਂ ਇਹ ਪੂਰੇ ਉਦਯੋਗ ਲਈ ਵੀ ਸਖ਼ਤ ਸੰਦੇਸ਼ ਹੈ ਕਿ ਟ੍ਰੇਡਮਾਰਕ ਉਲੰਘਣਾ ਅਤੇ ਨਕਲੀ ਬ੍ਰਾਂਡਿੰਗ ਖ਼ਿਲਾਫ਼ ਨਿਆਂਪਾਲਿਕਾ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਦੇ ਰਹੀ।

## ਚੰਡੀਗੜ੍ਹ ਪ੍ਰਸ਼ਾਸਨ ਨੇ ਡਾ. ਬੀ.ਆਰ. ਅੰਬੇਡਕਰ ਦੀ 135ਵੀਂ ਜਨਮ ਵਰ੍ਹੇਗੰਢ ਮਨਾਈ

ਚੰਡੀਗੜ੍ਹ, 14 ਅਪ੍ਰੈਲ (ਹਰਦੀਪ ਕੌਰ): ਚੰਡੀਗੜ੍ਹ ਪ੍ਰਸ਼ਾਸਨ ਨੇ ਡਾ. ਅੰਬੇਡਕਰ ਸਟਡੀ ਸਰਕਲ, ਸੈਕਟਰ-37, ਚੰਡੀਗੜ੍ਹ ਵਿਖੇ ਇੱਕ ਯਾਦਗਾਰੀ ਸੈਮੀਨਾਰ ਦਾ ਆਯੋਜਨ ਕਰਕੇ ਡਾ. ਬੀ.ਆਰ. ਅੰਬੇਡਕਰ ਦੀ 135ਵੀਂ ਜਨਮ ਵਰ੍ਹੇਗੰਢ ਮਨਾਈ। ਇਸ ਸਮਾਗਮ ਦਾ ਉਦੇਸ਼ ਭਾਰਤੀ ਸੰਵਿਧਾਨ ਦੇ ਜਨਕ ਡਾ. ਅੰਬੇਡਕਰ ਦੇ ਜੀਵਨ, ਆਦਰਸ਼ਾਂ ਅਤੇ ਉਪਲਬਧੀਆਂ 'ਤੇ ਪ੍ਰਕਾਸ਼ ਪਾਉਣਾ ਤੇ ਸਮੁਦਾਇਕ ਕਲਿਆਣ ਨਾਲ ਜੁੜੇ ਮਹੱਤਵਪੂਰਨ ਪ੍ਰਸ਼ਾਸਨਿਕ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕਰਨਾ ਰਿਹਾ। ਇਸ ਸੈਮੀਨਾਰ ਵਿੱਚ ਮੁੱਖ ਮਹਿਮਾਨ ਦੇ ਰੂਪ ਵਿੱਚ ਦਮਨਦੀਪ ਕੌਰ ਸੰਧੂ (ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਦੀ ਪਤਨੀ) ਨੇ ਸ਼ਿਰਕਤ ਕੀਤੀ। ਉਨ੍ਹਾਂ ਨਾਲ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੱਤਰ ਸਮਾਜ ਭਲਾਈ ਅਨੁਰਾਧਾ ਚਗਤੀ ਤੇ ਡਾਇਰੈਕਟਰ ਸਮਾਜ ਭਲਾਈ ਡਾ. ਪਾਲਿਕਾ ਅਰੋੜਾ ਵੀ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਮੁੱਖ ਸੈਮੀਨਾਰ ਤੋਂ ਇਲਾਵਾ, ਸਮਾਜ ਭਲਾਈ ਵਿਭਾਗ ਨੇ ਆਪਣੇ ਵਿਭਿੰਨ ਹੋਮਸ ਅਤੇ ਸੰਸਥਾਵਾਂ ਵਿੱਚ ਆਊਟਰੀਚ ਗਤੀਵਿਧੀਆਂ ਦਾ ਆਯੋਜਨ ਕੀਤਾ। ਵਿਭਾਗ ਦੇ ਕਾਨੂੰਨੀ ਸਲਾਹਕਾਰ ਨੇ ਇਨ੍ਹਾਂ ਸੰਸਥਾਵਾਂ ਵਿੱਚ ਵਿਸ਼ੇਸ਼ ਸੰਵਾਦ ਸੈਸ਼ਨ ਆਯੋਜਿਤ ਕਰਕੇ ਡਾ. ਬੀ.ਆਰ. ਅੰਬੇਡਕਰ ਦੇ ਜੀਵਨ ਮਿਸ਼ਨ, ਕਾਨੂੰਨੀ ਵਿਰਾਸਤ ਤੇ ਉਨ੍ਹਾਂ ਦੇ ਇਤਿਹਾਸਿਕ ਯੋਗਦਾਨ 'ਤੇ ਵਿਸਤ੍ਰਿਤ ਵਖਿਆਨ ਦਿੱਤੇ। ਇਸ ਦੌਰਾਨ ਸਨੇਹਾਲਯ (ਲੜਕੀਆਂ), ਸਨੇਹਾਲਯ (ਲੜਕੇ) ਤੇ ਅਬਜ਼ਰਵੇਸ਼ਨ ਹੋਮਸ ਵਿੱਚ ਰਹਿਣ ਵਾਲੇ ਕੁੱਲ 192 ਬੱਚਿਆਂ ਨੇ ਇਨ੍ਹਾਂ ਪ੍ਰੋਗਰਾਮਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।

ਡਾ. ਅੰਬੇਡਕਰ ਸਟਡੀ ਸਰਕਲ ਦੇ ਮੈਂਬਰਾਂ ਨੇ ਕਈ ਮਹੱਤਵਪੂਰਨ ਮੁੱਦੇ ਵੀ ਉਠਾਏ, ਜਿਨ੍ਹਾਂ ਵਿੱਚ ਚੰਡੀਗੜ੍ਹ ਦੇ ਅਨੁਸੂਚਿਤ ਜਾਤੀ ਵਰਗ ਲਈ ਪੰਜਾਬ ਤੇ ਹਰਿਆਣਾ ਦੀਆਂ ਖਾਲੀ ਅਸਾਮੀਆਂ ਵਿੱਚ ਰਾਖਵੇਂਕਰਣ ਦੀ ਸਥਿਤੀ ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਵਿਭਿੰਨ ਵਿਭਾਗਾਂ ਵਿੱਚ ਪ੍ਰਤੱਖ ਭਰਤੀ ਤੇ ਪਦ ਉੱਨਤੀ ਵਿੱਚ ਅਨੁਸੂਚਿਤ ਜਾਤੀਆਂ ਦੀ ਉਚਿਤ ਪ੍ਰਤੀਨਿਧਤਾ ਨੂੰ ਸੁਨਿਸ਼ਚਿਤ ਕਰਨ ਦੀ ਜ਼ਰੂਰਤ ਸ਼ਾਮਲ ਰਹੀ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਅਨੁਰਾਧਾ ਚਗਤੀ ਤੇ ਡਾ. ਪਾਲਿਕਾ ਅਰੋੜਾ ਨੇ ਡਾ. ਅੰਬੇਡਕਰ ਦੇ ਆਦਰਸ਼ਾਂ ਨੂੰ ਨਮਨ ਕਰਦੇ ਹੋਏ ਭਰੋਸਾ ਦਿੱਤਾ ਕਿ ਚੰਡੀਗੜ੍ਹ ਪ੍ਰਸ਼ਾਸਨ ਸਮੁਦਾਇ ਦੀਆਂ ਸਮੱਸਿਆਵਾਂ ਦੇ ਸਮਾਧਾਨ ਲਈ ਪੂਰੀ ਤਰ੍ਹਾਂ ਪ੍ਰਤੀਬੱਧ ਹੈ। ਪ੍ਰੋਗਰਾਮ ਦਾ ਸਮਾਪਨ ਡਾ. ਬੀ.ਆਰ. ਅੰਬੇਡਕਰ ਦੁਆਰਾ ਪਰਿਕਲਪਿਤ ਸਮਾਵੇਸ਼ੀ ਸਮਾਜ ਦੇ ਨਿਰਮਾਣ ਦੇ ਸੰਕਲਪ ਨਾਲ ਕੀਤਾ ਗਿਆ।

## ਅਨੰਦਪੁਰ ਸਾਹਿਬ, ਮਾਂ ਚਿੰਤਪੁਰਨੀ ਅਤੇ ਨੈਣਾ ਦੇਵੀ ਦੇ ਦਰਸ਼ਨਾਂ ਲਈ ਯਾਤਰਾ ਰਵਾਨਾ



ਭਗਤਾ ਭਾਈ ਕਾ, 14 ਅਪ੍ਰੈਲ (ਸਵਰਨ ਸਿੰਘ ਭਗਤਾ) :ਇਲਾਕੇ ਦੀ ਨਾਮੀ ਸੰਸਥਾ ਜੈ ਮਾਂ ਚਿੰਤਪੁਰਨੀ ਸੇਵਾ ਕਮੇਟੀ ਭਗਤਾ ਭਾਈਕਾ ਵੱਲੋਂ ਹਰ ਮਹੀਨੇ ਦੀ ਸੰਗਰਾਂਦ ਤੋਂ ਇਕ ਦਿਨ ਪਹਿਲਾਂ ਮਾਂ ਚਿੰਤਪੁਰਨੀ ਅਤੇ ਮਾਂ ਸ਼ੀਤਲਾ ਜੀ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ ਜਾਂਦੀ ਹੈ।ਇਸ ਵਾਰ 14 ਅਪ੍ਰੈਲ (ਮੰਗਲਵਾਰ) ਨੂੰ ਰਵਾਨਾ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁੱਖ ਸੇਵਾਦਾਰ ਅੰਮ੍ਰਿਤ ਗਰਗ ਨੇ ਦੱਸਿਆ ਕਿ ਸੰਨ 2012 ਤੋਂ ਵੱਖ ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਦੇ ਲਈ ਯਾਤਰਾਵਾਂ ਕਰਵਾਈਆਂ ਜਾ ਰਹੀਆਂ ਹਨ ਤੇ ਹਰ ਮਹੀਨੇ ਦੀ ਸੰਗਰਾਦ ਤੋਂ ਇਕ ਦਿਨ ਪਹਿਲਾਂ ਮਾਤਾ ਚਿੰਤਪੁਰਨੀ ਤੇ ਮਾਂ ਸੀਤਲਾ ਜੀ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ ਜਾ ਰਹੀ ਹੈ।ਇਸ ਤਰਾਂ ਯਾਤਰੀਆਂ ਨੂੰ ਧਰਮ ਨਾਲ ਜੋੜਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਵਾਰ14 ਅਪ੍ਰੈਲ ਨੂੰ ਸ਼੍ਰੀ ਅਨੰਦਪੁਰ ਸਾਹਿਬ, ਮਾਂ ਚਿੰਤਪੁਰਨੀ ਜੀ, ਮਾਂ ਨੈਨਾ ਦੇਵੀ ਜੀ ਤੇ ਮਾਂ ਸ਼ੀਤਲਾ ਜੀ ਦੇ ਦਰਸ਼ਨਾਂ ਲਈ ਬੱਸ ਯਾਤਰਾ ਜਾ ਰਹੀ ਹੈ।ਇਸ ਮੌਕੇ ਸੇਵਾਦਾਰ ਬਲਦੇਵ ਗਰਗ,ਦਲੀਪ ਗਰਗ, ਜਤਿਨ ਗਰਗ,ਪਰਵੀਨ ਗਰਗ,ਹਰਬੰਸ ਲਾਲ,ਗਾਂਧੀ ਕੋਠਾ ਗੁਰੂ ਕਾ,ਪਰਵੀਨ ਗੋਇਲ,ਚੇਤਨ ਗਰਗ, ਆਸ਼ੂ ਗਰਗ, ਮਾਸਟਰ ਨਰਿੰਦਰਪਾਲ ਆਦਿ ਹਾਜ਼ਰ ਸਨ।

## ਖੁੱਲ੍ਹੇ ਪਏ ਨਾਲੇ ਕਿਸੇ ਵੀ ਸਮੇਂ ਦੇ ਸਕਦੇ ਹਨ ਵੱਡੇ ਹਾਦਸੇ ਨੂੰ ਸੱਦਾ

ਬਠਿੰਡਾ, 14 ਅਪ੍ਰੈਲ (ਦੀਪਕ ਸ਼ਰਮਾ): ਜਿਸ ਇਮਾਰਤ ਤੋਂ ਪੂਰੇ ਜ਼ਿਲ੍ਹੇ ਦਾ ਪ੍ਰਸ਼ਾਸਨ ਚੱਲਦਾ ਹੈ, ਜਿੱਥੇ ਡੀਸੀ ਅਤੇ ਐਸਐਸਪੀ ਵਰਗੇ ਉੱਚ ਅਧਿਕਾਰੀ ਬੈਠਦੇ ਹਨ, ਉੱਥੇ ਹੀ ਆਮ ਲੋਕਾਂ ਦੀ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੀ ਇੱਕ ਵੱਡੀ ਲਾਪਰਵਾਹੀ ਸਾਹਮਣੇ ਆਈ ਹੈ। ਬਠਿੰਡਾ ਦੇ ਮਿੰਨ੍ਹੀ ਸਕੱਤਰੇਤ ਕੰਪਲੈਕਸ ਵਿੱਚ ਨਾਲਿਆਂ ਉੱਪਰ ਲੱਗੇ ਲੋਹੇ ਦੇ ਭਾਰੀ ਜਾਲ ਪਿਛਲੇ ਕਈ ਸਾਲਾਂ ਤੋਂ ਗਾਇਬ ਹਨ, ਪਰ ਸਿਸਟਮ ਦੀ ਸੁਸਤੀ ਦਾ ਆਲਮ ਇਹ ਹੈ ਕਿ ਚਾਰ ਸਾਲਾਂ ਤੋਂ ਚੱਲ ਰਹੀ ਚਿੱਠੀ-ਪੱਤਰੀ ਦੇ ਬਾਵਜੂਦ ਅਜੇ ਤੱਕ ਇਹ ਨਾਲੇ ਢਕੇ ਨਹੀਂ ਗਏ।ਪ੍ਰਾਪਤ ਜਾਣਕਾਰੀ ਅਨੁਸਾਰ ਜਦੋਂ ਇਸ ਭਵਨ ਦਾ ਨਿਰਮਾਣ ਹੋਇਆ ਸੀ ਤਾਂ ਸੁਰੱਖਿਆ ਦੇ ਮੱਦੇਨਜ਼ਰ ਸੈਂਕੜੇ ਮਜ਼ਬੂਤ ਲੋਹੇ ਦੇ ਜਾਲ ਲਗਾਏ ਗਏ ਸਨ। ਪਰ ਪਿਛਲੇ 4-5 ਸਾਲਾਂ ਦੌਰਾਨ ਇਹ ਜਾਲ



ਵੱਡੀ ਗਿਣਤੀ ਵਿੱਚ ਚੋਰੀ ਹੋ ਚੁੱਕੇ ਹਨ ਜਾਂ ਗਾਇਬ ਹਨ। ਅੱਜ ਸਥਿਤੀ ਇਹ ਹੈ ਕਿ ਸੁਵਿਧਾ ਕੇਂਦਰ, ਫਰਦ ਕੇਂਦਰ ਅਤੇ ਜ਼ਿਲ੍ਹਾ ਖਜ਼ਾਨਾ ਦਫ਼ਤਰ ਵਰਗੀਆਂ ਭੀੜ-ਭੜੱਕੇ ਵਾਲੀਆਂ ਥਾਵਾਂ ਦੇ ਨੇੜੇ ਦਰਜਨਾਂ ਨਾਲੇ ਨੰਗੇ ਪਏ ਹਨ। ਇਹ ਖੁੱਲ੍ਹੇ ਨਾਲੇ ਰੋਜ਼ਾਨਾ ਇੱਥੇ ਆਉਣ ਵਾਲੇ ਬਜ਼ੁਰਗਾਂ, ਬੱਚਿਆਂ ਅਤੇ ਮਹਿਲਾਵਾਂ ਲਈ ਕਿਸੇ ਵੀ ਵੇਲੇ ਘਾਤਕ ਸਾਬਤ ਹੋ ਸਕਦੇ ਹਨ।ਹੈਰਾਨੀ ਦੀ ਗੱਲ ਇਹ ਹੈ ਕਿ ਇਹ ਮਾਮਲਾ ਪ੍ਰਸ਼ਾਸਨ ਦੇ ਧਿਆਨ ਵਿੱਚ ਹੈ। ਆਰ.ਟੀ.ਆਈ. ਰਾਹੀਂ ਮਿਲੇ ਦਸਤਾਵੇਜ਼ਾਂ ਮੁਤਾਬਕ ਮਾਰਚ 2022 ਵਿੱਚ ਡਿਪਟੀ ਕਮਿਸ਼ਨਰ ਦਫ਼ਤਰ ਵੱਲੋਂ ਬੀ ਐਂਡ ਐਮ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਨੂੰ ਇਸ ਸਬੰਧੀ ਪੱਤਰ ਲਿਖਿਆ ਗਿਆ ਸੀ। ਇੰਨਾ ਹੀ ਨਹੀਂ, ਐਸ.ਐਸ.ਪੀ. ਨੂੰ ਵੀ ਜਾਲਾਂ ਦੀ ਚੋਰੀ ਰੋਕਣ ਲਈ ਚਿੱਠੀਆਂ ਭੇਜੀਆਂ ਗਈਆਂ ਸਨ। ਪਰ ਅਫ਼ਸੋਸ ਕਿ 2022 ਤੋਂ ਲੈ ਕੇ 2026 ਤੱਕ ਸਿਰਫ਼ ਅੰਦਾਜ਼ੇ ਹੀ ਬਣਾਏ ਜਾ ਰਹੇ ਹਨ, ਜਦਕਿ ਜ਼ਮੀਨੀ ਹਕੀਕਤ ਵਿੱਚ ਕੋਈ ਬਦਲਾਅ ਨਹੀਂ ਆਇਆ।ਸੁਰੱਖਿਆ ਦੇ ਦਾਅਵਿਆਂ ਵਾਲੇ ਇਸ ਕੰਪਲੈਕਸ ਵਿੱਚੋਂ ਭਾਰੀ ਲੋਹੇ ਦੇ ਜਾਲ ਕਿਵੇਂ ਗਾਇਬ ਹੋ ਗਏ, ਇਹ ਆਪਣੇ ਆਪ ਵਿੱਚ ਇੱਕ ਵੱਡਾ ਸਵਾਲ ਹੈ। ਇਸ ਵੇਲੇ ਇਹ ਮਾਮਲਾ ਪੰਜਾਬ ਰਾਜ ਸੂਚਨਾ ਕਮਿਸ਼ਨ ਕੋਲ ਵਿਚਾਰ ਅਧੀਨ ਹੈ, ਜਿਸ ਦੀ ਅਗਲੀ ਸੁਣਵਾਈ 1 ਜੁਲਾਈ 2026 ਨੂੰ ਹੋਣੀ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਮਾਂ ਰਹਿੰਦੇ ਇਹ ਮੌਤ ਦੇ ਜਾਲ ਨਾ ਢਕੇ ਗਏ ਤਾਂ ਕਿਸੇ ਵੱਡੇ ਹਾਦਸੇ ਦੀ ਜ਼ਿੰਮੇਵਾਰੀ ਕਿਸ ਦੀ ਹੋਵੇਗੀ ?

## ਹਾਦਸੇ 'ਚ ਮਾਸੂਮ ਬੱਚੀ ਦੀ ਮੌਤ

ਬਠਿੰਡਾ, 14 ਅਪ੍ਰੈਲ (ਦੀਪਕ ਸ਼ਰਮਾ): ਤਲਵੰਡੀ ਸਾਬੋ ਵਿਖੇ ਮੇਲਾ ਦੇਖਣ ਆਏ ਇੱਕ ਹੱਸਦੇ-ਖੇਡਦੇ ਪਰਿਵਾਰ ਦੀਆਂ ਖੁਸ਼ੀਆਂ ਉਸ ਵੇਲੇ ਮਾਤਮ ਵਿੱਚ ਬਦਲ ਗਈਆਂ, ਜਦੋਂ ਇੱਕ ਤੇਜ਼ ਰਫ਼ਤਾਰ ਕਾਰ ਨੇ ਉਨ੍ਹਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਦਰਦਨਾਕ ਹਾਦਸੇ ਵਿੱਚ ਇੱਕ ਮਾਸੂਮ ਬੱਚੀ ਦੀ ਇਲਾਜ ਦੌਰਾਨ ਮੌਤ ਹੋ ਗਈ, ਜਦਕਿ ਪਰਿਵਾਰ ਦੇ ਹੋਰ ਮੈਂਬਰ ਗੰਭੀਰ ਜ਼ਖ਼ਮੀ ਹਨ।ਜਾਣਕਾਰੀ ਅਨੁਸਾਰ ਅਰਜਨ ਸਿੰਘ ਵਾਸੀ ਤਲਵੰਡੀ ਸਾਬੋ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਆਪਣੇ ਪਰਿਵਾਰ ਨਾਲ ਮੇਲਾ ਦੇਖ ਕੇ ਮੇਨ ਸੜਕ ਰੌੜੀ ਰੋਡ ਕੋਲ ਖੜ੍ਹੇ ਸਨ। ਇਸੇ ਦੌਰਾਨ ਇੱਕ ਤੇਜ਼ ਰਫ਼ਤਾਰ ਕਾਰ ਦੇ ਚਾਲਕ ਨੇ ਲਾਪਰਵਾਹੀ ਨਾਲ ਗੱਡੀ ਉਨ੍ਹਾਂ ਵਿੱਚ ਮਾਰੀ। ਇਸ ਟੱਕਰ ਕਾਰਨ ਅਰਜਨ ਸਿੰਘ ਦੀ ਪਤਨੀ ਸਿਮਰਜੀਤ ਕੌਰ ਅਤੇ ਉਨ੍ਹਾਂ ਦੀ ਭਾਣਜੀ ਕਾਜਲ ਨੂੰ ਗੰਭੀਰ ਸੱਟਾਂ ਲੱਗੀਆਂ, ਜਦਕਿ ਉਨ੍ਹਾਂ ਦੀ ਲੜਕੀ ਕੋਮਲ ਦੀ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹਸਪਤਾਲ ਵਿੱਚ ਮੌਤ ਹੋ ਗਈ। ਥਾਣਾ ਤਲਵੰਡੀ ਸਾਬੋ ਦੀ ਪੁਲਿਸ ਨੇ ਕਾਰ ਚਾਲਕ ਜਸਪ੍ਰੀਤ ਸਿੰਘ ਵਾਸੀ ਰੱਲਾ ਜ਼ਿਲ੍ਹਾ ਮਾਨਸਾ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਮੁਤਾਬਕ ਕਥਿਤ ਦੋਸ਼ੀ ਫਿਲਹਾਲ ਪੁਲਿਸ ਦੀ ਗ੍ਰਿਫ਼ਤ ਤੋਂ ਬਾਹਰ ਹੈ ਅਤੇ ਉਸ ਦੀ ਭਾਲ ਲਈ ਕਾਰਵਾਈ ਕੀਤੀ ਜਾ ਰਹੀ ਹੈ।

## ਪਿੰਡ ਜਲੂਰ ਦੀ ਨਵੀਂ ਬਣ ਰਹੀ ਸਿਹਤ ਡਿਸਪੈਂਸਰੀ ਦੀ ਵਿਵਾਦਿਤ ਬਿਲਡਿੰਗ ਦਾ ਪਰਮਿੰਦਰ ਢੀਂਡਸਾ ਨੇ ਕੀਤਾ ਦੌਰਾ



ਲਹਿਰਾਗਾਗਾ, 14 ਅਪ੍ਰੈਲ (ਗੁਰਦੀਪ ਸਿੰਘ): ਨੇੜਲੇ ਪਿੰਡ ਜਲੂਰ ਵਿਖੇ ਨਵੀਂ ਬਣ ਰਹੀ ਡਿਸਪੈਂਸਰੀ ਦੇ ਲੈਂਟਰ 'ਤੇ ਲੱਗੇ ਪੈਚਾਂ ਦੀ ਵਾਇਰਲ ਵੀਡੀਓ ਵੇਖ ਸਾਬਕਾ ਵਿੱਤ ਮੰਤਰੀ ਪਰਮਿੰਦਰ ਢੀਂਡਸਾ ਨੇ ਪਿੰਡ ਵਾਲਿਆਂ ਨੂੰ ਨਾਲ ਲੈ ਡਿਸਪੈਂਸਰੀ ਦਾ ਦੌਰਾ ਕਰਦਿਆਂ ਪੰਜਾਬ ਸਰਕਾਰ ਦੀ ਇਮਾਨਦਾਰੀ 'ਤੇ ਵੱਡੇ ਸਵਾਲ ਖੜ੍ਹੇ ਕੀਤੇ ਹਨ । ਇਸ ਮੌਕੇ ਗੱਲਬਾਤ ਕਰਦਿਆਂ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਸਾਰਾ ਕੰਮ ਲੋ ਕੁਆਲਿਟੀ ਦਾ ਹੋਇਆ ਹੈ , ਡਿਸਪੈਂਸਰੀ ਦੇ ਨਵੇਂ ਪਾਏ ਲੈਂਟਰ ਤੇ ਪਿੱਲਰਾਂ 'ਤੇ ਪੈਚ ਲਾਏ ਹੋਏ ਨੇ, ਕਿਉਂਕਿ ਲੈਂਟਰ ਹਨੇਰੇ ਵਿੱਚ ਪਾਉਣ ਕਰਕੇ ਕਿਤੋਂ ਉੱਚਾ ਤੇ ਕਿਤੋਂ ਨੀਵਾਂ ਸੀ, ਲੈਂਟਰ ਤੇ ਪਾਣੀ ਤੱਕ ਨਹੀਂ ਖੜ੍ਹਾਇਆ, ਸ਼ਟਰਿੰਗ ਖੁੱਲ੍ਹੀ ਫਿਰਦੀ ਹੈ, ਦਰਵਾਜੇ ਬਾਰੀਆਂ ਦੀਆਂ ਚੁਗਾਠਾਂ ਵੀ ਸਹੀ ਤਰੀਕੇ ਨਾਲ ਨਹੀਂ ਲਗਾਈਆਂ ਹੋਈਆਂ, ਇਥੋਂ ਤੱਕ ਕਿ ਬਿਲਡਿੰਗ ਦੇ ਨੇੜੇ ਪਏ ਰੇਤੇ ਦੀ ਕੁਆਲਿਟੀ ਵੀ ਅਤੀ ਘਟੀਆ ਲੱਗਦੀ ਹੈ। ਉਹਨਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਡਿਸਪੈਂਸਰੀ ਦੀ ਨੀਂਹ ਨੇੜੇ ਹੀ ਸਾਲ ਪਹਿਲਾਂ ਬਣੀ ਪੰਚਾਇਤ ਭਵਨ ਦੀ ਬਿਲਡਿੰਗ ਤੋਂ 2 ਫੁੱਟ ਨੀਵੀ ਤੇ 25 ਸਾਲ ਪਹਿਲਾਂ ਬਣੀ ਕਮਿਊਨਿਟੀ ਸੈਂਟਰ ਦੀ ਬਿਲਡਿੰਗ ਦੇ ਬਰਾਬਰ ਦੇ ਬਰਾਬਰ ਰੱਖੀ ਹੋਈ ਹੈ ਜਦਕਿ ਇਹ ਪੰਚਾਇਤ ਭਵਨ ਦੀ ਬਿਲਡਿੰਗ ਦੇ ਬਰਾਬਰ ਰੱਖਣੀ ਚਾਹੀਦੀ ਸੀ। ਢੀਂਡਸਾ ਨੇ ਕਿਹਾ ਇਹ ਇਕੱਲਾ ਘਪਲੇ ਦਾ ਮਸਲਾ ਨਹੀਂ ਬਲਕਿ ਲੋਕਾਂ ਦੀ ਜਾਨ ਮਾਲ ਦਾ ਮਸਲਾ ਹੈ ।ਜੇਕਰ ਬਰੀਕੀ ਨਾਲ ਜਾਂਚ ਹੋਵੇ ਤਾਂ ਲੱਖਾਂ ਦਾ ਘਪਲਾ ਇਸ ਛੋਟੀ ਜਿਹੀ ਬਿਲਡਿੰਗ ਦੀ ਉਸਾਰੀ ਵਿੱਚ ਹੀ ਸਾਹਮਣੇ ਆਵੇਗਾ। ਉਨ੍ਹਾਂ ਕਿਹਾ ਕਿ ਕੰਮਾਂ ਦੇ ਠੇਕੇ ਸਰਕਾਰ ਦੇ ਚਹੇਤਿਆਂ ਨੂੰ ਮਿਲੇ ਹੋਏ ਹਨ, ਜਿਸ ਕਰਕੇ ਉਹ ਆਪਣੀ ਮਨ ਮਰਜ਼ੀ ਕਰਦੇ ਹਨ। ਇਸ ਮੌਕੇ ਪੁਨਰ ਸੁਰਜੀਤ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਰਾਮਪਾਲ ਸਿੰਘ ਬਹਿਨੀਵਾਲ , ਯੂਥ ਆਗੂ ਸੁਖਵਿੰਦਰ ਸਿੰਘ ਬਿੱਲੂ ਖੰਡੇਵਾਦ , ਸਾਬਕਾ ਸਰਪੰਚ ਗੁਰਲਾਲ ਸਿੰਘ ਜਲੂਰ, ਕੁਲਤੇਜ ਸਿੰਘ ਜਲੂਰ, ਹਰਜਿੰਦਰ ਸਿੰਘ ਰੋਡੋ ,ਹਰਦੇਵ ਸਿੰਘ ਕਾਲਾ,ਲੀਲਾ ਸਿੰਘ ਢੀਂਡਸਾ ਤੋਂ ਇਲਾਵਾ ਹੋਰ ਵੀ ਹਾਜਰ ਸਨ,

## ਵਿਸਾਖੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ

ਭੁੱਚੋ ਮੰਡੀ ਨਥਾਣਾ, 14 ਅਪ੍ਰੈਲ (ਹਰਬੰਸ ਸਿੰਘ ਭੋਲਾ): ਜੀਵੰਤ ਵਾਢੀ ਦੇ ਸੀਜ਼ਨ ਨੂੰ ਦਰਸਾਉਂਦਾ ਹੋਇਆ, ਜਿੱਥੇ ਕਿਸਾਨਾਂ ਦੀ ਖੁਸ਼ੀ ਹੈ ਅਤੇ ਨਵੀਨੀਕਰਨ ਦੀ ਭਾਵਨਾ ਨੂੰ ਵੀ ਦਰਸਾਉਂਦਾ ਹੈ ਇਹ ਸਾਡੇ ਸਿੱਖ ਭੈਣ ਭਰਾਵਾਂ ਦੀ ਖੁਸ਼ੀ ਦਾ ਬੜਾ ਅਹਿਮ ਮੌਕਾ ਹੈ, ਜ਼ਤਰਜਮਾਨੀ ਕਰਦਾ ਹੈ ਉੱਥੇ ਹੀ ਸਾਨੂੰ ਇਸ ਨਾਲ ਸਬੰਧਿਤ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਦੀ ਵੀ ਯਾਦ ਦਿਵਾਉਂਦਾ ਹੈ। ਵਿਦਿਆਰਥੀਆਂ ਨੂੰ ਵਿਸਾਖੀ ਦਾ ਮੁੱਖ ਮੰਤਵ ਅਤੇ ਇਤਿਹਾਸਿਕ ਪਿਛੋਕੜ ਦੱਸਣ ਦੇ ਮੱਦੇ ਨਜ਼ਰ ਸਿਲਵਰ ਓਕਸ ਸਕੂਲ ਵਿੱਚ ਵਿਸਾਖੀ ਦਾ ਦਿਹਾੜਾ ਬਹੁਤ ਧੂਮ-ਧਾਮ ਨਾਲ ਮਨਾਇਆ ਗਿਆ। ਵਿਸਾਖੀ ਦਾ ਤਿਉਹਾਰ ਜੋ ਕਿ ਉਮੀਦ ਦਾ ਤਿਉਹਾਰ ਹੈ ਹਰ ਸਾਲ 13 ਅਪ੍ਰੈਲ ਨੂੰ ਬੜੀ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ। ਸਿੱਖ ਧਰਮ ਵਿੱਚ ਇਹ ਇੱਕ ਇਤਿਹਾਸਿਕ ਤੇ ਧਾਰਮਿਕ ਤਿਉਹਾਰ ਹੈ , ਜੋ ਕਿ 1699 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਧੀਨ ਯੋਧਿਆਂ ਦੇ ਖਾਲਸਾ ਪੰਥ ਦੀ ਸਥਾਪਨਾ ਦੀ ਯਾਦ ਦਿਵਾਉਂਦਾ ਹੈ। ਇਸ ਦੇ ਨਾਲ ਨਾਲ ਇਹ ਬਸੰਤ ਦੀ ਵਾਢੀ ਦਾ ਤਿਉਹਾਰ ਵੀ ਮੰਨਿਆ ਜਾਂਦਾ ਹੈ। ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿਖੇ ਇਸ ਵਾਢੀ ਦੇ ਤਿਉਹਾਰ ਵਿਸਾਖੀ ਨੂੰ ਧੂਮ ਧਾਮ ਅਤੇ ਉਤਸ਼ਾਹ ਨਾਲ ਮਨਾਉਣ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ ਅਤੇ ਸਾਡੀ ਆਜ਼ਾਦੀ ਦੇ ਘੁਲਾਟੀਆਂ ਵੱਲੋਂ ਜ਼ੱਲ੍ਹਿਆਂ ਵਾਲਾ ਬਾਗ ਅੰਮ੍ਰਿਤਸਰ ਵਿੱਚ ਦਿੱਤੀਆਂ ਕੁਰਬਾਨੀਆਂ ਤੋਂ ਜਾਣੂੰ ਕਰਵਾਇਆ। ਵਿਦਿਆਰਥੀਆਂ ਨੂੰ ਨਵੇਂ ਸਾਲ ਦੀ ਸ਼ੁਰੂਆਤ ਅਤੇ ਖਾਲਸਾ ਪੰਥ ਦੀ ਨੀਹ ਰੱਖਣ ਵਾਲੀ ਵਿਸਾਖੀ ਮਨਾਉਣ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ ਗਿਆ। ਰੰਗ ਬਿਰੰਗੇ ਪੰਜਾਬੀ ਪਹਿਰਾਵੇ ਵਿੱਚ ਸੱਜ ਕੇ ਆਏ ਛੋਟੇ ਬੱਚਿਆਂ ਨੇ ਇਸ ਸਮਾਗਮ ਨੂੰ ਹੋਰ ਵੀ ਰੰਗੀਲਾ ਬਣਾ ਦਿੱਤਾ ਵਿਦਿਆਰਥੀਆਂ ਨੇ ਬਹੁਤ ਜੋਸ਼ ਅਤੇ ਉਤਸ਼ਾਹ ਨਾਲ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ। ਛੋਟੇ ਬੱਚਿਆਂ ਦੁਆਰਾ ਲੋਕ ਗੀਤ ਤੇ ਭੰਗੜਾ ਪੇਸ਼ ਕੀਤਾ ਗਿਆ। ਕਈ ਵਿਦਿਆਰਥੀਆਂ ਦੁਆਰਾ ਵਿਸਾਖੀ ਦੇ ਇਸ ਪਵਿੱਤਰ ਤਿਉਹਾਰ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ ਅਤੇ ਕਈ ਵਿਦਿਆਰਥੀਆਂ ਦੁਆਰਾ ਇਸ ਵਾਢੀ ਦੇ ਤਿਉਹਾਰ ਸਬੰਧੀ ਆਪਣੇ ਅਨਮੋਲ ਵਿਚਾਰ ਪੇਸ਼ ਕੀਤੇ ਗਏ। ਵਿਸਾਖੀ ਦੇ ਇਸ ਸਮਾਗਮ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਛਾਇਆ ਵਿਨੋਚਾ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਮਹੱਤਤਾ ਬਾਰੇ ਦੱਸਦੇ ਹੋਏ ਹਮੇਸ਼ਾ ਸ਼ਾਂਤੀ ਅਤੇ ਅਹਿੰਸਾ ਦੇ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ ਅਤੇ ਪੰਜਾਬ ਦੇ ਇਸ ਅਮੀਰ ਅਤੇ ਵਿਭਿੰਨ ਸੱਭਿਆਚਾਰ ਅਤੇ ਵਿਰਸੇ ਦੀ ਕਦਰ ਕਰਨ ਲਈ ਪ੍ਰੇਰਿਤ ਕਰਦੇ ਹੋਏ ਰਾਸ਼ਟਰੀ ਗਾਣ ਨਾਲ ਸਮਾਗਮ ਨੂੰ ਅੰਤ ਵੱਲ ਲਿਆਂਦਾ ਗਿਆ।




## ਭਰਤੀ ਇਸ਼ਤਿਹਾਰ ਜਾਰੀ ਨਾ ਕਰਨ ਤੋਂ ਖ਼ਫ਼ਾ ਨੇ ਈਟੀਟੀ ਟੈੱਟ ਪਾਸ ਬੇਰੁਜ਼ਗਾਰ ਅਧਿਆਪਕ; 20 ਅਪ੍ਰੈਲ ਨੂੰ ਕਰਨਗੇ ਸੰਘਰਸ਼ ਦੀ ਵਿਉਂਤਬੰਦੀ

ਰਾਮਪੁਰਾ ਫੂਲ, 14 ਅਪ੍ਰੈਲ(ਮਨਪ੍ਰੀਤ ਮਿੱਠੂ): ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਤ੍ਰਾਸਦੀ ਵੇਖੋ। ਰਾਜ ਦੇ ਸਰਕਾਰੀ ਐਲੀਮੈਂਟਰੀ ਸਕੂਲਾਂ ਦੇ ਨੰਨ੍ਹੇ ਮੁੰਨੇ ਵਿਦਿਆਰਥੀ ਨਵੇਂ ਅਧਿਆਪਕਾਂ ਦੀ ਉਡੀਕ ਵਿਚ ਹਨ, ਦੂਜੇ ਪਾਸੇ ਐਲੀਮੈਂਟਰੀ ਟੀਚਰਜ਼ ਟ੍ਰੇਨਿੰਗ ਕੋਰਸ (ਈਟੀਟੀ ) ਅਤੇ ਟੈੱਟ (ਟੀਚਰ ਐਲਿਜੀਬਿਲਟੀ ਟੈਸਟ) ਪਾਸ ਕਰ ਚੁੱਕੇ 50 ਹਜ਼ਾਰ ਤੋਂ ਵੱਧ ਅਧਿਆਪਕ ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਹੇ ਹਨ, ਜਦਕਿ ਸਥਿਤੀ ਦੀ ਤ੍ਰਾਸਦੀ ਇਸ ਹੱਦ ਤੱਕ ਗੰਭੀਰ ਹੋ ਚੁੱਕੀ ਹੈ ਕਿ ਜੇਕਰ ਵਿਭਾਗ ਨੇ ਜਲਦ ਹੀ ਭਰਤੀ ਇਸ਼ਤਿਹਾਰ ਜਾਰੀ ਨਾ ਕੀਤਾ ਤਾਂ ਬੇਰੁਜ਼ਗਾਰਾਂ ਦਾ ਵੱਡਾ ਹਿੱਸਾ ਓਵਰਏਜ ਹੋ ਜਾਵੇਗਾ। ਈਟੀਟੀ ਟੈੱਟ ਪਾਸ ਬੇਰੁਜ਼ਗਾਰ ਅਧਿਆਪਕ ਯੂਨੀਅਨ ਦੇ ਸੂਬਾ ਆਗੂਆਂ ਰਾਹੁਲ ਕੰਬੋਜ, ਲਵਿਸ਼ ਫਾਜ਼ਿਲਕਾ, ਪਰਮਜੀਤ ਮਾਨਸਾ, ਬਲਵੰਤ ਪਟਿਆਲਾ, ਗੁਰਪ੍ਰੀਤ ਸਿੰਘ,ਤਕਦੀਰ ਸਿੰਘ , ਹਰਪ੍ਰੀਤ ਕੌਰ ਅਤੇ ਨਵਦੀਪ ਬੱਲੀ ਨੇ ਆਪਣੀ ਹੱਡ ਬੀਤੀ ਬਿਆਨਦਿਆਂ ਦੱਸਿਆ ਕਿ ਪੰਜਾਬ ਅੰਦਰ ਦੋ ਸਾਲਾ ਈਟੀਟੀ ਕੋਰਸ ਕਰ ਚੁੱਕੇ ਬੇਰੁਜ਼ਗਾਰਾਂ ਦੀ ਗਿਣਤੀ 80 ਹਜ਼ਾਰ ਨੂੰ ਟੱਪਣ ਜਾ ਰਹੀ ਹੈ। ਉਹਨਾਂ ਦੱਸਿਆ ਕਿ ਕਾਂਗਰਸ ਸਰਕਾਰ ਨੇ ਤਾਂ ਆਪਣੇ ਵੇਲੇ ਲਗਾਤਾਰ ਭਰਤੀ ਇਸ਼ਤਿਹਾਰ ਜਾਰੀ ਕਰਕੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਦੇ ਨਿੱਗਰ ਉਪਰਾਲੇ ਕੀਤੇ ਸਨ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਤਾਂ ਉਹਨਾਂ ਦਾ ਪੂਰ ਹੀ ਸਿਰੇ ਚੜ੍ਹਾਇਆ ਹੈ, ਜਿਸ ਲਈ ਰੁਜ਼ਗਾਰ ਹਾਸਲ ਕਰ ਚੁੱਕੇ ਨੌਜਵਾਨ ਉਹਨਾਂ ਦੇ ਧੰਨਵਾਦੀ ਵੀ ਹਨ, ਪਰ ਈਟੀਟੀ ਦੇ ਨਾਲ ਨਾਲ ਟੈੱਟ ਪਾਸ ਕਰ ਚੁੱਕੇ ਨੌਜਵਾਨਾਂ ਨੂੰ ਰੋਸ ਇਸ ਗੱਲ ਦਾ ਹੈ ਕਿ ਸੱਤ੍ਹਾ ਧਿਰ ਨੇ ਆਪਣੇ ਰਾਜ ਭਾਗ ਦੌਰਾਨ ਇੱਕ ਵੀ ਭਰਤੀ ਇਸ਼ਤਿਹਾਰ ਜਾਰੀ ਕਰਕੇ ਰੁਜ਼ਗਾਰ ਦੇ ਠੋਸ ਪ੍ਰਬੰਧ ਨਹੀਂ ਕੀਤੇ। ਉਹਨਾਂ ਦੱਸਿਆ ਕਿ ਇਹ ਸਰਕਾਰ ਈਟੀਟੀ ਅਧਿਆਪਕਾਂ ਨੂੰ ਰੁਜ਼ਗਾਰ ਦੇਣ ਦੇ ਸਿਲਸਿਲੇ ਵਿਚ 2023, 2025, 2026 ਦੌਰਾਨ ਤਿੰਨ ਵਾਰ ਟੈੱਟ ਪ੍ਰੀਖਿਆ ਤਾਂ ਲੈ ਚੁੱਕੀ ਹੈ ਪਰ ਰੁਜ਼ਗਾਰ ਦੇਣ ਦੇ ਆਖਰੀ ਪੜਾਅ ਨੂੰ ਪੂਰਨ ਲਈ ਭਰਤੀ ਇਸ਼ਤਿਹਾਰ ਨਹੀਂ ਕੱਢ ਰਹੀ। ਬੇਰੁਜ਼ਗਾਰਾਂ ਨੇ ਆਪਣੀ ਵਿੱਥਿਆ ਦੱਸੀ ਕਿ ਉਹਨਾਂ ਨੂੰ ਤਾਂ ਲਗਦਾ ਹੈ ਕਿ ਮਾਪਿਆਂ ਕੋਲੋਂ ਮਹਿੰਗੀਆਂ ਫੀਸਾਂ ਭਰਵਾਕੇ, ਪਹਿਲਾਂ ਉਹਨਾਂ +2/ ਗ੍ਰੈਜੂਏਸ਼ਨ ਤੱਕ ਦੀ ਪੜ੍ਹਾਈ,ਫਿਰ ਦੋ ਸਾਲਾ ਟੀਚਰ ਕੋਰਸ ਕਰਦਿਆਂ ਆਪਣੀ ਜਵਾਨੀ ਅਤੇ ਪੈਸਾ ਬਰਬਾਦ ਕਰ ਦਿੱਤਾ ਹੈ, ਕਿਉਂਕਿ ਉਹਨਾਂ ਅਨੁਸਾਰ ਜੇਕਰ ਸਰਕਾਰ ਨੇ ਭਰਤੀ ਇਸ਼ਤਿਹਾਰ ਜਲਦ ਜਾਰੀ ਨਾ ਕੀਤਾ ਤਾਂ ਉਹਨਾਂ ਦਾ ਭਵਿੱਖ ਤਬਾਹ ਹੋ ਜਾਵੇਗਾ, ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਭਰਤੀ ਇਸ਼ਤਿਹਾਰ ਜਾਰੀ ਕਰਕੇ ਰੁਜ਼ਗਾਰ ਦੇ ਪ੍ਰਬੰਧ ਕਰੇ। ਜਥੇਬੰਦੀ ਨੇ ਇਸ ਬਾਬਤ ਸੰਘਰਸ਼ ਦੀ ਵਿਉਂਤਬੰਦੀ ਕਰਨ ਲਈ 20 ਅਪ੍ਰੈਲ ਨੂੰ ਚਿਲਡਰਨ ਪਾਰਕ ਬਠਿੰਡਾ ਵਿਖੇ ਸਵੇਰੇ 10 ਵਜੇ ਮੀਟਿੰਗ ਬੁਲਾ ਲਈ ਹੈ,ਜਿਸ ਵਿਚ ਸਾਰੇ ਟੈੱਟ ਪਾਸ ਈਟੀਟੀ ਬੇਰੁਜ਼ਗਾਰਾਂ ਨੂੰ ਪੁੱਜਣ ਦਾ ਖੁੱਲ੍ਹਾ ਸੱਦਾ ਦਿੱਤਾ ਹੈ।



## ਵਿਸਾਖੀ ਦਾ ਦਿਹਾੜਾ ਅਤੇ ਖਾਲਸਾ ਸਾਜਨਾ ਦਿਵਸ ਸ਼ਰਧਾ ਨਾਲ ਮਨਾਇਆ

ਬੁਢਲਾਡਾ, 14 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ):ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਵਿਖੇ ਵਿਸਾਖੀ ਦਿਹਾੜਾ ਅਤੇ ਖਾਲਸਾ ਸਾਜਨਾ ਦਿਵਸ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਨਾਮ ਸਿੰਘ ਕੋਹਲੀ ਨੇ ਦੱਸਿਆ ਕਿ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਦਿਹਾੜੇ 'ਤੇ ਗੁਰਦੁਆਰਾ ਸਾਹਿਬ ਦੇ ਹਜੂਰੀ ਰਾਗੀ ਭਾਈ ਗੁਰਮੇਲ ਸਿੰਘ ਦੇ ਰਾਗੀ ਜਥੇ ਨੇ ਮਨੋਹਰ ਗੁਰਬਾਣੀ ਕੀਰਤਨ ਰਾਹੀਂ ਗੁਰੂ ਜਸ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਨ੍ਹਾਂ ਵੱਲੋਂ ਗੁਰੂ ਗੋਬਿੰਦ ਸਿੰਘ ਜੀ ਦੇ ਖਾਲਸਾ ਪੰਥ ਦੀ ਸਥਾਪਨਾ ਦੇ ਇਤਿਹਾਸ ਅਤੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਖੁਦ ਸਿੰਘ ਸਜਣ ਦੇ ਵਿਰਤਾਂਤ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਾਨੂੰ ਵੀ ਗੁਰੂ ਜੀ ਦੇ ਦਰਸਾਏ ਮਾਰਗ ਉੱਤੇ ਚੱਲ ਕੇ ਸਿੰਘ ਸਜਣ ਦਾ ਸੰਦੇਸ਼ ਦਿੱਤਾ। ਗੁਰੂ ਦਾ ਮਹਾਨ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਗੁਰਨਾਮ ਸਿੰਘ ਕੋਹਲੀ, ਮਾਸਟਰ ਕੁਲਵੰਤ ਸਿੰਘ, ਮਾਸਟਰ ਰਜਿੰਦਰ ਸਿੰਘ, ਡਾਕਟਰ ਕਮਲਜੀਤ ਸਿੰਘ ਬੌਬੀ, ਰਮੇਸ਼ ਸਲੂਜਾ,ਗੁਰਚਰਨ ਸਿੰਘ ਮਲਹੋਤਰਾ, ਸਵਰਨਜੀਤ ਸਿੰਘ ਸਾਹਨੀ, ਜਗਮੋਹਨ ਸਿੰਘ, ਦਵਿੰਦਰ ਸਿੰਘ ਨਾਗਪਾਲ, ਆਗਿਆਪਾਲ ਸਿੰਘ ਨਾਗਪਾਲ, ਰਜਿੰਦਰ ਸਿੰਘ ਸੋਨੂੰ,ਡਾਕਟਰ ਪ੍ਰਿਤਪਾਲ ਸਿੰਘ ਕੋਹਲੀ, ਪ੍ਰਿਤਪਾਲ ਸਿੰਘ ਬਿਰਦੀ, ਮਾਸਟਰ ਕੁਲਵੰਤ ਸਿੰਘ, ਮਾਸਟਰ ਰਜਿੰਦਰ ਸਿੰਘ, ਡਾਕਟਰ ਕਮਲਜੀਤ ਸਿੰਘ ਬੌਬੀ, ਰਮੇਸ਼ ਸਲੂਜਾ,ਗੁਰਚਰਨ ਸਿੰਘ ਮਲਹੋਤਰਾ, ਸਵਰਨਜੀਤ ਸਿੰਘ ਸਾਹਨੀ, ਜਗਮੋਹਨ ਸਿੰਘ, ਦਵਿੰਦਰ ਸਿੰਘ ਨਾਗਪਾਲ,ਤਨਜੋਤ ਸਿੰਘ ਸਾਹਨੀ, ਚਰਨਜੀਤ ਸਿੰਘ ਸਾਹਨੀ,ਮਿਸਤਰੀ ਜਰਨੈਲ ਸਿੰਘ,ਦਵਿੰਦਰ ਸਿੰਘ ਕੋਹਲੀ ਅਤੇ ਸ਼ਹਿਰ ਦੀਆਂ ਧਾਰਮਿਕ ਸੰਸਥਾਵਾਂ ਦੇ ਆਗੂ ਆਦਿ ਹਾਜ਼ਰ ਸਨ।



## ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ 'ਤੇ ਸ਼ਰਧਾ ਦੇ ਫੁੱਲ ਕੀਤੇ ਭੇਂਟ



ਬੁਢਲਾਡਾ, 14 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ):ਬੁਢਲਾਡਾ ਵਿਖੇ ਭਾਰਤੀ ਜਨਤਾ ਪਾਰਟੀ ਹਲਕਾ ਬੁਢਲਾਡਾ ਵੱਲੋਂ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ 'ਤੇ ਸਮਾਗਮ ਰੱਖਿਆ ਗਿਆ।ਇਸ ਮੌਕੇ ਮੰਡਲ ਪ੍ਰਧਾਨ ਕੁਸ਼ ਸ਼ਰਮਾ ਦੀ ਅਗਵਾਈ ਵਿਚ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਰਤੀ ਜਨਤਾ ਪਾਰਟੀ ਬੁਢਲਾਡਾ ਦੇ ਪ੍ਰਧਾਨ ਰਾਕੇਸ਼ ਜੈਨ, ਸੁਖਪਾਲ ਸਿੰਘ ਨਗਰ ਕੌਂਸਲ ਪ੍ਰਧਾਨ ਅਤੇ ਬੀਜੇਪੀ ਦੇ ਆਗੂ ਭੋਲਾ ਸਿੰਘ ਹਸਨਪੁਰ ਨੇ ਆਪਣੇ ਬਿਆਨ ਦੌਰਾਨ ਦੱਸਿਆ ਕਿ ਭਾਰਤੀ ਜਨਤਾ ਪਾਰਟੀ ਬਾਬਾ ਸਾਹਿਬ ਦੇ ਜਨਮਦਿਨ ਦੀ ਖੁਸ਼ੀ ਵਿਚ ਸਮਾਗਮ ਨੂੰ ਪੂਰੇ ਦੇਸ਼ ਪੱਧਰ ਤੇ ਮਨਾਉਂਦੀ ਹੈ।ਇਸ ਮੌਕੇ ਉਨ੍ਹਾਂ ਸਮੂਹ ਦੇਸ਼ ਵਾਸੀਆਂ ਨੂੰ ਬਾਬਾ ਸਾਹਿਬ ਦੇ ਜਨਮ ਦਿਹਾੜੇ ਦੀ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਦੁਆਰਾ ਦਿੱਤੇ ਗਏ ਸਾਂਝੀਵਾਲਤਾ ਦੇ ਉਪਦੇਸ਼ 'ਤੇ ਚੱਲਣ ਦੀ ਅਪੀਲ ਵੀ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਆਏ ਹੋਏ ਸਾਥੀਆਂ ਦਾ ਤਹਿ ਦਿਲੋਂ ਸਵਾਗਤ ਕਰਦਿਆਂ ਜੈ ਭੀਮ, ਜੈ ਭਾਰਤ! ਜੈ ਭੀਮ, ਜੈ ਭਾਰਤ! ਦਾ ਨਾਅਰਾ ਦੇ ਕੇ ਬਾਬਾ ਸਾਹਿਬ ਦੀ ਆਓ ਭਗਤ ਕੀਤੀ।ਇਸ ਮੌਕੇ ਦਲਜੀਤ ਸਿੰਘ, ਕੌਂਸਲਰ ਪ੍ਰੇਮ ਕੁਮਾਰ, ਅਮਨਦੀਪ ਗੈਸ ਏਜੰਸੀ ਵਾਲੇ, ਪੁਨੀਤ ਕੁਮਾਰ ਆਦਿ ਹਾਜ਼ਰ ਸਨ।ਇਸ ਮੌਕੇ ਦਲਜੀਤ ਸਿੰਘ, ਕੌਂਸਲਰ ਪ੍ਰੇਮ ਕੁਮਾਰ, ਅਮਨਦੀਪ ਗੈਸ ਏਜੰਸੀ ਵਾਲੇ, ਪੁਨੀਤ ਕੁਮਾਰ ਆਦਿ ਹਾਜ਼ਰ ਸਨ।

## ਡਾ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ



ਸੰਗਰੂਰ, 14 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਦਫ਼ਤਰ ਸੰਗਰੂਰ ਵਿਖੇ ਸ੍ਰੀ ਸਰਜੀਵਨ ਜਿੰਦਲ ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਭਾਜਪਾ ਦੀ ਅਗਵਾਈ ਹੇਠ ਸੰਵਿਧਾਨ ਨਿਰਮਾਤਾ ਡਾ ਭੀਮ ਰਾਓ ਅੰਬੇਡਕਰ ਜੀ ਦਾ 135ਵਾਂ ਜਨਮ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਲੰਘੀ ਸ਼ਾਮ ਨੂੰ ਸੰਗਰੂਰ ਜ਼ਿਲ੍ਹੇ ਵਿੱਚ ਬਣੀਆਂ ਬਾਬਾ ਅੰਬੇਦਕਰ ਜੀ ਦੀਆਂ ਸਾਰੀਆ ਮੂਰਤੀਆਂ ਨੂੰ ਦੁੱਧ ਨਾਲ ਇਸ਼ਨਾਨ ਕਰਵਾਇਆ ਗਿਆ ਅਤੇ ਮੋਮਬੱਤੀਆਂ ਨਾਲ ਰੋਸ਼ਨੀ ਕੀਤੀ ਗਈ। ਇਸ ਮੌਕੇ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਦਕਰ ਜੀ ਦੀ ਸਨਮਾਨ ਕਮੇਟੀ ਦੇ ਮੈਂਬਰ ਵਿਜੈ ਸਾਹਨੀ, ਨਿਰਭੈ ਸਿੰਘ ਛੰਨਾ, ਪੀ ਐਸ ਗਮੀ ਕਲਿਆਣ, ਡਾ ਭਗਵਾਨ ਜੀ ਨੇ ਆਏ ਹੋਏ ਸਾਥੀਆਂ ਦਾ ਸਵਾਗਤ ਕੀਤਾ। ਸਰਜੀਵਨ ਜਿੰਦਲ, ਕੁਲਵੰਤ ਸਿੰਘ (ਰਿਟਾਇਰ ਜ਼ਿਲ੍ਹਾ ਭਲਾਈ ਅਫਸਰ), ਡਾ ਮਲਕੀਤ ਸਿੰਘ ਖਟੜਾ ਨੇ ਬਾਬਾ ਸਾਹਿਬ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਉਨਾਂ ਨੇ ਕਿਹਾ ਬਾਬਾ ਸਾਹਿਬ ਜੀ ਦੇ ਤਿੰਨ ਨਾਅਰੇ ਸੀ ਪੜੋ, ਜੁੜੋ, ਸੰਘਰਸ਼ ਕਰੋ । ਸਰਜੀਵਨ ਜਿੰਦਲ ਜੀ ਨੇ ਕਿਹਾ ਕਿ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਨੇ ਬਾਬਾ ਸਾਹਿਬ ਜੀ ਦੇ ਪੰਜ ਪਵਿੱਤਰ ਤੀਰਥ ਬਣਵਾਏ ਅਤੇ ਉਹਨਾ ਦੀ ਸੋਚ ਦਾ ਪੂਰੇ ਦੇਸ਼ ਦੇ ਵਿਚ ਖੁਲ ਕੇ ਪ੍ਰਚਾਰ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੀ ਜੋਗੀ ਰਾਮ ਸਾਹਨੀ (ਸਾਬਕਾ ਜ਼ਿਲ੍ਹਾ ਪ੍ਰਧਾਨ ਭਾਜਪਾ), ਪ੍ਰਦੀਪ ਗਰਗ ਜਿਲਾ ਜਨਰਲ ਸਕਤਰ, ਰਣਦੀਪ ਸਿੰਘ ਦਿਓਲ (ਸਾਬਕਾ ਜ਼ਿਲ੍ਹਾ ਪ੍ਰਧਾਨ ਭਾਜਪਾ), ਲਲਿਤ ਕੁਮਾਰ ਗਰਗ, ਅਮਨਦੀਪ ਸਿੰਘ ਪੂਨੀਆ, ਸੁਨੀਲ ਗੋਇਲ ਡਿੰਪਲ, ਸੁਰੇਸ਼ ਬੇਦੀ, ਸੁਰਿੰਦਰ ਸ਼ਰਮਾਂ, ਅਡਵੋਕਟ ਸੁਰਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਘਨੌਰੀ, ਨਿਰਮਲ ਸਿੰਘ ਮਨੇਜਰ , ਡਾ ਮਲਕੀਤ ਸਿੰਘ ਰਿਟਾਇਰ ਪ੍ਰੋਫੈਸਰ, ਗੁਰਮੇਲ ਸਿੰਘ ਸਾਬਕਾ , ਨਰਿੰਦਰ ਗੁੱਪਤਾ, ਕਰਨੈਲ ਸਿੰਘ ਕਿਲ੍ਹਾ, ਰੋਸ਼ਨ ਲਾਲ ਰਣਬੀਰ ਕਾਲਜ, ਅਜੀਤ ਸਿੰਘ ਲੱਡੀ, ਪ੍ਰਗਟ ਸਿੰਘ ਲੱਡੀ, ਸਤਪਾਲ ਸਿੰਘ ਅਕੋਈ, ਆਵਾ ਸਿੰਘ,ਰਜਿੰਦਰ ਸਿੰਘ, ਸੀਤਾ ਰਾਮ ਚੌਹਾਨ, ਬਲਜੀਤ ਸਿੰਘ , ਪੂਨਮ ਰਾਣੀ, ਬਲਜੀਤ ਕੌਰ ਜੀਤੀ, ਗੀਨਾ ਪਰੋਚਾ, ਕੋਮਲ ਰਾਣੀ, ਜਗਦੀਪ ਸਿੰਘ ਤੂਰ, ਕਿਰਪਾ ਰਾਮ, ਦਰਸ਼ਨ ਸਿੰਘ ਨੌਰਥ, ਬਾਬਾ ਭਗਵਾਨ ਸਿੰਘ ਭੱਟੀਵਾਲ, ਸ਼ਿਵਮ ਕੁਮਾਰ, ਵਿਕਾਸ ਬੇਦੀ, ਰਕੇਸ ਪਰੋਚਾ, ਪ੍ਰਗਟ ਸਿੰਘ, ਸਤਗੁਰ ਸਿੰਘ, ਸੁੰਦਰ ਪਾਲ, ਵਿਸ਼ਾਲ ਮੱਟੂ, ਸੋਹਣ ਲਾਲ, ਹਰਜੀਤ ਸਿੰਘ, ਰਣਜੀਤ ਸਿੰਘ ਲੱਡੀ, ਦਰਸ਼ਨ ਸਿੰਘ ਨੌਰਥ, ਬਾਬਾ ਭਗਵਾਨ ਸਿੰਘ ਭੱਟੀਵਾਲ, ਸ਼ਿਵਮ ਕੁਮਾਰ, ਵਿਕਾਸ ਬੇਦੀ, ਰਕੇਸ ਪਰੋਚਾ, ਪ੍ਰਗਟ ਸਿੰਘ, ਸਤਗੁਰ ਸਿੰਘ, ਸੁੰਦਰ ਪਾਲ, ਵਿਸ਼ਾਲ ਮੱਟੂ, ਸੋਹਣ ਲਾਲ, ਬੱਬੀ ਧਾਲੀਵਾਲ ਆਦਿ ਸ਼ਾਮਲ ਸਨ।

## ਸ਼ਿਵਮ ਕਾਲਜ ਵਿੱਚ ਧੂਮ-ਧਾਮ ਨਾਲ ਮਨਾਇਆ ਵਿਸਾਖੀ ਦਾ ਤਿਉਹਾਰ



ਲਹਿਰਾਗਾਗਾ 14 ਅਪ੍ਰੈਲ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ) ਸ਼ਿਵਮ ਕਾਲਜ ਆਫ਼ ਐਜੂਕੇਸ਼ਨ, ਖੋਖਰ ਕਲਾਂ ਵਿੱਚ ਹਰ ਸਾਲ ਦੀ ਤਰ੍ਹਾਂ ਕਾਲਜ ਦੇ ਚੇਅਰਮੈਨ ਸ਼੍ਰੀ ਅਨਿਲ ਗਰਗ ਜੀ ਦੀ ਰਹਿਨੁਮਾਈ ਹੇਠ ਵਿਸਾਖੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਸ਼ਿਵਮ ਕਾਲਜ ਦੇ ਪ੍ਰਧਾਨ ਸ਼੍ਰੀ ਰਾਹੁਲ ਗਰਗ ਜੀ ਨੇ ਸਾਰਿਆਂ ਨੂੰ ਵਿਸਾਖੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਅਤੇ ਦੱਸਿਆ ਕਿ ਪੰਜਾਬ ਭਰ ਵਿੱਚ ਅੱਜ ਵੀ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਵਿਸਾਖੀ ਵਾਲੇ ਦਿਨ ਸਵੇਰ ਤੋਂ ਹੀ ਲੋਕ ਗੁਰਦੁਆਰਿਆਂ ਵਿੱਚ ਜਾ ਕੇ ਅਰਦਾਸਾਂ ਕਰਦੇ ਹਨ ਅਤੇ ਗੁਰੂਆਂ ਦੀ ਬਾਣੀ ਸੁਣਦੇ ਹਨ ਇਸ ਮੌਕੇ ਤੇ ਕਈ ਥਾਵਾਂ ਤੇ ਮੇਲੇ ਲੱਗਦੇ ਹਨ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਜਾਂਦੇ ਹਨ ਜਿੱਥੇ ਲੋਕ ਨੱਚ ਟੱਪ ਕੇ ਗੀਤਾਂ ਰਾਹੀਂ ਖੁਸ਼ੀ ਦਾ ਪ੍ਰਗਟਾਵਾ ਕਰਦੇ ਹਨ। ਇਸ ਮੌਕੇ ਤੇ ਪ੍ਰਿੰਸੀਪਲ ਡਾ. ਰਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਦੱਸਿਆ। ਉਹਨਾਂ ਨੇ ਕਿਹਾ ਕਿ ਵਿਸਾਖੀ ਦਾ ਤਿਉਹਾਰ ਕਿਸਾਨਾਂ ਲਈ ਖਾਸ ਮਹੱਤਵ ਰੱਖਦਾ ਹੈ ਕਿਉਂਕਿ ਇਹ ਨਵੀਂ ਫਸਲ ਦੀ ਕਟਾਈ ਨਾਲ ਜੁੜਿਆ ਹੈ। ਇਸ ਮੌਕੇ ਕਾਲਜ ਦਾ ਸਟਾਫ਼ , ਪ੍ਰੋ. ਸੁਖਪਾਲ ਸਿੰਘ, ਸ਼੍ਰੀ. ਜੀਵਨ ਸਿੰਘ, ਪ੍ਰੋ. ਰਾਜਵਿੰਦਰ ਕੌਰ, ਪ੍ਰੋ. ਨੀਨਾ ਸ਼ਰਮਾ ਆਦਿ ਵੀ ਮੌਜੂਦ ਹਨ।

## ਬੇਅਦਬੀ ਦੇ ਦੋਸ਼ੀਆਂ ਨੂੰ ਰਵਾਇਤ ਅਨੁਸਾਰ ਸਜ਼ਾਵਾਂ ਦੇਣ ਵਾਲੇ ਧਰਮੀਆਂ ਦਾ ਕੀਤਾ ਸਨਮਾਨ



ਸ਼੍ਰੀ ਦਮਦਮਾ ਸਾਹਿਬ/ ਬਠਿੰਡਾ, 14 ਅਪ੍ਰੈਲ (ਸਵਰਨ ਸਿੰਘ ਭਗਤਾ):ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਕਨੂੰਨ ਬਣਾਉਣ ਦੀ ਗੱਲ ਚਰਚਾ ਵਿਚ ਹੈ। 13 ਅਪ੍ਰੈਲ ਨੂੰ ਪੰਜਾਬ ਸਰਕਾਰ ਇਸ ਸਬੰਧੀ ਕਨੂੰਨ ਵੀ ਲੈ ਕੇ ਆ ਰਹੀ ਹੈ, ਇਸ ਸਬੰਧੀ ਪ੍ਰੈਸ ਬਿਆਨ ਰਾਹੀਂ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦੇ ਚੱਲਦਿਆਂ ਗੁਰੂ ਖਾਲਸਾ ਪੰਥ ਦੀ ਸੇਵਾ ਵਿਚ ਵਿਚਰ ਰਹੇ ਸਿੱਖ ਜਥਿਆਂ ਵੱਲੋਂ ਸਾਂਝੇ ਰੂਪ ਵਿਚ ਗੁਰੂ ਕੀ ਕਾਸ਼ੀ (ਤਲਵੰਡੀ ਸਾਬੋ) ਵਿਖੇ ਗੁਰੂ ਅਦਬ ਦੇ ਦੋਖੀਆਂ ਨੂੰ ਪੰਥਕ ਰਵਾਇਤ ਅਨੁਸਾਰ ਸਜ਼ਾ ਦੇਣ ਵਾਲੇ ਧਰਮੀਆਂ ਦੇ ਸਨਮਾਨ ਲਈ ਸਮਾਗਮ ਕੀਤਾ ਗਿਆ। ਜਿਸ ਵਿਚ ਪੰਥਕ ਰਵਾਇਤ ਅਨੁਸਾਰ ਨਿਆਂ ਕਰਨ ਵਾਲੇ ਸੂਰਬੀਰ ਯੋਧਿਆਂ ਦਾ ਸਨਮਾਨ ਕੀਤਾ ਗਿਆ, ਜਿਨ੍ਹਾਂ ਵਿਚ ਭਾਈ ਅਮਨਦੀਪ ਸਿੰਘ, ਭਾਈ ਗੁਰਪ੍ਰੀਤ ਸਿੰਘ ਗੋਪੀ ਅਤੇ ਭਾਈ ਜਸਵੰਤ ਸਿੰਘ ਕਾਲਾ, ਭਾਈ ਗੁਰਪ੍ਰੀਤ ਸਿੰਘ ਜਾਗੋਵਾਲ, ਭਾਈ ਗੁਰਸੇਵਕ ਸਿੰਘ ਭੂਤ, ਭਾਈ ਮਨਿੰਦਰ ਸਿੰਘ ਜੁੰਮਾ, ਭਾਈ ਮਨਦੀਪ ਸਿੰਘ ਪਿੰਡ ਕੁੱਬੇ, ਭਾਈ ਗਮਦੂਰ ਸਿੰਘ ਅਤੇ ਬਾਬਾ ਬਲਬੀਰ ਸਿੰਘ ਬੀਰਾ ਸ਼ਾਮਲ ਸਨ।ਐਡਵੋਕੇਟ ਜਸਪਾਲ ਸਿੰਘ ਮੰਝਪੁਰ ਨੇ ਇਹਨਾਂ ਯੋਧਿਆਂ ਦੀ ਸੇਵਾ ਸਬੰਧੀ ਸਾਰੀ ਸੰਗਤ ਨੂੰ ਜਾਣੂ ਕਰਵਾਇਆ ਜਿਸ ਉਪਰੰਤ ਭਾਈ ਮਲਕੀਤ ਸਿੰਘ ਭਵਾਨੀਗੜ੍ਹ ਨੇ ਸੰਗਤ ਤੋਂ ਪ੍ਰਵਾਨਗੀ ਲਈ ਅਤੇ ਪੰਥਕ ਸਖਸ਼ੀਅਤਾਂ ਨੇ ਇਹਨਾਂ ਯੋਧਿਆਂ ਦਾ ਸਨਮਾਨ ਕੀਤਾ। ਭਾਈ ਮਨਧੀਰ ਸਿੰਘ ਅਤੇ ਭਾਈ ਹਰਜਿੰਦਰ ਸਿੰਘ ਮਾਝੀ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਪੰਥ ਨਿਆਂ ਕਰਨ ਦੇ ਸਮਰੱਥ ਹੈ, ਬੇਅਦਬੀਆਂ ਦੇ ਮਾਮਲੇ ਵਿਚ ਵੀ ਨਿਆਂ ਪੰਥ ਨੇ ਕੀਤਾ ਹੈ, ਕਰ ਰਿਹਾ ਹੈ ਅਤੇ ਸਦਾ ਜਾਰੀ ਰਹੇਗਾ। ਓਹਨਾਂ ਅੱਗੇ ਬੋਲਦਿਆਂ ਕਿਹਾ ਕਿ ਸਾਡਾ ਕਿਸੇ ਕਨੂੰਨ ਬਣਾਉਣ ਵਾਲੇ ਨਾਲ ਵਿਰੋਧ ਨਹੀਂ ਹੈ ਪਰ ਇਤਿਹਾਸ ਗਵਾਹ ਹੈ ਕਿ ਕਿਸੇ ਦੁਨਿਆਵੀ ਤਖਤ ਨੇ ਇਨ੍ਹਾਂ ਮਸਲਿਆਂ ਵਿਚ ਇਨਸਾਫ ਨਹੀਂ ਕੀਤਾ ਅਤੇ ਨਾ ਹੀ ਸੰਤੁਸ਼ਟੀਜਨਕ ਕਰਨਾ ਹੈ। ਗੁਰੂ ਦੇ ਮਾਮਲੇ ਵਿਚ ਕਿਸੇ ਦੁਨਿਆਵੀ ਤਖਤ ਅੱਗੇ ਫਰਿਆਦ ਕਰਨਾ ਖਾਲਸਾ ਪੰਥ ਦੀ ਸ਼ਾਨ ਦੇ ਖਿਲਾਫ ਹੈ।ਭੈਣ ਸਿਮਰਨਜੀਤ ਕੌਰ ਨੇ ਕੀਰਤਨ ਦੀ ਹਾਜਰੀ ਅਤੇ ਭਾਈ ਅਜੈਬ ਸਿੰਘ ਅਣਖੀ ਦੇ ਢਾਡੀ ਜਥੇ ਨੇ ਢਾਡੀ ਵਾਰਾਂ ਨਾਲ ਸੰਗਤ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਨੀਸਾਣਿ ਪ੍ਰਕਾਸ਼ਨ ਵੱਲੋਂ ਛਾਪਿਆ ਕਿਤਾਬਚਾ ਸਿੱਖ ਸੰਘਰਸ਼ ਦਾ ਪਾਂਧੀ ਸ਼ਹੀਦ ਜਸਵੰਤ ਸਿੰਘ ਖਾਲੜਾ (ਸੰਪਾਦਕ ਗੁਰਤੇਜ ਸਿੰਘ, ਪ੍ਰਭਜੋਤ ਸਿੰਘ) ਵੀ ਜਾਰੀ ਕੀਤਾ ਗਿਆ। ਭਾਈ ਸਵਰਨ ਸਿੰਘ ਕੋਟ ਧਰਮੂ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।ਇਹ ਸਮਾਗਮ ਲੱਖੀ ਜੰਗਲ ਖਾਲਸਾ ਜਥਾ, ਪੰਥ ਸੇਵਕ ਜਥਾ ਦੁਆਬਾ, ਸਿੱਖ ਜਥਾ ਮਾਲਵਾ, ਪੰਥ ਸੇਵਕ ਜਥਾ ਮਾਝਾ, ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਪੰਥਕ ਜਥਾ ਕੋਟ ਫੱਤਾ, ਬਾਬਾ ਬਾਜ ਸਿੰਘ ਪੰਥਕ ਜਥਾ ਝੰਡੂਕੇ ਅਤੇ ਦਰਬਾਰ ਏ ਖਾਲਸਾ ਜਥਿਆਂ ਵੱਲੋਂ ਕੀਤਾ ਗਿਆ। ਜਿਸ ਵਿਚ ਪੰਥ ਸੇਵਾ ਵਿਚ ਵਿਚਰ ਰਹੇ ਸਿੱਖ ਜਥਿਆਂ ਅਤੇ ਕਈ ਅਹਿਮ ਪੰਥਕ ਸਖਸ਼ੀਅਤਾਂ ਨੇ ਹਾਜ਼ਰੀ ਭਰੀ।

## ਬੋਲੀ ਨਾਂ ਹੋਈ ਤਾਂ ਇੰਸਪੈਕਟਰਾਂ ਦਾ ਕਰਾਂਗੇ ਘਿਰਾਓ: ਭਾਦਸੋਂ

ਲਹਿਰਾਗਾਗਾ, 14 ਅਪ੍ਰੈਲ (ਗੁਰਦੀਪ ਸਿੰਘ): ਕਣਕ ਦੀ ਫਸਲ ਨਾਲ ਮੰਡੀਆਂ ਨੱਕੋ ਨੱਕ ਭਰੀਆਂ ਪਈਆਂ ਹਨ। ਅੱਜ ਤੱਕ ਕਿਸੇ ਵੀ ਮੰਡੀ ਵਿੱਚ ਨਾ ਬਾਰਦਾਨਾ ਪਹੁੰਚਿਆ, ਨਾ ਹੀ ਕੋਈ ਇੰਸਪੈਕਟਰ ਬੋਲੀ ਕਰਨ ਗਿਆ। ਇਹ ਵਿਚਾਰ ਅੱਜ ਮੰਗਲਵਾਰ ਨੂੰ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਭਾਦਸੋ ਨੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਕਿਸਾਨ ਪੁੱਜ ਕੇ ਪਰੇਸ਼ਾਨ ਹੋ ਰਹੇ ਹਨ, ਕਿ ਕਣਕ ਨੂੰ ਕਿੱਥੇ ਲਾਹਿਆ ਜਾਵੇ, ਮੰਡੀਆਂ ਵਿੱਚ ਕਣਕ ਉਤਾਰਨ ਨੂੰ ਕੋਈ ਥਾਂ ਨਹੀਂ ਹੈ, ਜਿਸ ਕਾਰਨ ਬਹੁਤੇ ਕਿਸਾਨਾਂ ਨੇ ਆਪਣੇ ਘਰਾਂ ਵਿੱਚ ਹੀ ਕਣਕ ਨੂੰ ਉਤਾਰਿਆ ਹੋਇਆ ਹੈ। ਕਿਸਾਨ ਨੂੰ ਉਸ ਦੀ ਭਰਾਈ ਦਾ ਡਬਲ ਖਰਚਾ ਪਵੇਗਾ, ਪਰ ਸਰਕਾਰ ਦੇ ਕੰਨ ਤੋਂ ਜੂੰ ਤੱਕ ਨਹੀਂ ਸਰਕਦੀ । ਇਸ ਸਮੇਂ ਜ਼ਿਲ੍ਹਾ ਮੀਤ ਪ੍ਰਧਾਨ ਸੁਖਦੇਵ ਸਿੰਘ ਲਹਿਲ ਕਲਾਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇ ਮੰਡੀਆਂ ਦੇ ਵਿੱਚ ਇੰਸਪੈਕਟਰ ਬੋਲੀ ਕਰਨ ਅਤੇ ਬਾਰਦਾਨਾ ਨਾਂ ਪਹੁੰਚਿਆ ਤਾਂ ਅਸੀਂ ਇੰਸਪੈਕਟਰਾਂ ਦੇ ਦਫਤਰਾਂ ਦਾ ਘਿਰਾਓ ਕਰਾਂਗੇ। ਉਨ੍ਹਾਂ ਕਿਹਾ ਕਿ ਸਰਕਾਰ ਕੋਲ ਗੱਲਾਂ ਤੋਂ ਸਿਵਾਏ ਕਿਸਾਨਾਂ ਨੂੰ ਦੇਣ ਵਾਸਤੇ ਕੁਝ ਨਹੀਂ ਹੈ।ਇਸ ਲਈ ਇਹ ਨਾਟਕਕਾਰਾਂ ਦੀ ਸਰਕਾਰ ਬਣ ਕੇ ਰਹਿ ਚੁੱਕੀ ਹੈ। ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 15 ਅਪ੍ਰੈਲ ਤੱਕ ਮੰਡੀਆਂ ਵਿੱਚ ਬਾਰਦਾਨਾ ਤੇ ਇੰਸਪੈਕਟਰ ਨਾਂ ਪਹੁੰਚੇ ਤਾਂ ਅਸੀਂ ਇਹਨਾਂ ਦੇ ਦਫਤਰਾਂ ਦੇ ਘਿਰਾਓ ਕਰਾਂਗੇ। ਇਸ ਸਮੇਂ ਬਲਾਕ ਲਹਿਰਾ ਦੇ ਪ੍ਰਧਾਨ ਗੁਰਲਾਲ ਸਿੰਘ ਜਲੂਰ, ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਗਿੜਦਿਆਣੀ,ਮੀਤ ਪ੍ਰਧਾਨ ਤਰਸੇਮ ਸਿੰਘ ਰਾਏਧਰਾਣਾ , ਜਨਰਲ ਸਕੱਤਰ ਗੁਰਤੇਜ ਸਿੰਘ ਡਸਕਾ, ਖਜਾਨਚੀ ਅਜਾਇਬ ਸਿੰਘ, ਪ੍ਰੈੱਸ ਸਕੱਤਰ ਚਮਕੌਰ ਸਿੰਘ ਢੀਂਡਸਾ, ਕਰਨੈਲ ਸਿੰਘ ਕਾਕੜਾ, ਤਾਰਾ ਸਿੰਘ , ਕਸ਼ਮੀਰ ਸਿੰਘ,ਸੁਖਚੈਨ ਸਿੰਘ ਸਾਦੀਹਰੀ, ਮੀਤ ਪ੍ਰਧਾਨ ਗੁਰਦੀਪ ਸਿੰਘ , ਭੀਮ ਸਿੰਘ ਘੜਿਆਲ, ਸਰਜੀਤ ਸਿੰਘ ਸਮੇਤ ਕਿਸਾਨ ਮੌਜੂਦ ਸਨ।

## ਪੰਜਾਬ ਸਰਕਾਰ ਬੇਅਦਬੀ ਮਾਮਲਿਆਂ 'ਚ ਗੰਭੀਰ ਨਹੀਂ: ਫੂਲਕਾ

ਤਲਵੰਡੀ ਸਾਬੋ / ਬਠਿੰਡਾ, 14 ਅਪ੍ਰੈਲ (ਜਗਸੀਰ ਭੁੱਲਰ): ਵਿਸਾਖੀ ਦੇ ਪਵਿੱਤਰ ਮੌਕੇ 'ਤੇ ਭਾਰਤੀ ਜਨਤਾ ਪਾਰਟੀ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਪਹਿਲਾਂ, ਉੱਘੇ ਵਕੀਲ ਅਤੇ ਬੀਜੇਪੀ ਦੇ ਸੀਨੀਅਰ ਨੇਤਾ ਐਚ.ਐਸ. ਫੂਲਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਖਾਲਸਾ ਸਿਰਜਣਾ ਦਿਵਸ ਦੀਆਂ ਵਧਾਈਆਂ ਦਿੱਤੀਆਂ।ਉਨ੍ਹਾਂ ਕਿਹਾ ਕਿ 1699 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸਾ ਪੰਥ ਦੀ ਸਿਰਜਣਾ ਨੇ ਨਾ ਸਿਰਫ਼ ਦੇਸ਼ ਨੂੰ ਬਾਹਰੀ ਹਮਲਾਵਰਾਂ ਤੋਂ ਬਚਾਇਆ, ਸਗੋਂ ਸਿੱਖ ਕੌਮ ਨੂੰ ਹੌਂਸਲਾ, ਸ਼ਕਤੀ ਅਤੇ ਆਤਮ-ਗੌਰਵ ਨਾਲ ਭਰਿਆ। ਫੂਲਕਾ ਨੇ ਗੁਰੂ ਸਾਹਿਬਾਨ ਦਾ ਸ਼ੁਕਰਾਨਾ ਅਦਾ ਕਰਦੇ ਹੋਏ ਅਰਦਾਸ ਕੀਤੀ ਕਿ ਪੰਜਾਬ ਨੂੰ ਦੁਬਾਰਾ ਉਸਦੀ ਪੁਰਾਣੀ ਸ਼ਾਨ ਅਤੇ ਉਚਾਈਆਂ 'ਤੇ ਲਿਆਂਦਾ ਜਾਵੇ।ਫੂਲਕਾ ਨੇ ਕਿਹਾ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਨਾਲ ਉਨ੍ਹਾਂ ਦਾ ਵਿਸ਼ੇਸ਼ ਆਧਿਆਤਮਿਕ ਅਤੇ ਨਿੱਜੀ ਨਾਤਾ ਹੈ ਅਤੇ ਉਹ ਆਪਣੀ ਰਾਜਨੀਤਿਕ ਜ਼ਿੰਦਗੀ ਦੇ ਨਵੇਂ ਦੌਰ ਦੀ ਪਹਿਲੀ ਪ੍ਰੈਸ ਕਾਨਫਰੰਸ ਇੱਥੇ ਕਰ ਰਹੇ ਹਨ, ਜੋ ਉਨ੍ਹਾਂ ਲਈ ਗੌਰਵ ਦੀ ਗੱਲ ਹੈ।- **ਬੇਅਦਬੀ ਮਾਮਲਿਆਂ 'ਤੇ ਸਰਕਾਰ ਦੀ ਨੀਅਤ 'ਤੇ ਸਵਾਲ**ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਫੂਲਕਾ ਨੇ ਬੇਅਦਬੀ ਮਾਮਲਿਆਂ 'ਤੇ ਗੰਭੀਰ ਚਿੰਤਾ ਜਤਾਈ। ਉਨ੍ਹਾਂ ਕਿਹਾ ਕਿ ਕਈ ਕੇਸ ਪੰਜਾਬ ਤੋਂ ਬਾਹਰ ਟ੍ਰਾਂਸਫਰ ਹੋ ਰਹੇ ਹਨ ਅਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਫੈਸਲਿਆਂ ਨੂੰ ਉੱਚ ਅਦਾਲਤ ਜਾਂ ਸੁਪਰੀਮ ਕੋਰਟ ਵਿੱਚ ਚੁਣੌਤੀ ਨਹੀਂ ਦਿੱਤੀ ਜਾ ਰਹੀ, ਜਿਸ ਨਾਲ ਸਰਕਾਰ ਦੀ ਨੀਅਤ 'ਤੇ ਸਵਾਲ ਖੜ੍ਹਦੇ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਇਹ ਮਾਮਲਾ ਸਿਰਫ਼ ਸਿੱਖ ਕੌਮ ਹੀ ਨਹੀਂ, ਸਾਰੇ ਪੰਜਾਬੀਆਂ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ ਅਤੇ ਇਸ 'ਤੇ ਰਾਜਨੀਤੀ ਨਹੀਂ ਹੋਣੀ ਚਾਹੀਦੀ।- **1984 ਕੇਸ ਅਤੇ ਨਿਆਂ ਲਈ ਸੰਘਰਸ਼**ਫੂਲਕਾ ਨੇ ਆਪਣੇ ਸੰਘਰਸ਼ ਦੀ ਗੱਲ ਕਰਦਿਆਂ ਦੱਸਿਆ ਕਿ ਉਨ੍ਹਾਂ ਨੇ 1984 ਦੇ ਸਿੱਖ ਕਤਲੇਆਮ ਦੇ ਮਾਮਲਿਆਂ ਵਿੱਚ ਨਿਆਂ ਲਈ ਆਪਣਾ ਅਹੁਦਾ ਛੱਡ ਕੇ ਵੀ ਲੜਾਈ ਜਾਰੀ ਰੱਖੀ, ਜਿਸ ਦਾ ਨਤੀਜਾ ਸੱਜਣ ਕੁਮਾਰ ਵਰਗੇ ਦੋਸ਼ੀਆਂ ਨੂੰ ਸਜ਼ਾ ਮਿਲਣ ਦੇ ਰੂਪ ਵਿੱਚ ਸਾਹਮਣੇ ਆਇਆ। ਉਨ੍ਹਾਂ ਕਿਹਾ ਕਿ ਇਹ ਸਾਰੀ ਕਾਮਯਾਬੀ ਵਾਹਿਗੁਰੂ ਦੀ ਮੇਹਰ ਨਾਲ ਸੰਭਵ ਹੋਈ।ਉਨ੍ਹਾਂ ਨੇ ਦੋਸ਼ ਲਾਇਆ ਕਿ ਕਾਂਗਰਸ ਸਰਕਾਰਾਂ ਨੇ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਬਜਾਏ ਉਨ੍ਹਾਂ ਨੂੰ ਉੱਚੇ ਅਹੁਦਿਆਂ 'ਤੇ ਬਿਠਾਇਆ ਅਤੇ 1984 ਦਾ ਕਤਲੇਆਮ ਕਾਂਗਰਸ ਵਿਰੁੱਧ ਸਿੱਖ ਸੀ, ਨਾ ਕਿ ਕਿਸੇ ਧਰਮ ਵਿਰੁੱਧ।- **ਪੰਜਾਬ ਦੀ ਮੌਜੂਦਾ ਹਾਲਤ 'ਤੇ ਚਿੰਤਾ**ਫੂਲਕਾ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਥਿਤੀ ਚਿੰਤਾਜਨਕ ਹੈ, ਖਾਸ ਕਰਕੇ ਪਾਣੀ ਦੀ ਘਟਤੀ ਅਤੇ ਖੇਤੀਬਾੜੀ ਨਾਲ ਜੁੜੀਆਂ ਸਮੱਸਿਆਵਾਂ ਨੂੰ ਲੈ ਕੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਆਉਣ ਵਾਲੇ ਸਾਲਾਂ ਵਿੱਚ ਪਾਣੀ ਦੀ ਕਮੀ ਗੰਭੀਰ ਰੂਪ ਧਾਰ ਸਕਦੀ ਹੈ।ਉਨ੍ਹਾਂ ਕਿਹਾ ਕਿ ਉਹ ਦੁਬਾਰਾ ਰਾਜਨੀਤੀ ਵਿੱਚ ਇਸ ਲਈ ਆਏ ਹਨ ਤਾਂ ਜੋ ਪੰਜਾਬ ਨੂੰ ਮੁੜ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ 'ਤੇ ਲਿਆਂਦਾ ਜਾ ਸਕੇ ਅਤੇ ਇਸ ਲਈ ਉਹ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।- **ਅੰਤਿਮ ਸੰਦੇਸ਼**ਫੂਲਕਾ ਨੇ ਕਿਹਾ ਕਿ ਇਸ ਪਵਿੱਤਰ ਦਿਹਾੜੇ 'ਤੇ ਰਾਜਨੀਤਿਕ ਗੱਲਾਂ ਤੋਂ ਉਪਰ ਉਠ ਕੇ ਸਾਰਿਆਂ ਨੂੰ ਗੁਰੂ ਸਾਹਿਬ ਦੀ ਬਖ਼ਸ਼ਿਸ਼ ਲਈ ਅਰਦਾਸ ਕਰਨੀ ਚਾਹੀਦੀ ਹੈ ਅਤੇ ਪੰਜਾਬ ਦੀ ਭਲਾਈ ਲਈ ਇਕੱਠੇ ਹੋ ਕੇ ਕੰਮ ਕਰਨਾ ਚਾਹੀਦਾ ਹੈ।



## ਖ਼ਾਲਸਾ ਸਾਜਨਾ ਦਿਵਸ ਮਨਾਇਆ



ਮੂਨਕ, 14 ਅਪ੍ਰੈਲ(ਸਮਸ਼ੇਰ ਸਿੰਘ ਭੁਟਾਲ) 13 ਅਪ੍ਰੈਲ ਦਿਨ ਸੋਮਵਾਰ ਨੂੰ ਅਕਾਲ ਅਕੈਡਮੀ ਭੂੰਦੜ ਭੈਣੀ ਦੇ ਪ੍ਰਬੰਧਕਾਂ ਵੱਲੋਂ ਖ਼ਾਲਸਾ ਸਾਜਨਾ ਦਿਵਸ ਬੜੀ ਸ਼ਰਧਾ ਨਾਲ ਮਨਾਇਆ ਗਿਆ ।ਇਸ ਮੌਕੇ ਸਕੂਲੀ ਬੱਚੀਆਂ ਅਤੇ ਅਧਿਆਪਕਾਂ ਵੱਲੋਂ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਬੱਚਿਆਂ ਪਾਸੋਂ ਸ਼ਬਦ ਗਾਇਨ ਕੀਰਤਨ, ਸਾਖੀਆਂ ਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਇਸ ਦੌਰਾਨ ਨਰਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਵਿਸਾਖੀ ਦੀ ਮਹੱਤਤਾ ਕੋਰਿਓਗ੍ਰਾਫੀ ਅਤੇ ਸਪੀਚ ਰਾਹੀਂ ਕੀਤੀ ਗਈ। ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਦਸਤਾਰ ਮੁਕਾਬਲੇ ਵਿੱਚ ਹਿੱਸਾ ਲਿਆ । ਜੇਤੂ ਵਿਦਿਆਰਥੀਆਂ ਨੂੰ ਸਕੂਲ ਮੁਖੀ ਸ੍ਰੀਮਤੀ ਮਨਜੀਤ ਕੌਰ ਜੀ ਨੇ ਸਨਮਾਨਿਤ ਕੀਤਾ ਅਤੇ ਖ਼ਾਲਸਾ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥੀਆਂ ਨੂੰ ਚੰਗੇ ਇਨਸਾਨ ਬਣਨ ਲਈ ਵੀ ਪ੍ਰੇਰਿਤ ਕੀਤਾ ।

# ਵਿਧਾਇਕ ਉੱਗੋਕੇ ਵੱਲੋਂ ਮੈਰਿਟ ਵਿੱਚ ਆਉਣ ਵਾਲੀ ਪੱਖੋਂ ਕਲਾਂ ਦੀ ਧੀ ਦਾ ਸਨਮਾਨ



ਤਪਾ ਮੰਡੀ, 14 ਅਪ੍ਰੈਲ (ਰਾਜੂ ਮਹਿਰਾ) : ਵਿਧਾਇਕ ਹਲਕਾ ਭਦੌੜ ਲਾਭ ਸਿੰਘ ਉੱਗੋਕੇ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਜ਼ਿਲ੍ਹਾ ਬਰਨਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੋ ਕਲਾਂ ਦੀ ਮੈਰਿਟ ਵਿਚ ਆਉਣ ਵਿੱਦਿਆਰਥਣ ਦੇ ਪਿੰਡ ਪੱਖੋ ਕਲਾਂ ਪੁੱਜ ਕੇ ਸਨਮਾਨ ਕੀਤਾ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੋ ਕਲਾਂ ਦੀ ਵਿਦਿਆਰਥਣ ਰੂਬੀ, ਪੁੱਤਰੀ ਸ੍ਰੀਮਤੀ ਮਨਪ੍ਰੀਤ ਕੌਰ ਤੇ ਸ. ਪ੍ਰਿਤਪਾਲ ਸਿੰਘ ਵਾਸੀ ਪੱਖੋਂ ਕਲਾਂ ਨੇ 600 ਅੰਕਾਂ ਵਿੱਚੋਂ 585 ਅੰਕ ਪ੍ਰਾਪਤ ਕਰਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਰਿਟ ਲਿਸਟ ਵਿੱਚ 15ਵਾਂ ਸਥਾਨ ਪ੍ਰਾਪਤ ਕੀਤਾ ਹੈ9 ਇਸ ਮੌਕੇ ਲਾਭ ਸਿੰਘ ਉੱਗੋਕੇ ਨੇ ਵਿਦਿਆਰਥਣ ਰੂਬੀ ਦਾ ਸਨਮਾਨ ਕੀਤਾ ਅਤੇ ਪਰਿਵਾਰ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਓਹਨਾਂ ਕਿਹਾ ਕਿ ਬੜੇ ਮਾਣ ਵਾਲੀ ਗੱਲ ਹੈ ਕਿ ਸਾਡੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਖਾਸ ਕਰਕੇ ਸਾਡੀਆਂ ਧੀਆਂ ਵੱਖ ਵੱਖ ਖੇਤਰਾਂ ਵਿਚ ਮੱਲਾਂ ਮਾਰ ਰਹੀਆਂ ਹਨ। ਓਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿਚ ਬੁਨਿਆਦੀ ਢਾਂਚੇ ਅਤੇ ਪੜ੍ਹਾਈ ਦੇ ਮਿਆਰ ਨੂੰ ਵਿਸ਼ੇਸ਼ ਤਵੱਜੋਂ ਦਿੱਤੀ ਜਾ ਰਹੀ ਹੈ। ਓਹਨਾਂ ਕਿਹਾ ਕਿ ਬੱਚੀ ਦੇ ਨਾਲ ਨਾਲ ਸਕੂਲ ਇੰਚਾਰਜ ਸਮੇਤ ਸਾਰੇ ਅਧਿਆਪਕ ਵਧਾਈ ਦੇ ਪਾਤਰ ਹਨ ਜੋ ਕਿ ਬੱਚਿਆਂ ਦਾ ਮਾਰਗਦਰਸ਼ਨ ਕਰਦੇ ਹਨ। ਇਸ ਮੌਕੇ ਪਿੰਡ ਦੇ ਪੰਚਾਇਤ ਮੈਂਬਰ ਅਤੇ ਪਤਵੰਤੇ ਮੌਜੂਦ ਸਨ।

# ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਵੱਲੋਂ ਕਰਵਾਏ 'ਲੰਮੇ ਕੇਸ ਮੁਕਾਬਲੇ '



ਬਰਨਾਲਾ, 14 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਵਿਸਾਖੀ ਦਿਹਾੜੇ ਨੂੰ ਸਮਰਪਿਤ ਪਿੰਡ ਪੰਡੋਰੀ ਦੇ ਗੁਰਦੁਆਰਾ ਸਾਹਿਬ ਵਿਖੇ ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਪੰਡੋਰੀ ਵੱਲੋਂ ਲੰਮੇ ਕੇਸ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਨਗਰ ਪੰਡੋਰੀ ਤੋਂ ਇਲਾਵਾ ਬਾਹਰਲੇ ਪਿੰਡਾਂ ਦੇ ਤਕਰੀਬਨ ਪੰਜ ਦਰਜਨ ਬੱਚਿਆਂ ਨੇ ਹਿੱਸਾ ਲਿਆ। ਉਮਰ ਦੇ ਹਿਸਾਬ ਨਾਲ ਕਰਵਾਏ ਗਏ ਇਹਨਾਂ ਮੁਕਾਬਲਿਆਂ ਵਿੱਚੋਂ ਨਵਤਾਜ ਸਿੰਘ, ਸਹਿਜਪ੍ਰੀਤ ਸਿੰਘ,ਅਭੀਜੋਤ ਸਿੰਘ ਪਿੰਡ ਸਹੌਰ , ਜਗਦੀਪ ਸਿੰਘ ,ਸਿਮਰਤ ਕੌਰ ਹੈਰੀ, ਮਨਪ੍ਰੀਤ ਕੌਰ, ਅਨਮੋਲ ਪ੍ਰੀਤ ਕੌਰ, ਗੁਰਨਾਜ਼ ਕੌਰ , ਤਨਵੀਰ ਕੌਰ ਪਿੰਡ ਸਹੌਰ ਨੇ ਕ੍ਰਮਵਾਰ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਗੁਰਵੀਰ ਕੌਰ ਚਹਿਲ, ਹਰਪ੍ਰੀਤ ਕੌਰ, ਅਵੀਜੋਤ ਕੌਰ, ਮਹਿਕਪ੍ਰੀਤ ਕੌਰ, ਜੈਸਮੀਨ ਕੌਰ, ਬਲਜੋਤ ਸਿੰਘ, ਅਰਸ਼ਾਦ ਸਿੰਘ ਬੋਪਾਰਾਏ, ਤੇਗ ਸਿੰਘ ਬੋਪਾਰਾਏ, ਰਣਵੀਰ ਸਿੰਘ ਨੇ ਕ੍ਰਮਵਾਰ ਦੂਜਾ ਸਥਾਨ ਹਾਸਲ ਕੀਤਾ, ਇਸ ਤੋਂ ਇਲਾਵਾ ਗੁਰਲੀਨ ਕੌਰ, ਪਰਨਾਜ ਕੌਰ, ਪ੍ਰਭ ਨੂਰ ਕੌਰ, ਲਵਜੋਤ ਕੌਰ, ਅਰਮਾਨ ਭਾਗੀ , ਨਵਦੀਪ ਸਿੰਘ, ਗਗਨਪ੍ਰੀਤ ਸਿੰਘ, ਪਰਮਵੀਰ ਸਿੰਘ, ਜਸਮਨ ਸਿੰਘ ਨੇ ਕ੍ਰਮਵਾਰ ਤੀਜਾ ਸਥਾਨ ਹਾਸਲ ਕੀਤਾ ਇਨਾਮਾਂ ਦੀ ਵੰਡ ਮੌਕੇ ਕਲੱਬ ਪ੍ਰਧਾਨ ਹਰਵਿੰਦਰ ਸਿੰਘ ਸਿੱਧੂ, ਬਲਜੀਤ ਸਿੰਘ ਸਿੱਧੂ, ਨਵਦੀਪ ਸਿੰਘ ਬਾਠ, ਭਾਈ ਕਰਮਜੀਤ ਸਿੰਘ ਗੁੰਥੀ ਸਿੰਘ, ਦਰਸ਼ਨ ਸਿੰਘ, ਜਸਪਾਲ ਸਿੰਘ ਜੌਹਲ, ਜੋਗਾ ਸਿੰਘ, ਅਜੈਬ ਸਿੰਘ ਕਾਕਾ, ਪ੍ਰਧਾਨ ਜਗਤਾਰ ਸਿੰਘ ਜੌਹਲ ਸਮੇਤ ਸਨਮਾਨਯੋਗ ਸ਼ਖ਼ਸੀਅਤਾਂ ਹਾਜ਼ਰ ਸਨ।

# ਸਕੈਮ ਦਾ ਨਵਾਂ ਤਰੀਕਾ : ਵੱਟਸਐਪ 'ਤੇ ਡਾਊਨਲੋਡ ਕਰਨੀਆਂ ਤਸਵੀਰਾਂ ਪੈਣਗੀਆਂ ਮਹਿੰਗੀਆਂ




ਬਰਨਾਲਾ, 14 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸਾਡਾ ਦੇਸ਼ ਜਿੱਥੇ ਨਵੀਂ ਤਕਨਾਲੋਜੀ ਨਾਲ ਅੱਗੇ ਵੱਧ ਰਿਹਾ ਹੈ, ਉੱਥੇ ਆਏ ਦਿਨ ਲੋਕਾਂ ਨਾਲ ਨਵੀਂ ਤੋਂ ਨਵੀਂ ਠੱਗੀ ਵੱਜ ਰਹੀ ਹੈ। ਲੋਕਾਂ ਦੀ ਮਿਹਨਤ ਦੀ ਕਮਾਈ ਆਏ ਦਿਨ ਸਾਈਬਰ ਕਰਾਈਮ ਵਾਲੇ ਮਿੰਟਾਂ ਵਿੱਚ ਉਡਾ ਕੇ ਚਲੇ ਜਾਂਦੇ ਹਨ। ਮਹਿੰਦਰ ਪਾਲ ਕੰਪਿਊਟਰ ਅਧਿਆਪਕ ਸਰਕਾਰੀ ਹਾਈ ਸਕੂਲ ਨਾਈਵਾਲਾ ਨੇ ਦੱਸਿਆ ਕਿ ਅੱਜ ਕੱਲ੍ਹ ਸਾਈਬਰ ਕਰਾਈਮ ਵਾਲਿਆਂ ਨੇ ਲੋਕਾਂ ਨੂੰ ਲੁੱਟਣ ਦਾ ਇੱਕ ਨਵਾਂ ਤਰੀਕਾ ਲੱਭਿਆ ਹੈ, ਜਿਸ ਵਿੱਚ ਵੱਟਸਐਪ ਉਪਭੋਗਤਾਵਾਂ ਨੂੰ ਇੱਕ ਨਵੀਂ ਕਿਸਮ ਦੀ ਸਾਜ਼ਿਸ਼ ਤਹਿਤ ਲੁੱਟਿਆ ਜਾ ਰਿਹਾ ਹੈ। ਇਸ ਤਰੀਕੇ ਵਿੱਚ ਵੱਟਸਐਪ 'ਤੇ ਕਿਸੇ ਅਣਜਾਣ ਨੰਬਰ ਤੋਂ ਇੱਕ ਤਸਵੀਰ ਭੇਜੀ ਜਾਂਦੀ ਹੈ। ਜਿਸ ਵਿੱਚ ਇੱਕ ਮਾਲਵੇਅਰ ਹੁੰਦਾ ਹੈ। ਜੇਕਰ ਕੋਈ ਵਿਅਕਤੀ ਇਸ ਤਸਵੀਰ ਨੂੰ ਡਾਊਨਲੋਡ ਕਰ ਲੈਂਦਾ ਹੈ ਤਾਂ ਹੈਕਰਾਂ ਨੂੰ ਉਸਦਾ ਫ਼ੋਨ ਹੈਕ ਕਰਨ ਦਾ ਮੌਕਾ ਮਿਲ ਜਾਂਦਾ ਹੈ ਅਤੇ ਉਹ ਕੁਝ ਹੀ ਮਿੰਟਾਂ ਵਿੱਚ ਉਸ ਵਿਅਕਤੀ ਦੇ ਖਾਤੇ ਵਿੱਚੋਂ ਰਕਮ ਨੂੰ ਕਢਵਾ ਲੈਂਦੇ ਹਨ। ਇਹ ਘੁਟਾਲਾ ਸਟੈਗਨੋਗ੍ਰਾਫੀ ਨਾਮਕ ਇੱਕ ਵਿਸ਼ੇਸ਼ ਤਕਨੀਕ ਨਾਲ ਕੀਤਾ ਜਾਂਦਾ ਹੈ।ਸਟੈਗਨੋਗ੍ਰਾਫੀ ਇੱਕ ਤਕਨੀਕ ਹੈ, ਜਿਸ ਵਿੱਚ ਖਤਰਨਾਕ ਕੋਡ ਨੂੰ ਇੱਕ ਚਿੱਤਰ ਜਾਂ ਆਡਿਓ ਫਾਈਲ ਵਿੱਚ ਲੁਕਾਇਆ ਜਾਂਦਾ ਹੈ। ਇਸ ਕੋਡ ਨੂੰ ਇੰਨੇ ਚਲਾਕ ਤਰੀਕੇ ਨਾਲ ਲੁਕੋਇਆ ਜਾਂਦਾ ਹੈ ਕਿ ਆਮ ਐਂਟੀਵਾਇਰਸ ਵੀ ਇਸ ਨੂੰ ਲੱਭ ਨਹੀਂ ਸਕਦੇ। ਅਜਿਹੀ ਸਥਿਤੀ ਵਿੱਚ ਜਿਵੇਂ ਹੀ ਤੁਸੀਂ ਉਸ ਫਾਈਲ ਨੂੰ ਖੋਲ੍ਹਦੇ ਹੋ, ਵਾਇਰਸ ਤੁਹਾਡੇ ਫੋਨ ਵਿੱਚ ਦਾਖਲ ਹੋ ਜਾਂਦਾ ਹੈ। ਜਿਸ ਨਾਲ ਹੈਕਰਾਂ ਨੂੰ ਤੁਹਾਡੇ ਫੋਨ ਤੱਕ ਪਹੁੰਚ ਮਿਲਦੀ ਹੈ। ਇਸ ਤਰ੍ਹਾਂ ਦੇ ਸਕੈਮ ਤੋਂ ਬਚਣ ਲਈ ਸਾਨੂੰ ਆਪਣੇ ਫੋਨ ਦੇ ਵੱਟਸਐਪ ਦੀ ਸੈਟਿੰਗਜ਼ ਵਿੱਚੋਂ ਤਸਵੀਰ ਜਾਂ ਡਾਕੂਮੈਂਟ ਆਟੋ ਡਾਊਨਲੋਡਿੰਗ ਨੂੰ ਬੰਦ ਰੱਖਣਾ ਚਾਹੀਦਾ ਹੈ ਅਤੇ ਕਿਸੇ ਵੀ ਅਣਜਾਣ ਨੰਬਰ ਤੋਂ ਆਈ ਤਸਵੀਰ ਜਾਂ ਡਾਕੂਮੈਂਟ ਨੂੰ ਖੋਲ੍ਹਣ ਤੋਂ ਬਚਣਾ ਚਾਹੀਦਾ ਹੈ।



# ਵਿਸਾਖੀ ਅਤੇ ਡਾ. ਭੀਮ ਰਾਓ ਅੰਬੇਡਕਰ ਦੀ ਜਨਮ ਵਰ੍ਹੇਗੰਢ ਮਨਾਈ




ਬਰਨਾਲਾ, 14 ਅਪ੍ਰੈਲ (ਇਸ਼ੇਨ ਕੰਗ) : ਜੈ ਵਾਟਿਕਾ ਪਬਲਿਕ ਸਕੂਲ ਨੇ ਵਿਸਾਖੀ ਅਤੇ ਡਾ. ਭੀਮ ਰਾਓ ਅੰਬੇਡਕਰ ਦੀ ਜਨਮ ਵਰ੍ਹੇਗੰਢ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਈ। ਸਕੂਲ ਵਿੱਚ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰਾਰਥਨਾ ਸਭਾ ਦੌਰਾਨ, ਵਿਦਿਆਰਥੀਆਂ ਨੇ ਵਿਸਾਖੀ ਦੇ ਇਤਿਹਾਸਕ ਮਹੱਤਵ ਨੂੰ ਉਜਾਗਰ ਕਰਦੇ ਹੋਏ ਦੱਸਿਆ ਕਿ ਇਸ ਦਿਨ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਵਿਦਿਆਰਥੀਆਂ ਨੇ ਭੰਗੜਾ ਅਤੇ ਗਿੱਧਾ ਪੇਸ਼ ਕੀਤਾ, ਜਿਸ ਨਾਲ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਜੀਵਨ ਮਿਲਿਆ। ਉਨ੍ਹਾਂ ਨੇ ਸੰਗੀਤਕ ਪ੍ਰਦਰਸ਼ਨਾਂ ਰਾਹੀਂ ਆਪਣੀ ਦੇਸ਼ ਭਗਤੀ ਅਤੇ ਮਾਤ ਭੂਮੀ ਪ੍ਰਤੀ ਪਿਆਰ ਦਾ ਪ੍ਰਗਟਾਵਾ ਵੀ ਕੀਤਾ। ਸਕੂਲ ਦੇ ਕਿੰਡਰਗਾਰਟਨ ਬਲਾਕ ਵਿੱਚ ਇੱਕ ਵਿਸ਼ੇਸ਼ ਮੇਲਾ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਵੱਖ-ਵੱਖ ਵਸਤੂਆਂ ਦਾ ਪ੍ਰਦਰਸ਼ਨ ਕੀਤਾ ਗਿਆ। ਛੋਟੇ ਬੱਚਿਆਂ ਲਈ ਭੰਗੜਾ ਅਤੇ ਗਿੱਧਾ ਮੁਕਾਬਲੇ ਵੀ ਕਰਵਾਏ ਗਏ। ਰੰਗੀਨ ਪੰਜਾਬੀ ਪੁਸ਼ਾਕਾਂ ਵਿੱਚ ਸਜੇ ਛੋਟੇ ਬੱਚਿਆਂ ਨੇ ਸਮਾਗਮ ਦੀ ਸ਼ਾਨ ਵਿੱਚ ਵਾਧਾ ਕੀਤਾ। ਇਸ ਤੋਂ ਇਲਾਵਾ, ਡਾ. ਭੀਮ ਰਾਓ ਅੰਬੇਡਕਰ ਦੀ ਜਨਮ ਵਰ੍ਹੇਗੰਢ ਦੇ ਮੌਕੇ 'ਤੇ, ਵਿਦਿਆਰਥੀਆਂ ਨੇ ਉਨ੍ਹਾਂ ਦੇ ਜੀਵਨ ਅਤੇ ਵਿਚਾਰਾਂ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਉਨ੍ਹਾਂ ਦੇ ਆਦਰਸ਼ਾਂ ਦੀ ਪਾਲਣਾ ਕਰਨ ਅਤੇ ਛੂਤ-ਛਾਤ ਵਰਗੀਆਂ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਦਾ ਪ੍ਰਣ ਲਿਆ। ਸਕੂਲ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।

# ਵਾਈ. ਐਸ. ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਮਨਾਇਆ



ਬਰਨਾਲਾ, 14 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਅੱਜ ਵਾਈ .ਐਸ . ਸਕੂਲ ਬਰਨਾਲਾ ਵਿੱਚ ਖੁਸ਼ੀਆਂ ਅਤੇ ਰੰਗਾਂ ਨਾਲ ਭਰਪੂਰ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸਕੂਲ ਦੇ ਪ੍ਰਾਂਗਣ ਨੂੰ ਸੋਹਣੀਆਂ ਸਜਾਵਟਾਂ ਨਾਲ ਸਜਾਇਆ ਗਿਆ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੇ ਮਾਹੌਲ ਦੇ ਨਾਲ-ਨਾਲ ਸੱਭਿਆਚਾਰਕ ਪੇਸ਼ਕਾਰੀਆਂ ਨੂੰ ਲੈ ਕੇ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ। ਕਾਰਜਕ੍ਰਮ ਦੀ ਸ਼ੁਰੂਆਤ ਪ੍ਰਾਰਥਨਾ ਸਭਾ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਵਿਸਾਖੀ ਦੇ ਖਾਸ ਮੌਕੇ 'ਤੇ ਵਿਸਾਖੀ ਦੀ ਮਹੱਤਤਾ ਨੂੰ ਕਵਿਤਾ, ਨਾਟਕ ਰਾਹੀਂ ਦਰਸਾਇਆ। ਇਸ ਵਿਸ਼ੇਸ਼ ਮੌਕੇ ਬੱਚਿਆਂ ਦੁਆਰਾ ਤਿਆਰ ਕੀਤੇ ਗਿੱਧੇ ਅਤੇ ਭੰਗੜੇ ਨੇ ਇਸ ਖੁਸ਼ਨੁਮਾ ਮਾਹੌਲ ਨੂੰ ਚਾਰ ਚੰਦ ਲਾ ਦਿੱਤੇ ਸਨ। ਛੋਟੇ ਬੱਚਿਆਂ ਨੇ ਰੰਗ-ਬਿਰੰਗੇ ਕੱਪੜੇ ਪਾ ਕੇ ਵਿਸਾਖੀ ਦੇ ਮੇਲੇ ਦੀ ਰੌਣਕ ਵਿੱਚ ਨਵੇਂ ਰੰਗ ਭਰ ਦਿੱਤੇ। ਸਕੂਲ ਵੱਲੋਂ ਇਸ ਤਿਉਹਾਰ ਦੇ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਤਾ ਬਾਰੇ ਜਾਣਕਾਰੀ ਦੇਣ ਲਈ 'ਸਾਡਾ ਪਿੰਡ ' ਨਾਲ ਦਾ ਇੱਕ ਪ੍ਰੋਗਰਾਮ ਆਯੋਜਿਤ ਕਰਵਾਇਆ ਗਿਆ, ਜਿਸ ਪੰਜਾਬੀ ਰਵਾਇਤੀ ਭੋਜਨ, ਪਹਿਰਾਵਾ/ ਗਹਿਣੇ, ਅਨਾਜ, ਪੰਜਾਬੀ ਲੋਕ- ਸਾਜ਼, ਪੁਰਾਤਨ ਰੁੱਖ ਅਤੇ ਪੰਜਾਬੀ ਰਸੋਈ, ਖੇਤੀ ਬਾੜੀ ਵਿੱਚ ਵਰਤੇਂ ਜਾਂਦੇ ਸੰਦ ਅਤੇ ਕੁੱਝ ਅਲੋਪ ਹੋ ਰਹੀਆਂ ਚੀਜ਼ਾਂ ਦੀ ਨੁਮਾਇਸ਼ ਲਗਾਈ ਗਈ । ਹਰ ਇੱਕ ਜਮਾਤ ਨੂੰ ਪ੍ਰਦਰਸ਼ਨੀ ਵਿੱਚ ਬੁਲਾ ਕੇ ਪੰਜਾਬੀ ਵਿਰਸੇ ਤੋਂ ਜਾਣੂ ਕਰਵਾਇਆ ਗਿਆ ਅਤੇ ਵਿਦਿਆਰਥੀਆਂ ਨੂੰ ਪੰਜਾਬੀ ਵਿਰਾਸਤ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਅਤੇ ਡਾਇਰੈਕਟਰ ਸਾਹਿਬ ਜੀ ਨੇ ਸਭ ਨੂੰ ਵਿਸਾਖੀ ਦੀਆਂ ਵਧਾਈਆਂ ਦਿੰਦੇ ਹੋਏ ਪੂਰੀ ਪ੍ਰਦਰਸ਼ਨੀ ਵਿੱਚ ਸ਼ਮੂਲੀਅਤ ਕੀਤੀ। ਵਿਸਾਖੀ ਦਾ ਇਹ ਪ੍ਰੋਗਰਾਮ ਸਭ ਦੇ ਮਨਾਂ ਵਿੱਚ ਅਮਿੱਟ ਛਾਪ ਛੱਡ ਗਿਆ।

# ਸਰਵੋਤਮ ਅਕੈਡਮੀ ਖੁੱਡੀ ਕਲਾਂ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਬਰਨਾਲਾ, 14 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸਰਵੋਤਮ ਅਕੈਡਮੀ ਖੁੱਡੀ ਕਲਾਂ ਵਿਖੇ ਵਿਦਿਆਰਥੀਆਂ ਦੁਆਰਾ ਵਿਸਾਖੀ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਵਿਦਿਆਰਥੀਆਂ ਦੁਆਰਾ ਵਿਸਾਖੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਸ਼ਬਦ ਗਾਇਨ ਕੀਤੇ ਗਏ, ਗੱਤਕੇ ਦੇ ਜ਼ੌਹਰ ਦਿਖਾਏ ਗਏ। ਕਵਿਤਾਵਾਂ, ਲੋਕ ਗੀਤ ,ਭੰਗੜਾ ਅਤੇ ਬੋਲੀਆਂ ਦੁਆਰਾ ਰੰਗਾ -ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਵਿਸਾਖੀ ਦਾ ਦਿਹਾੜਾ ਹਰ ਹਰ ਸਾਲ 13 ਅਪ੍ਰੈਲ ਮਨਾਇਆ ਜਾਂਦਾ ਹੈ। ਇਸ ਮੌਕੇ 'ਤੇ ਸਰਵੋਤਮ ਕੇ ਪ੍ਰਿੰਸੀਪਲ ਡਾਕਟਰ ਰੁਪਿੰਦਰ ਕੌਰ ਬਾਜਵਾ ਦੁਆਰਾ ਵੀ ਵਿਦਿਆਰਥੀਆਂ ਨੂੰ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ ਗਈਆਂ। ਉਹਨਾਂ ਦੁਆਰਾ ਖਾਲਸਾ ਪੰਥ ਦੀ ਸਾਜਨਾ ਬਾਰੇ ਵੀ ਚਾਨਣਾ ਪਾਇਆ ਗਿਆ।ਉਨ੍ਹਾਂ ਦੁਆਰਾ ਦੱਸਿਆ ਗਿਆ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ 13 ਅਪ੍ਰੈਲ 1699 ਈਸਵੀ ਨੂੰ ਖਾਲਸਾ ਪੰਥ ਦੀ ਸਾਜਨਾ ਕੀਤੀ ਗਈ ਸੀ, ਤੇ ਇਸ ਦਿਨ ਪੰਜ ਪਿਆਰਿਆਂ ਨੂੰ ਅੰਮ੍ਰਿਤਪਾਨ ਕਰਵਾਇਆ ਗਿਆ ਸੀ। ਇਸ ਮੌਕੇ ਫਾਊਂਡਰ ਕੁਲਵੰਤ ਸਿੰਘ ਬਾਜਵਾ ,ਚੇਅਰਮੈਨ ਸੁਖਵਿੰਦਰ ਸਿੰਘ , ਐਮ ਡੀ ਚਮਕੌਰ ਸਿੰਘ ਬਾਜਵਾ ਅਧਿਆਪਕ ਸਾਹਿਬਾਨ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ



ਬਰਨਾਲਾ, 14 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਇਲਾਕੇ ਦੀ ਨਾਮਵਰ ਸੰਸਥਾ ਜੀ ਐੱਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਧੌਲਾ ਵਿੱਚ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਸਕੂਲ ਅਧਿਆਪਕਾਂ ਅਤੇ ਬੱਚਿਆਂ ਵੱਲੋਂ ਪਾਠ ਕੀਤੇ ਗਏ। ਇਸ ਸਮੇਂ ਬੱਚਿਆਂ ਵੱਲੋਂ ਸ਼ਬਦ ਗਾਇਨ ਵੀ ਕੀਤੇ ਗਏ। ਇਸ ਮੌਕੇ ਸਕੂਲ ਮੈਨੇਜਿੰਗ ਡਾਇਰੈਕਟਰ ਸ਼੍ਰੀ ਸੁਰੇਸ਼ ਬਾਂਸਲ ਜੀ ਚੇਅਰਮੈਨ ਸ਼੍ਰੀ ਰਿਸ਼ਵ ਜੈਨ ਜੀ ਉਪਸਥਿਤ ਸਨ । ਪਾਠ ਉਪਰੰਤ ਮੈਨੇਜਮੈਂਟ ਕਮੇਟੀ ਵੱਲੋਂ ਬੱਚਿਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੱਤੀ ਗਈ ਅਤੇ ਬੱਚਿਆਂ ਨੂੰ ਇਸ ਦਿਹਾੜੇ ਦੀ ਮਹਾਨਤਾ ਬਾਰੇ ਦੱਸਿਆ। ਉਨ੍ਹਾਂ ਬੱਚਿਆਂ ਨੂੰ ਖਾਲਸਾ ਪੰਥ ਦੀ ਸਾਜਨਾ ਬਾਰੇ ਦੱਸਦਿਆਂ ਕਿਹਾ ਕਿ ਕਿਸ ਤਰ੍ਹਾਂ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਥਾਪਨਾ ਕਰਕੇ ਜ਼ੁਲਮ ਦਾ ਮੁਕਾਬਲਾ ਕਰਨ ਲਈ ਇੱਕ ਨਿਡਰ ਸੈਨਾ ਤਿਆਰ ਕੀਤੀ ਸੀ ਅਤੇ ਦੁਸ਼ਮਣਾਂ ਦਾ ਖਾਤਮਾ ਕੀਤਾ ਸੀ। ਉਨ੍ਹਾਂ ਬੱਚਿਆਂ ਨੂੰ ਜੱਲ੍ਹਿਆਂਵਾਲਾ ਵਾਲੇ ਬਾਗ ਦੇ ਇਤਿਹਾਸ ਬਾਰੇ ਵੀ ਜਾਣੂੰ ਕਰਵਾਇਆ ਕਿ ਕਿਸ ਤਰ੍ਹਾਂ ਵਿਸਾਖੀ ਵਾਲੇ ਦਿਨ ਅੰਗਰੇਜ਼ਾਂ ਵੱਲੋਂ ਹਜ਼ਾਰਾਂ ਮਾਸੂਮ ਲੋਕਾਂ ਦੀ ਜਾਣ ਲਈ ਗਈ, ਜਿਨ੍ਹਾਂ ਦਾ ਦਰਦ ਰਹਿੰਦੀ ਦੁਨੀਆਂ ਤੱਕ ਨਹੀਂ ਭੁੱਲਣਾ।ਉਨ੍ਹਾਂ ਦੱਸਿਆ ਕਿ ਸਕੂਲ ਵਿੱਚ ਹਰ ਤਿਉਹਾਰ ਨੂੰ ਬਹੁਤ ਹੀ ਸਤਿਕਾਰ ਨਾਲ ਮਨਾਇਆ ਜਾਂਦਾ ਹੈ, ਜਿਸਦਾ ਮਕਸਦ ਬੱਚਿਆਂ ਵੀ ਭਾਈਚਾਰਿਕ ਭਾਵਨਾ ਪੈਦਾ ਹੋ ਸਕੇ। ਉਨ੍ਹਾਂ ਪਾਠ ਦੌਰਾਨ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤਾਂ ਜੋ ਹਰ ਪਾਸੇ ਅਮਨ ਸ਼ਾਂਤੀ ਦਾ ਮਾਹੌਲ ਰਹੇ। ਅਰਦਾਸ ਉਪਰੰਤ ਬੱਚਿਆਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਪਸ਼ਾਦ ਵੰਡਿਆ ਗਿਆ।

# ਪੱਖੋ ਕਲਾਂ ਦੇ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਮਨਾਇਆ




ਪੱਖੋ ਕਲਾਂ/ ਬਰਨਾਲਾ, 14 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸੰਤ ਬਾਬਾ ਲੋਗਪੁਰੀ ਬ੍ਰਿਲੀਐਂਟ ਸਕੂਲ ਪੱਖੋ ਕਲਾਂ, ਜੋ ਕਿ ਸੰਤ ਬਾਬਾ ਚਰਨਪੁਰੀ ਅਤੇ ਐੱਮ.ਡੀ. ਮੈਡਮ ਕਰਮਜੀਤ ਕੌਰ ਦੇਵਾ ਜੀ ਦੀ ਅਗਵਾਈ ਹੇਠ ਚੱਲ ਰਿਹਾ ਹੈ, ਵਿਖੇ ਵਿਸਾਖੀ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਅਸੈਂਬਲੀ ਦੌਰਾਨ ਸੀਨੀਅਰ ਕਲਾਸਾਂ ਦੇ ਵਿਦਿਆਰਥੀਆਂ ਵੱਲੋਂ ਵਿਸਾਖੀ ਦੇ ਮਹੱਤਵ ਬਾਰੇ ਜਾਣਕਾਰੀ ਭਰਪੂਰ ਭਾਸ਼ਣ ਦਿੱਤੇ ਗਏ। ਉਨ੍ਹਾਂ ਨੇ ਦੱਸਿਆ ਕਿ ਇਸ ਪਵਿੱਤਰ ਦਿਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸਾ ਪੰਥ ਦੀ ਸਿਰਜਣਾ ਕੀਤੀ ਗਈ ਅਤੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਸਿਖ ਧਰਮ ਨੂੰ ਨਵੀਂ ਪਛਾਣ ਦਿੱਤੀ ਗਈ। ਨਾਲ ਹੀ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਅਤੇ ਸਾਰੇ ਧਰਮਾਂ ਦਾ ਸਤਿਕਾਰ ਕਰਨ ਦੀ ਸਿੱਖਿਆ ਵੀ ਦਿੱਤੀ ਗਈ। ਇਸ ਤੋਂ ਇਲਾਵਾ ਜੂਨੀਅਰ ਵਿੰਗ ਦੇ ਬੱਚਿਆਂ ਵੱਲੋਂ ਪੰਜਾਬੀ ਪਹਿਰਾਵੇ ਪਹਿਨ ਕੇ ਵਿਸਾਖੀ ਦੇ ਮੇਲੇ ਨਾਲ ਸੰਬੰਧਿਤ ਰੰਗਾਰੰਗ ਪ੍ਰਸਤੁਤੀਆਂ ਅਤੇ ਕਵਿਤਾਵਾਂ ਦਾ ਉਚਾਰਨ ਕੀਤਾ ਗਿਆ, ਜਿਸ ਨਾਲ ਸਮਾਗਮ ਵਿੱਚ ਰੌਣਕ ਵਧ ਗਈ। ਇਸ ਮੌਕੇ ਕਮੇਟੀ ਮੈਂਬਰ ਅਤੇ ਪ੍ਰਿੰਸੀਪਲ ਸੁਮਨ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੀਆਂ ਮੁਬਾਰਕਾਂ ਦਿੰਦਿਆਂ ਉਨ੍ਹਾਂ ਨੂੰ ਆਪਣੀ ਸੰਸਕ੍ਰਿਤੀ ਅਤੇ ਵਿਰਾਸਤ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਕੋਆਰਡੀਨੇਟਰ ਨਰਿੰਦਰ ਕੌਰ ਵੀ ਇਸ ਸਮਾਗਮ ਦੌਰਾਨ ਹਾਜ਼ਰ ਰਹੇ। ਸਮਾਗਮ ਦਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰਪੂਰ ਰਿਹਾ।

# ਮਾਤਾ ਗੁਜਰੀ ਪਬਲਿਕ ਸਕੂਲ ਭਦੌੜ ਵਿਖੇ ਖ਼ਾਲਸਾ ਸਾਜਨਾ ਦਿਵਸ ਮਨਾਇਆ



ਭਦੌੜ, 14 ਅਪ੍ਰੈਲ ( ਸੁਖਵਿੰਦਰ ਪਲਾਹਾ) : ਖਾਲਸਾ ਸਾਜਨਾ ਦਿਵਸ 'ਤੇ ਵਿਸਾਖੀ ਦਾ ਪਵਿੱਤਰ ਤਿਉਹਾਰ ਪੰਜਾਬ ਵਿੱਚ ਹਰ ਜਗ੍ਹਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸੇ ਤਰ੍ਹਾਂ ਹੀ ਮਾਤਾ ਗੁਜਰੀ ਪਬਲਿਕ ਹਾਈ ਸਕੂਲ ਭਦੌੜ ਵਿਖੇ ਪ੍ਰਿੰਸੀਪਲ ਸੁਖਵੀਰ ਕੌਰ ਧਾਲੀਵਾਲ ਦੀ ਅਗਵਾਈ ਹੇਠ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਖਾਲਸਾ ਸਾਜਨਾ ਦਿਵਸ ਦੀ ਮਹੱਤਤਾ ਨੂੰ ਦਰਸਾਉਂਦਾ ਇੱਕ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਸਤਿਨਾਮ ਸਰਬ ਕਲਿਆਣ ਟਰੱਸਟ (ਰਜਿ.) ਚੰਡੀਗੜ੍ਹ ਵੱਲੋਂ ਗੁਰਬਾਣੀ ਦੇ ਪੇਪਰਾਂ ਵਿੱਚੋਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਇਨਾਮ ਦਿੱਤੇ ਗਏ। ਇਸ ਮੌਕੇ ਗੁਰਬਾਣੀ ਅਧਿਆਪਕਾ ਗੁਰਚਰਨ ਕੌਰ ਨੇ ਬੱਚਿਆਂ ਨੂੰ ਵਿਸਾਖੀ ਦੇ ਇਤਿਹਾਸ ਬਾਰੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਇਸ ਦਿਨ ਸਿੱਖਾਂ ਦੇ ਦਸਵੇਂ ਗੁਰੂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਈਸਵੀ ਨੂੰ ਅਨੰਦਪੁਰ ਸਾਹਿਬ ਵਿਖੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਖਾਲਸਾ ਪੰਥ ਦੀ ਸਾਜਨਾ ਕੀਤੀ। ਉਹਨਾਂ ਬੱਚਿਆਂ ਨੂੰ 1919 ਈਸਵੀ ਦੀ ਵਿਸਾਖੀ ਮਨਾ ਰਹੇ ਲੋਕਾਂ ਦੀ ਜਲਿਆਂ ਵਾਲੇ ਬਾਗ ਦੇ ਖੂਨੀ ਸਾਕੇ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਵੱਖ- ਵੱਖ ਕਲਾਸਾਂ ਦੇ ਬੱਚਿਆਂ ਵੱਲੋਂ ਕਵੀਸ਼ਰੀ ,ਗੀਤ ,ਭਾਸ਼ਣ ਆਦਿ ਪੇਸ਼ ਕਰਕੇ ਵਿਸਾਖੀ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਇਸ ਮੌਕੇ ਸਮੁੱਚੀ ਮੈਨੇਜਮੈਂਟ ਕਮੇਟੀ ਅਤੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਸਮੂਹ ਵਿਦਿਆਰਥੀਆਂ ਅਤੇ ਸਮੁੱਚੇ ਸਟਾਫ ਨੂੰ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ ਗਈਆਂ।

# ਭਾਈ ਮਨੀ ਸਿੰਘ ਨਗਰ ਨਿਵਾਸੀਆਂ ਦਾ ਵਫ਼ਦ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਨੂੰ ਮਿਲਿਆ



ਬਰਨਾਲਾ, 14 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਵੈੱਲਫੇਅਰ ਐਸੋਸੀਏਸ਼ਨ, ਭਾਈ ਮਨੀ ਸਿੰਘ ਨਗਰ ਬਰਨਾਲਾ ਦਾ ਇੱਕ ਵਫ਼ਦ ਨਗਰ ਸੁਧਾਰ ਟਰੱਸਟ ਬਰਨਾਲਾ ਦੇ ਚੇਅਰਮੈਨ ਰਾਮ ਤੀਰਥ ਮੰਨਾ ਨੂੰ ਮਿਲਿਆ। ਇਸ ਮੌਕੇ ਭਾਈ ਮਨੀ ਸਿੰਘ ਨਗਰ ਵਿਖੇ ਪਾਣੀ ਦੀ ਕਿੱਲਤ ਨੂੰ ਮੱਦੇ ਨਜ਼ਰ ਰੱਖਦੇ ਹੋਏ ਟਿਊਬਵੈੱਲ ਅਤੇ ਪਾਣੀ ਦੀਆਂ ਨਵੀਆਂ ਪਾਈਪਾਂ ਪਾਉਣ ਸਬੰਧੀ ਜ਼ੋਰਦਾਰ ਮੰਗ ਕੀਤੀ ਗਈ। ਕਲੋਨੀ ਵਿਚ ਗੈਰ ਕਾਨੂੰਨੀ ਮੀਟ ਅਤੇ ਸ਼ਰਾਬ ਦੀਆ ਰੇਹੜੀਆਂ ਨੂੰ ਹਟਾਇਆ ਜਾਵੇ ਤਾਂ ਜੋ ਕਲੋਨੀ ਨਿਵਾਸੀ ਮਹਿਲਾਵਾਂ/ਬੱਚੇ ਆਜ਼ਾਦੀ ਨਾਲ ਘੁੰਮ ਫਿਰ ਸਕਣ, ਇਨ੍ਹਾਂ ਮੀਟ ਦੀਆਂ ਦੁਕਾਨਾਂ ਕਰਕੇ ਕੁੱਤਿਆਂ ਦੀ ਭਰਮਾਰ ਹੱਦ ਤੋਂ ਵੱਧ ਹੋ ਗਈ ਹੈ। ਕ੍ਰਿਪਾ ਕਰਕੇ ਇਹ ਕੁੱਤਿਆਂ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ। ਕਲੋਨੀ ਵਿਚ ਬਣੇ ਦੋਵਾਂ ਪਾਰਕਾਂ ਵਿਚ ਲਾਈਟਾਂ ਅਤੇ ਰੱਖ ਰੱਖਾਵ ਦਾ ਸਹੀ ਪ੍ਰਬੰਧ ਕੀਤਾ ਜਾਵੇ, ਕਲੋਨੀ ਦੇ ਅੱਗੇ ਗੇਟ ਲਗਾਉਣ ਸਬੰਧੀ ਜਲਦੀ ਤੋਂ ਜਲਦੀ ਪ੍ਰਬੰਧ ਕੀਤਾ ਜਾਵੇ। ਮੇਨ ਰੋਡ ਤੋਂ ਕਲੋਨੀ ਵਿਚ ਜਾਂਦੀਆ ਸਬ ਸਟਰੀਟਾਂ ਨੀਵੀਆਂ ਹੋਣ ਕਰਕੇ ਬਰਸਾਤ ਅਤੇ ਸੀਵਰੇਜ਼ ਦਾ ਪਾਣੀ ਗਲੀਆਂ ਵਿਚ ਚਲਾ ਜਾਂਦਾ ਹੈ, ਜਿਨ੍ਹਾਂ ਨੂੰ ਉਚਾ ਕੀਤਾ ਜਾਵੇ । ਚੇਅਰਮੈਨ ਰਾਮ ਤੀਰਥ ਮੰਨਾ ਨੇ ਵਫ਼ਦ ਨੂੰ ਧਿਆਨ ਨਾਲ ਸੁਣਿਆ ਅਤੇ ਵਿਸ਼ਵਾਸ਼ ਦੁਆਇਆ ਕਿ ਉਹ ਮੰਗ ਪੱਤਰ ਚ ਦਰਜ਼ ਮੰਗਾਂ ਨੂੰ ਜਲਟੀ ਤੋਂ ਜਲਦੀ ਪੂਰਾ ਕਰਵਾਉਣਗੇ। ਇਸ ਮੌਕੇ ਲਲਿਤ ਗਰਗ, ਕੇਵਲ ਵੀਨਸ, ਬਲਦੇਵ ਆਹਲੂਵਾਲੀਆ,ਐਸ ਐਲ ਕਟਾਰੀਆ, ਡਾਕਟਰ ਹਰਬਿੰਦਰ, ਵਾਸਦੇਵ, ਰਾਕੇਸ਼ ਮਹਿਰਾ, ਪੱਪੂ ਕੁਲਫ਼ੀ ਵਾਲੇ, ਗੁਰਨਾਮ ਸਿੰਘ, ਭਗਤ ਸਿੰਘ, ਨਰੇਸ਼ ਲੱਕੀ, ਰਾਜ ਕੁਮਾਰ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

# ਖੁਸ਼ੀਆਂ ਦੇ ਰੰਗ : ਸਾਂਝ-ਏ-ਵਿਸਾਖੀ ਵੱਡੇ ਚਾਓ ਨਾਲ ਮਨਾਈ

ਬਰਨਾਲਾ, 14 ਅਪ੍ਰੈਲ (ਇਸ਼ੇਨ ਕੰਗ) : ਐਮਟੀਐਸ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਚਾਅ ਅਤੇ ਉਤਸ਼ਾਹ ਨਾਲ ਖੁਸ਼ੀਆਂ ਦੇ ਰੰਗ: ਗੋਲਡਨ ਹਿਊਜ਼, ਜੋਇਫੁਲ ਵਿਊਜ਼ - ਸਾਂਝ-ਏ-ਬੈਸਾਖੀ ਥੀਮ ਹੇਠ ਮਨਾਇਆ ਗਿਆ। ਇਸ ਸਮਾਗਮ ਵਿੱਚ ਕਲਾਸ 4 ਦੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਅਤੇ ਆਤਮ-ਵਿਸ਼ਵਾਸ ਦਿਖਾਉਣ ਲਈ ਬਹੁਤ ਹੀ ਸੁੰਦਰ ਮੰਚ ਪ੍ਰਦਾਨ ਕੀਤਾ ਗਿਆ। ਇਸ ਮਨੋਰੰਜਕ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਐਂਕਰਿੰਗ, ਸੋਲੋ ਡਾਂਸ, ਜੋਸ਼ ਭਰੇ ਗਰੁੱਪ ਡਾਂਸ, ਮਿੱਠੇ ਗਰੁੱਪ ਗੀਤ ਅਤੇ ਇਕ ਵਿਲੱਖਣ ਫੰਨੀ ਸਕੇਅਰਕ੍ਰੋ ਕੋਰਿਓਗ੍ਰਾਫੀ ਪੇਸ਼ ਕੀਤੀ ਗਈ। ਇਸ ਪ੍ਰਸਤੁਤੀ ਰਾਹੀਂ ਇਹ ਸੁਨੇਹਾ ਦਿੱਤਾ ਗਿਆ ਕਿ ਹਰ ਇਕ ਵਿਅਕਤੀ ਦੀ ਜ਼ਿੰਦਗੀ ਵਿੱਚ ਅਹਿਮ ਭੂਮਿਕਾ ਹੁੰਦੀ ਹੈ ਅਤੇ ਹਰ ਬੱਚਾ ਇੱਕ ਸੁਪਰਸਟਾਰ ਵਾਂਗ ਚਮਕਦਾ ਹੈ। ਵਿਦਿਆਰਥੀਆਂ ਨੇ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਵਿੱਚ ਸੁੰਦਰ ਕਵਿਤਾਵਾਂ ਦਾ ਪਾਠ ਵੀ ਕੀਤਾ, ਜਿਸ ਨਾਲ ਪ੍ਰੋਗਰਾਮ ਦੀ ਰੌਣਕ ਹੋਰ ਵਧ ਗਈ। ਰੰਗ-ਬਿਰੰਗੇ ਪਹਿਰਾਵੇ, ਪ੍ਰਭਾਵਸ਼ਾਲੀ ਡਾਇਲਾਗ, ਸਾਫ਼ ਉਚਾਰਣ ਅਤੇ ਆਤਮ-ਵਿਸ਼ਵਾਸ ਭਰੀ ਮੰਚ ਪ੍ਰਸਤੁਤੀ ਨੇ ਹਰ ਕਿਸੇ ਦਾ ਦਿਲ ਜਿੱਤ ਲਿਆ। ਪੂਰਾ ਸਮਾਗਮ ਖੁਸ਼ੀ, ਉਤਸ਼ਾਹ ਅਤੇ ਸੱਭਿਆਚਾਰਕ ਰੰਗਾਂ ਨਾਲ ਰੰਗਿਆ ਹੋਇਆ ਸੀ। ਸਮੂਹਕ ਤੌਰ ਤੇ, ਇਹ ਸਮਾਗਮ ਬਹੁਤ ਹੀ ਸਫਲ ਰਿਹਾ ਅਤੇ ਇਸ ਵਿੱਚ ਪਰੰਪਰਾ ਅਤੇ ਪ੍ਰਤਿਭਾ ਦਾ ਸੁੰਦਰ ਮਿਲਾਪ ਵੇਖਣ ਨੂੰ ਮਿਲਿਆ।

# ਭਦੌੜ ਦੇ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਵਿੱਚ ਵਿਸਾਖੀ ਮੌਕੇ ਰੰਗਾਰੰਗ ਪ੍ਰੋਗਰਾਮ




ਭਦੌੜ, 14 ਅਪ੍ਰੈਲ (ਸੁਖਵਿੰਦਰ ਪਲਾਹਾ) : ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਭਦੌੜ ਦੀ ਸਵੇਰ ਦੀ ਪ੍ਰਾਰਥਨਾ ਸਭਾ ਵਿੱਚ ਵਿਸਾਖੀ ਦਾ ਤਿਉਹਾਰ ਬੜੀ ਧੂਮ- ਧਾਮ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਮੈਡਮ ਨੇਹਾ ਦੇਸਾਈ ਨੇ ਵਿਸਾਖੀ ਦੇ ਤਿਉਹਾਰ 'ਤੇ ਭਾਸ਼ਣ ਦੇ ਕੇ ਵਿਸਾਖੀ ਦੇ ਤਿਉਹਾਰ ਦੀ ਮਹੱਤਤਾ ਦੱਸੀ ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਡਾਂਸ ਅਤੇ ਸੱਭਿਆਚਾਰਕ ਗੀਤ ਗਾ ਕੇ ਖੂਬ ਰੰਗ ਬੰਨ੍ਹਿਆਂ ਗਿਆ ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਾਨ ਨਿਰਦੋਸ਼ ਰਲਹੰਨ ਜੀ ਨੇ ਸਮੁੱਚੇ ਅਧਿਆਪਕ ਵਰਗ ਤੇ ਵਿਦਿਆਰਥੀਆਂ ਨੂੰ ਵਿਸਾਖੀ ਅਤੇ ਖਾਲਸਾ ਪੰਥ ਦਿਵਸ ਦੀਆਂ ਲੱਖ- ਲੱਖ ਵਧਾਈਆਂ ਦਿੱਤੀਆਂ। ਉਹਨਾਂ ਕਿਹਾ ਕਿ ਇਹ ਤਿਉਹਾਰ ਖੁਸ਼ੀਆਂ ਅਤੇ ਉਮੰਗਾਂ ਦਾ ਤਿਉਹਾਰ ਹੈ ਅਤੇ ਹਰ ਤਿਉਹਾਰ ਸਾਨੂੰ ਖੁਸ਼ੀਆਂ ਵੰਡਣ ਦਾ ਸੰਦੇਸ਼ ਦਿੰਦਾ ਹੈ ਸੋ ਸਾਨੂੰ ਇਹ ਤਿਉਹਾਰ ਰਲ -ਮਿਲ ਕੇ ਮਨਾਉਣਾ ਚਾਹੀਦਾ ਹੈ। ਉਹਨਾਂ ਦੱਸਿਆ ਕਿ ਸਿੱਖ ਪੰਥ ਦੇ ਦਸਵੇਂ ਗੁਰੂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਮਹਾਰਾਜ ਜੀ ਨੇ 1699 ਈਸਵੀ ਨੂੰ ਵਿਸਾਖੀ ਵਾਲੇ ਦਿਨ ਸਾਜਨਾ ਪੰਥ ਦੀ ਸਾਜਨਾ ਕੀਤੀ ਅਤੇ ਆਪਣੇ ਆਪ ਨੂੰ ਕਮਜ਼ੋਰ ਸਮਝਦੇ ਲੋਕਾਂ ਨੂੰ ਅੰਮ੍ਰਿਤਪਾਨ ਕਰਵਾ ਕੇ ਇੱਕ ਨਵਾਂ ਜੋਸ਼ ਭਰ ਦਿੱਤਾ ,ਉਸ ਸਮੇਂ ਤੋਂ ਹੀ ਸਿੱਖ ਕੌਮ ਦਾ ਪੂਰੇ ਸੰਸਾਰ ਵਿੱਚ ਇੱਕ ਵੱਖਰਾ ਰੁਤਬਾ ਕਾਇਮ ਹੈ ਜਿਸ ਦੀ ਮਿਸਾਲ ਵੱਖ ਵੱਖ ਦੇਸ਼ਾਂ ਵਿੱਚ ਵਸਦੇ ਸਿੱਖਾਂ ਤੋਂ ਬਖੂਬੀ ਮਿਲਦੀ ਹੈ। ਕਿਉਂਕਿ ਸਿੱਖ ਕੌਮ ਇੱਕ ਨਿਡਰ, ਨਿਧੜਕ ਅਤੇ ਬਹਾਦਰ ਕੌਮ ਵਜੋਂ ਜਾਣੀ ਜਾਂਦੀ ਹੈ।ਇਸ ਮੌਕੇ ਜੂਨੀਅਰ ਵਿੰਗ ਦੇ ਵਿਦਿਆਰਥੀ ਰੰਗ- ਬਿਰੰਗੇ ਲਿਬਾਸ ਵਿੱਚ ਨਜ਼ਰ ਆਏ ਅਤੇ ਇਸ ਸਮੁੱਚੇ ਪ੍ਰੋਗਰਾਮ ਦੀ ਰੂਪ ਰੇਖਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਹਾਊਸ ਨੇ ਉਲੀਕੀ ਜੋ ਕਿ ਸ਼ਲਾਘਾ ਯੋਗ ਸੀ ।

# ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਬਰਨਾਲਾ, 14 ਅਪ੍ਰੈਲ (ਹਮੀਰ ਸਿੰਘ) : ਇਲਾਕੇ ਭਰ ਦੇ ਬੱਚਿਆਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਪੜ੍ਹਾਈ ਕਰਵਾ ਰਹੀ ਨਾਮਵਰ ਵਿੱਦਿਅਕ ਸੰਸਥਾ ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਦੇ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ, ਸਾਗਰਜੀਤ ਸਿੰਘ ਖੀਪਲ (ਡਾਇਰੈਕਟਰ) ਨੇ ਵਿਦਿਆਰਥੀਆ, ਸਟਾਫ਼ ਅਤੇ ਦੇਸ਼ਾ-ਵਿਦੇਸ਼ਾ ਵਿੱਚ ਵਸਦੇ ਪੰਜਾਬੀਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਭਾਰਤ ਦੇਸ਼ ਅਲੱਗ-ਅਲੱਗ ਭਾਸ਼ਾਵਾ, ਸੰਸਕ੍ਰਿਤੀ, ਸੱਭਿਆਚਾਰ, ਧਰਮਾਂ ਵਾਲਾ ਦੇਸ਼ ਹੈ। ਹਰੇਕ ਖਿੱਤੇ 'ਚ ਵੱਖ-ਵੱਖ ਵਿਸ਼ੇਸ ਦਿਨਾਂ ਤੇ ਤਿਉਹਾਰ, ਮੇਲੇ ਮਨਾਏ ਜਾਂਦੇ ਹਨ। ਇਸੇ ਤਰ੍ਹਾਂ ਖੇਤੀ ਪ੍ਰਧਾਨ ਸੂਬਿਆ ਵਿੱਚ ਕਣਕ ਦੀ ਫਸਲ ਪੱਕਣ ਅਤੇ ਵਢਾਈ ਸ਼ੁਰੂ ਹੋਣ 'ਤੇ ਵਿਸਾਖੀ ਦਾ ਤਿਉਹਾਰ ਪੂਰੇ ਜੋਸ਼, ਉਤਸ਼ਾਹ ਨਾਲ ਮਨਾਇਆ ਜਾਂਦਾ ਹੈ, ਪੰਜਾਬ ਸੂਬੇ ਲਈ ਵਿਸਾਖੀ ਦਾ ਤਿਉਹਾਰ ਵਿਸ਼ੇਸ ਸਥਾਨ ਰੱਖਦਾ ਹੈ, ਕਿਉਂਕਿ ਖੇਤੀ ਪ੍ਰਧਾਨ ਪੰਜਾਬ ਸੂਬੇ ਵਿੱਚ ਕਣਕ ਦੀ ਫਸਲ ਪੱਕਣ ਦੀ ਖੁਸ਼ੀ ਵਿੱਚ ਮਨਾਇਆ ਜਾਣ ਵਾਲਾ ਵਿਸਾਖੀ ਦਾ ਤਿਉਹਾਰ ਸਿੱਖ ਇਤਿਹਾਸ ਨਾਲ ਵੀ ਗਹਿਰਾ ਸਬੰਧ ਰੱਖਦਾ ਹੈ, ਸਿੱਖ ਇਤਿਹਾਸ ਵਿੱਚ ਇਸ ਦਿਨ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ ਸਿੱਖ ਕੌਮ ਨੂੰ ਖਾਲਸੇ ਦਾ ਰੂਪ ਪ੍ਰਦਾਨ ਕੀਤਾ ਸੀ। ਲੋਕ ਗੁਰੂ ਘਰਾਂ ਵਿੱਚ ਨਮਸਤਕ ਹੋ ਕੇ ਪ੍ਰਮਾਤਮਾ ਦਾ ਚੰਗੀ ਫਸਲ, ਸਰਬੱਤ ਦੇ ਭਲੇ ਲਈ ਸ਼ੁਕਰਾਨਾਂ ਅਦਾ ਕਰਦੇ ਹਨ ਅਤੇ ਪੱਕੀ ਕਣਕ ਦੀ ਫਸਲ ਦੀ ਵਢਾਈ ਸ਼ੁਰੂ ਕਰਦੇ ਹਨ। ਵਿਸਾਖੀ ਦੇ ਤਿਉਹਾਰ 'ਤੇ ਅੱਜ ਸੰਸਥਾ ਵਿੱਚ ਬੱਚਿਆਂ ਨੇ ਵੱਖ-ਵੱਖ ਸੱਭਿਆਚਾਰਕ ਵੰਨਗੀਆਂ ਜਿਵੇਂ ਲੋਕ ਗੀਤ, ਲੋਕ ਬੋਲੀਆਂ, ਕੋਰਿਓਗਰਾਫੀ ਪੇਸ਼ ਕਰਕੇ ਵਿਸਾਖੀ ਦਾ ਤਿਉਹਾਰ ਪੂਰੇ ਜੋਸ਼, ਉਤਸ਼ਾਹ ਨਾਲ ਮਨਾਇਆ। ਅਧਿਆਪਕ ਸਾਹਿਬਾਨ ਨੇ ਬੱਚਿਆਂ ਨੂੰ ਇਤਿਹਾਸਿਕ ਪੱਖ 'ਤੇ ਰੌਸ਼ਨੀ ਪਾਉਂਦਿਆ ਦੱਸਿਆ ਕਿ ਵਿਸਾਖੀ ਵਾਲੇ ਦਿਨ ਹੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਜੱਲ੍ਹਿਆਂ ਵਾਲੇ ਬਾਗ 'ਚ ਸ਼ਾਤੀਪੂਰਵਕ ਪ੍ਰਦਰਸ਼ਨ ਕਰ ਰਹੇ ਲੋਕਾਂ ਉੱਪਰ ਅੰਗ੍ਰੇਜ਼ ਅਫ਼ਸਰ ਨੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਸੈਂਕੜੇ ਲੋਕਾਂ ਨੂੰ ਮੌਤ ਦੇ ਘਾਟ ਉਤਾਰਿਆਂ ਅਤੇ ਹਜ਼ਾਰਾਂ ਲੋਕਾਂ ਨੂੰ ਜ਼ਖਮੀ ਕਰ ਦਿੱਤਾ ਸੀ।ਇਹ ਘਟਨਾ ਦੁਨੀਆਂ ਦੇ ਇਤਿਹਾਸ ਵਿੱਚ ਸਭ ਤੋਂ ਘਿਨੌਣੀ ਘਟਨਾਂ ਦੇ ਰੂਪ ਵਿੱਚ ਦਰਜ਼ ਕੀਤੀ ਗਈ ਸੀ। ਪ੍ਰੋਗਰਾਮ ਦੇ ਅੰਤ ਵਿੱਚ ਬੱਚਿਆਂ ਨੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਮਲਵਈ ਗਿੱਧਾ ਅਤੇ ਛੋਟੀਆਂ ਬੱਚੀਆਂ ਨੇ ਗਿੱਧਾ ਪੇਸ਼ ਕਰਕੇ ਵਾਹ-ਵਾਹ ਖੱਟੀ। ਮਲਵਈ ਗਿੱਧੇ ਵਿੱਚ ਬੱਚਿਆਂ ਨੇ ਪੁਰਾਤਨ ਸਮੇਂ ਵਿੱਚ ਫਸਲ ਪੱਕਣ ਅਤੇ ਵਾਢੀ ਸ਼ੁਰੂ ਕਰਨ 'ਤੇ ਪਾਈਆ ਜਾਂਦੀਆਂ ਲੋਕ ਬੋਲੀਆਂ ਅਤੇ ਲੋਕ ਗੀਤ ਵੀ ਗਾਏ, ਬੱਚਿਆਂ ਦੇ ਵਿਸ਼ੇਸ ਤੌਰ 'ਤੇ ਭਾਸ਼ਣ ਅਤੇ ਲੇਖ ਮੁਕਾਬਲੇ ਕਰਵਾਏ ਗਏ ਅਤੇ ਬੱਚਿਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਸਭਨਾਂ ਨੂੰ ਖੁਸ਼ੀ ਅਤੇ ਏਕਤਾ ਦਾ ਸੰਦੇਸ਼ ਦਿੱਤਾ। ਸੰਸਥਾ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ, ਸਾਗਰਜੀਤ ਸਿੰਘ ਖੀਪਲ (ਡਾਇਰੈਕਟਰ) ਨੇ ਕਿਹਾ ਕਿ ਪੁਰਾਣੇ ਸਮੇਂ ਵਿੱਚ ਮਨਾਏ ਜਾਂਦੇ ਤਿਉਹਾਰਾਂ ਦੀ ਖੁਸ਼ੀ ਸਾਂਝੀ ਕਰਨ, ਤਿਉਹਾਰਾਂ ਨੂੰ ਮਨਾਉਣ, ਬੱਚਿਆਂ ਨੂੰ ਪੁਰਾਤਨ ਸੱਭਿਆਚਾਰ, ਵਿਰਸੇ ਨਾਲ ਜੋੜਨ ਅਤੇ ਇਤਿਹਾਸ ਬਾਰੇ ਜਾਣਕਾਰੀ ਦੇਣ ਲਈ ਹੀ ਸਕੂਲ ਵੱਲੋਂ ਅਜਿਹੇ ਪ੍ਰੋਗਰਾਮ ਕਰਵਾਏ ਜਾਂਦੇ ਹਨ ਤਾਂ ਜੋ ਬੱਚੇ ਆਪਣੇ ਪੁਰਾਤਨ ਅਮੀਰ ਵਿਰਸੇ, ਸੱਭਿਆਚਾਰ, ਪਹਿਰਾਵੇ, ਮੇਲਿਆਂ ਨੂੰ ਭੁੱਲ ਨਾ ਸਕਣ।

# ਐਸ.ਬੀ.ਐਸ. ਪਬਲਿਕ ਸਕੂਲ ਦਾ 8ਵੀਂ ਜਮਾਤ ਦਾ ਨਤੀਜਾ 100 ਫ਼ੀਸਦੀ ਰਿਹਾ




ਬਰਨਾਲਾ, 14 ਅਪ੍ਰੈਲ (ਹਮੀਰ ਸਿੰਘ) : ਐਸਬੀਐਸ ਪਬਲਿਕ ਸਕੂਲ ਬਰਨਾਲਾ ਨੇ 8ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ 100% ਨਤੀਜੇ ਪ੍ਰਾਪਤ ਕਰਕੇ ਇੱਕ ਵਾਰ ਫਿਰ ਆਪਣੀ ਅਕਾਦਮਿਕ ਉੱਤਮਤਾ ਸਾਬਤ ਕੀਤੀ ਹੈ। ਸਕੂਲ ਭਾਈਚਾਰੇ ਨੂੰ ਆਪਣੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਸਮਰਪਣ 'ਤੇ ਮਾਣ ਹੈ। 95% ਅੰਕ ਪ੍ਰਾਪਤ ਕਰਨ ਵਾਲੀ ਰੇਖਾ ਕੁਮਾਰੀ ਨੇ ਵਿਗਿਆਨ ਵਿੱਚ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ ਅਤੇ ਸਾਰੇ ਵਿਸ਼ਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਸਦੀ ਪ੍ਰਾਪਤੀ ਉਸਦੀ ਸਖ਼ਤ ਮਿਹਨਤ ਅਤੇ ਮਜ਼ਬੂਤ ਅਕਾਦਮਿਕ ਮਾਰਗਦਰਸ਼ਨ ਨੂੰ ਦਰਸਾਉਂਦੀ ਹੈ। ਖੁਸ਼ਪ੍ਰੀਤ ਕੌਰ ਨੂੰ ਦੂਜਾ ਸਥਾਨ ਮਿਲਿਆ, ਜਿਸਨੇ 92% ਅੰਕ ਪ੍ਰਾਪਤ ਕੀਤੇ, ਪੜ੍ਹਾਈ ਪ੍ਰਤੀ ਆਪਣੀ ਨਿਰੰਤਰ ਸਮਰਪਣ ਅਤੇ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ। ਤੀਜਾ ਸਥਾਨ ਸਰਸਵਤੀ ਕੁਮਾਰੀ ਨੂੰ ਮਿਲਿਆ, ਜਿਸਨੇ 86% ਅੰਕ ਪ੍ਰਾਪਤ ਕੀਤੇ, ਜਿਸ ਨਾਲ ਸਕੂਲ ਦੇ ਪ੍ਰਭਾਵਸ਼ਾਲੀ ਨਤੀਜਿਆਂ ਵਿੱਚ ਹੋਰ ਵਾਧਾ ਹੋਇਆ। ਸਕੂਲ ਪ੍ਰਬੰਧਨ ਅਤੇ ਅਧਿਆਪਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ ਹੈ ਅਤੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਨੇ ਇਸ ਸਫਲਤਾ ਦਾ ਸਿਹਰਾ ਮਾਪਿਆਂ ਦੇ ਨਿਰੰਤਰ ਸਮਰਥਨ ਅਤੇ ਅਧਿਆਪਨ ਸਟਾਫ ਦੇ ਸਮਰਪਣ ਨੂੰ ਵੀ ਦਿੱਤਾ। ਇਹ ਸ਼ਾਨਦਾਰ ਪ੍ਰਾਪਤੀ ਐਸਬੀਐਸ ਪਬਲਿਕ ਸਕੂਲ ਬਰਨਾਲਾ ਦੀ ਆਪਣੇ ਵਿਦਿਆਰਥੀਆਂ ਲਈ ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਇੱਕ ਉੱਜਵਲ ਭਵਿੱਖ ਬਣਾਉਣ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ।



# ਪਟਿਆਲਾ-ਆਸ/ਪਾਸ



## ਮਲੇਰਕੋਟਲਾ ਸਾਈਬਰ ਕ੍ਰਾਈਮ ਟੀਮ ਨੇ 67 ਗੁੰਮੇ ਹੋਏ ਮੋਬਾਈਲ ਫੋਨ ਅਸਲੀ ਮਾਲਕਾਂ ਨੂੰ ਸਪੁਰਦ ਕੀਤੇ

**➢ਸਾਈਬਰ ਅਪਰਾਧ ਹੋਣ 'ਤੇ ਹੈਲਪਲਾਈਨ ਨੰਬਰ 1930 'ਤੇ ਕੀਤਾ ਜਾਵੇ ਸੰਪਰਕ : ਗਗਨ ਅਜੀਤ ਸਿੰਘ**

ਮਲੇਰਕੋਟਲਾ, 14 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਐੱਸ.ਪੀ (ਸਥਾਨਕ) ਗੁਰਸ਼ਰਨਜੀਤ ਸਿੰਘ ਅਤੇ ਡੀ.ਐੱਸ.ਪੀ (ਸਥਾਨਕ-ਕਮ-ਸਾਈਬਰ ਕਰਾਈਮ) ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਮਨਜੋਤ ਸਿੰਘ ਦੀ ਸਾਈਬਰ ਕਰਾਈਮ ਟੀਮ ਵੱਲੋਂ ਸਾਈਬਰ ਅਪਰਾਧਾਂ ਵਿਰੁੱਧ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਸੀਨੀਅਰ ਕਪਤਾਨ ਪੁਲਿਸ ਨੇ ਦੱਸਿਆ ਕਿ ਸਾਈਬਰ ਕਰਾਈਮ ਟੀਮ ਵੱਲੋਂ ਕੇਂਦਰੀ ਉਪਕਰਣ ਪਹਿਚਾਣ ਰਜਿਸਟਰ (ਸੀ.ਈ.ਆਈ.ਆਰ.) ਪੋਰਟਲ ਰਾਹੀਂ ਟ੍ਰੇਸ ਕਰਦੇ ਹੋਏ ਵਿਸਾਖੀ ਦੇ ਸ਼ੁਭ ਦਿਹਾੜੇ ਦੇ ਮੌਕੇ 67 ਗੁੰਮ ਹੋਏ ਮੋਬਾਈਲ ਫੋਨ ਅਸਲੀ ਮਾਲਕਾਂ ਨੂੰ ਵਾਪਸ ਕੀਤੇ ਗਏ ਹਨ। ਇਹਨਾਂ ਮੋਬਾਈਲ ਫੋਨਾਂ ਦੀ ਕੁੱਲ ਕੀਮਤ ਲਗਭਗ 8,71,500 ਰੁਪਏ ਹੈ। ਇਸ ਤੋਂ ਇਲਾਵਾ, ਹੁਣ ਤੱਕ ਸੀ.ਈ.ਆਈ.ਆਰ. ਪੋਰਟਲ ਰਾਹੀਂ ਕੁੱਲ



317 ਗੁੰਮ ਹੋਏ ਮੋਬਾਈਲ ਫੋਨ ਅਸਲੀ ਮਾਲਕਾਂ ਨੂੰ ਸੌਂਪੇ ਜਾ ਚੁੱਕੇ ਹਨ, ਜਿਨ੍ਹਾਂ ਦੀ ਕੁੱਲ ਕੀਮਤ ਕਰੀਬ 46,07,500 ਰੁਪਏ ਬਣਦੀ ਹੈ। ਸੀਨੀਅਰ ਕਪਤਾਨ ਪੁਲਿਸ ਵੱਲੋਂ ਸੀ.ਈ.ਆਈ.ਆਰ. ਪੋਰਟਲ ਬਾਰੇ ਜਾਣਕਾਰੀ ਦਿੱਤੀ ਗਈ। ਅਗਰ ਕਿਸੇ ਵਿਅਕਤੀ ਦਾ ਮੋਬਾਇਲ ਗੁੰਮ ਹੁੰਦਾ ਹੈ ਤਾਂ ਉਸਦੀ ਸ਼ਿਕਾਇਤ ਨੇੜਲੇ ਥਾਣਾ ਵਿੱਚ ਦਰਜ ਕਰਵਾਕੇ ਉਸਦੀ ਸੂਚਨਾ ਜਿਲ੍ਹਾ ਮਾਲੇਰਕੋਟਲਾ ਦੇ ਸਾਈਬਰ ਪੁਲਿਸ ਸਟੇਸ਼ਨ ਵਿੱਚ ਦਰਜ ਕਰਵਾ ਕੇ ਅਗਰ ਮੋਬਾਇਲ ਫ਼ੋਨ ਚੱਲਦਾ ਹੈ ਤਾਂ ਉਸ ਨੂੰ ਟਰੇਸ ਕਰਵਾ ਸਕਦੇ ਹੋ ਇਸਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਵੱਧ ਰਹੇ ਸਾਈਬਰ ਅਪਰਾਧਾਂ ਨੂੰ ਰੋਕਣ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਸਾਈਬਰ ਜਾਗਰੂਕਤਾ ਸੈਮੀਨਾਰ ਨਿਰੰਤਰ ਕਰਵਾਏ ਜਾ ਰਹੇ ਹਨ। ਇਸ ਤੋਂ ਇਲਾਵਾ ਜਨਤਕ ਸਥਾਨਾਂ 'ਤੇ ਫਲੈਕਸ ਬੋਰਡ ਅਤੇ ਇਸ਼ਤਿਹਾਰਾਂ ਰਾਹੀਂ ਵੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨਾਲ ਸਾਈਬਰ ਠੱਗੀ ਦੀ ਘਟਨਾ ਵਾਪਰਦੀ ਹੈ ਤਾਂ ਤੁਰੰਤ ਹੈਲਪਲਾਈਨ ਨੰਬਰ 1930 'ਤੇ ਸੰਪਰਕ ਕੀਤਾ ਜਾਵੇ ਜਾਂ ਸਾਈਬਰ ਕ੍ਰਾਈਮ ਦੀ ਵੈੱਬਸਾਈਟ www.cybercrime.gov.in 'ਤੇ ਆਪਣੀ ਸ਼ਿਕਾਇਤ ਦਰਜ ਕਰਵਾਈ ਜਾਵੇ, ਤਾਂ ਜੋ ਠੱਗੀ ਹੋਈ ਰਕਮ ਦੀ ਵਾਪਸੀ ਲਈ ਤੁਰੰਤ ਕਾਰਵਾਈ ਕੀਤੀ ਜਾ ਸਕੇ।

## ਪਟਿਆਲਾ ਤੋਂ ਅੰਮ੍ਰਿਤਸਰ ਲਈ ਰੇਲਵੇ ਦੇ ਟਾਈਮ ਵਧਾਏ ਜਾਣ ਦੀ ਜਥੇਦਾਰ ਬਘੌਰਾ ਵੱਲੋਂ ਮੰਗ

ਪਟਿਆਲਾ, 14 ਅਪ੍ਰੈਲ (ਚ.ਨ.ਸ.) : ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰੈੱਸ ਸਕੱਤਰ ਸ਼੍ਰੋਮਣੀ ਅਕਾਲੀ ਦਲ ਨੇ ਕੇਂਦਰ ਸਰਕਾਰ ਅਤੇ ਰੇਲਵੇ ਵਿਭਾਗ ਤੋਂ ਮੰਗ ਕੀਤੀ ਹੈ ਕਿ ਜ਼ਿਲ੍ਹਾ ਪਟਿਆਲਾ ਜੋ ਕਿ ਇੱਕ ਸ਼ਾਹੀ ਸ਼ਹਿਰ ਹੈ ਤੇ ਘੱਟੋ-ਘੱਟ ਪੰਜਾਬ ਦੇ ਪੰਜ ਤੋਂ ਸੱਤ ਇੱਥੇ ਹੈਡ ਆਫਿਸ ਹਨ, ਪ੍ਰੰਤੂ ਪਟਿਆਲਾ ਨਾਲ ਲੱਗਦੇ ਵੱਖ-ਵੱਖ ਪਿੰਡ 'ਚ ਜਿਵੇਂ ਕਿ ਸਨੌਰ ਹਲਕਾ ਘਨੌਰ ਹਲਕਾ ਸ਼ੁਤਰਾਣਾ ਹਲਕਾ ਸਮਾਣਾ ਹਲਕਾ ਇਹਨਾਂ ਦੇ ਪਿੰਡਾਂ ਵਾਸਤੇ ਦਰਬਾਰ ਸਾਹਿਬ ਅੰਮ੍ਰਿਤਸਰ ਜਾਣ ਵਾਸਤੇ ਸਿਰਫ ਤੇ ਸਿਰਫ ਇੱਕੋ ਟ੍ਰੇਨ ਹੈ, ਜਦੋਂ ਕਿ ਕੇਂਦਰ ਸਰਕਾਰ ਤੋਂ ਥਰੂ ਮੈਂਬਰ ਪਾਰਲੀਮੈਂਟ ਬਠਿੰਡਾ ਬੀਬਾ ਹਰਸਿਮਰਤ ਕੌਰ ਬਾਦਲ ਅਤੇ ਡਾ. ਧਰਮਵੀਰ ਗਾਂਧੀ ਦੇ ਰਾਹੀਂ ਅਸੀਂ ਮੰਗ ਪੱਤਰ ਵੀ ਦਿੱਤਾ ਗਿਆ ਹੈ ਕਿ ਰਾਜਪੁਰੇ ਨੂੰ ਕੁਝ ਟਾਈਮ ਅੰਮ੍ਰਿਤਸਰ ਜਾਣ ਵਾਲੇ ਵਾਇਆ ਪਟਿਆਲਾ ਕੀਤੇ ਜਾਣ ਇਸ ਤੋਂ ਉਪਰੰਤ ਜੋ ਬੰਦੇ ਭਾਰਤ ਟ੍ਰੇਨ ਫਿਰੋਜ਼ਪੁਰ ਤੋਂ ਦਿੱਲੀ ਚਲਾਈ ਗਈ ਹੈ ਇਸ ਨੂੰ ਅੰਮ੍ਰਿਤਸਰ ਪਹੁੰਚਾਇਆ ਜਾਵੇ ਅਤੇ ਸੰਗਤਾਂ ਨੂੰ ਜਿਹੜਾ ਕਿ ਦਰਬਾਰ ਸਾਹਿਬ ਦੇ ਦਰਸ਼ਨ ਕਰਨ ਦਾ ਸੁਖਾਲਾ ਹੋ ਸਕੇ । ਫਿਰੋਜ਼ਪੁਰ ਤੋਂ ਅੰਮ੍ਰਿਤਸਰ ਸਾਹਿਬ ਵਿਖੇ ਸੰਗਤਾਂ ਦੀ ਮੰਗ ਹੈ ਇਸ ਟ੍ਰੇਨ ਨੂੰ ਫਿਰੋਜ਼ਪੁਰ ਤੋਂ ਅੰਮ੍ਰਿਤਸਰ ਵਿਖੇ ਪਹੁੰਚਾਇਆ ਜਾਵੇ। ਅਖੀਰ ਵਿੱਚ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕਿ ਜੋ ਪੁਰਾਣੇ ਰੈਕ ਚਲਦੇ ਹਨ ਉਨ੍ਹਾਂ ਨੂੰ ਨਵੇਂ ਵੰਦੇ ਭਾਰਤ ਦੀ ਤਰਜ਼ 'ਤੇ ਬਣਾਇਆ ਜਾਵੇ ਅਤੇ ਜੋ ਰੇਲਵੇ ਵਿਭਾਗ ਵੱਲੋਂ ਯਾਤਰੂਆਂ ਨੂੰ ਏ.ਸੀ. ਕੋਚਾਂ ਵਿੱਚ ਬੈਡ ਸੀਟਾਂ ਦਿੱਤੀਆਂ ਜਾਂਦੀਆਂ ਹਨ ਉਨ੍ਹਾਂ ਨੂੰ ਫਰੈਸ਼ ਚਾਦਰਾਂ ਦਿੱਤੀਆਂ ਜਾਣ। ਇਸ ਤੋਂ ਇਲਾਵਾ ਅਕਾਲ ਤਖ਼ਤ ਐਕਸਪ੍ਰੈਸ ਟ੍ਰੇਨ ਜੋ ਅੰਮ੍ਰਿਤਸਰ ਤੋਂ ਚਲ ਕੇ ਪਟਨਾ ਸਾਹਿਬ ਨੂੰ ਜਾਂਦੀ ਹੈ ਉਸ ਨੂੰ ਵਾਇਆ ਪਟਿਆਲਾ ਕੀਤਾ ਜਾਵੇ



## ਡਾ. ਭੀਮ ਰਾਓ ਅੰਬੇਡਕਰ ਦੇ 136ਵੇਂ ਜਨਮ ਦਿਨ ਮੌਕੇ ਬਾਬਾ ਸਾਹਿਬ ਨੂੰ ਯਾਦ ਕੀਤਾ

**➢ਏ.ਡੀ.ਸੀ. ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਾ. ਅੰਬੇਡਕਰ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ**



ਪਟਿਆਲਾ, 14 ਅਪ੍ਰੈਲ (ਰੁਪਾਣਾ/ਵਿਨੋਦ ਸ਼ਰਮਾ) : ਭਾਰਤੀ ਸੰਵਿਧਾਨ ਦੇ ਨਿਰਮਾਤਾ, ਭਾਰਤ ਰਤਨਡਾ. ਭੀਮ ਰਾਓ ਅੰਬੇਡਕਰ ਦੇ ਅੱਜ 136ਵੇਂ ਜਨਮ ਦਿਵਸ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜ) ਸਿਮਰਪ੍ਰੀਤ ਕੌਰ ਦੀ ਅਗਵਾਈ ਹੇਠ ਕਰਵਾਏ ਸਮਾਗਮ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਾ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਕੁਲਵਿੰਦਰ ਕੌਰ, ਤਹਿਸੀਲ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਜਗਦੀਪ ਸ਼ਰਮਾ ਅਤੇ ਸਵਰਨ ਸਿੰਘ ਸਮੇਤ ਡਿਪਟੀ ਕਮਿਸ਼ਨਰ ਦਫ਼ਤਰ ਤੇ ਸਮਾਜਿਕ ਨਿਆਂ ਦਫ਼ਤਰ ਦਾ ਅਮਲਾ ਵੀ ਮੌਜੂਦ ਰਿਹਾ। ਸਿਮਰਪ੍ਰੀਤ ਕੌਰ ਨੇ ਕਿਹਾ ਕਿ ਡਾ. ਅੰਬੇਡਕਰ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਣ ਸਮੇਤ ਆਧੁਨਿਕ ਭਾਰਤ, ਭਾਰਤੀ ਸਮਾਜ ਅਤੇ ਖਾਸ ਕਰਕੇ ਮਹਿਲਾਵਾਂ ਸਮੇਤ ਸਮਾਜ ਦੇ ਪੱਛੜੇ ਤੇ ਦੱਬੇ-ਕੁਚਲੇ ਲੋਕਾਂ ਦੇ ਵਿਕਾਸ 'ਚ ਪਾਏ ਅਹਿਮ ਯੋਗਦਾਨ ਨੂੰ ਸਦਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਡਾ. ਅੰਬੇਡਕਰ ਦੇ ਪਾਏ ਪੂਰਨਿਆਂ 'ਤੇ ਚਲਦੇ ਹੋਏ ਸਮਾਜ ਦੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਨੇ ਸਭ ਦੇਸ਼ਾਂ ਤੋਂ ਵਿਲੱਖਣ ਤੇ ਸਮਾਨਤਾ ਦੇਣ ਵਾਲਾ ਸੰਵਿਧਾਨ ਬਣਾਇਆ, ਜਿਸ ਦੀ ਸਹੁੰ ਅਸੀਂ ਖਾਧੀ ਹੈ, ਸਾਨੂੰ ਇਸ 'ਤੇ ਚਲਦੇ ਹੋਏ ਲੋਕਾਂ ਦੀ ਭਲਾਈ ਤੇ ਇੱਕ ਸਮਾਨ ਅਧਿਕਾਰਾਂ ਦੇ ਨਿਯਮਾਂ ਦਾ ਪਾਲਣ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਸਮੁਚੇ ਦੇਸ ਵਾਸੀਆਂ ਲਈ ਇੱਕ ਚਾਨਣ ਮੁਨਾਰਾ ਵੀ ਸਨ, ਇਸ ਲਈ ਸਾਨੂੰ ਚਾਹੀਦਾ ਹੈ ਕਿ ਅਸੀਂ ਉਨ੍ਹਾਂ ਦੇ ਜੀਵਨ ਤੋਂ ਸੇਧ ਲੈ ਕੇ ਉਨ੍ਹਾਂ ਦੇ ਸੰਦੇਸ਼ਾਂ 'ਤੇ ਅਮਲ ਕਰੀਏ।

## ਪੀਪੀਐਸ ਨਾਭਾ ਵਿਖੇ ਵਿਸਾਖੀ ਦੀਆਂ ਰੌਣਕਾਂ



ਨਾਭਾ, 14 ਅਪ੍ਰੈਲ (ਬਲਜਿੰਦਰ ਮਾਨ) : ਪੀਪੀਐਸ ਵਿਖੇ ਵਿਸਾਖੀ ਸਮਾਰੋਹ ਦਾ ਆਯੋਜਨ ਕੀਤਾ ਗਿਆ ਇਸ ਮੌਕੇ ਸਕੂਲ ਹੈਡਮਾਸਟਰ ਡਾ. ਡੀਸੀ ਸ਼ਰਮਾ ਨੇ ਇਸ ਸਮਾਰੋਹ ਦਾ ਉਦਘਾਟਨ ਕੀਤਾ। ਵਿਸਾਖੀ ਮੇਲੇ ਦੌਰਾਨ ਵਿਦਿਆਰਥੀਆਂ ਦੇ ਪਸੰਦੀਦਾ ਵੱਖ-ਵੱਖ ਖੇਡਾਂ ਅਤੇ ਖਾਣ-ਪੀਣ ਦੀਆਂ ਚੀਜ਼ਾਂ ਦੇ ਸਟਾਲ ਲਗਾਏ ਗਏ ਸਨ। ਮੁੰਡਿਆਂ ਅਤੇ ਕੁੜੀਆਂ ਨੇ ਸਾਫਟ ਡਰਿੰਕ ਦੀਆਂ ਬੋਤਲਾਂ ਫੜਨ, ਗੋਲਫ ਪੁਟਿੰਗ, ਗੋਲ ਸਕੋਰਿੰਗ (ਫੁੱਟਬਾਲ), ਗੇਂਦਬਾਜ਼ੀ ਲਈ ਇੱਕ ਸਟੰਪ, ਹਾਕੀ ਸਕੂਪ, ਜੈਬਰਵੌਕੀ, ਸਿੱਕਾ ਬਾਲਟੀ, ਹੂਪਲਾ (ਰਿੰਗ ਅਤੇ ਕੈਰੀ), ਕਾਰ ਰੇਸ/ਡਾਇਸ ਗੇਮ, ਐਜਿਲਿਟੀ ਲੈਡਰ ਟਵਿਸਟ, ਕੈਨ ਟੌਪਲਿੰਗ, ਬਾਸਕਟਬਾਲ ਥਰੂ ਏ ਟਾਇਰ, ਡਾਰਟ ਸ਼ੂਟਿੰਗ, ਘੋੜ ਸਵਾਰੀ ਅਤੇ ਜੂਕ ਬਾਕਸ ਦਾ ਆਨੰਦ ਮਾਣਿਆ। ਤੰਬੋਲਾ ਖੇਡ ਨੇ ਵਿਦਿਆਰਥੀਆਂ ਦੇ ਉਤਸ਼ਾਹ ਵਿੱਚ ਹੋਰ ਵਾਧਾ ਕੀਤਾ। ਆਰਟ, ਫੋਟੋਗ੍ਰਾਫੀ, ਭੂਗੋਲ, ਆਈਟੀ ਅਤੇ ਰੋਬੋਟਿਕਸ, ਗਣਿਤ, ਰਸਾਇਣ ਵਿਗਿਆਨ, ਭੌਤਿਕ ਵਿਗਿਆਨ, ਜੀਵ ਵਿਗਿਆਨ, ਇਤਿਹਾਸ, ਸੰਗੀਤ ਅਤੇ ਬੈਂਡ ਵਿਭਾਗਾਂ ਨੇ ਪ੍ਰਦਰਸ਼ਨੀਆਂ ਵੀ ਲਗਾਈਆਂ। ਸਮਾਰੋਹ ਤੋਂ ਪਹਿਲਾਂ ਆਯੋਜਿਤ ਇੱਕ ਵਿਸ਼ੇਸ਼ ਸਭਾ ਵਿੱਚ, ਵਿਦਿਆਰਥੀਆਂ ਨੇ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਵਿੱਚ ਇਸ ਦਿਨ ਦੀ ਮਹੱਤਤਾ ਨੂੰ ਉਜਾਗਰ ਕੀਤਾ। ਸਕੂਲ ਵਿਦਿਆਰਥੀਆਂ ਨੇ ਭਗਤੀ ਗੀਤ ਪੇਸ਼ ਕੀਤੇ। ਇਸ ਸਮਾਗਮ ਵਿੱਚ ਬਰਸਰ ਡਾ. ਅੰਕੁਰ ਸੈਮੂਅਲ ਬਿਰਕੇਟ, ਓਡੀਐਚਐਮ ਸ਼੍ਰੀਮਤੀ ਰਵਿੰਦਰ ਕੌਰ ਅਤੇ ਫੈਕਲਟੀ ਦੇ ਬਾਕੀ ਮੈਂਬਰ ਸ਼ਾਮਲ ਹੋਏ।

## ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਨਾ ਖਰੀਦਣ ਲਈ ਵਚਨਬੱਧ : ਬਰਸਟ

**➢ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਖ਼ਰੀਦ ਕੇਂਦਰ ਗੱਜੂਮਾਜਰਾ ਦਾ ਕੀਤਾ ਦੌਰਾ**

ਸਮਾਣਾ, 14 ਅਪ੍ਰੈਲ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ/ਜਵੰਦਾ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਖਰੀਦ ਕੇਂਦਰ, ਗੱਜੂਮਾਜਰਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਕਣਕ ਦੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ ਅਤੇ ਮੌਜੂਦ ਲੋਕਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਹਾੜੀ ਸੀਜ਼ਨ ਦੇ ਮੱਦੇਨਜ਼ਰ ਮੰਡੀ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕੀਤੀ। ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀ ਸਮੂਹ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਪ੍ਰਕ੍ਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਪੰਜਾਬ ਸਰਕਾਰ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਲਿਆਂਦੀ ਗਈ ਕਣਕ ਦੇ



ਇੱਕ-ਇੱਕ ਦਾਣੇ ਦੀ ਖਰੀਦ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਪੰਜਾਬ ਮੰਡੀ ਬੋਰਡ ਵੱਲੋਂ ਕਣਕ ਦੀ ਸਰਕਾਰੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸ ਮੌਕੇ ਹਰਭਿੰਦਰ ਸਿੰਘ ਰਾਠੀ, ਨਰਿੰਦਰ ਸਿੰਘ ਸਰਪੰਚ ਬਰਸਟ, ਗਿੰਨੀ ਖੰਗੂੜਾ, ਜੱਸੀ ਫਤਿਹਪੁਰ, ਅਵਤਾਰ ਸਿੰਘ ਸਰਪੰਚ, ਜਰਨੈਲ ਸਿੰਘ ਸਰਪੰਚ ਕੂਕਾ, ਜਸਪਾਲ ਸੈਂਸਰਵਾਲ ਸਾਬਕਾ ਸਰਪੰਚ, ਲੱਖੀ ਸੈਂਸਰਵਾਲ, ਪ੍ਰਤਾਪ ਸਿੰਘ ਸਾਬਕਾ ਸਰਪੰਚ ਗੱਜੂਮਾਜਰਾ, ਓਂਕਾਰ ਫੌਜੀ, ਮੋਦੀ ਸਿੰਘ, ਦਵਿੰਦਰ ਸਿੰਘ, ਗੋਲਡੀ ਭੋਲਾ, ਕੁਲਬੀਰ ਸਿੰਘ, ਭੂਪ ਚੰਦ ਗੱਜੂਮਾਜਰਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਕਾਰਜਕਾਰੀ ਇੰਜੀਨੀਅਰ ਅੰਮ੍ਰਿਤਪਾਲ ਸਿੰਘ, ਐਸਡੀਓ ਪੰਕਜ ਮਹਿਰਾ, ਜਤਿੰਦਰ ਸਿੰਘ ਸਕੱਤਰ ਮਾਰਕਿਟ ਕਮੇਟੀ ਸਮਾਣਾ, ਕੇਬਲ ਕੁਮਾਰ, ਰਮੇਸ਼ ਕੁਮਾਰ, ਬ੍ਰਿਜ ਮੋਹਨ, ਗੁਰਜਿੰਦਰ ਸਿੰਘ ਰਾਣਾ, ਕੁਲਵੀਰ ਸਿੰਘ ਬੰਟੀ, ਦਲਵੀਰ ਸਿੰਘ, ਹਰਮੇਸ਼ ਸਿੰਘ ਮੈਸੀ, ਹਰਮੇਲ ਸਿੰਘ, ਹਿੰਮਤ ਸਿੰਘ, ਪਵਿੱਤਰ ਸਿੰਘ, ਸੁਖਵਿੰਦਰ ਸਿੰਘ, ਹਰਭਿੰਦਰ ਸਿੰਘ, ਜੀਵਨ ਕੁਮਾਰ, ਗੁਰਚਰਨ ਸਿੰਘ ਜੈਲਦਾਰ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਟਰੇਡਰਜ਼ ਕਮਿਸ਼ਨ ਦੀ ਬੈਠਕ ਮੌਕੇ ਏ.ਡੀ.ਸੀ. ਵੱਲੋਂ 150 ਸ਼ਿਕਾਇਤਾਂ ਦਾ ਨਿਪਟਾਰਾ

ਪਟਿਆਲਾ, 14 ਅਪ੍ਰੈਲ (ਰੁਪਾਣਾ) : ਪਟਿਆਲਾ ਜ਼ਿਲ੍ਹੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਏ.ਡੀ.ਸੀ. (ਜ) ਸਿਮਰਪ੍ਰੀਤ ਕੌਰ ਦੀ ਅਗਵਾਈ ਹੇਠ ਹੋਈ ਉਚ ਪੱਧਰੀ ਬੈਠਕ ਮੌਕੇ 150 ਸ਼ਿਕਾਇਤਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ। ਇਸ ਬੈਠਕ ਮੌਕੇ ਪੰਜਾਬ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਸੰਜੀਵ ਗੁਪਤਾ, ਪਟਿਆਲਾ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵਿਨੋਦ ਸਿੰਗਲਾ ਅਤੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਸਮੇਤ ਵਿਧਾਨ ਸਭਾ ਹਲਕਿਆਂ ਦੇ ਟ੍ਰੇਡਰਜ਼ ਕਮਿਸ਼ਨਾਂ ਦੇ ਚੇਅਰਮੈਨ, ਐਸ.ਡੀ.ਐਮਜ਼, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵਪਾਰੀ ਭਾਈਚਾਰੇ ਦੇ ਨੁਮਾਇੰਦੇ ਵੀ ਮੌਜੂਦ ਸਨ। ਏ.ਡੀ.ਸੀ. ਸਿਮਰਪ੍ਰੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਭਰ ਵਿੱਚ ਵਿਧਾਨ



ਸਭਾ ਹਲਕਾ ਵਾਈਜ਼ ਕੀਤੀਆਂ ਗਈਆਂ ਬੈਠਕਾਂ ਦੌਰਾਨ ਕਰੀਬ 216 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ ਅੱਜ ਮੌਕੇ ਉਤੇ ਹੀ 150 ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ 13 ਸ਼ਿਕਾਇਤਾਂ ਅਜਿਹੀਆਂ ਹਨ, ਜਿਨ੍ਹਾਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ ਤੇ 46 ਸ਼ਿਕਾਇਤਾਂ ਸਬੰਧਤ ਵਿਭਾਗਾਂ ਨੂੰ ਭੇਜੀਆਂ ਗਈਆਂ ਹਨ ਤੇ ਬਾਕੀ ਦਾ ਵੀ ਜਲਦ ਨਿਪਟਾਰਾ ਕਰ ਦਿੱਤਾ ਜਾਵੇਗਾ। ਇਸ ਮੌਕੇ ਆਪ ਦੇ ਸੂਬਾ ਸਕੱਤਰ ਤੇ ਮੈਂਬਰ ਪੰਜਾਬ ਟ੍ਰੇਡਰਜ਼ ਕਮਿਸ਼ਨ ਸੰਜੀਵ ਗੁਪਤਾ, ਚੇਅਰਮੈਨ ਵਿਨੋਦ ਸਿੰਗਲਾ ਅਤੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਹਲਕੇ ਪੱਧਰ 'ਤੇ ਟਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਵਪਾਰੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਨਾਲ ਸਿੱਧਾ ਰਾਬਤਾ ਕਰਨ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ। ਬੈਠਕ ਦੌਰਾਨ ਪਟਿਆਲਾ ਦਿਹਾਤੀ ਹਲਕੇ ਤੋਂ ਚਰਨਜੀਤ ਸਿੰਘ ਐਸ.ਕੇ, ਰਾਜਪੁਰਾ ਤੋਂ ਟਿੰਕੂ ਬਾਂਸਲ, ਪਟਿਆਲਾ ਸ਼ਹਿਰੀ ਤੋਂ ਪੁਨੀਤ ਬੁਧੀਰਾਜਾ, ਸਮਾਣਾ ਤੋਂ ਰਜੇਸ਼ ਛਾਬੜਾ, ਸਨੌਰ ਤੋਂ ਵੇਦ ਪ੍ਰਕਾਸ਼ ਸਮੇਤ ਐਸ.ਪੀ. ਸਿਟੀ ਪਲਵਿੰਦਰ ਸਿੰਘ ਚੀਮਾ, ਸਹਾਇਕ ਕਮਿਸ਼ਨਰ ਰਾਜ ਕਰ ਗੁਰਸਿਮਰ ਕੌਰ, ਸਮੂਹ ਐਸ.ਡੀ.ਐਮਜ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

## ਸਕੂਲ ਆਫ਼ ਐਮੀਨੈਂਸ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ, ਹਰਨਾਜ਼ ਕੌਰ ਦਾ ਮੈਰਿਟ ਸੂਚੀ 'ਚ ਨਾਮ ਦਰਜ

ਭਾਦਸੋਂ, 14 ਅਪ੍ਰੈਲ (ਭਰਪੂਰ ਸਿੰਘ ਮੱਟਰਾਂ): ਪੰਜਾਬ ਸਕੂਲ ਸਿੱਖਿਆ ਬੋਰਡ ਪੰਜਾਬ ਵੱਲੋਂ ਅੱਠਵੀਂ ਜਮਾਤ ਦੇ ਐਲਾਨੇ ਨਤੀਜਿਆਂ ਤਹਿਤ ਸਕੂਲ ਆਫ਼ ਐਮੀਨੈਂਸ, ਭਾਦਸੋਂ ਦਾ ਅੱਠਵੀਂ ਦਾ ਨਤੀਜਾ ਸ਼ਾਨਦਾਰ ਰਿਹਾ। ਜ਼ਿਲ੍ਹਾ ਸਿੱਖਿਆ ਅਫ਼ਸਰ ਸੰਜੀਵ ਸ਼ਰਮਾ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਵਿੰਦਰਪਾਲ ਸ਼ਰਮਾ ਦੀ ਅਗਵਾਈ ਅਤੇ ਪ੍ਰਿੰਸੀਪਲ ਪ੍ਰੀਤਇੰਦਰ ਘਈ ਦੀ ਰਹਿਨੁਮਾਈ ਹੇਠ ਭਾਦਸੋਂ ਸਕੂਲ ਦੀ ਵਿਦਿਆਰਥਣ ਹਰਨਾਜ਼ ਕੌਰ ਪੁੱਤਰੀ ਰਣਬੀਰ ਸਿੰਘ ਪਿੰਡ ਮਟੋਰੜਾ ਨੇ 98.3 ਫੀਸਦੀ ਅੰਕ ਪ੍ਰਾਪਤ ਕਰਕੇ ਮੈਰਿਟ ਵਿੱਚ ਆਪਣਾ ਨਾਮ ਦਰਜ ਕੀਤਾ ਅਤੇ ਸਕੂਲ ਵਿੱਚ 600 ਵਿੱਚੋਂ 584 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਵਿਦਿਆਰਥਣ ਨੇ ਐਸ ਓ ਈ ਦੀ ਪ੍ਰੀਖਿਆ ਵਿੱਚ ਵੀ ਮੈਰਿਟ ਹਾਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਨਵਲੀਨ ਪੁੱਤਰੀ ਜਸਬੀਰ ਸਿੰਘ ਪਿੰਡ ਭਾਦਸੋਂ ਨੇ 600



ਵਿੱਚੋਂ 574 ਅੰਕ 95 ਫ਼ੀਸਦੀ ਪ੍ਰਾਪਤ ਕਰਕੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਸਲੋਨੀ ਪੁੱਤਰੀ ਜੀਵਨ ਕੁਮਾਰ ਪਿੰਡ ਭਾਦਸੋਂ ਨੇ 600 ਵਿੱਚੋਂ 564 94 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਜ਼ਿਲ੍ਹਾ ਸਿੱਖਿਆ ਅਫ਼ਸਰ ਸੰਜੀਵ ਸ਼ਰਮਾ ਨੇ ਬੱਚਿਆਂ ਨੂੰ ਅਗਲੇਰੀ ਪ੍ਰੀਖਿਆ ਦੇ ਲਈ ਹੋਰ ਦ੍ਰਿੜ ਸੰਕਲਪ ਨਾਲ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ। ਪ੍ਰਿੰਸੀਪਲ ਪ੍ਰੀਤਇੰਦਰ ਘਈ ਨੇ ਦੱਸਿਆ ਕਿ ਇਹ ਸ਼ਾਨਦਾਰ ਨਤੀਜਾ ਆਉਣ ਦਾ ਮੁੱਖ ਕਾਰਨ ਸਕੂਲ ਵੱਲੋਂ ਚਲਾਏ ਜਾਣ ਵਾਲੇ 'ਮਿਸ਼ਨ ਐਕਸੀਲੈਂਸ' ਅਭਿਆਨ ਕਰਕੇ ਅਤੇ ਅਧਿਆਪਕਾਂ ਦੀ ਕਾਰਗੁਜ਼ਾਰੀ ਅਤੇ ਵਿਦਿਆਰਥੀਆਂ ਵੱਲੋਂ ਕੀਤੇ ਜਾਣ ਵਾਲੇ ਮਿਹਨਤ ਭਰੇ ਜਜ਼ਬੇ ਕਰਕੇ ਹੈ।ਇਸ ਤੋਂ ਇਲਾਵਾ ਬੱਚਿਆਂ ਦੀ ਹੌਸਲਾ ਅਫਜਾਈ ਕਰਨ ਦੇ ਲਈ 'ਪ੍ਰਯਾਸ ਗਰੁੱਪ' ਦੇ ਮੈਂਬਰਜ਼ ਅਤੇ ਕਰਤਾਰ ਕੰਬਾਇਨ ਦੇ ਐਮ ਡੀ ਮਨਪ੍ਰੀਤ ਸਿੰਘ ਵੀ ਮੌਜੂਦ ਸਨ। ਉਹਨਾਂ ਨੇ ਵੀ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ। ਸਕੂਲ ਦੇ ਅੱਠਵੀਂ ਜਮਾਤ ਦੇ ਕੁੱਲ 108 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਅਤੇ 108 ਵਿਦਿਆਰਥੀ ਪਾਸ ਹਨ ਅਤੇ ਨਤੀਜਾ 100 ਫ਼ੀਸਦੀ ਰਿਹਾ। ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

## ਸਿੱਖਿਆ ਹੀ ਜੀਵਨ ਨੂੰ ਰੌਸ਼ਨ ਕਰਦੀ ਹੈ: ਹਰਲੀਨ ਕੌਰ

ਨਾਭਾ, 14 ਅਪ੍ਰੈਲ (ਬਲਜਿੰਦਰ ਮਾਨ) : ਸਮਾਜ ਸੇਵਾ 'ਚ ਮੋਹਰੀ ਸੰਸਥਾ 'ਦੀ ਨਵੀਂ ਰਾਹ' ਫਾਊਂਡੇਸ਼ਨ ਦੇ ਮੁੱਖ ਸੰਸਥਾਪਕ ਹਰਲੀਨ ਕੌਰ ਮੋਹਾਲੀ ਨੇ ਆਪਣੇ ਪੁੱਤਰ ਪਾਰਥਵੀਰ ਦੀ ਹਾਜ਼ਰੀ 'ਚ ਕਿਹਾ ਕਿ ਸਿੱਖਿਆ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਤਾਕਤ ਹੈ ਜੋ ਵਿਅਕਤੀ ਨੂੰ ਹਨੇਰੇ ਤੋਂ ਰੌਸ਼ਨੀ ਵੱਲ ਲੈ ਜਾਂਦੀ ਹੈ। ਉਹਨਾਂ ਕਿਹਾ ਕਿ ਸਿੱਖਿਆ ਸਿਰਫ ਕਿਤਾਬਾਂ ਤੱਕ ਸੀਮਤ ਨਹੀਂ ਰਹਿੰਦੀ ਸਗੋਂ ਇਹ ਮਨੁੱਖ ਦੇ ਚਰਿਤਰ ਸੋਚ ਅਤੇ ਫੈਸਲਾ ਲੈਣ ਦੀ ਸਮਰੱਥਾ ਨੂੰ ਮਜਬੂਤ ਬਣਾਉਂਦੀ ਹੈ। ਉਹਨਾਂ ਕਿਹਾ ਕਿ ਜਿਸ ਵਿਅਕਤੀ ਕੋਲ ਸਿੱਖਿਆ ਹੁੰਦੀ ਹੈ ਉਹ ਕਿਸੇ ਵੀ ਮੁਸ਼ਕਿਲ ਦਾ ਸਾਹਮਣਾ ਕਰ ਸਕਦਾ ਹੈ ਅਤੇ ਆਪਣੀ ਮਿਹਨਤ ਦੇ ਨਾਲ ਜੀਵਨ ਚ ਵੱਡੇ ਮੁਕਾਮ ਹਾਸਿਲ ਕਰ ਸਕਦਾ। ਸਿੱਖਿਆ ਨਾਲ ਨਾ ਸਿਰਫ ਵਿਅਕਤੀ ਆਪਣਾ ਭਵਿੱਖ ਸੁਧਾਰ ਦਾ ਹੈ ਸਗੋਂ ਸਮਾਜ ਚ ਵੀ ਚੰਗਾ ਬਦਲਾ



ਲਿਆਂਦਾ ਹੈ। ਹਰਲੀਨ ਮੋਹਾਲੀ ਨੇ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਦੌਰ 'ਚ ਸਿੱਖਿਆ ਦੀ ਮਹੱਤਤਾ ਹੋਰ ਵੀ ਵਧ ਗਈ ਹੈ ਅਤੇ ਹਰ ਮਾਪੇ ਦੀ ਜਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ। ਹਰਲੀਨ ਮੋਹਾਲੀ ਨੇ ਕਿਹਾ ਕਿ ਸਾਨੂੰ ਸਿੱਖਿਆ ਨੂੰ ਆਪਣੀ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਉਣਾ ਚਾਹੀਦਾ ਹੈ ਅਤੇ ਬੱਚਿਆਂ ਨੂੰ ਇਸ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ ਤਾਂ ਜੋ ਉਹ ਭਵਿੱਖ 'ਚ ਦੇਸ਼ ਅਤੇ ਸਮਾਜ ਦਾ ਨਾਂ ਰੌਸ਼ਨ ਕਰ ਸਕਣ। ਹਰਲੀਨ ਮੋਹਾਲੀ ਨੇ ਸਮੂਹ ਦੇਸ਼ ਵਾਸੀਆਂ ਨੂੰ ਵਿਸਾਖੀ ਦੇ ਤਿਹਾਰ ਦੀਆਂ ਮੁਬਾਰਕਾਂ ਦਿੰਦਿਆਂ ਆਪਣੇ ਸੰਦੇਸ਼ 'ਚ ਕਿਹਾ ਕਿ ਵਿਸਾਖੀ ਸਾਡੀ ਸੰਸਕ੍ਰਿਤ ਅਤੇ ਮਿਹਨਤ ਦਾ ਪ੍ਰਤੀਕ ਹੈ। ਉਹਨਾਂ ਕਿਹਾ ਕਿ ਅੱਜ ਦੇ ਦਿਨ ਸਾਨੂੰ ਆਪਣੇ ਅਮੀਰ ਵਿਰਸੇ ਨਾਲ ਜੁੜਨ ਅਤੇ ਮਿਹਨਤ ਦੇ ਰਾਹ 'ਤੇ ਚੱਲਣ ਦਾ ਪ੍ਰਣ ਲੈਣਾ ਚਾਹੀਦਾ ਹੈ ਤਾਂ ਜੋ ਦੇਸ਼ ਨਿਰੰਤਰ ਤਰੱਕੀ ਕਰਦਾ ਰਹੇ। ਅਖੀਰ 'ਚ ਹਰਲੀਨ ਮੋਹਾਲੀ ਨੇ ਕਿਹਾ ਕਿ ਇਹ ਪਵਿੱਤਰ ਮੌਕਾ ਸਾਨੂੰ ਏਕਤਾ, ਭਾਈਚਾਰੇ ਅਤੇ ਨਵੀਂ ਊਰਜਾ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਪਾਰਥਵੀਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਿਹਾ।

## ਆਬਾਨ ਪਬਲਿਕ ਸਕੂਲ ਦਾ 8ਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ

ਮਲੇਰਕੋਟਲਾ, 14 ਅਪ੍ਰੈਲ (ਅਸ਼ਰਫ ਅਨਸਾਰੀ),: ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਘੋਸ਼ਿਤ 8ਵੀਂ ਜਮਾਤ ਦਾ ਆਬਾਨ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ ਰਿਹਾ। ਪ੍ਰਿੰਸੀਪਲ ਮੁਹੰਮਦ ਅਸ਼ਰਫ ਨੇ ਦੱਸਿਆ ਕਿ ਮੁੰਹਮਦ ਆਬਾਨ ਪੁੱਤਰ ਮੁਹੰਮਦ ਅਸ਼ਰਫ ਨੇ 449/600 ਨੰਬਰ ਲੈ ਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਸ਼ਹਿਨਾਜ ਪਰਵੀਨ ਪੁੱਤਰੀ ਮੁਹੰਮਦ ਸਿਰਾਜ ਆਲਮ ਨੇ 428/600 ਨੰਬਰ ਲੈ ਕੇ ਦੂਜਾ ਅਤੇ ਸਮੀਰ ਨਿਸਾਰ ਪੁੱਤਰ ਮੁਹੰਮਦ ਨਿਸਾਰ ਨੇ 421/600 ਨੰਬਰਾਂ ਨਾਲ ਤੀਜਾ ਸਥਾਨ ਪ੍ਰਾਪਤ



ਕੀਤਾ। ਬਾਕੀ ਵਿਦਿਆਰਥੀ ਵੀ ਬਹੁਤ ਵਧੀਆ ਨੰਬਰਾਂ ਨਾਲ ਫਸਟ ਡਿਵੀਜ਼ਨ ਵਿੱਚ ਪਾਸ ਹੋਏ ਹਨ। ਇਸ ਮੌਕੇ ਤੇ ਪ੍ਰਿੰਸੀਪਲ ਮੁਹੰਮਦ ਅਸ਼ਰਫ ਨੇਇਸ ਚੰਗੇ ਨਤੀਜੇ ਦਾ ਸਿਹਰਾ ਸਕੂਲ ਦੇ ਸਟਾਫ ਅਤੇ ਬੱਚਿਆਂ ਦੇ ਮਾਪਿਆਂ ਨੂੰ ਦਿੱਤਾ। ਉਹਨਾਂ ਕਿਹਾ ਕਿ ਇਸ 100 ਪ੍ਰਤੀਸ਼ਤ ਨਤੀਜੇ ਲਈ ਬੱਚੇ, ਸਕੂਲ ਮੈਨੇਜ਼ਮੈਂਟ ਅਤੇ ਸਟਾਫ ਵਧਾਈ ਦੇ ਪਾਤਰ ਹਨ।

## ਯੂਨਾਈਟਡ ਇੰਡੀਆ ਇੰਸ਼ੋਰੈਂਸ ਕੰਪਨੀ ਵੱਲੋਂ 'ਪਰਮ ਮਿੱਤਰਾ ਸੁਰੱਕਸ਼ਾ ਪਾਲਿਸੀ' ਦੀ ਸ਼ੁਰੂਆਤ

ਪਟਿਆਲਾ, 14 ਅਪ੍ਰੈਲ (ਰੁਪਾਣਾ) : ਵਿਸਾਖੀ ਦੇ ਮੌਕੇ ਸਰਕਾਰੀ ਕੰਪਨੀ ਯੂਨਾਈਟਡ ਇੰਡੀਆ ਇੰਸ਼ੋਰੈਂਸ ਕੰਪਨੀ ਵਲੋਂ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਨਵੀ ਪਾਲਿਸੀ 'ਪਰਮ ਮਿਤਰਾ ਸੁਰੱਕਸ਼ਾ ਪਾਲਿਸੀ' ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਦਾ ਉਦਘਾਟਨ ਕੰਪਨੀ ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਭੁਪੇਸ਼ ਸੁਸ਼ੀਲ ਰਾਹੁਲ ਨੇ ਦਿੱਲੀ ਤੋਂ ਕੀਤਾ।ਇਸ ਦੌਰਾਨ ਕੰਪਨੀ ਦੇ ਸਾਰੇ ਉੱਚ ਅਧਿਕਾਰੀ ਦੇਸ਼ ਦੇ ਵੱਖ ਵੱਖ ਪ੍ਰਾਂਤਾਂ ਤੋਂ ਆਨਲਾਈਨ ਸ਼ਾਮਿਲ ਹੋਏ ਅਤੇ ਇਸ ਪਾਲਿਸੀ ਦੇ ਪਹਿਲੇ ਦਿਨ ਹੀ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਵੱਲੋਂ ਪਾਲਿਸੀ ਲਈ ਗਈ ਅਤੇ ਇਸਦੀ ਸਾਰਿਆਂ ਵਲੋਂ ਸਲਾਘਾ ਕੀਤੀ ਗਈ।ਇਸ ਪਾਲਿਸੀ ਦੀ ਖਾਸੀਅਤ ਹੈ ਕਿ ਨੁਕਸਾਨ ਦੇ ਸਮੇਂ ਮੁਆਵਜਾ ਦੇਣ ਵੇਲੇ ਕੋਈ ਵੀ ਸਰਵੇ ਜਾਂ ਕਾਗਜ਼ੀ



ਕਾਰਵਾਈ ਨਹੀ ਕੀਤੀ ਜਾਂਦੀ, ਕਿਉਂਕਿ ਨੁਕਸਾਨ ਦਾ ਅੰਦਾਜਾਂ ਸਰਕਾਰੀ ਵਿਭਾਗਾਂ ਜਿਵੇਂ ਕਿ ਮੌਸਮ ਵਿਭਾਗ ਵੱਲੋਂ ਹੀ ਤਸਦੀਕ ਕੀਤਾ ਜਾਂਦਾ ਹੈ ਅਤੇ ਪਾਲਿਸੀ ਧਾਰਕ ਦੇ ਬੈਂਕ ਖਾਤੇ ਵਿੱਚ ਮੁਆਵਜੇ ਦੀ ਰਕਮ ਸਿੱਧੀ ਹੀ ਟਰਾਂਸਫਰ ਕੀਤੀ ਜਾਂਦੀ ਹੈ।ਪਾਲਿਸੀ ਕੋਈ ਵੀ ਵਿਅਕਤੀ ਲੈ ਸਕਦਾ ਹੈ ਜੋ ਕੁਦਰਤੀ ਆਫਤਾਂ ਤੋਂ ਆਪਣੇ ਕਾਰੋਬਾਰ, ਮਕਾਨ, ਦੁਕਾਨ ਅਤੇ ਆਪਣੀ ਰੋਜਾਨਾ ਆਮਦਨੀ ਦੇ ਨੁਕਸਾਨ ਨੂੰ ਬਚਾਉਣਾ ਚਾਹੁੰਦਾ ਹੈ।ਇਹ ਪਾਲਿਸੀ ਬਹੁਤ ਹੀ ਸਾਧਾਰਣ ਤੇ ਸਰਲ ਹੈ ਜੋ ਕਿ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਕੰਪਨੀ ਵੱਲੋਂ ਚਲਾਈ ਜਾਂਦੀ ਹੈ। ਇਸ ਪਾਲਿਸੀ ਦੇ ਖਾਸ ਉਦਘਾਟਨ ਸਮੇਂ ਯੂਨਾਇਟਡ ਇੰਡੀਆਂ ਇੰਸ਼ੋਰੈਂਸ ਕੰਪਨੀ ਦੇ ਡਵੀਜ਼ਨਲ ਮੈਨੇਜਰ ਪਟਿਆਲਾ ਰਮਨ ਸ਼ਰਮਾ ਅਤੇ ਉਹਨਾਂ ਦੇ ਸਾਰੇ ਸਾਥੀ ਰਵਿੰਦਰ ਸਿੰਘ ਭੱਟੀ ਮਾਰਕੇਟਿੰਗ ਮੈਨੇਜਰ, ਸ਼ਿਵਾਨੀ ਗਰਗ ਸੀਨੀਅਰ ਅਸਿਸਟੈਂਟ, ਰਜਨੀ ਸੀਨੀਅਰ ਅਸਿਸਟੈਂਟ ਤੋਂ ਇਲਾਵਾ ਰਵਿੰਦਰ ਸੀਨੀਅਰ ਐਡਵਾਇਜਰ ਅਤੇ ਸੋਨੀਆ ਗਿੱਲ ਹਾਜ਼ਰ ਹੋਏ।

## ਡੀ.ਬੀ.ਜੀ. ਵੱਲੋਂ ਮੁਫ਼ਤ ਕੰਪਿਊਟਰ ਸੈਂਟਰ ਦਾ ਉਦਘਾਟਨ

ਪਟਿਆਲਾ, 14 ਅਪ੍ਰੈਲ (ਚ.ਨ.ਸ.) : ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਦੇ ਸੰਸਥਾਪਕ ਡਾ.ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ ਡੀ.ਬੀ.ਜੀ ਮੁਫਤ ਕੰਪਿਊਟਰ ਸੈਂਟਰ ਫੈਕਟਰੀ ਏਰੀਆ ਪਟਿਆਲਾ ਵਿਖੇ ਸ਼ੁਰੂ ਕੀਤਾ। ਡਾ. ਰਾਕੇਸ਼ ਵਰਮੀ ਪ੍ਰਧਾਨ ਨੇ ਡੀ.ਬੀ.ਜੀ. ਮੁਫਤ ਕੰਪਿਊਟਰ ਸੈਂਟਰ ਦਾ ਉਦਘਾਟਨ ਕਰਦੇ ਹੋਏ ਦੱਸਿਆ ਵਿਦਿਆਰਥੀਆ ਲਈ ਇਹ ਕੰਪਿਊਟਰ ਕੋਰਸ 6 ਮਹੀਨੇ ਦਾ ਹੋਵੇਗਾ ਵੱਖ-ਵੱਖ 5 ਬੈਂਚ ਰਾਹੀ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਕੋਰਸ ਕਰਵਾਇਆ ਜਾਵੇਗਾ। ਪਵਨ ਰਾਵਲ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਅਤੇ ਲਿਖਤੀ ਰੂਪ ਵਿੱਚ ਕੰਪਿਊਟਰ ਕੋਰਸ ਕਰਵਾਉਣਗੇ ਸ਼ਵੈਤਾ ਜਿੰਦਲ ਸਮਾਜਿਕ ਨੇਤਾ ਨੇ ਕਿਹਾ ਡੀ.ਬੀ.ਜੀ ਵੱਲੋਂ ਹੋਣਹਾਰ ਵਿਦਿਆਰਥੀਆਂ/ਵਿਦਿਆਰਥਣਾਂ ਲਈ ਮੁਫਤ ਕੰਪਿਊਟਰ ਦੀ ਸਿੱਖਿਆ ਦੇਣੀ ਬਹੁਤ ਹੀ ਸ਼ਲਾਘਾ ਯੋਗ ਕਦਮ



ਹੈ। ਆਸ ਪਾਸ ਦੇ ਪਿੰਡਾਂ ਦੀਆਂ ਵਿਦਿਆਰਥਣਾਂ ਇਸ ਕੋਰਸ ਦਾ ਲਾਭ ਲੈ ਰਹੀਆਂ ਹਨ। ਇਸ ਮੌਕੇ ਰਾਜੇਸ਼ ਕੋਟੀਆ, ਜੋਨੀ, ਅਮਰਜੀਤ ਕੌਰ, ਰਾਜ ਰਾਣੀ, ਡਾ.ਰਾਕੇਸ਼ ਵਰਮੀ, ਪਵਨ ਰਾਲਵ, ਸ਼ਵੈਤਾ ਜਿੰਦਲ, ਮੰਜੂ ਹਾਜ਼ਰ ਸਨ। ਇਹ ਜਾਣਕਾਰੀ ਰਾਜੇਸ਼ ਕੋਟੀਆ ਨੇ ਦਿੱਤੀ।

## ਏ.ਡੀ.ਸੀ. ਨੇ ਕਣਕ ਦੇ ਨਾੜ ਤੇ ਹੋਰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦੇ ਨੁਕਸਾਨ ਬਾਰੇ ਜਾਗਰੂਕਤਾ ਲਈ 4 ਵੈਨਾਂ ਰਵਾਨਾ ਕੀਤੀਆਂ

ਪਟਿਆਲਾ, 14 ਅਪ੍ਰੈਲ (ਚ.ਨ.ਸ.) : ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜ) ਸਿਮਰਪ੍ਰੀਤ ਕੌਰ ਨੇ ਕਣਕ ਦੇ ਨਾੜ ਅਤੇ ਹੋਰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਸਾੜਨ ਵਿਰੁੱਧ ਜਾਗਰੂਕਤਾ ਲਈ 4 ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੀਆਂ ਇਹ ਵੈਨਾਂ ਅਗਲੇ 20 ਦਿਨਾਂ ਲਈ 6 ਬਲਾਕਾਂ ਦੇ 934 ਪਿੰਡਾਂ ਵਿੱਚ ਲੋਕਾਂ ਨੂੰ ਕਣਕ ਦੀ ਫ਼ਸਲ ਦੀ ਰਹਿੰਦ-ਖੂੰਹਦ ਤੇ ਨਾੜ ਨੂੰ ਅੱਗ ਨਾ ਲਾਉਣ ਬਾਰੇ ਜਾਗਰੂਕ ਕਰਨਗੀਆਂ। ਇਸ ਦੌਰਾਨ ਕਿਸਾਨਾਂ ਨੂੰ ਇਸ ਬਾਰੇ ਹੋਰ ਵਧੇਰੇ ਜਾਣਕਾਰੀ ਦੇਣ ਲਈ ਲਿਟਰੇਚਰ ਵੀ ਵੰਡਿਆ ਜਾਵੇਗਾ। ਜ਼ਿਲ੍ਹੇ ਦੇ ਕਿਸਾਨਾਂ ਨੂੰ ਫ਼ਸਲਾਂ ਦੀ ਕੋਈ ਵੀ ਰਹਿੰਦ-ਖੂੰਹਦ ਸਾੜਨ ਤੋਂ ਗੁਰੇਜ਼ ਕਰਨ



ਦੀ ਅਪੀਲ ਕਰਦਿਆਂ ਸਿਮਰਪ੍ਰੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਸਾਨਾਂ ਦੀ ਹਰ ਪੱਖੋਂ ਮਦਦ ਕੀਤੀ ਜਾ ਰਹੀ ਹੈ ਤਾਂ ਕਿ ਉਹ ਵਾਤਾਵਰਣ ਦੀ ਸੰਭਾਲ ਲਈ ਜਾਗਰੂਕ ਹੋਣ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਉਹ ਵਾਤਾਵਰਣ ਤੇ ਆਪਣੀ ਜ਼ਮੀਨ ਦੀ ਸੰਭਾਲ ਲਈ ਖੇਤਾਂ ਵਿੱਚ ਕਦੇ ਵੀ ਅੱਗ ਨਾ ਲਗਾਉਣ। ਏ.ਡੀ.ਸੀ. ਨੇ ਕਿਹਾ ਕਿ ਪੰਜਾਬ ਸਰਕਾਰ ਹਰ ਸੰਭਵ ਉਪਰਾਲਾ ਕਰਕੇ ਜਿੱਥੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਜ਼ਮੀਨ ਵਿੱਚ ਹੀ ਮਿਲਾਉਣ ਲਈ ਕਿਸਾਨਾਂ ਦੀ ਮਦਦ ਕਰ ਰਹੀ ਹੈ ਤਾਂ ਕਿ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਵਧੇ ਤੇ ਸਾਡਾ ਵਾਤਾਵਰਣ ਵੀ ਖ਼ਰਾਬ ਨਾ ਹੋਵੇ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ, ਏ.ਡੀ.ਓ. ਗੁਰਮੇਲ ਸਿੰਘ ਤੇ ਏ.ਈ.ਈ ਪ੍ਰਭਦੀਪ ਸਿੰਘ ਵੀ ਮੌਜੂਦ ਸਨ।

## ਫ਼ਸਲ ਦੀ ਕਟਾਈ ਦੇ ਸੀਜ਼ਨ ਦੌਰਾਨ ਬਿਜਲੀ ਵਿਭਾਗ ਵੱਲੋਂ ਕਿਸਾਨਾਂ ਲਈ ਐਡਵਾਈਜ਼ਰੀ ਜਾਰੀ

ਮਲੇਰਕੋਟਲਾ, 14 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਵਧੀਕ ਨਿਗਰਾਨ, ਵੰਡ-ਮੰਡਲ ਇੰਜੀ ਹਰਵਿੰਦਰ ਸਿੰਘ ਧੀਮਾਨ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਇਸ ਸਮੇਂ ਕਣਕ ਦੀ ਫਸਲ ਵਾਢੀ ਲਈ ਤਿਆਰ ਹੈ ਅਤੇ ਅਗਲੇ ਕੁਝ ਦਿਨਾਂ ਵਿੱਚ ਕਟਾਈ ਦਾ ਕੰਮ ਤੇਜ਼ੀ ਨਾਲ ਮੁਕੰਮਲ ਹੋਣ ਦੀ ਸੰਭਾਵਨਾ ਹੈ। ਇਸ ਦੌਰਾਨ ਉਨ੍ਹਾਂ ਨੇ ਸਮੂਹ ਕਿਸਾਨ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਬਿਜਲੀ ਸਬੰਧੀ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਦੇ ਹੋਏ ਆਪਣੀ ਫਸਲ ਅਤੇ ਜਾਨ-ਮਾਲ ਦੀ ਰੱਖਿਆ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਖੇਤਾਂ ਵਿੱਚ ਜਾਂ ਉਨ੍ਹਾਂ ਦੇ ਨੇੜੇ ਬਿਜਲੀ ਟਰਾਂਸਫਾਰਮਰ ਜਾਂ ਕੰਟਰੋਲ ਸਵਿੱਚ ਲੱਗੇ ਹੋਏ ਹਨ, ਉਨ੍ਹਾਂ ਦੇ ਆਲੇ-ਦੁਆਲੇ 2-3 ਮਰਲੇ ਜਗ੍ਹਾ ਕਣਕ ਕੱਟ ਕੇ ਖਾਲੀ ਛੱਡੀ ਜਾਵੇ ਅਤੇ ਉਸ ਜਗ੍ਹਾ ਨੂੰ ਨਮੀ ਵਾਲਾ ਰੱਖਿਆ ਜਾਵੇ ਤਾਂ ਜੋ ਅੱਗ ਲੱਗਣ ਦੀ ਸੰਭਾਵਨਾ ਨੂੰ ਘਟਾਇਆ ਜਾ ਸਕੇ। ਉਨ੍ਹਾਂ ਨੇ ਹੋਰ ਦੱਸਿਆ ਕਿ ਟਰਾਂਸਫਾਰਮਰਾਂ ਦੇ ਆਲੇ-ਦੁਆਲੇ ਸਫ਼ਾਈ ਅਤੇ ਨਮੀ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ ਅਤੇ ਬਿਨਾਂ ਲੋੜ ਉਨ੍ਹਾਂ ਦੀ ਸਵਿੱਚ ਬੰਦ ਰੱਖਣੀ ਚਾਹੀਦੀ ਹੈ।ਵਧੀਕ ਨਿਗਰਾਨ ਨੇ ਕਿਹਾ ਕਿ ਜੇਕਰ ਕਿਸੇ ਵੀ ਤਰ੍ਹਾਂ ਦੀ ਤਕਨੀਕੀ ਖ਼ਰਾਬੀ ਜਾਂ ਢਿੱਲੇ ਜੋੜ ਨਜ਼ਰ ਆਉਣ, ਤਾਂ ਉਹਨਾਂ ਨੂੰ ਤੁਰੰਤ ਠੀਕ ਕਰਵਾਇਆ ਜਾਵੇ ਅਤੇ ਕਿਸੇ ਵੀ ਸਮੱਸਿਆ ਸਬੰਧੀ ਨੋਡਲ ਸੈਂਟਰ ਮਾਲੇਰਕੋਟਲਾ ਦੇ ਨੰਬਰ 96461-18974 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਹ ਸੁਰੱਖਿਆ ਉਪਾਅ ਅਪਣਾਉਣ ਨਾਲ ਨਾ ਸਿਰਫ ਫਸਲ ਦੇ ਨੁਕਸਾਨ ਤੋਂ ਬਚਿਆ ਜਾ ਸਕਦਾ ਹੈ, ਸਗੋਂ ਅਣਚਾਹੀਆਂ ਘਟਨਾਵਾਂ ਤੋਂ ਵੀ ਬਚਾਅ ਸੰਭਵ ਹੈ।

## ਦਾਦੀ-ਪੋਤੀ ਦੀ ਕੀਤੀ ਕੁੱਟਮਾਰ

ਘਨੌਰ, 14 ਅਪ੍ਰੈਲ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਕੋਲ ਚਰਨਜੀਤ ਕੌਰ ਪਤਨੀ ਲਾਲਾ ਸਿੰਘ ਵਾਸੀ ਪਿੰਡ ਖਜੂਰ ਪੀਰ ਕਲੋਨੀ ਪਿੰਡ ਸੈਦਖੇੜੀ ਨੇ ਕਥਿਤ ਦੋਸ਼ੀਆਂ ਨਿਸ਼ਾਨ ਸਿੰਘ, ਸੁਰਮੁੱਖ ਸਿੰਘ ਵਾਸੀ ਚੋਹਾਨ ਕਲੋਨੀ ਪਿੰਡ ਸੈਦਖੇੜੀ ਅਤੇ 3 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਥਿਤ ਦੋਸ਼ੀਆਂ ਨੇ ਖਜੂਰ ਪੀਰ ਕਲੋਨੀ ਪਿੰਡ ਸੈਦਖੇੜੀ ਵਿਖੇ ਉਸ ਅਤੇ ਉਸਦੀ ਪੋਤੀ ਜਸ਼ਨਦੀਪ ਕੌਰ ਨੂੰ ਘੇਰ ਕੇ ਕੁੱਟਮਾਰ ਕੀਤੀ। ਪੁਲਿਸ ਨੇ ਧਾਰਾ 126(2), 115(2), 115, 191(3), 190 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਮੈਡੀਕਲ ਚੈੱਕਅਪ ਕੈਂਪ ਲਗਾਇਆ

ਪਟਿਆਲਾ, 14 ਅਪ੍ਰੈਲ (ਚ.ਨ.ਸ.) : ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਸਟੇਟ ਐਵਾਰਡੀ ਸ਼ਹੀਦ ਭਗਤ ਸਿੰਘ ਕਲੱਬ ਬਾਰਨ ਦੇ ਸਹਿਯੋਗ ਨਾਲ ਪ੍ਰੀਤ ਮੈਡੀਕਲ ਅਤੇ ਡੈਂਟਲ ਹਸਪਤਾਲ ਵਿਖੇ ਦੂਜਾ ਫ੍ਰੀ ਮੈਗਾ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ । ਕੈਂਪ ਵਿੱਚ ਇੱਕ ਹਜ਼ਾਰ ਤੋਂ ਵੱਧ ਲੋਕ ਆਪਣਾ ਇਲਾਜ ਕਰਾਉਣ ਲਈ ਪਹੁੰਚੇ। ਕੈਂਪ ਦਾ ਉਦਘਾਟਨ ਆੜ੍ਹਤੀ ਐਸੋਸੀਏਸ਼ਨ ਪਟਿਆਲਾ ਦੇ ਪ੍ਰਧਾਨ ਇੰਜ.ਸਤਵਿੰਦਰ ਸਿੰਘ ਸੈਨੀ ਨੇ ਕੀਤਾ ਤੇ ਅੱਖਾਂ ਦੇ ਮਾਹਿਰ ਡਾ. ਸੁਖਦੀਪ ਸਿੰਘ ਬੋਪਾਰਾਏ, ਮੈਡੀਸਨ ਦੇ ਮਾਹਿਰ ਡਾ. ਹਰਪ੍ਰੀਤ ਸਿੰਘ, ਦੰਦਾਂ ਦੇ ਮਾਹਿਰ ਡਾ. ਕਵਲਪ੍ਰੀਤ ਕੌਰ ਕਾਲਰਾ ਤੇ ਬੱਚਿਆਂ ਦੇ ਰੋਗਾਂ ਦੇ



ਮਾਹਿਰ ਡਾ. ਪਰਵੀਨ ਮਾਰਕਨ ਆਪਣੀ ਟੀਮ ਨਾਲ ਪਹੁੰਚੇ। ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਸਾਬਕਾ ਚੇਅਰਮੈਨ ਸੰਜੇਇੰਦਰ ਸਿੰਘ ਬੰਨੀ ਚਹਿਲ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ, ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ, ਬੀਜੇਪੀ ਦੇ ਹਲਕਾ ਇੰਚਾਰਜ਼ ਸਤਵੀਰ ਸਿੰਘ ਖੱਟੜਾ, ਡਾ. ਜਤਿੰਦਰ ਸਿੰਘ ਮੱਟੂ, ਬੀਜੇਪੀ ਆਗੂ ਗੁਰਪਾਲ ਗੋਲਡੀ, ਦਵਿੰਦਰ ਕਾਂਸਲ, ਸਮਾਜ ਸੇਵੀ ਸੌਰਭ ਜੈਨ, ਸਟੇਟ ਐਵਾਰਡੀ ਪਰਵਿੰਦਰ ਭਲਵਾਨ ਪਹੁੰਚੇ। ਆਏ ਮਹਿਮਾਨਾਂ ਨੇ ਕਲੱਬ ਮੈਂਬਰਾਂ ਅਤੇ ਡਾਕਟਰਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਬਹੁਤ ਵੱਡਾ ਉਦਮ ਹੈ ਕਿ ਐਨੀ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਕੈਂਪ ਵਿੱਚ ਪਹੁੰਚ ਕੇ ਆਪਣੇ ਟੈਸਟ ਅਤੇ ਮੁਫਤ ਦਵਾਈਆਂ ਪ੍ਰਾਪਤ ਕੀਤੀਆ। ਕਲੱਬ ਪ੍ਰਧਾਨ ਇੰਦਰਪ੍ਰੀਤ ਸਿੰਘ ਬਾਰਨ ਨੇ ਆਏ ਮਹਿਮਾਨਾਂ ਤੇ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਉਹ ਤਾਂ ਉਹਨਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹਰਚੰਦ ਸਿੰਘ ਸਾਬਕਾ ਸਰਪੰਚ, ਹਰਿੰਦਰ ਸਿੰਘ ਸਰਪੰਚ ਗੁਰਦਾਸਪੁਰ, ਕੁਲਵਿੰਦਰ ਸਿੰਘ ਮਾਜਰੀ, ਸੁਖਦੇਵ ਸਿੰਘ ਗੋਲਡੀ,ਗੁਰਜੰਟ ਸਿਉਨਾ, ਲਖਵਿੰਦਰ ਲੱਖਾ ਕਾਲਵਾ, ਲੱਕੀ ਹਰਦਾਸਪੁਰ, ਗੁਰਜੀਤ ਸਿੰਘ ਢੱਕੜਬਾ, ਪਰਮਜੀਤ ਸਿੰਘ ਬਾਦਸ਼ਾਹਪੁਰ, ਗੁਰਕੀਰਤ ਸਿੰਘ, ਮਾਸਟਰ ਗੁਰਪ੍ਰੀਤ ਸਿੰਘ,ਕਰਨੈਲ ਸਿੰਘ, ਗੁਰਚੇਤ ਸਿੰਘ, ਕੁਲਵੰਤ ਧੀਮਾਨ ਹਰਜੀਤ ਸਿੰਘ ਆਦਿ ਹਾਜ਼ਰ ਸਨ।



# ਪਟਿਆਲਾ–ਆਸ/ਪਾਸ



# ਖ਼ਾਲਸਾ ਸਾਜਨਾ ਦਿਹਾੜੇ ਮੌਕੇ ਗੁਰਦੁਆਰਾ ਬਹਾਦਰਗੜ੍ਹ ਸਾਹਿਬ ਵਿਖੇ ਸੰਗਤਾਂ ਵੱਡੀ ਗਿਣਤੀ 'ਚ ਹੋਈਆਂ ਨਤਮਸਤਕ

**➢ਸਿੱਖ ਕੌਮ ਦਰਪੇਸ਼ ਮਸਲਿਆਂ ਪ੍ਰਤੀ ਹੋਵੇ ਇਕਜੁੱਟ, ਸਿਰਜਣਾ ਪਵੇਗਾ ਵੱਡਾ ਮੁਹਾਜ : ਜਥੇਦਾਰ ਸੁਰਜੀਤ ਸਿੰਘ ਗੜ੍ਹੀ**

ਬਹਾਦਰਗੜ੍ਹ/ਪਟਿਆਲਾ, 14 ਅਪ੍ਰੈਲ (ਰੁਪਾਣਾ/ਗੁਰਜੀਤ ਸਿੰਘ ਢੌਟ) : ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸਾਹਿਬਾਨ ਵਿਖੇ ਖਾਲਸਾ ਸਾਜਨਾ ਦਿਹਾੜੇ ਨੂੰ ਸੰਗਤਾਂ ਨੇ ਗੁਰੂ ਘਰਾਂ ਵਿਚ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ। ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਸਾਹਿਬ ਵਿਖੇ ਸਾਲਾਨਾ ਜੋੜ ਮੇਲ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਗੁਰੂ ਘਰ ਨਤਮਸਤਕ ਹੋਈਆਂ ਅਤੇ ਕਤਾਰਾਂ ਵਿਚ ਲੱਗਕੇ ਗੁਰੂ ਪ੍ਰਤੀ ਆਸਥਾ ਪ੍ਰਗਟਾਈ। ਗੁਰਦੁਆਰਾ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਥੇ ਹੀ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਨੇ ਖਾਲਸਾ ਪੰਥ ਦੀ ਚੜ੍ਹਦੀਕਲਾ ਦੀ ਅਰਦਾਸ ਵੀ ਕੀਤੀ। ਗੁਰਦੁਆਰਾ ਬਹਾਦਰਗੜ੍ਹ ਵਿਖੇ ਸਾਲਾਨਾ ਜੋੜ ਮੇਲ ਦੌਰਾਨ ਸਜੇ ਦੀਵਾਨਾਂ 'ਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਉਚੇਚੇ ਤੌਰ 'ਤੇ ਕਰਵਾਏ ਧਾਰਮਕ ਸਮਾਗਮ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ



ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਬੀਬੀ ਕੁਲਦੀਪ ਕੌਰ ਟੌਹੜਾ, ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਹਲਕਾ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ, ਸਾਬਕਾ ਵਿਧਾਇਕ ਤੇਜਿੰਦਰਪਾਲ ਸਿੰਘ ਸੰਧੂ, ਹਲਕਾ ਇੰਚਾਰਜ ਸਰਬਜੀਤ ਸਿੰਘ ਝਿੰਜਰ, ਸ਼ਹਿਰੀ ਪ੍ਰਧਾਨ ਅਮਿਤ ਰਾਠੀ, ਰਜਿੰਦਰ ਸਿੰਘ ਵਿਰਕ ਵੀ ਉਚੇਚੇ ਤੌਰ 'ਤੇ ਪੁੱਜੇ ਸਨ। ਧਾਰਮਕ ਸਮਾਗਮ ਦੌਰਾਨ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਸੰਗਤਾਂ ਨੂੰ ਖਾਲਸਾ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਅੱਜ ਲੋੜ ਹੈ ਕਿ ਅਸੀਂ ਖਾਲਸੇ ਦੀ ਰਹਿਣੀ ਬਹਿਣੀ ਅਨੁਸਾਰ ਆਪਣਾ ਜੀਵਨ ਬਤੀਤ ਕਰੀਏ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਅਜਿਹੇ ਖਾਲਸੇ ਪੰਥ ਦੀ ਸਿਰਜਣਾ ਕੀਤੀ, ਜਿਸ ਦੀ ਦੁਨੀਆ ਦੇ ਕਿਸੇ ਵੀ ਧਰਮ ਵਿਚ ਮਿਸਾਲ ਨਹੀਂ ਮਿਲਦੀ ਹੈ। ਇਕੱਠ 'ਚ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਅਤੇ ਜਥੇਦਾਰ ਜਸਮੇਰ ਸਿੰਘ ਲਾਛੜੂ ਕਿਹਾ ਕਿ ਅੱਜ ਦਾ ਇਹ ਵਿਸ਼ੇਸ਼ ਦਿਨ ਖਾਲਸੇ ਦੇ ਸਿਧਾਂਤ ਨੂੰ ਅਪਣਾਉਣ 'ਤੇ ਜ਼ੋਰ ਦਿੰਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਨ ਵਾਲੇ ਬਾਣੀ ਅਤੇ ਬਾਣੇ ਦੇ ਧਾਰਨੀ ਹੋਣ। ਉਨ੍ਹਾਂ ਸੰਗਤਾਂ ਨੂੰ ਜਾਣੂੰ ਕਰਵਾਇਆ ਕਿ ਅੱਜ ਦੇ ਇਸ ਪਵਿੱਤਰ ਦਿਹਾੜੇ 'ਤੇ ਸੰਗਤਾਂ ਨੂੰ ਘਰਾਂ ਦੀਆਂ ਛੱਤਾਂ 'ਤੇ ਕੇਸਰੀ ਝੰਡੇ ਲਹਿਰਾ ਕੇ ਜ਼ਬਰ ਜ਼ੁਲਮ ਦੇ ਖਿਲਾਫ਼ ਇਕਜੁੱਟਤਾ ਦਾ ਪ੍ਰਮਾਣ ਦੇਣਾ ਚਾਹੀਦਾ ਹੈ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਪੁੱਜੀਆਂ ਸਖਸ਼ੀਅਤਾਂ ਦਾ ਮੈਨੇਜਰ ਸੁਰਜੀਤ ਸਿੰਘ ਕੌਲੀ, ਹੈਡ ਗ੍ਰੰਥੀ ਅਵਤਾਰ ਸਿੰਘ ਨੇ ਸਿਰੋਪਾਓ ਨਾਲ ਸਨਮਾਨ ਵੀ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਕੰਪਲੈਕਸ ਅੰਦਰ ਮੁਫ਼ਤ ਲਿਟਰੇਚਰ ਵੀ ਸੰਗਤਾਂ ਨੂੰ ਵੰਡਿਆ ਗਿਆ ਅਤੇ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਵੱਲੋਂ ਦਸਤਾਰ ਸਿਖਲਾਈ ਕੈਂਪ ਵੀ ਲਗਾਇਆ ਗਿਆ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਬਾਬਾ ਸੋਹਣ ਸਿੰਘ ਕਾਰ ਸੇਵਾ ਵਾਲੇ, ਸੁਰਿੰਦਰ ਸਿੰਘ ਘੁਮਾਣਾ, ਬਾਬਾ ਕੁਲਦੀਪ ਸਿੰਘ, ਬਲਵਿੰਦਰ ਸਿੰਘ ਦੌਣ ਕਲਾਂ, ਯੂਥ ਆਗੂ ਕਰਨਬੀਰ ਸਿੰਘ, ਸਹਿਜ ਸਿੰਘ ਮੱਕੜ, ਕੈਪਟਨ ਖੁਸ਼ਵੰਤ ਸਿੰਘ, ਕੁਲਦੀਪ ਸਿੰਘ ਪ੍ਰਚਾਰਕ ਪਰਵਿੰਦਰ ਸਿੰਘ ਬਰਾੜਾ ਆਦਿ ਸਮੇਤ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

## 250 ਦੇ ਕਰੀਬ ਸੰਗਤਾਂ ਨੇ 'ਅੰਮ੍ਰਿਤ' ਦੀ ਦਾਤ ਪ੍ਰਾਪਤ ਕੀਤੀ

ਖਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਬਹਾਦਰਗੜ੍ਹ ਸਾਹਿਬ ਵਿਖੇ ਅੰਮ੍ਰਿਤ ਸੰਚਾਰ' ਵੀ ਕਰਵਾਇਆ ਗਿਆ। ਪੰਜ ਪਿਆਰਿਆਂ ਪਾਸੋਂ 250 ਦੇ ਕਰੀਬ ਪ੍ਰਾਣੀਆਂ ਨੇ 'ਅੰਮ੍ਰਿਤ' ਦੀ ਦਾਤ ਹਾਸਲ ਕੀਤੀ ਅਤੇ ਗੁਰੂ ਸਾਹਿਬ ਵੱਲੋਂ ਵਿਖਾਏ ਮਾਰਗ 'ਤੇ ਚੱਲਣ ਦਾ ਪ੍ਰਣ ਕੀਤਾ। ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਵਾਲਿਆਂ 'ਚ ਮਹਿਲਾਵਾਂ, ਬਜ਼ੁਰਗ, ਨੌਜਵਾਨ, ਬੱਚੇ ਆਦਿ ਵੀ ਸ਼ਾਮਲ ਸਨ।

# ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸੰਗਤਾਂ ਨੇ ਗੁਰੂ ਘਰ ਮੱਥਾ ਟੇਕ ਕੇ ਖ਼ਾਲਸਾ ਸਾਜਨਾ ਦਿਹਾੜਾ ਮਨਾਇਆ

**ਪਵਿੱਤਰ ਸਰੋਵਰ 'ਚ ਸੰਗਤਾਂ ਨੇ ਕੀਤਾ ਇਸ਼ਨਾਨ**

ਪਟਿਆਲਾ, 14 ਅਪ੍ਰੈਲ (ਰੁਪਾਣਾ/ਅਮਰਜੀਤ) : ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਵਿਸਾਖੀ ਦੇ ਜੋੜ ਮੇਲ ਮੌਕੇ ਖਾਲਸਾ ਸਾਜਨਾ ਦਿਵਸ ਮਨਾਉਣ ਲਈ ਵੱਡੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਘਰ ਪੁੱਜਕੇ ਆਪਣੀ ਆਸਥਾ ਪ੍ਰਗਟਾਈ ਅਤੇ ਗੁਰੂ ਦਰਬਾਰ ਵਿਚ ਨਤਮਸਤਕ ਹੋ ਕੇ ਖਾਲਸੇ ਦਾ ਦਿਹਾੜਾ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ। ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਅਤੇ ਹਜ਼ੂਰੀ ਕੀਰਤਨੀ ਜੱਥਿਆਂ ਨੇ ਗੁਰਬਾਣੀ ਕੀਰਤਨ ਦਾ ਪ੍ਰਵਾਹ ਚਲਾਕੇ ਸੰਗਤਾਂ ਨੂੰ ਨਿਹਾਲ ਕੀਤਾ। ਸੰਗਤਾਂ ਨੇ ਪਵਿੱਤਰ ਸਰੋਵਰ 'ਚ ਇਸ਼ਨਾਨ ਕਰਦਿਆਂ ਪੰਗਤ–ਸੰਗਤ ਕੀਤੀ ਅਤੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸੰਗਤਾਂ ਨੂੰ ਖਾਲਸੇ ਪੰਥ ਦੇ ਸਿਰਜਣਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਨੰਦਪੁਰ ਸਾਹਿਬ ਦੀ ਧਰਤੀ ਤੋਂ ਜ਼ਬਰ ਜ਼ੁਲਮ ਦੇ ਖਿਲਾਫ਼ ਹੱਕ, ਸੱਚ ਦੀ ਆਵਾਜ਼ ਨੂੰ ਬੁਲੰਦ ਕਰਦਿਆਂ ਸਮੁੱਚੀ ਮਾਨਵਤਾ ਨੂੰ ਖਾਲਸਾ ਪੰਥ ਦਾ ਵੱਡਮੁੱਲਾ ਅਤੇ ਵਿਲੱਖਣ ਸਿਧਾਂਤ ਦਿੱਤਾ, ਜਿਸ ਨਾਲ



ਖੁਦਮੁਖਤਿਆਰੀ ਖਾਲਸਾ ਪੰਥ ਹੋਂਦ 'ਚ ਆਇਆ। ਭਾਈ ਪ੍ਰਨਾਮ ਸਿੰਘ ਨੇ ਕਿਹਾ ਕਿ ਅੱਜ ਲੋੜ ਹੈ ਕਿ ਗੁਰੂ ਮਾਨਿਓ ਗ੍ਰੰਥ ਦੇ ਫਲਸਫੇ ਨੂੰ ਅਪਨਾਈਏ ਅਤੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਬਾਣੀ ਅਤੇ ਬਾਣੇ ਦੇ ਧਾਰਨੀ ਹੋਈਏ। ਧਾਰਮਕ ਸਮਾਗਮ ਦੌਰਾਨ ਮੈਨੇਜਰ ਭਾਗ ਸਿੰਘ ਨੇ ਪੁੱਜੀਆਂ ਸਖਸ਼ੀਅਤਾਂ ਨੂੰ ਸਿਰੋਪਾਓ ਭੇਂਟ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਜਸਵਿੰਦਰ ਸਿੰਘ, ਨਵਜਿੰਦਰ ਸਿੰਘ, ਅਕਾਊਂਟੈਂਟ ਗੁਰਮੀਤ ਸਿੰਘ, ਰਿਕਾਰਡਕੀਪਰ ਸਰਬਜੀਤ ਸਿੰਘ, ਭਾਈ ਹਜ਼ੂਰ ਸਿੰਘ, ਭਾਈ ਰਜ਼ਨੀਸ਼, ਭਾਈ ਬਲਵਿੰਦਰ ਸਿੰਘ ਸਮਾਣਾ, ਹਰਵਿੰਦਰ ਸਿੰਘ ਕਾਹਲਵਾਂ ਆਦਿ ਸਖਸ਼ੀਅਤਾਂ ਅਤੇ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

## 160 ਪ੍ਰਾਣੀਆਂ ਨੇ ਲਈ ਅੰਮ੍ਰਿਤ ਦੀ ਦਾਤ

ਗੁਰਦੁਆਰਾ ਸਾਹਿਬ ਦੀਵਾਨ ਹਾਲ ਵਿਖੇ ਖਾਲਸਾ ਸਿਰਜਣਾ ਦਿਵਸ ਮੌਕੇ ਪੰਜ ਪਿਆਰਿਆਂ ਪਾਸੋਂ 160 ਦੇ ਕਰੀਬ ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਹਾਸਲ ਕੀਤੀ। ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਵਾਲਿਆਂ 'ਚ ਮਹਿਲਾਵਾਂ, ਬਜ਼ੁਰਗ, ਨੌਜਵਾਨ, ਬੱਚੇ ਆਦਿ ਸ਼ਾਮਲ ਸਨ। ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਅੰਮ੍ਰਿਤ ਦੀ ਦਾਤ ਹਾਸਲ ਕਰਨ ਵਾਲਿਆਂ ਨੂੰ ਰਹਿਤ ਮਰਿਆਦਾ, ਨਾਮ ਸਿਮਰਨ ਨੂੰ ਆਪਣੀ ਜੀਵਨ ਜਾਂਚ ਦਾ ਹਿੱਸਾ ਬਣਾਉਣ ਲਈ ਪ੍ਰੇਰਿਆ।

## ਵਰਕ ਪਰਮਿਟ 'ਤੇ ਨਿਊਜ਼ੀਲੈਂਡ ਭੇਜਣ ਦਾ ਝਾਂਸਾ ਦੇ ਕੇ 22 ਲੱਖ 80 ਹਜ਼ਾਰ ਠੱਗੇ

ਬਲਬੇੜ੍ਹਾ/ਡਕਾਲਾ, 14 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਵੈਸੇ ਤਾਂ ਸੂਬੇ ਅੰਦਰ ਨਿਤ ਦਿਨ ਅਜਿਹੇ ਧੋਖਾਧੜੀ ਦੇ ਮਾਮਲੇ ਅਖਬਾਰਾਂ ਦੀਆਂ ਸੁਰਖੀਆਂ ਅਤੇ ਟੀਵੀ ਚੈਨਲਾਂ ਦੀ ਹੈਡਲਾਈਨ ਬਣੇ ਰਹਿੰਦੇ ਹਨ ਅਜਿਹਾ ਹੀ ਧੋਖਾਧੜੀ ਨਾਲ ਜੁੜਿਆ ਹੋਇਆ ਮਾਮਲਾ ਨੇੜਲੇ ਪਿੰਡ ਡਕਾਲਾ ਤੋਂ ਨਿਕਲ ਗਏ ਸਾਹਮਣੇ ਆਇਆ ਹੈ ਜਿੱਥੇ ਡਕਾਲਾ ਨਿਵਾਸੀ ਹਰਪ੍ਰੀਤ ਸਿੰਘ ਪੁੱਤਰ ਭਗਵੰਤ ਸਿੰਘ ਨੇ ਪੁਲਿਸ ਥਾਣਾ ਪਸਿਆਣਾ ਵਿਖੇ ਆਪਣੇ ਬਿਆਨ ਦਰਜ ਕਰਾਉਂਦਿਆਂ ਪੁਲਿਸ ਨੂੰ ਦੱਸਿਆ ਕਿ ਕੁਸ਼ਦੀਪ ਸਿੰਘ ਸੁਖਦੀਪ ਸਿੰਘ ਪੁੱਤਰਾਨ ਕੁਲਵਿੰਦਰ ਸਿੰਘ ਇਹਨਾਂ ਦੋਸ਼ੀਆਂ ਵੱਲੋਂ ਹਰਪ੍ਰੀਤ ਸਿੰਘ ਪੁੱਤਰ ਭਗਵੰਤ ਸਿੰਘ ਡਕਾਲਾ ਨਿਵਾਸੀ ਨੂੰ ਵਰਕ ਪਰਮਿਟ ਤੇ ਨਿਊਜ਼ੀਲੈਂਡ ਭੇਜਣ ਦਾ ਝਾਂਸਾ ਦੇ ਕੇ 22 ਲੱਖ 80 ਹਜ਼ਾਰ ਰੁਪਏ ਲੈ ਲਏ ਗਏ ਹਨ, ਉਹਨਾਂ ਦੱਸਿਆ ਕਿ ਦੋਸ਼ੀਆਂ ਵੱਲੋਂ ਨਾ ਤਾਂ ਹਰਪ੍ਰੀਤ ਸਿੰਘ ਨੂੰ ਨਿਊਜ਼ੀਲੈਂਡ ਭੇਜਿਆ ਗਿਆ, ਤੇ ਨਾ ਹੀ ਪੈਸੇ ਵਾਪਸ ਕੀਤੇ ਗਏ, ਬਲਕਿ ਜਾਅਲੀ ਬੀਜਾ ਅਤੇ ਟਿਕਟਾਂ ਦੇ ਕੇ ਉਹਨਾਂ ਦੇ ਨਾਲ ਲੱਖਾਂ ਰੁਪਏ ਦੀ ਠੱਗੀ ਮਾਰੀ ਗਈ ਹੈ, ਜਿਸ ਲਈ ਹਰਪ੍ਰੀਤ ਸਿੰਘ ਪੁੱਤਰ ਭਗਵੰਤ ਸਿੰਘ ਵੱਲੋਂ ਇਨਸਾਫ ਲੈਣ ਲਈ ਸਥਾਨਕ ਥਾਣਾ ਪਸਿਆਣਾ ਪੁਲਿਸ ਕੋਲ ਮੁਕਦਮਾ ਦਰਜ ਕਰਾਇਆ ਗਿਆ ਹੈ, ਹੁਣ ਦੋਸ਼ੀਆਂ ਖ਼ਿਲਾਫ਼ ਭਵਿੱਖ 'ਚ ਕਿਹੋ ਜਿਹੀ ਕਾਰਵਾਈ ਨਿਕਲ ਕੇ ਸਾਹਮਣੇ ਆਵੇਗੀ ਇਹ ਜਵਾਬ ਦਾ ਸਵਾਲ ਸਮਾਂ ਤੈਅ ਕਰੇਗਾ।

# ਹਰਚੰਦ ਸਿੰਘ ਬਰਸਟ ਨੇ ਬਾਬਾ ਸਾਹਿਬ ਦੇ ਦਿਖਾਏ ਰਸਤੇ 'ਤੇ ਚੱਲਣ ਲਈ ਕੀਤਾ ਪ੍ਰੇਰਿਤ

ਸਮਾਣਾ, 14 ਅਪ੍ਰੈਲ (ਵਿਜੇ ਕੁਮਾਰ) ਡਾ. ਭੀਮ ਰਾਓ ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਵਸ ਮੌਕੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਦੌਰਾਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ



ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਹਾਜ਼ਰੀ ਲਗਵਾਈ ਅਤੇ ਸਰਬੱਤ ਦੇ ਭਲੇ ਅਤੇ ਚੜ੍ਹਦੀਕਲਾ ਦੀ ਅਰਦਾਸ ਕੀਤੀ। ਇਸ ਉਪਰੰਤ ਸ. ਬਰਸਟ ਨੇ ਬਾਬਾ ਸਾਹਿਬ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਕੇ ਸ਼ਰਧਾਂਜਲੀ ਦਿੱਤੀ। ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਬਾਬਾ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਆਪਣੀ ਸਾਰੀ ਜ਼ਿੰਦਗੀ ਸਮਾਜਿਕ ਨਿਆਂ, ਸਮਾਨਤਾ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਸਮਰਪਿਤ ਕੀਤੀ। ਬਾਬਾ ਸਾਹਿਬ ਵੱਲੋਂ ਤਿਆਰ ਕੀਤਾ ਗਿਆ ਭਾਰਤੀ ਸੰਵਿਧਾਨ ਹਰ ਨਾਗਰਿਕ ਨੂੰ ਬਰਾਬਰੀ ਦੇ ਅਧਿਕਾਰ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਅੱਜ ਭਾਰਤ ਦੀ ਲੋਕਤਾਂਤਰਿਕ ਪ੍ਰਣਾਲੀ ਜੇਕਰ ਇੰਨੀ ਮਜ਼ਬੂਤ ਹੈ, ਤਾਂ ਇਸ ਦੇ ਪਿੱਛੇ ਬਾਬਾ ਸਾਹਿਬ ਦੀ ਦੂਰਅੰਦੇਸ਼ੀ ਸੋਚ ਦਾ ਵੱਡਾ ਹੱਥ ਹੈ। ਉਨ੍ਹਾਂ ਸਾਰਿਆਂ ਨੂੰ ਬਾਬਾ ਸਾਹਿਬ ਦੇ ਦਿਖਾਏ ਰਸਤੇ ਤੇ ਚਲਣ ਲਈ ਪ੍ਰੇਰਿਤ ਕੀਤਾ। ਚੇਅਰਮੈਨ ਨੇ ਸੁਸਾਇਟੀ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਸਹਾਈ ਹੁੰਦੇ ਹਨ।

# ਡਾ. ਅੰਬੇਡਕਰ ਸੰਵਿਧਾਨ ਨਿਰਮਾਤਾ ਤੇ ਵਿਦਵਾਨ, ਮਨੁੱਖੀ ਅਧਿਕਾਰਾਂ ਦੇ ਸੱਚੇ ਪਹਿਰੇਦਾਰ ਰਹੇ : ਅਜੀਤਪਾਲ ਸਿੰਘ ਕੋਹਲੀ

**☛ਡਾ. ਅੰਬੇਡਕਰ ਜੈਯੰਤੀ ਮੌਕੇ ਵਿਧਾਇਕ ਨੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ**

ਪਟਿਆਲਾ, 14 ਅਪ੍ਰੈਲ (ਰੁਪਾਣਾ) : ਡਾ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਮੌਕੇ ਅੱਜ ਇੱਥੇ ਆਮ ਆਦਮੀ ਪਾਰਟੀ ਦੇ ਪਟਿਆਲਾ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪੁਰਾਣਾ ਬੱਸ ਅੱਡਾ ਨਜ਼ਦੀਕ ਡਾ. ਅੰਬੇਡਕਰ ਬੁੱਤ ਉੱਪਰ ਫੁੱਲ ਮਾਲਾ ਅਰਪਿਤ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਸਿਰਫ਼ ਭਾਰਤ ਦੇ ਸੰਵਿਧਾਨ ਨਿਰਮਾਤਾ ਹੀ ਨਹੀਂ ਸਨ, ਸਗੋਂ ਉਹ ਇਕ ਮਹਾਨ ਸਮਾਜ ਸੁਧਾਰਕ, ਚਿੰਤਕ, ਵਿਦਵਾਨ ਅਤੇ ਮਨੁੱਖੀ ਅਧਿਕਾਰਾਂ ਦੇ ਸੱਚੇ ਪਹਿਰੇਦਾਰ ਵੀ ਸਨ। ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਉਪਦੇਸ਼ਾਂ ਨੇ ਭਾਰਤੀ ਸਮਾਜ ਵਿਚ ਇਕ ਨਵੀਂ ਚੇਤਨਾ ਅਤੇ ਜਾਗਰੂਕਤਾ ਪੈਦਾ ਕੀਤੀ ਜਿਸ ਦਾ ਪ੍ਰਭਾਵ ਅੱਜ ਵੀ ਸਪਸ਼ਟ ਤੌਰ 'ਤੇ



ਵੇਖਿਆ ਜਾ ਸਕਦਾ ਹੈ। ਉਨ੍ਹਾਂ ਨੇ ਸਿੱਖਿਆ ਨੂੰ ਮਨੁੱਖੀ ਸੋਚ ਦੇ ਮਿਆਰ ਨੂੰ ਉੱਚਾ ਚੁੱਕਣ ਦਾ ਸਭ ਤੋਂ ਵੱਡਾ ਹਥਿਆਰ ਮੰਨਿਆ। ਉਨ੍ਹਾਂ ਦਾ ਲੋਕਾਂ ਵਿਚ ਜਾਗਰੂਕਤਾ ਲਿਆਉਣ ਦਾ ਮਸ਼ਹੂਰ ਨਾਅਰਾ ਸੀ–ਪੜ੍ਹੋ, ਜੁੜੋ ਤੇ ਸੰਘਰਸ਼ ਕਰੋ। ਇਸ ਲਈ ਉਨ੍ਹਾਂ ਨੇ ਸਿੱਖਿਆ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਹ ਮੰਨਦੇ ਸਨ ਕਿ ਅਗਿਆਨਤਾ ਹੀ ਹਰ ਕਿਸਮ ਦੀ ਗੁਲਾਮੀ ਦੀ ਜੜ੍ਹ ਹੈ। ਉਨ੍ਹਾਂ ਨੇ ਹਿੰਦੂ ਕੋਡ ਬਿੱਲ ਰਾਹੀਂ ਔਰਤਾਂ ਨੂੰ ਸੰਪਤੀ, ਵੋਟ ਦੇ ਅਧਿਕਾਰ ਅਤੇ ਸਮਾਨਤਾ ਦਿਵਾਉਣ ਦੀ ਕੋਸ਼ਿਸ਼ ਕੀਤੀ। ਉਹ ਮੰਨਦੇ ਸਨ ਕਿ ਕਿਸੇ ਵੀ ਸਮਾਜ ਦੀ ਤਰੱਕੀ ਦਾ ਅੰਦਾਜ਼ਾ ਉਸ ਦੀਆਂ ਔਰਤਾਂ ਦੀ ਸਥਿਤੀ ਤੋਂ ਲਗਾਇਆ ਜਾ ਸਕਦਾ ਹੈ। ਇਸ ਮੌਕੇ ਕੌਂਸਲਰ ਨੇਹਾ ਸਿੱਧੂ, ਕੌਂਸਲਰ ਸਾਗਰ ਧਾਲੀਵਾਲ, ਕੌਂਸਲਰ ਜਗਮੋਹਨ ਚੌਹਾਨ, ਕੌਂਸਲਰ ਰੇਨੂ ਬਾਲਾ, ਕੌਂਸਲਰ ਮੀਨਾ ਦੇਵੀ, ਕੌਂਸਲਰ ਸੋਨੀਆ ਦਾਸ, ਸੰਜੀਵ ਕੁਮਾਰ ਅਤੇ ਰਿਕੀ ਸੂਲਰ ਸ਼ਾਮਲ ਸਨ।

# ਵਿਧਾਇਕ ਸ਼ੁਤਰਾਣਾ ਤੇ ਚੇਅਰਮੈਨ ਬਰਾੜ ਨੇ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ

**➢ਪਾਤੜਾਂ, ਸ਼ੁਤਰਾਣਾ, ਘੱਗਾ, ਬਾਦਸ਼ਾਹਪੁਰ, ਨੰਨਹੇੜਾ ਅਨਾਜ ਮੰਡੀਆਂ 'ਚ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ**



ਪਾਤੜਾਂ, 14 ਅਪ੍ਰੈਲ (ਹਰਮਿੰਦਰ ਕਰਤਾਰਪੁਰ): ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਅਤੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਵਲੋਂ ਅੱਜ ਪਾਤੜਾਂ, ਸ਼ੁਤਰਾਣਾ, ਘੱਗਾ, ਬਾਦਸ਼ਾਹਪੁਰ ਅਤੇ ਨੰਨਹੇੜਾ, ਬਕਰਾਹਾ ਆਦਿ ਅਨਾਜ ਮੰਡੀਆਂ ਵਿੱਚ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਖਰੀਦ ਸ਼ੁਰੂ ਕਰਵਾਈ ਗਈ। ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਅਤੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਕਿਸਾਨਾਂ ਦੀਆਂ ਮੁਸਕਲਾਂ ਨੂੰ ਹੱਲ ਕਰਨ ਦੀ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਪੰਜਾਬ ਸਮੇਤ ਸਬ ਡਵੀਜ਼ਨ ਪਾਤੜਾਂ ਦੀਆਂ ਅਨਾਜ਼ ਮੰਡੀਆਂ ਵਿੱਚ ਕਣਕ ਦੀ ਖਰੀਦ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲੈ ਗਏ ਹਨ ਅਤੇ ਹਾੜੀ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਬੂਟਾ ਸਿੰਘ ਵਿਰਕ ਸਟੇਟ ਸੈਕਟਰੀ ਕਿਸਾਨ ਵਿੰਗ ਪੰਜਾਬ, ਤੇਜ਼ ਪਾਲ ਸ਼ਰਮਾ ਪ੍ਰਧਾਨ ਆੜਤੀ ਐਸੋਸੀਏਸ਼ਨ ਪਾਤੜਾਂ, ਪ੍ਰੀਤ ਗਿੱਲ ਬਲਾਕ ਪ੍ਰਧਾਨ ਪਾਤੜਾਂ, ਮਨਵੀਰ ਸਿੰਘ ਮੰਨਾ ਸੰਧੂ ਮੌਲਵੀਵਾਲਾ, ਕੁਲਦੀਪ ਸਿੰਘ ਥਿੰਦ ਡਾਇਰੈਕਟਰ ਕੰਬੋਜ਼ ਭਲਾਈ ਬੋਰਡ ਪੰਜਾਬ, ਸਰਪੰਚ ਬਲਜੀਤ ਸਿੰਘ ਮੌਲਵੀਵਾਲਾ ਇੰਚਾਰਜ ਵਿਰਾਸਤ ਸੇਵਾ ਸੰਗਠਨ ਵਿਧਾਨ ਸਭਾ ਹਲਕਾ ਸ਼ੁਤਰਾਣਾ, ਚੇਅਰਮੈਨ ਡਾਕਟਰ ਡੀਡੀ ਸਿੰਗਲਾ, ਨੰਦ ਲਾਲ ਘੱਗਾ ਪ੍ਰਧਾਨ ਸਿਟੀ ਪਾਤੜਾਂ, ਚਮਨ ਲਾਲ ਕਲਵਾਨੂੰ ਪ੍ਰਧਾਨ ਅਨਾਜ ਮੰਡੀ ਘੱਗਾ, ਦਵਿੰਦਰ ਸਿੰਘ ਸੇਲਵਾਲਾ, ਮਿੱਠੂ ਸਿੰਘ ਘੱਗਾ ਪ੍ਰਧਾਨ ਨਗਰ ਪੰਚਾਇਤ ਘੱਗਾ, ਪ੍ਰਿੰਸ ਸ਼ਰਮਾ ਵਾਇਸ ਪ੍ਰਧਾਨ ਅਨਾਜ ਮੰਡੀ ਘੱਗਾ, ਸਰਪ੍ਰਸਤ ਨਾਹਰ ਸਿੰਘ, ਰੂਪ ਚੰਦ ਸ਼ਰਮਾ, ਅਮਨਦੀਪ ਸਿੰਘ ਹਾਂਡਾ, ਸੁਰੇਸ਼ ਕੁਮਾਰ ਘੱਗਾ, ਸੁਰਿੰਦਰ ਪਾਲ ਸ਼ਰਮਾ, ਗਿਰਧਾਰੀ ਲਾਲ, ਸੋਨੂੰ ਘੱਗਾ, ਬੁੱਧ ਸਿੰਘ, ਨਰੇਸ਼ ਕੁਮਾਰ ਸਾਬਕਾ ਪ੍ਰਧਾਨ ਨਗਰ ਪੰਚਾਇਤ ਘੱਗਾ, ਪ੍ਰਧਾਨ ਬਿੱਟੂ ਮੈਣੀ, ਸਹਿਲ ਬਾਂਸਲ, ਕਰਨਜੀਤ ਸਿੰਘ ਮੌਲਵੀਵਾਲਾ, ਹੇਮ ਰਾਜ ਸਿੰਗਲਾ, ਤਰਸੇਮ ਲਾਲ ਸ਼ਰਮਾ, ਅਮ੍ਰਿਤ ਲਾਲ ਕਲਵਾਨੂੰ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

## ਗੁਰਜੀਤ ਸਿੰਘ ਕੋਹਲੀ ਵੱਲੋਂ ਸਿੱਖ ਕੌਮ ਦੇ ਸਮਰਥਨ ਅਤੇ ਪੱਗ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਇੰਟਰਨੈਸ਼ਨਲ ਟਰਬਨ ਡੇ ਦੀ ਸ਼ੁਰੂਆਤ



ਪਟਿਆਲਾ, 14 ਅਪ੍ਰੈਲ (ਅਮਰਜੀਤ) : ਬੀਜੇਪੀ ਲੀਡਰ ਗੁਰਜੀਤ ਸਿੰਘ ਕੋਹਲੀ ਵੱਲੋਂ ਸ਼ੁਰੂ ਕੀਤਾ ਗਿਆ ਇੰਟਰਨੈਸ਼ਨਲ ਟਰਬਨ ਡੇ ਦਾ ਪਹਿਲਾ ਸਮਾਗਮ ਗੁਰਦੁਆਰਾ ਦੁਖ ਨਿਵਾਰਣ ਸਾਹਿਬ, ਪਟਿਆਲਾ ਵਿਖੇ ਬੜੇ ਹੀ ਉਤਸ਼ਾਹ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਮਕਸਦ ਪੱਗ ਦੀ ਧਾਰਮਿਕ, ਸੱਭਿਆਚਾਰਕ ਅਤੇ ਇਤਿਹਾਸਕ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਆਪਣੀ ਸਿੱਖ ਵਿਰਾਸਤ ਨਾਲ ਜੋੜਨਾ ਸੀ। ਇਸ ਮੌਕੇ 'ਤੇ 500 ਤੋਂ ਵੱਧ ਬੱਚਿਆਂ ਨੇ ਹਿੱਸਾ ਲਿਆ ਅਤੇ ਪੱਗ ਬੰਨ੍ਹਣ ਸਮੇਤ ਕਈ ਸੱਭਿਆਚਾਰਕ ਗਤੀਵਿਧੀਆਂ ਵਿੱਚ ਸ਼ਮੂਲੀਅਤ ਕੀਤੀ। ਇਹ ਸਮਾਗਮ ਪੱਗ ਨੂੰ ਸਿਰਫ਼ ਧਾਰਮਿਕ ਪ੍ਰਤੀਕ ਹੀ ਨਹੀਂ, ਸਗੋਂ ਪਛਾਣ, ਮਰਿਆਦਾ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਦੇ ਪ੍ਰਤੀਕ ਵਜੋਂ ਪੇਸ਼ ਕਰਨ ਲਈ ਇਕ ਮਹੱਤਵਪੂਰਨ ਮੰਚ ਸਾਬਤ ਹੋਇਆ। ਗੁਰਜੀਤ ਸਿੰਘ ਕੋਹਲੀ ਨੇ ਕਿਹਾ ਕਿ ਇੰਟਰਨੈਸ਼ਨਲ ਟਰਬਨ ਡੇ ਦੀ ਸ਼ੁਰੂਆਤ ਦਾ ਮਕਸਦ ਕੌਮਾਂ ਵਿਚਕਾਰ ਸਮਝ ਵਧਾਉਣਾ ਅਤੇ ਨੌਜਵਾਨਾਂ ਨੂੰ ਸਿੱਖ ਮੂੱਲਾਂ ਅਤੇ ਇਤਿਹਾਸ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਅੱਜ–ਕੱਲ੍ਹ ਪੰਜਾਬ ਵਿੱਚ ਧਰਮ ਪਰਿਵਰਤਨ ਦੀ ਵਧਦੀ ਲਹਿਰ ਵਿਚਕਾਰ, ਪੱਗ ਦੀ ਮਹੱਤਤਾ ਅਤੇ ਇਸ ਦੀ ਸੰਭਾਲ ਹੋਰ ਵੀ ਲਾਜ਼ਮੀ ਹੋ ਗਈ ਹੈ।

## ਨਸ਼ੇ ਦਾ ਸੇਵਨ ਕਰਨ ਦੇ ਵੱਖ–ਵੱਖ ਮਾਮਲੇ ਦਰਜ

ਪਟਿਆਲਾ, 14 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਵਿਸ਼ਾਲ ਵਾਸੀ ਹੀਰਾ ਕਲੋਨੀ ਬਹਾਦਰਗੜ੍ਹ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਗੁਰਬਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਫੇਸ–2 ਮਾਰਕੀਟ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਸਾਧੂ ਬੇਲਾ ਰੋਡ ਪਰ ਝਾੜੀਆ ਵਿੱਚ ਬੈਠਾ ਨਸ਼ੇ ਦਾ ਸੇਵਨ ਕਰ ਰਿਹਾ ਹੈ। ਇਸੇ ਤਰ੍ਹਾਂ ਥਾਣਾ ਸਦਰ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਕਰਨਵੀਰ ਸਿੰਘ ਵਾਸੀ ਪਿੰਡ ਮੰਡੌੜ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਜਸਵਿੰਦਰ ਸਿੰਘ ਸਮੇਤ ਪੁਲਿਸ ਪਿੰਡ ਰੋਹਟੀ ਖਾਸ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

**ਅਗਰਵਾਲ ਧਰਮਸ਼ਾਲਾ ਚੋਣਾਂ**

## ਦਰਸ਼ਨ ਮਿੱਤਲ ਨੇ ਪ੍ਰਧਾਨਗੀ ਲਈ ਨਾਮਜ਼ਦਗੀ ਭਰੀ



ਸਮਾਣਾ, 14 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਅਗਰਵਾਲ ਧਰਮਸ਼ਾਲਾ ਦੀਆਂ ਚੋਣਾਂ ਨੇ ਹੁਣ ਰਫ਼ਤਾਰ ਫੜ ਲਈ ਹੈ। ਇਸ ਦੌਰਾਨ ਪ੍ਰਧਾਨਗੀ ਲਈ ਮਜ਼ਬੂਤ ਦਾਅਵੇਦਾਰ ਵਜੋਂ ਉਭਰਦੇ ਦਰਸ਼ਨ ਮਿੱਤਲ ਨੇ ਅੱਜ ਆਪਣੀ ਨਾਮਜ਼ਦਗੀ ਚੋਣ ਕਮੇਟੀ ਕੋਲ ਦਾਖ਼ਲ ਕਰਵਾਈ। ਨਾਮਜ਼ਦਗੀ ਭਰਨ ਤੋਂ ਪਹਿਲਾਂ ਉਨ੍ਹਾਂ ਵੱਲੋਂ ਮਹਾਰਾਜ ਅਗਰਸੈਨ ਜੀ ਦੇ ਦਰਬਾਰ ਵਿੱਚ ਮੱਥਾ ਟੇਕ ਕੇ ਅਸ਼ੀਰਵਾਦ ਵੀ ਪ੍ਰਾਪਤ ਕੀਤਾ ਗਿਆ। ਨਾਮਜ਼ਦਗੀ ਦੌਰਾਨ ਵੱਡੀ ਗਿਣਤੀ ਵਿੱਚ ਅਗਰਵਾਲ ਭਾਈਚਾਰੇ ਦੇ ਲੋਕ ਮੌਜੂਦ ਰਹੇ। ਇਸ ਮੌਕੇ ਦਰਸ਼ਨ ਮਿੱਤਲ ਨੇ ਕਿਹਾ ਕਿ ਉਹ ਸੰਸਥਾ ਦੇ ਨਿਯਮਾਂ ਅਤੇ ਚੋਣ ਕਮੇਟੀ ਵੱਲੋਂ ਨਿਰਧਾਰਤ ਸਾਰੀਆਂ ਸ਼ਰਤਾਂ ਨੂੰ ਪੂਰੀ ਤਰ੍ਹਾਂ ਮੰਨਦੇ ਹਨ ਅਤੇ ਭਾਈਚਾਰੇ ਦੀ ਸੇਵਾ ਲਈ ਵਚਨਬੱਧ ਹਨ। ਮੌਜੂਦ ਲੋਕਾਂ ਨੇ ਦਰਸ਼ਨ ਮਿੱਤਲ ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ।

# ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

ਪਟਿਆਲਾ, 14 ਅਪ੍ਰੈਲ (ਮਨੋਹਰ ਲਾਲ ਪਵਾਰ) : ਪੈਨਸ਼ਨਰਜ਼ ਐਸੋਸੀਏਸ਼ਨ ਦੇ ਹੈੱਡ ਆਫਿਸ ਯੂਨਿਟ ਪਟਿਆਲਾ ਵਲੋਂ ਪੈਨਸ਼ਨਰਜ਼ ਐਸੋਸੀਏਸ਼ਨ ਦੇ ਦਫਤਰ ਪੀ –15, ਗਰਿੱਡ ਸਬ–ਸਟੇਸ਼ਨ ਕਲੋਨੀ, ਪਟਿਆਲਾ ਵਿਖੇ ਯੂਨਿਟ ਪ੍ਰਧਾਨ ਸ੍ਰ. ਧਨਵੰਤ ਸਿੰਘ ਭੱਠਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਨੇ ਹਿਸਾ ਲਿਆ ਯੂਨਿਟ ਸਕੱਤਰ ਭੁਪਿੰਦਰ ਕੁਮਾਰ ਕੱਕੜ ਨੇ ਦੱਸਿਆ ਗਿਆ ਕਿ ਮੀਟਿੰਗ ਵਿੱਚ ਪੈਨਸ਼ਨਰਜ਼ ਦੀਆਂ ਮੰਗਾ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੇ ਨਾਲ ਹੀ 18 ਅਪ੍ਰੈਲ 2026 ਦੇ ਲੁਧਿਆਣਾ ਵਿਖੇ ਲਗਾਏ ਜਾ ਰਹੇ ਸੂਬਾ ਪੱਧਰੀ ਧਰਨੇ ਵਿੱਚ ਸ਼ਮੂਲੀਅਤ ਕਰਨ ਬਾਰੇ ਤਿਆਰੀ ਕੀਤੀ ਗਈ । ਅਦਾਲਤਾਂ ਵਲੋਂ ਮਹਿੰਗਾਈ ਭੱਤੇ ਬਾਰੇ ਆਏ ਫੈਸਲਿਆ ਦੀ ਸ਼ਲਾਘਾ ਵੀ ਕੀਤੀ ਗਈ। ਮੀਟਿੰਗ ਵਿੱਚ ਜਥੇਬੰਦੀ ਦੇ ਦਬਾਅ ਸਦਕਾ ਅਲਾਈਵ ਸਰਟੀਫਿਕੇਟ ਨੂੰ ਡਿਜਿਟਲ



ਦੀ ਥਾਂ ਤੇ ਓਪਸ਼ਨਲ ਕਰਨ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਸਰਵਸ਼੍ਰੀ ਕੇ. ਕੇ. ਸ਼ਰਮਾ, ਧਨਵੰਤ ਸਿੰਘ ਭੱਠਲ, ਭੁਪਿੰਦਰ ਕੁਮਾਰ ਕੱਕੜ, ਓਮ ਪ੍ਰਕਾਸ ਸਿੰਗਲਾ, ਮੁਕੇਸ਼ ਪੁਰੀ, ਕੇਵਲ ਕ੍ਰਿਸ਼ਨ ਗਰੋਵਰ, ਬਲਰਾਮ ਸਿੰਘ, ਮਨੋਹਰ ਲਾਲ ਪਵਾਰ, ਪ੍ਰਿਤਪਾਲ ਸਿੰਘ, ਜਸਬੀਰ ਸਿੰਘ ਗੋਰਾਇਆ, ਗੁਰਬਚਨ ਸਿੰਘ ਸਾਹਨੀ ਅਤੇ ਸ਼ਾਮ ਸੁੰਦਰ ਕਾਲੀਆਂ ਵੀ ਹਾਜ਼ਰ ਸਨ । ਬੁਲਾਰਿਆਂ ਨੇ ਪੰਜਾਬ ਸਰਕਾਰ ਵਲੋਂ ਪੀਐਸਪੀਸੀਐਲ ਅਤੇ ਪਸਟਕਲ ਦੀਆਂ ਜ਼ਮੀਨਾਂ ਵੇਚਣ ਲਈ ਅਤੇ 16% ਘੱਟ ਦਿੱਤਾ ਜਾ ਰਹੇ ਡੀ. ਏ. ਤੇ ਪਹਿਲਾਂ ਦਿਤੀਆਂ ਡੀ. ਏ. ਦੀਆਂ ਕਿਸ਼ਤਾਂ ਦਾ ਬਕਾਇਆ ਨਾ ਜਾਰੀ ਕਰਨ ਕਾਰਣ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਤੋਂ ਇਲਾਵਾ ਕੇਂਦਰ ਸਰਕਾਰ ਵਲੋਂ ਲਿਆਂਦੇ ਜਾ ਰਹੇ ਬਿਜਲੀ ਸੋਧ ਬਿਲ 2025 ਅਤੇ ਨਵੇਂ ਚਾਰ ਕਿਰਤ ਕਾਨੂੰਨਾਂ ਦੀ ਵੀ ਸਖ਼ਤ ਸ਼ਬਦਾਂ ਵਿੱਚ ਵਿਰੋਧ ਤੇ ਨਿੰਦਾ ਕੀਤੀ ਗਈ। ਮੰਚ ਦਾ ਸੰਚਾਲਣ ਭੁਪਿੰਦਰ ਕੁਮਾਰ ਕੱਕੜ, ਯੂਨਿਟ ਸਕੱਤਰ ਵਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ ।

# ਡਾ. ਅੰਬੇਡਕਰ ਜੈਯੰਤੀ ਮਨਾਈ, ਸਰਕਾਰੀ ਨੌਕਰੀ ਲੱਗੇ ਨੌਜਵਾਨਾਂ ਦਾ ਸਨਮਾਨ

ਸਮਾਣਾ, 14 ਅਪ੍ਰੈਲ (ਵਿਜੇ ਕੁਮਾਰ) : ਸਮਾਣਾ ਦੇ ਨੇੜਲੇ ਪਿੰਡ ਮਰਦਾਂਹੇੜੀ ਵਿਖੇ ਡਾ. ਭੀਮ ਰਾਓ ਅੰਬੇਦਕਰ ਜੀ ਦਾ 135ਵਾਂ ਜਨਮ ਦਿਨ ਗੁਰੂ ਰਵਿਦਾਸ ਸੇਵਾ ਸੁਸਾਇਟੀ ਅਤੇ ਪਿੰਡ ਦੇ ਸਹਿਯੋਗ ਨਾਲ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਮਾਸਟਰ ਸਤਬੀਰ ਸਿੰਘ ਅਤੇ ਸਤਿਗੁਰ ਸਿੰਘ ਨੇ ਬਾਬਾ ਸਾਹਿਬ ਦੇ ਜੀਵਨ ਬਾਰੇ ਸਮੂਹ ਹਾਜ਼ਰੀ ਨੂੰ ਜਾਣੂ ਕਰਵਾਇਆ। ਇਸ ਪ੍ਰੋਗਰਾਮ ਵਿਚ ਖਾਸ ਤੌਰ 'ਤੇ ਪਹੁੰਚੀ ਸਾਰੀ ਪੰਚਾਇਤ ਦਾ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਪਿੰਡ ਵਿੱਚੋਂ ਨੌਕਰੀ ਲੱਗੇ ਮੁੰਡੇ ਅਤੇ ਕੁੜੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਸਰਪੰਚ ਮਨਦੀਪ ਸਿੰਘ ਨੇ ਲੋਕਾਂ ਨੂੰ ਬਾਬਾ ਸਾਹਿਬ ਦੇ ਜੀਵਨ ਤੋਂ ਸੇਧ ਲੈਣ ਸਬੰਧੀ ਪ੍ਰੇਰਿਆ । ਇਸ ਮੌਕੇ ਪੰਚ ਤਰਸੇਮ ਸਿੰਘ, ਲਖਬੀਰ ਸਿੰਘ, ਗੁਰਦੀਪ ਸਿੰਘ, ਡਾ. ਅਮਰੀਕ ਸਿੰਘ, ਜਿੰਦਰ ਸਿੰਘ, ਕੁਲਦੀਪ ਸਿੰਘ, ਬਲਜੀਤ ਸਿੰਘ, ਬਲਵੰਤ ਸਿੰਘ, ਸਾਬਕਾ ਫੌਜੀ ਭੁਪਿੰਦਰ ਸਿੰਘ, ਮਿੰਟੂ ਅਤੇ ਲੱਕੀ ਪੇਂਟਰ ਸਮੇਤ ਹੋਰ ਵੱਖ–ਵੱਖ ਸ਼ਖ਼ਸੀਅਤਾਂ ਹਾਜ਼ਰ ਸਨ।



# ਮਲੇਰਕੋਟਲਾ ਵਿਖੇ ਡਾ. ਅੰਬੇਡਕਰ ਜੈਯੰਤੀ ਸ਼ਰਧਾ ਨਾਲ ਮਨਾਈ

ਮਲੇਰਕੋਟਲਾ, 14 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਮਾਲੇਰਕੋਟਲਾ ਵਿੱਚ ਡਾ. ਬੀ.ਆਰ. ਅੰਬੇਦਕਰ ਜਯੰਤੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਈ ਗਈ। ਇਹ ਸਮਾਗਮ ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ) ਰਿੰਪੀ ਗਰਗ ਦੀ ਅਗਵਾਈ ਹੇਠ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਭਲਾਈ ਵਿਭਾਗ ਵੱਲੋਂ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਭਾਗ ਦੇ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਇਲਾਵਾ ਹੋਰ ਵਿਭਾਗਾਂ ਦੇ ਨੁਮਾਇੰਦਿਆ ਨੇ ਹਿੱਸਾ ਲਿਆ । ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ਼) ਰਿੰਪੀ ਗਰਗ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਨੂੰ ਨਮਨ ਕਰਦਿਆਂ ਉਨ੍ਹਾਂ ਦੀਆਂ ਦੇਸ਼ ਲਈ ਬੇਮਿਸਾਲ ਸੇਵਾਵਾਂ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਡਾ. ਅੰਬੇਦਕਰ ਸਿਰਫ਼ ਸੰਵਿਧਾਨ ਨਿਰਮਾਤਾ ਹੀ ਨਹੀਂ ਸਨ, ਸਗੋਂ ਉਹ ਸਮਾਜਿਕ ਬਰਾਬਰੀ ਅਤੇ ਨਿਆਂ ਦੇ ਮਹਾਨ ਪੈਰੋਕਾਰ ਵੀ ਸਨ। ਉਨ੍ਹਾਂ ਵੱਲੋਂ ਦਿੱਤੇ ਸਿਧਾਂਤ ਅੱਜ ਵੀ ਸਮਾਜ ਨੂੰ ਅੱਗੇ



ਵਧਣ ਦਾ ਰਸਤਾ ਦਿਖਾਉਂਦੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਸਮਾਜਿਕ ਤਬਦੀਲੀ ਦਾ ਸਭ ਤੋਂ ਵੱਡਾ ਸਾਧਨ ਹੈ ਅਤੇ ਹਰ ਵਿਅਕਤੀ ਨੂੰ ਸਿੱਖਿਆ ਪ੍ਰਾਪਤ ਕਰਕੇ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ। ਉਨ੍ਹਾਂ ਸਮਾਜ ਦੇ ਪਿੱਛੜੇ ਵਰਗਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਯੋਜਨਾਵਾਂ ਦਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ ਅਤੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਇਹ ਯੋਜਨਾਵਾਂ ਲੋੜਵੰਦਾਂ ਤੱਕ ਪਹੁੰਚਣ। ਸਮਾਗਮ ਦੌਰਾਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਭਲਾਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਵੀ ਆਪਣੇ ਵਿਚਾਰ ਸਾਂਝੇ ਕੀਤੇ ਗਏ ਅਤੇ ਡਾ. ਅੰਬੇਦਕਰ ਦੇ ਜੀਵਨ ਸੰਦੇਸ਼ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਤਹਿਸੀਲ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫਸਰ ਹਰਪ੍ਰੀਤ ਸਿੰਘ ਸਮੇਤ ਵੱਖ–ਵੱਖ ਵਿਭਾਗ ਦੇ ਨੁਮਾਇੰਦੇ ਅਤੇ ਸਟਾਫ ਮੌਜੂਦ ਸੀ, ਸਮਾਗਮ ਦੇ ਅੰਤ ਵਿੱਚ ਸਾਰੇ ਹਾਜ਼ਰ ਵਿਅਕਤੀਆਂ ਨੇ ਡਾ. ਅੰਬੇਦਕਰ ਦੇ ਦਿਖਾਏ ਰਾਹ 'ਤੇ ਚੱਲਣ ਅਤੇ ਸਮਾਜ ਵਿੱਚ ਬਰਾਬਰੀ, ਨਿਆਂ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ।

## ਪੀ.ਆਰ.ਟੀ.ਸੀ. ਪੈਨਸ਼ਨਰਜ਼ ਦੀ ਮਹੀਨਾਵਾਰ ਮੀਟਿੰਗ

ਪਟਿਆਲਾ, 14 ਅਪ੍ਰੈਲ (ਚ.ਨ.ਸ.) : ਪੀ.ਆਰ.ਟੀ.ਸੀ. ਪੈਨਸ਼ਨਰਜ਼ ਐਸੋਸੀਏਸ਼ਨ ਪਟਿਆਲਾ ਡਿਪੂ ਦੀ ਮਹੀਨਾਵਾਰ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਲਲਕਾਰ ਸਿੰਘ ਨੇ ਕੀਤੀ। ਮੀਟਿੰਗ ਵਿੱਚ ਵੱਡੀ ਗਿਣਤੀ ਪੈਨਸ਼ਨਰਾਂ ਨੇ ਹਾਜ਼ਰੀ ਭਰੀ। ਮੀਟਿੰਗ ਮੌਜੂਦਾ ਮਸਲਿਆਂ ਤੇ ਚਰਚੇ ਕੀਤੀ ਗਈ, ਜਿਸ ਪੇ–ਕਮਿਸ਼ਨ ਦੇ ਬਕਾਏ ਦੀ ਅਦਾਇਗੀ, ਮੈਡੀਕਲ ਬਿੱਲਾਂ ਦੀ ਅਦਾਇਗੀ, ਡੀ.ਏ. ਦੀ ਅਦਾਇਗੀ ਲਈ ਪੀ.ਆਰ.ਟੀ.ਸੀ. ਮੈਨੇਜਮੈਂਟ ਅਤੇ ਸਰਕਾਰ ਦੀ ਅਲੋਚਨਾ ਕੀਤੀ ਗਈ। ਕਿਉਂਕਿ ਪੀ.ਆਰ.ਟੀ.ਸੀ. ਦਾ ਸਰਕਾਰ ਵਲੋਂ ਪੀ.ਆਰ.ਟੀ.ਸੀ. ਵਲੋਂ ਦਿੱਤੀ ਜਾ ਰਹੀ ਫਰੀ ਸਫਰ ਸਹੂਲਤਾਂ ਦੇ 750 ਕਰੋੜ ਰੁਪਏ ਬਕਾਇਆ ਪਏ ਹਨ। ਮੀਟਿੰਗ ਨੂੰ ਮੁੱਖ ਤੌਰ ਤੇ ਸਰਵਸ਼੍ਰੀ ਜੋਗਿੰਦਰ ਸਿੰਘ, ਸ਼ਿਵ ਕੁਮਾਰ ਸ਼ਰਮਾ, ਬਲਵੰਤ ਸਿੰਘ, ਘੋਲਾ ਸਿੰਘ, ਸੂਰਜ ਭਾਨ, ਗੁਰਦੀਪ ਸਿੰਘ, ਜਗਤਾਰ ਸਿੰਘ, ਲਲਕਾਰ ਸਿੰਘ ਅਤੇ ਸ਼ਿਵ ਕੁਮਾਰ ਮਿੱਤਲ ਨੇ ਸੰਬੋਧਨ ਕੀਤਾ।ਮੀਟਿੰਗ ਵਿੱਚ 75 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੈਨਸ਼ਨਰਾਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀ ਚੰਗੀ ਸਿਹਤ ਦੀ ਅਰਦਾਸ ਕੀਤੀ ਗਈ। ਮੀਟਿੰਗ ਨੂੰ ਕਾਮਯਾਬ ਕਰਨ ਲਈ ਯੋਗਿੰਦਰ ਪਾਲ ਯੋਗੀ, ਸੋਹਨ ਲਾਲ, ਬਖਸ਼ੀਸ਼ ਸਿੰਘ, ਨਿਰਪਾਲ ਸਿੰਘ, ਅਨਿਲ ਕੁਮਾਰ ਅਤੇ ਕੁਲਦੀਪ ਸਿੰਘ ਨੇ ਸਹਿਯੋਗ ਕੀਤਾ।

# ਕਾਂਗਰਸ ਨੇ ਡਾ. ਭੀਮ ਰਾਓ ਅੰਬੇਡਕਰ ਨੂੰ ਦਿੱਤੀਆਂ ਸ਼ਰਧਾਂਜਲੀਆਂ

ਪਟਿਆਲਾ, 14 ਅਪ੍ਰੈਲ (ਰੁਪਾਣਾ) : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅੱਜ ਸੰਵਿਧਾਨ ਦੇ ਰਚੇਤਾ , ਭਾਰਤ ਰਤਨ ਤੇ ਮਹਾਨ ਸਮਾਜ ਸੁਧਾਰਕ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ 135ਵੇ ਜਨਮਦਿਨ ਦੇ ਸਨਮਾਨ ਵਿੱਚ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਅਤੇ ਦਿਹਾਤੀ ਵਲੋ ਉਨ੍ਹਾਂ ਦੇ ਸਮਾਰਕ ਸਥਿਤ ਨਗਰ ਨਿਗਮ ਪਟਿਆਲਾ ਵਿਖੇ ਵਿਸ਼ਾਲ ਸ਼ਰਧਾਂਜਲੀ ਸਮਾਗਮ ਮੌਕੇ ਉਨ੍ਹਾਂ ਨੂੰ ਫੁੱਲ ਮਾਲਾ ਭੇਟ ਕਰਕੇ ਜਨਮ ਦਿਹਾੜੇ ਮਨਾਇਆ ਗਿਆ ਤੇ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਅਤੇ ਮਦਨ ਲਾਲ ਜਲਾਲਪੁਰ ਸਾਬਕਾ ਐਮ ਐਲ ਏ ਨੇ ਸ਼ਮੂਲੀਅਤ ਕੀਤੀ।



ਇਸ ਮੌਕੇ ਬੋਲਦਿਆ ਰਜੇਸ਼ ਮੰਡੋਰਾ, ਗੁਰਸ਼ਰਨ ਕੌਰ ਰੰਧਾਵਾ, ਧਰਮਵੀਰ ਗਾਂਧੀ, ਨਰੇਸ਼ ਕੁਮਾਰ ਦੁੱਗਲ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਦਕਰ ਜੀ ਨੇ ਦੁਨੀਆ ਦੇ ਸਭ ਤੋਂ ਵਡੇ ਲੋਕਤੰਤਰਕ ਦੇਸ਼ ਭਾਰਤ ਦੇ ਨਿਵਾਸੀਆਂ ਨੂੰ ਸੰਵਿਧਾਨ ਦੇ ਤਹਿਤ ਹਰ ਖੇਤਰ ਵਿੱਚ ਅਜ਼ਾਦੀ ਦਵਾਈ ਜਿਵੇਂ ਕਿ ਵੋਟ ਪਾਉਣ ਦਾ ਅਧਿਕਾਰ ,ਬੋਲਣ ਦਾ ਅਧਿਕਾਰ , ਹਰ ਵਰਗ ਨੂੰ ਸਨਮਾਨਤਾ, ਰਹਿਣ ਸਹਿਣ ,ਬੋਲਣ, ਜਿਊਣ ਅਤੇ ਅਨੇਕਾਂ ਹੋਰ ਅਧਿਕਾਰ ਅਤੇ ਜਿੰਮੇਵਾਰੀਆ ਦਿੱਤੀਆ। ਇਸ ਮੌਕੇ ਮਦਨ ਲਾਲ ਭਾਬਰੀ, ਵਿਸ਼ਨੂੰ ਸ਼ਰਮਾ, ਗੁਰਿੰਦਰ ਸਿੰਘ ਢਿੱਲੋਂ , ਕੁਲਵੰਤ ਸਿੰਘ ਨਾਰਿਕੇ, ਸੁਰੇਸ਼ ਗੋਗੀਆ ਨਰਿੰਦਰ ਸੰਧੂ, ਅਮਰਜੀਤ ਘੱਗਾ, ਰਜੇਸ਼ ਬਗਨ, ਰਾਕੇਸ਼ ਕੁਮਾਰ ਕੇਸ਼ੀ ਪੰਡਤ, ਵਿਨੋਦ ਭਟਨਾਗਰ , ਮਹਿੰਦਰ ਸਿੰਘ ਬਡੂੰਗਰ, ਦੋਨੋ ਮੀਡੀਆ ਇੰਚਾਰਜ ਗੌਤਮ ਸਲੂਜਾ, ਦੀਪ ਟੰਡਨ ਸਾਰਾ ਵਕੀਲ ਭਾਈਚਾਰਾ ਨਰਿੰਦਰ ਕਪੂਰ, ਉਮੇਸ਼ ਸ਼ਰਮਾ, ਦਿਨੇਸ਼ ਬਾਤਿਸ਼ , ਰਾਹੁਲ ਗੌਤਮ, ਜਿਤੇਂਦਰ ਕਾਲਰਾ, ਪੱਲਵੀ ਜੈਨ, ਸੁਨੀਤਾ ਹੰਸ ਅਜੇ ਹੰਸ , ਦੀਪਕ ਟਿਵਾਣਾ , ਨੇਹਾ ਹੰਸ, ਅਨਿਲ ਵਰਮਾ, ਲਤਾ ਵਰਮਾ, ਯਾਮਿਨੀ ਵਰਮਾ ,ਵਿਨੋਦ ਮਲਹੋਤਰਾ, ਅਸ਼ੋਕ ਸ਼ਰਮਾ , ਸੁਭਾਸ਼ ਚੰਦ , ਲਵਲੀ, ਤਰਸੇਮ ਲਾਲ, ਮਾਸਟਰ ਰਾਜਿੰਦਰ ਸਿੰਘ, ਵਿਕਾਸ ਗਿੱਲ , ਰਜਨੀ ਬਿਦਲਾਨ, ਅਮਰਜੀਤ ਸਹੋਤਾ, ਗੌਰਵ ਗੋਇਲ, ਵਿਕੀ ਵਰਮਾ , ਗੌਰਵ ਵਰਮਾ, ਗੋਪੀ ਰੰਗੀਲਾ, ਵਿਨੋਦ ਅਰੋੜਾ ਕਾਲੂ, ਅਭੀ ਸ਼ਰਮਾ, ਮੋਹਿੰਦਰ ਖੱਤਰੀ, ਬਿਮਲਾ ਸਕਸਸਨਾ, ਬਬਲੀ, ਕਰਮ ਸਿੰਘ, ਆਰਤੀ ਭੱਟੀ , ਨੀਰਜ ਮੰਦੋਰਾ, ਸਤਪਾਲ ਮੰਡੋਰਾ, ਪ੍ਰਸ਼ਾਂਤ ਮੰਡੋਰਾ, ਸੰਦੀਪ ਖੋਕਰ, ਦੀਪੂ ਸੰਗਰ, ਅਵਿਨਾਸ਼ , ਮੋਨੀ, ਅਸ਼ਵਨੀ ਦਯਾਲ, ਰਾਮ ਦਿਆਲ , ਜਸਵਿੰਦਰ ਮਾਂਗਟ, ਬੰਟੀ ਨਿਰਵਾਣ,ਮੋਹਨ ਲਾਲ, ਬਲਵਿੰਦਰ ਸਿੰਘ ਮਾਂਗਟ ਦਲਜੀਤ ਸਿੰਘ ਨੇ ਸ਼ਮੂਲੀਅਤ ਕੀਤੀ।